10-MAY-PAGE-1.qxd 5/9/2025 7:35 PM Page 1

ਸ਼ਨੀਵਾਰ, 10 ਮਈ, 2025
28 ਵਿਸਾਖ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 73
ਅੰਕ/NO. : 339

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 10 MAY, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਚੀਨ ਵੱਲੋਂ ਸੰਜਮ ਦੀ ਸਲਾਹ

**ਨਵੀਂ ਦਿੱਲੀ** : ਚੀਨ ਨੇ ਭਾਰਤ ਤੇ ਪਾਕਿਸਤਾਨ ਨੂੰ ਸੰਜਮ ਵਰਤਣ ਅਤੇ ਅਜਿਹੀ ਕਾਰਵਾਈ ਕਰਨ ਤੋਂ ਪਰਹੇਜ਼ ਦੀ ਸਲਾਹ ਦਿੱਤੀ ਹੈ, ਜੋ ਹਾਲਾਤ ਨੂੰ ਹੋਰ ਉਲਝਾ ਸਕਦੀ ਹੈ। ਚੀਨੀ ਤਰਜਮਾਨ ਲਿਨ ਜਿਆਨ ਨੇ ਬੀਜਿੰਗ ਵਿੱਚ ਬ੍ਰੀਫਿੰਗ ਦੌਰਾਨ ਮੀਡੀਆ ਦੇ ਸਵਾਲਾਂ ਦਾ ਜਵਾਬ ਦਿੰਦੇ ਹੋਏ ਅੱਤਵਾਦ ਅਤੇ ਦੋਵਾਂ ਮੁਲਕਾਂ ਵਿਚਾਲੇ ਫੌਜੀ ਝੜਪ ਬਾਰੇ ਆਪਣਾ ਸਟੈਂਡ ਸਪੱਸ਼ਟ ਕੀਤਾ।

ਉਸ ਨੇ ਕਿਹਾ, "ਭਾਰਤ ਅਤੇ ਪਾਕਿਸਤਾਨ ਇੱਕ-ਦੂਜੇ ਦੇ ਗੁਆਂਢੀ ਹਨ ਅਤੇ ਹਮੇਸ਼ਾ ਰਹਿਣਗੇ। ਉਹ ਦੋਵੇਂ ਚੀਨ ਦੇ ਗੁਆਂਢੀ ਵੀ ਹਨ। ਚੀਨ ਹਰ ਤਰ੍ਹਾਂ ਦੇ ਅੱਤਵਾਦ ਦਾ ਵਿਰੋਧ ਕਰਦਾ ਹੈ। ਅਸੀਂ ਦੋਵਾਂ ਧਿਰਾਂ ਨੂੰ ਸ਼ਾਂਤੀ ਅਤੇ ਸਥਿਰਤਾ ਦੇ ਵੱਡੇ ਹਿੱਤ ਵਿੱਚ ਕੰਮ ਕਰਨ, ਸੰਯੁਕਤ ਰਾਸ਼ਟਰ ਚਾਰਟਰ ਸਮੇਤ ਕੌਮਾਂਤਰੀ ਕਾਨੂੰਨ ਦੀ ਪਾਲਣਾ ਕਰਨ, ਸ਼ਾਂਤ ਰਹਿਣ, ਸੰਜਮ ਵਰਤਣ ਅਤੇ ਅਜਿਹੀਆਂ ਕਾਰਵਾਈਆਂ ਕਰਨ ਤੋਂ ਬਚਣ ਦੀ ਅਪੀਲ ਕਰਦੇ ਹਾਂ, ਜੋ ਸਥਿਤੀ ਨੂੰ ਵਧੇਰੇ ਪੇਚੀਦਾ ਬਣਾ ਸਕਦੀਆਂ ਹਨ।"

ਲਿਨ ਨੇ ਕਿਹਾ ਕਿ ਚੀਨ ਮੌਜੂਦਾ ਤਣਾਅ ਨੂੰ ਘੱਟ ਕਰਨ ਵਿੱਚ ਰਚਨਾਤਮਕ ਭੂਮਿਕਾ ਨਿਭਾਉਣ ਲਈ ਬਾਕੀ ਕੌਮਾਂਤਰੀ ਭਾਈਚਾਰੇ ਨਾਲ ਮਿਲ ਕੇ ਕੰਮ ਕਰਨ ਲਈ ਤਿਆਰ ਹੈ।

## ਟਕਰਾਅ ਨਾਲ ਬੁਨਿਆਦੀ ਤੌਰ 'ਤੇ ਸਾਡਾ ਕੋਈ ਲੈਣਾ-ਦੇਣਾ ਨਹੀਂ : ਅਮਰੀਕਾ

**ਨਵੀਂ ਦਿੱਲੀ** : ਅਮਰੀਕੀ ਉਪ ਰਾਸ਼ਟਰਪਤੀ ਜੇਡੀ ਵੈਂਸ ਨੇ ਸ਼ੁੱਕਰਵਾਰ ਕਿਹਾ ਕਿ ਭਾਰਤ ਤੇ ਪਾਕਿਸਤਾਨ ਵਿਚਾਲੇ ਜਾਰੀ ਟਕਰਾਅ ਨਾਲ ਉਨ੍ਹਾ ਦਾ ਬੁਨਿਆਦੀ ਤੌਰ 'ਤੇ ਕੋਈ ਲੈਣਾ-ਦੇਣਾ ਨਹੀਂ ਹੈ। ਉਂਜ ਉਨ੍ਹਾਂ ਕਿਹਾ ਕਿ ਅਮਰੀਕਾ ਦੋਵਾਂ ਮੁਲਕਾਂ ਨੂੰ ਰਿਸ਼ਤਿਆਂ ਵਿਚਲੀ ਕਸ਼ੀਦਗੀ ਘਟਾਉਣ ਦੀ ਅਪੀਲ ਕਰਦਾ ਹੈ ਤੇ ਕੂਟਨੀਤਕ ਚੈਨਲਾਂ ਜ਼ਰੀਏ ਕੋਸ਼ਿਸ਼ਾਂ ਕਰਦਾ ਰਹੇਗਾ।

ਵੈਂਸ ਨੇ ਫੌਕਸ ਨਿਊਜ਼ ਨੂੰ ਇੱਕ ਇੰਟਰਵਿਊ ਵਿਚ ਕਿਹਾ, "ਅਸੀਂ ਦੋਵਾਂ ਮੁਲਕਾਂ ਨੂੰ ਤਣਾਅ ਘਟਾਉਣ ਲਈ ਹੱਲਾਸ਼ੇਰੀ ਦੇ ਸਕਦੇ ਹਾਂ, ਪਰ ਅਸੀਂ ਜੰਗ ਦੇ ਵਿਚਕਾਰ ਨਹੀਂ ਫਸਣ ਜਾ ਰਹੇ ਕਿਉਂਕਿ ਮੂਲ ਰੂਪ ਵਿੱਚ ਸਾਡਾ ਕੋਈ ਕੰਮ ਨਹੀਂ ਹੈ ਅਤੇ ਇਸ ਨੂੰ ਕੰਟਰੋਲ ਕਰਨ ਦੀ ਅਮਰੀਕਾ ਦੀ ਯੋਗਤਾ ਨਾਲ ਕੋਈ ਲੈਣਾ-ਦੇਣਾ ਨਹੀਂ ਹੈ। ਤੁਸੀਂ ਜਾਣਦੇ ਹੋ, ਅਮਰੀਕਾ ਭਾਰਤੀਆਂ ਨੂੰ ਆਪਣੇ ਹਥਿਆਰ ਸੁੱਟਣ ਲਈ ਨਹੀਂ ਕਹਿ ਸਕਦਾ। ਅਸੀਂ ਪਾਕਿਸਤਾਨੀਆਂ ਨੂੰ ਹਥਿਆਰ ਸੁੱਟਣ ਲਈ ਨਹੀਂ ਕਹਿ ਸਕਦੇ ਅਤੇ ਇਸ ਲਈ ਅਸੀਂ ਕੂਟਨੀਤਕ ਚੈਨਲਾਂ ਰਾਹੀਂ ਇਸ ਚੀਜ਼ ਨੂੰ ਅੱਗੇ ਵਧਾਉਣਾ ਜਾਰੀ ਰੱਖਾਂਗੇ।"

ਵੈਂਸ ਨੇ ਕਿਹਾ, "ਅਸੀਂ ਉਮੀਦ ਕਰਦੇ ਹਾਂ ਕਿ ਇੱਕ ਵਿਸ਼ਾਲ ਖੇਤਰੀ ਜੰਗ ਰੱਬ ਨਾ ਕਰੇ, ਇੱਕ ਪ੍ਰਮਾਣੂ ਟਕਰਾਅ ਵਿੱਚ ਨਾ ਬਦਲੇ। ਫਿਲਹਾਲ, ਸਾਨੂੰ ਨਹੀਂ ਲੱਗਦਾ ਕਿ ਅਜਿਹਾ ਹੋਣ ਵਾਲਾ ਹੈ।"

ਅਮਰੀਕੀ ਵਿਦੇਸ਼ ਵਿਭਾਗ ਦੇ ਬੁਲਾਰੇ ਟੈਮੀ ਬਰੂਸ ਨੇ ਵੀਰਵਾਰ ਰਾਤ ਕਿਹਾ ਸੀ ਕਿ ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਭਾਰਤੀ ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਨੂੰ ਫੋਨ ਕਰਕੇ ਤੁਰੰਤ ਤਣਾਅ ਘਟਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਰੂਬੀਓ ਨੇ ਭਾਰਤ ਅਤੇ ਪਾਕਿਸਤਾਨ ਵਿਚਕਾਰ ਸਿੱਧੀ ਗੱਲਬਾਤ ਲਈ ਅਮਰੀਕੀ ਸਮਰਥਨ ਪ੍ਰਗਟ ਕੀਤਾ ਅਤੇ ਸੰਚਾਰ ਨੂੰ ਬਿਹਤਰ ਬਣਾਉਣ ਲਈ ਨਿਰੰਤਰ ਯਤਨਾਂ ਨੂੰ ਵਧਾਵਾ ਦਿੱਤਾ। ਮਾਰਕੋ ਰੂਬੀਓ ਨੇ ਪਾਕਿਸਤਾਨੀ ਪ੍ਰਧਾਨ ਮੰਤਰੀ ਮੁਹੰਮਦ ਸ਼ਾਹਬਾਜ਼ ਸ਼ਰੀਫ ਨਾਲ ਵੀ ਗੱਲ ਕੀਤੀ ਅਤੇ ਤੁਰੰਤ ਤਣਾਅ ਘਟਾਉਣ ਦੀ ਲੋੜ 'ਤੇ ਜ਼ੋਰ ਦਿੱਤਾ।

# ਬੁੱਧੀਜੀਵੀਆਂ ਵੱਲੋਂ 25ਵੀਂ ਸੀ ਪੀ ਆਈ ਕਾਂਗਰਸ ਦਾ ਸਮਰਥਨ



**ਚੰਡੀਗੜ੍ਹ** : ਇੱਥੇ ਪੀਪਲਜ਼ ਕਨਵੈਨਸ਼ਨ ਸੈਂਟਰ, ਸੈਕਟਰ 36 ਵਿਚ, ਡਾ. ਸਵਰਾਜਬੀਰ ਦੀ ਪ੍ਰਧਾਨਗੀ ਹੇਠ ਸ਼ੁੱਕਰਵਾਰ ਇਕੱਠੇ ਹੋਏ ਪੰਜਾਬੀ ਲੇਖਕਾਂ, ਵਿਦਵਾਨਾਂ, ਪੱਤਰਕਾਰਾਂ, ਵਕੀਲਾਂ, ਅਦਾਕਾਰਾਂ, ਕਲਾਕਾਰਾਂ ਅਤੇ ਇਸਤਰੀ ਕਾਰਕੁਨਾਂ ਨੇ ਦੇਸ਼ ਨੂੰ ਖੱਬੀ ਦਿਸ਼ਾ ਵਿਚ ਤੋਰਨ ਲਈ ਅਤੇ ਜਮਹੂਰੀਅਤ, ਧਰਮ-ਨਿਰਪੱਖਤਾ ਅਤੇ ਸੰਵਿਧਾਨ ਦੀ ਰਾਖੀ ਲਈ ਇਥੇ 21 ਤੋਂ 25 ਸਤੰਬਰ ਤੱਕ ਹੋ ਰਹੀ ਕਮਿਊਨਿਸਟ ਪਾਰਟੀ ਦੀ 25ਵੀਂ ਕਾਂਗਰਸ ਨੂੰ ਸਮਰਥਨ ਦੇਣ ਦਾ ਫੈਸਲਾ ਕੀਤਾ ।

ਕਨਵੈਨਸ਼ਨ ਸੈਂਟਰ ਦੇ ਭਰੇ ਹੋਏ ਹਾਲ ਵਿਚ ਬੁੱਧੀਜੀਵੀਆਂ ਨੂੰ ਜੀ ਆਇਆਂ ਆਖਦਿਆਂ, ਸੀ ਪੀ ਆਈ ਦੇ 25ਵੇਂ ਮਹਾਂ-ਸੰਮੇਲਨ ਲਈ ਬਣੀ ਸੁਆਗਤੀ ਕਮੇਟੀ ਦੇ ਜਨਰਲ ਸਕੱਤਰ ਸਾਥੀ ਬੰਤ ਸਿੰਘ ਬਰਾੜ ਨੇ ਅਜੋਕੀ ਗੰਭੀਰ ਚਿੰਤਾਜਨਕ ਸਥਿਤੀ ਵਿਚ ਪਾਰਟੀ ਦੇ ਮਹਾਂ-ਸੰਮੇਲਨ ਦੀ ਅਹਿਮੀਅਤ ਅਤੇ ਉਸ ਦੀ ਸਫਲਤਾ ਲਈ ਬੁੱਧੀਜੀਵੀ ਲੇਖਕਾਂ, ਕਲਾਕਾਰਾਂ, ਵਕੀਲਾਂ, ਪੱਤਰਕਾਰਾਂ ਦੇ ਯੋਗਦਾਨ ਉਤੇ ਜ਼ੋਰ ਦਿੱਤਾ।

ਆਰੰਭ ਵਿਚ ਉਹਨਾਂ ਪਹਿਲਗਾਮ ਵਿਚ ਆਤੰਕੀ ਹਮਲੇ ਵਿਚ ਮਾਰੇ ਗਏ 26 ਸੈਲਾਨੀਆਂ ਨੂੰ ਸ਼ਰਧਾਂਜਲੀ ਦਿੱਤੀ, ਭਾਰਤੀ ਫੌਜ ਵੱਲੋਂ ਅਤੇ ਸਰਕਾਰ ਵੱਲੋਂ ਕੀਤੀ ਕਾਰਵਾਈ ਦਾ ਸਮਰਥਨ ਕੀਤਾ ਅਤੇ ਨਾਲ ਹੀ ਦੋਹਾਂ ਪ੍ਰਮਾਣੂ ਤਾਕਤ ਗੁਆਂਢੀਆਂ ਭਾਰਤ-ਪਾਕਿਸਤਾਨ ਨੂੰ ਅਪੀਲ ਕੀਤੀ ਕਿ ਜੰਗ ਤੋਂ ਗੁਰੇਜ਼ ਕੀਤਾ ਜਾਵੇ। ਸਾਥੀ ਬਰਾੜ ਨੇ ਪਾਰਟੀ ਕਾਂਗਰਸ ਦਾ ਸੁਨੇਹਾ ਲੋਕਾਂ ਤੱਕ ਲਿਜਾਣ ਅਤੇ ਮਾਹੌਲ ਸਿਰਜਣ ਦਾ ਸੱਦਾ ਦਿੱਤਾ। ਪਾਰਟੀ ਕਾਂਗਰਸ ਦੇ ਵੱਡੇ ਖਰਚੇ ਲਈ ਫੰਡ ਦੀ ਅਪੀਲ ਕੀਤੀ। ਉਨ੍ਹਾ ਇਹ ਵੀ ਕਿਹਾ ਕਿ ਕਿਸੇ ਬੁਰਜੂਆ ਪਾਰਟੀ ਦੇ ਬੰਦੇ ਤੋਂ ਫੰਡ ਨਹੀਂ ਲੈਣਾ। ਸੁਆਗਤੀ ਕਮੇਟੀ ਦੇ ਚੇਅਰਮੈਨ ਤੇ ਮੀਟਿੰਗ ਦੇ ਪ੍ਰਧਾਨ ਡਾ. ਸਵਰਾਜਬੀਰ ਨੇ ਉਤਸ਼ਾਹਜਨਕ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਆਪਣੇ-ਆਪ ਨੂੰ ਕਮਜ਼ੋਰ ਨਾ ਸਮਝੋ, ਸਰਮਾਏਦਾਰੀ ਨਿਜ਼ਾਮ ਖੁਦ ਕਮਜ਼ੋਰ ਤੇ ਸੰਕਟ ਦਾ ਸ਼ਿਕਾਰ ਹੈ। ਇਹ ਮਹਾਂ-ਸੰਮੇਲਨ ਸਾਨੂੰ ਮੌਕਾ ਦਿੰਦਾ ਹੈ ਕਿ ਆਪਣੀਆਂ ਤਾਕਤਾਂ ਨੂੰ ਲਾਮਬੰਦ ਤੇ ਜਥੇਬੰਦ ਕਰੀਏ। ਸੋਸ਼ਲ ਮੀਡੀਆ ਤੇ ਅਖ਼ਬਾਰਾਂ ਵਿਚ ਮਾਹੌਲ ਸਿਰਜੀਏ। ਸੈਮੀਨਾਰ ਕਰਵਾਈਏ। ਸੱਭਿਆਚਾਰਕ ਪ੍ਰੋਗਰਾਮ ਵਿਉਂਤੀਏ। ਉਹਨਾਂ ਔਰਤਾਂ ਨੂੰ ਵਧੇਰੇ ਸਰਗਰਮ ਕਰਨ ਅਤੇ ਉਹਨਾਂ ਨੂੰ ਵਧੇਰੇ ਮੌਕੇ ਅਤੇ ਸਮਰਥਨ ਦੇਣ 'ਤੇ ਜ਼ੋਰ ਦਿੱਤਾ। ਸੀ ਪੀ ਆਈ ਕੌਮੀ ਕੌਂਸਲ ਦੇ ਮੈਂਬਰਾਨ ਸਾਥੀ ਜਗਰੂਪ ਸਿੰਘ ਅਤੇ ਸਾਥੀ ਨਿਰਮਲ ਸਿੰਘ ਧਾਲੀਵਾਲ ਨੇ ਅਤੇ ਪ੍ਰਗਤੀਸ਼ੀਲ ਲੇਖਕ ਸੰਘ ਦੇ ਜਨਰਲ ਸਕੱਤਰ ਡਾ. ਸੁਖਦੇਵ ਸਿੰਘ, ਐਪਸੋ ਦੇ ਜਨਰਲ ਸਕੱਤਰ ਸਾਥੀ ਹਰਚੰਦ ਬਾਠ, ਦਰਸ਼ਨ ਧਾਲੀਵਾਲ, ਨਾਮਵਰ ਪੱਤਰਕਾਰ ਬਲਵਿੰਦਰ ਜੰਮੂ, ਪ੍ਰਸਿੱਧ ਵਕੀਲ ਜਸਪਾਲ ਦੱਪਰ, ਇਸਤਰੀ ਆਗੂ ਡਾ. ਕੰਵਲਜੀਤ ਕੌਰ, ਇਪਟਾ ਆਗੂ ਬਲਕਾਰ ਸਿੱਧੂ ਤੇ ਸੰਜੀਵਨ ਸਿੰਘ, ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਦੇ ਪ੍ਰਧਾਨ ਪ੍ਰੋ. ਸੁਰਜੀਤ ਜੱਜ, ਡਾ. ਇੰਦਰਵੀਰ, ਡਾ. ਰਾਬਿੰਦਰ ਸ਼ਰਮਾ ਨੇ ਮਹਾਂ-ਸੰਮੇਲਨ ਨੂੰ ਸਫਲਤਾ ਸਹਿਤ ਨੇਪਰੇ ਚਾੜ੍ਹਨ ਅਤੇ ਸਮਾਗਮ ਦਾ ਸੁਨੇਹਾ ਲੋਕਾਂ ਤੱਕ ਪਹੁੰਚਾਉਣ ਅਤੇ ਫੰਡ ਉਗਰਾਹੀ ਦਾ ਵਿਸ਼ਵਾਸ ਦੁਆਇਆ। ਉਪਰੋਕਤ ਤੋਂ ਇਲਾਵਾ ਮੀਟਿੰਗ ਵਿਚ ਪ੍ਰੋ. ਹਰਕਿਸ਼ਨ ਮਹਿਤਾ, ਪ੍ਰੋ. ਸਵਰਨਜੀਤ ਮਹਿਤਾ, ਡਾ. ਲਾਭ ਸਿੰਘ ਖੀਵਾ, ਗੁਰਨਾਮ ਕੰਵਰ, ਪ੍ਰਿੰ: ਗੁਰਦੇਵ ਪਾਲ, ਡਾ. ਸਰਬਜੀਤ ਸਿੰਘ, ਦੇਸ਼ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਮਹਿੰਦਰਪਾਲ, ਦਿਲਦਾਰ, ਡਾ. ਸੁਲਤਾਨਾ, ਡਾ. ਵੀਨਾ ਜੰਮੂ, ਰਮੇਸ਼ ਯਾਦਵ, ਭੂਪਿੰਦਰ ਸੰਧੂ, ਕਰਮ ਸਿੰਘ ਵਕੀਲ, ਅਮਨ ਭੋਗਲ, ਸੁਦੇਸ਼, ਰੈਕਟਰ ਕਥੂਰੀਆ, ਕਾਰਤਿਕਾ, ਏ.ਐੱਸ. ਪਾਲ, ਡਾ. ਅਰਵਿੰਦ ਸਾਂਬਰ ਤੇ ਸਾਥੀ ਜੋਗਿੰਦਰ ਸ਼ਰਮਾ ਆਦਿ ਸ਼ਾਮਲ ਸਨ।

## ਰੱਖਿਆ ਮੰਤਰੀ ਵੱਲੋਂ ਉੱਚ-ਪੱਧਰੀ ਜਾਇਜ਼ਾ



**ਨਵੀਂ ਦਿੱਲੀ** : ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਪਾਕਿਸਤਾਨ ਵੱਲੋਂ ਭਾਰਤ ਦੇ ਫੌਜੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਉਣ ਦੀ ਨਾਕਾਮ ਕੋਸ਼ਿਸ਼ ਤੋਂ ਇੱਕ ਦਿਨ ਮਗਰੋਂ ਸ਼ੁੱਕਰਵਾਰ ਸਿਖਰਲੇ ਫੌਜੀ ਅਧਿਕਾਰੀਆਂ ਨਾਲ ਮੁਲਾਕਾਤ ਕਰਕੇ ਦੇਸ਼ ਦੇ ਸੁਰੱਖਿਆ ਹਾਲਾਤ ਦੀ ਵਿਆਪਕ ਸਮੀਖਿਆ ਕੀਤੀ।

ਸੂਤਰਾਂ ਮੁਤਾਬਕ ਮੀਟਿੰਗ ਦੌਰਾਨ ਮੌਜੂਦਾ ਸੁਰੱਖਿਆ ਹਾਲਾਤ ਦੇ ਹਰੇਕ ਪਹਿਲੂ 'ਤੇ ਵਿਚਾਰ-ਚਰਚਾ ਕੀਤੀ ਗਈ। ਮੀਟਿੰਗ ਵਿਚ ਚੀਫ ਆਫ ਡਿਫੈਂਸ ਸਟਾਫ ਜਨਰਲ ਅਨਿਲ ਚੌਹਾਨ, ਥਲ ਸੈਨਾ ਮੁਖੀ ਜਨਰਲ ਉਪੇਂਦਰ ਦਿਵੇਦੀ, ਏਅਰ ਚੀਫ ਮਾਰਸ਼ਲ ਏ ਪੀ ਸਿੰਘ ਤੇ ਜਲ ਸੈਨਾ ਮੁਖੀ ਐਡਮਿਰਲ ਦਿਨੇਸ਼ ਕੇ ਤ੍ਰਿਪਾਠੀ ਮੌਜੂਦ ਸਨ।

# ਪਾਕਿਸਤਾਨ ਨੇ ਯਾਤਰੀ ਜਹਾਜ਼ਾਂ ਦੀ ਓਟ ਲਈ

**ਨਵੀਂ ਦਿੱਲੀ** : ਵਿਦੇਸ਼ ਮੰਤਰਾਲੇ ਤੇ ਫੌਜਾਂ ਨੇ ਸ਼ੁੱਕਰਵਾਰ ਸਾਂਝੀ ਪ੍ਰੈਸ ਬ੍ਰੀਫਿੰਗ ਵਿੱਚ ਦੱਸਿਆ ਕਿ ਪਾਕਿਸਤਾਨ ਨੇ 8 ਮਈ ਦੀ ਰਾਤ 36 ਟਿਕਾਣਿਆਂ ਨੂੰ ਤਿੰਨ-ਚਾਰ ਸੌ ਡਰੋਨਾਂ ਨਾਲ ਨਿਸ਼ਾਨਾ ਬਣਾਇਆ ਪਰ ਇਨ੍ਹਾਂ ਨੂੰ ਹਵਾ ਵਿੱਚ ਹੀ ਨਕਾਰਾ ਕਰ ਦਿੱਤਾ ਗਿਆ। ਵਿੰਗ ਕਮਾਂਡਰ ਵਯੋਮਿਕਾ ਸਿੰਘ ਨੇ ਦੱਸਿਆ ਕਿ ਪਾਕਿਸਤਾਨ ਨੇ ਭਾਰਤ ਉੱਤੇ ਹਮਲੇ ਵੇਲੇ ਯਾਤਰੀ ਹਵਾਈ ਜਹਾਜ਼ਾਂ ਦੀਆਂ ਉਡਾਣਾਂ 'ਤੇ ਰੋਕ ਨਹੀਂ ਲਾਈ, ਇਹ ਜਾਣਦਿਆਂ ਹੋਇਆਂ ਕਿ ਭਾਰਤ ਨੇ ਜਵਾਬ ਦੇਣਾ ਹੈ। ਕਰਾਚੀ ਤੇ ਲਾਹੌਰ ਵਿਚਾਲੇ ਯਾਤਰੀ ਜਹਾਜ਼ ਉੱਡਦੇ ਰਹੇ। ਭਾਰਤੀ ਏਅਰ ਫੋਰਸ ਨੇ ਬਹੁਤ ਸੰਜਮ ਨਾਲ ਕਾਰਵਾਈ ਕੀਤੀ, ਕਿਉਂਕਿ ਕੌਮਾਂਤਰੀ ਨਿਯਮਾਂ ਮੁਤਾਬਕ ਯਾਤਰੀ ਜਹਾਜ਼ਾਂ ਨੂੰ ਨਿਸ਼ਾਨਾ ਨਹੀਂ ਬਣਾਇਆ ਜਾ ਸਕਦਾ।

ਇਸੇ ਦੌਰਾਨ ਪਾਕਿਸਤਾਨ ਨੇ ਸ਼ੁੱਕਰਵਾਰ ਭਾਰਤੀ ਮੀਡੀਆ ਵਿੱਚ ਆਈਆਂ ਰਿਪੋਰਟਾਂ ਨੂੰ ਰੱਦ ਕੀਤਾ ਕਿ ਉਸ ਨੇ ਭਾਰਤ 'ਚ ਕਈ ਥਾਵਾਂ 'ਤੇ ਹਮਲਾ ਕੀਤਾ ਹੈ। ਪਾਕਿਸਤਾਨ ਨੇ ਕਿਹਾ ਕਿ ਅਜਿਹੇ ਦਾਅਵੇ ਪੂਰੀ ਤਰ੍ਹਾਂ ਬੇਬੁਨਿਆਦ ਅਤੇ ਲਾਪਰਵਾਹੀ-ਭਰੀ ਪ੍ਰਚਾਰ ਮੁਹਿੰਮ ਦਾ ਹਿੱਸਾ ਹਨ। ਵਿਦੇਸ਼ ਦਫਤਰ ਨੇ ਕਿਹਾ ਕਿ ਅਜਿਹੀਆਂ ਕਾਰਵਾਈਆਂ ਖੇਤਰੀ ਸ਼ਾਂਤੀ ਨੂੰ ਹੋਰ ਵੀ ਖਤਰੇ ਵਿੱਚ ਪਾਉਂਦੀਆਂ ਹਨ। ਉਸ ਨੇ ਕਿਹਾ ਕਿ ਪਾਕਿਸਤਾਨ ਸਰਕਾਰ ਭਾਰਤੀ ਮੀਡੀਆ ਵੱਲੋਂ ਫੈਲਾਏ ਜਾ ਰਹੇ ਬੇਬੁਨਿਆਦ ਅਤੇ ਗੈਰ-ਜ਼ਿੰਮੇਵਾਰਾਨਾ ਦੋਸ਼ਾਂ ਨੂੰ ਸਪੱਸ਼ਟ ਤੌਰ 'ਤੇ ਰੱਦ ਕਰਦੀ ਹੈ, ਜਿਸ ਵਿੱਚ ਪਾਕਿਸਤਾਨ 'ਤੇ ਪਠਾਨਕੋਟ, ਜੈਸਲਮੇਰ ਅਤੇ ਸ੍ਰੀਨਗਰ 'ਤੇ ਹਮਲੇ ਕਰਨ ਦਾ ਦੋਸ਼ ਲਗਾਇਆ ਗਿਆ ਹੈ। ਇਸ ਵਿਚ ਕਿਹਾ ਗਿਆ ਹੈ, "ਇਹ ਦਾਅਵੇ ਪੂਰੀ ਤਰ੍ਹਾਂ ਬੇਬੁਨਿਆਦ, ਰਾਜਨੀਤਕ ਤੌਰ 'ਤੇ ਪ੍ਰੇਰਤ ਹਨ ਅਤੇ ਪਾਕਿਸਤਾਨ ਨੂੰ ਬਦਨਾਮ ਕਰਨ ਦੇ ਉਦੇਸ਼ ਨਾਲ ਇੱਕ ਲਾਪਰਵਾਹੀ-ਭਰੇ ਪ੍ਰਚਾਰ ਮੁਹਿੰਮ ਦਾ ਹਿੱਸਾ ਹਨ। ਇਹ ਦੋਸ਼ ਸਭ ਤੋਂ ਸਖਤ ਸ਼ਬਦਾਂ ਵਿੱਚ ਰੱਦ ਕੀਤੇ ਜਾਂਦੇ ਹਨ।"

ਵਿਦੇਸ਼ ਦਫਤਰ ਨੇ ਕਿਹਾ ਕਿ ਬਿਨਾਂ ਕਿਸੇ ਭਰੋਸੇਯੋਗ ਜਾਂਚ ਦੇ ਪਾਕਿਸਤਾਨ 'ਤੇ ਦੋਸ਼ ਲਗਾਉਣ ਦਾ ਵਾਰ-ਵਾਰ ਪੈਟਰਨ ਹਮਲੇ ਦਾ ਬਹਾਨਾ ਬਣਾਉਣ ਅਤੇ ਖੇਤਰ ਨੂੰ ਹੋਰ ਅਸਥਿਰ ਕਰਨ ਦੀ ਜਾਣਬੁੱਝ ਕੇ ਕੀਤੀ ਗਈ ਰਣਨੀਤੀ ਨੂੰ ਦਰਸਾਉਂਦਾ ਹੈ। ਇਸ ਵਿਚ ਕਿਹਾ ਗਿਆ ਹੈ, "ਅਜਿਹੀਆਂ ਕਾਰਵਾਈਆਂ ਨਾ ਸਿਰਫ ਖੇਤਰੀ ਸ਼ਾਂਤੀ ਨੂੰ ਹੋਰ ਖਤਰੇ ਵਿੱਚ ਪਾਉਂਦੀਆਂ ਹਨ, ਸਗੋਂ ਰਾਜਨੀਤਕ ਅਤੇ ਫੌਜੀ ਉਦੇਸ਼ਾਂ ਲਈ ਗਲਤ ਜਾਣਕਾਰੀ ਦਾ ਫਾਇਦਾ ਉਠਾਉਣ ਦੀ ਇੱਕ ਪਰੇਸ਼ਾਨ ਕਰਨ ਵਾਲੀ ਇੱਛਾ ਨੂੰ ਵੀ ਪ੍ਰਗਟ ਕਰਦੀਆਂ ਹਨ।" ਪਾਕਿਸਤਾਨ ਨੇ ਅੰਤਰਰਾਸ਼ਟਰੀ ਭਾਈਚਾਰੇ ਨੂੰ ਇਸ ਖਤਰਨਾਕ ਵਿਵਹਾਰ ਦਾ ਗੰਭੀਰਤਾ ਨਾਲ ਨੋਟਿਸ ਲੈਣ ਅਤੇ ਭਾਰਤ ਨੂੰ ਸੰਜਮ ਅਤੇ ਜ਼ਿੰਮੇਵਾਰੀ ਪ੍ਰਤੀ ਸਲਾਹ ਦੇਣ ਦੀ ਅਪੀਲ ਵੀ ਕੀਤੀ ਹੈ। ਇਸ ਵਿੱਚ ਕਿਹਾ ਗਿਆ ਹੈ ਕਿ ਝੂਠੇ ਦਿਖਾਵੇ 'ਤੇ ਅਧਾਰਤ ਕਿਸੇ ਵੀ ਤਰ੍ਹਾਂ ਦੀ ਵਧਦੀ ਕਾਰਵਾਈ ਦਾ ਸਾਹਮਣਾ ਪਾਕਿਸਤਾਨ ਦੀ ਪ੍ਰਭੂਸੱਤਾ ਅਤੇ ਖੇਤਰੀ ਅਖੰਡਤਾ ਦੀ ਰੱਖਿਆ ਲਈ ਪੂਰੇ ਦ੍ਰਿੜ੍ਹ ਇਰਾਦੇ ਅਤੇ ਦ੍ਰਿੜ੍ਹਤਾ ਨਾਲ ਕੀਤਾ ਜਾਵੇਗਾ। ਬਿਆਨ ਵਿੱਚ ਕਿਹਾ ਗਿਆ ਹੈ ਕਿ ਪਾਕਿਸਤਾਨ ਚੌਕਸ ਅਤੇ ਸ਼ਾਂਤੀ ਲਈ ਦ੍ਰਿੜ੍ਹਤਾ ਨਾਲ ਵਚਨਬੱਧ ਹੈ, ਪਰ ਇਹ ਭੜਕਾਉਣ, ਡਰਾਉਣ ਜਾਂ ਗੁੰਮਰਾਹ ਕਰਨ ਦੀਆਂ ਕੋਸ਼ਿਸ਼ਾਂ ਤੋਂ ਨਹੀਂ ਡਰੇਗਾ ਅਤੇ ਹਮਲਾਵਰ ਕਾਰਵਾਈਆਂ ਦਾ ਜਵਾਬ ਦੇਣ ਦਾ ਅਧਿਕਾਰ ਰੱਖਦਾ ਹੈ।

## ਟੈਰੀਟੋਰੀਅਲ ਆਰਮੀ ਨੂੰ ਲਾਮਬੰਦ ਕਰਨ ਦਾ ਫੈਸਲਾ

**ਨਵੀਂ ਦਿੱਲੀ** : ਰੱਖਿਆ ਮੰਤਰਾਲੇ ਨੇ ਥਲ ਸੈਨਾ ਮੁਖੀ ਨੂੰ ਟੈਰੀਟੋਰੀਅਲ ਆਰਮੀ (ਟੀ ਏ) ਨੂੰ ਇਕੱਤਰ ਕਰਨ ਦਾ ਅਖਤਿਆਰ ਦਿੱਤਾ ਹੈ। ਟੈਰੀਟੋਰੀਅਲ ਆਰਮੀ ਨਿਯਮ 1948 ਤਹਿਤ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦਿਆਂ ਰੱਖਿਆ ਮੰਤਰਾਲੇ ਨੇ ਸੈਨਾ ਮੁਖੀ ਨੂੰ ਇਸ ਸੰਬੰਧੀ ਸ਼ਕਤੀਆਂ ਦੀ ਵਰਤੋਂ ਕਰਨ ਦਾ ਅਧਿਕਾਰ ਦਿੱਤਾ ਹੈ। ਨੋਟੀਫਿਕੇਸ਼ਨ ਵਿੱਚ ਕਿਹਾ ਗਿਆ ਹੈ ਕਿ ਸੈਨਾ ਮੁਖੀ ਟੈਰੀਟੋਰੀਅਲ ਆਰਮੀ ਦੇ ਹਰੇਕ ਅਧਿਕਾਰੀ ਅਤੇ ਹਰੇਕ ਨਾਮਜ਼ਦ ਵਿਅਕਤੀ ਨੂੰ ਜ਼ਰੂਰੀ ਮਦਦ ਤੇ ਸੁਰੱਖਿਆ ਪ੍ਰਦਾਨ ਕਰਨ ਲਈ ਬੁਲਾ ਸਕਦੇ ਹਨ ਜਾਂ ਨਿਯਮਤ ਸੈਨਾ ਦਾ ਸਮਰਥਨ ਕਰਨ ਜਾਂ ਇਸ ਦੀ ਤਾਕਤ ਵਿੱਚ ਇਜ਼ਾਫਾ ਕਰਨ ਦੇ ਉਦੇਸ਼ ਲਈ ਸੱਦ ਸਕਦੇ ਹਨ। ਗੌਰਤਲਬ ਹੈ ਕਿ ਟੈਰੀਟੋਰੀਅਲ ਆਰਮੀ ਇੱਕ ਰਿਜ਼ਰਵ ਫੋਰਸ ਵਾਂਗ ਹੈ। ਟੀ ਏ ਵਿੱਚ ਭਰਤੀ ਹੋਏ ਲੋਕ ਫੌਜਾਂ ਤੋਂ ਬਾਹਰ ਨਿਯਮਤ ਨੌਕਰੀਆਂ ਕਰ ਸਕਦੇ ਹਨ ਅਤੇ ਜ਼ਰੂਰੀ ਸਥਿਤੀ ਵਿੱਚ ਫੌਜੀ ਸੇਵਾ ਲਈ ਬੁਲਾਏ ਜਾ ਸਕਦੇ ਹਨ।

## ਰੌਬਰਟ ਪ੍ਰੀਵੋਸਟ ਨਵੇਂ ਪੋਪ



**ਵੈਟੀਕਨ ਸਿਟੀ** : ਕਾਰਡੀਨਲ ਰੌਬਰਟ ਪ੍ਰੀਵੋਸਟ ਕੈਥੋਲਿਕ ਚਰਚ ਦੇ ਦੋ ਹਜ਼ਾਰ ਸਾਲ ਦੇ ਇਤਿਹਾਸ 'ਚ ਪਹਿਲੇ ਅਮਰੀਕੀ ਪੋਪ ਚੁਣੇ ਗਏ ਹਨ। 69 ਸਾਲ ਪ੍ਰੀਵੋਸਟ ਨੇ ਲਿਓ-14 ਨਾਂਅ ਅਪਣਾਇਆ ਹੈ। ਪ੍ਰੀਵੋਸਟ ਨੇ ਆਪਣਾ ਕਰੀਅਰ ਪੇਰੂ 'ਚ ਸੇਵਾ ਕਰਦਿਆਂ ਬਿਤਾਇਆ ਅਤੇ ਉਹ ਵੈਟੀਕਨ ਦੇ ਬਿਸ਼ਪ ਦੇ ਸ਼ਕਤੀਸ਼ਾਲੀ ਦਫਤਰ ਦੀ ਅਗਵਾਈ ਕਰਦੇ ਹਨ। ਪ੍ਰੀਵੋਸਟ ਨੇ ਪੋਪ ਵਜੋਂ ਆਪਣੇ ਪਹਿਲੇ ਸੰਬੋਧਨ 'ਚ ਕਿਹਾ, 'ਸ਼ਾਂਤੀ ਤੁਹਾਡੇ ਨਾਲ ਹੋਵੇ' ਅਤੇ ਉਨ੍ਹਾ 'ਬਿਨਾਂ ਕਿਸੇ ਡਰ ਦੇ' ਸ਼ਾਂਤੀ ਤੇ ਸੰਵਾਦ ਦਾ ਸੁਨੇਹਾ ਦਿੱਤਾ।

## ਆਈ ਪੀ ਐੱਲ ਦੇ ਮੈਚ ਹਫਤੇ ਲਈ ਰੋਕੇ

**ਨਵੀਂ ਦਿੱਲੀ** : ਇੰਡੀਅਨ ਪ੍ਰੀਮੀਅਰ ਲੀਗ (ਆਈ ਪੀ ਐੱਲ) ਨੂੰ ਇੱਕ ਹਫਤੇ ਲਈ ਮੁਲਤਵੀ ਕਰ ਦਿੱਤਾ ਗਿਆ ਹੈ। ਬੀ ਸੀ ਸੀ ਆਈ ਅਧਿਕਾਰੀ ਨੇ ਕਿਹਾ, 'ਜੰਗ ਲੱਗੀ ਹੋਣ ਦੇ ਬਾਵਜੂਦ ਕ੍ਰਿਕਟ ਚੱਲਦਾ ਰਹੇ, ਇਹ ਚੰਗਾ ਨਹੀਂ ਲੱਗਦਾ।" ਉਂਝ ਇਹ ਲੀਗ ਅਧਿਕਾਰਤ ਤੌਰ 'ਤੇ 25 ਮਈ ਨੂੰ ਕੋਲਕਾਤਾ ਵਿੱਚ ਖਤਮ ਹੋਣੀ ਸੀ। ਆਈ ਪੀ ਐੱਲ ਦੇ 12 ਲੀਗ ਮੈਚ ਅਤੇ ਚਾਰ ਨਾਕਆਊਟ ਮੈਚ ਖੇਡੇ ਜਾਣੇ ਬਾਕੀ ਸਨ, ਜਿਨ੍ਹਾਂ ਵਿੱਚ ਕੋਲਕਾਤਾ ਵਿੱਚ ਖੇਡਿਆ ਜਾਣ ਵਾਲਾ ਫਾਈਨਲ ਵੀ ਸ਼ਾਮਲ ਸੀ।

## ਪੁਣਛ ਦੇ ਪਿਤਾ-ਪੁੱਤਰ ਇਲਾਜ ਲਈ ਅੰਮ੍ਰਿਤਸਰ 'ਚ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਜੰਮੂ ਦੇ ਪੁਣਛ ਇਲਾਕੇ ਵਿੱਚ ਹਮਲੇ ਦੌਰਾਨ ਜ਼ਖਮੀ ਹੋਏ ਸਿੱਖਾਂ ਦੇ ਪਰਵਾਰਕ ਮੈਂਬਰ ਇਲਾਜ ਲਈ ਅੰਮ੍ਰਿਤਸਰ ਦੇ ਨਿੱਜੀ ਹਸਪਤਾਲ ਵਿੱਚ ਪੁੱਜੇ ਹਨ। ਇਨ੍ਹਾਂ ਦਾ ਸ਼ੁੱਕਰਵਾਰ ਸਵੇਰੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਅਤੇ ਮੈਨੇਜਰ ਰਜਿੰਦਰ ਸਿੰਘ ਰੂਬੀ ਨੇ ਹਾਲ-ਚਾਲ ਪੁੱਛਿਆ ਅਤੇ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ। ਇਲਾਜ ਲਈ ਪੁੱਜੇ ਪੁਣਛ ਵਾਸੀ ਗੁਰਮੀਤ ਸਿੰਘ ਅਤੇ ਉਨ੍ਹਾ ਦਾ ਛੋਟਾ ਬੇਟਾ ਸ਼ਾਮਲ ਹਨ।

# ਐਂਟੀ ਡਰੋਨ ਪ੍ਰਣਾਲੀ ਦੀ ਖਰੀਦ ਨੂੰ ਮਨਜ਼ੂਰੀ

## 'ਫਰਿਸ਼ਤੇ' ਯੋਜਨਾ ਦਾ ਲਾਭ ਜੰਗ ਤੇ ਅੱਤਵਾਦ ਪੀੜਤਾਂ ਨੂੰ ਵੀ ਮਿਲੇਗਾ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਕੈਬਨਿਟ ਨੇ ਸ਼ੁੱਕਰਵਾਰ ਨੂੰ ਲਏ ਇਤਿਹਾਸਕ ਫੈਸਲੇ ਵਿੱਚ ਸਰਹੱਦਾਂ ਰਾਹੀਂ ਹਥਿਆਰਾਂ ਤੇ ਨਸ਼ਿਆਂ ਦੀ ਹੁੰਦੀ ਤਸਕਰੀ ਨੂੰ ਠੱਲ੍ਹ ਪਾਉਣ ਲਈ ਐਂਟੀ-ਡਰੋਨ ਪ੍ਰਣਾਲੀ ਦੀ ਖ਼ਰੀਦ ਲਈ ਸਹਿਮਤੀ ਦੇ ਦਿੱਤੀ।

ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਕਿਹਾ ਕਿ ਪਾਕਿਸਤਾਨ ਨਾਲ ਲੱਗਦੀ ਸੂਬੇ ਦੀ 532 ਕਿਲੋਮੀਟਰ ਸਰਹੱਦ ਉੱਤੇ ਨੌਂ ਐਂਟੀ ਡਰੋਨ ਪ੍ਰਣਾਲੀਆਂ ਲਗਾਈਆਂ ਜਾਣਗੀਆਂ। ਇਸ ਅਹਿਮ ਪਹਿਲਕਦਮੀ ਲਈ ਸੂਬਾ ਸਰਕਾਰ ਵੱਲੋਂ 51.41 ਕਰੋੜ ਰੁਪਏ ਦੀ ਰਾਸ਼ੀ ਖ਼ਰਚੀ ਜਾਵੇਗੀ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਡਰੋਨ ਰਾਹੀਂ ਪਾਕਿਸਤਾਨ ਨਸ਼ਾ ਤੇ ਹਥਿਆਰ ਭੇਜ ਕੇ ਸਾਡੇ ਨੌਜਵਾਨਾਂ ਨੂੰ ਬਰਬਾਦ ਕਰਨਾ ਚਾਹੁੰਦਾ ਹੈ ਅਤੇ ਅੱਤਵਾਦ ਨੂੰ ਫੰਡਿੰਗ ਦਿੰਦਾ ਹੈ ਪਰ ਹੁਣ ਇਹ ਹਰਕਤਾਂ ਨਹੀਂ ਚੱਲਣਗੀਆਂ। ਪੰਜਾਬ ਸਰਕਾਰ ਇਸ ਸਾਜ਼ਿਸ਼ ਨੂੰ ਜੜ੍ਹੋਂ ਖ਼ਤਮ ਕਰੇਗੀ।



ਸੂਬਾਈ ਕੈਬਨਿਟ ਮੀਟਿੰਗ ਵਿੱਚ 'ਫਰਿਸ਼ਤੇ ਸਕੀਮ' ਦਾ ਦਾਇਰਾ ਵਧਾਉਣ ਦਾ ਫੈਸਲਾ ਲਿਆ ਗਿਆ। ਹੁਣ ਇਹ ਯੋਜਨਾ ਸੜਕ ਹਾਦਸਿਆਂ ਤੱਕ ਸੀਮਤ ਨਹੀਂ ਰਹੇਗੀ, ਸਗੋਂ ਇਸ ਵਿੱਚ ਜੰਗ ਅਤੇ ਅੱਤਵਾਦੀ ਹਮਲਿਆਂ ਵਿੱਚ ਜ਼ਖਮੀ ਹੋਏ ਨਾਗਰਿਕ ਵੀ ਸ਼ਾਮਲ ਹੋਣਗੇ। ਇਸ ਫੈਸਲੇ ਦਾ ਉਦੇਸ਼ ਜੰਗ ਅਤੇ ਅੱਤਵਾਦੀ ਘਟਨਾਵਾਂ ਦੇ ਪੀੜਤਾਂ ਨੂੰ ਬਿਨਾਂ ਕਿਸੇ ਰੁਕਾਵਟ ਦੇ ਤੁਰੰਤ ਅਤੇ ਮੁਫ਼ਤ ਇਲਾਜ ਮੁਹੱਈਆ ਕਰਵਾਉਣਾ ਹੈ। ਇਹ ਇਲਾਜ ਸੂਬੇ ਦੇ ਸਰਕਾਰੀ ਹਸਪਤਾਲਾਂ ਦੇ ਨਾਲ-ਨਾਲ ਸਰਕਾਰ ਦੁਆਰਾ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਵੀ ਉਪਲਬਧ ਹੋਵੇਗਾ।

## ਸਾਂਬਾ ਸੈਕਟਰ 'ਚ 7 ਦਹਿਸ਼ਤਗਰਦ ਮਾਰੇ

**ਚੰਡੀਗੜ੍ਹ** : ਬੀ ਐੱਸ ਐੱਫ ਨੇ ਜੰਮੂ ਖੇਤਰ ਦੇ ਸਾਂਬਾ ਸੈਕਟਰ ਵਿੱਚ ਕੌਮਾਂਤਰੀ ਸਰਹੱਦ ਦੇ ਨਾਲ ਘੁਸਪੈਠ ਦੀ ਇਕ ਵੱਡੀ ਕੋਸ਼ਿਸ਼ ਨੂੰ ਨਾਕਾਮ ਕਰਦੇ ਹੋਏ 7 ਦਹਿਸ਼ਤਗਰਦਾਂ ਨੂੰ ਮਾਰ ਮੁਕਾਇਆ। ਬੀ ਐੱਸ ਐੱਫ ਦੇ ਬੁਲਾਰੇ ਨੇ ਸ਼ੁੱਕਰਵਾਰ ਕਿਹਾ ਕਿ ਸਾਂਬਾ ਸੈਕਟਰ ਵਿੱਚ 8-9 ਮਈ ਦੀ ਰਾਤ ਨੂੰ ਦਹਿਸ਼ਤਗਰਦਾਂ ਦੇ ਇੱਕ ਵੱਡੇ ਸਮੂਹ ਵੱਲੋਂ ਘੁਸਪੈਠ ਦੀ ਕੋਸ਼ਿਸ਼ ਕੀਤੀ ਗਈ, ਜਿਸ ਦਾ ਪਤਾ ਨਿਗਰਾਨੀ ਗਰਿੱਡ ਵੱਲੋਂ ਲਗਾਇਆ ਗਿਆ। ਘੁਸਪੈਠ ਦੀ ਇਸ ਕੋਸ਼ਿਸ਼ ਨੂੰ ਸਫਲ ਬਣਾਉਣ ਲਈ ਪਾਕਿ ਰੇਂਜਰਾਂ ਨੇ ਆਪਣੀ ਚੌਕੀ ਤੋਂ ਗੋਲੀਬਾਰੀ ਵੀ ਕੀਤੀ। ਬੀ ਐੱਸ ਐੱਫ ਜਵਾਨਾਂ ਨੇ ਘੁਸਪੈਠ ਦੀ ਕੋਸ਼ਿਸ਼ ਨੂੰ ਅਸਫਲ ਕਰ ਦਿੱਤਾ ਅਤੇ ਪਾਕਿਸਤਾਨੀ ਪੋਸਟ ਨੂੰ ਵੀ ਭਾਰੀ ਨੁਕਸਾਨ ਪਹੁੰਚਾਇਆ। ਪਠਾਨਕੋਟ ਤੋਂ ਜੰਮੂ ਅਤੇ ਅੱਗੇ ਸ੍ਰੀਨਗਰ ਤੱਕ ਜਾਣ ਵਾਲਾ ਕੌਮੀ ਸ਼ਾਹਰਾਹ ਸਾਂਬਾ ਵਿੱਚੋਂ ਲੰਘਦਾ ਹੈ, ਜੋ ਕਿ ਪਾਕਿਸਤਾਨ ਦੀ ਸਰਹੱਦ ਦੇ ਨੇੜੇ ਹੈ।

# ਲੋਕਾਂ ਨੂੰ ਜੰਗ ਨਹੀਂ, ਅਮਨ ਚਾਹੀਦੈ : ਦੇਸ਼ ਭਗਤ ਯਾਦਗਾਰ ਕਮੇਟੀ

**ਜਲੰਧਰ** : ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਅਤੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਲਿਖਤੀ ਪ੍ਰੈੱਸ ਬਿਆਨ 'ਚ ਕਿਹਾ ਹੈ ਕਿ ਇੱਕ ਬੰਨੇ ਜੰਗ ਦੇ ਸਹਿਮ ਕਾਰਨ ਪੰਜਾਬ ਦੇ ਲੋਕ ਗਹਿਰੇ ਸਦਮੇ ਵਿਚ ਹਨ, ਖਾਸ ਕਰਕੇ ਸਰਹੱਦੀ ਇਲਾਕਿਆਂ ਦੇ ਲੋਕ ਹਿਜਰਤ ਕਰਨ ਲਈ ਮਜਬੂਰ ਹਨ ਅਤੇ ਦੂਜੇ ਬੰਨੇ ਜੰਗ ਦੇ ਬੱਦਲਾਂ ਦੇ ਓਹਲੇ-ਓਹਲੇ ਬਰਤਾਨੀਆ ਅਤੇ ਅਮਰੀਕਾ ਸਮੇਤ ਸਾਮਰਾਜੀ ਕਾਰਪੋਰੇਟ ਘਰਾਣਿਆਂ ਹਵਾਲੇ ਸਾਡੇ ਮੁਲਕ ਦੇ ਕੁਦਰਤੀ ਅਨਮੋਲ ਸੋਮਿਆਂ, ਵਿਸ਼ੇਸ਼ ਕਰਕੇ ਪੰਜਾਬ ਦੇ ਆਬਾਦਕਾਰਾਂ ਅਤੇ ਆਮ ਕਿਸਾਨਾਂ ਦੀਆਂ ਜਬਰੀ ਜ਼ਮੀਨਾਂ ਖੋਹਣ ਲਈ ਉਪਰੋ-ਥਲੀ ਬੋਲੇ ਜਾ ਰਹੇ ਹੱਲਿਆਂ ਕਾਰਨ ਲੋਕ ਆਪਣੇ ਆਪ ਨੂੰ ਦੋਹਰੀ ਜੰਗ ਦੀ ਮਾਰ ਤੋਂ ਪੀੜਤ ਮਹਿਸੂਸ ਕਰ ਰਹੇ ਹਨ।

ਇਉਂ ਹੀ ਇਸ ਵੇਲੇ ਭਾਜਪਾ ਹਕੂਮਤ ਵੱਲੋਂ ਸਾਰੇ ਕਾਇਦੇ-ਕਾਨੂੰਨ ਸੰਗੀਨਾਂ ਦੀ ਨੋਕ 'ਤੇ ਟੰਗ ਕੇ ਜੰਗਲਾਂ ਅਤੇ ਪਹਾੜਾਂ ਅੰਦਰ ਆਦਿਵਾਸੀਆਂ ਅਤੇ ਉਹਨਾਂ ਦੇ ਹੱਕਾਂ ਦੀ ਗੱਲ ਕਰਦੇ ਲੋਕਾਂ ਦਾ ਥੋਕ ਪੱਧਰ 'ਤੇ ਸ਼ਿਕਾਰ ਖੇਡਿਆ ਜਾ ਰਿਹਾ ਹੈ, ਜੋ ਕਿ ਫੌਰੀ ਬੰਦ ਕੀਤਾ ਜਾਏ।

### 'ਦੀ ਵਾਇਰ' ਉੱਤੇ ਭਾਰਤ 'ਚ ਪਾਬੰਦੀ ਦੀ ਨਿੰਦਾ

ਉਹਨਾ ਕਿਹਾ ਕਿ ਜੰਗ, ਲਾਠੀ, ਗੋਲੀ ਲੋਕਾਂ ਦੇ ਮਸਲਿਆਂ ਦਾ ਹੱਲ ਨਹੀਂ, ਸਗੋਂ ਮਸਲਿਆਂ ਵਿੱਚ ਵਾਧਾ ਕਰਨਾ, ਉਹਨਾਂ ਨੂੰ ਹੋਰ ਵੀ ਜਟਿਲ ਬਣਾਉਣਾ ਹੈ।

ਉਹਨਾਂ ਕਿਹਾ ਕਿ ਅਜਿਹੇ ਵੇਲੇ ਪੰਜਾਬ ਵਾਸੀਆਂ ਦੀ ਬਾਂਹ ਫੜਨ ਦੀ ਬਜਾਏ ਅੰਧ ਰਾਸ਼ਟਰਵਾਦ ਦੇ ਗਰਦੋ ਗੁਬਾਰ ਵਿਚ ਅਤੇ 'ਜੰਗ' ਦੀ ਆੜ ਹੇਠ 'ਕੋਰੋਨਾ' ਦੇ ਦੌਰ ਵਾਂਗ ਲੋਕਾਂ ਨੂੰ ਇਕੱਠੇ ਹੋਣ, ਰੋਸ ਪ੍ਰਗਟਾਵਾ ਕਰਨ ਅਤੇ ਆਪਣੇ ਹੱਕਾਂ ਲਈ ਆਵਾਜ਼ ਬੁਲੰਦ ਕਰਨ ਦੇ ਜਮਹੂਰੀ ਹੱਕਾਂ ਤੋਂ ਵਾਂਝੇ ਕੀਤਾ ਜਾ ਰਿਹਾ ਹੈ, ਜਿਸ ਦੀ ਤਾਜ਼ਾ ਮਿਸਾਲ 'ਦੀ ਵਾਇਰ' ਭਾਰਤ ਵਿਚ ਬੰਦ ਕਰਨਾ ਹੈ, ਜੋ ਬੇਹੱਦ ਨਿੰਦਣਯੋਗ ਵਰਤਾਰਾ ਹੈ। ਜ਼ਿਕਰਯੋਗ ਹੈ ਕਿ 'ਦੀ ਵਾਇਰ' ਦੇ ਸੰਪਾਦਕ ਸਿਧਾਰਥ ਰੰਜਨ ਗ਼ਦਰੀ ਬਾਬਿਆਂ ਦੇ ਮੇਲੇ 'ਤੇ ਮੁੱਖ ਵਕਤਾ ਵਜੋਂ ਪ੍ਰਭਾਵਸ਼ਾਲੀ ਸੁਨੇਹਾ ਦੇ ਕੇ ਗਏ ਸਨ।

ਦੇਸ਼ ਭਗਤ ਯਾਦਗਾਰ ਕਮੇਟੀ ਨੇ ਵਿਸ਼ੇਸ਼ ਕਰਕੇ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਫਿਰਕੂ ਅੰਧ-ਰਾਸ਼ਟਰਵਾਦ ਦੀ ਵਗਾਈ ਜਾ ਰਹੀ ਹਨੇਰੀ ਤੋਂ ਚੌਕੰਨੇ ਰਹਿੰਦੇ ਹੋਏ ਆਪਸੀ ਭਾਈਚਾਰਕ ਸਾਂਝ ਬਣਾਈ ਰੱਖਣ ਅਤੇ ਸਰਕਾਰ ਤੋਂ ਜ਼ੋਰਦਾਰ ਮੰਗ ਕਰਨ ਕਿ ਉਹ ਜੰਗੀ ਮਾਹੌਲ ਨੂੰ ਤੂਲ ਦੇਣ ਵਾਲੀਆਂ ਤਾਕਤਾਂ ਨੂੰ ਨੱਥ ਪਾਵੇ, ਨਾ ਕਿ ਅਮਨ ਪਸੰਦ, ਜੰਗ ਵਿਰੋਧੀ ਅਤੇ ਲੋਕ ਹਿਤੈਸ਼ੀ ਤਾਕਤਾਂ ਦੀ ਆਵਾਜ਼ ਬੰਦ ਕਰਨ ਵਾਲੀਆਂ ਤਾਕਤਾਂ ਉਪਰ ਸ਼ਿਕੰਜਾ ਕੱਸਣ 'ਤੇ ਜ਼ੋਰ ਲਾਵੇ।

## 20 ਦੀ ਹੜਤਾਲ ਦੀਆਂ ਤਿਆਰੀਆਂ ਦਾ ਜਾਇਜ਼ਾ, 15 ਨੂੰ ਫਿਰ ਮੀਟਿੰਗ

ਲੁਧਿਆਣਾ (ਰੈਕਟਰ ਕਥੂਰੀਆ) ਕੇਂਦਰੀ ਟਰੇਡ ਯੂਨੀਅਨਾਂ ਤੇ ਸੁਤੰਤਰ ਖੇਤਰੀ ਫੈਡਰੇਸ਼ਨਾਂ/ਐਸੋਸੀਏਸ਼ਨਾਂ ਦੇ ਸਾਂਝੇ ਪਲੇਟਫਾਰਮ ਦੁਆਰਾ ਪ੍ਰੈੱਸ ਨੂੰ ਹੇਠ ਲਿਖਿਆ ਬਿਆਨ ਜਾਰੀ ਕੀਤਾ ਗਿਆ ਸੀ।

ਕੇਂਦਰੀ ਟਰੇਡ ਯੂਨੀਅਨਾਂ ਅਤੇ ਸੁਤੰਤਰ ਖੇਤਰੀ ਫੈਡਰੇਸ਼ਨਾਂ ਦੇ ਪਲੇਟਫਾਰਮ ਨੇ 20 ਮਈ ਦੀ ਦੇਸ਼-ਵਿਆਪੀ ਆਮ ਹੜਤਾਲ ਦੀਆਂ ਤਿਆਰੀਆਂ ਦੀ ਵੀਰਵਾਰ ਸਮੀਖਿਆ ਕੀਤੀ। ਹੜਤਾਲ ਲਈ ਤਿਆਰੀਆਂ ਪੂਰੇ ਜ਼ੋਰਾਂ 'ਤੇ ਹਨ। ਮੀਟਿੰਗ ਤੋਂ ਬਾਅਦ ਜਾਰੀ ਬਿਆਨ 'ਚ ਕਿਹਾ ਗਿਆ ਕਿ ਭਾਰਤ ਸਰਕਾਰ ਅਤੇ ਕੁਝ ਥਾਵਾਂ 'ਤੇ ਪ੍ਰਬੰਧਨ ਦੇਸ਼ ਵਿੱਚ ਅਜੇ ਤੱਕ ਸੂਚਿਤ/ਲਾਗੂ ਨਾ ਕੀਤੇ ਗਏ ਕਿਰਤ ਕੋਡਾਂ ਦੇ ਉਪਬੰਧਾਂ ਨੂੰ ਲਾਗੂ ਕਰਕੇ ਮੌਜੂਦਾ ਕਾਨੂੰਨਾਂ ਦੀ ਉਲੰਘਣਾ ਕਰ ਰਹੇ ਹਨ, ਇਸ ਪਿਛੋਕੜ ਵਿੱਚ ਤਿਆਰੀਆਂ ਹੋਰ ਵੀ ਦ੍ਰਿੜ੍ਹਤਾ ਨਾਲ ਅੱਗੇ ਵਧ ਰਹੀਆਂ ਹਨ।

ਮੀਟਿੰਗ ਨੇ ਪਹਿਲਗਾਮ ਵਿੱਚ ਨਿਰਦੋਸ਼ ਨਾਗਰਿਕਾਂ 'ਤੇ ਹੋਏ ਵਹਿਸ਼ੀ ਅੱਤਵਾਦੀ ਹਮਲੇ ਦੀ ਸਪੱਸ਼ਟ ਤੌਰ 'ਤੇ ਨਿੰਦਾ ਕੀਤੀ, ਜਿਸ ਦਾ ਉਦੇਸ਼ ਭਾਰਤ ਵਿੱਚ ਨਫ਼ਰਤ ਫੈਲਾਉਣਾ ਅਤੇ ਫਿਰਕੂ ਝੜਪਾਂ ਨੂੰ ਭੜਕਾਉਣਾ ਸੀ।

ਬਿਆਨ 'ਚ ਕਿਹਾ ਗਿਆ, "ਅਸੀਂ, ਯੂਨੀਅਨਾਂ, ਫਿਰਕੂ ਸੰਗਠਨਾਂ ਅਤੇ ਉਨ੍ਹਾਂ ਲੋਕਾਂ ਦੇ ਯਤਨਾਂ ਦੀ ਵੀ ਨਿੰਦਾ ਕਰਦੇ ਹਾਂ ਜੋ ਸਾਡੇ ਨਾਗਰਿਕਾਂ ਦੇ ਸ਼ਾਂਤੀਪੂਰਨ ਅਤੇ ਸਦਭਾਵਨਾਪੂਰਨ ਜੀਵਨ ਨੂੰ ਨੁਕਸਾਨ ਪਹੁੰਚਾਉਣ ਲਈ ਫਿਰਕੂ ਵੰਡ ਵਾਲੇ ਧਰੁਵੀਕਰਨ ਦੇ ਆਪਣੇ ਏਜੰਡੇ ਨੂੰ ਜਾਰੀ ਰੱਖਦੇ ਹਨ ਅਤੇ ਅੱਤਵਾਦੀਆਂ ਦੇ ਇਰਾਦੇ ਨੂੰ ਵਧਾਉਣ ਲਈ ਜ਼ਹਿਰ ਫੈਲਾਉਂਦੇ ਰਹਿੰਦੇ ਹਨ।ਅਸੀਂ ਪਹਿਲਗਾਮ ਦੀ ਭਿਆਨਕ ਘਟਨਾ ਤੋਂ ਬਾਅਦ ਸਾਡੇ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਕਸ਼ਮੀਰੀ ਨਾਗਰਿਕਾਂ ਅਤੇ ਵਿਦਿਆਰਥੀਆਂ 'ਤੇ ਹੋਏ ਹਮਲੇ ਦੀ ਨਿੰਦਾ ਕਰਦੇ ਹਾਂ। ਅਸੀਂ ਜੰਮੂ-ਕਸ਼ਮੀਰ ਦੇ ਲੋਕਾਂ ਦੇ ਸੈਲਾਨੀਆਂ ਦੇ ਇਸ ਕਤਲ ਨੂੰ ਤੁਰੰਤ ਰੱਦ ਕਰਨ ਅਤੇ ਰਾਸ਼ਟਰੀ ਏਕਤਾ ਅਤੇ ਅਖੰਡਤਾ ਲਈ ਠੋਸ ਚੱਟਾਨ ਵਜੋਂ ਖੜ੍ਹੇ ਹੋਣ ਦੇ ਪ੍ਰਤੀਕਰਮ ਦਾ ਨੋਟਿਸ ਲੈਂਦੇ ਹਾਂ ਅਤੇ ਉਨ੍ਹਾਂ ਦੀ ਬਹੁਤ ਪ੍ਰਸ਼ੰਸਾ ਕਰਦੇ ਹਾਂ।ਅਸੀਂ ਭਾਰਤੀ ਜਲ ਸੈਨਾ ਦੇ ਲੈਫਟੀਨੈਂਟ ਨਰਵਾਲ ਦੀ ਵਿਧਵਾ ਹਿਮਾਂਸ਼ੀ ਨਰਵਾਲ ਦੇ ਟ੍ਰੋਲਰਾਂ/ਦੁਰਵਿਵਹਾਰ ਕਰਨ ਵਾਲਿਆਂ ਦੀ ਨਿੰਦਾ ਕਰਦੇ ਹਾਂ, ਜਿਨ੍ਹਾਂ ਨੇ ਆਪਣੀ ਇੰਟਰਵਿਊ ਵਿੱਚ ਕਸ਼ਮੀਰੀ ਵਿਦਿਆਰਥੀਆਂ ਅਤੇ ਆਮ ਤੌਰ 'ਤੇ ਮੁਸਲਮਾਨਾਂ 'ਤੇ ਹਮਲੇ ਨੂੰ ਅਸਵੀਕਾਰ ਕੀਤਾ ਸੀ ਅਤੇ ਭਾਰਤੀ ਜਨਤਾ ਦੀ ਏਕਤਾ ਬਣਾਈ ਰੱਖਣ ਦੀ ਅਪੀਲ ਕੀਤੀ ਸੀ।ਅਸੀਂ ਭਾਰਤ ਸਰਕਾਰ ਦੇ ਵਿਦੇਸ਼ ਸਕੱਤਰ ਵਿਕਰਮ ਮਿਸਰੀ, ਕਰਨਲ ਸੋਫੀਆ ਕੁਰੈਸ਼ੀ ਅਤੇ ਵਿੰਗ ਕਮਾਂਡਰ ਵਿਓਮਿਕਾ ਸਿੰਘ ਦੁਆਰਾ ਕੀਤੀ ਗਈ ਪ੍ਰੈੱਸ ਕਾਨਫਰੰਸ ਦਾ ਨੋਟਿਸ ਲੈਂਦੇ ਹਾਂ, ਜਿਸ ਵਿੱਚ ਉਨ੍ਹਾਂ ਨੇ ਭਾਰਤੀ ਫੌਜ ਦੀ ਕਾਰਵਾਈ ਨੂੰ ਭਾਰਤੀ ਧਰਤੀ 'ਤੇ ਅੱਤਵਾਦ ਦੇ ਦੋਸ਼ੀਆਂ ਨੂੰ ਸਜ਼ਾ ਦੇਣ ਲਈ ਕਾਰਵਾਈ ਕਰਾਰ ਦਿੱਤਾ ਹੈ ਅਤੇ ਇਹ ਸਥਿਤੀ ਨੂੰ ਹੋਰ ਵਿਗਾੜਨ ਲਈ ਨਹੀਂ ਹੈ। ਅੱਤਵਾਦੀਆਂ ਨੂੰ ਸਜ਼ਾ ਦੇਣ ਲਈ ਕੂਟਨੀਤਕ ਚੈਨਲਾਂ ਦੀ ਵਰਤੋਂ ਸਮੇਤ ਸਾਰੇ ਯਤਨ ਕੀਤੇ ਜਾਣੇ ਚਾਹੀਦੇ ਹਨ।

ਇਸ ਦੇ ਨਾਲ ਹੀ ਸਥਿਤੀ ਨੂੰ ਵਿਗਾੜਨ ਨਹੀਂ ਦਿੱਤਾ ਜਾਣਾ ਚਾਹੀਦਾ।ਦੇਸ਼ ਦੇ ਲੋਕਾਂ ਨੇ ਵੱਡੇ ਪੱਧਰ 'ਤੇ ਸੰਜੀਦਾ ਦ੍ਰਿਸ਼ਟੀਕੋਣ ਅਪਣਾਇਆ ਹੈ ਅਤੇ ਦੋਵਾਂ ਦੇਸ਼ਾਂ ਦੇ ਨਾਗਰਿਕਾਂ ਨੂੰ ਨੁਕਸਾਨ ਪਹੁੰਚਾਉਣ ਲਈ ਯੁੱਧ ਦੇ ਹੱਕ ਵਿੱਚ ਨਹੀਂ ਹਨ।ਇਹ ਭਾਰਤ ਸਰਕਾਰ ਲਈ ਸਾਡੇ ਦੇਸ਼ ਦੇ ਹਿੱਤ ਵਿੱਚ ਜਨੂੰਨੀਆਂ ਅਤੇ ਨਫ਼ਰਤ ਫੈਲਾਉਣ ਵਾਲਿਆਂ ਨੂੰ ਕਾਬੂ ਕਰਨ ਦਾ ਸਹੀ ਸਮਾਂ ਹੈ।ਅਸੀਂ ਸਾਰੇ ਵਰਕਰਾਂ ਨੂੰ ਜਨਤਾ ਵਿੱਚ ਏਕਤਾ ਅਤੇ ਸਦਭਾਵਨਾ ਬਣਾਈ ਰੱਖਣ ਲਈ ਮੋਹਰੀ ਮੋਰਚੇ 'ਤੇ ਰਹਿਣ ਦਾ ਸੱਦਾ ਦਿੰਦੇ ਹਾਂ। ਇਹ ਫੈਸਲਾ ਕੀਤਾ ਗਿਆ ਕਿ ਸੀ ਟੀ ਯੂ 15 ਮਈ ਨੂੰ ਦੁਬਾਰਾ ਮਿਲਣਗੀਆਂ ਤਾਂ ਜੋ ਸਥਿਤੀ ਦੀ ਸਮੀਖਿਆ ਕੀਤੀ ਜਾ ਸਕੇ, ਕਿਉਂਕਿ ਇਹ ਹੋਰ ਵਿਕਸਤ ਹੋ ਰਹੀ ਹੈ।

## ਅੱਜ-ਨਾਮਾ

ਅਕਲ ਦਾ ਛੋੜੋ ਨਾ ਪੱਲਾ ਪੰਜਾਬੀਉ ਓਏ,
ਆਵੇ ਹਦਾਇਤ ਕੁਝ ਮੰਨਿਆ ਕਰੋ ਬੇਲੀ।
ਕੀਤਾ ਹੁਕਮ ਅਨਾਊਂਸ ਕੋਈ ਕਦੇ ਜਾਂਦਾ,
ਗੂੰਜਦੇ ਸਾਇਰਨਾਂ ਦਾ ਧਿਆਨ ਧਰੋ ਬੇਲੀ।
ਕਿਹਾ ਜੇ ਜਾਏ ਕਿ ਬੱਤੀ ਜਗਾਵਣੀ ਨਹੀਂ,
ਹਨੇਰਾ ਹੋਵੇ ਤੇ ਉਹ ਵੀ ਕੁਝ ਜਰੋ ਬੇਲੀ।
ਹਿੰਮਤ ਵਾਲੀ ਰਵਾਇਤ ਨੂੰ ਛੱਡਣਾ ਨਹੀਂ,
ਆਵਣ ਲੱਖ ਅਫਵਾਹੀਂ ਨਹੀਂ ਡਰੋ ਬੇਲੀ।
ਸਦੀਆਂ ਵਿੱਚ ਜਦ ਹਿੰਮਤ ਨਾ ਕਦੇ ਛੱਡੀ,
ਵੈਰੀ-ਦੁਸ਼ਮਣ ਦੀ ਕਦੇ ਪ੍ਰਵਾਹ ਨਹੀਂ ਜੀ।
ਚੌਕਸੀ ਵਿੱਚ ਪਰ ਕਸਰ ਨਹੀਂ ਕੋਈ ਛੱਡੋ,
ਭੁੱਲਣੀ ਕਦੀ ਕੋਈ ਨੇਕ ਸਲਾਹ ਨਹੀਂ ਜੀ।

-ਤੀਸ ਮਾਰ ਖਾਂ

# ਬਠਿੰਡਾ ਦੇ ਪਿੰਡਾਂ 'ਚ ਮਿਜ਼ਾਈਲਾਂ ਤੇ ਡਰੋਨਾਂ ਦੇ ਟੁਕੜੇ ਡਿੱਗੇ



**ਬਠਿੰਡਾ (ਪਰਵਿੰਦਰ ਜੀਤ ਸਿੰਘ)**- ਵੀਰਵਾਰ ਰਾਤ ਪਾਕਿਸਤਾਨ ਵੱਲੋਂ ਚਲਾਈਆਂ ਮਿਜ਼ਾਈਲਾਂ ਦੇ ਜ਼ਿਲ੍ਹਾ ਬਠਿੰਡਾ ਦੇ ਵੱਖ-ਵੱਖ ਪਿੰਡਾਂ ਬੀੜ ਤਲਾਬ ਬਸਤੀ ਨੰਬਰ-4, ਬੱਲੂਆਣਾ, ਬੁਰਜ ਮਹਿਮਾ, ਗਹਿਰੀ ਭਾਗੀ ਅਤੇ ਤੁੰਗਵਾਲੀ ਵਿਖੇ ਵੀ ਧਮਾਕੇ ਹੋਏ ਪ੍ਰੰਤੂ ਹਵਾ ਵਿੱਚ ਹੀ ਡਿਫਿਊਜ਼ ਕੀਤੀਆਂ ਇਹ ਮਿਜ਼ਾਈਲਾਂ, ਡਰੋਨ ਅਤੇ ਉਨ੍ਹਾਂ ਦੇ ਟੁਕੜੇ ਜ਼ਰੂਰ ਖੇਤਾਂ ਵਿੱਚ ਡਿੱਗੇ। ਵੱਖ ਵੱਖ ਥਾਵਾਂ 'ਤੇ ਡੀ ਐਸ ਪੀ ਅਤੇ ਐਸ ਪੀ ਰੈਂਕ ਦੇ ਅਧਿਕਾਰੀ ਪੁਲਸ ਪਾਰਟੀ ਨਾਲ ਪਹੁੰਚੇ ਅਤੇ ਡਿਫਿਊਜ਼ ਹੋਈਆਂ ਡਿੱਗੀਆਂ ਮਿਜ਼ਾਈਲਾਂ ਅਤੇ ਉਨ੍ਹਾਂ ਦੇ ਟੁਕੜਿਆਂ ਨੂੰ ਫੌਜੀ ਅਧਿਕਾਰੀਆਂ ਨੂੰ ਮੌਕੇ 'ਤੇ ਬੁਲਾ ਕੇ ਕਬਜ਼ੇ ਵਿੱਚ ਲਿਆ ਗਿਆ।ਰਾਤ ਕਰੀਬ 11 ਵਜੇ ਬਸਤੀ ਨੰਬਰ ਚਾਰ ਬੀੜ ਤਲਾਬ ਵਿਖੇ ਵੱਡਾ ਬਲਾਸਟ ਹੋਇਆ, ਜਿਸ ਕਰਕੇ ਕਰੀਬ ਪੰਜ ਕਿਲੋਮੀਟਰ ਦੇ ਏਰੀਏ ਵਿੱਚ ਦਹਿਸ਼ਤ ਬਣਦੀ ਹੋਈ ਨਜ਼ਰ ਆਈ ਅਤੇ ਲੋਕ ਘਰਾਂ ਵਿੱਚੋਂ ਬਾਹਰ ਨਿਕਲ ਆਏ, ਕਿਉਂਕਿ ਦਰਵਜੇ ਅਤੇ ਖਿੜਕੀਆਂ ਵੀ ਕੰਬ ਗਈਆਂ।ਮਿਜ਼ਾਈਲ ਦਾ ਵੱਡਾ ਟੁਕੜਾ ਦੇਖਿਆ ਗਿਆ। ਇਸੇ ਤਰ੍ਹਾਂ ਪਿੰਡ ਤੁੰਗਵਾਲੀ ਵਿਖੇ ਵੀ ਵੱਡਾ ਬਲਾਸਟ ਹੋਇਆ ਅਤੇ ਮਿਜ਼ਾਈਲ ਦਾ ਵੱਡਾ ਟੁਕੜਾ ਇੱਕ ਘਰ ਵਿੱਚ ਡਿੱਗਿਆ ਜਿਸ ਕਰਕੇ ਘਰ ਦੀਆਂ ਖਿੜਕੀਆਂ, ਸ਼ੀਸ਼ੇ, ਦਰਵਾਜ਼ੇ ਟੁੱਟ ਗਏ ਅਤੇ ਟਰਾਲੀ ਵਿੱਚ ਵੀ ਸ਼ਰਲੇ ਆਰ ਪਾਰ ਨਿਕਲ ਕੇ ਵੱਡੇ ਮਘੋਰੇ ਹੋ ਗਏ। ਘਰ ਦਾ ਭਾਰੀ ਨੁਕਸਾਨ ਹੋਇਆ ਪਰ ਜਾਨੀ ਨੁਕਸਾਨ ਤੋਂ ਬਚਾ ਰਿਹਾ।ਇਸੇ ਤਰ੍ਹਾਂ ਪਿੰਡ ਗਹਿਰੀ ਭਾਗੀ ਦੇ ਸਰਪੰਚ ਜੋਗਿੰਦਰ ਸਿੰਘ ਦੇ ਖੇਤ ਵਿੱਚ ਵੀ ਮਿਜ਼ਾਈਲ ਦਾ ਵੱਡਾ ਟੁਕੜਾ ਡਿੱਗਿਆ। ਬੱਲੂਆਣਾ ਵਿਖੇ ਵੀ ਇਸੇ ਤਰ੍ਹਾਂ ਮਿਜ਼ਾਈਲ ਦਾ ਟੁਕੜਾ ਡਿਗ ਗਿਆ। ਬੁਰਜ ਮਹਿਮਾ ਵਿੱਚ ਵੀ ਕਈ ਟੁਕੜੇ ਡਿੱਗੇ ਜਿਨ੍ਹਾਂ ਨੂੰ ਪਿੰਡ ਵਾਸੀਆਂ ਨੇ ਹੱਥਾਂ ਵਿੱਚ ਵੀ ਫੜ ਕੇ ਦੇਖਿਆ। ਪੁਲਸ ਪ੍ਰਸ਼ਾਸਨ ਨੇ ਮੌਕੇ 'ਤੇ ਇਸ ਤਰ੍ਹਾਂ ਦੀ ਕਿਸੇ ਵੀ ਕਾਰਵਾਈ ਨੂੰ ਅੰਜਾਮ ਦੇਣ ਤੋਂ ਲੋਕਾਂ ਨੂੰ ਵਰਜਿਆ ਤੇ ਕਿਹਾ ਕਿ ਜੇਕਰ ਅੱਗੇ ਤੋਂ ਇਸ ਤਰ੍ਹਾਂ ਦੀ ਕੋਈ ਵੀ ਚੀਜ਼ ਵਸਤੂ ਡਿੱਗਦੀ ਹੈ ਤਾਂ ਉਸ ਦੇ ਨੇੜੇ ਨਾ ਜਾਓ। ਭਾਰਤੀ ਸੈਨਿਕਾਂ ਨੇ ਆਪਣੀ ਬਹਾਦਰੀ ਨਾਲ ਉਨਾਂ ਮਿਜ਼ਾਈਲਾਂ ਨੂੰ ਹਵਾ ਵਿੱਚ ਹੀ ਡਿਸਫਿਊਜ਼ ਕਰ ਦਿੱਤਾ, ਜਿਸ ਕਰਕੇ ਭਾਰਤ ਦਾ ਕਿਸੇ ਵੀ ਤਰ੍ਹਾਂ ਨਾਲ ਕੋਈ ਨੁਕਸਾਨ ਨਹੀਂ ਹੋਇਆ। ਬੀਤੀ ਦੇਰ ਰਾਤ ਬਠਿੰਡਾ ਦੇ ਆਸ ਪਾਸ ਪਿੰਡਾਂ ਵਿੱਚ ਹੋਏ ਵੱਡੇ ਧਮਾਕਿਆਂ ਨੂੰ ਮੁੱਖ ਰੱਖ ਕੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਵੱਲੋਂ ਤੁਰੰਤ ਸਾਰੀ ਰਾਤ ਦਾ ਬਲੈਕ ਆਊਟ ਕਰ ਦਿੱਤਾ, ਜਿਸ ਕਰਕੇ ਪੂਰੇ ਜ਼ਿਲ੍ਹੇ ਵਿੱਚ ਘੁੱਪ ਹਨੇਰਾ ਛਾ ਗਿਆ ਅਤੇ ਲੋਕਾਂ ਨੇ ਵੀ ਪ੍ਰਸ਼ਾਸਨ ਦਾ ਪੂਰਾ ਸਾਥ ਦਿੱਤਾ।

CMYK

## ਕਾਲਜ ਭਾਸ਼ਾ ਮੰਚ ਵੱਲੋਂ ਸ਼ਿਵ ਕੁਮਾਰ ਬਟਾਲਵੀ ਦੀ ਯਾਦ 'ਚ ਸਮਾਗਮ ਕੰਧ-ਪੱਤ੍ਰਿਕਾ 'ਸੁਨਹਿਰੀ ਕਲਮਾਂ' ਦਾ 13ਵਾਂ ਅੰਕ ਕੀਤਾ ਰਿਲੀਜ਼



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਦੇਸ਼ ਭਗਤ ਪੰਡਿਤ ਚੇਤਨ ਦੇਵ ਸਰਕਾਰੀ ਕਾਲਜ ਆਫ਼ ਐਜੂਕੇਸ਼ਨ ਫ਼ਰੀਦਕੋਟ ਵਿਖੇ ਕਾਲਜ ਭਾਸ਼ਾ ਮੰਚ ਵੱਲੋਂ ਪੰਜਾਬੀ ਦੇ ਮਹਾਨ ਸ਼ਾਇਰ ਸ਼ਿਵ ਕੁਮਾਰ ਬਟਾਲਵੀ ਦੀ 52ਵੀਂ ਬਰਸੀ ਨੂੰ ਸਮਰਪਤ ਇੱਕ ਸ਼ਰਧਾਂਜਲੀ ਸਮਾਗਮ 'ਬਿਰਹਾ ਤੂੰ ਸੁਲਤਾਨ' ਪ੍ਰਿੰਸੀਪਲ ਡਾ. ਰਾਜੇਸ਼ ਮੋਹਨ ਦੀ ਯੋਗ ਰਹਿਨੁਮਾਈ ਹੇਠ ਕਰਵਾਇਆ ਗਿਆ, ਜਿਸ ਦੌਰਾਨ ਕੰਧ-ਪੱਤ੍ਰਿਕਾ 'ਸੁਨਹਿਰੀ ਕਲਮਾਂ' ਦੇ 13ਵੇਂ ਅੰਕ ਨੂੰ ਸਮਾਗਮ ਦੇ ਮੁੱਖ ਮਹਿਮਾਨ ਪ੍ਰਸਿੱਧ ਸ਼ਾਇਰ ਵਿਜੇ ਵਿਵੇਕ ਅਤੇ ਮੁੱਖ ਵਕਤਾ ਸੁਖਜਿੰਦਰ ਸਿੰਘ ਨੇ ਜਾਰੀ ਕੀਤਾ।ਇਸ ਸਬੰਧੀ ਕਾਲਜ ਦੇ ਪ੍ਰਿੰਸੀਪਲ ਡਾ. ਰਾਜੇਸ਼ ਮੋਹਨ ਨੇ ਕਾਲਜ ਭਾਸ਼ਾ ਮੰਚ ਦੇ ਸਰਪ੍ਰਸਤ ਪ੍ਰੋ. ਬੀਰਇੰਦਰਜੀਤ ਸਿੰਘ, ਇੰਚਾਰਜ ਪ੍ਰੋ. ਸੁਖਵਿੰਦਰ ਕੌਰ, ਮੰਚ ਦੇ ਵਿਦਿਆਰਥੀ ਪ੍ਰਧਾਨ ਈਸ਼ਾ ਰਾਣੀ ਤੇ ਸਾਰੇ ਅਹੁਦੇਦਾਰ-ਵਿਦਿਆਰਥੀਆਂ ਨੂੰ ਇਸ ਸ਼ਲਾਘਾਯੋਗ ਸਾਹਿਤਕ ਉਪਰਾਲੇ ਲਈ ਮੁਬਾਰਕਬਾਦ ਦਿੱਤੀ।ਇਸ ਮੌਕੇ ਕੰਧ-ਪੱਤ੍ਰਿਕਾ ਦੇ ਮੁੱਖ ਸੰਪਾਦਕ ਪ੍ਰੋ. ਬੀਰਇੰਦਰਜੀਤ ਸਿੰਘ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਾਡੇ ਵਿਦਿਆਰਥੀ-ਲੇਖਕਾਂ ਲਈ ਇਹ ਮਾਣ ਵਾਲੀ ਗੱਲ ਹੈ ਕਿ ਦੁਨੀਆ ਭਰ ਵਿੱਚ ਨਾਮਣਾ ਖੱਟਣ ਵਾਲੇ ਪ੍ਰਸਿੱਧ ਸ਼ਾਇਰ ਵਿਜੇ ਵਿਵੇਕ ਨੇ 'ਸੁਨਹਿਰੀ ਕਲਮਾਂ' ਦਾ 13ਵਾਂ ਅੰਕ ਜਾਰੀ ਕੀਤਾ ਤੇ ਉਨ੍ਹਾਂ ਦੀਆਂ ਮੌਲਿਕ ਰਚਨਾਵਾਂ ਨੂੰ ਆਸ਼ੀਰਵਾਦ ਦਿੰਦਿਆਂ ਉਨ੍ਹਾਂ ਨੂੰ ਹੋਰ ਵਧੀਆ ਲਿਖਣ ਦੀ ਪ੍ਰੇਰਣਾ ਦਿੱਤੀ।ਵਿਦਿਆਰਥੀਆਂ ਦੀਆਂ ਸ਼ਿਵ ਕੁਮਾਰ ਬਟਾਲਵੀ ਨੂੰ ਸਮਰਪਤ ਰਚਨਾਵਾਂ ਜਿਵੇਂ ਕਿ ਗੀਤ, ਕਵਿਤਾਵਾਂ, ਲੇਖ, ਕਹਾਣੀਆਂ, ਪੋਸਟਰ ਆਦਿ ਇਸ ਕੰਧ-ਪੱਤ੍ਰਿਕਾ 'ਸੁਨਹਿਰੀ ਕਲਮਾਂ' ਦੇ 13ਵੇਂ ਅੰਕ ਦਾ ਸ਼ਿੰਗਾਰ ਬਣੀਆਂ ਹਨ।ਇਸ ਮੌਕੇ ਕਾਲਜ ਪ੍ਰੋ. ਮੰਜੂ ਕਪੂਰ, ਪ੍ਰੋ. ਸੰਦੀਪ ਸਿੰਘ, ਡਾ. ਰੁਪਿੰਦਰਜੀਤ ਕੌਰ, ਪ੍ਰੋ. ਰਾਜੇਸ਼ਵਰੀ ਦੇਵੀ, ਪ੍ਰੋ. ਜਸਬੀਰ ਕੌਰ, ਪ੍ਰੋ. ਫੈਨੀ ਚਾਵਲਾ, ਪ੍ਰੋ. ਮਨਵਿੰਦਰ ਕੌਰ, ਪ੍ਰੋ. ਰਿਮੀ, ਲਾਇਬ੍ਰੇਰੀਅਨ ਪੂਨਮ ਰਾਣੀ, ਕਰਮਜੀਤ ਕੌਰ ਤੇ ਕਾਲਜ ਭਾਸ਼ਾ ਮੰਚ ਦੇ ਵਿਦਿਆਰਥੀ ਹਾਜ਼ਰ ਸਨ।

## ਕੈਂਟਰ ਦੀ ਟੱਕਰ ਵੱਜਣ ਨਾਲ ਸਾਈਕਲ ਸਵਾਰ ਜ਼ਖ਼ਮੀ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਮਖੂ ਵਿਖੇ ਇਕ ਕੈਂਟਰ ਤੇ ਸਾਈਕਲ ਦੀ ਟੱਕਰ ਵਿੱਚ ਸਾਈਕਲ ਸਵਾਰ ਦੇ ਜ਼ਖ਼ਮੀ ਹੋਣ ਦੀ ਖ਼ਬਰ ਮਿਲੀ ਹੈ। ਇਸ ਸਬੰਧੀ ਥਾਣਾ ਮਖੂ ਪੁਲਸ ਨੇ ਕੈਂਟਰ ਚਾਲਕ ਖ਼ਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਕੁਲਦੀਪ ਸਿੰਘ ਪੁੱਤਰ ਕਰਮ ਸਿੰਘ ਵਾਸੀ ਬਸਤੀ ਸ਼ਾਮਵਾਲੀ ਦਾਖਲੀ ਜੋਗੇਵਾਲਾ ਨੇ ਦੱਸਿਆ ਕਿ ਅਰਸ਼ਦੀਪ ਸਿੰਘ ਪੁੱਤਰ ਦਲਜੀਤ ਸਿੰਘ ਵਾਸੀ ਬਸਤੀ ਸ਼ਾਮੇਵਾਲੀ ਮਖੂ ਸਾਈਕਲ 'ਤੇ ਜਾ ਰਿਹਾ ਸੀ, ਪਿੱਛੋਂ ਇਕ ਕੈਂਟਰ ਨੰਬਰ ਪੀਬੀ-02-ਈਡੀ-3216 ਲਾਪਰਵਾਹੀ ਨਾਲ ਆ ਰਿਹਾ ਸੀ, ਜਿਸ ਨੇ ਕੱਟ ਮਾਰਿਆ ਤੇ ਕੈਂਟਰ ਸਿੱਧਾ ਅਰਸ਼ਦੀਪ ਸਿੰਘ ਵਿੱਚ ਵੱਜਾ, ਜਿਸ ਨਾਲ ਅਰਸ਼ਦੀਪ ਸਿੰਘ ਕੈਂਟਰ ਨਾਲ ਘੜੀਸਦਾ ਕਾਫੀ ਦੂਰ ਗਿਆ, ਜਿਸ ਨਾਲ ਕਾਫੀ ਸੱਟਾਂ ਲੱਗੀਆਂ। ਕੁਲਦੀਪ ਸਿੰਘ ਨੇ ਦੱਸਿਆ ਕਿ ਅਰਸ਼ਦੀਪ ਸਿੰਘ ਦਾ ਇਲਾਜ ਡੀਐੱਮਸੀ ਲੁਧਿਆਣਾ ਵਿਖੇ ਚੱਲ ਰਿਹਾ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਸੁਖਬੀਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਕੈਂਟਰ ਚਾਲਕ ਸਿਕੰਦਰ ਸਿੰਘ ਪੁੱਤਰ ਦੀਵਾਨ ਸਿੰਘ ਵਾਸੀ ਭਾਈ ਲਾਲੋ ਜੀ ਨਗਰ ਰਾਣਾ ਗਾਰਡਨ ਅੰਮ੍ਰਿਤਸਰ ਥਾਣਾ ਮਕਬੂਲਪੁਰਾ ਖ਼ਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

## ਇਲਾਕੇ 'ਚ ਭਾਰੀ ਮੀਂਹ ਨਾਲ ਆਏ ਤੂਫ਼ਾਨ ਕਾਰਨ ਮੱਕੀ ਦੀ ਫਸਲ ਦਾ ਭਾਰੀ ਨੁਕਸਾਨ

### ਰੁੱਖ ਤੇ ਬਿਜਲੀ ਟਰਾਂਸਫਾਰਮਰ ਡਿੱਗਣ ਕਾਰਨ ਸਪਲਾਈ 'ਚ ਪਿਆ ਵਿਘਨ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮੌਸਮ ਦੇ ਬਦਲਦੇ ਮਿਜ਼ਾਜ ਨੇ ਇਲਾਕੇ ਵਿੱਚ ਭਾਰੀ ਮੀਂਹ ਦੇ ਨਾਲ ਨਾਲ ਆਏ ਤੂਫ਼ਾਨ ਕਾਰਨ ਜਿੱਥੇ ਸੈਂਕੜੇ ਏਕੜ ਖੇਤਾਂ ਵਿੱਚ ਖੜੀ ਫਸਲ ਦਾ ਨੁਕਸਾਨ ਹੋਇਆ ਹੈ, ਉੱਥੇ ਵੱਖ ਵੱਖ ਪਿੰਡਾਂ ਵਿੱਚ ਰੁੱਖ ਤੇ ਬਿਜਲੀ ਦੇ ਟਰਾਂਸਫਾਰਮ ਡਿੱਗਣ ਕਾਰਨ ਸਪਲਾਈ ਵਿੱਚ ਵੀ ਵਿਘਨ ਪੈ ਗਿਆ ਹੈ। ਮਿਲੀਆਂ ਖ਼ਬਰਾਂ ਅਨੁਸਾਰ ਬੇਟ ਇਲਾਕੇ ਦੇ ਪਿੰਡ ਬੁਰਜ ਪਵਾਤ, ਹੇਡੋਂ ਬੇਟ ਤੇ ਹੋਰਨਾਂ ਪਿੰਡਾਂ ਵਿੱਚ ਤੂਫ਼ਾਨ ਤੇ ਭਾਰੀ ਮੀਂਹ ਦੇ ਨਾਲ ਨਾਲ ਗੜੇਮਾਰੀ ਹੋਈ, ਜਿਸ ਕਾਰਨ ਮੱਕੀ ਦੀ ਫਸਲ ਪਾਣੀ ਵਿੱਚ ਡੁੱਬ ਗਈ। ਗੜੇਮਾਰੀ ਕਾਰਨ ਮੱਕੀ ਦੀ ਫਸਲ ਦੇ ਪੱਤੇ ਵੀ ਨੁਕਸਾਨੇ ਗਏ। ਬੁਰਜ ਪਵਾਤ ਦੇ ਕਿਸਾਨ ਜਰਨੈਲ ਸਿੰਘ ਨੇ ਦੱਸਿਆ ਕਿ ਉਸ ਦੀ 5 ਏਕੜ ਤੋਂ ਵੱਧ ਮੱਕੀ ਦੀ ਫਸਲ ਮੀਂਹ ਦੇ ਪਾਣੀ ਵਿੱਚ ਡੁੱਬ ਗਈ। ਉਨ੍ਹਾਂ ਦੱਸਿਆ ਕਿ ਮੀਂਹ ਦੇ ਨਾਲ ਤੂਫ਼ਾਨ ਵੀ ਚੱਲਿਆ, ਜਿਸ ਕਾਰਨ ਫਸਲ ਖੇਤਾਂ ਵਿੱਚ ਵਿਛ ਗਈ। ਇਸ ਇਲਾਕੇ ਵਿੱਚ ਕਈ ਕਿਸਾਨਾਂ ਦੇ ਪਾਪੂਲਰ ਦੇ ਬੂਟੇ ਵੀ ਤੂਫ਼ਾਨ ਕਾਰਨ ਡਿੱਗ ਗਏ। ਅੱਜ ਦੂਜੇ ਦਿਨ ਵੀ ਤੂਫ਼ਾਨ ਕਾਰਨ ਮਾਛੀਵਾੜਾ ਇਲਾਕੇ ਦੇ ਕਿਸਾਨਾਂ ਦਾ ਕਾਫ਼ੀ ਆਰਥਿਕ ਨੁਕਸਾਨ ਹੋਇਆ। ਕਿਸਾਨਾਂ ਨੇ ਦੱਸਿਆ ਕਿ ਅੱਜ ਬੇਮੌਸਮੇ ਮੀਂਹ ਕਾਰਨ ਉਨ੍ਹਾਂ ਦਾ ਲੱਖਾਂ ਰੁਪਏ ਦਾ ਨੁਕਸਾਨ ਹੋ ਗਿਆ, ਜਿਸ ਲਈ ਸਰਕਾਰ ਗਿਰਦਾਵਰੀ ਕਰਵਾ ਕੇ ਬਣਦਾ ਮੁਆਵਜ਼ਾ ਦੇਵੇ। ਬੇਟ ਦੇ ਪਿੰਡਾਂ ਵਿੱਚ ਸਬਜ਼ੀ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੇ ਦੱਸਿਆ ਕਿ ਉਨ੍ਹਾਂ ਨੇ ਕਈ ਏਕੜ ਵਿੱਚ ਟੀਂਡੇ, ਭਿੰਡੀ, ਖੀਰੇ, ਮਾਂਹ, ਮੂੰਗੀ ਦੀ ਫਸਲ ਬੀਜੀ ਸੀ, ਪਰ ਮੀਂਹ ਨੇ ਸਾਰੀ ਫਸਲ ਤਬਾਹ ਕਰਕੇ ਰੱਖ ਦਿੱਤੀ।

## ਮੁੱਖ ਮੰਤਰੀ ਦਾ ਪਾਣੀਆਂ 'ਤੇ ਸਟੈਂਡ ਸ਼ਲਾਘਾਯੋਗ ਕਦਮ : ਸਿੱਧੂ ਲੌਂਗੋਵਾਲ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਪੰਜਾਬ ਦੇ ਪਾਣੀਆਂ ਸਬੰਧੀ ਮਸਲੇ ਨੂੰ ਲੈ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੀ ਸਰਕਾਰ ਸਮੇਤ ਜੋ ਸਖ਼ਤ ਸਟੈਂਡ ਲਿਆ ਹੈ, ਉਹ ਸ਼ਲਾਘਾਯੋਗ ਕਦਮ ਹੈ ਤੇ ਪੰਜਾਬ ਹਿਤੈਸ਼ੀ ਹੈ ਕਿਉਂਕਿ ਜੋ ਪਾਣੀ ਪੰਜਾਬ ਦਾ ਹੈ, ਉਸ ਵਿੱਚੋਂ ਇੱਕ ਬੂੰਦ ਵੀ ਕਿਸੇ ਹੋਰ ਨੂੰ ਨਹੀਂ ਦਿੱਤੀ ਜਾ ਸਕਦੀ ਤੇ ਧਰਤੀ ਹੇਠਲੇ ਪਾਣੀ ਦੀ ਹੋ ਰਹੀ ਕਮੀ ਕਰਕੇ ਪੰਜਾਬ ਅੱਜ ਖੁਦ ਬੰਜਰ ਹੋਣ ਦੀ ਕੰਢੇ 'ਤੇ ਖੜ੍ਹਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸੀਨੀਅਰ ਆਗੂ ਆਮ ਆਦਮੀ ਪਾਰਟੀ ਅੰਮ੍ਰਿਤਪਾਲ ਸਿੰਘ ਸਿੱਧੂ ਲੌਂਗੋਵਾਲ ਨੇ ਕਰਦਿਆਂ ਕਿਹਾ ਕਿ ਜੇਕਰ ਭਗਵੰਤ ਸਿੰਘ ਮਾਨ ਇਹ ਸਮਾਂ ਨਾ ਸੰਭਾਲਦੇ ਤਾਂ ਪੰਜਾਬ ਦਾ ਖੇਤੀ ਪੱਖੋਂ ਵੱਡਾ ਨੁਕਸਾਨ ਹੋਣਾ ਸੀ, ਕਿਉਂਕਿ ਬੋਰਾਂ ਦੇ ਪਾਣੀ ਡੂੰਘੇ ਜਾ ਚੁੱਕੇ ਹਨ। ਇਸ ਲਈ ਪੰਜਾਬ ਸਰਕਾਰ ਦੀ ਸੋਚ ਹੈ ਕਿ ਖੇਤੀ ਲਈ ਤੇ ਪੀਣ ਲਈ ਕੁਦਰਤੀ ਸਰੋਤਾਂ ਦਾ ਪਾਣੀ ਵਰਤਿਆ ਜਾਵੇ, ਜਿਸ ਨਾਲ ਧਰਤੀ ਹੇਠਲਾ ਪਾਣੀ ਬਚੇਗਾ।

ਉਨ੍ਹਾਂ ਕਿਹਾ ਕਿ ਪਾਣੀ ਦੇ ਮਾਮਲੇ ਤੇ ਦੂਜੀਆਂ ਵਿਰੋਧੀ ਪਾਰਟੀਆਂ ਵੱਲੋਂ ਇਸ ਨੂੰ ਰਾਜਨੀਤਕ ਮਸਲਾ ਬਣਾ ਕੇ ਰੌਲਾ ਪਾਉਣ ਦੀ ਬਜਾਏ ਪੰਜਾਬ ਤੇ ਪੰਜਾਬ ਦੇ ਮੁੱਖ ਮੰਤਰੀ ਨਾਲ ਇੱਕਜੁਟਤਾ ਦਿਖਾਉਣਾ ਵੀ ਸ਼ਲਾਘਾਯੋਗ ਹੈ। ਇਸ ਤੋਂ ਦੂਜੇ ਸੂਬਿਆਂ ਨੂੰ ਪਤਾ ਲੱਗ ਗਿਆ ਹੈ ਕਿ ਪਾਣੀਆਂ ਜਾਂ ਹੋਰ ਗੰਭੀਰ ਮਸਲਿਆਂ ਤੇ ਪੰਜਾਬ ਇੱਕ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਨੇ ਪਾਣੀ ਦੇ ਮਾਮਲੇ ਤੇ ਜੋ ਰਸਤਾ ਅਖਤਿਆਰ ਕੀਤਾ ਹੈ, ਇਸ ਵਿੱਚ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਜਾਂ ਆਪ ਦਾ ਕੋਈ ਨਿੱਜੀ ਲਾਭ ਨਹੀਂ ਹੈ ਅਤੇ ਪਾਣੀ ਬਚਾਉਣ ਵਿੱਚ ਹੀ ਪੰਜਾਬ ਦਾ ਭਲਾ ਹੈ, ਜੋ ਪੰਜਾਬ ਦੇ ਮੁੱਖ ਮੰਤਰੀ ਨੇ ਕਰਕੇ ਦਿਖਾ ਦਿੱਤਾ ਹੈ ਕਿਉਂਕਿ ਜਿੰਨੀ ਕੁਦਰਤੀ ਪਾਣੀ ਦੀ ਵਰਤੋਂ ਹੋਵੇਗੀ।

## ਅੰਤਰਰਾਸ਼ਟਰੀ, ਘਰੇਲੂ ਤੇ ਰਾਜਨੀਤਕ ਮਸਲਿਆਂ ਨੂੰ ਸ਼ਾਂਤੀ ਨਾਲ ਹੱਲ ਕਰਨਾ ਹਿੰਦ-ਪਾਕਿ ਦੇ ਹਿੱਤ 'ਚ : ਪੰਜਾਬ ਕਿਸਾਨ ਯੂਨੀਅਨ

ਮਾਨਸਾ (ਆਤਮਾ ਸਿੰਘ ਪਮਾਰ) ਹਿੰਦ-ਪਾਕਿ ਸਰਹੱਦ 'ਤੇ ਬਣੇ ਜੰਗੀ ਤਣਾਅ ਦੇ ਚੱਲਦਿਆਂ ਪੰਜਾਬ ਕਿਸਾਨ ਯੂਨੀਅਨ ਤੇ ਆਲ ਇੰਡੀਆ ਕਿਸਾਨ ਮਹਾਂਸਭਾ ਦੇ ਕੌਮੀ ਪ੍ਰਧਾਨ ਰੁਲਦੂ ਸਿੰਘ ਮਾਨਸਾ, ਸੂਬਾ ਆਗੂ ਗੁਰਨਾਮ ਸਿੰਘ ਭੀਖੀ, ਗੁਰਜੰਟ ਸਿੰਘ ਮਾਨਸਾ ਤੇ ਪ੍ਰੈਸ ਸਕੱਤਰ ਨਰਿੰਦਰ ਕੌਰ ਬੁਰਜ ਹਮੀਰਾ ਨੇ ਕਿਹਾ ਕਿ ਦੋਹਾਂ ਦੇਸ਼ਾਂ ਅੰਦਰਲੇ ਜੰਗੀ ਮਾਹੌਲ ਨੇ ਆਮ ਮਿਹਨਤਕਸ਼ ਲੋਕਾਂ ਦੇ ਸਾਹ ਸੂਤ ਰੱਖੇ ਹਨ।

ਉਨ੍ਹਾਂ ਕਿਹਾ ਕਿ ਭਾਰਤੀ ਸ਼ਾਸਕਾਂ ਦੇ ਹੁਕਮਾਂ ਅਨੁਸਾਰ ਹੋਈ ਮੌਕ ਡਰਿੱਲ ਨੇ ਜਿੱਥੇ ਸੁਰੱਖਿਆ ਕਵਚ ਬਣਨਾ ਸੀ, ਉਥੇ ਨਾਲ ਹੀ ਦਹਿਸ਼ਤ ਦਾ ਸਾਇਆ ਵੀ ਬਣੀ। ਮੀਡੀਆ ਚੈਨਲ ਇੱਕ ਤੋਂ ਇੱਕ ਵਧਦੀਆਂ ਸਰਹੱਦੀ ਹਾਲਤਾਂ ਨੂੰ ਡਰਾਉਣੇ ਤਰੀਕਿਆਂ ਨਾਲ ਪ੍ਰਚਾਰ ਰਹੇ ਹਨ। ਸਕੂਲਾਂ-ਕਾਲਜਾਂ ਦੇ ਬੰਦ ਹੋਣ ਦੇ ਜਾਅਲੀ ਮੈਸੇਜ ਪਿਛਲੇ ਲੰਬੇ ਸਮੇਂ ਤੋਂ ਸੋਸ਼ਲ ਮੀਡੀਆ ਰਾਹੀਂ ਪ੍ਰਚਾਰੇ ਜਾ ਰਹੇ ਸਨ, ਜਦ ਕਿ ਪੰਜਾਬ ਸਰਕਾਰ ਵੱਲੋਂ ਅੱਜ ਕੁੱਝ ਦਿਨਾਂ ਵਾਸਤੇ ਸਕੂਲਾਂ, ਕਾਲਜਾਂ, ਯੂਨੀਵਰਸਿਟੀਜ਼ ਸੰਬੰਧੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਬੇਲਗਾਮ ਝੂਠਾ ਪ੍ਰਚਾਰ ਕਿਸੇ ਵੀ ਦੇਸ ਦੇ ਵਸਨੀਕਾਂ ਲਈ ਘਾਤਕ ਸਿੱਧ ਹੁੰਦਾ ਹੈ। ਕਿਸਾਨ ਆਗੂ ਭੋਲਾ ਸਿੰਘ ਸਮਾਓਂ, ਰਾਮਫਲ ਚੱਕ ਅਲੀਸ਼ੇਰ, ਪੰਜਾਬ ਸਿੰਘ ਅਕਲੀਆ ਨੇ ਕਿਹਾ ਕਿ ਕੁੱਝ ਕੁ ਮੀਡੀਆ, ਵਿਕਾਊ ਨਿਊਜ਼ ਚੈਨਲ ਜੋ ਤਣਾਅ ਭਰੀਆਂ ਖ਼ਬਰਾਂ ਨਾਲ ਆਪਣੇ ਟੀ.ਵੀ ਰੇਟਿੰਗ ਵਧਾਉਣ ਵਿੱਚ ਮਸਰੂਫ ਰਹਿੰਦੇ ਹੈ, ਉਨ੍ਹਾਂ ਨੂੰ ਭੜਕਾਊ ਪ੍ਰਚਾਰ ਦੇ ਫਾਇਦੇ ਹੁੰਦੇ ਹਨ।

## ਪੀ ਡਬਲਯੂ ਡੀ ਫੀਲਡ ਤੇ ਵਰਕਸ਼ਾਪ ਵਰਕਰਜ਼ ਯੂਨੀਅਨ ਦੀ ਮੀਟਿੰਗ



**ਜਲਾਲਾਬਾਦ (ਜੀਤ ਕੁਮਾਰ)**-ਪੀ.ਡਬਲਯੂ.ਡੀ. ਫੀਲਡ ਤੇ ਵਰਕਸ਼ਾਪ ਵਰਕਰਜ਼ ਯੂਨੀਅਨ ਬ੍ਰਾਂਚ ਜਲਾਲਾਬਾਦ ਦੀ ਮੀਟਿੰਗ ਸਥਾਨਕ ਸ਼ਹੀਦ ਊਧਮ ਸਿੰਘ ਪਾਰਕ ਵਿਖੇ ਬ੍ਰਾਂਚ ਪ੍ਰਧਾਨ ਪਰਮਜੀਤ ਸਿੰਘ ਸੋਢਾ ਸਾਂਦੜ ਦੀ ਪ੍ਰਧਾਨਗੀ ਹੇਠ ਕੀਤੀ ਗਈ।ਮੀਟਿੰਗ ਦੇ ਦੌਰਾਨ ਵੱਖ ਵੱਖ ਬੁਲਾਰਿਆਂ ਨੇ ਸੰਬੋਧਤ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਜਿਵੇਂ ਕਿ ਇਨਲਿਸਟਮੈਂਟ ਅਤੇ ਆਊਟਸੋਰਸ ਸੇਵਾਵਾਂ ਦੇ ਰਹੇ ਕਾਮਿਆਂ ਦੀਆਂ ਉਜਰਤਾਂ ਵਿੱਚ ਵਾਧਾ ਕਰਨ ਅਤੇ ਇਨ੍ਹਾਂ ਕਾਮਿਆਂ ਨੂੰ ਸਬੰਧਤ ਮਹਿਕਮੇ ਵਿੱਚ ਸ਼ਾਮਲ ਕਰਕੇ ਰੈਗੂਲਰ ਕਰਨ, ਡੀ. ਏ. ਦੀਆਂ ਕਿਸ਼ਤਾਂ ਜਾਰੀ ਕਰਨਾ, ਪੇ ਕਮਿਸ਼ਨ ਦੇ ਬਕਾਏ ਜਾਰੀ ਕਰਨਾ, ਜਲ ਸਪਲਾਈ ਸਕੀਮਾਂ ਦਾ ਪੰਚਾਇਤੀਕਰਨ ਕਰਨ ਦੀਆਂ ਨੀਤੀਆਂ ਨੂੰ ਬੰਦ ਕਰਨਾ ਆਦਿ ਮੰਗਾਂ ਦਾ ਨਿਪਟਾਰਾ ਨਹੀਂ ਕੀਤਾ ਜਾ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਇਨ੍ਹਾਂ ਹੱਕੀ ਤੇ ਜਾਇਜ਼ ਮੰਗਾਂ ਦਾ ਹੱਲ ਕੀਤਾ ਜਾਵੇ। ਇਸ ਮੌਕੇ ਬ੍ਰਾਂਚ ਪ੍ਰਧਾਨ ਪਰਮਜੀਤ ਸਿੰਘ, ਹਰਵੇਲ ਸਿੰਘ, ਹਰਜੀਤ ਸਿੰਘ, ਸ਼ਾਮ ਲੰਦ, ਸਦਰੂਲ ਸਿੰਘ, ਬੋਤਾ ਸਿੰਘ, ਸੁਖ ਦਰੇਨ, ਅੰਤਰ ਸਿੰਘ, ਮੱਖਣ ਸਿੰਘ, ਪ੍ਰਤਾਪ ਸਿੰਘ, ਕਰਤਾਰ ਰਾਏ, ਸੰਜਣ ਸਿੰਘ, ਜਸਵੰਤ ਸਿੰਘ ਆਦਿ ਮੌਜੂਦ ਸਨ।

## ਝੋਨੇ ਦੀ ਸਿੱਧੀ ਬਿਜਾਈ 15 ਤੋਂ ਸ਼ੁਰੂ ਕਰਨ ਕਿਸਾਨ : ਡਾ. ਗੁਰਦੀਪ ਸਿੰਘ



**ਜਗਰਾਉਂ (ਨਛੱਤਰ ਸੰਧੂ)**-ਖੇਤੀ ਵਿੱਚ ਪਾਣੀ ਦੀ ਸੁਚੱਜੀ ਵਰਤੋਂ ਲਈ ਇਸ ਵਾਰ ਜ਼ਿਲ੍ਹਾ ਲੁਧਿਆਣਾ ਦੇ ਕਿਸਾਨਾਂ ਵਿੱਚ ਕਾਫ਼ੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਹ ਗੱਲ ਮੁੱਖ ਖੇਤੀਬਾੜੀ ਅਫਸਰ ਲੁਧਿਆਣਾ ਡਾ. ਗੁਰਦੀਪ ਸਿੰਘ ਨੇ ਆਪਣੇ ਦਫਤਰ ਵਿੱਚ ਬਲਾਕਾਂ ਦੇ ਖੇਤੀਬਾੜੀ ਅਫਸਰਾਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦੱਸੀ। ਮੁੱਖ ਖੇਤੀਬਾੜੀ ਅਫਸਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਤੀਬਾੜੀ ਵਿਭਾਗ ਰਾਹੀਂ ਡਾਇਰੈਕਟ ਸੀਡਿੰਗ ਆਫ ਰਾਈਸ, ਜਿਸ ਨੂੰ ਝੋਨੇ ਦੀ ਸਿੱਧੀ ਬਿਜਾਈ ਦੀ ਤਕਨੀਕ ਵੀ ਕਿਹਾ ਜਾਂਦਾ ਹੈ, ਦਾ ਵੱਧ ਤੋਂ ਵੱਧ ਪ੍ਰਚਾਰ ਕੀਤਾ ਜਾ ਰਿਹਾ ਹੈ। ਡਾ. ਗੁਰਦੀਪ ਸਿੰਘ ਨੇ ਇਸ ਤਕਨੀਕ ਬਾਰੇ ਹੋਰ ਵਿਸਥਾਰ ਵਿੱਚ ਦੱਸਦਿਆਂ ਕਿਹਾ ਕਿ ਜੋ ਵੀ ਕਿਸਾਨ ਇਸ ਤਕਨੀਕ ਨੂੰ ਅਪਣਾਉਣ ਦੀ ਤਿਆਰੀ ਕਰ ਰਹੇ ਹਨ, ਵਿਭਾਗ ਉਨ੍ਹਾਂ ਦੀ ਹਰ ਪ੍ਰਕਾਰ ਨਾਲ ਮਦਦ ਕਰਨ ਲਈ ਤਤਪਰ ਹੈ।

ਉਨ੍ਹਾਂ ਅਜਿਹੇ ਕਿਸਾਨਾਂ ਨੂੰ ਕਿਸੇ ਵੀ ਸਮੱਸਿਆ ਲਈ ਖੇਤੀਬਾੜੀ ਵਿਭਾਗ ਦੇ ਨੇੜਲੇ ਦਫਤਰ ਵਿੱਚ ਸੰਪਰਕ ਕਰਨ ਲਈ ਕਿਹਾ। ਪੰਜਾਬ ਸਰਕਾਰ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਕਰਨ ਲਈ 15 ਮਈ 2025 ਮਿੱਥੀ ਗਈ ਹੈ, ਜਿਸ ਤੋਂ ਬਾਅਦ ਕੋਈ ਵੀ ਕਿਸਾਨ ਇਸ ਤਕਨੀਕ ਨਾਲ ਬਿਜਾਈ ਕਰ ਸਕਦਾ ਹੈ। ਜਿਹੜੇ ਕਿਸਾਨ ਇਸ ਵਿਧੀ ਨੂੰ ਅਪਣਾ ਕੇ ਝੋਨੇ ਦੀ ਸਿੱਧੀ ਬਿਜਾਈ ਕਰਨਗੇ, ਉਨ੍ਹਾਂ ਨੂੰ ਸਰਕਾਰ ਵੱਲੋਂ ਪ੍ਰਤੀ ਏਕੜ 1500 ਰੁਪਏ ਦੀ ਪ੍ਰੋਤਸਾਹਨ ਰਾਸ਼ੀ ਵੀ ਦਿੱਤੀ ਜਾਵੇਗੀ। ਖੇਤੀਬਾੜੀ ਵਿਭਾਗ ਵੱਲੋਂ ਸਿੱਧੀ ਬਿਜਾਈ ਦੀ ਤਕਨੀਕ ਸਬੰਧੀ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਵੱਡੇ ਪੱਧਰ 'ਤੇ ਜਾਗਰੂਕਤਾ ਅਭਿਆਨ ਚਲਾਇਆ ਜਾ ਰਿਹਾ ਹੈ, ਜਿਸ ਅਧੀਨ ਪਿੰਡ-ਪਿੰਡ ਕਿਸਾਨ ਸਿਖਲਾਈ ਕੈਂਪ ਲਗਾਏ ਜਾ ਰਹੇ ਹਨ। ਇਸ ਮੌਕੇ ਇੰਜ. ਅਮਨਪ੍ਰੀਤ ਸਿੰਘ ਘਈ ਸਹਾਇਕ ਖੇਤੀਬਾੜੀ ਇੰਜੀਨੀਅਰ ਲੁਧਿਆਣਾ ਨੇ ਦੱਸਿਆ ਕਿ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ 1500 ਰੁਪਏ ਪ੍ਰਤੀ ਏਕੜ ਪ੍ਰਾਪਤ ਕਰਨ ਲਈ ਆਪਣੀ ਰਜਿਸਟ੍ਰੇਸ਼ਨ ਖੇਤੀਬਾੜੀ ਵਿਭਾਗ ਦੇ ਪੋਰਟਲ 'ਤੇ ਕਰਵਾਉਣੀ ਲਾਜ਼ਮੀ ਹੈ। ਇਸ ਤੋਂ ਬਿਨਾਂ ਵਿਭਾਗ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਕਰਨ ਲਈ ਲੋੜੀਂਦੀ ਡੀ.ਐੱਸ.ਆਰ. ਡਰਿੱਲ ਵੀ 40 ਤੋਂ 50 ਪ੍ਰਤੀਸ਼ਤ ਦੀ ਸਬਸਿਡੀ 'ਤੇ ਦਿੱਤੀ ਜਾਵੇਗੀ, ਜਿਸ ਲਈ ਕਿਸਾਨਾਂ ਪਾਸੋਂ ਬਿਨੈ-ਪੱਤਰ ਆਨਲਾਈਨ ਮਾਧਿਅਮ ਰਾਹੀਂ ਖੇਤੀਬਾੜੀ ਵਿਭਾਗ ਦੇ ਪੋਰਟਲ 'ਤੇ 12 ਮਈ 2025 ਤੱਕ ਪ੍ਰਾਪਤ ਕੀਤੇ ਜਾ ਰਹੇ ਹਨ।

## ਫੂਲੇ ਫਿਲਮ ਦੇਖਣ ਲਈ ਸਿਨਮਾ ਹਾਲ 'ਚ ਲੱਗੀ ਭੀੜ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪ੍ਰਸਿੱਧ ਸਮਾਜ ਸੁਧਾਰਕ ਮਹਾਤਮਾ ਜੋਤੀਬਾ ਰਾਓ ਫੂਲੇ ਤੇ ਮਹਾਤਮਾ ਸਵਿੱਤਰੀ ਬਾਈ ਫੂਲੇ ਦੇ ਜੀਵਨ ਸੰਘਰਸ਼ 'ਤੇ ਆਧਾਰਤ ਬਣੀ ਫਿਲਮ ਨੂੰ ਦੇਖਣ ਲਈ ਸਿਨੇਮਾ ਹਾਲ ਵਿੱਚ ਲੋਕਾਂ ਦੀ ਵੱਡੀ ਭੀੜ ਜੁੜੀ ਰਹੀ।

ਇਲਾਕੇ ਨਾਲ ਸੰਬੰਧਤ ਕੁਝ ਸਮਾਜ ਸੇਵੀ ਸੰਸਥਾਵਾਂ ਵੱਲੋਂ ਮਹਾਤਮਾ ਜੋਤੀਬਾ ਰਾਓ ਫੂਲੇ ਤੇ ਮਾਤਾ ਸਵਿੱਤਰੀ ਬਾਈ ਫੂਲੇ ਵੱਲੋਂ ਦੇਸ਼ ਦੀਆਂ ਮਹਿਲਾਵਾਂ ਨੂੰ ਪੜ੍ਹਾਈ ਦੇਣ ਲਈ ਤੇ ਗਰੀਬ ਲੋਕਾਂ ਨੂੰ ਪੜ੍ਹਾਈ ਦਾ ਮਹੱਤਵ ਸਮਝਾਉਣ ਲਈ ਦਿੱਤੇ ਗਏ ਯੋਗਦਾਨ ਸਬੰਧੀ ਬਣੀ ਫਿਲਮ ਸਬੰਧੀ ਜਾਣਕਾਰੀ ਦੇਣ ਲਈ ਵੱਡੀ ਗਿਣਤੀ ਵਿੱਚ ਲੋਕ ਫਿਲਮ ਦੇਖਣ ਪੁੱਜੇ।ਆਮ ਲੋਕਾਂ ਨੂੰ ਫਿਲਮ ਨੂੰ ਦਿਖਾਉਣ ਲਈ ਵਿਸ਼ੇਸ਼ ਤੌਰ 'ਤੇ ਪ੍ਰਬੰਧ ਕਰਨ ਵਾਲੇ ਸ਼ੁਭੀ ਸ਼ਰਮਾ, ਮਨਪ੍ਰੀਤ ਹਾਮਝੇੜੀ, ਲਖਵਿੰਦਰ ਸਿੰਘ ਕੌਹਰੀਆਂ, ਮਾਸਟਰ ਗੁਰਤੇਜ ਸਿੰਘ, ਮਾਸਟਰ ਪ੍ਰੇਮ ਸਿੰਘ, ਗੁਰਪ੍ਰੀਤ ਸਿੰਘ, ਸੰਦੀਪ ਸਿੰਘ, ਦਿਲਪ੍ਰੀਤ ਸਿੰਘ, ਗੁਰਪ੍ਰੀਤ ਸਿੰਘ ਲਹਿਰਾ, ਗੁਰਸੇਵਕ ਸਿੰਘ ਭੂੰਦੜਭੇਣੀ, ਗਗਨਦੀਪ ਹਰਿਆਊ, ਮਨਪ੍ਰੀਤ ਹਰਿਆਊ, ਗੁਰਜੀਤ ਲਹਿਰਾ, ਲਾਡੀ ਖਨੌਰੀ, ਸੰਦੀਪ ਸਿੰਘ ਦੁਤਾਲ, ਮੱਖਣ ਸਿੰਘ ਕੌਹਰੀਆਂ, ਵਿੱਕੀ ਸਿੰਘ ਕੌਹਰੀਆਂ, ਬਿੰਦਰੀ ਜੱਸਲ, ਰਾਮ ਸਿੰਘ, ਗੋਰਾ ਸਿੰਘ ਆਦਿ ਦੀ ਪੂਰੀ ਟੀਮ ਦਾ ਧੰਨਵਾਦ ਕੀਤਾ, ਜਿਨ੍ਹਾਂ ਦੀ ਬਦੌਲਤ ਅੱਜ ਪਾਤੜਾਂ ਵਿੱਚ

### ਮਹਾਤਮਾ ਫੂਲੇ ਤੇ ਸਵਿੱਤਰੀ ਬਾਈ ਫੂਲੇ ਦੀ ਬਦੌਲਤ ਦੇਸ਼ ਦੀਆਂ ਔਰਤਾਂ ਪੜ੍ਹੀਆਂ : ਆਗੂ



ਲਗਾਤਾਰ ਇਹ ਫਿਲਮ ਚੱਲ ਰਹੀ ਹੈ ਤੇ ਚੱਲਦੀ ਰਹੇਗੀ।ਸਮਾਜ ਨੂੰ ਵੀ ਚਾਹੀਦਾ ਹੈ ਕਿ ਉਹ ਵੀ ਅੱਗੇ ਹੋ ਕੇ ਇਸ ਫਿਲਮ ਨੂੰ ਦੇਖਣ ਤੇ ਆਪਣੇ ਬੱਚਿਆਂ ਨੂੰ ਵੀ ਜ਼ਰੂਰ ਦਿਖਾਉਣ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਇਹ ਜਿਹੇ ਮਹਾਂਪੁਰਸ਼ਾਂ ਦੇ ਦੱਸੇ ਹੋਏ ਰਸਤੇ 'ਤੇ ਚੱਲ ਸਕਣ।ਉਨ੍ਹਾਂ ਦੱਸਿਆ ਕਿ ਸਵਿੱਤਰੀ ਬਾਈ ਫੂਲੇ ਨੇ ਆਪਣੇ ਜੀਵਨ ਵਿੱਚ ਕਿਸ ਤਰ੍ਹਾਂ ਸੰਘਰਸ਼ ਕੀਤਾ, ਕਿਸ ਕਰਕੇ ਉਨ੍ਹਾਂ ਨੂੰ ਅਪਮਾਨ ਦਾ ਸਾਹਮਣਾ ਵੀ ਕਰਨਾ ਪਿਆ। ਇਸ ਵਿੱਚ ਕੋਈ ਸ਼ੱਕ ਨਹੀਂ ਕਿ ਜੇਕਰ ਅੱਜ ਭਾਰਤ ਦੀਆਂ ਮਹਿਲਾਵਾਂ ਪੜ੍ਹ ਰਹੀਆਂ ਤੇ ਉਹ ਕੇਵਲ ਤੇ ਕੇਵਲ ਮਹਾਤਮਾ ਜੋਤੀਬਾ ਰਾਓ ਫੂਲੇ ਤੇ ਮਾਤਾ ਸਵਿੱਤਰੀ ਬਾਈ ਫੂਲੇ ਜੀ ਦੀ ਬਦੌਲਤ ਹੀ ਪੜ੍ਹ ਰਹੀਆਂ ਨੇ, ਜਿਨ੍ਹਾਂ ਨੇ ਮਹਿਲਾਵਾਂ ਲਈ ਅਨੇਕਾਂ ਸਕੂਲ ਖੋਲ੍ਹੇ ਤੇ ਮਨੂੰਵਾਦੀ ਸਿਸਟਮ ਖਿਲਾਫ ਲੜਾਈ ਵੀ ਲੜੀ।ਇਸ ਮੌਕੇ ਲੋਕਾਂ ਦੀਆਂ ਮਹਿਲਾਵਾਂ ਤੇ ਦੇਸ਼ ਦੇ ਲੋਕਾਂ ਨੂੰ ਉਨ੍ਹਾਂ ਦੇ ਇਤਿਹਾਸ ਨੂੰ ਪੜ੍ਹਨਾ ਚਾਹੀਦਾ ਹੈ, ਕਿਉਂਕਿ ਬਾਬਾ ਸਾਹਿਬ ਡਾਕਟਰ ਅੰਬੇਡਕਰ ਨੇ ਵੀ ਇਨ੍ਹਾਂ ਨੂੰ ਆਪਣਾ ਗੁਰੂ ਮੰਨਿਆ ਹੈ ਤੇ ਸਾਹਿਬ ਸ੍ਰੀ ਕਾਂਸ਼ੀ ਰਾਮ ਨੇ ਵੀ ਇਨ੍ਹਾਂ ਬਹੁਜਨ ਮਹਾਂਪੁਰਸ਼ਾਂ ਤੋਂ ਸੇਧ ਲੈਂਦੇ ਹੋਏ ਇੰਨੀ ਵੱਡੀ ਬਹੁਜਨ ਮੂਵਮੈਂਟ ਨੂੰ ਖੜ੍ਹਾ ਕੀਤਾ।ਉਨ੍ਹਾਂ ਕਿਹਾ ਕਿ ਸੈਂਸਰ ਬੋਰਡ ਵੱਲੋਂ ਫੂਲੇ ਫਿਲਮ ਦੇ ਕਈ ਸੀਨ ਕੱਟ ਦਿੱਤੇ ਹਨ, ਕਿਉਂਕਿ ਅੱਜ ਦੇ ਸਮੇਂ ਵਿੱਚ ਵੀ ਮਨੂੰਵਾਦੀ ਲੋਕਾਂ ਦੁਆਰਾ ਇਹੋ ਜਿਹੀਆਂ ਸੇਧ ਦੇਣ ਵਾਲੀਆਂ ਫਿਲਮਾਂ ਦਾ ਵਿਰੋਧ ਕੀਤਾ ਜਾ ਰਿਹਾ ਹੈ।

## ਐੱਮ ਐੱਸ ਯੂ ਦੀ ਚੋਣ 'ਚ ਅਮਨਦੀਪ ਕਾਂਸਲ ਮੰਡਲ ਪ੍ਰਧਾਨ ਬਣੇ



**ਧੂਰੀ (ਬਿੰਨੀ ਗਰਗ, ਮੋਹਿਤ ਗਰਗ)**-ਪਾਵਰਕਾਮ ਮੁਲਾਜ਼ਮਾਂ 'ਤੇ ਅਧਾਰਤ ਮਨਿਸਟਿਰੀਅਲ ਸਰਵਿਸਜ਼ ਯੂਨੀਅਨ (ਐੱਮ.ਐੱਸ.ਯੂ.) ਦੀ ਮੰਡਲ ਕਮੇਟੀ ਦੀ ਹਰਪਾਲ ਸਿੰਘ ਸੂਬਾ ਪ੍ਰਧਾਨ ਤੇ ਪੁਨੀਤ ਪਰਾਸ਼ਰ ਜੁਆਇੰਟ ਸਕੱਤਰ ਦੀ ਪ੍ਰਧਾਨਗੀ ਹੇਠ ਹੋਈ ਚੋਣ ਵਿੱਚ ਅਮਨਦੀਪ ਕਾਂਸਲ ਨੂੰ ਸਰਬਸੰਮਤੀ ਨਾਲ ਮੰਡਲ ਪ੍ਰਧਾਨ ਚੁਣ ਲਿਆ ਗਿਆ।ਇਸ ਮੌਕੇ ਬਾਕੀ ਅਹੁਦੇਦਾਰਾਂ ਦੀ ਕੀਤੀ ਗਈ ਚੋਣ ਵਿੱਚ ਅਮੀਸ਼ ਜਿੰਦਲ ਮੀਤ ਪ੍ਰਧਾਨ, ਅੰਮ੍ਰਿਤਪਾਲ ਸਿੰਘ ਸਕੱਤਰ, ਸ਼ਵੇਤ ਗੋਇਲ ਸਹਾਇਕ ਸਕੱਤਰ, ਨਵੀਨ ਸਿੰਗਲਾ ਸੰਯੁਕਤ ਸਕੱਤਰ, ਦਿਕਸ਼ਾ ਕੈਸ਼ੀਅਰ, ਹਰਤੇਸ਼ ਸ਼ਰਮਾ ਤੇ ਹੋਮਨਪ੍ਰੀਤ ਸਿੰਘ ਚੀਫ ਆਰਗੇਨਾਈਜ਼ਰ, ਲਖਵੀਰ ਸਿੰਘ, ਪ੍ਰਵੀਨ ਕੁਮਾਰ ਤੇ ਜਸਪਾਲ ਸਿੰਘ ਪ੍ਰੈੱਸ ਸਕੱਤਰ, ਨਵੀਨ ਸਿੰਗਲਾ ਤੇ ਗੁਰਪ੍ਰੀਤ ਸਿੰਘ ਦਫ਼ਤਰੀ ਸਕੱਤਰ, ਅਸ਼ਵਨੀ ਕੁਮਾਰ, ਤਰਸੇਮ ਸਿੰਘ ਐਡੀਟਰ ਤੇ ਹਰਜਿੰਦਰ ਸਿੰਘ ਅਤੇ ਨਿਸ਼ਾ ਬਾਂਸਲ ਕਾਰਜਕਾਰੀ ਮੈਂਬਰ ਚੁਣੇ ਗਏ।ਇਸ ਮੌਕੇ ਨਵਨਿਯੁਕਤ ਪ੍ਰਧਾਨ ਅਮਨਦੀਪ ਕਾਂਸਲ ਨੇ ਸਾਥੀ ਮੈਂਬਰਾਂ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਮੰਗਾਂ ਦੀ ਪ੍ਰਾਪਤੀ ਲਈ ਤੱਤਪਰ ਰਹਿਣਗੇ।

## ਭਾਰਤੀਆਂ ਦੀ ਇਕਜੁਟਤਾ ਹੀ ਸਭ ਤੋਂ ਵੱਡੀ ਤਾਕਤ : ਹਰਚੰਦ ਸਿੰਘ ਬਰਸਟ

**ਸਮਾਣਾ (ਗੁਰਪਿਆਰ ਸਿੰਘ ਬੱਲ)**-ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਸਾਰੇ ਭਾਰਤ ਵਾਸੀਆਂ ਨੂੰ ਸੁਚੇਤ ਰਹਿਣ ਦੀ ਲੋੜ ਹੈ, ਕਿਉਂਕਿ ਜੋ ਸਾਡੇ ਗੁਆਂਢੀ ਮੁਲਕ ਪਾਕਿਸਤਾਨ ਨਾਲ ਤਣਾਅ ਵਾਲੇ ਹਾਲਾਤ ਬਣੇ ਹੋਏ ਹਨ, ਉਨ੍ਹਾਂ ਨੂੰ ਮੁੱਖ ਰੱਖ ਕੇ ਹਰ ਨਾਗਰਿਕ ਦਾ ਫ਼ਰਜ਼ ਬਣਦਾ ਹੈ ਕਿ ਉਹ ਪੂਰੀ ਤਰ੍ਹਾਂ ਸੁਚੇਤ ਰਹੇ ਤੇ ਆਪਣੇ ਪਰਵਾਰ ਅਤੇ ਆਸ-ਪਾਸ ਵਾਲਿਆਂ ਦਾ ਵੀ ਧਿਆਨ ਰੱਖੇ।ਉਨ੍ਹਾਂ ਕਿਹਾ ਕਿ ਮੌਜੂਦਾ ਸਥਿਤੀਆਂ ਵਿੱਚ ਘਬਰਾਉਣ ਦੀ ਕੋਈ ਲੋੜ ਨਹੀਂ ਹੈ।ਸਰਕਾਰ ਤੇ ਪ੍ਰਸ਼ਾਸਨ ਹਰ ਸਥਿਤੀ ਨਾਲ ਨਜਿੱਠਣ ਲਈ ਤਿਆਰ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ, ਜੋ ਸ਼ਲਾਘਾਯੋਗ ਕਦਮ ਹੈ।ਜੇ ਕਿਸੇ ਨੂੰ ਕੋਈ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਤੁਰੰਤ ਕੰਟਰੂਮ ਰੂਮ 'ਤੇ ਸੰਪਰਕ ਕਰ ਸਕਦਾ ਹੈ।ਉਨ੍ਹਾਂ ਕਿਹਾ ਕਿ ਲੋਕ ਸੁਚੇਤ ਰਹਿੰਦਿਆਂ ਹੋਇਆ ਆਪਣੇ ਆਲੇ-ਦੁਆਲੇ ਧਿਆਨ ਰੱਖਣ ਅਤੇ ਜੇਕਰ ਕੋਈ ਸ਼ੱਕੀ ਵਿਅਕਤੀ ਜਾਂ ਸ਼ੱਕੀ ਵਸਤੂ ਨਜ਼ਰ ਆਉਂਦੀ ਹੈ ਤਾਂ ਉਸ ਬਾਰੇ ਤੁਰੰਤ ਪ੍ਰਸ਼ਾਸਨ ਨੂੰ ਜਾਣਕਾਰੀ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਸਰਕਾਰ ਪੂਰੀ ਤਰ੍ਹਾਂ ਸੁਚੇਤ ਹੈ ਤੇ ਨਾਗਰਿਕਾਂ ਦੀ ਸੁਰੱਖਿਆਂ ਅਤੇ ਭਲਾਈ ਨੂੰ ਯਕੀਨੀ ਬਣਾਉਣ ਲਈ ਸਾਰੇ ਜ਼ਰੂਰੀ ਕਦਮ ਚੁੱਕੇ ਜਾ ਰਹੇ ਹਨ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਫਵਾਹਾਂ ਵੱਲ ਧਿਆਨ ਨਾ ਦੇਣ ਅਤੇ ਜੇਕਰ ਕਿਸੇ ਵੀ ਤਰ੍ਹਾਂ ਦੀ ਕੋਈ ਸ਼ੰਕਾ ਹੋਵੇ ਤਾਂ ਤੁਰੰਤ ਪ੍ਰਸ਼ਾਸਨ ਨਾਲ ਸੰਪਕਤ ਕੀਤਾ ਜਾਵੇ।

## ਖ਼ੂਨਦਾਨ ਕਰਨ ਵਾਲੀਆਂ ਸੰਸਥਾਵਾਂ ਵੱਲੋਂ ਪ੍ਰਸ਼ਾਸਨ ਨੂੰ ਸਹਿਯੋਗ ਦਾ ਭਰੋਸਾ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਪਹਿਲਗਾਮ ਵਿਖੇ ਪਾਕਿਸਤਾਨ ਨਾਲ ਸੰਬੰਧਤ ਅੱਤਵਾਦੀਆਂ ਵੱਲੋਂ ਨਿਰਦੋਸ਼ 26 ਸੈਲਾਨੀਆਂ ਨੂੰ ਗੋਲੀਆਂ ਮਾਰ ਕੇ ਮਾਰ ਦਿੱਤਾ ਗਿਆ ਸੀ।ਇਸ ਸਬੰਧੀ ਭਾਰਤ ਤੇ ਪਾਕਿਸਤਾਨ ਵਿਚਾਲੇ ਚੱਲ ਰਹੇ ਯੁੱਧ ਦੇ ਮੱਦੇਨਜ਼ਰ ਫ਼ਰੀਦਕੋਟ ਨਾਲ ਸਬੰਧਤ ਵੱਖ-ਵੱਖ ਖ਼ੂਨਦਾਨ ਕਰਨ ਵਾਲੀਆਂ ਸੰਸਥਾਵਾਂ ਦੇ ਪ੍ਰਤੀਨਿਧੀਆਂ ਦੀ ਮੀਟਿੰਗ ਹੋਈ।ਮੀਟਿੰਗ ਦੌਰਾਨ ਖ਼ੂਨਦਾਨ ਕਰਨ ਵਾਲੀਆਂ ਸਮੂਹ ਸਮਾਜ ਸੇਵੀ ਸੰਸਥਾਵਾਂ ਦੇ ਪ੍ਰਤੀਨਿਧੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਵਿਸ਼ਵਾਸ ਦਵਾਇਆ ਕਿ ਉਹ ਇਸ ਸੰਕਟ ਦੇ ਸਮੇਂ ਹਰ ਵੇਲੇ ਅਤੇ ਹਰ ਤਰ੍ਹਾਂ ਦਾ ਯੋਗਦਾਨ ਪਾਉਣ ਲਈ ਤਿਆਰ ਹਨ। ਜੇ ਕਿਸੇ ਅਣਸੁਖਾਵੀ ਘਟਨਾ ਕਾਰਨ ਖ਼ੂਨ ਦੀ ਜ਼ਰੂਰਤ ਪੈਂਦੀ ਹੈ ਤਾਂ ਇਹ ਸੰਸਥਾਵਾਂ ਹਰ ਸਮੇਂ ਆਪਣੇ ਵਲੰਟੀਅਰਾਂ ਨਾਲ ਹਾਜ਼ਰ ਰਹਿਣਗੀਆਂ।ਇਸ ਮੌਕੇ ਜਸਵਿੰਦਰ ਸਿੰਘ ਢਿੱਲੋਂ ਮੈਮੋਰੀਅਲ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਗੁਰਜੀਤ ਸਿੰਘ ਢਿੱਲੋਂ, ਕੇ ਪੀ ਸਿੰਘ ਸਰਾਂ, ਜਗਰੂਪ ਸਿੰਘ, ਸੰਤ ਬਾਬਾ ਰਾਮ ਸਰੂਪ ਯੂਥ ਵੈਲਫੇਅਰ ਕਲੱਬ ਪੱਖੀ ਕਲਾਂ ਦੇ ਪ੍ਰਧਾਨ ਜਗਰੂਪ ਸਿੰਘ, ਬਾਬਾ ਫਰੀਦ ਬਲੱਡ ਡੋਨਰ ਸੁਸਾਇਟੀ ਫ਼ਰੀਦਕੋਟ ਦੇ ਪ੍ਰਧਾਨ ਰਾਜਵੀਰ ਸਿੰਘ ਗੋਲੇਵਾਲਾ, ਸਕੱਤਰ ਸੁਖਬੀਰ ਸਿੰਘ ਰੱਤੀ ਰੋੜੀ, ਖ਼ਜ਼ਾਨਚੀ ਸਤਨਾਮ ਸਿੰਘ, ਭੁਪਿੰਦਰ ਸਿੰਘ, ਸਹਾਰਾ ਸੇਵਾ ਸੁਸਾਇਟੀ ਦੇ ਪ੍ਰਧਾਨ ਅਸ਼ੋਕ ਭਟਨਾਗਰ, ਚੇਅਰਮੈਨ ਪ੍ਰਵੀਨ ਕਾਲਾ, ਚਿਤਰੰਜਨ ਗਾਬਾ, ਮੁਸਲਿਮ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਦਿਲਾਵਰ ਹੁਸੈਨ, ਮਹਾਂਕਾਲ ਸਵਰਗ ਧਾਮ ਸੇਵਾ ਸੁਸਾਇਟੀ ਦੇ ਪ੍ਰਧਾਨ ਡਾਕਟਰ ਬਲਜੀਤ ਸ਼ਰਮਾ ਗੋਲੇਵਾਲਾ, ਬਾਬਾ ਸ਼੍ਰੀ ਚੰਦ ਸੇਵਾ ਸੋਸਾਇਟੀ ਦੇ ਪ੍ਰਧਾਨ ਰਜਿੰਦਰ ਦਾਸ ਰਿੰਕੂ, ਕਰ ਭਲਾ ਸੁਸਾਇਟੀ ਦੇ ਪ੍ਰਧਾਨ ਜਗਮੀਤ ਸਿੰਘ ਤੋਂ ਇਲਾਵਾ ਹਈ ਕਈ ਹੋਰ ਵੀ ਖ਼ੂਨਦਾਨੀ ਹਾਜ਼ਰ ਸਨ।

## ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫ਼ਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਗੁਰੂ ਹਰਸਹਾਏ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇਕ ਵਿਅਕਤੀ ਨੂੰ 50 ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫ਼ਤਾਰ ਕਰਕੇ ਉਸ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਇੰਸਪੈਕਟਰ ਜਸਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਅਗਰਸੇਨ ਚੌਂਕ ਗੁਰੂ ਹਰਸਹਾਏ ਪੁੱਜੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀ ਸਤੀਸ਼ ਉਰਫ ਹੀਰਾ ਪੁੱਤਰ ਜੋਗਿੰਦਰ ਵਾਸੀ ਮੋਹਨ ਕੇ ਉਤਾੜ ਜੋ ਬਾਹਰੋਂ ਨਸ਼ੀਲੀਆਂ ਗੋਲੀਆਂ ਲਿਆ ਕੇ ਪਿੰਡਾਂ ਵਿੱਚ ਵੇਚਣ ਦਾ ਆਦੀ ਹੈ ਤੇ ਇਹ ਅਕਸਰ ਹੀ ਦਾਣਾ ਮੰਡੀ ਗੁਰੂ ਹਰਸਹਾਏ ਵਿੱਚ ਨਸ਼ੀਲੀਆਂ ਗੋਲੀਆਂ ਸੇਲ ਕਰਦਾ ਆ ਰਿਹਾ ਹੈ ਤੇ ਅੱਜ ਵੀ ਦਾਣਾ ਮੰਡੀ ਗੁਰੂ ਹਰਸਹਾਏ ਦੇ ਸ਼ੈੱਡ ਨੰਬਰ 1 ਥੱਲੇ ਬੈਠਾ ਨਸ਼ੀਲੀਆਂ ਗੋਲੀਆਂ ਸੇਲ ਕਰਨ ਲਈ ਆਪਣੇ ਗਾਹਕਾਂ ਦੀ ਉਡੀਕ ਕਰ ਰਿਹਾ ਹੈ। ਜੇਕਰ ਇਸ 'ਤੇ ਛਾਪੇਮਾਰੀ ਕੀਤੀ ਜਾਵੇ ਤਾਂ ਇਹ ਭਾਰੀ ਮਾਤਰਾ ਵਿੱਚ ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਆ ਸਕਦਾ ਹੈ। ਪੁਲਸ ਨੇ ਦੱਸਿਆ ਕਿ ਪੁਲਸ ਨੇ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਕਿਸੇ ਵੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਕਰਵਾਈ ਮੌਕ ਡਰਿੱਲ : ਡੀ ਸੀ

### ਰੇਲਵੇ ਸਟੇਸ਼ਨ, ਮਿੱਤਲ ਮਾਲ ਤੇ ਐੱਨ ਐੱਫ ਐੱਲ ਵਿਖੇ ਮੌਕ ਡਰਿੱਲ ਅਭਿਆਸ ਰਿਹਾ ਸਫਲ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਭਾਰਤ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੇ ਮੱਦੇਨਜ਼ਰ ਭਵਿੱਖ ਵਿੱਚ ਕਿਸੇ ਵੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਇਥੇ ਸਥਾਨਕ ਰੇਲਵੇ ਸਟੇਸ਼ਨ, ਮਿੱਤਲ ਮਾਲ ਤੇ ਨੈਸ਼ਨਲ ਫਰਟੀਲਾਈਜ਼ਰ ਲਿਮਟਿਡ (ਐੱਨਐੱਫਐੱਲ) ਵਿਖੇ ਮੌਕ ਡਰਿੱਲ ਅਭਿਆਸ ਕਰਵਾਏ ਗਏ, ਜੋ ਕਿ ਸਫਲਤਾਪੂਰਵਕ ਰਹੀ।ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਸਾਂਝੀ ਕੀਤੀ।ਇਸ ਤੋਂ ਪਹਿਲਾਂ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਮੌਕ ਡਰਿੱਲ ਤੇ ਬਲੈਕ ਆਊਟ ਬਾਰੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਹ ਸਿਰਫ ਇੱਕ ਅਭਿਆਸ ਪ੍ਰਕਿਰਿਆ ਹੈ, ਜੋ ਫੰਕਸ਼ਨਲਟੀ ਤੇ ਸਾਊਂਡ ਚੈੱਕ ਕਰਨ ਲਈ ਕੀਤਾ ਜਾਵੇਗਾ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਕਿਹਾ ਕਿ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਡਰਨ ਜਾਂ ਘਬਰਾਉਣ ਦੀ ਜ਼ਰੂਰਤ ਨਹੀਂ ਹੈ।ਉਨ੍ਹਾਂ ਕਿਹਾ ਕਿ ਇਸ ਮੌਕ ਡਰਿੱਲ ਦਾ ਮੁੱਖ ਮੰਤਵ ਭਵਿੱਖ ਵਿੱਚ ਸੰਕਟਕਾਲ ਨਾਲ ਕਿਵੇਂ ਨਜਿੱਠਣਾ ਹੈ, ਇਸ ਸਬੰਧੀ ਸਿਵਲ ਡਿਫੈਂਸ, ਮੈਡੀਕਲ ਟੀਮਾਂ, ਸਿਵਲ ਅਤੇ ਪੁਲਸ ਵਿਭਾਗ ਦੇ ਅਧਿਕਾਰੀਆਂ ਨੂੰ ਮੌਕ ਡਰਿੱਲ ਕਰਵਾ ਕੇ ਟ੍ਰੇਨਿੰਗ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਸੰਕਟ ਆਉਂਦਾ ਹੈ ਤਾਂ ਕਿਸੇ ਕਿਸਮ ਦੀ ਘਬਰਾਉਣ ਦੀ ਜ਼ਰੂਰਤ ਨਹੀਂ।ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਭਵਿੱਖ ਵਿੱਚ ਜਦੋਂ ਵੀ ਅਜਿਹਾ ਸਾਇਰਨ ਵਜੇ ਤਾਂ ਉਸ ਤੋਂ ਬਾਅਦ ਆਮ ਜਨਤਾ ਕੋਲੋਂ ਇਹ ਆਸ ਰੱਖੀ ਜਾਂਦੀ ਹੈ ਕਿ ਉਹ ਇਹ ਆਵਾਜ਼ ਸੁਣਦੇ ਸਾਰ ਉੱਚੀਆਂ ਇਮਾਰਤਾਂ ਵਿੱਚੋਂ ਨਿਕਲ ਕੇ ਕਿਸੇ ਜ਼ਮੀਨ ਜਾਂ ਜ਼ਮੀਨ ਦੋਜ ਟਿਕਾਣੇ ਉੱਤੇ ਪਹੁੰਚ ਜਾਣ, ਜੇਕਰ ਉਨ੍ਹਾਂ ਕੋਲ ਉੱਥੇ ਕੋਈ ਛੱਤ ਨਹੀਂ ਹੈ ਤਾਂ ਉਹ ਦਰੱਖਤ ਦੇ ਹੇਠਾਂ ਬੈਠ ਜਾਣ, ਜੋ ਲੋਕ ਇਮਾਰਤਾਂ ਵਿੱਚ ਰਹਿ ਰਹੇ ਹੋਣਗੇ ਉਹ ਖਿੜਕੀਆਂ ਤੇ ਖਾਸ ਕਰਕੇ ਸ਼ੀਸ਼ੇ ਤੋਂ ਦੂਰ ਹੋ ਜਾਣ।ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਸਮੇਂ ਦੌਰਾਨ ਸੜਕ 'ਤੇ ਚਲਦੇ ਰਾਹਗੀਰ ਜਾਂ ਗੱਡੀਆਂ ਵੱਲੋਂ ਐਮਰਜੈਂਸੀ ਵਹੀਕਲ, ਜਿਨ੍ਹਾਂ ਵਿੱਚ ਅੱਗ ਬੁਝਾਊ ਗੱਡੀਆਂ ਜਾਂ ਐਂਬੂਲੈਂਸ ਹੋ ਸਕਦੀਆਂ ਹਨ, ਨੂੰ ਤੁਰੰਤ ਰਸਤਾ ਦਿੱਤਾ ਜਾਵੇ।ਇਸ ਮੌਕ ਡਰਿੱਲ ਮੌਕੇ ਸਿਵਲ ਤੇ ਪੁਲਸ ਪ੍ਰਸ਼ਾਸਨ ਦੇ ਅਧਿਕਾਰੀਆਂ ਤੋਂ ਇਲਾਵਾ ਐੱਨਡੀਆਰਐੱਫ, ਐੱਨਸੀਸੀ ਕੈਡਿਟ ਤੇ ਯੁਵਕ ਸੇਵਾਵਾਂ ਦੇ ਮੈਂਬਰਾਂ ਵੱਲੋਂ ਸ਼ਮੂਲੀਅਤ ਕਰਕੇ ਆਪਣੀਆਂ ਸੇਵਾਵਾਂ ਬਾਖੂਬੀ ਨਿਭਾਈਆਂ ਗਈਆਂ।

## ਝਾਂਸੀ ਰਾਣੀ ਚੌਕ 'ਚ ਲੱਗੇ ਕੂੜੇ ਦੇ ਡੰਪ ਨੂੰ ਪ੍ਰਧਾਨ ਰਾਣਾ ਨੇ ਖਾਲੀ ਕਰਵਾਇਆ



**ਜਗਰਾਉਂ (ਸੰਜੀਵ ਅਰੋੜਾ)**-ਨਗਰ ਕੌਂਸਲ ਪ੍ਰਧਾਨ ਜਤਿੰਦਰਪਾਲ ਰਾਣਾ ਵੱਲੋਂ ਸ਼ਹਿਰ ਦੇ ਕੂੜੇ ਕਰਕਟ ਦੀ ਸਮੱਸਿਆ ਦੇ ਹੱਲ ਲਈ ਖੁਦ ਆਪਣੇ ਸਾਥੀਆਂ ਸਮੇਤ ਮੈਦਾਨ 'ਚ ਨਿੱਤਰਦੇ ਹੋਏ ਝਾਂਸੀ ਰਾਣੀ ਚੌਕ ਲੱਗੇ ਕੂੜੇ ਦੇ ਡੰਪ ਨੂੰ ਖਾਲੀ ਕਰਵਾਇਆ। ਸ਼ਹਿਰ 'ਚ ਥਾਂ-ਥਾਂ ਲੱਗੇ ਕੂੜੇ ਦੇ ਢੇਰਾਂ ਦੀ ਸਮੱਸਿਆ ਨੂੰ ਗੰਭੀਰਤਾ ਨਾਲ ਭਾਂਪਦੇ ਹੋਏ ਪ੍ਰਧਾਨ ਰਾਣਾ ਨੇ ਝਾਂਸੀ ਰਾਣੀ ਚੌਕ ਸਮੇਤ ਡਿਸਪੋਜ਼ਲ ਰੋਡ ਡੰਪ ਨੂੰ ਖੁਦ ਮੌਕੇ 'ਤੇ ਨਿਗਰਾਨੀ ਕਰਦੇ ਹੋਏ ਮੁਲਾਜ਼ਮਾਂ ਨੂੰ ਹੱਲਾ ਸ਼ੇਰੀ ਦੇ ਕੇ ਪੂਰੀ ਤਰ੍ਹਾਂ ਖਾਲੀ ਕਰਵਾਇਆ ਤੇ ਕਰਮਚਾਰੀਆਂ ਨੂੰ ਸਖ਼ਤ ਤਾੜਨਾ ਕੀਤੀ ਗਈ ਕਿ ਰੋਜ਼ਾਨਾ ਕੂੜੇ ਨੂੰ ਸੁਚਾਰੂ ਢੰਗ ਨਾਲ ਲਿਫਟਿੰਗ ਨੂੰ ਯਕੀਨੀ ਬਣਾਇਆ ਜਾਵੇ ਤੇ ਜੇਕਰ ਕਿਸੇ ਮੁਲਾਜ਼ਮ ਨੇ ਕੰਮ 'ਚ ਕੁਤਾਹੀ ਕੀਤੀ ਤਾਂ ਇਨ੍ਹਾਂ 'ਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਪ੍ਰਧਾਨ ਰਾਣਾ ਨੇ ਯਕੀਨ ਦੁਆਇਆ ਕਿ ਭਵਿੱਖ 'ਚ ਕੂੜੇ ਦੀ ਸਮੱਸਿਆ ਦੇ ਮੁਕੰਮਲ ਨਿਪਟਾਰੇ ਲਈ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਸਾਰਥਿਕ ਯਤਨ ਕੀਤੇ ਜਾਣਗੇ। ਇਸ ਦੇ ਨਾਲ ਹੀ ਪ੍ਰਧਾਨ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਸ਼ਹਿਰ ਦੇ ਕੂੜੇ ਦੀ ਸਮੱਸਿਆ ਲਈ ਤੁਹਾਡੇ ਸਾਥ ਦੀ ਬਹੁਤ ਲੋੜ ਹੈ। ਇਸ ਮੌਕੇ ਕੌਂਸਲਰ ਐਡਵੋਕੇਟ ਰਵਿੰਦਰਪਾਲ ਰਾਜੂ, ਨੰਬਰਦਾਰ ਦਵਿੰਦਰਜੀਤ ਸਿੰਘ ਸਿੱਧੂ, ਰੋਕੀ ਗੋਇਲ, ਠੇਕੇਦਾਰ ਅਸ਼ਵਨੀ ਸ਼ਰਮਾ, ਵਿੱਕੀ ਟੰਡਨ, ਬਲਦੇਵ ਕਿਸ਼ਨ, ਸਵਰਨ ਸਿੰਘ, ਪਵਨ ਕੁਮਾਰ, ਧਰਮਵੀਰ ਧਰਮੀ ਤੇ ਪ੍ਰੇਮ ਸਿੰਘ ਆਦਿ ਹਾਜ਼ਰ ਸਨ।

## ਸਰਕਾਰ ਤੇ ਪੁਲਸ ਪ੍ਰਸ਼ਾਸਨ ਖਿਲਾਫ ਜਬਰ ਵਿਰੋਧੀ ਰੋਸ ਪ੍ਰਦਰਸ਼ਨ 13 ਨੂੰ

**ਮੋਗਾ (ਇਕਬਾਲ ਸਿੰਘ ਖਹਿਰਾ)**-ਸੰਯੁਕਤ ਕਿਸਾਨ ਮੋਰਚੇ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸੰਯੁਕਤ ਕਿਸਾਨ ਮੋਰਚਾ ਮੋਗਾ ਦੀ ਅਹਿਮ ਮੀਟਿੰਗ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪ੍ਰਗਟ ਸਿੰਘ ਸਾਫੂਵਾਲਾ ਦੀ ਪ੍ਰਧਾਨਗੀ ਹੇਠ ਹੋਈ।

ਇਸ ਦੌਰਾਨ ਬੀਕੇਯੂ ਉਗਰਾਹਾਂ ਦੇ ਜ਼ਿਲ੍ਹਾ ਵਿੱਤ ਸਕੱਤਰ ਬਲੌਰ ਸਿੰਘ ਘੱਲ ਕਲਾਂ, ਕੇਕੇਯੂ ਦੇ ਜ਼ਿਲ੍ਹਾ ਪ੍ਰੈੱਸ ਸਕੱਤਰ ਜਸਮੇਲ ਸਿੰਘ ਰਾਜਿਆਣਾ ਤੇ ਬੀਕੇਯੂ ਲੱਖੋਵਾਲ ਦੇ ਬਲਕਰਨ ਸਿੰਘ ਢਿੱਲੋਂ ਜ਼ਿਲ੍ਹਾ ਪ੍ਰੈੱਸ ਸਕੱਤਰ ਨੇ ਆਖਿਆ ਕਿ ਜੋ ਪੰਜਾਬ ਸਰਕਾਰ ਪਿਛਲੇ ਸਮੇਂ ਤੋਂ ਲੋਕਾਈ ਦੇ ਹੱਕਾਂ ਦੀ ਖ਼ਾਤਰ ਲੜਨ ਵਾਲੀਆਂ ਸੰਘਰਸ਼ਸ਼ੀਲ ਧਿਰਾਂ, ਇਨਸਾਫ਼ ਪਸੰਦ ਜਥੇਬੰਦੀਆਂ ਤੇ ਆਪਣੇ ਹੱਕ ਮੰਗਾਂ ਦੀ ਲੜਾਈ ਲੜ ਰਹੀਆਂ ਧਿਰਾਂ ਨੂੰ ਕੁਚਲਣ ਲਈ ਪੱਬਾਂ ਭਾਰ ਹੋਈ ਫਿਰਦੀ ਹੈ, ਜਿਸ ਨੂੰ ਸੰਯੁਕਤ ਮੋਰਚੇ ਵੱਲੋਂ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਪੰਜਾਬ ਸਰਕਾਰ ਪੰਜਾਬ ਨੂੰ ਪੁਲਸ ਸਟੇਟ ਬਣਾਉਣਾ ਚਾਹੁੰਦੀ ਹੈ, ਇਸੇ ਲਈ ਜਿਵੇਂ ਪਿਛਲੇ ਦਿਨੀਂ ਅਖ਼ਾੜਾ (ਜਗਰਾਉਂ) ਵਿਖੇ ਗੈਸ ਫੈਕਟਰੀ ਖਿਲਾਫ਼ ਲੱਗੇ ਮੋਰਚੇ ਨੂੰ ਉਖੇੜਨਾਂ, ਪਿੰਡ ਜਿਉਂਦ ਵਿੱਖੇ ਅਬਾਦਕਾਰਾਂ ਦੀਆਂ ਜ਼ਮੀਨਾਂ ਨੂੰ ਲੈ ਕੇ, ਕਿਰਤੀ ਕਿਸਾਨ ਯੂਨੀਅਨ ਦੇ ਸੰਗਰੂਰ ਦੇ ਜ਼ਿਲ੍ਹਾ ਯੂਥ ਪ੍ਰਧਾਨ ਨਿਰਭੈ ਸਿੰਘ ਖਾਈ ਉੱਪਰ ਆਮ ਆਦਮੀ ਪਾਰਟੀ ਦੀ ਸ਼ਹਿ ਉੱਪਰ ਭੂੰ ਮਾਫੀਆ ਗੁੰਡਿਆਂ ਵੱਲੋਂ ਕਾਤਲਾਨਾ ਹਮਲਾ ਕਰਨਾ, ਚਾਹੇ ਚਾਉਕੇ ਸਕੂਲ ਦਾ ਮਸਲਾ ਹੋਵੇ, ਫੌਜੀ ਉੱਪਰ ਹਮਲਾ, ਕਿਸਾਨਾਂ ਉੱਪਰ ਲਾਠੀਚਾਰਜ ਤੇ ਛਾਪੇਮਾਰੀ ਕਰਕੇ ਕਿਸਾਨ ਆਗੂਆਂ ਤੇ ਕਿਸਾਨ ਔਰਤਾਂ ਨੂੰ ਗ੍ਰਿਫ਼ਤਾਰ ਕਰਨਾ ਤੇ ਜੇਲ੍ਹੀ ਡੱਕਣਾ, ਅਧਿਆਪਕਾਂ ਉੱਪਰ ਅੱਤਿਆਚਾਰ ਕਰਨਾ, ਆਦਿ ਕੀਤੇ ਜਾ ਰਹੇ ਹਮਲਿਆਂ ਦੇ ਵਿਰੋਧ ਵਿੱਚ 13 ਮਈ ਨੂੰ ਜਗਰਾਓਂ ਵਿਖੇ ਅਨਾਜ ਮੰਡੀ ਵਿੱਚ ਜਬਰ ਵਿਰੋਧੀ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਮੋਗਾ ਜ਼ਿਲ੍ਹੇ ਤੋਂ ਸਾਰੀਆਂ ਜਥੇਬੰਦੀਆਂ ਵੱਲੋਂ ਵੱਡੀ ਗਿਣਤੀ ਵਿੱਚ ਕਿਸਾਨਾਂ, ਔਰਤਾਂ, ਨੌਜਵਾਨਾਂ ਵੱਲੋਂ ਸ਼ਮੂਲੀਅਤ ਕੀਤੀ ਜਾਵੇਗੀ।

ਇਸ ਮੌਕੇ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਆਗੂ ਹਰਦਿਆਲ ਸਿੰਘ ਘਾਲੀ ਨੇ ਆਖਿਆ ਕਿ ਜੋ ਭਾਰਤ ਪਾਕਿਸਤਾਨ ਦੇ ਵਿਚਾਲੇ ਪਹਿਲਗਾਮ ਘਟਨਾ ਨੂੰ ਲੈ ਕੇ ਹਾਲਾਤ ਵਿਗੜੇ ਹੋਏ ਹਨ, ਨੂੰ ਲੈ ਕੇ ਸੰਯੁਕਤ ਮੋਰਚਾ ਭਾਰਤੀ ਫ਼ੌਜ ਦੀ ਚੜ੍ਹਦੀ ਕਲਾ ਤੇ ਲੋਕਾਂ ਨੂੰ ਅਫਵਾਹਾਂ ਤੋਂ ਬਚਣ ਦੀ ਲੋੜ ਹੈ, ਕਿਉਂਕਿ ਫੇਸਬੁੱਕ ਤੇ ਸੋਸ਼ਲ ਮੀਡੀਆ ਤੇ ਦੋਨਾਂ ਦੇਸ਼ਾਂ ਵਿਚਕਾਰ ਜੰਗ ਲੱਗਣ ਦੀਆਂ ਅਫਵਾਹਾਂ ਫੈਲਾਈਆਂ ਜਾ ਰਹੀਆਂ ਹਨ, ਲੋਕਾਂ ਨੂੰ ਸ਼ਾਂਤੀ ਬਣਾਈ ਰੱਖਣ ਲਈ ਕਿਹਾ ਹੈ, ਦੋਨਾਂ ਦੇਸ਼ਾਂ ਦੇ ਲੋਕ ਜੰਗ ਨਹੀਂ ਚਾਹੁੰਦੇ, ਸਗੋਂ ਭਾਈਚਾਰਕ ਸਾਂਝ ਬਣਾਈ ਰੱਖਣ ਲਈ ਕਹਿ ਰਹੇ ਹਨ। ਇਸ ਮੌਕੇ ਪਹਿਲਗਾਮ ਦੇ ਸ਼ਹੀਦਾਂ ਨੂੰ ਵੀ ਯਾਦ ਕੀਤਾ ਤੇ ਸ਼ਰਧਾਂਜਲੀ ਭੇਟ ਕੀਤੀ। ਲਖਵਿੰਦਰ ਸਿੰਘ ਰੌਲੀ ਬਲਾਕ ਮੀਤ ਪ੍ਰਧਾਨ ਮੌਜੂਦ ਸਨ।

## ਪਿੰਡ ਬਾਰਾਸਰੀ ਦੇ ਵਸਨੀਕ ਲਤੀਫ਼ ਦੇ ਏ ਟੀ ਐਮ 'ਚੋਂ 40,000 ਉਡਾਏ

**ਸਿਰਸਾ (ਸੁਰਿੰਦਰ ਪਾਲ ਸਿੰਘ)** ਪਿੰਡ ਮਾਧੋਸਿੰਘਾਨਾ ਵਿਖੇ ਏਟੀਐਮ ਵਿੱਚੋਂ ਪੈਸੇ ਕਢਵਾਉਣ ਗਏ ਇੱਕ ਵਿਅਕਤੀ ਦਾ ਦੋ ਨੌਜਵਾਨਾਂ ਵੱਲੋਂ ਏਟੀਐਮ ਕਾਰਡ ਬਦਲ ਕੇ 40,000 ਰੁਪਏ ਕਢਵਾ ਲਏ। ਉਪਰੋਕਤ ਘਟਨਾ ਪਿੰਡ ਮਾਧੋਸਿੰਘਾਨਾ ਵਿੱਚ ਵਾਪਰੀ। ਪਿੰਡ ਬਾਰਾਸਰੀ ਦੇ ਵਸਨੀਕ ਲਤੀਫ਼ ਨੇ ਕਿਹਾ ਕਿ ਉਹ ਮਾਧੋਸਿੰਘਾਨਾ ਦੇ ਬੱਸ ਸਟੈਂਡ ਨੇੜੇ ਸਥਿਤ ਏਟੀਐਮ ਤੋਂ ਪੈਸੇ ਕਢਵਾਉਣ ਗਿਆ ਤਾਂ ਉਥੇ ਪਹਿਲਾਂ ਹੀ ਮੌਜੂਦ ਦੋ ਨੌਜਵਾਨਾਂ ਨੂੰ ਲਤੀਫ਼ ਨੇ ਕਿਹਾ ਕਿ ਉਸ ਨੇ ਏਟੀਐਮ ਮਸ਼ੀਨ ਵਿੱਚ ਕਾਰਡ ਪਾਇਆ, ਪਰ ਪੈਸੇ ਨਹੀਂ ਨਿਕਲੇ। ਇਸ ਤੋਂ ਬਾਅਦ ਉਕਤ ਨੌਜਵਾਨਾਂ ਨੇ ਉਸ ਤੋਂ ਏਟੀਐਮ ਕਾਰਡ ਮੰਗਿਆ। ਉਸਨੇ ਭਰੋਸਾ ਕਰਦੇ ਹੋਏ ਉਨ੍ਹਾਂ ਨੂੰ ਆਪਣਾ ਏਟੀਐਮ ਕਾਰਡ ਦੇ ਦਿੱਤਾ। ਕਾਰਡ ਦੇਖਣ ਤੋਂ ਬਾਅਦ ਦੋਵਾਂ ਨੇ ਉਸ ਨੂੰ ਵਾਪਸ ਕਰ ਦਿੱਤਾ। ਲਤੀਫ਼ ਦਾ ਕਹਿਣਾ ਸੀ ਕਿ ਜਦੋਂ ਉਸ ਨੇ ਬੈਂਕ 'ਚ ਏਟੀਐਮ ਕਾਰਡ ਦਿਖਾਇਆ ਤਾਂ ਬੈਂਕ ਅਧਿਕਾਰੀ ਨੇ ਕਿਹਾ ਕਿ ਕਾਰਡ ਉਸਦਾ ਨਹੀਂ ਹੈ। ਖਾਤੇ ਦੀ ਜਾਂਚ ਕਰਨ ਤੋਂ ਬਾਅਦ ਪਤਾ ਲੱਗਾ ਕਿ ਖਾਤੇ ਵਿੱਚੋਂ 40 ਹਜ਼ਾਰ ਰੁਪਏ ਕਢਵਾ ਲਏ ਗਏ ਸਨ।

## ਕੋਆਪ੍ਰੇਟਿਵ ਸੁਸਾਇਟੀ ਦੇ ਪ੍ਰਧਾਨ ਦੀ ਚੋਣ 14 ਨੂੰ

**ਸਿਰਸਾ (ਸੁਰਿੰਦਰ ਪਾਲ ਸਿੰਘ)** ਔਢਾਂ ਦੇ ਪ੍ਰਾਇਮਰੀ ਐਗਰੀਕਲਚਰਲ ਕੋਆਪ੍ਰੇਟਿਵ ਸੁਸਾਇਟੀ ਲਿਮ: (ਪੀਏਸੀਐਸ) ਦੇ ਪ੍ਰਧਾਨ ਤੇ ਹੋਰ ਅਹੁਦੇਦਾਰਾਂ ਦੀ ਚੋਣ 14 ਮਈ ਨੂੰ ਸਵੇਰੇ 11.30 ਵਜੇ ਔਢਾਂ ਦੇ ਪੀਏਸੀਐਸ ਦਫ਼ਤਰ ਵਿੱਚ ਹੋਵੇਗੀ। ਪੀਏਸੀਐਸ ਮੈਨੇਜਰ ਕੁਲਵਿੰਦਰ ਸਿੰਘ ਨੇ ਕਿਹਾ ਕਿ ਇਹ ਚੋਣ ਸਿਰਸਾ ਦੇ ਸਹਿਕਾਰੀ ਸਭਾਵਾਂ ਦੇ ਇੰਸਪੈਕਟਰ ਵੇਦ ਪ੍ਰਕਾਸ਼ ਦੇ ਹੁਕਮਾਂ 'ਤੇ ਕਰਵਾਈ ਜਾਵੇਗੀ। ਚੋਣਾਂ 'ਚ ਸਾਰੇ 10 ਮੈਂਬਰ ਮੌਜੂਦ ਰਹਿਣਗੇ। ਚੋਣਾਂ ਨੂੰ ਸ਼ਾਂਤੀਪੂਰਵਕ ਨੇਪਰੇ ਚਾੜ੍ਹਨ ਲਈ ਪੁਲਿਸ ਵੀ ਤਾਇਨਾਤ ਕੀਤੀ ਜਾਵੇਗੀ। ਉਨ੍ਹਾਂ ਦਸਿਆ ਕਿ ਪੀਏਸੀਐਸ ਕਮੇਟੀ ਦੇ ਚੁਣੇ ਗਏ ਮੈਂਬਰਾਂ ਵਿੱਚ ਟੇਕ ਸਿੰਘ ਚੋਰਮਾਰ, ਭੋਲਾ ਸਿੰਘ ਜਲਾਲਆਣਾ, ਪਰਮਜੀਤ ਕੌਰ, ਜਗਸੀਰ ਸਿੰਘ ਔਢਾ, ਰਾਮਨਾਥ ਖਿਓਵਾਲੀ, ਪਰਮਜੀਤ ਕੌਰ ਔਢਾ, ਬਲਜਿੰਦਰ ਸਿੰਘ ਮਿੱਠੜੀ, ਰਵਿੰਦਰ ਵਰਮਾ, ਭਜਨ ਲਾਲ ਨੂਹੀਆਂਵਾਲੀ ਤੇ ਰਾਜਿੰਦਰ ਕੁਮਾਰ ਔਢਾ ਸ਼ਾਮਲ ਹਨ।

## ਰੋਇਲ ਕਲੱਬ ਵੱਲੋਂ ਖ਼ੂਨਦਾਨ ਕੈਂਪ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਰੋਇਲ ਕਲੱਬ ਵੱਲੋਂ ਸਵਰਗੀ ਲਾਲਾ ਰਿਖੀ ਰਾਮ ਗਰਗ ਖੇਤਲੇ ਵਾਲੇ ਦੀ ਬਰਸੀ ਮੌਕੇ ਖ਼ੂਨਦਾਨ ਕੈਂਪ ਲਾਇਆ ਗਿਆ। ਕੈਂਪ ਦਾ ਆਯੋਜਨ ਸਥਾਨਕ ਖਾਟੂ ਸ਼ਿਆਮ ਮੰਦਰ ਦੇ ਹਾਲ ਵਿਖੇ ਕੀਤਾ ਗਿਆ, ਜਿਸ ਵਿੱਚ 85 ਯੂਨਿਟ ਖ਼ੂਨ ਖ਼ੂਨਦਾਨੀਆਂ ਵੱਲੋਂ ਸਵੈ ਇੱਛਾ ਨਾਲ ਦਾਨ ਕੀਤਾ ਗਿਆ।ਖ਼ੂਨਦਾਨੀਆਂ ਦੁਆਰਾ ਦਾਨ ਕੀਤਾ ਗਿਆ ਖ਼ੂਨ ਇਕੱਠਾ ਕਰਨ ਪੁੱਜੀ ਲਾਈਫ ਲਾਇਨ ਬਲੱਡ ਬੈਂਕ ਦੀ ਟੀਮ ਵੱਲੋਂ ਇਸ ਕੈਂਪ ਚ ਆਪਣੀਆਂ ਸੇਵਾਵਾਂ ਬਾਖ਼ੂਬੀ ਨਿਭਾਈਆਂ ਗਈਆਂ। ਬਲੱਡ ਬੈਂਕ ਦੇ ਇੰਚਾਰਜ ਸਾਗਰ ਕੁਮਾਰ ਨੇ ਉਪਰਾਲੇ ਲਈ ਪਾਤੜਾਂ ਰੋਇਲ ਕਲੱਬ ਦੇ ਸਾਰੇ ਅਹੁਦੇਦਾਰਾਂ ਤੇ ਮੈਂਬਰਾਂ ਦਾ ਧੰਨਵਾਦ ਕੀਤਾ। ਕਲੱਬ ਦੇ ਪ੍ਰਧਾਨ ਸੁਰਿੰਦਰ ਮਿੱਤਲ, ਰਿੰਕੂ ਬਾਂਸਲ ਤੇ ਕਲੱਬ ਦੇ ਸਕੱਤਰ ਦੀਪਕ ਗਰਗ ਨੇ ਦੱਸਿਆ ਕਿ ਕਲੱਬ ਸਮੇਂ-ਸਮੇਂ 'ਤੇ ਸਮਾਜ ਭਲਾਈ ਦੇ ਕੰਮ ਕਰਦਾ ਰਹਿੰਦਾ ਹੈ, ਜਿਸ ਤਹਿਤ ਹੀ ਲਾਲਾ ਰਿਖੀ ਰਾਮ ਜੀ ਦੀ ਯਾਦ ਚ ਇਸ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ ਹੈ।ਕਲੱਬ ਵਲੋਂ ਖ਼ੂਨਦਾਨ ਕਰਨ ਵਾਲੇ ਵਿਅਕਤੀਆਂ ਲਈ ਰਿਫ਼ਰੈਸ਼ਮੈਂਟ ਦਾ ਪ੍ਰਬੰਧ ਵੀ ਕੀਤਾ ਗਿਆ।ਉੱਘੇ ਉਦਯੋਗਪਤੀ ਤੇ ਸਮਾਜ ਸੇਵਕ ਨਰੇਸ਼ ਕੁਮਾਰ, ਉਦਯੋਗਪਤੀ ਅਰੁਣ ਕੁਮਾਰ ਲੋਟਾ, ਆਮ ਆਦਮੀ ਪਾਰਟੀ ਦੇ ਕੌਂਸਲਰ ਸੋਨੀ ਜਲੂਰ ਨੇ ਸਾਂਝੇ ਤੌਰ 'ਤੇ ਕਲੱਬ ਵੱਲੋਂ ਕੀਤੇ ਜਾਂਦੇ ਸਮਾਜ ਭਲਾਈ ਕਾਰਜਾਂ ਦੀ ਪ੍ਰਸ਼ੰਸਾ ਕੀਤੀ।ਉਨ੍ਹਾਂ ਕਿਹਾ ਕਿ ਇਲਾਕੇ ਅੰਦਰ ਕਿਸੇ ਵੀ ਸਮਾਜ ਸੇਵਾ ਦੇ ਕੰਮ ਲਈ ਇਹ ਕਲੱਬ ਪਹਿਲੀ ਕਤਾਰ 'ਚ ਖੜਾ ਹੋ ਕੇ ਆਪਣਾ ਫ਼ਰਜ਼ ਬਾਖ਼ੂਬੀ ਨਿਭਾਉਂਦਾ ਹੈ।

## ਡੇਂਗੂ ਵਿਰੁੱਧ ਮੁਹਿੰਮ ਦੀ ਸਿਵਲ ਹਸਪਤਾਲ ਤੋਂ ਕੀਤੀ ਸ਼ੁਰੂਆਤ



**ਨਾਭਾ (ਵਰਿੰਦਰ ਵਰਮਾ)**-ਸਿਹਤ ਵਿਭਾਗ ਤੇ ਸਿਵਲ ਸਰਜਨ ਪਟਿਆਲਾ ਡਾ. ਜਗਪਾਲ ਇੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਡਾ. ਵੀਨੂੰ ਗੋਇਲ ਦੀ ਅਗਵਾਈ ਵਿੱਚ ਸਿਵਲ ਹਸਪਤਾਲ ਦੇ ਖੇਤਰ 'ਚ ਡੇਂਗੂ ਪ੍ਰਤੀ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕੀਤੀ।ਸੀਨੀਅਰ ਮੈਡੀਕਲ ਅਫਸਰ ਡਾ. ਵੀਨੂੰ ਗੋਇਲ ਨੇ ਦੱਸਿਆ ਕਿ ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਵੱਲੋਂ ਪਟਿਆਲਾ ਵਿਖੇ ਡੇਂਗੂ ਵਿਰੁੱਧ ਜਾਗਰੂਕਤਾ ਮੁਹਿੰਮ ਦਾ ਆਗਾਜ਼ ਕੀਤਾ ਗਿਆ ਹੈ। ਇਸੇ ਲੜੀ ਤਹਿਤ ਅੱਜ ਸਾਡੇ ਵੱਲੋਂ ਵੀ ਸਭ ਤੋਂ ਪਹਿਲਾਂ ਆਪਣੇ ਹਸਪਤਾਲ ਦੇ ਅੰਦਰੋਂ ਹੀ ਚੈਕਿੰਗ ਕਰਕੇ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ। ਸਿਵਲ ਹਸਪਤਾਲ ਵੱਲੋਂ 9 ਟੀਮਾਂ ਵੱਲੋਂ ਹੀਰਾ ਕਲੋਨੀ, ਬੌੜਾ ਗੇਟ, ਪ੍ਰੇਮ ਨਗਰ, ਜਸਪਾਲ ਕਲੋਨੀ, ਕਰਤਾਰ ਕਲੋਨੀ, ਬਾਜ਼ੀਗਰ ਬਸਤੀ ਆਦਿ ਥਾਂਵਾਂ 'ਤੇ ਘਰ-ਘਰ ਜਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਤੇ ਡੇਂਗੂ ਮੱਛਰ ਦੇ ਲਾਰਵੇ ਦੀ ਚੈਕਿੰਗ ਕੀਤੀ ਗਈ।ਉਨ੍ਹਾਂ ਕਿਹਾ ਕਿ ਸਿਹਤਕਾਮਿਆ ਵੱਲੋਂ ਆਮ ਲੋਕਾਂ ਨੂੰ ਘਰ-ਘਰ ਜਾ ਕੇ ਮੱਛਰਾਂ ਦੀ ਪੈਦਾਵਾਰ ਘਟਾਉਣ ਦੇ ਮੰਤਵ ਨਾਲ ਜਾਗਰੂਕ ਕੀਤਾ ਜਾ ਰਿਹਾ ਹੈ ਤੇ ਮੱਛਰਾਂ ਦੇ ਲਾਰਵੇ ਨੂੰ ਪਛਾਨਣ ਤੇ ਨਸ਼ਟ ਕਰਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਤਾਂ ਜੁ ਡੇਂਗੂ ਆਦਿ ਮੱਛਰਾਂ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਲੋਕਾਂ ਨੂੰ ਬਚਾਇਆ ਜਾ ਸਕੇ, ਜੇਕਰ ਕਿਸੇ ਵਿਅਕਤੀ ਨੂੰ ਡੇਂਗੂ, ਮਲੇਰੀਆ ਦੇ ਲੱਛਣ ਹਨ ਤਾਂ ਉਸ ਦਾ ਸਮੇਂ ਸਿਰ ਪਤਾ ਲੱਗ ਸਕੇ ਤੇ ਉਸ ਦਾ ਇਲਾਜ ਹੋ ਸਕੇ।ਉਨ੍ਹਾਂ ਦੱਸਿਆ ਕਿ ਮੱਛਰਾਂ ਦੀ ਪੈਦਾਵਾਰ ਨੂੰ ਘਟਾਉਣ ਲਈ ਪਿੰਡਾਂ ਵਿੱਚ ਸਪ੍ਰੇਅ ਕਰਾਈ ਜਾ ਰਹੀ ਹੈ।ਉਨ੍ਹਾਂ ਨੇ ਦੱਸਿਆ ਕਿ ਡੇਂਗੂ ਦਾ ਟੈੱਸਟ ਤੇ ਇਲਾਜ਼ ਵਿਭਾਗ ਵੱਲੋਂ ਮੁਫ਼ਤ ਕੀਤਾ ਜਾ ਰਿਹਾ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਹਰ ਸ਼ੁਕਰਵਾਰ ਨੂੰ ਡ੍ਰਾਈ ਡੇਅ ਵਜੋਂ ਮਨਾਇਆ ਜਾਵੇ ਤਾਂ ਜੁ ਮੱਛਰਾਂ ਦੀ ਪੈਦਾਵਾਰ ਨੂੰ ਘਟਾ ਕੇ, ਡੇਂਗੂ ਮਲੇਰੀਆਂ ਦੇ ਕੇਸਾਂ ਨੂੰ ਘਟਾਇਆ ਜਾ ਸਕੇ।

ਮਹਾਂਵੀਰ ਸਿੰਘ ਡਿਪਟੀ ਮਾਸ ਮੀਡੀਆ ਅਫ਼ਸਰ ਨੇ ਡੇਂਗੂ ਪ੍ਰਤੀ ਸੁਚੇਤ ਕਰਨ ਲਈ ਦੱਸਿਆ ਕਿ ਡੇਂਗੂ ਦੀ ਬਿਮਾਰੀ ਮੱਛਰ ਦੇ ਕੱਟਣ ਨਾਲ ਹੁੰਦੀ ਹੈ, ਡੇਂਗੂ ਦੀ ਬਿਮਾਰੀ ਨਾਲ ਪੀੜਤ ਮਰੀਜ਼ ਵਿੱਚ ਕਈ ਤਰ੍ਹਾਂ ਦੇ ਲੱਛਣ ਜਿਵੇਂ ਮਰੀਜ਼ ਦਾ ਤੇਜ਼ ਸਿਰਦਰਦ, ਤੇਜ਼ ਬੁਖਾਰ, ਮਾਸ਼ਪੇਸ਼ੀਆਂ ਤੇ ਜੋੜਾਂ ਵਿੱਚ ਦਰਦ, ਅੱਖਾਂ ਦੇ ਪਿੱਛਲੇ ਹਿਸੇ ਵਿਚ ਦਰਦ, ਜੀਅ ਕੱਚਾ ਹੋਣਾ, ਉਲਟੀਆਂ ਅਤੇ ਹਾਲਤਾ ਜ਼ਿਆਦਾ ਖਰਾਬ ਹੋਣ ਤੇ ਮਰੀਜ਼ ਨੂੰ ਨੱਕ, ਮੂੰਹ ਤੇ ਮਸੂੜਿਆਂ ਵਿੱਚੋਂ ਖ਼ੂਨ ਵਗਣ ਦੀਆਂ ਨਿਸ਼ਾਨੀਆਂ ਵੀ ਹੋ ਸਕਦੀਆਂ ਹਨ।

## ਕਰਿਆਨੇ, ਦੁੱਧ, ਅਨਾਜ, ਦਾਲਾਂ ਤੇ ਜ਼ਰੂਰੀ ਵਸਤੂਆਂ ਦੀ ਕੋਈ ਕਮੀ ਨਹੀਂ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਮੌਜੂਦਾ ਹਾਲਾਤ ਦੌਰਾਨ ਕੁਝ ਦੁਕਾਨਦਾਰਾਂ ਵੱਲੋਂ ਖਾਣ-ਪੀਣ ਦੀਆਂ ਵਸਤੂਆਂ, ਪੈਟਰੋਲ, ਡੀਜ਼ਲ, ਚਾਰਾ ਤੇ ਹੋਰ ਰੋਜ਼ਾਨਾ ਲੋੜਾਂ ਵਾਲੀਆਂ ਜ਼ਰੂਰੀ ਵਸਤੂਆਂ ਦੀ ਜਮ੍ਹਾਂਖੋਰੀ ਅਤੇ ਕਾਲਾਬਾਜ਼ਾਰੀ ਰੋਕਣ ਲਈ ਵਧੀਕ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਮੈਜਿਸਟਰੇਟ ਸ੍ਰੀ ਮੁਕਤਸਰ ਸਾਹਿਬ ਸ੍ਰੀ ਗੁਰਪ੍ਰੀਤ ਸਿੰਘ ਥਿੰਦ ਨੇ ਜ਼ਰੂਰੀ ਵਸਤਾਂ ਜਿਨ੍ਹਾਂ ਵਿੱਚ ਅਨਾਜ ਤੇ ਹੋਰ ਖਾਣ ਪੀਣ ਦੀਆਂ ਵਸਤੂਆਂ, ਚਾਰਾ, ਦੁੱਧ ਤੇ ਡੇਅਰੀ ਉਤਪਾਦਾਂ, ਪੈਟਰੋਲ ਤੇ ਹੋਰ ਬਾਲਣ ਅਤੇ ਰੋਜ਼ਾਨਾ ਵਰਤੋਂ ਦੀਆਂ ਜ਼ਰੂਰੀ ਚੀਜਾਂ ਦਾ ਭੰਡਾਰ ਕਰਨ ਉੱਤੇ ਪਾਬੰਦੀ ਲਾਈ ਹੈ।ਜਾਰੀ ਹੁਕਮਾਂ ਵਿੱਚ ਉਨ੍ਹਾਂ ਕਿਹਾ ਕਿ ਜ਼ਿਲ੍ਹਾ ਵਾਸੀ ਜ਼ਰੂਰੀ ਵਸਤੂਆਂ ਦੀ ਜਮ੍ਹਾਂਖੋਰੀ ਤੇ ਕਾਲਾਬਾਜ਼ਾਰੀ ਆਦਿ ਸਬੰਧੀ ਸਬੰਧਿਤ ਅਧਿਕਾਰੀ ਨੂੰ ਇਸ ਦੀ ਰਿਪੋਰਟ ਕਰ ਸਕਦੇ ਹਨ।ਉਨ੍ਹਾਂ ਕਿਹਾ ਕਿ ਕਿਸ ਵਪਾਰੀ ਜਾਂ ਪ੍ਰਾਈਵੇਟ ਵਿਅਕਤੀ ਵੱਲੋਂ ਕਿਸੇ ਕਿਸਮ ਦੀ ਜਮ੍ਹਾਂਖੋਰੀ ਕੀਤੀ ਜਾ ਰਹੀ ਹੈ ਤਾਂ ਉਸ ਸਬੰਧੀ ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ, ਸ੍ਰੀ ਸੁਖਵਿੰਦਰ ਸਿੰਘ ਗਿੱਲ ਨਾਲ ਮੋਬਾਇਲ ਨੰਬਰ 90663-00089 'ਤੇ, ਮੁੱਖ ਖੇਤੀਬਾੜੀ ਅਫ਼ਸਰ, ਡਾ. ਕਰਨਜੀਤ ਸਿੰਘ ਗਿੱਲ ਨਾਲ ਫੋਨ ਨੰਬਰ 98720-25038 'ਤੇ ਅਤੇ ਡਿਪਟੀ ਡਾਇਰੈਕਟਰ, ਪਸ਼ੂ ਪਾਲਣ, ਸ੍ਰੀ ਮੁਕਤਸਰ ਸਾਹਿਬ ਸ੍ਰੀ ਗੁਰਦਿੱਤ ਸਿੰਘ 98141-48632 ਨਾਲ ਸੰਪਰਕ ਕੀਤਾ ਜਾ ਸਕਦਾ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri
ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਉਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਜ਼ਿਲ੍ਹੇ 'ਚ ਸਥਿਤੀ ਕਾਬੂ ਹੇਠ, ਘਬਰਾਉਣ ਦੀ ਲੋੜ ਨਹੀਂ : ਡਿਪਟੀ ਕਮਿਸ਼ਨਰ

**ਡੇਰਾ ਬਾਬਾ ਨਾਨਕ, ਧਾਰੀਵਾਲ (ਰਮੇਸ਼ ਸ਼ਰਮਾ, ਮਨਦੀਪ ਸਿੰਘ ਵਿੱਕੀ)**- ਡਿਪਟੀ ਕਮਿਸ਼ਨਰ ਗੁਰਦਾਸਪੁਰ ਦਲਵਿੰਦਰਜੀਤ ਸਿੰਘ ਨੇ ਜ਼ਿਲ੍ਹਾ ਵਾਸੀਆਂ ਨੂੰ ਕਿਹਾ ਹੈ ਕਿ ਜ਼ਿਲ੍ਹੇ ਵਿੱਚ ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ ਹੈ ਅਤੇ ਕਿਸੇ ਨੂੰ ਵੀ ਘਬਰਾਉਣ ਦੀ ਕੋਈ ਲੋੜ ਨਹੀਂ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਹਰ ਸਥਿਤੀ ਉੱਤੇ ਆਪਣੀ ਨਜ਼ਰ ਰੱਖ ਰਿਹਾ ਹੈ।ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਵੱਲੋਂ ਅੱਜ ਆਪਣੇ ਦਫ਼ਤਰ ਵਿਖੇ ਐੱਸ.ਐੱਸ.ਪੀ. ਬਟਾਲਾ ਸੋਹੇਲ ਕਾਸਿਮ ਮੀਰ, ਐੱਸ.ਐੱਸ.ਪੀ. ਗੁਰਦਾਸਪੁਰ ਆਦਿੱਤਿਅ ਅਤੇ ਵਧੀਕ ਡਿਪਟੀ ਕਮਿਸ਼ਨਰ ਡਾ. ਹਰਜਿੰਦਰ ਸਿੰਘ ਬੇਦੀ ਅਤੇ ਹੋਰ ਜ਼ਿਲ੍ਹਾ ਅਧਿਕਾਰੀਆਂ ਨਾਲ ਮੌਜੂਦਾ ਸਥਿਤੀ ਨੂੰ ਲੈ ਕੇ ਅਹਿਮ ਮੀਟਿੰਗ ਕੀਤੀ ਗਈ।ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕਾਂ ਦੀ ਸਹਾਇਤਾ ਲਈ ਕੰਟਰੋਲ ਰੂਮ ਬਣਾ ਕੇ ਹੈਲਪ ਲਾਈਨ ਨੰਬਰ 01874-266376 ਜਾਰੀ ਕੀਤਾ ਗਿਆ ਹੈ ਅਤੇ ਜ਼ਿਲ੍ਹਾ ਵਾਸੀ ਕਿਸੇ ਵੀ ਹੰਗਾਮੀ ਸਥਿਤੀ ਵਿੱਚ ਇਸ ਨੰਬਰ 'ਤੇ ਸੰਪਰਕ ਕਰਕੇ ਸਹਾਇਤਾ ਲੈ ਸਕਦੇ ਹਨ। ਉਨ੍ਹਾਂ ਕਿਹਾ ਬੀਤੀਆਂ ਦੋ ਰਾਤਾਂ ਨੂੰ ਬਲੈਕ ਆਊਟ ਦੇ ਸੱਦੇ ਨੂੰ ਕਾਮਯਾਬ ਬਣਾਉਣ ਲਈ ਜ਼ਿਲ੍ਹਾ ਵਾਸੀਆਂ ਦਾ ਧੰਨਵਾਦ ਕਰਦੇ ਹੋਏ ਉਨ੍ਹਾਂ ਕਿਹਾ ਕਿ ਅਗਲੇ ਹੁਕਮਾਂ ਤੱਕ ਜ਼ਿਲ੍ਹੇ ਵਿੱਚ ਰੋਜ਼ਾਨਾ ਰਾਤ ਨੂੰ 9:00 ਵਜੇ ਤੋਂ ਸਵੇਰੇ 5:00 ਤੱਕ ਬਲੈਕ-ਆਊਟ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਅਤੇ ਇਨ੍ਹਾਂ ਹਦਾਇਤਾਂ ਦੀ ਪਾਲਣਾ ਵੀ ਇੰਨ-ਬਿੰਨ ਕੀਤੀ ਜਾਵੇ, ਕਿਉਂਕਿ ਇਹ ਲੋਕ ਹਿਤ ਲਈ ਜ਼ਰੂਰੀ ਹੈ। ਉਨ੍ਹਾਂ ਨੇ ਦੱਸਿਆ ਕਿ ਲੋਕਾਂ ਨੂੰ ਡਰਨ ਦੀ ਲੋੜ ਨਹੀਂ, ਅਸੀਂ ਡਿਫੈਂਸ ਦੇ ਉੱਚ ਅਧਿਕਾਰੀਆਂ ਨਾਲ ਪੂਰਾ ਤਾਲਮੇਲ ਬਣਾ ਕੇ ਰੱਖਿਆ ਹੋਇਆ ਹੈ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਜ਼ਰੂਰੀ ਵਸਤਾਂ, ਪੈਟਰੋਲ, ਡੀਜ਼ਲ, ਰਸੋਈ ਗੈਸ, ਦਵਾਈਆਂ, ਪਸ਼ੂਆਂ ਦੇ ਚਾਰੇ ਭਾਵ ਕਿਸੇ ਵੀ ਚੀਜ਼ ਦੀ ਕੋਈ ਘਾਟ ਨਹੀਂ ਹੈ, ਇਸ ਲਈ ਬਿਨਾਂ ਲੋੜ ਤੋਂ ਵਾਧੂ ਸਮੱਗਰੀ ਖ਼ਰੀਦ ਕੇ ਕਾਲਾ ਬਾਜ਼ਾਰੀ ਨੂੰ ਉਤਸ਼ਾਹਤ ਨਾ ਕੀਤਾ ਜਾਵੇ। ਉਨ੍ਹਾਂ ਕਾਲਾਬਾਜ਼ਾਰੀ ਕਰਨ ਵਾਲਿਆਂ ਨੂੰ ਵੀ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਕੋਈ ਵਿਅਕਤੀ ਦੋਸ਼ੀ ਪਾਇਆ ਗਿਆ ਉਸ ਉੱਤੇ ਸਖ਼ਤ ਤੋਂ ਸਖ਼ਤ ਕਾਰਵਾਈ ਹੋਵੇਗੀ।ਇਸੇ ਦੌਰਾਨ ਐੱਸ.ਐੱਸ.ਪੀ. ਗੁਰਦਾਸਪੁਰ ਆਦਿੱਤਿਅ ਅਤੇ ਐੱਸ.ਐੱਸ.ਪੀ. ਬਟਾਲਾ ਸੋਹੇਲ ਕਾਸਿਮ ਮੀਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਸ਼ੱਕੀ ਵਿਅਕਤੀ ਜਾਂ ਲਾਵਾਰਸ ਪਈ ਚੀਜ਼ ਦਿਖਾਈ ਦਿੰਦੀ ਹੈ ਤਾਂ ਉਸ ਦੀ ਸੂਚਨਾ ਪੁਲਸ ਨੂੰ ਦਿੱਤੀ ਜਾਵੇ ਨਾ ਕਿ ਉਸ ਨਾਲ ਆਪ ਛੇੜਖ਼ਾਨੀ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਅਸੀਂ ਪੁਲਿਸ ਸਕੁਐਡ ਅਤੇ ਕਵਿਕ ਰਿਸਪਾਂਸ ਟੀਮਾਂ ਲੋਕਾਂ ਦੀ ਸੁਰੱਖਿਆ ਲਈ ਤਾਇਨਾਤ ਕੀਤੀਆਂ ਹਨ, ਜੋ ਲੋੜ ਪੈਣ ਉੱਤੇ ਤੁਰੰਤ ਤੁਹਾਡੀ ਸਹਾਇਤਾ ਲਈ ਪਹੁੰਚਣਗੀਆਂ। ਉਨ੍ਹਾਂ ਲੋਕਾਂ ਨੂੰ ਅਫ਼ਵਾਹਾਂ ਤੋਂ ਦੂਰ ਰਹਿਣ ਅਤੇ ਤੱਥਹੀਣ ਗੱਲਾਂ ਜਾਂ ਖ਼ਬਰਾਂ ਨੂੰ ਅੱਗੇ ਸ਼ੇਅਰ ਨਾ ਕਰਨ ਦੀ ਅਪੀਲ ਵੀ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਅਫ਼ਵਾਹਾਂ ਫੈਲਾਉਣ ਦਾ ਦੋਸ਼ੀ ਪਾਇਆ ਗਿਆ ਤਾਂ ਉਸ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।



# ਸੁਰੱਖਿਆ ਜਵਾਨਾਂ ਦੀ ਕੀਤੀ ਹੌਸਲਾ ਅਫਜ਼ਾਈ



**ਧਾਰੀਵਾਲ, ਕਾਦੀਆਂ (ਮਨਦੀਪ ਸਿੰਘ ਵਿੱਕੀ, ਯਾਦਵਿੰਦਰ ਸਿੰਘ ਮਲਹੋਤਰਾ)**- ਸਪੈਸ਼ਲ ਡੀ ਜੀ ਪੀ ਸੰਜੀਵ ਕਾਲੜਾ ਪੰਜਾਬ ਹੋਮਗਾਰਡਜ਼ ਅਤੇ ਡਾਇਰੈਕਟਰ ਸਿਵਲ ਡਿਫੈਂਸ ਦੀਆਂ ਹਦਾਇਤਾਂ ਅਨੁਸਾਰ ਬਟਾਲੀਅਨ ਕਮਾਂਡਰ ਗੁਰਲਵਦੀਪ ਸਿੰਘ ਵੱਲੋਂ ਆਰਮੀ ਐਕਸਰਸਾਈਜ਼ ਲਈ ਪੁਲਾਂ ਦੀ ਸੁਰੱਖਿਆ 'ਤੇ ਤਾਇਨਾਤ ਜਵਾਨਾਂ ਦੀ ਚੈਕਿੰਗ ਕੀਤੀ ਗਈ ਅਤੇ ਉਹਨਾਂ ਦੀ ਹੌਸਲਾ ਅਫਜ਼ਾਈ ਕੀਤੀ ਗਈ। ਆਉਣ ਜਾਣ ਵਾਲੀ ਲੋਕਾਂ ਨੇ ਵੀ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕੀਤਾ ਕਿ ਹਰ ਜਗ੍ਹਾ 'ਤੇ ਉਹਨਾਂ ਦੀ ਸੁਰੱਖਿਆ ਲਈ ਫੋਰਸ ਤੈਨਾਤ ਹੈ। ਇਸ ਦੌਰਾਨ ਉਹਨਾਂ ਨੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਤਰ੍ਹਾਂ ਦੀ ਘਬਰਾਉਣ ਦੀ ਜ਼ਰੂਰਤ ਨਹੀਂ। ਕਿਸੇ ਅਣਸੁਖਾਵੀਂ ਘਟਨਾ ਲਈ ਫੋਰਸ ਤਾਇਨਾਤ ਹਨ ਜੋ ਦਿਨ ਰਾਤ ਹਰੇਕ ਨਾਗਰਿਕ ਦੀ ਜਾਨ ਮਾਲ ਦੀ ਰਾਖੀ ਕਰ ਰਹੀਆਂ ਹਨ।

# ਜ਼ਿਲ੍ਹਾ ਗੁਰਦਾਸਪੁਰ 'ਚ ਰੋਜ਼ਾਨਾ ਰਾਤ 9 ਤੋਂ ਸਵੇਰੇ 5 ਵਜੇ ਤੱਕ ਹੋਵੇਗਾ ਬਲੈਕ ਆਊਟ

**ਗੁਰਦਾਸਪੁਰ (ਜਨਕ ਮਹਾਜਨ)**- ਹਿੰਦ-ਪਾਕਿ ਸਰਹੱਦ ਤੇ ਸੰਵੇਦਨਸ਼ੀਲ ਮਾਹੌਲ ਹੋਣ ਕਰਕੇ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਸਿਵਲ ਡਿਫੈਂਸ ਐਕਟ 1968 ਅਧੀਨ ਆਪਾਤਕਾਲੀਨ ਸਥਿਤੀ ਨਾਲ ਨਜਿੱਠਣ ਲਈ ਲਗਾਤਾਰ ਅਗਲੇ ਹੁਕਮਾਂ ਤੱਕ ਰਾਤ 9 ਵਜੇ ਤੋਂ ਅਗਲੇ ਦਿਨ ਸਵੇਰੇ 5 ਵਜੇ ਤੱਕ ਜ਼ਿਲ੍ਹਾ ਗੁਰਦਾਸਪੁਰ ਅੰਦਰ ਪੂਰਨ ਤੌਰ 'ਤੇ ਬਲੈਕ ਆਊਟ ਦੇ ਹੁਕਮ ਜਾਰੀ ਕੀਤੇ ਗਏ ਹਨ। ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਬਲੈਕ ਆਊਟ ਰਾਤ 9 ਵਜੇ ਤੋਂ ਅਗਲੇ ਦਿਨ ਸਵੇਰੇ 5 ਵਜੇ ਤੱਕ ਅਗਲੇ ਹੁਕਮਾਂ ਤੱਕ ਇਹ ਰੋਜ਼ਾਨਾ ਜਾਰੀ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ 'ਬਲੈਕ ਆਊਟ' ਦਾ ਇਹ ਹੁਕਮ ਕੇਂਦਰੀ ਜੇਲ੍ਹ ਗੁਰਦਾਸਪੁਰ ਅਤੇ ਹਸਪਤਾਲਾਂ ਵਿੱਚ ਲਾਗੂ ਨਹੀਂ ਹੋਵੇਗਾ, ਪਰ ਇਹ ਵਿਭਾਗ ਕੇਂਦਰੀ ਜੇਲ੍ਹ ਗੁਰਦਾਸਪੁਰ ਅਤੇ ਹਸਪਤਾਲਾਂ ਦੀਆਂ ਖਿੜਕੀਆਂ ਰੋਜ਼ਾਨਾ ਰਾਤ 9 ਵਜੇ ਤੋਂ ਅਗਲੇ ਦਿਨ ਸਵੇਰੇ 5 ਤੱਕ ਬੰਦ ਰੱਖਣ ਦੇ ਨਾਲ-ਨਾਲ ਉਨ੍ਹਾਂ ਨੂੰ ਚੰਗੀ ਤਰ੍ਹਾਂ ਕਵਰ ਕਰਨਾ ਯਕੀਨੀ ਬਣਾਉਣਗੇ ਤਾਂ ਜੋ ਰੌਸ਼ਨੀ ਦੀ ਕੋਈ ਕਿਰਨ ਬਾਹਰ ਨਾ ਆ ਸਕੇ।

# ਵਿਸਾਖੀ ਬੰਪਰ ਦੇ ਨਾਂਅ 'ਤੇ 39 ਲੱਖ ਦੀ ਠੱਗੀ

**ਗੁਰਦਾਸਪੁਰ (ਜਨਕ ਮਹਾਜਨ)**- ਸਾਇਬਰ ਕ੍ਰਾਇਮ ਗੁਰਦਾਸਪੁਰ ਨੂੰ ਦਿੱਤੇ ਬਿਆਨਾਂ ਵਿਚ ਕੰਵਲਪ੍ਰੀਤ ਕੌਰ ਪਤਨੀ ਹਰਭਜਨ ਸਿੰਘ ਵਾਸੀ ਰਾਜੂ ਬੇਲਾ ਥਾਣਾ ਭੈਣੀ ਮੀਆਂ ਖਾਂ ਨੇ ਦੱਸਿਆ ਕਿ 3 ਅਪ੍ਰੈਲ ਨੂੰ ਕਿਸੇ ਨਾ-ਮਾਲੂਮ ਵਿਅਕਤੀ ਨੇ ਫੋਨ ਕੀਤਾ ਕਿ ਤੁਸੀਂ ਵਿਸਾਖੀ ਬੰਪਰ ਲਾਟਰੀ ਪਾਉ ਅਤੇ ਇਹ ਵਿਸਾਖੀ ਬੰਪਰ 2025 ਦੀ ਰਕਮ 6 ਕਰੋੜ ਸਾਡੇ ਨਾਮ ਪਰ ਕੱਢਣ ਦਾ ਪੂਰਾ ਵਿਸ਼ਵਾਸ ਦਿਵਾਇਆ। ਜਿਸ ਤੋਂ ਬਾਅਦ ਪੀੜਤਾ ਨੇ ਉਕਤ ਨਾ-ਮਾਲੂਮ ਵਿਅਕਤੀ ਦੇ ਕਹਿਣ 'ਤੇ ਤਿੰਨ ਲਾਟਰੀ ਦੀਆਂ ਟਿਕਟਾਂ ਪੰਜਾਬ ਸਟੇਟ ਵਿਸਾਖੀ ਬੰਪਰ 2025 ਦੀਆਂ ਖਰੀਦ ਕੀਤੀਆਂ। 19 ਅਪ੍ਰੈਲ 2025 ਨੂੰ ਉਸੇ ਨਾ-ਮਾਲੂਮ ਵਿਅਕਤੀ ਨੇ ਪੀੜਤਾ ਨੂੰ ਫੋਨ ਕਰਕੇ ਦੱਸਿਆ ਕਿ ਤੁਹਾਡੀ ਲਾਟਰੀ ਨਿਕਲੀ ਹੈ, ਤੁਹਾਡੇ ਅਕਾਊਂਟ ਵਿੱਚ ਪੈਸੇ ਭੇਜਣੇ ਹਨ, ਇਸ ਕਰਕੇ ਤੁਸੀਂ ਆਪਣੇ ਕਿਸੇ ਬੈਂਕ ਅਕਾਊਂਟ ਵਿੱਚ 25,00,000 ਰੁਪਏ ਬੈਂਕ ਬੈਲੇਂਸ ਵਜੋਂ ਦਰਸਾਉ ਤਾਂ ਹੀ ਤੁਹਾਡੇ ਖਾਤੇ ਵਿੱਚ ਲਾਟਰੀ ਦੀ ਜਿੱਤੀ ਹੋਈ 6 ਕਰੋੜ ਦੀ ਰਕਮ ਤੁਹਾਨੂੰ ਭੇਜ ਸਕਦੇ ਹਾਂ। ਇਸੇ ਤਰ੍ਹਾਂ ਨਾ-ਮਾਲੂਮ ਵਿਅਕਤੀਆਂ ਵਲੋਂ ਪੰਜਾਬ ਸਰਕਾਰ ਦੀ ਵਿਸਾਖੀ ਬੰਪਰ 2025 ਦੀਆਂ ਤਿੰਨ ਲਾਟਰੀਆਂ ਪਵਾ ਕੇ ਲਾਟਰੀ ਦੀ ਰਕਮ 6 ਕਰੋੜ ਰੁਪਏ ਪੀੜਤ ਦੇ ਨਾਂ ਕੱਢਣ ਦਾ ਝਾਂਸਾ ਦੇ ਕੁੱਲ ਰਕਮ 39,24,900 ਲੱਖ ਦੀ ਮੁੱਦਈਆਂ ਨਾਲ ਠੱਗੀ ਮਾਰੀ ਹੈ। ਪੁਲਸ ਨੇ ਨਾ-ਮਾਲੂਮ ਵਿਅਕਤੀ ਖ਼ਿਲਾਫ਼ ਧੋਖਾਧੜੀ ਕਰਨ ਦੇ ਦੋਸ਼ਾਂ ਹੇਠ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਅੱਤਵਾਦੀ ਟਿਕਾਣਿਆਂ 'ਤੇ ਹਮਲਾ ਕਰਕੇ ਫੌਜ ਨੇ ਭਾਰਤ ਦਾ ਮਾਣ ਵਧਾਇਆ : ਕੱਕੜ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਅੱਤਵਾਦੀਆਂ ਵਲੋਂ ਪਹਿਲਗਾਮ ਵਿੱਚ ਕੀਤੇ ਹਮਲੇ ਤੋਂ ਬਾਅਦ ਅੱਤਵਾਦੀਆਂ ਦੇ ਟਿਕਾਣਿਆਂ ਤੇ ਹਮਲਾ ਕਰਕੇ ਅਤੇ ਕਈ ਅੱਤਵਾਦੀਆਂ ਨੂੰ ਮਾਰ ਕੇ ਭਾਰਤ ਦਾ ਮਾਣ ਵਧਾਇਆ ਹੈ। ਕਾਂਗਰਸ ਪਾਰਟੀ ਨੂੰ ਭਾਰਤੀ ਫੌਜ ਤੇ ਮਾਣ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਸਾਬਕਾ ਮੰਤਰੀ ਅਤੇ ਵਿਧਾਇਕ ਸੁੱਖਬਿੰਦਰ ਸਿੰਘ ਸਰਕਾਰੀਆ ਦੇ ਮੀਡੀਆ ਸਲਾਹਕਾਰ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਅੰਮ੍ਰਿਤਸਰ ਦਿਹਾਤੀ ਦੇ ਮੁੱਖ ਬੁਲਾਰੇ ਅਮਨਦੀਪ ਸਿੰਘ ਕੱਕੜ ਨੇ ਕੀਤਾ। ਉਨ੍ਹਾਂ ਕਿਹਾ ਕਿ ਭਾਰਤੀ ਫੌਜ ਨੇ ਕਿਸੇ ਵੀ ਨਾਗਰਿਕ ਨੂੰ, ਫ਼ੌਜੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਏ ਬਗੈਰ ਪੂਰੀ ਤਰ੍ਹਾਂ ਅੱਤਵਾਦੀ ਟਿਕਾਣਿਆਂ ਤੇ ਹਮਲਾ ਕਰਕੇ ਭਾਰਤੀ ਸੰਜਮ ਅਤੇ ਸਟੀਕਤਾ ਦੀ ਸ਼ਾਨਦਾਰ ਉਦਾਹਰਨ ਦਿੱਤੀ ਹੈ। ਇਸ ਲਈ ਭਾਰਤੀ ਫੌਜ ਵਧਾਈ ਦੀ ਹੱਕਦਾਰ ਹੈ। ਕੱਕੜ ਨੇ ਕਿਹਾ ਕਿ ਭਾਰਤ ਕਿਸੇ ਕਿਸਮ ਦਾ ਟਕਰਾ ਨਹੀਂ ਚਾਹੁੰਦਾ ਪਰ ਭਾਰਤ ਨੂੰ ਨਿਰਦੋਸ਼ ਭਾਰਤੀਆਂ ਤੇ ਹਮਲਾ ਵੀ ਬਰਦਾਸ਼ਤ ਨਹੀਂ ਹੈ। ਉਨ੍ਹਾਂ ਕਿਹਾ ਕਿ ਪਾਕਿਸਤਾਨ ਨੂੰ ਅੱਤਵਾਦ ਨੂੰ ਸ਼ਹਿ ਦੇਣੀ ਬੰਦ ਕਰ ਦੇਣੀ ਚਾਹੀਦੀ ਹੈ ਅਤੇ ਆਪਣੇ ਗੁਆਂਢੀ ਦੇਸ਼ ਭਾਰਤ ਨਾਲ ਦੋਸਤੀ ਦਾ ਹੱਥ ਵਧਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅੱਤਵਾਦ ਕਿਸੇ ਵੀ ਦੇਸ਼ ਦੇ ਹਿੱਤ ਵਿੱਚ ਨਹੀਂ।

# ਖ਼ਾਲਸਾ ਕਾਲਜ ਪਬਲਿਕ ਸਕੂਲ ਨੂੰ ਸੈਨਿਕ ਸਕੂਲ ਵਜੋਂ ਪ੍ਰਵਾਨਗੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**— ਸੀ. ਬੀ. ਐੱਸ. ਈ. ਤੋਂ ਮਾਨਤਾ ਪ੍ਰਾਪਤ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਅਧੀਨ ਸਫ਼ਲਤਾਪੂਰਵਕ ਚੱਲ ਰਿਹਾ ਖ਼ਾਲਸਾ ਕਾਲਜ ਪਬਲਿਕ ਸਕੂਲ, ਜੀ. ਟੀ. ਰੋਡ ਨੂੰ ਭਾਰਤ ਸਰਕਾਰ ਵੱਲੋਂ ਨਵਾਂ ਸੈਨਿਕ ਸਕੂਲ ਸਥਾਪਿਤ ਕਰਨ ਦੀ ਮਨਜ਼ੂਰੀ ਮਿਲਣ 'ਤੇ ਕੌਂਸਲ ਦੇ ਆਨਰੇਰੀ ਸਕੱਤਰ ਰਜਿੰਦਰ ਮੋਹਨ ਸਿੰਘ ਛੀਨਾ ਨੇ ਪ੍ਰਿੰਸੀਪਲ ਅਮਰਜੀਤ ਸਿੰਘ ਗਿੱਲ ਨੂੰ ਵਧਾਈ ਦਿੰਦਿਆਂ ਖੁਸ਼ੀ ਦਾ ਇਜ਼ਹਾਰ ਕੀਤਾ ਹੈ। ਕੇਂਦਰੀ ਰੱਖਿਆ ਮੰਤਰਾਲੇ ਵੱਲੋਂ ਦੇਸ਼ ਭਰ 'ਚ 23 ਨਵੇਂ ਸੈਨਿਕ ਸਕੂਲ ਸਥਾਪਿਤ ਕਰਨ ਦੀ ਪ੍ਰਵਾਨਗੀ ਦਿੱਤੀ ਗਈ ਹੈ ਅਤੇ ਖ਼ਾਲਸਾ ਕਾਲਜ ਪਬਲਿਕ ਸਕੂਲ ਇਹ ਰੁਤਬਾ ਹਾਸਲ ਕਰਨ ਵਾਲਾ ਇਸ ਖੇਤਰ ਦਾ ਪਹਿਲਾ ਅਤੇ ਸੂਬੇ ਭਰ ਦਾ ਦੂਜਾ ਸਕੂਲ ਹੈ। ਇਸ ਸਬੰਧੀ ਸ: ਛੀਨਾ ਨੇ ਸਕੂਲ ਪ੍ਰਿੰਸੀਪਲ ਸ: ਅਮਰਜੀਤ ਸਿੰਘ ਗਿੱਲ ਦੀ ਮੌਜੂਦਗੀ 'ਚ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਸਰਕਾਰ ਨੇ ਗੈਰ-ਸਰਕਾਰੀ ਸੰਗਠਨਾਂ, ਨਿੱਜੀ ਅਤੇ ਸਰਕਾਰੀ ਸਕੂਲਾਂ ਨਾਲ ਸਾਂਝੇਦਾਰੀ ਕਰਕੇ ਨਵੇਂ ਸੈਨਿਕ ਸਕੂਲ ਸਥਾਪਿਤ ਕਰਨ ਦੀ ਪਹਿਲਕਦਮੀ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਤਹਿਤ ਸੈਨਿਕ ਸਕੂਲ ਸੋਸਾਇਟੀ ਵੱਲੋਂ ਦੇਸ਼ ਭਰ 'ਚ ਸਥਿਤ 37 ਨਵੇਂ ਸੈਨਿਕ ਸਕੂਲਾਂ ਨਾਲ ਸਮਝੌਤੇ ਪੱਤਰ 'ਤੇ ਦਸਤਖ਼ਤ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਹ ਨਵੇਂ ਸੈਨਿਕ ਸਕੂਲ, ਸਬੰਧਤ ਸਿੱਖਿਆ ਬੋਰਡਾਂ ਨਾਲ ਆਪਣੀ ਮਾਨਤਾ ਤੋਂ ਇਲਾਵਾ ਸੈਨਿਕ ਸਕੂਲ ਸੋਸਾਇਟੀ ਦੀ ਅਗਵਾਈ ਹੇਠ ਕੰਮ ਕਰਨਗੇ। ਇਸ ਮੌਕੇ ਛੀਨਾ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਰਾਜਨਾਥ ਸਿੰਘ ਦਾ ਧੰਨਵਾਦ ਕਰਦਿਆਂ ਕਿਹਾ ਕਿ ਭਾਈਵਾਲੀ ਮੋਡ ਅਧੀਨ ਨਵੇਂ ਸੈਨਿਕ ਸਕੂਲ ਖੋਲ੍ਹਣ ਲਈ ਅਰਜ਼ੀਆਂ ਦੇ ਹੋਰ ਮੁਲਾਂਕਣ ਤੋਂ ਬਾਅਦ ਉਨ੍ਹਾਂ ਨੂੰ ਉਕਤ ਸਕੂਲ ਸਥਾਪਿਤ ਕਰਨ ਦੀ ਪ੍ਰਵਾਨਗੀ ਮਿਲੀ ਹੈ। ਉਨ੍ਹਾਂ ਕਿਹਾ ਕਿ ਮੋਦੀ ਦੁਆਰਾ ਉਕਤ ਸਕੂਲ



ਸਥਾਪਿਤ ਕਰਨ ਦਾ ਉਦੇਸ਼ ਵਿਦਿਆਰਥੀਆਂ ਨੂੰ ਰਾਸ਼ਟਰੀ ਸਿੱਖਿਆ ਨੀਤੀ ਅਨੁਸਾਰ ਮਿਆਰੀ ਸਿੱਖਿਆ ਪ੍ਰਦਾਨ ਕਰਨਾ ਅਤੇ ਉਨ੍ਹਾਂ ਨੂੰ ਹਥਿਆਰਬੰਦ ਸੈਨਾਵਾਂ 'ਚ ਸ਼ਾਮਿਲ ਕਰਨ ਦੇ ਨਾਲ ਵਧੀਆ ਕਰੀਅਰ ਦੇ ਮੌਕੇ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਆਪਣੇ ਨਿਯਮਤ ਐਫੀਲੀਏਟਿਡ ਬੋਰਡ ਪਾਠਕ੍ਰਮ ਤੋਂ ਇਲਾਵਾ ਉਹ ਸੈਨਿਕ ਸਕੂਲ ਪੈਟਰਨ ਦੇ ਵਿਦਿਆਰਥੀਆਂ ਨੂੰ ਅਕਾਦਮਿਕ ਪਲੱਸ ਪਾਠਕ੍ਰਮ ਦੀ ਸਿੱਖਿਆ ਵੀ ਪ੍ਰਦਾਨ ਕਰਨਗੇ। ਇਸ ਮੌਕੇ ਪ੍ਰਿੰ: ਗਿੱਲ ਨੇ ਛੀਨਾ ਦਾ ਮੂੰਹ ਮਿੱਠਾ ਕਰਵਾਉਂਦਿਆਂ ਕਿਹਾ ਕਿ ਸਕੂਲ ਨੇ ਦਸੰਬਰ-2023 'ਚ ਰੱਖਿਆ ਮੰਤਰਾਲੇ ਅਧੀਨ ਸੈਨਿਕ ਸਕੂਲ ਸੋਸਾਇਟੀ ਨੂੰ ਮਾਨਤਾ ਸਬੰਧੀ ਅਰਜ਼ੀ ਦਿੱਤੀ ਸੀ। ਜਿਸ ਉਪਰੰਤ ਸਕੂਲ ਨੂੰ ਨਿਰੀਖਣ ਲਈ ਸ਼ਾਰਟਲਿਸਟ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ, ਜ਼ਿਲ੍ਹਾ ਸਿੱਖਿਆ ਅਧਿਕਾਰੀ, ਸੈਨਿਕ ਸਕੂਲ, ਕਪੂਰਥਲਾ ਪ੍ਰਿੰਸੀਪਲ, ਵਾਈਸ ਪ੍ਰਿੰਸੀਪਲ ਅਤੇ ਨੇਵੀਦਿਆ ਵਿਦਿਆਲਾ ਭੋਲੇਵਾਲ ਦੇ ਪ੍ਰਿੰਸੀਪਲ ਆਦਿ ਟੀਮ ਵੱਲੋਂ 10 ਜਨਵਰੀ 2024 ਦੇ ਪਹਿਲੇ ਹਫ਼ਤੇ 'ਚ ਨਿਰੀਖਣ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਲੰਬੇ ਨਿਰੀਖਣ ਉਪਰੰਤ ਟੀਮ ਸਕੂਲ ਦੇ ਕੰਮਕਾਜ ਤੋਂ ਪ੍ਰਭਾਵਿਤ ਹੋਈ, ਜਿਸ ਤੋਂ ਬਾਅਦ ਰੱਖਿਆ ਮੰਤਰਾਲੇ ਨੇ ਪੱਤਰ ਰਾਹੀਂ ਸੈਨਿਕ ਸਕੂਲ ਸੋਸਾਇਟੀ (ਐੱਸ. ਐੱਸ. ਐੱਸ.) ਦੀ ਅਗਵਾਈ ਹੇਠ ਨਵੇਂ ਸੈਨਿਕ ਸਕੂਲ ਨੂੰ ਖੋਲ੍ਹਣ ਨੂੰ ਮਨਜ਼ੂਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਉਕਤ ਸਕੂਲ ਖੋਲ੍ਹਣ ਦਾ ਮਕਸਦ ਰਾਸ਼ਟਰੀ ਭਾਵਨਾ, ਹਿੰਮਤ, ਦੇਸ਼ ਅਤੇ ਸਮਾਜ ਪ੍ਰਤੀ ਸਤਿਕਾਰ ਦੀਆਂ ਕਦਰਾਂ-ਕੀਮਤਾਂ ਪ੍ਰਤੀ ਅਟੱਲ ਵਚਨਬੱਧਤਾ ਦੇ ਲੋਕਾਚਾਰ ਨੂੰ ਵਿਕਸਿਤ ਕਰਨਾ, ਸਰੀਰਿਕ ਤੰਦਰੁਸਤੀ ਦੀ ਮਹੱਤਤਾ ਨੂੰ ਗ੍ਰਹਿਣ ਕਰਵਾਉਣਾ ਅਤੇ ਵਿਦਿਆਰਥੀਆਂ 'ਚ ਰਾਸ਼ਟਰੀ ਸਵੈਮਾਣ ਨੂੰ ਉਭਾਰਨਾ ਹੈ। ਉਨ੍ਹਾਂ ਕਿਹਾ ਕਿ ਸਕੂਲ ਉਕਤ ਮੰਤਰਾਲੇ ਅਧੀਨ ਐੱਸ. ਐੱਸ. ਐੱਸ. ਨਾਲ ਜੁੜੇ ਹੋਣਗੇ ਜੋ ਬੱਚਿਆਂ ਨੂੰ ਦੇਸ਼ ਦੇ ਅਮੀਰ ਸੱਭਿਆਚਾਰ ਅਤੇ ਵਿਰਾਸਤ 'ਚ ਮਾਣ ਪੈਦਾ ਕਰਨ ਦੇ ਯੋਗ ਬਣਾਏਗੀ।

# ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਗੁਰਬਾਣੀ ਕੰਠ ਮੁਕਾਬਲਿਆਂ 'ਚ ਜੇਤੂ



**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਸ੍ਰੀ ਸੁਖਮਨੀ ਸਾਹਿਬ ਸੇਵਾ ਸੋਸਾਇਟੀ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਗੁਰੂ ਨਾਨਕ ਪੜਾਓ ਸਾਹਿਬ, ਫਤਿਹਾਬਾਦ ਵਿਖੇ ਧਾਰਮਿਕ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਗੋਇੰਦਵਾਲ ਸਾਹਿਬ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਹਨਾਂ ਧਾਰਮਿਕ ਮੁਕਾਬਲਿਆਂ ਵਿੱਚ ਧਾਰਮਿਕ ਲੈਕਚਰ, ਗੁਰਬਾਣੀ ਸ਼ਬਦ ਗਾਇਨ ਅਤੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ ਗਏ। ਗੁਰਬਾਣੀ ਕੰਠ ਮੁਕਾਬਲਾ (ਭਾਗ ਪਹਿਲਾ) ਵਿੱਚੋਂ ਪੰਜਵੀਂ ਜਮਾਤ ਦੀ ਵਿਦਿਆਰਥਣ ਏਕਮਜੋਤ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸੰਸਥਾ ਦੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਅਤੇ ਸਕੂਲ ਦੇ ਪ੍ਰਿੰਸੀਪਲ ਮੈਡਮ ਮਨੀਸ਼ਾ ਸੂਦ ਨੇ ਅਧਿਆਪਕ ਅਤੇ ਵਿਦਿਆਰਥੀਆਂ ਨੂੰ ਧਾਰਮਿਕ ਮੁਕਾਬਲਿਆਂ ਵਿੱਚ ਜੇਤੂ ਰਹਿਣ 'ਤੇ ਵਧਾਈ ਦਿੱਤੀ ਅਤੇ ਹੋਰ ਵਧ- ਚੜ੍ਹ ਕੇ ਧਾਰਮਿਕ ਮੁਕਾਬਲਿਆਂ ਵਿੱਚ ਹਿੱਸਾ ਲੈਣ ਲਈ ਉਤਸ਼ਾਹਤ ਕੀਤਾ।

# ਸਾਉਣੀ ਦੀ ਮੱਕੀ ਨੂੰ ਉਤਸ਼ਾਹਤ ਕਰਨ ਲਈ ਵਿਸ਼ੇਸ਼ ਮੁਹਿੰਮ : ਮੁੱਖ ਖੇਤੀਬਾੜੀ ਅਫ਼ਸਰ



**ਗੁਰਦਾਸਪੁਰ (ਜਨਕ ਮਹਾਜਨ)**- ਖ਼ੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੁਆਰਾ ਜ਼ਿਲ੍ਹਾ ਗੁਰਦਾਸਪੁਰ ਵਿਚ ਲਈ ਚਲਾਈਆਂ ਜਾ ਰਹੀਆਂ ਕਿਸਾਨ ਭਲਾਈ ਸਕੀਮਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਮੁੱਖ ਖੇਤੀਬਾੜੀ ਅਫ਼ਸਰ ਡਾ. ਅਮਰੀਕ ਸਿੰਘ ਦੀ ਪ੍ਰਧਾਨਗੀ ਹੇਠ ਸਥਾਨਕ ਮੁੱਖ ਖ਼ੇਤੀਬਾੜੀ ਦਫਤਰ ਵਿਚ ਮਹੀਨਾਵਾਰ ਮੀਟਿੰਗ ਹੋਈ, ਜਿਸ ਵਿਚ ਹੋਰਨਾਂ ਤੋਂ ਇਲਾਵਾ ਡਾ. ਸੁਖਬੀਰ ਸਿੰਘ, ਡਾਕਟਰ ਗਗਨਦੀਪ ਸਿੰਘ, ਡਾ. ਮਨਪ੍ਰੀਤ ਸਿੰਘ, ਡਾ. ਗੁਰਪ੍ਰੀਤ ਸਿੰਘ, ਡਾਕਟਰ ਪਰਮਿੰਦਰ ਸਿੰਘ, ਡਾਕਟਰ ਰਸ਼ਪਾਲ ਸਿੰਘ ਸਮੂਹ ਖੇਤੀਬਾੜੀ ਅਫ਼ਸਰ, ਡਾ. ਹਰਮਨਦੀਪ ਸਿੰਘ, ਡਾ. ਦਿਲਰਾਜ ਸਿੰਘ ਖੇਤੀਬਾੜੀ ਵਿਕਾਸ ਅਫਸਰ ਸਮੇਤ ਸਮੂਹ ਖੇਤੀਬਾੜੀ ਅਧਿਕਾਰੀ ਹਾਜ਼ਰ ਸਨ। ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾ. ਅਮਰੀਕ ਸਿੰਘ ਨੇ ਕਿਹਾ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦਾ ਮੁੱਖ ਕੰਮ ਪੰਜਾਬ ਖ਼ੇਤੀਬਾੜੀ ਯੂਨੀਵਰਸਿਟੀ ਵੱਲੋਂ ਵਿਕਸਤ ਕੀਤੀ ਨਵੀਨਤਮ ਖੇਤੀ ਤਕਨੀਕਾਂ ਨੂੰ ਪਸਾਰ ਸਿੱਖਿਆ ਦੇ ਵੱਖ-ਵੱਖ ਮਾਧਿਅਮਾਂ ਰਾਹੀਂ ਕਿਸਾਨਾਂ ਤੱਕ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਜ਼ਿਲ੍ਹਾ ਗੁਰਦਾਸਪੁਰ ਵਿਚ ਪਾਇਲਟ ਪ੍ਰੋਜੈਕਟ ਅਧੀਨ ਸਾਉਣੀ ਦੀ ਮੱਕੀ ਦੀ ਕਾਸ਼ਤ ਨੂੰ ਉਤਸ਼ਾਹਤ ਕਰਨ ਲਈ 7000 ਹੈਕਟੇਅਰ ਰਕਬਾ ਝੋਨੇ ਹੇਠੋਂ ਕੱਢ ਕੇ ਸਾਉਣੀ ਦੀ ਮੱਕੀ ਹੇਠ ਲਿਆਉਣ ਦਾ ਟੀਚਾ ਮਿੱਥਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਸਕੀਮ ਤਹਿਤ ਲਾਭਪਾਤਰੀਆਂ ਦੀ ਈ ਕੇ ਵਾਈ ਸੀ ਮੁਕੰਮਲ ਕਰਨ ਲਈ ਪਿੰਡ ਪੱਧਰ 'ਤੇ ਲਾਭਪਾਤਰੀਆਂ ਨਾਲ ਪਹੁੰਚ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ 15 ਮਈ ਤੱਕ ਇਹ ਕੰਮ ਮੁਕੰਮਲ ਕਰਨ ਦਾ ਟੀਚਾ ਮਿੱਥਿਆ ਗਿਆ ਹੈ ਤਾਂ ਅਗਲੀ ਕਿਸ਼ਤ ਜਾਰੀ ਹੋਣ ਤੋਂ ਪਹਿਲਾਂ ਪਹਿਲਾਂ ਈ ਕੇ ਵਾਈ ਸੀ ਮੁਕੰਮਲ ਕਰ ਲਈ ਜਾਵੇ। ਉਨ੍ਹਾਂ ਦੱਸਿਆ ਕਿ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਮੁਹੱਈਆ ਕਰਵਾਉਣ ਲਈ ਇੱਕ ਸਾਲ ਖੇਤੀ ਸਮੱਗਰੀ ਵਿਕਰੇਤਾਵਾਂ ਲਈ ਖੇਤੀਬਾੜੀ ਪਸਾਰ ਸਰਵਿਸ ਵਿਚ ਡਿਪਲੋਮਾ ਸ਼ੁਰੂ ਕੀਤਾ ਜਾ ਰਿਹਾ ਹੈ।

# ਡਿਪਟੀ ਕਮਿਸ਼ਨਰ ਵੱਲੋਂ ਕਿਸੇ ਵੀ ਹੰਗਾਮੀ ਸਥਿਤੀ ਦੌਰਾਨ ਸੰਚਾਰ ਸੇਵਾਵਾਂ ਨੂੰ ਜਾਰੀ ਰੱਖਣ ਦੇ ਨਿਰਦੇਸ਼



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਭਾਰਤ-ਪਾਕਿ ਸਰਹੱਦ ਉੱਪਰ ਚੱਲ ਰਹੇ ਤਣਾਅ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਵੱਲੋਂ ਬੀ ਐੱਸ ਐੱਨ ਐੱਲ ਅਤੇ ਹੋਰ ਸੰਚਾਰ ਸੇਵਾਵਾਂ ਦੇਣ ਵਾਲੇ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਹਰਜਿੰਦਰ ਸਿੰਘ ਬੇਦੀ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ।ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਬੀ ਐੱਸ ਐੱਨ ਐੱਲ ਅਤੇ ਹੋਰ ਸੰਚਾਰ ਸੇਵਾਵਾਂ ਦੇਣ ਵਾਲੇ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਕਿਸੇ ਵੀ ਹੰਗਾਮੀ ਸਥਿਤੀ ਦੌਰਾਨ ਆਪਣੀਆਂ ਸੰਚਾਰ ਸੇਵਾਵਾਂ ਨੂੰ ਜਾਰੀ ਰੱਖਣ ਲਈ ਆਪਣੇ ਪੂਰੇ ਬੰਦੋਬਸਤ ਕਰਕੇ ਰੱਖਣ। ਉਨ੍ਹਾਂ ਕਿਹਾ ਕਿ ਐਮਰਜੈਂਸੀ ਦੇ ਹਾਲਤਾਂ ਦੌਰਾਨ ਸੰਚਾਰ ਦੀ ਲੋੜ ਹੋਰ ਵੀ ਵੱਧ ਜਾਂਦੀ ਹੈ, ਇਸ ਲਈ ਟੈਲੀਕਮਿਊਨੀਕੇਸ਼ਨ ਵਿਭਾਗ ਦਾ ਸਾਰਾ ਸਟਾਫ਼ ਆਪਣੀ ਪੂਰੀ ਤਿਆਰੀ ਰੱਖੇ। ਉਨ੍ਹਾਂ ਕਿਹਾ ਕਿ ਸੰਚਾਰ ਵਿਭਾਗਾਂ ਦੇ ਸਾਰੇ ਅਧਿਕਾਰੀ ਤੇ ਕਰਮਚਾਰੀ ਆਪਣੀ ਡਿਊਟੀ ਉੱਪਰ ਤਾਇਨਾਤ ਰਹਿਣਗੇ ਅਤੇ ਲੋੜ ਪੈਣ 'ਤੇ ਤੁਰੰਤ ਆਪਣੀਆਂ ਸੇਵਾਵਾਂ ਦੇਣਗੇ।ਬੀ ਐੱਸ ਐੱਨ ਐੱਲ ਅਤੇ ਹੋਰ ਸੰਚਾਰ ਸੇਵਾਵਾਂ ਦੇਣ ਵਾਲੇ ਵਿਭਾਗਾਂ ਦੇ ਅਧਿਕਾਰੀਆਂ ਨੇ ਕਿਹਾ ਕਿ ਕਿਸੇ ਵੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਉਨ੍ਹਾਂ ਦਾ ਸਟਾਫ਼ ਪੂਰੀ ਤਰ੍ਹਾਂ ਤਿਆਰ ਹੈ ਅਤੇ ਉਨ੍ਹਾਂ ਵੱਲੋਂ ਇਸ ਸਬੰਧੀ ਸਾਰੇ ਲੋੜੀਂਦੇ ਪ੍ਰਬੰਧ ਕਰ ਲਏ ਗਏ ਹਨ।

# 10 ਕਿਲੋ ਹੈਰੋਇਨ, ਇੱਕ ਲੱਖ ਰੁਪਏ ਦੀ ਡਰੱਗ ਮਨੀ ਸਮੇਤ ਦੋ ਗ੍ਰਿਫ਼ਤਾਰ

**ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)**- ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਪੰਜਾਬ ਪੁਲਸ ਦੇ ਕਾਊਂਟਰ ਇੰਟੈਲੀਜੈਂਸ (ਸੀ ਆਈ) ਅੰਮ੍ਰਿਤਸਰ ਨੇ ਵਿਦੇਸ਼-ਅਧਾਰਤ ਤਸਕਰ ਜੱਸਾ ਦੁਆਰਾ ਚਲਾਏ ਜਾ ਰਹੇ ਅੰਤਰਰਾਸ਼ਟਰੀ ਨਾਰਕੋ-ਤਸਕਰੀ ਮਾਡਿਊਲ ਦੇ ਭਾਰਤ-ਅਧਾਰਤ ਦੋ ਕਾਰਕੁਨਾਂ ਨੂੰ ਗ੍ਰਿਫ਼ਤਾਰ ਕਰਕੇ ਇਸ ਨੈਟਵਰਕ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਦਿੰਦਿਆਂ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨੇ ਇੱਥੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੇ ਕਬਜ਼ੇ 'ਚੋਂ 10 ਕਿਲੋ ਹੈਰੋਇਨ ਅਤੇ 1 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਮਜੀਠਾ ਰੋਡ ਸਥਿਤ ਇੰਦਰਾ ਕਲੋਨੀ ਦੇ ਰਹਿਣ ਵਾਲੇ ਗੁਰਪਿੰਦਰ ਸਿੰਘ ਅਤੇ ਅੰਮ੍ਰਿਤਸਰ ਦੇ ਚੱਕ ਮਿਸ਼ਰੀ ਖਾਨ ਦੇ ਰਹਿਣ ਵਾਲੇ ਸਾਜਨ ਵਜੋਂ ਹੋਈ ਹੈ। ਪੁਲਸ ਟੀਮਾਂ ਨੇ ਉਨ੍ਹਾਂ ਦਾ ਕਾਲਾ ਹੀਰੋ ਸਪਲੈਂਡਰ ਮੋਟਰਸਾਈਕਲ, ਜਿਸ ਦੀ ਵਰਤੋਂ ਉਹ ਨਸ਼ਿਆਂ ਦੀ ਤਸਕਰੀ ਲਈ ਕਰ ਰਹੇ ਸਨ, ਵੀ ਜ਼ਬਤ ਕਰ ਲਿਆ ਹੈ।ਡੀ ਜੀ ਪੀ ਗੌਰਵ ਯਾਦਵ ਨੇ ਕਿਹਾ ਕਿ ਵਿਦੇਸ਼-ਅਧਾਰਤ ਮੁਲਜ਼ਮ ਜੱਸਾ ਨਸ਼ਿਆਂ ਅਤੇ ਹਥਿਆਰਾਂ ਦਾ ਤਸਕਰ ਹੈ, ਜੋ ਪੁਲਸ ਨੂੰ ਥਾਣਾ ਐਸ ਐਸ ਓ ਸੀ ਅੰਮ੍ਰਿਤਸਰ ਵਿਖੇ ਦਰਜ ਐਨ ਡੀ ਪੀ ਐਸ ਐਕਟ ਅਤੇ ਅਸਲਾ ਐਕਟ ਤਹਿਤ ਕਈ ਕੇਸਾਂ ਵਿੱਚ ਲੋੜੀਂਦਾ ਹੈ।ਜ਼ਿਕਰਯੋਗ ਹੈ ਕਿ ਸੀ ਆਈ ਅੰਮ੍ਰਿਤਸਰ ਵੱਲੋਂ ਪਿਛਲੇ ਦਸ ਦਿਨਾਂ ਵਿੱਚ ਬੇਨਕਾਬ ਕੀਤਾ ਗਿਆ ਹੈ ਤੀਜਾ ਮਡਿਊਲ ਹੈ, ਜਿਸ ਨੂੰ ਵਿਦੇਸ਼ ਅਧਾਰਤ ਤਸਕਰ ਜੱਸਾ ਦੁਆਰਾ ਚਲਾਇਆ ਜਾ ਰਿਹਾ ਸੀ। ਇਸ ਤੋਂ ਪਹਿਲਾਂ ਉਕਤ ਤਸਕਰ ਜੱਸਾ ਦੇ ਕਾਰਕੁਨ ਅਭਿਸ਼ੇਕ ਨੂੰ ਸੱਤ ਪਿਸਤੌਲਾਂ ਅਤੇ 1.5 ਲੱਖ ਰੁਪਏ ਸਮੇਤ ਗ੍ਰਿਫਤਾਰ ਕੀਤਾ ਗਿਆ ਸੀ ਅਤੇ ਇਸ ਤੋਂ ਕੁਝ ਦਿਨਾਂ ਬਾਅਦ ਪੁਲਸ ਟੀਮਾਂ ਨੇ ਜੱਸਾ ਦੇ ਫਰਾਰ ਸਾਥੀ ਜੋਧਬੀਰ ਸਿੰਘ ਉਰਫ ਜੋਧਾ ਦੇ ਟਿਕਾਣੇ ਤੋਂ 5 ਕਿਲੋ ਹੈਰੋਇਨ ਬਰਾਮਦ ਕੀਤੀ ਸੀ।ਡੀ ਜੀ ਪੀ ਨੇ ਕਾਰਵਾਈ ਦੇ ਵੇਰਵੇ ਸਾਂਝੇ ਕਰਦਿਆਂ ਦੱਸਿਆ ਕਿ ਪੁਲਸ ਨੂੰ ਪੁਖ਼ਤਾ ਜਾਣਕਾਰੀ ਮਿਲੀ ਸੀ ਕਿ ਮੁਲਜ਼ਮ ਗੁਰਪਿੰਦਰ ਅਤੇ ਸਾਜਨ ਅੰਮ੍ਰਿਤਸਰ ਦੇ ਐਸਕਾਰਟ ਹਸਪਤਾਲ ਨੇੜੇ ਬਾਈਪਾਸ ਵਾਲੇ ਇਲਾਕੇ ਵਿੱਚ ਕਿਸੇ ਹੋਰ ਧਿਰ ਨੂੰ ਹੈਰੋਇਨ ਦੀ ਵੱਡੀ ਖੇਪ ਪਹੁੰਚਾਉਣ ਜਾ ਰਹੇ ਹਨ, ਜਿਸ 'ਤੇ ਕਾਰਵਾਈ ਕਰਦਿਆਂ ਸੀ ਆਈ ਅੰਮ੍ਰਿਤਸਰ ਦੀਆਂ ਪੁਲਸ ਟੀਮਾਂ ਨੇ ਪ੍ਰਾਪਤ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਇਲਾਕੇ ਵਿੱਚ ਆਪ੍ਰੇਸ਼ਨ ਚਲਾਇਆ ਅਤੇ ਦੋਵਾਂ ਮੁਲਜ਼ਮਾਂ ਨੂੰ ਉਸ ਵੇਲੇ ਗ੍ਰਿਫ਼ਤਾਰ ਕਰ ਲਿਆ, ਜਦੋਂ ਉਹ ਆਪਣੇ ਮੋਟਰਸਾਈਕਲ 'ਤੇ ਖੇਪ ਦੀ ਡਲਿਵਰੀ ਕਰਨ ਜਾ ਰਹੇ ਸਨ। ਉਨ੍ਹਾਂ ਅੱਗੇ ਕਿਹਾ ਕਿ ਉਕਤ ਮੁਲਜ਼ਮਾਂ ਦੀ ਤਲਾਸ਼ੀ ਦੌਰਾਨ ਪੁਲਸ ਨੂੰ ਉਨ੍ਹਾਂ ਤੋਂ 10 ਕਿਲੋ ਹੈਰੋਇਨ ਅਤੇ 1 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਹੋਈ।ਉਨ੍ਹਾਂ ਕਿਹਾ ਕਿ ਮੁਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮ ਆਪਣੇ ਵਿਦੇਸ਼-ਅਧਾਰਤ ਸੰਚਾਲਕ ਜੱਸਾ ਦੇ ਨਿਰਦੇਸ਼ਾਂ 'ਤੇ ਨਸ਼ਿਆਂ ਦੀ ਖੇਪ ਪਹੁੰਚਾਉਣ ਜਾ ਰਹੇ ਸਨ।ਉਨ੍ਹਾਂ ਕਿਹਾ ਕਿ ਇਸ ਕੇਸ ਵਿੱਚ ਅਗਲੇ-ਪਿਛਲੇ ਸੰਬੰਧਾਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ ਹੈ।ਇਸ ਸਬੰਧੀ ਥਾਣਾ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸ ਐਸ ਓ ਸੀ), ਅੰਮ੍ਰਿਤਸਰ ਵਿਖੇ ਐਫ ਆਈ ਆਰ ਦਰਜ ਕੀਤੀ ਗਈ ਹੈ।

# ਸ਼ੈਰੀ ਕਲਸੀ ਤੇ ਗੁਰਦੀਪ ਰੰਧਾਵਾ ਨੇ ਰਾਵੀ ਦਰਿਆ ਤੋਂ ਪਾਰ ਪਿੰਡਾਂ ਦਾ ਕੀਤਾ ਦੌਰਾ

**ਡੇਰਾ ਬਾਬਾ ਨਾਨਕ/ਬਟਾਲਾ , (ਰਮੇਸ਼ ਸ਼ਰਮਾ, ਤਰਲੋਕ ਬੱਗਾ)** ਹਿੰਦ-ਪਾਕਿ ਸਰਹੱਦ 'ਤੇ ਬਣੇ ਸੰਵੇਦਨਸ਼ੀਲ ਮਾਹੌਲ ਨੂੰ ਮੁੱਖ ਰੱਖਦਿਆਂ ਕਾਰਜਕਾਰੀ ਪ੍ਰਧਾਨ ਆਮ ਆਦਮੀ ਪਾਰਟੀ ਪੰਜਾਬ ਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਅਤੇ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵਲੋਂ ਰਾਵੀ ਦਰਿਆ ਤੋਂ ਪਾਰ ਪਿੰਡ ਘਣੀਏ ਕੇ ਬੇਟ ਅਤੇ ਪਿੰਡ ਗੁਰਚੱਕ ਤੇ ਡਾਲਾ ਦਾ ਦੌਰਾ ਕੀਤਾ ਗਿਆ ਤੇ ਪਿੰਡ ਵਾਸੀਆਂ ਨਾਲ ਗੱਲਬਾਤ ਕਰਕੇ ਸਥਿਤੀ ਦਾ ਜਾਇਜ਼ਾ ਲਿਆ।ਇਸ ਮੌਕੇ ਆਦਿੱਤਿਆ, ਸਹਾਇਕ ਕਮਿਸ਼ਨਰ (ਜ) ਗੁਰਦਾਸਪੁਰ -ਕਮ- ਐਸ ਡੀ ਐਮ ਡੇਰਾ ਬਾਬਾ ਨਾਨਕ, ਚੇਅਰਮੈਨ ਰਣਜੀਤ ਸਿੰਘ ਬਾਠ, ਜੋਗਾ ਸਿੰਘ ਡੀ ਐਸ ਪੀ, ਲਛਮਣ ਸਿੰਘ ਤਹਿਸੀਲਦਾਰ ਸਮੇਤ ਵੱਖ-ਵੱਖ ਅਧਿਕਾਰੀ ਮੌਜੂਦ ਸਨ।ਇਸ ਮੌਕੇ ਗੱਲਬਾਤ ਕਰਦਿਆਂ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਭਾਰਤ-ਪਾਕਿ ਵਿੱਚ ਮੌਜੂਦਾ ਬਣੇ ਹਾਲਤਾਂ ਨੂੰ ਵੇਖਦਿਆਂ ਉਨ੍ਹਾਂ ਵਲੋਂ ਸਰਹੱਦੀ ਪਿੰਡਾਂ ਦਾ ਦੌਰਾ ਕੀਤਾ ਗਿਆ ਹੈ।ਉਨ੍ਹਾਂ ਪਿੰਡ ਵਾਸੀਆਂ ਨਾਲ ਗੱਲ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਲੋਕਾਂ ਦੀ ਸੁਰੱਖਿਆ ਲਈ ਪੁਖਤਾ ਪ੍ਰਬੰਧ ਕੀਤੇ ਗਏ ਅਤੇ ਜਿਲ੍ਹਾ ਪ੍ਰਸ਼ਾਸਨ ਵਲੋਂ ਲੋਕਾਂ ਦੀ ਸਹਾਇਤਾ ਲਈ ਰਾਹਤ ਕੈਂਪ ਬਣਾਏ ਗਏ ਹਨ ਅਤੇ ਪਸ਼ੂਆਂ ਦੇ ਰੱਖ ਰਖਾਅ ਅਤੇ ਚਾਰੇ ਲਈ ਲੋੜੀਂਦੇ ਪਰਬੰਧ ਕੀਤੇ ਗਏ ਹਨ, ਇਸ ਲਈ ਲੋਕ ਕਿਸੇ ਘਬਰਾਹਟ ਵਿੱਚ ਨਾ ਆਉਣ ਤੇ ਸੁਚੇਤ ਰਹਿਣ।ਕਾਰਜਕਾਰੀ ਪੰਜਾਬ ਪ੍ਰਧਾਨ ਸ਼ੈਰੀ ਸ਼ੈਰੀ ਨੇ



ਕਿਹਾ ਕਿ ਸਰਹੱਦੀ ਪਿੰਡਾਂ ਦੇ ਲੋਕਾਂ ਨੇ ਹਮੇਸ਼ਾ ਦੇਸ਼ ਦੀ ਸੁਰੱਖਿਆ ਲਈ ਮੋਹਰੀ ਹੋ ਕੇ ਭੂਮਿਕਾ ਨਿਭਾਈ ਹੈ ਅਤੇ ਭਾਰਤੀ ਫੌਜ ਨਾਲ ਮੋਢੇ ਨਾਲ ਮੋਢਾ ਜੋੜ ਕੇ ਸਹਿਯੋਗ ਕੀਤਾ ਹੈ। ਉਨ੍ਹਾਂ ਪਿੰਡ ਵਾਸੀਆਂ ਦੀ ਹੌਸਲਾ ਅਫਜਾਈ ਕਰਦਿਆਂ ਉਨ੍ਹਾਂ ਨੂੰ ਸਰਕਾਰ ਦੀਆਂ ਸਮੇਂ ਸਮੇਂ 'ਤੇ ਜਾਰੀ ਹੋ ਰਹੀਆਂ ਹਦਾਇਤਾਂ ਦੀ ਇੰਨਬਿੰਨ ਪਾਲਨਾ ਕਰਨ ਦੀ ਅਪੀਲ ਕੀਤੀ। ਇਸ ਮੌਕੇ ਉਨ੍ਹਾਂ ਫੌਜੀ ਜਵਾਨਾਂ ਨਾਲ ਮਿਲ ਕੇ ਮੌਜੂਦਾ ਸਥਿਤੀ ਦੀ ਜਾਣਕਾਰੀ ਲਈ ਅਤੇ ਕਿਹਾ ਕਿ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਉਨ੍ਹਾਂ ਨਾਲ ਡੱਟ ਕੇ ਖੜਾ ਹੋ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਘਬਰਾਉਣ ਨਾ ਅਤੇ ਸਹਿਜ ਵਿੱਚ ਰਹਿੰਦੇ ਹੋਏ ਪ੍ਰਸ਼ਾਸ਼ਨ ਨੂੰ ਅਮਨ ਕਾਨੂੰਨ ਵਿਵਸਥਾ ਕਾਇਮ ਰੱਖਣ ਵਾਸਤੇ ਸਹਿਯੋਗ ਦੇਣ। ਇਸ ਮੌਕੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਸਰਹੱਦੀ ਲੋਕਾਂ ਦੀ ਬਹਾਦਰੀ ਦੀ ਸਰਾਹਨਾ ਕਰਦਿਆਂ ਕਿ ਇਸ ਮੁਸ਼ਕਲ ਦੀ ਘੜੀ ਵਿੱਚ ਆਪਸੀ ਸਹਿਯੋਗ ਨਾਲ ਇਸ ਨਾਲ ਨਜਿੱਠਿਆ ਜਾਵੇਗਾ। ਉਨ੍ਹਾਂ ਕਿਹਾ ਕਿ ਉਹ 24 ਘੰਟੇ ਲੋਕਾਂ ਨਾਲ ਸੰਪਰਕ ਵਿੱਚ ਹਨ ਅਤੇ ਕਿਸੇ ਵੀ ਔਖੀ ਘੜੀ ਵਿੱਚ ਲੋਕਾਂ ਨੂੰ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਆਦਿੱਤਿਆ, ਸਹਾਇਕ ਕਮਿਸ਼ਨਰ (ਜ) ਗੁਰਦਾਸਪੁਰ ਤੇ ਐਸਡੀਐਮ ਡੇਰਾ ਬਾਬਾ ਨਾਨਕ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀਆਂ ਹਦਾਇਤਾਂ ਤਹਿਤ ਜਿਲ੍ਹਾ ਪ੍ਰਸ਼ਾਸਨ ਵਲੋਂ ਕਿਸੇ ਵੀ ਅਣਸੁਖਾਵੀਂ ਘਟਨਾ ਨਾਲ ਨਿਪਟਣ ਲਈ ਪਰਬੰਧ ਕੀਤੇ ਗਏ ਹਨ ਅਤੇ ਸਮੂਹ ਵਿਭਾਗਾਂ ਨੂੰ ਦਿਸ਼ਾ ਨਿਰਦੇਸ਼ ਦਿੱਤੇ ਜਾ ਚੁੱਕੇ ਹਨ। ਉਨ੍ਹਾਂ ਜਿਲ੍ਹਾ ਨਿਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਸੋਸ਼ਲ ਮੀਡੀਆ 'ਤੇ ਫੈਲਣ ਵਾਲੀਆਂ ਗੁੰਮਰਾਹਕੁੰਨ ਅਫਵਾਹਾਂ ਤੋਂ ਪੂਰੀ ਤਰ੍ਹਾਂ ਸੁਚੇਤ ਰਹਿਣ।ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਰਕਾਰ ਵੱਲੋਂ ਸਮੇਂ ਸਮੇਂ ਉੱਤੇ ਲੋਕ ਹਿੱਤ ਵਿੱਚ ਜਾਰੀ ਹੋਣ ਵਾਲੀ ਅਡਵਾਈਜ਼ਰੀ ਦੀ ਇੰਨ ਬਿੰਨ ਪਾਲਣਾ ਕਰਨ ਨੂੰ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਜੇਕਰ ਕੋਈ ਸ਼ਰਾਰਤੀ ਅਨਸਰ ਅਫਵਾਹ ਫੈਲਾਉਂਦਾ ਪਾਇਆ ਗਿਆ ਤਾਂ ਉਸ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮੌਜੂਦਾ ਹਾਲਾਤ ਨੂੰ ਦੇਖਦੇ ਹੋਏ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਗੁਰਦਾਸਪੁਰ ਵਿਖੇ ਇੱਕ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਸਥਾਪਿਤ ਕੀਤਾ ਗਿਆ ਹੈ ਜਿਸ ਦਾ ਨੰਬਰ 01874-266376 ਜਿਲ੍ਹਾ ਵਾਸੀਆਂ ਲਈ ਜਾਰੀ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਕੰਟਰੋਲ ਰੂਮ ਰਾਊਂਡ ਦੀ ਕਲਾਕ ਚੱਲ ਰਿਹਾ ਹੈ ਅਤੇ ਲੋੜ ਪੈਣ 'ਤੇ ਜ਼ਿਲ੍ਹਾ ਵਾਸੀ ਇਸ ਨੰਬਰ 'ਤੇ ਸੰਪਰਕ ਕਰ ਸਕਦੇ ਹਨ।

# ਡਿਪਟੀ ਕਮਿਸ਼ਨਰ ਵੱਲੋਂ ਜ਼ਿਲ੍ਹਾ ਅਧਿਕਾਰੀਆਂ ਨਾਲ ਕੋਆਰਡੀਨੇਸ਼ਨ ਮੀਟਿੰਗ

## ● ਜ਼ਿਲ੍ਹੇ ਵਿੱਚ ਤੇਲ, ਰਾਸ਼ਨ, ਰਸੋਈ ਗੈਸ ਦੀ ਕੋਈ ਘਾਟ ਨਹੀਂ

**ਗੁਰਦਾਸਪੁਰ (ਜਨਕ ਮਹਾਜਨ)**- ਹਿੰਦ-ਪਾਕਿ ਸਰਹੱਦ 'ਤੇ ਬਣੇ ਸੰਵੇਦਨਸ਼ੀਲ ਮਾਹੌਲ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਗੁਰਦਾਸਪੁਰ ਦਲਵਿੰਦਰਜੀਤ ਸਿੰਘ ਵੱਲੋਂ ਜ਼ਿਲ੍ਹਾ ਅਧਿਕਾਰੀਆਂ ਨਾਲ ਕੋਆਰਡੀਨੇਸ਼ਨ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਐੱਸ. ਐੱਸ.ਪੀ. ਗੁਰਦਾਸਪੁਰ ਸ੍ਰੀ ਆਦਿੱਤਯ, ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਹਰਜਿੰਦਰ ਸਿੰਘ ਬੇਦੀ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਗੁਰਪ੍ਰੀਤ ਸਿੰਘ ਗਿੱਲ,



ਐੱਸ.ਡੀ.ਐੱਮ. ਦੀਨਾਨਗਰ ਜਸਪਿੰਦਰ ਸਿੰਘ ਭੁੱਲਰ, ਐੱਸ.ਡੀ.ਐੱਮ. ਗੁਰਦਾਸਪੁਰ ਮਨਜੀਤ ਸਿੰਘ ਰਾਜਲਾ, ਐੱਸ.ਡੀ.ਐੱਮ. ਕਲਾਨੌਰ ਜਯੋਤਸਨਾ ਸਿੰਘ ਅਤੇ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਹਾਜ਼ਰ ਸਨ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ ਹੈ ਅਤੇ ਲੋਕਾਂ ਨੂੰ ਘਬਰਾਉਣ ਦੀ ਕੋਈ ਲੋੜ ਨਹੀਂ। ਉਨ੍ਹਾਂ ਕਿਹਾ ਕਿ ਮੌਜੂਦਾ ਹਾਲਾਤ ਨੂੰ ਦੇਖਦੇ ਹੋਏ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਗੁਰਦਾਸਪੁਰ ਵਿਖੇ ਇੱਕ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ ਜਿਸ ਦਾ ਨੰਬਰ 01874-266376 ਜਨਤਾ ਲਈ ਜਾਰੀ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਕੰਟਰੋਲ ਰੂਮ ਰਾਊਂਡ ਦੀ ਕਲਾਕ ਚੱਲ ਰਿਹਾ ਹੈ ਅਤੇ ਲੋੜ ਪੈਣ 'ਤੇ ਜ਼ਿਲ੍ਹਾ ਵਾਸੀ ਇਸ ਨੰਬਰ 'ਤੇ ਸੰਪਰਕ ਕਰ ਸਕਦੇ ਹਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਹਰ ਤਰ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਤਿਆਰ ਹੈ। ਉਨ੍ਹਾਂ ਨੇ ਇਸ ਤਣਾਅ ਦੌਰਾਨ ਪੈਟਰੋਲ ਪੰਪਾਂ, ਕਰਿਆਨੇ ਦੀਆਂ ਦੁਕਾਨਾਂ ਅਤੇ ਏ ਟੀ ਐਮ ਉੱਪਰ ਲੱਗੀਆਂ ਲੋਕਾਂ ਦੀਆਂ ਲਾਈਨਾਂ ਦਾ ਨੋਟਿਸ ਲੈਂਦਿਆਂ ਕਿਹਾ ਕਿ ਜ਼ਿਲ੍ਹੇ ਵਿੱਚ ਜ਼ਰੂਰੀ ਵਸਤਾਂ, ਜਿਨ੍ਹਾਂ ਵਿੱਚ ਤੇਲ, ਰਸੋਈ ਗੈਸ, ਦਵਾਈਆਂ ਅਤੇ ਰਾਸ਼ਨ ਦੀ ਕੋਈ ਘਾਟ ਨਹੀਂ ਹੈ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਸੋਸ਼ਲ ਮੀਡੀਆ ਜ਼ਰੀਏ ਫੈਲਾਈਆਂ ਜਾ ਰਹੀਆਂ ਅਫ਼ਵਾਹਾਂ ਅਤੇ ਦਿੱਤੀਆਂ ਜਾ ਰਹੀਆਂ ਗੈਰ ਜ਼ਰੂਰੀ ਸਲਾਹਾਂ ਉੱਤੇ ਅਮਲ ਨਾ ਕਰਨ। ਉਨ੍ਹਾਂ ਕਿਹਾ ਕਿ ਹਰੇਕ ਸੂਚਨਾ, ਖ਼ਬਰ ਜਾਂ ਸਲਾਹ ਦੀ ਪੁਸ਼ਟੀ ਕਰਕੇ ਉਸ ਉੱਤੇ ਅਮਲ ਕੀਤਾ ਜਾਵੇ ਅਤੇ ਉਸ ਨੂੰ ਤਾਂ ਹੀ ਅੱਗੇ ਸ਼ੇਅਰ ਕੀਤਾ ਜਾਵੇ।

# ਅਮਰ ਸ਼ਹੀਦ ਚੌਧਰੀ ਬਲਵੀਰ ਸਿੰਘ ਦਾ 40ਵਾਂ ਬਲੀਦਾਨ ਦਿਵਸ ਪੋਸਟਪੋਨ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਅਮਰ ਸ਼ਹੀਦ ਚੌਧਰੀ ਬਲਬੀਰ ਸਿੰਘ ਦਾ 40ਵਾਂ ਬਲਿਦਾਨ ਦਿਵਸ ਸੈਣੀ ਭਵਨ ਨੇੜੇ ਗੰਜਾ ਸਕੂਲ ਵਿੱਚ 10 ਮਈ ਨੂੰ ਸਵੇਰੇ 10:00 ਵਜੇ ਮਨਾਇਆ ਜਾਣਾ ਸੀ, ਪਰੰਤੂ ਭਾਰਤ ਅਤੇ ਪਾਕਿਸਤਾਨ ਦੇ ਵਿਗੜੇ ਹੋਏ ਹਲਾਤਾਂ ਕਰਕੇ ਇਹ ਪ੍ਰੋਗਰਾਮ ਕੈਂਸਲ ਕੀਤਾ ਜਾਂਦਾ ਹੈ ਅਤੇ ਦੋਬਾਰਾ ਹਲਾਤ ਠੀਕ ਹੋਣ ਤੇ ਸੂਚਨਾਂ ਦੇ ਦਿੱਤੀ ਜਾਵੇਗੀ। ਇਸ ਮੀਟਿੰਗ ਵਿੱਚ ਸੰਦੀਪ ਸੈਣੀ, ਪ੍ਰੇਮ ਸੈਣੀ, ਹਰਿੰਦਰ ਸੈਣੀ ਬਿੱਟੂ, ਗੁਰਕਿਰਪਾਲ ਸਿੰਘ ਪਾਲੀ ਸੈਣੀ, ਪ੍ਰਭਜੋਤ ਸਿੰਘ ਸੈਣੀ, ਭੁਪਿੰਦਰ ਸੈਣੀ, ਹਰੀ ਸੈਣੀ, ਸੁਰਿੰਦਰ ਪਾਲ ਕੌਰ ਸੈਣੀ, ਐਸ ਕੇ ਸੈਣੀ, ਐਚ.ਐਸ. ਸੈਣੀ ਆਰਕੀਟੈਕਟ, ਪਿਆਰਾ ਲਾਲ ਸੈਣੀ, ਮੰਗਤ ਰਾਮ ਸੈਣੀ, ਨਿਰਮਲ ਸਿੰਘ ਸੈਣੀ, ਸੂਰਤ ਸਿੰਘ ਸੈਣੀ ਆਦਿ ਸ਼ਾਮਲ ਹੋਏ।

# 20 ਦੀ ਦੇਸ਼ ਵਿਆਪੀ ਹੜਤਾਲ ਲਈ ਟਰੇਡ ਯੂਨੀਅਨ ਤੇ ਜਨਤਕ ਜਥੇਬੰਦੀਆਂ ਦੇ ਆਗੂ ਪੱਬਾਂ ਭਾਰ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਸੀਟੂ,ਏਟਕ, ਕਿਸਾਨ ਜਥੇਬੰਦੀਆਂ ,ਖੇਤ ਮਜ਼ਦੂਰ ਜਥੇਬੰਦੀਆਂ ਅਤੇ ਪੈਨਸ਼ਨਰਾਂ ਦੀ ਸਾਂਝੀ ਮੀਟਿੰਗ ਖੇਤ ਮਜ਼ਦੂਰ ਆਗੂ ਕਾਮਰੇਡ ਨਿਰੰਜਣ ਦਾਸ ਮੇਹਲੀ ਦੀ ਪ੍ਰਧਾਨਗੀ ਹੇਠ ਦੇਸ਼ ਭਗਤ ਹੁਕਮਾਂ ਸਿੰਘ ਘੱਕੇਵਾਲ ਭਵਨ ਨਵਾਂਸ਼ਹਿਰ ਵਿਖੇ ਹੋਈ।ਸਭ ਤੋਂ ਪਹਿਲਾਂ ਆਗੂਆਂ ਵੱਲੋਂ ਪਹਿਲਗਾਮ ਦੇ ਅੱਤਵਾਦੀਆਂ ਹੱਥੋਂ ਸ਼ਹੀਦ ਹੋਏ ਸੈਲਾਨੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਪ੍ਰੈਸ ਨੂੰ ਜਾਣਕਾਰੀ ਦਿੰਦੇ ਉੱਘੇ ਟਰੇਡ ਯੂਨੀਅਨ ਆਗੂ ਪ੍ਰੇਮ ਰੱਕੜ ਨੇ ਦੱਸਿਆ ਕਿ ਸੀਟੂ ਪੰਜਾਬ ਦੇ ਪ੍ਰਧਾਨ ਸਾਥੀ ਮਹਾਂ ਸਿੰਘ ਰੌੜੀ ਨੇ ਦੇਸ਼ ਦੀਆਂ 10 ਟਰੇਡ ਯੂਨੀਅਨਾਂ, ਮੁਲਾਜ਼ਮ ਫੈਡਰੇਸ਼ਨਾਂ ਵੱਲੋਂ 20 ਮਈ ਨੂੰ ਦਿੱਤੇ ਹੜਤਾਲ ਦੇ ਸੱਦੇ ਨੂੰ ਸਫਲ ਕਰਨ ਲਈ ਮੀਟਿੰਗ ਵਿੱਚ ਪ੍ਰਸਤਾਵ ਰੱਖਿਆ। ਵੱਖ ਵੱਖ ਆਗੂਆਂ ਨੇ ਪ੍ਰਸਤਾਵ ਤੇ ਆਪਣੇ ਵਿਚਾਰ ਪੇਸ਼ ਕਰਦਿਆਂ 20 ਮਈ ਦੀ ਦੇਸ਼ ਵਿਆਪੀ ਹੜਤਾਲ ਦੀ ਸਫਲਤਾ ਲਈ ਜ਼ਿਲ੍ਹੇ ਅੰਦਰ ਜ਼ੋਰਦਾਰ ਮੁਹਿੰਮ ਆਰੰਭ ਕਰਨ ਤੇ ਜ਼ੋਰ ਦਿੱਤਾ। ਸ਼ਾਮਲ ਆਗੂਆਂ ਦੇ ਵਿਚਾਰ ਸੁਣਨ ਉਪਰੰਤ ਫੈਸਲਾ ਕੀਤਾ ਗਿਆ ਕਿ ਦੇਸ਼ ਵਿਆਪੀ ਹੜਤਾਲ ਦੀ ਤਿਆਰੀ ਵਜੋਂ 13 ਮਈ ਨੂੰ 11 ਵਜੇ ਜ਼ਿਲ੍ਹੇ ਅੰਦਰ ਕੰਮ ਕਰਦੀਆਂ ਟਰੇਡ ਯੂਨੀਅਨਾਂ, ਮੁਲਾਜ਼ਮ ਫੈਡਰੇਸ਼ਨਾਂ, ਯੂਨੀਅਨਾਂ, ਆਂਗਣਵਾੜੀ ਮੁਲਾਜ਼ਮਾਂ,ਮਿਡ ਡੇ ਮੀਲ ਕੁੱਕ ਵਰਕਰਾਂ, ਆਸ਼ਾ ਵਰਕਰਾਂ, ਮਨਰੇਗਾ ਮਜ਼ਦੂਰਾਂ, ਕਿਸਾਨ ਜਥੇਬੰਦੀਆਂ ਅਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਨੁਮਾਇੰਦਿਆਂ ਦੀ ਸਾਂਝੀ ਜਨਤਕ ਮੀਟਿੰਗ ਕੀਤੀ ਜਾਵੇ। ਹੜਤਾਲ ਦਾ ਸੁਨੇਹਾ ਹਰ ਸਨਅਤੀ ਅਦਾਰੇ, ਸਕੂਲਾਂ,ਦਫ਼ਤਰਾਂ, ਆਂਗਣਵਾੜੀ ਸੈਂਟਰਾਂ, ਮਨਰੇਗਾ ਮਜ਼ਦੂਰਾਂ ਦੇ ਕੰਮ ਸਥਾਨਾਂ ਤਕ ਪਹੁੰਚਾਇਆ ਜਾਵੇ। ਹੜਤਾਲ ਦੀ ਹਮਾਇਤ ਲਈ ਕਿਸਾਨਾਂ, ਖੇਤ ਮਜ਼ਦੂਰਾਂ , ਦਸਤਕਾਰਾਂ, ਛੋਟੇ ਦੁਕਾਨਦਾਰਾਂ ਤੱਕ ਪਹੁੰਚ ਕੀਤੀ ਜਾਵੇ । ਮੀਟਿੰਗ ਵਿੱਚ ਸਰਵਸਾਥੀ ਮਹਾਂ ਸਿੰਘ ਰੌੜੀ,ਜਸਵੰਤ ਸਿੰਘ ਸੈਣੀ, ਚਰਨਜੀਤ ਸਿੰਘ ਦੌਲਤਪੁਰ,ਕੁਲਦੀਪ ਸਿੰਘ ਦੌੜਕਾਂ, ਸਤਨਾਮ ਸਿੰਘ ਗੁਲਾਟੀ,ਕੁਲਦੀਪ ਝਿੰਗੜ, ਹਰਪਾਲ ਸਿੰਘ , ਸਤਨਾਮ ਸਿੰਘ ਜਾਨੀਵਾਲ, ਅਤੁਲ ਕੁਮਾਰ ਸਵਰਾਜ ਮਾਜ਼ਦਾ, ਗੁਰਦਿਆਲ ਸਿੰਘ,ਚਰਨ ਦਾਸ ਪੈਨਸ਼ਨਰਜ਼ ਯੂਨੀਅਨ, ਜਰਨੈਲ ਸਿੰਘ ਰਾਣੇਵਾਲ, ਲਖਵਿੰਦਰ ਕੌਰ ਆਂਗਣਵਾੜੀ ਮੁਲਾਜ਼ਮ ਆਗੂ ਨੇ ਵਿਚਾਰ ਪੇਸ਼ ਕੀਤੇ।



# ਰਾਮਗੜ੍ਹੀਆ ਸਭਾ ਦੇ ਸਾਬਕਾ ਪ੍ਰਧਾਨ ਦੀ ਪਤਨੀ ਦਾ ਕੀਤਾ ਸਸਕਾਰ



**ਐੱਸ ਏ ਐੱਸ ਨਗਰ (ਗੁਰਜੀਤ ਬਿੱਲਾ)** ਰਾਮਗੜ੍ਹੀਆ ਸਭਾ ਮੋਹਾਲੀ ਦੇ ਸਾਬਕਾ ਪ੍ਰਧਾਨ, ਦਸ਼ਮੇਸ਼ ਵੈਲਫੇਅਰ ਕੌਂਸਲ ਮੋਹਾਲੀ ਦੇ ਪ੍ਰਧਾਨ ਅਤੇ ਗੁਰਦੁਆਰਾ ਤਾਲਮੇਲ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਮਨਜੀਤ ਸਿੰਘ ਮਾਨ ਦੀ ਪਤਨੀ ਬੀਬੀ ਕੁਲਬੀਰ ਕੌਰ ਜੋ 8 ਮਈ ਨੂੰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ, ਉਨਾਂ ਦਾ ਅੰਤਿਮ ਸਸਕਾਰ ਦੁਪਿਹਰ 12 ਵਜੇ ਮੋਹਾਲੀ ਦੇ ਸ਼ਮਸ਼ਾਨ ਘਾਟ (ਨੇੜੇ ਬਲੌਂਗੀ) ਵਿਖੇ ਹੋਇਆ। ਇਸ ਮੌਕੇ ਵੱਡੀ ਗਿਣਤੀ ਵਿੱਚ ਪਤਵੰਤੇ ਸੱਜਣ ਹਾਜਰ ਹੋਏ, ਜਿੰਨ੍ਹਾਂ ਵਿੱਚ ਰਾਮਗੜ੍ਹੀਆ ਸਭਾ ਮੁਹਾਲੀ ਦੇ ਪ੍ਰਧਾਨ ਸੂਰਤ ਸਿੰਘ ਕਲਸੀ, ਬਿਕਰਮਜੀਤ ਸਿੰਘ ਹੂੰਝਣ ਜਨਰਲ ਸਕੱਤਰ, ਸਾਬਕਾ ਪ੍ਰਧਾਨ ਦਰਸ਼ਨ ਸਿੰਘ ਕਲਸੀ, ਜਸਵੰਤ ਸਿੰਘ ਭੁੱਲਰ, ਨਿਰਮਲ ਸਿੰਘ ਸੱਭਰਵਾਲ, ਕਰਮ ਸਿੰਘ ਬਬਰਾ, ਦੀ ਭਾਈ ਲਾਲੋ ਕੋਆਪਰੇਟਿਵ ਸੋਸਾਇਟੀ ਮੁਹਾਲੀ ਦੇ ਪ੍ਰਧਾਨ ਪਰਦੀਪ ਸਿੰਘ ਭਾਰਜ, ਜਨਰਲ ਸਕੱਤਰ ਬਿਕਰਮਜੀਤ ਸਿੰਘ ਹੂੰਝਣ, ਪ੍ਰਾਈਵੇਟ ਕੰਸ਼ਟ੍ਰਕਸ਼ਨ ਲੇਬਰ ਕੰਟਰੇਕਟਰਜ਼ ਯੂਨੀਅਨ ਦੇ ਪ੍ਰਧਾਨ ਦੀਦਾਰ ਸਿੰਘ ਕਲਸੀ, ਸਲਾਹਕਾਰ ਨਰਿੰਦਰ ਸਿੰਘ ਸੰਧੂ ਤੋਂ ਇਲਾਵਾ ਕਈ ਰਾਜਨੀਤਿਕ ਅਤੇ ਧਾਰਮਿਕ ਸਖਸ਼ੀਅਤਾਂ ਬਲਬੀਰ ਸਿੰਘ ਸਿੱਧੂ ਸਾਬਕਾ ਸਿਹਤ ਮੰਤਰੀ, ਪ੍ਰੋ: ਪ੍ਰੇਮ ਸਿੰਘ ਚੰਦੂਮਾਜਰਾ ਸਾਬਕਾ ਮੈਂਬਰ ਪਾਰਲੀਮੈਂਟ, ਸੁਖਵਿੰਦਰ ਸਿੰਘ ਚੰਦੂਮਾਜਰਾ, ਅਮਰਜੀਤ ਸਿੰਘ ਸਿੱਧੂ ਮੇਅਰ ਮੋਹਾਲੀ, ਸ ਕੁਲਜੀਤ ਸਿੰਘ ਬੇਦੀ ਡਿਪਟੀ ਮੇਅਰ, ਸੀਨੀਅਰ ਬੀ ਜੇ ਪੀ ਲੀਡਰ ਸੰਜੀਵ ਵਸ਼ੀਸ਼ਟ, ਪਰਮਿੰਦਰ ਸਿੰਘ ਸੋਹਾਣਾ ਸੀਨੀਅਰ ਅਕਾਲੀ ਲੀਡਰ, ਸ਼ਮਸ਼ੇਰ ਪੁਰਖਾਲਵੀ, ਰਮਨਦੀਪ ਸਿੰਘ ਬਾਵਾ, ਸਾਬਕਾ ਕੌਂਸਲਰ ਪਰਮਜੀਤ ਸਿੰਘ ਕਾਹਲੋਂ, ਕੰਵਲਜੀਤ ਸਿੰਘ ਰੂਬੀ, ਗੁਰਮੁੱਖ ਸਿੰਘ ਸੋਹਲ, ਰਜਿੰਦਰ ਸਿੰਘ ਰਾਜਾ, ਰਾਜਾ ਕੰਵਰਜੋਤ ਸਿੰਘ ਗੁਰਦੁਆਰਾ ਤਾਲਮੇਲ ਕੇਮਟੀ ਦੇ ਪ੍ਰਧਾਨ ਜੋਗਿੰਦਰ ਸਿੰਘ ਸੌਂਧੀ, ਮੁਹਾਲੀ ਦੇ ਵੱਖ ਵੱਖ ਗੁਰਦੁਆਰਾ ਸਾਹਿਬਾਨਾਂ ਦੇ ਪ੍ਰਧਾਨ ਅਮਰਜੀਤ ਸਿੰਘ ਪਾਹਵਾ, ਸੁਰਜੀਤ ਸਿੰਘ ਮਠਾੜੂ, ਬਲਵਿੰਦਰ ਸਿੰਘ, ਹਰਜੀਤ ਸਿੰਘ, ਜਗਦੀਸ਼ ਸਿੰਘ, ਹਰਜੀਤ ਸਿੰਘ, ਇੰਦਰਜੀਤ ਸਿੰਘ, ਸਰਬਜੀਤ ਸਿੰਘ ਬਾਜਵਾ, ਹਰਦੀਪ ਸਿੰਘ , ਮਨਜੀਤ ਸਿੰਘ, ਰਾਮਗੜ੍ਹੀਆ ਸਭਾ ਮੋਹਾਲੀ ਦੇ ਪ੍ਰਬੰਧਕ ਕਮੇਟੀ ਮੈਂਬਰ ਗੁਰਚਰਨ ਸਿੰਘ ਨੰਨੜ੍ਹਾ, ਮੇਜਰ ਸਿੰਘ ਭੁੱਲਰ, ਬਲਵਿੰਦਰ ਸਿੰਘ ਹੂੰਝਣ, ਪਰਮਜੀਤ ਸਿੰਘ ਖੁਰਲ, ਜਸਪਾਲ ਸਿੰਘ ਵਿਰਕ, ਭੁਪਿੰਦਰ ਸਿੰਘ ਚਾਨ੍ਹੇ, ਤੇਜਿੰਦਰ ਸਿੰਘ ਸੱਭਰਵਾਲ, ਮੋਹਨ ਸਿੰਘ ਸਭੱਰਵਾਲ, ਤਰਸੇਮ ਸਿੰਘ ਖੋਖਰ, ਕੁਲਵਿੰਦਰ ਸਿੰਘ ਸੋਖੀ, ਸੁਖਵਿੰਦਰ ਸਿੰਘ ਠੇਠੀ, ਕੰਵਰਦੀਪ ਸਿੰਘ ਮਣਕੂ, ਸੁਰਿੰਦਰ ਸਿੰਘ ਜੰਡੂ, ਭੁਪਿੰਦਰ ਸਿੰਘ ਮੁੱਧੜ, ਨਰਾਇਣ ਸਿੰਘ ਭੁੱਲਰ, ਜਸਵਿੰਦਰਪਾਲ ਸਿੰਘ ਭੰਮਰਾ, ਜਸਪਾਲ ਸਿੰਘ ਅਤੇ ਸੋਖੀ ਟਿੰਬਰ ਤੋਂ ਜਸਵਿੰਦਰ ਸਿੰਘ ਸੋਖੀ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਸਕੂਲ ਚੰਡੀਗੜ੍ਹ ਦੇ ਚੈਅਰਮੇਨ ਬਲਦੇਵ ਸਿੰਘ ਕਲਸੀ, ਸਤਨਾਮ ਸਿੰਘ, ਅਮਰਜੀਤ ਸਿੰਘ ਵਿਰਦੀ, ਜਸਵਿੰਦਰ ਸਿੰਘ ਫੂਲ ਤੋਂ ਇਲਾਵਾ ਕਈ ਪਤਵੰਤੇ ਸੱਜਣਾਂ ਨੇ ਹਾਜਰ ਹੋ ਕੇ ਇਸ ਦੁੱਖ ਦੀ ਘੜੀ ਵਿੱਚ ਪਰਵਾਰ ਦਾ ਸਾਥ ਦਿੱਤਾ।ਇਹ ਜਾਣਕਾਰੀ ਰਾਮਗੜ੍ਹੀਆ ਸਭਾ ਮੋਹਾਲੀ ਦੇ ਜਨਰਲ ਸਕੱਤਰ ਬਿਕਰਮਜੀਤ ਸਿੰਘ ਹੂੰਝਣ ਵਲੋਂ ਦਿੱਤੀ ਗਈ।

10-May-PAGE-4.qxd 5/9/2025 7:54 PM Page 1

ਨਵਾਂ ਜ਼ਮਾਨਾ
ਸ਼ਨੀਵਾਰ, 10 ਮਈ 2025

# ਅਮਨ ਦੀ ਆਵਾਜ਼

ਪਾਕਿਸਤਾਨ ਵਿੱਚ ਦਹਿਸ਼ਤਗਰਦਾਂ ਦੇ ਟਿਕਾਣਿਆਂ ’ਤੇ ਭਾਰਤੀ ਹਮਲੇ ਤੋਂ ਬਾਅਦ ਜਸ਼ਨ ਦਾ ਅਜੀਬ ਮਾਹੌਲ ਸਿਰਜਿਆ ਗਿਆ। ਇਸ ਨੂੰ ਇੰਜ ਪੇਸ਼ ਕੀਤਾ ਗਿਆ, ਜਿਵੇਂ ਭਾਰਤੀ ਫੌਜ ਨੇ ਸਮੁੱਚੇ ਪਾਕਿਸਤਾਨ ’ਤੇ ਹਮਲਾ ਕਰਕੇ ਜਿੱਤ ਹਾਸਲ ਕਰ ਲਈ ਹੈ। ਇਸ ਜੰਗੀ ਰੌਲੇ ਤੇ ਦੋਹਾਂ ਪਾਸਿਓਂ ਤੇਜ਼ ਹੋ ਰਹੇ ਹਮਲਿਆਂ ਨੇ ਉਨ੍ਹਾਂ ਪੀੜਤ ਨਾਗਰਿਕਾਂ ਦੀਆਂ ਚੀਕਾਂ ਨੂੰ ਦਬਾ ਦਿੱਤਾ ਹੈ, ਜਿਹੜੇ ਪੂਰੀ ਤਰ੍ਹਾਂ ਬੇਕਸੂਰ ਹੋਣ ਦੇ ਬਾਵਜੂਦ ਇਨ੍ਹਾਂ ਹਮਲਿਆਂ ਦਾ ਸ਼ਿਕਾਰ ਹੋ ਰਹੇ ਹਨ, ਫਿਰ ਚਾਹੇ ਉਹ ਸਰਹੱਦ ਦੇ ਇਸ ਪਾਸੇ ਦੇ ਹੋਣ ਜਾਂ ਉਸ ਪਾਸੇ ਦੇ। ਚੱਲ ਰਹੀ ਜੰਗ ਵਿੱਚ ਇਹ ਤਾਂ ਹੋ ਨਹੀਂ ਸਕਦਾ ਕਿ ਸਿਰਫ ਇੱਕ ਪਾਸੇ ਦੇ ਨਾਗਰਿਕਾਂ ਦਾ ਹੀ ਨੁਕਸਾਨ ਹੋ ਰਿਹਾ ਹੋਵੇ। ਜੰਗ ਦੀ ਸਚਾਈ ਕਾਫੀ ਦੇਰ ਬਾਅਦ ਆਮ ਲੋਕਾਂ ਨੂੰ ਪਤਾ ਲਗਦੀ ਹੈ। ਉਦੋਂ ਤੱਕ ਦੋਹੀਂ ਪਾਸੀਂ ਕਾਫੀ ਬਰਬਾਦੀ ਹੋ ਚੁੱਕੀ ਹੁੰਦੀ ਹੈ। ਕਿਸੇ ਵੀ ਜੰਗ ਦੀ ਇਹੀ ਸਚਾਈ ਹੈ।

ਉਂਜ, ਲੋਕਾਂ ਲਈ ਨਹੀਂ, ਪਰ ਸਰਕਾਰਾਂ ਦੇ ਮਾਮਲੇ ਵਿੱਚ ਦੇਖਿਆ ਜਾਵੇ ਤਾਂ ਇਹ ਜੰਗ ਦੋਹਾਂ ਪਾਸਿਆਂ ਦੇ ਹੁਕਮਰਾਨਾਂ ਲਈ ਫਾਇਦੇਮੰਦ ਹੈ। ਪਾਕਿਸਤਾਨ ਦੀ ਸਰਕਾਰ ਉੱਥੋਂ ਦੇ ਨਾਗਰਿਕਾਂ ਦੀ ਨਹੀਂ ਤੇ ਉੱਥੇ ਫੌਜ ਦਾ ਹੀ ਅਸਲ ਕੰਟਰੋਲ ਹੈ। ਪਾਕਿਸਤਾਨ ਫੌਜ ਨੇ ਆਪਣੇ ਖਿਲਾਫ ਉੱਠ ਰਹੇ ਲੋਕ ਰੋਹ ਨੂੰ ਖੁੰਢਾ ਕਰਨ ਲਈ ਭਾਰਤੀ ਹਮਲਿਆਂ ਦਾ ਜ਼ੋਰਦਾਰ ਜਵਾਬ ਦੇਣ ਦਾ ਐਲਾਨ ਕਰਕੇ ਪਾਕਿਸਤਾਨੀਆਂ ਵਿੱਚ ਜੰਗੀ ਜਨੂੰਨ ਭੜਕਾਉਣ ਦੀ ਕੋਸ਼ਿਸ਼ ਕੀਤੀ ਹੈ। ਇਧਰ ਵੀ ਕੇਂਦਰ ਵਿੱਚ ਹੁਕਮਰਾਨ ਭਾਜਪਾ ਸਰਕਾਰ ਤੇ ਪੂਰਾ ਸੰਘੀ ਲਾਣਾ ਇਸ ਮੌਕੇ ਦੀ ਵਰਤੋਂ ਪਾਕਿਸਤਾਨ ਖਿਲਾਫ ਆਮ ਭਾਰਤੀਆਂ ਵਿੱਚ ਜੰਗੀ ਜਨੂੰਨ ਭੜਕਾਉਣ, ਆਮ ਮੁਸਲਮਾਨਾਂ ਖਿਲਾਫ ਨਫਰਤ ਫੈਲਾਉਣ ਤੇ ਕੁਲ ਮਿਲਾ ਕੇ ਦੇਸ਼ ਵਿੱਚ ਫਿਰਕੂ ਸਫਬੰਦੀ ਕਰਨ ਵਿੱਚ ਕੋਈ ਕਸਰ ਨਹੀਂ ਛੱਡ ਰਹੇ। ਦਹਿਸ਼ਤਗਰਦੀ ਵਰਗੇ ਗੰਭੀਰ ਮੁੱਦਿਆਂ ਨਾਲ ਨਜਿੱਠਣਾ ਤਾਂ ਇੱਕ ਵੱਖਰਾ ਮਾਮਲਾ ਹੈ, ਫਿਲਹਾਲ ਇਨ੍ਹਾਂ ਦੀ ਨਜ਼ਰ ਬਿਹਾਰ ਤੇ ਹੋਰਨਾਂ ਰਾਜਾਂ ਦੀਆਂ ਅਸੈਂਬਲੀ ਚੋਣਾਂ ’ਤੇ ਟਿਕੀਆਂ ਹੋਈਆਂ ਹਨ ਤਾਂ ਕਿ ‘ਰਾਸ਼ਟਰਵਾਦ’ ਦੇ ਨਾਂਅ ’ਤੇ ਵੋਟਾਂ ਦੀ ਫਸਲ ਕੱਟੀ ਜਾ ਸਕੇ। ਜਦੋਂ ਕਹਿਣ ਨੂੰ ਕੋਈ ਉਪਲੱਬਧੀ ਨਾ ਹੋਵੇ, ਆਮ ਲੋਕਾਂ ਦੇ ਅਸਲ ਮੁੱਦਿਆਂ ਨੂੰ ਹੱਲ ਕਰਨ ਦਾ ਮਾਦਾ ਨਾ ਹੋਵੇ, ਉਦੋਂ ਇਹ ‘ਰਾਸ਼ਟਰਵਾਦ’ ਹੀ ਵੱਡੇ ਕੰਮ ਆਉਂਦਾ ਹੈ ਅਤੇ ਸਿਆਸਤ ਦੇ ਚੰਗੇ ਤੋਂ ਚੰਗੇ ਖਿਡਾਰੀਆਂ ਨੂੰ ਧੂੜ ਚਟਾ ਦਿੰਦਾ ਹੈ। ਸੰਘੀ ਲਾਣਾ ਇਸ ਕੰਮ ਵਿੱਚ ਮਾਹਰ ਹੈ।

ਇਨ੍ਹਾਂ ਪ੍ਰਸਥਿਤੀਆਂ ਵਿੱਚ ਲੋਕਾਂ ਨੂੰ ਸਮਝਣਾ ਪਵੇਗਾ ਕਿ ਅਮਨ ਦਾ ਕੋਈ ਬਦਲ ਨਹੀਂ ਅਤੇ ਜੰਗ ਕਿਸੇ ਸਮੱਸਿਆ ਦਾ ਹੱਲ ਨਹੀਂ ਹੈ। ਧਰਮ, ਜਾਤ ਤੇ ਰਾਸ਼ਟਰਵਾਦ ਵਰਗੇ ਨਸ਼ੀਲੇ ਮੁੱਦਿਆਂ ਤੋਂ ਬਾਹਰ ਆ ਕੇ ਉਨ੍ਹਾਂ ਇਨਸਾਨੀ ਜ਼ਿੰਦਗੀਆਂ ਬਾਰੇ ਸੋਚਣ ਦੀ ਲੋੜ ਹੈ, ਜਿਹੜੀਆਂ ਜੰਗ ਦੀ ਕੋਈ ਧਿਰ ਨਹੀਂ ਹੁੰਦੀਆਂ, ਪਰ ਉਨ੍ਹਾਂ ਨੂੰ ਜਬਰੀ ਇਧਰ ਜਾਂ ਉਧਰ ਦੀਆਂ ਹਾਮੀ ਬਣਾਇਆ ਜਾਂਦਾ ਹੈ ਤਾਂ ਕਿ ਹਾਕਮ ਵਰਗ ਦੇ ਸੁਆਰਥ ਦੀ ਭੱਠੀ ਵਿੱਚ ਉਨ੍ਹਾਂ ਦੀ ਬਲੀ ਦਿੱਤੀ ਜਾ ਸਕੇ। ਜੰਗ ਦੇ ਇਸ ਸਮੇਂ ਅਮਨ ਦੀ ਆਵਾਜ਼ ਬੁਲੰਦ ਕਰਨਾ ਹੀ ਸੱਚੀ ਰਾਸ਼ਟਰ ਭਗਤੀ ਹੈ, ਚਾਹੇ ਫਿਲਹਾਲ ਇਹ ਆਵਾਜ਼ ਕਿੰਨੀ ਵੀ ਕਮਜ਼ੋਰ ਕਿਉਂ ਨਾ ਹੋਵੇ। ਵਿਸ਼ਵ ਤੇ ਇਸ ਉਪ-ਮਹਾਂਦੀਪ ਦੀ ਸੱਭਿਅਤਾ ਨੂੰ ਜੰਗ ਨਹੀਂ, ਅਮਨ ਹੀ ਅੱਗੇ ਵਧਾਏਗਾ। ਜੰਗ ਨੂੰ ਰੋਕਣਾ ਹੀ ਦੋਹਾਂ ਦੇਸ਼ਾਂ ਦੇ ਆਮ ਲੋਕਾਂ ਦੇ ਹਿੱਤ ਵਿੱਚ ਹੈ।

## ਜੰਗ

ਜੰਗ ਤਾਂ ਵੀਰੇ ਜੰਗ ਹੁੰਦੀ ਐ,
ਨਾ ਤੁਦ ਨਾ ਮੁਝ ਸੰਗ ਹੁੰਦੀ ਐ।
ਬੰਬ ਫਟਣ ਦਾ ਰੌਲਾ-ਗੌਲਾ,
ਸੁੱਖ ਸ਼ਾਂਤੀ ਸਭ ਭੰਗ ਹੁੰਦੀ ਐ।
ਸਰਹੱਦੀਂ ਬੈਠੇ ਜਵਾਨਾਂ ਦੇ,
ਹਰ ਪਲ ਮੌਤ ਜਿਵੇਂ ਸੰਗ ਹੁੰਦੀ ਐ।
ਭੁੱਖਮਰੀ ਅਤੇ ਚੀਕ ਚਿਹਾੜਾ,
ਖਲਕਤ ਇਕ ਦਮ ਨੰਗ ਹੁੰਦੀ ਐ।
ਖਾਧ-ਖੁਰਾਕ ਦੀ ਥੁੜ ਹੁੰਦੀ ਐ,
ਆਟੇ-ਦਾਲ ਦੀ ਮੰਗ ਹੁੰਦੀ ਐ।
ਟੁੱਟੇ ਭੱਜੇ ਤਬਾਹ ਘਰਾਂ ਵਿੱਚ,
ਦਹਿਸ਼ਤ ਅੱਖਾਂ ਸੰਗ ਹੁੰਦੀ ਐ।
ਚਾਰ-ਚੁਫੇਰੇ ਧੂੰਆਂ-ਧੂੰਆਂ....,
ਜੀਵਨ ਆਸ ਜਿਵੇਂ ਬੇ-ਰੰਗ ਹੁੰਦੀ ਐ।
ਯੁੱਧ ਦੇ ਖੇਤਰ ਵਿੱਚ ‘ਅੱਬਾਸ’,
ਜ਼ਿੰਦਗੀ ਇਕ ਦਮ ਤੰਗ ਹੁੰਦੀ ਐ।

-ਮੁਹੰਮਦ ਅੱਬਾਸ ਧਾਲੀਵਾਲ, 98552-59650

# ਵਧ ਰਿਹਾ ਕੂੜ-ਕਬਾੜ ਬਨਾਮ ਮਨੁੱਖੀ ਸਿਹਤ

**ਜਗਤਾਰ ਲਾਡੀ ਮਾਨਸਾ**

ਸ਼ਹਿਰਾਂ ਵਿੱਚ ਗੰਦਗੀ ਦੇ ਢੇਰ ਵਧ ਰਹੇ ਹਨ ।ਜਿੱਧਰ ਦੇਖੋ ਜਿਹੜੇ ਮਰਜ਼ੀ ਸ਼ਹਿਰ ਚਲੇ ਜਾਵੋ, ਤੁਹਾਡਾ ਸਵਾਗਤ ਪਹਿਲਾਂ ਕੂੜੇ ਦੇ ਉੱਚੇ ਪਹਾੜਾਂ ਨਾਲ ਹੋਵੇਗਾ ।ਕਈ ਵਾਰ ਤਾਂ ਇਹ ਸ਼ਹਿਰ ਦੇ ਬਿਲਕੁਲ ਅੰਦਰ ਮਿਲਦੇ ਹਨ।ਇਸ ਦੇ ਨੇੜੇ ਹੀ ਕੋਈ ਨਾ ਕੋਈ ਬਸਤੀ ਹੁੰਦੀ ਹੈ, ਉੱਥੇ ਲੋਕ ਰਹਿਣ ਲਈ ਮਜਬੂਰ ਹਨ ।ਉਹ ਕੁਝ ਨਹੀਂ ਕਰ ਸਕਦੇ, ਬਸ ਇਸ ਗੰਦਗੀ ਵਿੱਚ ਜੀਵਨ ਬਸਰ ਕਰਨਾ ਉਹਨਾਂ ਦੇ ਜੀਵਨ ਦੀ ਮਜਬੂਰੀ ਬਣ ਗਈ ਹੈ।ਮੀਂਹ ਦੇ ਦਿਨਾਂ ਵਿੱਚ ਤਾਂ ਹਾਲਤ ਇਸ ਤੋਂ ਵੀ ਮਾੜੀ ਹੋ ਜਾਂਦੀ ਹੈ।ਇਹ ਗੰਦਗੀ ਸ਼ਹਿਰਾਂ ਨੂੰ ਪ੍ਰਦੂਸ਼ਤ ਕਰ ਰਹੀ ਹੈ । ਰੋਜ਼ਾਨਾ ਹਜ਼ਾਰਾਂ ਟਨ ਕੂੜਾ ਰੋਜ਼ ਪੈਦਾ ਕਰ ਦਿੱਤਾ ਜਾਂਦਾ ਹੈ, ਜਿਸ ਨਾਲ ਸਾਫ ਪਾਣੀ, ਹਵਾ ਵੱਡੀ ਪੱਧਰ ’ਤੇ ਪ੍ਰਦੂਸ਼ਤ ਹੋ ਰਹੇ ਹਨ । ਸ਼ਹਿਰੀ ਖੇਤਰਾਂ ਵਿੱਚ ਸਿਹਤ ਸਮੱਸਿਆਵਾਂ ਪੈਦਾ ਹੋ ਰਹੀਆਂ ਹਨ। ਹੁਣ ਇਹ ਸਮੱਸਿਆ ਪਿੰਡਾਂ ਵਿੱਚ ਵੀ ਆਉਣ ਲੱਗ ਪਈ ਹੈ।ਜੇਕਰ ਸਮਾਂ ਰਹਿੰਦੇ ਹਾਲਤ ਇਹੀ ਰਹੀ ਇਹ ਐਡਮ ਤੇ ਈਵ ਦਾ ਬਾਗ ਨਰਕ ਦਾ ਰੂਪ ਧਾਰਨ ਕਰ ਲਵੇਗਾ।ਕੂੜੇ ਤੋਂ ਬਿਨਾਂ ਹੋਰ ਬਹੁਤ ਸਾਰੀ ਰਹਿੰਦ-ਖੂੰਹਦ ਵੱਖ-ਵੱਖ ਖੇਤਰਾਂ ਵਿੱਚ ਪੈਦਾ ਹੋ ਰਹੀ ਹੈ, ਜਿਸ ਦੇ ਢੇਰ ਸਾਨੂੰ ਅਜੇ ਦਿਸਦੇ ਨਹੀਂ, ਪਰ ਇਹ ਹੌਲੀ ਵਧ ਰਹੇ ਹਨ।ਇਸ ਦੇ ਵੀ ਇੱਕ ਦਿਨ ਭਿਆਨਕ ਨਤੀਜੇ ਨਿਕਲਣਗੇ ।

ਸਭ ਤੋਂ ਪਹਿਲਾਂ ਜੇਕਰ ਉਦਯੋਗਿਕ ਕੂੜ-ਕਬਾੜ ਦੀ ਗੱਲ ਕਰੀਏ ਤਾਂ ਇਸ ਵਿੱਚ ਹਾਊਸਕੀਪਿੰਗ ਵੇਸਟ, ਪੈਕਿੰਗ, ਫੂਡ ਵੇਸਟ, ਲੱਕੜ, ਸਟੀਲ, ਕੰਕਰੀਟ, ਇੱਟਾਂ, ਸੁਆਹ, ਖਤਰਨਾਕ ਰਹਿੰਦ-ਖੂੰਹਦ ਆਦਿ ਸ਼ਾਮਲ ਕੀਤਾ ਜਾ ਸਕਦਾ ਹੈ ।

ਵਪਾਰਕ ਅਤੇ ਸੰਸਥਾਗਤ ਇਕਾਈਆਂ ਵੀ ਵੱਡੀ ਪੱਧਰ ’ਤੇ ਕੂੜ-ਕਬਾੜ ਪੈਦਾ ਕਰ ਰਹੀਆਂ ਹਨ ।ਕਾਗਜ਼, ਗੱਤੇ, ਪਲਾਸਟਿਕ, ਲੱਕੜ, ਭੋਜਨ ਦੀ ਰਹਿੰਦ-ਖੂੰਹਦ, ਕੱਚ, ਧਾਤਾਂ, ਹੋਰ ਵਿਸ਼ੇਸ਼ ਰਹਿੰਦ-ਖੂੰਹਦ ਜੋਂ ਕਿ ਬਹੁਤ ਖਤਰਨਾਕ ਹੈ।ਅਬਾਦੀ ਵਧਣ ਕਾਰਨ ਉਸਾਰੀ ਵੱਧ ਰਹੀ ਹੈ।ਲੱਕੜ, ਸਟੀਲ, ਕੰਕਰੀਟ, ਮਿੱਟੀ, ਇੱਟਾਂ, ਟਾਈਲਾਂ, ਕੱਚ, ਪਲਾਸਟਿਕ, ਇਨਸੂਲੇਸ਼ਨ ਆਦਿ।ਮਿਊਂਸਪਲ ਸੇਵਾਵਾਂ ਵਿੱਚ ਗਲ਼ੀਆਂ ਦਾ ਗੰਦ, ਸਲੱਜ, ਗਲ਼ੀਆਂ ਵਿੱਚ ਹੁੰਦੇ ਧਾਰਮਿਕ, ਮਨੋਰੰਜਨ ਪ੍ਰੋਗਰਾਮਾਂ ਦੇ ਖੇਤਰਾਂ ਤੋਂ ਕੂੜਾ ਜਦ ਕੁਦਰਤ ਪ੍ਰਕਿਰਿਆ ਵਾਪਰਦੀ ਹੈ, ਬਹੁਤ ਕੁਝ ਸਕ੍ਰੈਪ ਸਮਗਰੀ, ਹੋਰ ਬਾਹਰਲੇ ਉਤਪਾਦ, ਸਲੈਗ, ਟਾਇਲਾਂ, ਚਟਾਨਾਂ ਦੀ ਮਿੱਟੀ, ਪ੍ਰਕਿਰਿਆ ਪਾਣੀ ਅਤੇ ਰਸਾਇਣ ਆਦਿ ਵਧ ਜਾਂਦੇ ਹਨ ।

ਮੈਡੀਕਲ ਖੇਤਰ ਵਿੱਚ ਵੀ ਵੱਡੀ ਪੱਧਰ ’ਤੇ ਰਹਿੰਦ-ਖੂੰਹਦ ਪੈਦਾ ਹੋ ਰਹੀ ਹੈ । ਛੂਤਕਾਰੀ ਰਹਿੰਦ-ਖੂੰਹਦ (ਪੱਟੀਆਂ, ਦਸਤਾਨੇ, ਕਲਚਰ, ਫੰਬੇ, ਖੂਨ ਅਤੇ ਸਰੀਰਕ ਤਰਲ), ਖਤਰਨਾਕ ਰਹਿੰਦ-ਖੂੰਹਦ (ਤਿੱਖੇ ਯੰਤਰ, ਰਸਾਇਣ, ਕੈਂਚੀਆਂ,ਬਲੇਡ ਸਰਿੰਜਾਂ) ਰੇਡੀਓ ਐਕਟਿਵ ਰਹਿੰਦ-ਖੂੰਹਦ ਅਤੇ ਫਾਰਮਾਸਿਊਟੀਕਲ ਰਹਿੰਦ ਖੂੰਹਦ।

ਖੇਤੀਬਾੜੀ ਰਹਿੰਦ-ਖੂੰਹਦ ਵਿੱਚ ਘਰੇਲੂ ਵੇਸਟ, ਖਰਾਬ ਹੋਇਆ ਭੋਜਨ, ਜਿਵੇਂ ਕਣਕ ਚਾਵਲ ਤੇ ਹੋਰ ਫ਼ਸਲਾਂ ਆਦਿ। ਕੀਟਨਾਸ਼ਕ, ਪਸ਼ੂਆਂ ਦਾ ਗੋਹਾ, ਗੰਦਾ ਪਾਣੀ, ਸਿਲੇਜ ਦਾ ਗੰਦਾ ਪਾਣੀ, ਪਲਾਸਟਿਕ, ਸਕਰੈਪ ਮਸ਼ੀਨਰੀ, ਪਸ਼ੂ-ਦਵਾਈਆਂ ਆਦਿ ਜੰਗਲਾਤ ਰਹਿੰਦ-ਖੂੰਹਦ ਵਿੱਚ ਆਰਾ ਚੱਕੀ ਦੀ ਰਹਿੰਦ-ਖੂੰਹਦ, ਫਲਾਂ ਦੀ ਰਹਿੰਦ-ਖੂੰਹਦ।

ਜੇਕਰ ਅੰਕੜੇ ਦੇਖੀਏ ਤਾਂ ਭਾਰਤ ਹਰ ਸਾਲ ਲਗਭਗ 9.3 ਮਿਲੀਅਨ ਟਨ ਪਲਾਸਟਿਕ ਕੂੜਾ ਪੈਦਾ ਕਰਦਾ ਹੈ, ਜਿਸ ਨਾਲ ਇਹ ਦੁਨੀਆ ਦਾ ਸਭ ਤੋਂ ਵੱਡਾ ਪਲਾਸਟਿਕ ਪ੍ਰਦੂਸ਼ਕ ਬਣ ਜਾਂਦਾ ਹੈ, ਅੰਦਾਜ਼ੇ ਅਨੁਸਾਰ ਦੇਸ਼ ਵਿੱਚ ਰੋਜ਼ਾਨਾ ਲਗਭਗ 26 ਹਜਾਰ ਟਨ ਤੋਂ ਤੀਹ ਹਜ਼ਾਰ ਟਨ ਤੱਕ ਪਲਾਸਟਿਕ ਕੂੜਾ ਪੈਦਾ ਹੁੰਦਾ ਹੈ।ਫ਼ਿਕਰ ਵਾਲੀ ਗੱਲ ਇਹ ਹੈ ਕਿ ਸਿਰਫ ਇੱਕ ਛੋਟਾ ਜਿਹਾ ਪ੍ਰਤੀਸ਼ਤ (ਲਗਭਗ 8 ਫੀਸਦੀ) ਰੀਸਾਈਕਲ ਕੀਤਾ ਜਾਂਦਾ ਹੈ।ਪਲਾਸਟਿਕ ਕੂੜੇ ਦਾ ਇੱਕ ਵੱਡਾ ਹਿੱਸਾ ਖੁੱਲ੍ਹੇ ਵਿੱਚ ਸਾੜਨ ਅਤੇ ਲੈਂਡਫਿਲਿੰਗ ਦੁਆਰਾ ਨਿਪਟਾਇਆ ਜਾਂਦਾ ਹੈ, ਖਾਸ ਕਰਕੇ ਪੇਂਡੂ ਖੇਤਰਾਂ ਵਿੱਚ। ਇਸ ਨਾਲ ਇਕੱਲੇ ਭਾਰਤ ਵਿਚ ਵੀ ਨਹੀਂ ਵਿਸ਼ਵਵਿਆਪੀ ਪ੍ਰਦੂਸ਼ਣ ਫੈਲਦਾ ਹੈ।ਭਾਰਤ ਨੂੰ ਸਹੀ ਨਿਪਟਾਰਾ ਨਾ ਕਰਨ ਕਰਕੇ ਸਭ ਤੋਂ ਵੱਡਾ ਪ੍ਰਦੂਸ਼ਣ ਕਰਨ ਵਾਲਾ ਮੁਲਕ ਮੰਨਿਆ ਜਾਂਦਾ ਹੈ।

**ਵਿਸ਼ਵ ਵਿਆਪੀ ਈ-ਕੂੜਾ ਉਤਪਾਦਨ:** 2022 ਵਿੱਚ 62 ਮਿਲੀਅਨ ਟਨ ਈ-ਕੂੜਾ ਪੈਦਾ ਹੋਇਆ, ਜੋ ਕਿ 2010 ਤੋਂ 82 ਫੀਸਦੀ ਵੱਧ ਹੈ । 2030 ਵਿੱਚ ਈ-ਕੂੜਾ ਉਤਪਾਦਨ 82 ਮਿਲੀਅਨ ਟਨ ਤੱਕ ਵਧਣ ਦਾ ਅਨੁਮਾਨ ਹੈ । ਭਾਰਤ ਇਸ ਵਿੱਚ ਅਮਰੀਕਾ, ਚੀਨ ਤੋਂ ਬਾਅਦ ਤੀਜੇ ਨੰਬਰ ’ਤੇ ਆਉਂਦਾ ਹੈ।

2022 ਵਿੱਚ ਸਿਰਫ 22.3 ਫੀਸਦੀ ਈ-ਕੂੜਾ ਰੀਸਾਈਕਲ ਹੋਣ ਦੇ ਤੌਰ ’ਤੇ ਦਰਜ ਕੀਤਾ ਗਿਆ ਸੀ। 2030 ਤੱਕ ਰੀਸਾਈਕਲਿੰਗ ਦਰ ਘਟ ਕੇ 20 ਫੀਸਦੀ ਹੋ ਜਾਣ ਦਾ ਅਨੁਮਾਨ ਹੈ। ਭਾਰਤ ਨੇ 2023-2024 ਵਿੱਚ 1.751 ਮਿਲੀਅਨ ਮੀਟ੍ਰਿਕ ਟਨ ਈ-ਕੂੜਾ ਪੈਦਾ ਕੀਤਾ, ਜੋ ਕਿ 2019-2020 ਤੋਂ 72.54 ਫੀਸਦੀ ਵੱਧ ਹੈ।ਇਹ ਈ-ਕੂੜਾ ਸਿਹਤ ਅਤੇ ਵਾਤਾਵਰਣ ਲਈ ਖ਼ਤਰਾ ਹੈ, ਕਿਉਂਕਿ ਇਸ ਵਿੱਚ ਪਾਰਾ ਵਰਗੇ ਜ਼ਹਿਰੀਲੇ ਪਦਾਰਥ ਹੁੰਦੇ ਹਨ ।ਈ-ਕੂੜੇ ਵਿੱਚ ਪਲੱਗ ਜਾਂ ਬੈਟਰੀਆਂ, ਮੋਬਾਇਲ, ਟੀ ਵੀ ਕੰਪਿਊਟਰ ਸਕਰੀਨ ਤੇ ਹੋਰ ਬਹੁਤ ਵਰਤੇ ਤੇ ਖਰਾਬ ਹੋਏ ਉਤਪਾਦ ਸ਼ਾਮਲ ਹਨ। ਈ-ਕੂੜੇ ਦਾ ਸੰਗ੍ਰਹਿ ਅਤੇ ਰੀਸਾਈਕਲਿੰਗ ਦਰ ਈ-ਕੂੜੇ ਦੇ ਵਾਧੇ ਦੇ ਨਾਲ ਤਾਲਮੇਲ ਨਹੀਂ ਰੱਖ ਰਹੀ । ਇਸ ਵਿੱਚ ਵੱਡੀ ਪੱਧਰ ’ਤੇ ਅੰਤਰ ਹੈ।ਇਸ ਵਿੱਚੋਂ ਨਿਕਲੀਆਂ ਕਿਰਨਾਂ ਖਤਰਨਾਕ ਸਾਬਤ ਹੋਣਗੀਆਂ, ਜੇਕਰ ਇਸ ਵਾਰੇ ਕੋਈ ਠੋਸ ਉਪਰਾਲੇ ਨਾ ਕੀਤੇ ਗਏ।

**ਭਾਰਤ ਦਾ ਟੈਕਸਟਾਈਲ ਰਹਿੰਦ-ਖੂੰਹਦ:** ਭਾਰਤ ਹਰ ਸਾਲ ਲਗਭਗ 7,793 ਕਿਲੋਟਨ ਟੈਕਸਟਾਈਲ ਰਹਿੰਦ-ਖੂੰਹਦ ਪੈਦਾ ਕਰਦਾ ਹੈ, ਜੋ ਕਿ ਵਿਸ਼ਵਵਿਆਪੀ ਕੁੱਲ ਦਾ 8.5 ਫੀਸਦੀ ਹੈ।ਜੇਕਰ ਇਸ ਦੀ ਰੀਸਾਈਕਲਿੰਗ ਦੀ ਗੱਲ ਕਰੀਏ ਤਾਂ

ਉਪਭੋਗਤਾ ਤੋਂ ਬਾਅਦ ਦੇ ਟੈਕਸਟਾਈਲ ਦਾ ਸਿਰਫ਼ 1 ਫੀਸਦੀ ਹੀ ਨਵੇਂ ਕੱਪੜਿਆਂ ਵਿੱਚ ਰੀਸਾਈਕਲ ਕੀਤਾ ਜਾਂਦਾ ਹੈ।

**ਟੈਕਸਟਾਈਲ ਰਹਿੰਦ-ਖੂੰਹਦ ਦੀ ਰਚਨਾ :** ਭਾਰਤ ਵਿੱਚ, ਟੈਕਸਟਾਈਲ ਰਹਿੰਦ-ਖੂੰਹਦ ਦਾ 61% ਕਪਾਹ ਨਾਲ ਭਰਪੂਰ ਹੁੰਦਾ ਹੈ, ਪਰ ਸਿੰਥੈਟਿਕ ਟੈਕਸਟਾਈਲ ਰਹਿੰਦ-ਖੂੰਹਦ ਦੀ ਮਾਤਰਾ ਵਧ ਰਹੀ ਹੈ।

**ਟੈਕਸਟਾਈਲ ਰਹਿੰਦ-ਖੂੰਹਦ ਪ੍ਰਬੰਧਨ:** ਭਾਰਤ ਵਿੱਚ ਟੈਕਸਟਾਈਲ ਰਹਿੰਦ-ਖੂੰਹਦ ਦਾ 59 ਫੀਸਦੀ ਦੁਬਾਰਾ ਵਰਤਿਆ ਜਾਂ ਰੀਸਾਈਕਲ ਕੀਤਾ ਜਾਂਦਾ ਹੈ। ਹਾਲਾਂਕਿ, ਇਸ ਵਿੱਚੋਂ ਸਿਰਫ਼ 10-40 ਫੀਸਦੀ ਹੀ ਗਲੋਬਲ ਸਪਲਾਈ ਚੇਨ ਵਿੱਚ ਵਾਪਸ ਆਉਂਦਾ ਹੈ।

**ਟੈਕਸਟਾਈਲ ਰਹਿੰਦ-ਖੂੰਹਦ ਦਾ ਪ੍ਰਭਾਵ:** ਫੈਸ਼ਨ ਉਦਯੋਗ ਹਰ ਸਾਲ ਗਲੋਬਲ ਕਾਰਬਨ ਨਿਕਾਸ ਦੇ 8 ਫੀਸਦੀ ਤੱਕ ਲਈ ਜ਼ਿੰਮੇਵਾਰ ਹੈ । ਰੱਦ ਕੀਤੇ ਟੈਕਸਟਾਈਲ ਨੂੰ ਸੜਨ ਵਿੱਚ 200 ਸਾਲ ਲੱਗ ਸਕਦੇ ਹਨ ।

ਫੈਸ਼ਨ ਤੇ ਪੈਸੇ ਦੇ ਵਾਧੇ ਨੇ ਇਸ ਦੀ ਦਰ ਵਧਾਈ ਹੈ ।ਵੱਖ-ਵੱਖ ਤਰ੍ਹਾਂ ਦੇ ਸਿੰਥੈਟਿਕ ਰੇਸ਼ੇ ਬਣਾਉਣ ਵਿੱਚ ਪਾਣੀ ਤੇ ਹੋਰ ਖਤਰਨਾਕ ਕੈਮੀਕਲਾਂ ਦਾ ਪ੍ਰਯੋਗ ਹੁੰਦਾ ਹੈ, ਇਸ ਨਾਲ ਸਾਧਨਾਂ ਦੀ ਬਹੁਤ ਬਰਬਾਦੀ ਹੁੰਦੀ ਹੈ । ਇਸ ਤਰ੍ਹਾਂ ਦੇ ਰੇਸ਼ਿਆਂ ਨੂੰ ਖਤਮ ਕਰਨ ਨਾਲ ਬਹੁਤ ਪ੍ਰਦੂਸ਼ਣ ਹੁੰਦਾ ਹੈ, ਜੋ ਕਿ ਮਨੁੱਖੀ ਸਿਹਤ ਲਈ ਬਹੁਤ ਮਾਰੂ ਹੈ।

ਖੇਤੀਬਾੜੀ ਰਹਿੰਦ-ਖੂੰਹਦ ਵਿੱਚ ਵੈਸੇ ਤਾਂ ਘਾਹ-ਫੂਸ, ਪੱਤੇ ਦੁਆਰਾ ਵਰਤੋਂ ਵਿੱਚ ਆ ਜਾਂਦੇ ਹਨ, ਪਰ ਖਾਧ ਪਦਾਰਥਾਂ ਦੀ ਹੁੰਦੀ ਬਰਬਾਦੀ ਵੀ ਬਹੁਤ ਜ਼ਿਆਦਾ ਹੈ।ਦੁਨੀਆ ਭਰ ਵਿੱਚ ਹਰ ਸਾਲ ਲਗਭਗ 1.3-2.1 ਬਿਲੀਅਨ ਟਨ ਖੇਤੀਬਾੜੀ ਰਹਿੰਦ-ਖੂੰਹਦ ਪੈਦਾ ਹੁੰਦੀ ਹੈ।ਭਾਰਤ ਸਾਲਾਨਾ ਲਗਭਗ 500 ਮਿਲੀਅਨ ਟਨ ਫਸਲਾਂ ਦੀ ਰਹਿੰਦ-ਖੂੰਹਦ ਪੈਦਾ ਕਰਦਾ ਹੈ।

ਭੋਜਨ ਦੀ ਰਹਿੰਦ-ਖੂੰਹਦ: ਖੇਤ ਛੱਡਣ ਤੋਂ ਪਹਿਲਾਂ ਵਿਸ਼ਵ ਪੱਧਰ ’ਤੇ ਲਗਭਗ 2 ਬਿਲੀਅਨ ਟਨ ਭੋਜਨ ਬਰਬਾਦ ਹੋ ਜਾਂਦਾ ਹੈ। ਪ੍ਰਚੂਨ ਅਤੇ ਖਪਤਕਾਰ ਪੱਧਰ ’ਤੇ ਲਗਭਗ 17 ਫੀਸਦੀ ਭੋਜਨ ਬਰਬਾਦ ਹੁੰਦਾ ਹੈ।

ਖੇਤੀਬਾੜੀ ਰਹਿੰਦ-ਖੂੰਹਦ ਵਿੱਚ ਪੌਦਿਆਂ ਦੀ ਰਹਿੰਦ-ਖੂੰਹਦ, ਜਿਵੇਂ ਕਿ ਤਣੇ, ਟਾਹਣੀਆਂ ਅਤੇ ਪੱਤੇ ਸ਼ਾਮਲ ਹਨ ।ਖੇਤੀਬਾੜੀ ਰਹਿੰਦ-ਖੂੰਹਦ ਵਿੱਚ ਜਾਨਵਰਾਂ ਦੀ ਖਾਦ ਵੀ ਸ਼ਾਮਲ ਹੈ, ਜੋ ਕਿ ਮੁੱਖ ਤੌਰ ਤੇ ਮਲ ਅਤੇ ਪਿਸ਼ਾਬ ਹੈ। ਖੇਤੀਬਾੜੀ ਰਹਿੰਦ-ਖੂੰਹਦ ਨੂੰ ਫੀਡ, ਬਾਲਣ ਅਤੇ ਹੋਰ ਉਦੇਸ਼ਾਂ ਲਈ ਵਰਤਿਆ ਜਾ ਸਕਦਾ ਹੈ।

**ਖੇਤੀਬਾੜੀ ਰਹਿੰਦ-ਖੂੰਹਦ ਪ੍ਰਬੰਧਨ:** ਥਰਮਲ ਪਰਿਵਰਤਨ ਤਕਨਾਲੋਜੀ ਰਹਿੰਦ-ਖੂੰਹਦ ਦੀ ਮਾਤਰਾ ਨੂੰ ਘਟਾ ਸਕਦੀ ਹੈ, ਪੌਸ਼ਟਿਕ ਤੱਤ ਛੱਡ ਸਕਦੀ ਹੈ, ਅਤੇ ਇੱਕ ਵਧੇਰੇ ਸਥਿਰ ਸੰਗਚਿਤ ਪਦਾਰਥ ਪੈਦਾ ਕਰ ਸਕਦੀ ਹੈ।

ਖਾਦ ਦੀ ਗਲਤ ਸੰਭਾਲ ਪਾਣੀ ਅਤੇ ਹਵਾ ਪ੍ਰਦੂਸ਼ਣ ਵਰਗੇ ਵਾਤਾਵਰਨ ਸੰਬੰਧੀ ਮੁੱਦਿਆਂ ਦਾ ਕਾਰਨ ਬਣ ਸਕਦੀ ਹੈ।

ਇਸ ਤੋਂ ਬਾਅਦ ਮੈਡੀਕਲ ਰਹਿੰਦ-ਖੂੰਹਦ ਬਾਰੇ ਜੇਕਰ ਗੱਲ ਕਰੀਏ ਤਾਂ 2018-2019 ਵਿੱਚ ਭਾਰਤ ਵਿੱਚ ਪ੍ਰਤੀ ਦਿਨ 619 ਟਨ ਬਾਇਓਮੈਡੀਕਲ ਰਹਿੰਦ-ਖੂੰਹਦ ਪੈਦਾ ਹੋਇਆ । 2024 ਵਿੱਚ ਕੇਂਦਰੀ ਵਾਤਾਵਰਣ ਅਤੇ ਜੰਗਲਾਤ ਮੰਤਰਾਲੇ ਨੇ ਰਿਪੋਰਟ ਦਿੱਤੀ ਕਿ ਪ੍ਰਤੀ ਦਿਨ 4,05,702 ਕਿਲੋਗ੍ਰਾਮ ਬਾਇਓ ਮੈਡੀਕਲ ਰਹਿੰਦ-ਖੂੰਹਦ ਪੈਦਾ ਹੋਇਆ । ਬੇਸ਼ਕ 2018-2019 ਵਿੱਚ, ਪ੍ਰਤੀ ਦਿਨ 544 ਟਨ ਬਾਇਓਮੈਡੀਕਲ ਰਹਿੰਦ-ਖੂੰਹਦ ਦਾ ਇਲਾਜ ਅਤੇ ਨਿਪਟਾਰਾ ਕੀਤਾ ਗਿਆ ।

ਖ਼ਤਰਨਾਕ ਰਹਿੰਦ-ਖੂੰਹਦ ਲਗਭਗ 15 ਫੀਸਦੀ ਸਿਹਤ ਸੰਭਾਲ ਰਹਿੰਦ-ਖੂੰਹਦ ਖ਼ਤਰਨਾਕ ਸਮਗਰੀ ਹੈ, ਜੋ ਜ਼ਹਿਰੀਲੀ, ਜਲਣਸ਼ੀਲ ਜਾਂ ਰੇਡੀਓਐਕਟਿਵ ਹੋ ਸਕਦੀ ਹੈ।

ਕੋਵਿਡ-19 ਮਹਾਂਮਾਰੀ ਦੌਰਾਨ ਕੁਆਰੰਟੀਨ ਸੈਂਟਰਾਂ, ਪ੍ਰਯੋਗਸ਼ਾਲਾਵਾਂ ਅਤੇ ਘਰੇਲੂ ਦੇਖਭਾਲ ਸਹੂਲਤਾਂ ਤੋਂ ਵੱਡੀ ਪੱਧਰ ’ਤੇ ਬਾਇਓ ਮੈਡੀਕਲ ਰਹਿੰਦ-ਖੂੰਹਦ ਇਕੱਠੀ ਕੀਤੀ ਗਈ ਸੀ।

ਗਲੋਬਲ ਪੱਧਰ ਤੇਸਿਹਤ ਸੰਭਾਲ ਰਹਿੰਦ-ਖੂੰਹਦ ਦਾ ਕੁੱਲ ਭਾਰ ਹਰ ਸਾਲ 2-3% ਵਧਦਾ ਹੈ।ਜੇਕਰ ਆਮ ਸ਼ਹਿਰੀ ਖੇਤਰਾਂ ਵਿੱਚ ਦੇਖੀਏ ਤਾਂ ਵੱਡੀ ਪੱਧਰ ’ਤੇ ਪਲਾਸਟਿਕ, ਜੋ ਕਿ ਸਿੰਗਲ ਯੂਜ਼ ਹੁੰਦਾ ਹੈ, ਵੱਡੀ ਸਮੱਸਿਆ ਬਣ ਗਿਆ ਹੈ । ਧਾਰਮਿਕ ਪ੍ਰੋਗਰਾਮ, ਵਿਆਹ, ਪਾਰਟੀਆਂ ਤੇ ਪਲਾਸਟਿਕ ਦੇ ਬਰਤਨ ਲਿਫਾਫੇ ਵਰਤੋਂ ਵਿੱਚ ਆਉਂਦੇ ਹਨ।ਜੋ ਸ਼ਹਿਰੀ ਸੀਵਰ ਸਿਸਟਮ ਨੂੰ ਵੀ ਪ੍ਰਭਾਵਤ ਕਰਦੇ ਹਨ, ਜੀਵ ਜਨੌਰ ਦੀ ਮੌਤ ਦਾ ਕਾਰਨ ਬਣਦੇ ਹਨ । ਇਹਨਾਂ ਵਿਚੋਂ ਨਿਕਲੀਆਂ ਗੈਸਾਂ ਖਤਰਨਾਕ ਰੂਪ ਧਾਰਨ ਕਰਦੀਆਂ ਹਨ ।ਇਹ ਛੇਤੀ ਖਤਮ ਵੀ ਨਹੀਂ ਹੁੰਦੇ।ਇਸ ਸੰਬੰਧੀ ਸਰਕਾਰ ਤੇ ਲੋਕਾਂ ਨੂੰ ਸੋਚਣ-ਸਮਝਣ ਦੀ ਜ਼ਰੂਰਤ ਹੈ। ਧਰਤੀ ਨੂੰ ਬਚਾਉਣ ਲਈ ਵੱਡੀ ਪੱਧਰ ਉੱਤੇ ਇੱਕ ਲਹਿਰ ਦੀ ਜ਼ਰੂਰਤ ਹੈ, ਤਾਂ ਜੋ ਇਹ ਕੂੜੇ ਦੇ ਢੇਰ ਜੋ ਵਧਦੇ ਜਾ ਰਹੇ ਹਨ, ਇਹਨਾਂ ਨੂੰ ਖਤਮ ਕੀਤਾ ਜਾ ਸਕੇ। ਧਰਤੀ ਹਰ ਇੱਕ ਜੀਵ ਦੇ ਰਹਿਣ ਲਈ ਵਧੀਆ ਥਾਂ ਬਣ ਸਕੇ। ਆਉਣ ਵਾਲੀਆਂ ਪੀੜ੍ਹੀਆਂ ਲਈ ਇਹ ਬਚੀ ਰਹੇ।ਆਓ, ਸਾਰੇ ਇਸ ਲਈ ਕੋਸ਼ਿਸ਼ ਕਰੀਏ।

# ਸੰਪਰਕ : 94636-03091

# ਜੰਗ ਸਮੱਸਿਆਵਾਂ ਦਾ ਹੱਲ ਨਹੀਂ



ਪ੍ਰਮੋਦ ਧੀਰ

ਜੰਗ ਸਾਡੀਆਂ ਸਮੱਸਿਆਵਾਂ ਦਾ ਹੱਲ ਨਹੀਂ, ਸਗੋਂ ਸਭ ਲਈ ਮੁਸੀਬਤ ਹੈ। ਜੰਗਾਂ ਨਾਲ ਕਿਸੇ ਇੱਕ ਦੇਸ਼ ਦਾ ਨੁਕਸਾਨ ਨਹੀਂ ਹੁੰਦਾ, ਸਗੋਂ ਦੋਨਾਂ ਦੇਸ਼ਾਂ ਦਾ ਨੁਕਸਾਨ ਹੈ। ਖਾਸ ਕਰਕੇ ਆਮ ਬੇਕਸੂਰ ਲੋਕਾਂ ਦਾ ਸਭ ਤੋਂ ਵੱਧ ਨੁਕਸਾਨ ਹੈ। ਪਹਿਲਗਾਮ ਵਿਚਲੇ ਅੱਤਵਾਦੀ ਹਮਲੇ ਨੇ ਭਾਰਤ ਦੇ ਹਰ ਇਨਸਾਨ ਦਾ ਦਿਲ ਬੇਹੱਦ ਦੁਖੀ ਕੀਤਾ ਹੈ, ਸਿੱਟੇ ਵਜੋਂ ਹਰੇਕ ਦੇ ਦਿਲ ਵਿੱਚ ਦੁਸ਼ਮਣਾਂ ਪ੍ਰਤੀ ਨਫਰਤ ਦੀ ਭਾਵਨਾ ਪ੍ਰਗਟ ਹੋਣੀ ਸਭਾਵਕ ਹੈ। ਪਹਿਲਗਾਮ ਹਮਲੇ ਵਿੱਚ ਸ਼ਹੀਦ ਹੋਏ 26 ਬੇਕਸੂਰ ਭਾਰਤੀਆਂ ਦਾ ਰੋਸ ਸਮੁੱਚੇ ਭਾਰਤੀਆਂ ਨੂੰ ਹੈ। ਇਸ ਹਮਲੇ ਦਾ ਬਦਲਾ ਲੈਣ ਲਈ ਭਾਰਤ ਸਰਕਾਰ ਵੱਲੋਂ ਆਰਮੀ ਅਤੇ ਏਅਰ ਫੋਰਸ ਦੇ ਸਹਿਯੋਗ ਨਾਲ ਪਾਕਿਸਤਾਨ ਦੇ ਕਈ ਅੱਤਵਾਦੀ ਟਿਕਾਣਿਆਂ ’ਤੇ ਬੀਤੀ 6-7 ਮਈ ਦੀ ਰਾਤ ਨੂੰ ‘ਓਪਰੇਸ਼ਨ ਸਿੰਧੂਰ’ ਚਲਾ ਕੇ ਅੱਤਵਾਦ ਦਾ ਖਾਤਮਾ ਕਰਨ ਦੀ ਪਹਿਲਕਦਮੀ ਕੀਤੀ ਹੈ ਅਤੇ ਭਾਰਤ ਦੇ ਸੈਂਕੜੇ ਸ਼ਹਿਰਾਂ ਤੇ ਬਾਰਡਰ ਏਰੀਏ ਵਿੱਚ ਮੌਲਿਕ ਡਰਿੱਲ ਵੀ ਚਲਾਈ ਗਈ ਅਤੇ ‘ਬਲੈਕ ਆਊਟ’ ਕਰਕੇ ਭਾਵ ਹਨੇਰਾ ਕਰਕੇ ਲੋਕਾਂ ਨੂੰ ਯੁੱਧ ਦਾ ਮੁਕਾਬਲਾ ਕਰਨ ਸੰਬੰਧੀ ਸਿਖਲਾਈ ਤੇ ਰਿਹਰਸਲ ਕਰਵਾਈ ਗਈ, ਜਿਸ ਨਾਲ ਪਾਕਿਸਤਾਨ ਬੁਖਲਾਹਟ ਵਿੱਚ ਆ ਗਿਆ ਹੈ, ਪਰ ਇਹ ਭਾਰਤ ਲਈ ਯੁੱਧ ਦੀ ਪਹਿਲਕਦਮੀ ਕਿਤੇ ਸਾਡਾ ਨੁਕਸਾਨ ਨਾ ਕਰ ਦੇਵੇ।

ਹੁਣ ਤੱਕ ਭਾਰਤ ਦੀਆਂ ਪਾਕਿਸਤਾਨ, ਚੀਨ ਆਦਿ ਦੇਸ਼ਾਂ ਨਾਲ ਹੋਈਆਂ ਜੰਗਾਂ ਦੌਰਾਨ ਅਸੀਂ ਆਪਣੇ ਬਹੁਤ ਸਾਰੇ ਫੌਜੀ ਜਵਾਨ, ਯੋਧੇ, ਵੀਰ, ਮਾਂਵਾਂ ਦੇ ਲਾਡਲੇ ਪੁੱਤ, ਪਤਨੀਆਂ ਦੇ ਪਤੀ, ਬੱਚਿਆਂ ਦੇ ਪਿਤਾ, ਭੈਣਾਂ ਦੇ ਵੀਰ ਖੋ ਚੁੱਕੇ ਹਾਂ। ਹਜ਼ਾਰਾ ਸੈਨਿਕ ਜ਼ਖਮੀ ਹੋ ਚੁੱਕੇ ਹਨ। ਅੱਜ ਅਸੀਂ ਉਹਨਾਂ ਦੀ ਕੁਰਬਾਨੀ ਨੂੰ ਯਾਦ ਕਰਦੇ ਹਾਂ ਅਤੇ ਸਲਾਮ ਕਰਦੇ ਹਾਂ, ਉਹਨਾਂ ਪਰਵਾਰਾਂ ਨੂੰ ਜਿਨ੍ਹਾਂ ਦੇ ਲਾਡਲਿਆਂ ਨੇ ਦੇਸ਼ ਲਈ ਕੁਰਬਾਨੀ ਦਿੱਤੀ।

ਕਈ ਲੋਕ ਹੁਣ ਪਾਕਿਸਤਾਨ ਨਾਲ ਜੰਗ ਚਾਹੁੰਦੇ ਹਨ। ਮੰਨਿਆ ਭਾਰਤ ਪਾਕਿਸਤਾਨ ਤੋਂ ਫੌਜੀ ਤਾਕਤ ’ਚ ਬਹੁਤ ਜ਼ਿਆਦਾ ਤਾਕਤਵਰ ਹੈ, ਪਰ ਇਹ ਵੀ ਨਹੀਂ ਕਿਹਾ ਜਾ ਸਕਦਾ ਕਿ ਉਹ ਬਿਲਕੁਲ ਨਿਹੱਥੇ ਨੇ । ਦੁਸ਼ਮਣ ਕਿੰਨਾ ਵੀ ਕਮਜ਼ੋਰ ਕਿਉਂ ਨਾ ਹੋਵੇ ਵਾਰ ਤਾਂ ਕਰਦਾ ਹੀ ਹੈ ਤੇ ਉਸ ਵਾਰ ਨਾਲ ਜੋ ਨੁਕਸਾਨ ਹੋਣਾ ਉਹ ਤਾਂ ਸਾਨੂੰ ਹੀ ਝੱਲਣਾ ਪੈਣਾ। ਸਾਡੇ ਹਜ਼ਾਰਾਂ ਸੈਨਿਕ ਹੁਣ ਤੱਕ ਸ਼ਹੀਦ ਹੋ ਚੁੱਕੇ ਹਨ ਤੇ ਕਈ ਅਪੰਗ ਹੋ ਚੁੱਕੇ ਹਨ।

ਅਸੀਂ ਬੜੇ ਭਾਵੁਕ ਲੋਕ ਹਾਂ, ਜਦੋਂ ਕਿਸੇ ’ਤੇ ਦੁੱਖ ਆਉਂਦਾ ਹੈ ਓਦੋਂ ਅਸੀ ਸਾਰੇ ਇੱਕਜੁਟ ਹੋ ਕੇ ਦੁੱਖ ਨੂੰ ਸਹਿਣ ਵਿੱਚ ਇੱਕ-ਦੂਸਰੇ ਦੀ ਮਦਦ ਕਰਦੇ ਹਾਂ, ਪਰ ਅਸੀਂ ਆਪਣੀ ਵਿਅਸਤ ਮਾਨਸਿਕਤਾ ਦੇ ਵੀ ਸ਼ਿਕਾਰ ਹਾਂ । ਜੋ ਸਮਾਂ ਪੈ ਜਾਣ ਨਾਲ ਸਭ ਕੁਝ ਭੁੱਲਣ ’ਚ ਵੀ ਸਾਡੀ ਇਨਸਾਨੀ ਜ਼ਿੰਦਗੀ ਨੂੰ ਅੱਗੇ ਤੋਰਨ ’ਚ ਸਹਾਈ ਹੁੰਦੀ ਹੈ । ਸਾਡੀ ਇਸ ਮਾਨਸਿਕਤਾ ਦਾ ਜੋ ਅੰਜਾਮ ਹੈ ਉਸ ਦਾ ਇੱਕ ਪਹਿਲੂ ਇਹ ਵੀ ਹੈ ਕਿ ਅੱਜ ਤੱਕ ਕਿਸੇ ਵੀ ਜੰਗ ’ਚ ਜਿੰਨੇ ਵੀ ਸ਼ਹੀਦ ਹੋਏ ਨੇ, ਉਹਨਾਂ ਦੇ ਪਰਵਾਰਾ ਦੀ ਸਾਰ ਸਾਡੇ ’ਚੋਂ ਕਿੰਨਿਆਂ ਕੁ ਨੇ ਲਈ ਹੈ । ਜੋ ਰੱਟ ਲਗਾਈ ਬੈਠੇ ਨੇ ਜੰਗ ਦੀ, ਪਾਕਿਸਤਾਂਨ ਨੂੰ ਸਬਕ ਸਿਖਾਉਣ ਦੀ, ਉਹ ਕਦੀ ਉਸ ਬੁੱਢੀ ਮਾਂ ਦੀ ਅੱਖਾਂ ਦੀ ਚਮਕ ਨੂੰ ਵੇਖ ਕੇ ਆਏ ਨੇ, ਜੋ ਅੱਜ ਦਰਵਾਜ਼ੇ ਦੇ ਥੋੜ੍ਹਾ ਜਿਹਾ ਵੀ ਖੜਕਨ ’ਤੇ ਆਪਣੇ ਲਾਡਲੇ ਪੁੱਤਰ ਨੂੰ ਤਲਾਸ਼ਦੀ ਹੈ ਤੇ ਆਪਣੇ ਪੁੱਤਰ ਨੂੰ ਨਾ ਪਾ ਕੇ ਦਰਵਾਜੇ ’ਤੇ ਇੱਕ ਬੂੰਦ ਲਹੂ ਦਾ ਬਣ ਅੱਖ ਵਿੱਚੋਂ ਦੀ ਹੁੰਦਾ ਹੋਇਆ ਸਿੱਧਾ ਦਿਲ ’ਚ ਛੇਕ ਕਰਦੈ । ਕੋਈ ਦੇਖ ਕੇ ਆਇਐ ਉਸ ਬਾਪ ਦੇ ਮੋਢਿਆਂ ਨੂੰ, ਜੋ ਕਦੋਂ ਦਾ ਅਪਣਾ ਸਾਰਾ ਬੋਝ ਪੁੱਤਰ ਦੇ ਮੋਢਿਆਂ ’ਤੇ ਪਾਉਣ ਨੂੰ ਉਤਾਵਲੇ ਸਨ ਤੇ ਹੁਣ ਪੁੱਤਰ ਦੀ ਅਰਥੀ ਦੇ ਬੋਝ ਨੇ ਤੇ ਘਰ ਦੇ ਬੋਝ ਨੇ ਫਿਰ ਤੋਂ ਬੁਢਾਪੇ ਵਿੱਚ ਵੀ ਮੋਢਿਆਂ ’ਤੇ ਜ਼ਿੰਦਗੀ ਨੂੰ ਢੋਣ ਦਾ ਬੋਝਾ ਪਾ ਦਿੱਤਾ ਗਿਆ ? ਕਿਸੇ ਦੀ ਨਜ਼ਰ ਉਸ ਭੈਣ ਦੀ ਬਾਂਹ ’ਤੇ ਪਈ ਹੈ, ਜੋ ਆਪਣੇ ਆਪ ਨੂੰ ਮਹਿਫੂਜ਼ ਹੋਣ ਦੀ ਤੱਸਲੀ ਦੇਣ ਲਈ ਉਹ ਰੱਖੜੀ ਜੋ ਅਪਣੇ ਭਰਾ ਲਈ ਲੈ ਕੇ ਆਈ ਸੀ, ਉਸ ਨੂੰ ਆਪਣੇ ਗੁੱਟ ’ਤੇ ਬੰਨ੍ਹੀ ਫਿਰਦੀ ਹੈ ? ਉਹ ਨਵੀਂ ਵਿਆਹੀ ਧੀ ਜੋ ਸ਼ਗਨਾਂ ਦਾ ਚੂੜਾ ਪਾ ਆਪਣੇ ਮਨ ਦੀਆਂ ਲਾਲਸਾਵਾਂ, ਇੱਛਾਵਾਂ ਪੂਰੀਆਂ ਕਰਨ ਲਈ ਆਪਣੇ ਪਤੀ ਨੂੰ ਮਨ ਵਿੱਚ ਵਸਾ ਕੇ ਹਰ ਸਮੇਂ ਇੰਤਜ਼ਾਰ ਕਰ ਰਹੀ ਹੈ ਕਿਦਾਂ ਆਪਣੇ ਬੱਚੇ ਦੇ ਸੁਆਲਾਂ ਦਾ ਜੁਆਬ ਲੋਚਦੀ ਹੋਣੀ , ਕਿਦਾਂ ਲੋਕਾਂ ਦੀਆਂ ਗੰਦੀਆਂ ਨਜ਼ਰਾਂ ਦਾ ਸਾਹਮਣਾ ਕਰਦੀ ਹੋਣੀ , ਕਿਦਾਂ ਆਪਣੇ ਬੁੱਢੇ ਮਾਂ-ਬਾਪ ਨੂੰ ਮਰ ਚੁੱਕੇ ਅਰਮਾਨਾਂ ਦੇ ਬਾਵਜੂਦ ਵੀ ਹੱਸ ਕੇ ਵਿਖਾਉਂਦੀ ਹੋਣੀ ? ਨਹੀਂ ਕਿਸੇ ਨੇ ਕੁਝ ਨਹੀਂ ਤੱਕਿਆ, ਅਸੀਂ ਤਾਂ ਸਿਰਫ ਅਪਣੀਆਂ ਭਾਵਨਾਵਾਂ ਨੂੰ ਜਾਣਦੇ ਹਾਂ । ਫੇਸਬੁਕ, ਇੰਸਟਾਗਰਾਮ, ਵਟਸਐਪ, ਟਵਿੱਟਰ (ਐੱਕਸ) ਆਦਿ ਹੋਰ ਵੀ ਸੋਸ਼ਲ ਮੀਡੀਆ ’ਤੇ ਅਸੀਂ ਸ਼ਹੀਦਾਂ ਨੂੰ ਸਲਾਮਾਂ ਦੇ ਸਕਦੇ ਹਾਂ । ਸ਼ਹੀਦ ਕਰਵਾਉਣ ਲਈ ਜੰਗ ਲਗਵਾਉਣ ਦਾ ਸਰਕਾਰਾਂ ’ਤੇ ਦਬਾਅ ਪਾ ਸਕਦੇ ਹਾਂ ।

ਪਹਿਲਗਾਮ ਦੇ ਹਮਲੇ ਦਾ ਸਾਨੂੰ ਸਭ ਨੂੰ ਡੂੰਘਾ ਦੁੱਖ ਹੈ, ਪਰ ਇਸ ਦਾ ਬਦਲਾ ਅੱਤਵਾਦ ਨੂੰ ਖਤਮ ਕਰਕੇ ਹੀ ਲਿਆ ਜਾਣਾ ਚਾਹੀਦਾ ਹੈ, ਜਿਵੇਂ ਭਾਰਤ ਸਰਕਾਰ ਨੇ ‘ਅਪਰੇਸ਼ਨ ਸਿੰਧੂਰ’ ਚਲਾ ਕੇ 9 ਅੱਤਵਾਦੀ ਕੈਂਪਾਂ ’ਤੇ ਹਮਲਾ ਕੀਤਾ ਹੈ, ਇਸੇ ਤਰ੍ਹਾਂ ਹੋਰਨਾਂ ਅੱਤਵਾਦੀ ਟਿਕਾਣਿਆਂ ’ਤੇ ਹਮਲੇ ਕਰਕੇ ਅਤੇ ਅਮਰੀਕਾ, ਚੀਨ, ਰੂਸ ਆਦਿ ਮੁਲਕਾਂ ਨੂੰ ਬੇਨਤੀ ਕਰਕੇ ਪਾਕਿਸਤਾਨ ਨੂੰ ਅੱਤਵਾਦ ਖਤਮ ਕਰਨ ਦਾ ਦਬਾਅ ਪਾਉਣ ਦੀ ਚਿਤਾਵਨੀ ਦੇਣੀ ਚਾਹੀਦੀ ਹੈ, ਅਗਰ ਪਾਕਿਸਤਾਨ ਅੱਤਵਾਦ ਖਤਮ ਨਹੀਂ ਕਰਦਾ ਤਾਂ ਸਾਰੇ ਦੇਸ਼ਾਂ ਨੂੰ ਉਸ ਦੀ ਮਦਦ ਕਰਨੀ ਬੰਦ ਕਰ ਦੇਣੀ ਚਾਹੀਦੀ ਹੈ, ਪਰ ਉਸ ਜੰਗ ਤੋਂ ਬਚਣਾ ਚਾਹੀਦਾ ਹੈ, ਜਿਸ ਵਿੱਚ ਬੇਕਸੂਰ ਆਮ ਲੋਕਾਂ ਦਾ ਨੁਕਸਾਨ ਹੋਵੇ ।

ਜੰਗ ਕਦੇ ਵੀ ਇਕਤਰਫਾ ਨਹੀਂ ਹੁੰਦੀ ਤੇ ਇਸ ਦਾ ਨੁਕਸਾਨ ਦੋਹਾਂ ਧਿਰਾਂ ਨੂੰ ਹੀ ਹੋਣਾ ਹੈ । ਇਸ ਲਈ ਜੰਗ ਦਾ ਖਿਆਲ ਤਿਆਗ ਕੇ ਅਸੀਂ ਉਹਨਾਂ ਕਮੀਆਂ ਵੱਲ ਸਰਕਾਰ ਦਾ ਧਿਆਨ ਦਿਵਾਈਏ, ਜਿੰਨਾ ਕਰਕੇ ਐਸੇ ਹਮਲੇ ਹੋ ਜਾਂਦੇ ਨੇ । ਜੰਗ ਦੀ ਬਜਾਏ ਅਸੀਂ ਸਰਕਾਰ ’ਤੇ ਇਹ ਦਬਾਅ ਪਾਈਏ ਕਿ ਜੋ-ਜੋ ਕਮੀਆਂ ਰਹਿ ਜਾਂਦੀਆਂ ਨੇ, ਜੋ ਵੀ ਘਾਟਾਂ ਨੇ ਸਰਕਾਰ ਉਹਨਾਂ ਵੱਲ ਧਿਆਨ ਦੇਵੇ, ਨਾ ਕਿ ਜੰਗ ਲੜਨ ਵੱਲ । ਅੱਜ ਅਸੀਂ ਮੈਟਰੋ ਤੇ ਹਵਾਈ ਜਹਾਜ਼ਾਂ ’ਤੇ ਸਫਰ ਕਰ ਰਹੇ ਹਾਂ । ਬੁਲਟ ਟਰੇਨ ਵਲ ਵੇਖ ਰਹੇ ਹਾਂ । 4ਜੀ, 5ਜੀ ਇੰਟਰਨੈੱਟ ਤੇ ਏ. ਆਈ ਵਰਤ ਰਹੇ ਹਾਂ, ਇਹ ਸਭ ਦੇਸ਼ ’ਚ ਸ਼ਾਂਤੀ ਦੇ ਮਾਹੌਲ ਹੋਣ ਕਰਕੇ ਹੀ ਸੰਭਵ ਹੋਇਆ ਹੈ। ਇਸ ਲਈ ਅਸੀਂ ਭਾਵੁਕ ਹੋ ਕੇ ਆਪਣੇ ਦਿਮਾਗ ਤੋਂ ਕੰਮ ਲੈਂਦੇ ਹੋਏ ਸਹੀ ਫੈਸਲਾ ਲੈਣਾ ਹੈ ਕਿ ਜੰਗ ਕਿਸੇ ਸਮੱਸਿਆ ਦਾ ਹੱਲ ਨਹੀਂ ।

ਅਸੀਂ ਸਿਰਫ ਅਪਣੇ ਦੇਸ਼ ਨੂੰ ਇੱਕ ਸੂਤਰ ’ਚ ਪਰੋਣ ਦਾ ਯਤਨ ਕਰੀਏ, ਸਭ ਨੂੰ ਸੁਰੱਖਿਅਤ ਮਾਹੌਲ ਦੇਣ ਦਾ ਯਤਨ ਕਰੀਏ, ਜੰਗ ਦਾ ਖਿਆਲ ਸਾਡੇ ਸੁਪਨੇ ’ਚ ਵੀ ਨਾ ਆਵੇ। ਸਾਨੂੰ ਲੋੜ ਹੈ ਆਪਸੀ ਪਿਆਰ, ਭਾਈਚਾਰੇ, ਮਿਲਵਰਤ ਦੀ ਅਤੇ ਸ਼ਹੀਦ ਹੋਏ ਅਤੇ ਜ਼ਖਮੀ ਹੋਏ ਸਾਡੇ ਭਾਰਤੀਆਂ ਤੇ ਫੌਜੀ ਜਵਾਨਾਂ ਦੇ ਪਰਵਾਰਾਂ ਨਾਲ ਹਮਦਰਦੀ ਕਰਦੇ ਹੋਏ ਉਹਨਾਂ ਦੀ ਵੱਧ ਤੋਂ ਵੱਧ ਸਹਾਇਤਾ ਕਰਨ ਦੀ, ਨਾ ਕਿ ਜੰਗ ਦੀ ਪਹਿਲਕਦਮੀ ਵਰਗੇ ਹਮਲਿਆਂ ਦੇ ਜਸ਼ਨ ਮਨਾਉਣ ਦੀ।

# ਸੰਪਰਕ : 98550-31081

# 90 ਫੀਸਦੀ ਬੱਚਿਆਂ ਦੀ ਅਗਵਾਕਾਰੀ ਰੁਕ ਸਕਦੀ

**ਜੰਗੀਰ ਸਿੰਘ ਦਿਲਬਰ**

ਅੱਜ ਛੋਟੇ ਬੱਚਿਆਂ ਨੂੰ ਅਗਵਾ ਕਰਨ ਦੀਆਂ ਵਾਰਦਾਤਾਂ ਸਾਰੇ ਹੀ ਦੇਸ਼ ਅੰਦਰ ਬਹੁਤ ਹੀ ਤੇਜ਼ੀ ਨਾਲ ਫੈਲ ਰਹੀਆਂ ਹਨ। ਰੋਜ਼ਾਨਾ ਇਹ ਕਥਿਤ ਘਿਣਾਉਣੀਆਂ ਘਟਨਾਵਾਂ ਪੜ੍ਹਨ-ਸੁਣਨ ਵਿੱਚ ਦੇਸ਼ ਦੀਆਂ ਸਾਰੀਆਂ ਹੀ ਅਖਬਾਰਾਂ ਵਿੱਚ ਛਪਦੀਆਂ ਰਹਿੰਦੀਆਂ ਹਨ ਅਤੇ ਸੋਸ਼ਲ ਮੀਡੀਆ ਤੋਂ ਇਲਾਵਾ ਟੈਲੀਵਿਜ਼ਨ ਚੈਨਲਾਂ ’ਤੇ ਵੀ ਵੇਖਣ ਨੂੰ ਮਿਲ ਜਾਂਦੀਆਂ ਹਨ। ਜਿਥੇ ਜਦੋਂ ਵੀ ਇਹ ਘਿਣਾਉਣੀ ਘਟਨਾ ਵਾਪਰ ਦੀ ਹੈ ,ਉਸ ਸੂਬੇ ਜਾਂ ਕੇਂਦਰੀ ਇਲਾਕੇ ਦੀਆਂ ਸਾਰੀਆਂ ਹੀ ਏਜੰਸੀਆਂ ਆਪਣੀ ਪੂਰੀ ਤਾਕਤ ਨਾਲ ਅਗਵਾਕਾਰਾਂ ਨੂੰ ਫੜਨ ਅਤੇ ਅਗਵਾ ਕੀਤੇ ਬੱਚਿਆਂ ਨੂੰ ਲੱਭ ਕੇ ਉਹਨਾਂ ਦੇ ਵਾਰਸਾਂ ਦੇ ਹਵਾਲੇ ਕਰਨ ਦੀ ਸਿਰਤੋੜ ਕੋਸ਼ਿਸ਼ ਕਰਦੀਆਂ ਹਨ, ਪਰ ਕਈ ਇਹ ਏਜੰਸੀਆਂ ਆਪਣੇ ਮਿਸ਼ਨ ਵਿੱਚ ਕਾਮਯਾਬ ਨਹੀਂ ਹੁੰਦੀਆਂ, ਅਜਿਹੇ ਕੇਸਾਂ ਵਿੱਚ ਬੱਚਿਆਂ ਦੇ ਬਦਨਸੀਬ ਮਾਪੇ ਸਾਰੀ ਉਮਰ ਆਪਣੇ ਜਿਗਰ ਦੇ ਟੋਟਿਆਂ ਨੂੰ ਉਡੀਕਦੇ- ਉਡੀਕਦੇ ਰੱਬ ਨੂੰ ਪਿਆਰੇ ਹੋ ਜਾਂਦੇ ਹਨ। ਉਹਨਾਂ ਲਈ ਇਹ ਇਕ ਬਹੁਤ ਹੀ ਦੁਖਦਾਈ ਸਮਾਂ ਹੁੰਦਾ ਹੈ, ਜੋ ਵਾਹਿਗੁਰੂ ਕਿਸੇ ਨੂੰ ਨਾ ਵਿਖਾਵੇ।

ਪਤਾ ਨਹੀਂ ਅੱਜਕੱਲ੍ਹ ਧਰਤੀ ਉੱਤੇ ਖਾਸ ਕਰਕੇ ਭਾਰਤ ਦੀ ਧਰਤੀ ਉੱਤੇ 95 ਫੀਸਦੀ ਲੋਕਾਂ ਅੰਦਰ ਅਮੀਰੀ ਅਤੇ ਪੈਸੇ ਦੀ ਅਜਿਹੀ ਦੌੜ ਲੱਗੀ ਹੋਈ ਹੈ ਕਿ ਉਹ ਪੈਸੇ ਦੀ ਦੌੜ ਵਿਚ ਹਰ ਹੀਲੇ-ਵਸੀਲੇ ਵਰਤ ਕੇ ਸਭ ਤੋਂ ਪਹਿਲੀ ਕਤਾਰ ਵਿੱਚ ਖੜਾ ਹੋਣਾ ਚਾਹੁੰਦੇ ਹਨ। ਇਸ ਲਈ ਭਾਵੇਂ ਉਹਨਾਂ ਨੂੰ ਕਿੰਨੇ ਵੀ ਪਾਪੜ ਕਿਉਂ ਨਾ ਵੇਲਣੇ ਪੈਣ, ਇਹੀ ਕਾਰਨ ਉਹ ਇਸ ਮੁਕਾਮ ’ਤੇ ਪੁੱਜਣ ਲਈ ਖ਼ਤਰਨਾਕ ਤੋਂ ਖਤਰਨਾਕ ਖੇਡ ਖੇਡਣ ਲਈ ਹਰ ਘਟੀਆ ਤੋਂ ਘਟੀਆ ਹਰਕਤ ਕਰਨ ਲਈ ਖੁਦ ਹੀ ਖ਼ਤਰੇ ਖਰੀਦ ਲੈਂਦੇ ਹਨ। ਪਤਾ ਨਹੀਂ ਉਹ ਇਹ ਗੱਲ ਕਿਵੇਂ ਭੁੱਲ ਜਾਂਦੇ ਹਨ ਕਿ ਅਜਿਹੇ ਗਲਤ ਕੰਮਾਂ ਵਿੱਚ ਸਖ਼ਤ ਤੋਂ ਸਖ਼ਤ ਸਜ਼ਾ ਮਿਲਣੀ ਤਾਂ ਤੈਅ ਹੀ ਹੈ।

ਇਹੀ ਬਿਮਾਰੀ ਇਹਨਾਂ ਬੱਚੇ ਅਗਵਾ ਕਰਨ ਵਾਲੇ ਬੁੱਧੀਹੀਣ ਲੋਕਾਂ ਅੰਦਰ ਫੈਲ ਚੁੱਕੀ ਹੈ ਜਾਂ ਉਹਨਾਂ ਦੀ ਇਹ ਹਰਕਤ ਕਮਜ਼ੋਰੀ ਬਣ ਚੁੱਕੀ ਹੈ। ਉਹਨਾਂ ਇਹ ਘਿਣਾਉਣੀ ਹਰਕਤ ਕਰਨੀ ਹੀ ਹੁੰਦੀ ਹੈ। ਇਹ ਲੋਕ ਜਲਦੀ ਅਮੀਰ ਬਣਨ ਦੀ ਲਾਲਸਾ ਵਿੱਚ ਅੰਨ੍ਹੇ ਹੋ ਕੇ ਦੇਸ਼ ਦੇ ਹਰ ਖੇਤਰ ਵਿੱਚ ਆਪਣੀਆਂ ਗਤੀਵਿਧੀਆਂ ਸਦਾ ਚਾਲੂ ਰੱਖਦੇ ਹਨ। ਇਹਨਾਂ ਸਮਾਜ ਵਿਰੋਧੀ ਤੱਤਾਂ ਦੇ ਵੱਖ-ਵੱਖ ਇਲਾਕਿਆਂ ਵਿੱਚ ਇਕ ਮਜ਼ਬੂਤ ਗਰੋਹਾਂ ਦੇ ਰੂਪ ਵਿੱਚ ਜਾਲ ਵਿਛਾਇਆ ਹੁੰਦਾ ਹੈ, ਜੋ ਵਿਉਂਤਬੰਦ ਤਰੀਕੇ ਨਾਲ ਆਪਣੀਆਂ ਗਤੀਵਿਧੀਆਂ ਦਾ ਕੰਮ ਚਾਲੂ ਰੱਖਦਾ ਹੈ। ਹੌਲੀ-ਹੌਲੀ ਇਹਨਾਂ ਲੋਕਾਂ ਦੀ ਪਹੁੰਚ ਸਰਕਾਰੇ-ਦਰਬਾਰੇ ਤੱਕ ਵੀ ਪੁੱਜ ਜਾਂਦੀ ਹੈ, ਜਿਸ ਦੇ ਆਸਰੇ ਇਹ ਲੋਕ ਆਪਣੇ ਧੰਦੇ ਨੂੰ ਬਹੁਤ ਹੀ ਆਸਾਨੀ ਨਾਲ ਅੰਜ਼ਾਮ ਦਿੰਦੇ ਰਹਿੰਦੇ ਹਨ।

ਦੇਸ਼ ਅਤੇ ਸੂਬਿਆਂ ਦੀਆਂ ਸਰਕਾਰਾਂ ਨੂੰ ਚਾਹੀਦਾ ਹੈ ਕਿ ਜਿਸ ਤਰ੍ਹਾਂ ਦੇਸ਼ ਅੰਦਰ ਪਸ਼ੂਆਂ ਦੀਆਂ ਮੰਡੀਆਂ ਲੱਗਦੀਆਂ ਹਨ, ਉਸੇ ਤਰ੍ਹਾਂ ਹੀ ਟਰੈਕਟਰ, ਟਰਾਲੀਆਂ ਅਤੇ ਕਾਰਾਂ, ਮੋਟਰ ਸਾਈਕਲਾਂ, ਸਕੂਟਰਾਂ ਦੀਆਂ ਮੰਡੀਆਂ ਲੱਗਦੀਆਂ ਹਨ, ਇਸੇ ਤਰ੍ਹਾਂ ਹਰ ਜ਼ਿਲ੍ਹਾ ਹੈੱਡਕੁਆਟਰ ’ਤੇ ਸਾਲ ਵਿੱਚ ਜਾਂ ਛੇ ਮਹੀਨਿਆਂ ਵਿੱਚ ਬੱਚੇ-ਬੱਚੀਆਂ ਗੋਦ ਲੈਣ ਦੇ ਸੰਮੇਲਨ ਕਰਵਾਉਣ ਦਾ ਪ੍ਰਬੰਧ ਕਰਵਾਉਣਾ ਚਾਹੀਦਾ ਹੈ। ਇਸ ਮਕਸਦ ਲਈ ਸਾਰੇ ਜ਼ਿਲ੍ਹੇ ਵਿੱਚ ਖੁੱਲ੍ਹ ਕੇ ਪ੍ਰਚਾਰ ਕੀਤਾ ਜਾਵੇ, ਤਾਂ ਕਿ ਬੱਚੇ ਗੋਦ ਲੈਣ ਅਤੇ ਦੇਣ ਵਾਲੇ ਸਾਰੇ ਲੋਕ ਹੁੰਮ-ਹੁਮਾ ਕੇ ਮੁਕੱਰਰ ਕੀਤੀ ਥਾਂ ’ਤੇ ਮੌਕੇ ਨਾਲ ਪੁੱਜ ਜਾਣ। ਇਸ ਪ੍ਰੋਗਰਾਮ ਵਿੱਚ ਬੱਚੇ ਗੋਦ ਲੈਣ ਅਤੇ ਦੇਣ ਵਾਲੇ ਪਰਵਾਰਾਂ ਵਿੱਚ ਖੁੱਲ੍ਹ ਕੇ ਆਪਸ ਵਿੱਚ ਵਿਚਾਰ-ਵਟਾਂਦਰਾ ਅਤੇ ਸਾਰੀਆਂ ਸ਼ਰਤਾਂ ਤਹਿ ਹੋ ਜਾਣ ਕਿ ਬੱਚਾ ਗੋਦ ਲੈਣ ਅਤੇ ਦੇਣ ਬਾਅਦ ਕੀ ਮਾਪੇ ਬੱਚੇ ਨੂੰ ਮਿਲ ਸਕਦੇ ਹਨ ਜਾਂ ਨਹੀਂ, ਕੀ ਮਾਪੇ ਬੱਚੇ ਨੂੰ ਆਪਣੀ ਪਹਿਚਾਣ ਦੱਸ ਸਕਦੇ ਹਨ ਜਾਂ ਨਹੀਂ, ਜੇ ਦੱਸ ਸਕਦੇ ਹਨ ਤਾਂ ਕਦੋਂ ਦਸ ਸਕਦੇ ਹਨ, ਵਗੈਰਾ-ਵਗੈਰਾ। ਇਸੇ ਤਰ੍ਹਾਂ ਬੱਚੇ ਦੇ ਮਾਪਿਆਂ ਨੂੰ ਬੱਚਾ ਗੋਦ ਲੈਣ ਵਾਲੀ ਪਾਰਟੀ, ਜੋ ਵੀ ਪੈਸੇ ਦਾ ਭੁਗਤਾਨ ਕਰੇਗੀ, ਉਹ ਸਿੱਧਾ ਬੱਚੇ ਦੇ ਮਾਪਿਆਂ ਨੂੰ ਜਾਵੇਗਾ, ਨਾ ਕਿ ਅਗਵਾਕਾਰਾਂ ਨੂੰ। ਇਸ ਤਰ੍ਹਾਂ 80ਫੀਸਦੀ ਤੋਂ 90ਫੀਸਦੀ ਬੱਚਿਆਂ ਦੇ ਅਗਵਾ ਹੋਣ ਦੀਆਂ ਵਾਰਦਾਤਾਂ ਘਟ ਜਾਣਗੀਆਂ। ਇਥੇ ਹੀ ਬੱਸ ਨਹੀਂ, ਦੇਸ਼ ਅੰਦਰ ਰੋਜ਼ਾਨਾ ਗੈਂਗਸਟਰਾਂ ਜਾਂ ਸਮਾਜ ਵਿਰੋਧੀ ਤੱਤਾਂ ਵੱਲੋਂ ਜੋ ਬੱਚੇ ਅਗਵਾ ਕੀਤੇ ਜਾਂਦੇ ਹਨ, ਉਹਨਾਂ ਨੂੰ ਲੱਭਣ ਲਈ ਸਰਕਾਰਾਂ ਜੋ ਕਰੋੜਾਂ ਰੁਪਏ ਖ਼ਰਚ ਕਰਦੀਆਂ ਹਨ, ਉਹਨਾਂ ਦੀ ਬੱਚਤ ਤੋਂ ਇਲਾਵਾ ਦੇਸ਼ ਦੀ ਜਨਤਾ ਦੇ ਦਿਲਾਂ ਅੰਦਰ ਜੋ ਡਰ ਅਤੇ ਦਹਿਸ਼ਤ ਦਾ ਮਹੌਲ ਬਣ ਜਾਂਦਾ ਹੈ ਉਹ ਖਤਮ ਹੋ ਜਾਵੇਗਾ ਅਤੇ ਲੋਕ ਬੇਖੌਫ ਆਪਣਾ ਵਕਤ ਗੁਜ਼ਾਰਨਗੇ।

ਜੋ 10 ਫੀਸਦੀ ਤੋਂ 20 ਫੀਸਦੀ ਤੱਕ ਅਗਵਾ ਕਰਨ ਦਾ ਖ਼ਤਰਾ ਹੈ, ਉਹ ਦੋ ਪ੍ਰਕਾਰ ਦਾ ਹੈ, ਜਿਸ ਵਿੱਚ ਦਸ-ਪੰਦਰਾਂ ਫੀਸਦੀ ਬੱਚਿਆਂ ਨੂੰ ਇਸ ਗਰੋਹ ਦੇ ਲੋਕ ਕਿਸੇ ਕਿਸਮ ਦਾ ਵਿਕਲਾਂਗ ਜਾਂ ਅੰਗਹੀਣ ਬਣਾ ਕੇ ਭੀਖ ਮੰਗਣ ਲਈ ਵਰਤਦੇ ਹਨ, ਜੋ ਸਰਕਾਰਾਂ ਭੀਖ ਮੰਗਣ ’ਤੇ ਪੂਰਨ ਪਾਬੰਦੀ ਲਾ ਕੇ ਸਖ਼ਤੀ ਨਾਲ ਰੋਕ ਸਕਦੀਆਂ ਹਨ। ਨਾਲ ਹੀ ਚੌਕਸੀ ਵਿਭਾਗ ਤਿਰਛੀ ਨਜ਼ਰ ਰੱਖੇ ਕਿ ਅਜਿਹੇ ਅੰਗਹੀਣ ਬੱਚੇ ਕੌਣ ਛੱਡ ਕੇ ਚਲਾ ਜਾਂਦਾ ਹੈ ਅਤੇ ਕੌਣ ਲੈ ਕੇ ਜਾਂਦਾ ਹੈ।

ਜੇ ਸਰਕਾਰਾਂ ਧੁਰ ਅੰਦਰੋਂ ਸੱਚੇ ਅਤੇ ਸਾਫ ਦਿਲ ਨਾਲ ਕਿਸੇ ਚੀਜ਼ ’ਤੇ ਲਗਾਮ ਜਾਂ ਰੋਕ ਲਾਉਣਾ ਚਾਹੁਣ ਤਾਂ ਇਹਨਾਂ ਦੀ ਮਰਜ਼ੀ ਜਾਂ ਸਹਿਯੋਗ ਬਿਨਾਂ ਧਰਤੀ ’ਤੇ ਪੱਤਾ ਵੀ ਨਹੀਂ ਹਿੱਲਦਾ ਜਾਂ ਸਮਝੋ ਪਰਿੰਦਾ ਵੀ ਖੰਭ ਨਹੀਂ ਹਿਲਾ ਸਕਦਾ। ਅਜਿਹੀ ਚੰਦਰੀ ਬਿਮਾਰੀ ਸਾਡੇ ਦੇਸ਼ ਵਿਚ ਚਲਾਉਣ ਵਾਲੇ ਟੋਲਿਆਂ ਵਿੱਚ ਬੁਰੀ ਤਰ੍ਹਾਂ ਪਲੇਗ ਵਾਂਗ ਫੈਲ ਚੁੱਕੀ ਹੈ, ਜਿਸ ਦਾ ਜਲਦੀ ਕੋਈ ਹੱਲ ਨਿਕਲਦਾ ਨਜ਼ਰ ਨਹੀਂ ਆਉਂਦਾ।

ਕਾਸ਼ ! ਸਾਡੀ ਦੇਵ ਭੂਮੀ ਭਾਰਤ ਦੇ ਗੁੰਗੇ, ਬੋਲੇ, ਅੰਨ੍ਹੇ ਅਤੇ ਮਹਾਂ ਲਾਲਚੀ ਕਮੀਨੇ ਅਜਿਹੇ ਲੋਕਾਂ ਅੰਦਰ ਤਿਆਗ ਅਤੇ ਰਹਿਮ ਦੇ ਚਿਰਾਗ ਦੀ ਰੋਸ਼ਨੀ ਪੈਦਾ ਹੋ ਜਾਵੇ। ਮੇਰਾ ਭਾਰਤ ਫਿਰ ਤੋਂ ਦੇਵੀ ਦੇਵਤਿਆਂ, ਰਿਸ਼ੀਆਂ ਮੁਨੀਆਂ, ਸੰਤਾਂ, ਭਗਤਾਂ ਅਤੇ ਪੀਰ-ਪੈਗੰਬਰਾਂ ਦੇ ਨਾਲ-ਨਾਲ ਸੋਨੇ ਦੀ ਚਿੜੀਆਂ ਵੀ ਬਣ ਜਾਵੇ। ਜੇਕਰ ਉਪਰੋਕਤ ਉਪਰਾਲੇ ਕੀਤੇ ਜਾਣ ਤਾਂ ਪੂਰਨ ਉਮੀਦ ਹੀ ਨਹੀਂ, ਪੂਰਨ ਵਿਸ਼ਵਾਸ ਵੀ ਹੈ ਕਿ ਇੰਝ ਹੋਣ ਨਾਲ 80ਤੋਂ 90 ਫੀਸਦੀ ਤੱਕ ਅਗਵਾ ਹੋਣ ਦੀਆਂ ਘਿਨੌਣੀਆਂ ਹਰਕਤਾਂ ਬੰਦ ਹੋ ਜਾਣਗੀਆਂ ਅਤੇ ਦੇਸ਼ ਦੀ ਜਨਤਾ ਸੁੱਖ-ਚੈਨ ਦੀ ਜ਼ਿੰਦਗੀ ਬਤੀਤ ਕਰੇਗੀ।

ਸੰਪਰਕ : 98770-33838

10-MAY-PAGE-5.qxd 5/9/2025 7:39 PM Page 1



# ਬਨੇਗਾ ਪ੍ਰਾਪਤੀ ਲਈ 27 ਮਈ ਦਾ ਬਾਵਰਦੀ ਪੈਦਲ ਮਾਰਚ ਇਤਿਹਾਸਕ ਹੋਵੇਗਾ : ਮਹੇਸ਼ਰੀ, ਢਾਬਾਂ

## ਪੈਦਲ ਮਾਰਚ ਦੀ ਕਾਮਯਾਬੀ ਲਈ ਆਗੂਆਂ ਦੀਆਂ ਜ਼ਿੰਮੇਵਾਰੀਆਂ ਲਗਾਈਆਂ



**ਜਲਾਲਾਬਾਦ (ਜੀਤ ਕੁਮਾਰ, ਰਣਬੀਰ ਕੌਰ ਢਾਬਾਂ)**-ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ ਸਭ ਲਈ ਰੁਜ਼ਗਾਰ ਦੀ ਗਾਰੰਟੀ ਕਰਦੇ ਕਾਨੂੰਨ ਭਗਤ ਸਿੰਘ ਕੌਮੀ ਰੁਜ਼ਗਾਰ ਗਾਰੰਟੀ ਕਾਨੂੰਨ (ਬਨੇਗਾ) ਨੂੰ ਦੇਸ਼ ਦੀ ਪਾਰਲੀਮੈਂਟ ਵਿੱਚ ਪਾਸ ਕਰਵਾਉਣ ਲਈ 27 ਮਈ 2025 ਨੂੰ ਹਜ਼ਾਰਾਂ ਦੀ ਗਿਣਤੀ ਵਿੱਚ ਵਿਦਿਆਰਥੀਆਂ ਤੇ ਨੌਜਵਾਨਾਂ ਵੱਲੋਂ ਬਾਵਰਦੀ ਭਗਤ ਸਿੰਘ ਦੀ ਬਨੇਗਾ ਵਾਲੀ ਟੀ-ਸ਼ਰਟ ਪਹਿਨ ਕੇ ਪੈਦਲ ਵਲੰਟੀਅਰ ਮਾਰਚ ਕੀਤਾ ਜਾ ਰਿਹਾ ਹੈ। ਇਸ ਦੀ ਕਾਮਯਾਬੀ ਲਈ ਅੱਜ ਸਥਾਨਕ ਸੁਤੰਤਰ ਭਵਨ ਵਿਖੇ ਇਕ ਜਨਰਲ ਬਾਡੀ ਦੀ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੀ ਪ੍ਰਧਾਨਗੀ ਸਾਥੀ ਸੁਰਿੰਦਰ ਢੰਡੀਆਂ ਨੇ ਕੀਤੀ। ਇਸ ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ, ਨੌਜਵਾਨਾਂ, ਸੀਪੀਆਈ ਪਾਰਟੀ ਵਰਕਰਾਂ ਤੇ ਹਮਦਰਦਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਨੂੰ ਸੰਬੋਧਨ ਕਰਨ ਲਈ ਵਿਸ਼ੇਸ਼ ਤੌਰ 'ਤੇ ਸਰਬ ਭਾਰਤ ਨੌਜਵਾਨ ਸਭਾ ਦੇ ਕੌਮੀ ਪ੍ਰਧਾਨ ਸਾਥੀ ਸੁਖਜਿੰਦਰ ਮਹੇਸ਼ਰੀ ਪਹੁੰਚੇ। ਇਸ ਮੀਟਿੰਗ ਵਿੱਚ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਸਾਥੀ ਮਹੇਸ਼ਰੀ ਤੇ ਸਾਬਕਾ ਸੂਬਾ ਪ੍ਰਧਾਨ ਐਡਵੋਕੇਟ ਪਰਮਜੀਤ ਢਾਬਾਂ ਨੇ ਕਿਹਾ ਕਿ ਜਲਾਲਾਬਾਦ ਦੀ ਧਰਤੀ 'ਤੇ 'ਬਨੇਗਾ' ਦੀ ਪ੍ਰਾਪਤੀ ਲਈ 27 ਮਈ ਨੂੰ ਹਜ਼ਾਰਾਂ ਦੀ ਗਿਣਤੀ 'ਚ ਨੌਜਵਾਨਾਂ ਵੱਲੋਂ ਬਾਵਰਦੀ ਕੀਤਾ ਜਾ ਰਿਹਾ ਪੈਦਲ ਮਾਰਚ ਇਤਿਹਾਸਕ ਹੋਵੇਗਾ। ਆਗੂਆਂ ਨੇ ਕੇਂਦਰ ਤੇ ਪੰਜਾਬ ਦੀ ਸੂਬਾ ਸਰਕਾਰ 'ਤੇ ਦੋਸ਼ ਲਾਉਂਦਿਆਂ ਕਿਹਾ ਕਿ ਉਹ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੀ ਬਜਾਏ ਉਲਟਾ ਉਨ੍ਹਾਂ 'ਤੇ ਜ਼ੁਲਮ ਢਾਹ ਰਹੇ ਹਨ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਦੇਸ਼ ਅੰਦਰ ਕੁੱਲ ਆਬਾਦੀ 'ਚੋਂ 41 ਕਰੋੜ ਤੇ ਪੰਜਾਬ ਸੂਬੇ ਅੰਦਰ ਇੱਕ ਕਰੋੜ ਦੇ ਕਰੀਬ ਨੌਜਵਾਨ ਪੜ੍ਹ ਲਿਖ ਕੇ ਬੇਰੁਜ਼ਗਾਰ ਫਿਰ ਰਹੇ ਹਨ। ਉਨ੍ਹਾਂ ਕਿਹਾ ਕਿ ਦੇਸ਼ ਦੀ ਪਾਰਲੀਮੈਂਟ 'ਚ ਸਭ ਲਈ ਰੁਜ਼ਗਾਰ ਦੀ ਗਾਰੰਟੀ ਕਰਦਾ ਕਾਨੂੰਨ ਬਨੇਗਾ (ਭਗਤ ਸਿੰਘ ਨੈਸ਼ਨਲ ਇੰਪਲਾਈਮੈਂਟ ਗਾਰੰਟੀ ਐਕਟ) ਨੂੰ ਪਾਸ ਕਰਵਾਉਣ ਲਈ ਉਹ ਇਸ ਤਰ੍ਹਾਂ ਦੇ ਵਲੰਟੀਅਰ ਮਾਰਚ ਕਰ ਰਹੇ ਹਨ।

ਸਾਬਕਾ ਨੌਜਵਾਨ ਆਗੂ ਸਾਥੀ ਹੰਸ ਰਾਜ ਗੋਲਡਨ ਤੇ ਸੁਰਿੰਦਰ ਢੰਡੀਆਂ ਨੇ ਕਿਹਾ ਕਿ ਉਹ ਨੌਜਵਾਨਾਂ ਦੇ ਇਸ ਪੈਦਲ ਮਾਰਚ ਨੂੰ ਕਾਮਯਾਬ ਕਰਨ ਲਈ ਦਾ ਸਹਿਯੋਗ ਕਰਨਗੇ। ਉਨ੍ਹਾਂ ਨੌਜਵਾਨ ਮਾਪਿਆਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਉਹ ਆਪਣੇ ਬੱਚਿਆਂ ਨੂੰ ਆਪਣੇ ਬੁਢਾਪੇ ਦੀ ਡੰਗੋਰੀ ਬਣਾਉਣ ਲਈ ਭਾਵ ਰੁਜ਼ਗਾਰ ਦੀ ਗਾਰੰਟੀ ਕਰਦੇ ਕਾਨੂੰਨ ਨੂੰ ਪਾਸ ਕਰਵਾਉਣ ਲਈ ਇਸ ਮਾਰਚ ਵਿੱਚ ਸ਼ਾਮਲ ਕਰਵਾਉਣ ਲਈ ਜ਼ਰੂਰ ਤਿਆਰ ਕਰਨ। ਇਸ ਮੌਕੇ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਸਾਥੀ ਹਰਭਜਨ ਛੱਪੜੀਵਾਲਾ ਤੇ ਨਰਿੰਦਰ ਢਾਬਾਂ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਅੱਜ ਦੀ ਮੀਟਿੰਗ ਵਿੱਚ ਵਿਦਿਆਰਥੀਆਂ, ਨੌਜਵਾਨਾਂ, ਪਾਰਟੀ ਵਰਕਰਾਂ ਤੇ ਹਮਦਰਦਾਂ ਦੀ ਜ਼ਿੰਮੇਵਾਰੀ ਲਗਾਈ ਗਈ ਹੈ ਕਿ ਉਹ ਇਸ ਵਲੰਟੀਅਰਜ਼ ਮਾਰਚ ਨੂੰ ਕਾਮਯਾਬ ਕਰਨ ਲਈ ਦਿਨ-ਰਾਤ ਇਕ ਕਰ ਦੇਣ। ਇਸ ਮੌਕੇ ਹੋਰਨਾਂ ਤੋਂ ਇਲਾਵਾ ਏਆਈਐੱਸਐੱਫ ਦੇ ਜ਼ਿਲ੍ਹਾ ਸਕੱਤਰ ਸਟਾਲਿਨ ਲਮੋਚੜ, ਮੀਤ ਪ੍ਰਧਾਨ ਅੰਮ੍ਰਿਤ ਕਾਠਗੜ੍ਹ, ਨੌਜਵਾਨ ਸਭਾ ਦੇ ਬਲਾਕ ਪ੍ਰਧਾਨ ਅਸ਼ੋਕ ਢਾਬਾਂ, ਮੀਤ ਪ੍ਰਧਾਨ ਸੋਨਾ ਸਿੰਘ ਧੁਨਕੀਆਂ, ਧਰਮਿੰਦਰ ਮੁਰਕਵਾਲਾ, ਕਰਨ ਹਜ਼ਾਰਾ, ਪੰਜਾਬ ਇਸਤਰੀ ਸਭਾ ਵੱਲੋਂ ਹਰਜੀਤ ਕੌਰ ਢੰਡੀਆਂ, ਸੁਸ਼ਮਾ ਗੋਲਡਨ, ਰਣਬੀਰ ਕੌਰ ਢਾਬਾਂ, ਗੁਰਮੀਤ ਕੌਰ ਕਾਠਗੜ੍ਹ, ਛਿੰਦਰ ਮਹਾਲਮ, ਖੇਤ ਮਜ਼ਦੂਰ ਸਭਾ ਵੱਲੋਂ ਬਲਵੀਰ ਕਾਠਗੜ੍ਹ, ਮੁਖਤਿਆਰ ਕਮਰੇ ਵਾਲਾ, ਤੇਜਾ ਅਮੀਰ ਖਾਸ, ਸੰਦੀਪ ਜੋਧਾ, ਬਲਵਿੰਦਰ ਮਹਾਲਮ, ਕਿਸਾਨ ਆਗੂ ਕ੍ਰਿਸ਼ਨ ਧਰਮੂ ਵਾਲਾ, ਬਲਵੰਤ ਚੋਹਾਣਾ, ਰਮੇਸ਼ ਪੀਰ ਮੁਹੰਮਦ ਨੇ ਵੀ ਨੌਜਵਾਨਾਂ ਦੇ ਵਲੰਟੀਅਰ ਮਾਰਚ ਨੂੰ ਸਫਲ ਬਣਾਉਣ ਲਈ ਆਪਣੀ ਆਪਣੀ ਜ਼ਿੰਮੇਵਾਰੀ ਲਈ।

## ਹੰਗਾਮੀ ਹਾਲਤ ਨਾਲ ਨਜਿੱਠਣ ਲਈ ਡੀ ਸੀ ਵੱਲੋਂ ਅਵਾਮ ਨੂੰ ਸ਼ਾਂਤ ਰਹਿਣ ਦੀ ਅਪੀਲ

*ਅਵਾਮ ਦੀ ਸਹੂਲਤ ਲਈ ਕੰਟਰੋਲ ਰੂਮ ਸਥਾਪਤ*

**ਮਾਲੇਰਕੋਟਲਾ (ਅਸਗਰ ਪਰਿਹਾਰ)**-ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਾਲ ਹੀ ਵਿੱਚ ਉਤਪੰਨ ਹੋਏ ਹੰਗਾਮੀ ਹਾਲਾਤ ਦੇ ਸਬੰਧ ਵਿੱਚ ਡਿਪਟੀ ਕਮਿਸ਼ਨਰ ਮਾਲੇਰਕੋਟਲਾ ਨੇ ਲੋਕਾਂ ਨੂੰ ਤਹੱਮੁਲ, ਸਮਝਦਾਰੀ ਤੇ ਸ਼ਾਂਤੀ ਬਣਾਈ ਰੱਖਣ ਦੀ ਅਪੀਲ ਕਰਦਿਆਂ ਕਿਹਾ ਕਿ ਕਿਸੇ ਵੀ ਕਿਸਮ ਦੀ ਘਬਰਾਹਟ ਜਾਂ ਅਫਵਾਹਾਂ 'ਚ ਆ ਕੇ ਕੰਮ ਨਾ ਲਿਆ ਜਾਵੇ।ਜ਼ਿਲ੍ਹਾ ਪ੍ਰਸ਼ਾਸਨ ਸੁਚਿਤ, ਤੱਤਪਰ ਤੇ ਸੁਚੇਤ ਹੈ ਅਤੇ ਹਾਲਾਤ 'ਤੇ ਪੂਰੀ ਨਿਗਰਾਨੀ ਰੱਖੀ ਜਾ ਰਹੀ ਹੈ।ਇੱਕ ਵੀਡੀਓ ਸੰਦੇਸ਼ ਰਾਹੀਂ ਜ਼ਿਲ੍ਹੇ ਦੀ ਅਵਾਮ ਦੇ ਮੁਖ਼ਲਿਅਤ ਹੁੰਦਿਆਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਸਾਰੇ ਨਿਵਾਸੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸੁਰੱਖਿਆ ਅਧਿਕਾਰੀਆਂ ਨਾਲ ਮਿਲ ਕੇ ਕੰਮ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਅਸੀਂ ਜ਼ਿਲ੍ਹੇ ਵਿੱਚ ਸ਼ਾਂਤੀ ਬਣਾਈ ਰੱਖਣ ਲਈ ਪੂਰੀ ਤਰ੍ਹਾਂ ਸੁਚੇਤ ਤੇ ਵਚਨਬੱਧ ਹਾਂ।ਨਾਗਰਿਕਾਂ ਨੂੰ ਇਸ ਸਮੇਂ ਦੌਰਾਨ ਸ਼ਾਂਤ ਰਹਿਣ ਤੇ ਪ੍ਰਸ਼ਾਸਨ ਨਾਲ ਸਹਿਯੋਗ ਕਰਨ ਦੀ ਅਪੀਲ ਕੀਤੀ।

ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਸਾਰੀਆਂ ਲੋੜੀਂਦੀਆਂ ਸੇਵਾਵਾਂ ਤੇ ਰੋਜ਼ਮਰ੍ਹਾ ਜ਼ਿੰਦਗੀ ਲਈ ਜ਼ਰੂਰੀ ਵਸਤੂਆਂ ਦੀ ਸਪਲਾਈ ਨਿਰੰਤਰ ਬਣਾਈ ਰੱਖਣ ਲਈ ਪ੍ਰਸ਼ਾਸਨ ਵੱਲੋਂ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਕੁਝ ਤੱਤ ਹਾਲਾਤਾਂ ਦਾ ਗਲਤ ਫਾਇਦਾ ਚੁੱਕਦੇ ਹੋਏ ਅਫਵਾਹਾਂ ਫੈਲਾਉਣ ਜਾਂ ਜਮ੍ਹਾਂਖੋਰੀ ਵਰਗੀਆਂ ਗਤੀਵਿਧੀਆਂ 'ਚ ਲੱਗੇ ਹੋ ਸਕਦੇ ਹਨ, ਇਨ੍ਹਾਂ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਇਸ ਸੰਬੰਧੀ ਜ਼ਿਲ੍ਹਾ ਪ੍ਰਸ਼ਾਸਨ ਨੇ ਲੋਕਾਂ ਦੀ ਸਹੂਲਤ ਲਈ ਇੱਕ ਵਿਸ਼ੇਸ਼ ਕੰਟਰੋਲ ਰੂਮ ਸਥਾਪਤ ਕੀਤਾ ਹੈ, ਜਿਸ ਦਾ ਨੰਬਰ 01765-252003 ਹੈ।ਕੋਈ ਵੀ ਨਾਗਰਿਕ ਜੇਕਰ ਕਿਸੇ ਵੀ ਤਰ੍ਹਾਂ ਦੀ ਸੂਚਨਾ, ਸ਼ਿਕਾਇਤ ਜਾਂ ਮਦਦ ਦੀ ਲੋੜ ਮਹਿਸੂਸ ਕਰਦਾ ਹੈ ਤਾਂ ਉਹ ਕੰਟਰੋਲ ਰੂਮ ਨਾਲ ਸਿੱਧਾ ਸੰਪਰਕ ਕਰ ਸਕਦਾ ਹੈ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪ੍ਰਸ਼ਾਸਨ ਲੋਕਾਂ ਦੀ ਭਲਾਈ ਤੇ ਸੁਰੱਖਿਆ ਲਈ ਵਚਨਬੱਧ ਹੈ ਅਤੇ ਜ਼ਿਲ੍ਹੇ ਵਿੱਚ ਹਰ ਹਾਲਤ 'ਚ ਸ਼ਾਂਤੀਪੂਰਨ ਵਾਤਾਵਰਨ ਬਣਾਈ ਰੱਖਣ ਲਈ ਪੂਰੀ ਤਰ੍ਹਾਂ ਤਿਆਰ ਹੈ।

# ਆਰਤੀ ਦੀ ਮੌਤ ਦਾ ਮਾਮਲਾ ਗਰਮਾਇਆ, ਵਣਜਾਰਾ ਸਮਾਜ ਪਰਵਾਰ ਦੇ ਹੱਕ 'ਚ ਆਇਆ

## ਪੇਕਾ ਪਰਵਾਰ ਦੇ ਦਬਾਅ ਮਗਰੋਂ ਪਤੀ ਗ੍ਰਿਫਤਾਰ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਬ ਡਵੀਜ਼ਨ ਪਾਤੜਾਂ ਅਧੀਨ ਆਉਂਦੇ ਪਿੰਡ ਸ਼ੁਤਰਾਣਾ ਦੇ ਸੁਭਾਸ਼ ਨਗਰ ਵਿਖੇ ਕੁਝ ਦਿਨ ਪਹਿਲਾਂ ਸਾਰਾ ਪਰਵਾਰ ਦੇ ਜ਼ੁਲਮਾਂ ਤੋਂ ਤੰਗ ਆ ਕੇ ਖੁਦਕੁਸ਼ੀ ਕਰ ਜਾਣ ਵਾਲੀ ਆਰਤੀ ਦੀ ਮੌਤ ਦਾ ਮਾਮਲਾ ਗਰਮਾ ਗਿਆ ਹੈ।ਮ੍ਰਿਤਕ ਲੜਕੀ ਦੇ ਪੇਕਾ ਪਰਵਾਰ ਦੇ ਬਿਆਨਾਂ ਦੇ ਅਧਾਰ 'ਤੇ ਆਰਤੀ ਦੇ ਪਤੀ ਸਮੇਤ ਸਹੁਰਾ ਪਰਵਾਰ ਦੇ ਤਿੰਨ ਮੈਂਬਰਾਂ ਵਿਰੁੱਧ ਪਰਚਾ ਦਰਜ ਕੀਤੇ ਜਾਣ ਦੇ ਬਾਵਜੂਦ ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ 'ਚ ਪੁਲਸ ਵੱਲੋਂ ਕੀਤੀ ਜਾ ਰਹੀ ਦੇਰੀ ਨੂੰ ਲੈ ਕੇ ਮ੍ਰਿਤਕ ਲੜਕੀ ਦੇ ਪੇਕਾ ਪਰਵਾਰ ਵਿੱਚ ਗੁੱਸਾ ਪਾਇਆ ਜਾ ਰਿਹਾ ਹੈ।ਮ੍ਰਿਤਕ ਲੜਕੀ ਦੇ ਪੇਕਾ ਪਰਵਾਰ ਵੱਲੋਂ ਦਿੱਲੀ-ਸੰਗਰੂਰ ਨੈਸ਼ਨਲ ਹਾਈਵੇ 'ਤੇ ਸ਼ੁਤਰਾਣਾ ਅੱਡਾ ਵਿਖੇ ਸੰਕੇਤਕ ਧਰਨਾ ਦਿੱਤਾ ਗਿਆ।ਇਸ ਦੌਰਾਨ ਮ੍ਰਿਤਕ ਦੇ ਵਾਰਸਾਂ ਨੇ ਪੰਜਾਬ ਪੁਲਸ ਵੱਲੋਂ ਵਰਤੀ ਜਾ ਰਹੀ ਅਣਗਹਿਲੀ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ।

ਮ੍ਰਿਤਕ ਆਰਤੀ ਲੜਕੀ ਦੇ ਵਾਰਸਾਂ ਦੇ ਹੱਕ ਵਿੱਚ ਆਏ ਬਾਜ਼ੀਗਰ (ਵਣਜਾਰਾ) ਸਮਾਜ ਸੰਘਰਸ਼ ਕਮੇਟੀ ਦੇ ਪ੍ਰਧਾਨ ਡਾਕਟਰ ਬਲਵਿੰਦਰ ਸਿੰਘ, ਚਰਨਾ ਰਾਮ ਲਾਲਕਾ, ਭਰਭੂਰ ਸਿੰਘ ਰੇਤਗੜ੍ਹ ਸਮੇਤ ਮ੍ਰਿਤਕ ਦੀ ਮਾਤਾ ਪ੍ਰਕਾਸ਼ੀ ਨੇ ਦੱਸਿਆ ਕਿ ਭਵਾਨੀਗੜ੍ਹ ਨੇੜਲੇ ਪਿੰਡ ਰਾਮਪੁਰਾ ਦੀ ਵਾਸੀ ਮ੍ਰਿਤਕ ਲੜਕੀ ਆਰਤੀ ਦਾ ਵਿਆਹ ਕਰੀਬ ਡੇਢ ਸਾਲ ਪਹਿਲਾਂ ਕੀਤਾ ਗਿਆ ਸੀ, ਪ੍ਰੰਤੂ ਉਸ ਸਮੇਂ ਤੋਂ ਹੀ ਉਸ ਦੇ ਪਤੀ ਦੇ ਨਜਾਇਜ਼ ਸਬੰਧਾਂ ਨੂੰ ਲੈ ਕੇ ਦੋਨਾਂ ਵਿੱਚ ਅਣਬਣ ਰਹੀ, ਜਿਸ ਦੇ ਚਲਦਿਆਂ ਕੁਝ ਦਿਨ ਪਹਿਲਾਂ ਉਸ ਦੇ ਪਤੀ ਤੇ ਸਹੁਰਾ ਪਰਵਾਰ ਨੇ ਉਸ ਨੂੰ ਮਾਰ ਦਿੱਤਾ।ਉਨ੍ਹਾਂ ਦੱਸਿਆ ਕਿ ਪਰਵਾਰ ਦੇ ਬਿਆਨਾਂ ਦੇ ਅਧਾਰ 'ਤੇ ਪੁਲਸ ਨੇ ਉਸ ਦੇ ਪਤੀ ਸਮੇਤ ਤਿੰਨ ਹੋਰਾਂ ਵਿਅਕਤੀਆਂ ਖਿਲਾਫ ਕੇਸ ਦਰਜ ਕੀਤਾ ਸੀ, ਪਰ ਕਈ ਦਿਨ ਬੀਤ ਜਾਣ ਦੇ ਬਾਵਜੂਦ ਕਿਸੇ ਨੂੰ ਵੀ ਗ੍ਰਿਫਤਾਰ ਨਹੀਂ ਕੀਤਾ ਗਿਆ। ਡਾਕਟਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਸ਼ੁੱਕਰਵਾਰ ਜਦੋਂ ਉਹ ਆਪਣੀ ਜਥੇਬੰਦੀ ਦੇ ਵਰਕਰਾਂ ਤੇ ਪਰਵਾਰ ਸਮੇਤ ਧਰਨਾ ਦੇਣ ਲਈ ਸ਼ੁਤਰਾਣਾ ਵਿਖੇ ਪੁੱਜੇ ਤਾਂ ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਕੇਸ ਦੇ ਮੁੱਖ ਦੋਸ਼ੀ ਆਰਤੀ ਦੇ ਪਤੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ।ਉਨ੍ਹਾਂ ਮੰਗ ਕੀਤੀ ਕਿ ਬਾਕੀ ਮੁਲਜ਼ਮਾਂ ਨੂੰ ਵੀ ਜਲਦੀ ਤੋਂ ਜਲਦੀ ਗ੍ਰਿਫਤਾਰ ਕੀਤਾ ਜਾਵੇ ਨਹੀਂ ਤਾਂ ਪਰਵਾਰ ਸੰਘਰਸ਼ ਕਰਨ ਲਈ ਮਜਬੂਰ ਹੋਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਲਾਂਗੀ ਰਾਮ, ਸਤੀ ਰਾਮ ਬਿੱਟੂ ਰਾਮ ਤੇ ਸੁਖਦੇਵ ਰਾਮ ਆਦਿ ਹਾਜ਼ਰ ਸਨ।

## ਕਾਤਰਾਂ

### ਸੜਕ ਹਾਦਸੇ 'ਚ ਜ਼ਖਮੀ ਨੌਜਵਾਨ ਦੀ ਇਲਾਜ ਦੌਰਾਨ ਮੌਤ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੰਡੀ ਗੋਬਿੰਦਗੜ੍ਹ ਨਜ਼ਦੀਕ ਪਰਸੋਂ ਵਾਪਰੇ ਇੱਕ ਸੜਕ ਹਾਦਸੇ 'ਚ ਗੰਭੀਰ ਜ਼ਖਮੀ ਹੋਏ ਉੱਤਰ ਪ੍ਰਦੇਸ਼ ਮੂਲ ਦੇ ਇੱਕ 22 ਸਾਲਾ ਨੌਜਵਾਨ ਦੀ ਇਲਾਜ ਦੌਰਾਨ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਅਮਿਤ ਵਾਸੀ ਪਿੰਡ ਬੋਰਾ ਕਲਾਂ, ਜ਼ਿਲ੍ਹਾ ਮੁਜ਼ੱਫਰ ਨਗਰ (ਉੱਤਰ ਪ੍ਰਦੇਸ਼) ਨੇ ਪੁਲਸ ਨੂੰ ਦਿੱਤੇ ਬਿਆਨਾਂ 'ਚ ਦੱਸਿਆ ਕਿ ਬੀਤੀ 6 ਮਈ ਨੂੰ ਉਸ ਦਾ ਭਰਾ ਰਾਹੁਲ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਲੁਧਿਆਣਾ ਵੱਲ ਨੂੰ ਜਾ ਰਿਹਾ ਸੀ ਤਾਂ ਮੰਡੀ ਗੋਬਿੰਦਗੜ੍ਹ ਨਜ਼ਦੀਕ ਇੱਕ ਤੇਜ਼ ਰਫ਼ਤਾਰ ਮੋਟਰਸਾਈਕਲ ਚਾਲਕ ਨੇ ਉਸ ਦੇ ਭਰਾ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਰਾਹੁਲ ਦੇ ਗੰਭੀਰ ਸੱਟਾਂ ਲੱਗੀਆਂ, ਜਿਸ ਨੂੰ ਇਲਾਜ ਲਈ ਪਹਿਲਾਂ ਮੰਡੀ ਗੋਬਿੰਦਗੜ੍ਹ ਤੇ ਫਿਰ ਰਜਿੰਦਰਾ ਹਸਪਤਾਲ ਪਟਿਆਲਾ ਵਿਖੇ ਲਿਜਾਇਆ ਗਿਆ, ਜਿੱਥੇ ਇਲਾਜ ਦੌਰਾਨ ਉਸ ਦੇ ਭਰਾ ਰਾਹੁਲ ਦੀ ਮੌਤ ਹੋ ਗਈ। ਅਮਿਤ ਦੇ ਬਿਆਨਾਂ 'ਤੇ ਨਾਮਾਲੂਮ ਮੋਟਰਸਾਈਕਲ ਚਾਲਕ ਵਿਰੁੱਧ ਮੁਕੱਦਮਾ ਦਰਜ ਕਰਵਾ ਕੇ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

### ਪਾਣੀ 'ਤੇ ਮੁੱਖ ਮੰਤਰੀ ਦਾ ਸਟੈਂਡ ਸ਼ਲਾਘਾਯੋਗ : ਮਧੇਕੇ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਪੰਜਾਬ ਸੰਬੰਧੀ ਪਾਣੀਆਂ ਦੇ ਮਸਲੇ ਨੂੰ ਲੈ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਆਪਣੀ ਸਰਕਾਰ ਸਮੇਤ ਜੋ ਸਖਤ ਸਟੈਂਡ ਲਿਆ ਹੈ, ਉਹ ਸ਼ਲਾਘਾਯੋਗ ਕਦਮ ਹੈ, ਕਿਉਂਕਿ ਜੇ ਪਾਣੀ ਹੈ ਤਾਂ ਪੰਜਾਬ ਦੀ ਹੋਂਦ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਜਸਵੰਤ ਸਿੰਘ ਮਧੇਕੇ ਆਮ ਆਦਮੀ ਪਾਰਟੀ ਦੇ ਕੋਆਰਡੀਨੇਟਰ ਨੇ ਕੀਤਾ। ਉਨ੍ਹਾਂ ਕਿਹਾ ਕਿ ਜੇਕਰ ਭਗਵੰਤ ਸਿੰਘ ਮਾਨ ਇਹ ਸਮਾਂ ਨਾ ਸੰਭਾਲਦੇ ਤਾਂ ਪੰਜਾਬ ਦਾ ਖੇਤੀ ਪੱਖੋਂ ਵੱਡਾ ਨੁਕਸਾਨ ਹੋਣਾ ਸੀ, ਕਿਉਂਕਿ ਬੋਰਾਂ ਦੇ ਪਾਣੀ ਡੂੰਘੇ ਜਾ ਚੁੱਕੇ ਹਨ। ਇਸ ਲਈ ਪੰਜਾਬ ਸਰਕਾਰ ਦੀ ਸੋਚ ਹੈ ਕਿ ਖੇਤੀ ਲਈ, ਪੀਣ ਲਈ ਕੁਦਰਤੀ ਸਰੋਤਾਂ ਦਾ ਪਾਣੀ ਵਰਤਿਆ ਜਾਵੇ, ਜਿਸ ਨਾਲ ਧਰਤੀ ਹੇਠਲਾ ਪਾਣੀ ਬਚੇਗਾ। ਉਨ੍ਹਾਂ ਕਿਹਾ ਕਿ ਪਾਣੀ ਦੇ ਮਾਮਲੇ 'ਤੇ ਦੂਜੀਆਂ ਵਿਰੋਧੀ ਪਾਰਟੀਆਂ ਰਾਜਨੀਤਕ ਮਸਲਾ ਬਚਾਉਣ ਦੀ ਕੋਸ਼ਿਸ਼ ਨਾ ਕਰਨ। ਰੌਲਾ ਪਾਉਣ ਦੀ ਬਜਾਏ ਪੰਜਾਬ ਅਤੇ ਪੰਜਾਬ ਦੇ ਮੁੱਖ ਮੰਤਰੀ ਨਾਲ ਇਕਜੁਟਤਾ ਦਿਖਾ ਦਿਓ ਤਾਂ ਜੁ ਦੂਜੇ ਸੂਬਿਆਂ ਨੂੰ ਪਤਾ ਲੱਗੇ ਕਿ ਪਾਣੀ ਜਾਂ ਹੋਰ ਗੰਭੀਰ ਮਸਲਿਆਂ 'ਤੇ ਪੰਜਾਬ ਇੱਕ ਹੈ।

### ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੰਟਰੋਲ ਰੂਮ ਸਥਾਪਤ

**ਸ੍ਰੀ ਮੁਕਤਸਰ ਸਾਹਿਬ/ਗਿੱਦੜਬਾਹਾ (ਸ਼ਮਿੰਦਰਪਾਲ/ਜਸਵੰਤ ਗਿੱਲ)**-ਜ਼ਿਲ੍ਹਾ ਪ੍ਰਸ਼ਾਸਨ ਸ੍ਰੀ ਮੁਕਤਸਰ ਸਾਹਿਬ ਵੱਲੋਂ ਵਰਤਮਾਨ ਹਲਾਤਾਂ ਦੇ ਮੱਦੇਨਜ਼ਰ ਇਕ 24 ਘੰਟੇ ਚੱਲਣ ਵਾਲਾ ਕੰਟਰੋਲ ਰੂਮ ਸਥਾਪਤ ਕੀਤਾ ਹੈ।ਇਹ ਜਾਣਕਾਰੀ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀ ਗੁਰਪ੍ਰੀਤ ਸਿੰਘ ਥਿੰਦ ਨੇ ਦਿੱਤੀ ਹੈ।ਉਨ੍ਹਾਂ ਦੱਸਿਆ ਕਿ ਇਸ ਕੰਟਰੋਲ ਰੂਮ ਦਾ ਨੰਬਰ 01633-260341 ਹੈ।ਜ਼ਿਲ੍ਹਾ ਵਾਸੀ ਕਿਸੇ ਕਿਸਮ ਦੀ ਸੂਚਨਾ ਦੇਣ ਜਾਂ ਜਾਣਕਾਰੀ ਲਈ ਇਸ ਨੰਬਰ 'ਤੇ ਕਾਲ ਕਰ ਸਕਦੇ ਹਨ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਪ੍ਰਕਾਰ ਦੀ ਅਫਵਾਹ ਤੋਂ ਬਚਿਆ ਜਾਵੇ ਤੇ ਅਫਵਾਹ ਫੈਲਾਉਣ ਵਾਲੇ ਸੁਨੇਹੇ ਫੇਸਬੁੱਕ, ਵਟਸਅੱਪ, ਰੀਲਾਂ ਆਦਿ ਨੂੰ ਅੱਗੇ ਸ਼ੇਅਰ ਨਾ ਕੀਤਾ ਜਾਵੇ।

# ਸਿਵਲ ਹਸਪਤਾਲ 'ਚ ਐਮਰਜੈਂਸੀ ਸਥਿਤੀ ਨਾਲ ਨਜਿੱਠਣ 'ਚ ਕੋਈ ਸਮੱਸਿਆ ਨਹੀਂ ਆਵੇਗੀ : ਡਾ. ਅਰੋੜਾ

*ਸਿਵਲ ਹਸਪਤਾਲ ਦਾ ਨਿਰੀਖਣ ਕਰਕੇ ਸਿਹਤ ਪ੍ਰਬੰਧਾਂ ਦਾ ਲਿਆ ਜਾਇਜ਼ਾ*



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤ ਪਾਕਿਸਤਾਨ ਵਿਚਕਾਰ ਚੱਲ ਰਹੇ ਹਾਲਾਤ ਦੇ ਮੱਦੇਨਜ਼ਰ ਇਲਾਕੇ ਦੀ ਮੋਗਾ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਵੱਲੋਂ ਸਿਵਲ ਹਸਪਤਾਲ ਮੋਗਾ ਦਾ ਨਰੀਖਣ ਕੀਤਾ। ਇਸ ਦੌਰਾਨ ਵਿਧਾਇਕ ਨੇ ਐਮਰਜੈਂਸੀ ਪ੍ਰਸਥਿਤੀਆਂ ਵਿੱਚ ਮੋਗਾ ਦੇ ਸਿਵਲ ਹਸਪਤਾਲ ਵਿੱਚ ਕਿਸ ਤਰਾਂ ਪ੍ਰਬੰਧ ਕੀਤੇ ਗਏ ਹਨ। ਇਸ ਪ੍ਰਬੰਧਾ ਸਬੰਧੀ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਅਸ਼ੋਕ ਸਿੰਗਲਾ, ਐੱਸ.ਐੱਮ.ਓ. ਡਾ. ਗਗਨਦੀਪ ਸਿੰਘ ਸਿੱਧੂ ਦੱਸਿਆ ਕਿ ਕਿਸੇ ਵੀ ਅਣਸੁਖਾਵੀਂ ਘਟਨਾ ਨਾਲ ਨਜਿੱਠਣ ਲਈ ਸਮੁੱਚਾ ਸਿਵਲ ਹਸਪਤਾਲ ਮੋਗਾ ਦਾ ਅਮਲਾ ਤਿਆਰ ਹੈ। ਇਸ ਮੌਕੇ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਭਾਰਤ ਤੇ ਪਾਕਿਸਤਾਨ ਵਿਚਕਾਰ ਚੱਲ ਰਹੇ ਹਾਲਾਤ ਦੇ ਮੱਦੇਨਜ਼ਰ ਉਨ੍ਹਾਂ ਅੱਜ ਸਿਵਲ ਹਸਪਤਾਲ ਦਾ ਦੌਰਾ ਕੀਤਾ ਹੈ। ਇਸ ਦੌਰਾਨ ਹਸਪਤਾਲ ਪ੍ਰਸ਼ਾਸਨ ਨੇ ਐਮਰਜੈਂਸੀ ਸਥਿਤੀ ਦੇ ਮੱਦੇਨਜ਼ਰ ਬਿਸਤਰੇ ਤਿਆਰ ਰੱਖਣ ਤੇ ਡਾਕਟਰਾਂ ਦੀਆਂ ਛੁੱਟੀਆਂ ਰੱਦ ਕਰਨ ਬਾਰੇ ਜਾਣਕਾਰੀ ਦਿੱਤੀ। ਇੰਨਾ ਹੀ ਨਹੀਂ, ਹਸਪਤਾਲ ਵਿੱਚ 100 ਮਰੀਜ਼ਾਂ ਲਈ ਹਰ ਤਰ੍ਹਾਂ ਦੀਆਂ ਦਵਾਈਆਂ ਉਪਲਬਧ ਹਨ। ਉਨ੍ਹਾਂ ਦੱਸਿਆ ਕਿ ਵੈਂਟੀਲੇਟਰ ਤੇ ਆਈ.ਸੀ.ਯੂ. ਸਮੇਤ ਹੋਰ ਪ੍ਰਬੰਧਾਂ ਨੂੰ ਸੁਚਾਰੂ ਬਣਾਇਆ ਗਿਆ ਹੈ। ਜੇਕਰ ਕਿਸੇ ਐਮਰਜੈਂਸੀ ਸਥਿਤੀ ਵਿੱਚ ਕੋਈ ਸਮੱਸਿਆ ਆਉਂਦੀ ਹੈ, ਤਾਂ ਮੋਗਾ ਸਿਹਤ ਵਿਭਾਗ ਉਸ ਲਈ ਪੂਰੀ ਤਰ੍ਹਾਂ ਤਿਆਰ ਹੈ। ਜੇਕਰ ਐਮਰਜੈਂਸੀ ਦੌਰਾਨ ਸਥਿਤੀ ਵਿਗੜਦੀ ਹੈ, ਤਾਂ ਬਿਸਤਰਿਆਂ ਦੀ ਗਿਣਤੀ ਵਧਾਈ ਜਾਵੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਭੈਅ ਮੁਕਤ ਹੋ ਕੇ ਝੂਠੀਆਂ ਅਫਵਾਹਾਂ ਤੋਂ ਬਚਣ ਤੇ ਬਿਨਾਂ ਤੱਥਾਂ ਤੋਂ ਅਫਵਾਹ ਜਨਕ ਸੋਸ਼ਲ ਮੀਡੀਆ 'ਤੇ ਕੋਈ ਵੀ ਪੋਸਟ ਨਾ ਪਾਉਣ।

# 20 ਦੀ ਆਮ ਹੜਤਾਲ ਲਈ ਤਿਆਰੀਆਂ ਜ਼ੋਰਾਂ 'ਤੇ

## ਟਰੇਡ ਯੂਨੀਅਨਾਂ ਵੱਲੋਂ ਸਾਂਝੀ ਕਨਵੈਨਸ਼ਨ 16 ਨੂੰ ਲੁਧਿਆਣਾ 'ਚ

**ਲੁਧਿਆਣਾ (ਪੱਤਰ ਪ੍ਰੇਰਕ)**-ਜੁਆਇੰਟ ਫਰੰਟ ਆਫ ਟ੍ਰੇਡ ਯੂਨੀਅਨਜ਼ ਲੁਧਿਆਣਾ ਦੀ ਮੀਟਿੰਗ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਕਾਮਰੇਡ ਜਤਿੰਦਰ ਪਾਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਏਟਕ, ਸੀਟੂ, ਇੰਟਕ ਤੇ ਸੀਟੀਯੂ ਪੰਜਾਬ ਦੇ ਆਗੂ ਸਾਥੀਆਂ ਨੇ ਹਿੱਸਾ ਲਿਆ।ਇਹ ਮੀਟਿੰਗ ਕੇਂਦਰੀ ਟ੍ਰੇਡ ਯੂਨੀਅਨਾਂ ਤੇ ਐਸੋਸੀਏਸ਼ਨਾਂ ਵੱਲੋਂ 20 ਮਈ ਨੂੰ ਦੇਸ਼ ਭਰ ਵਿੱਚ ਆਮ ਹੜਤਾਲ ਨੂੰ ਲੁਧਿਆਣਾ ਵਿਖੇ ਕਾਮਯਾਬ ਕਰਨ ਲਈ ਬੁਲਾਈ ਗਈ ਸੀ।ਮੀਟਿੰਗ ਦੇ ਸ਼ੁਰੂ ਵਿੱਚ ਪਹਿਲਗਾਮ ਦੇ ਨਿਰਦੋਸ਼ ਨਾਗਰਿਕਾਂ ਦੇ ਕਤਲ ਤੇ ਉਸ ਤੋਂ ਬਾਅਦ ਪੁੰਛ ਤੇ ਹੋਰ ਇਲਾਕਿਆਂ ਵਿੱਚ ਮਾਰੇ ਗਏ ਨਾਗਰਿਕਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਨਾਲ ਸ਼ੁਰੂ ਹੋਈ।ਆਗੂ ਸਾਥੀਆਂ ਨੇ ਦੱਸਿਆ ਕਿ ਕੇਂਦਰੀ ਟਰੇਡ ਯੂਨੀਅਨਾਂ ਦੇ ਸੱਦੇ 'ਤੇ 20 ਮਈ ਨੂੰ ਦੇਸ਼ ਭਰ ਵਿੱਚ ਹੋਣ ਵਾਲੀ ਹੜਤਾਲ ਵਿੱਚ ਮਜ਼ਦੂਰਾਂ ਤੇ ਮੁਲਾਜ਼ਮਾਂ ਨਾਲ ਸੰਬੰਧਤ 18 ਮੁੱਦੇ ਹਨ, ਜਿਸ ਵਿੱਚ ਸਰਕਾਰ ਵੱਲੋਂ ਕਿਰਤ ਕਾਨੂੰਨਾਂ ਨੂੰ ਖਤਮ ਕਰਕੇ ਚਾਰ ਕੋਡ ਬਣਾਉਣ ਤੇ ਉਨ੍ਹਾਂ ਨੂੰ ਟੇਢੇ ਢੰਗ ਨਾਲ ਲਾਗੂ ਕਰਨ ਦਾ ਮੁੱਦਾ ਸਭ ਤੋਂ ਅਹਿਮ ਹੈ।ਮਜ਼ਦੂਰ ਜਮਾਤ ਕਿਸੇ ਵੀ ਤਰ੍ਹਾਂ ਸਰਕਾਰ ਨੂੰ ਇਹ ਲੇਬਰ ਕੋਡ ਲਾਗੂ ਨਹੀਂ ਕਰਨ ਦੇਵੇਗੀ ਤੇ ਇਨ੍ਹਾਂ ਨੂੰ ਖਤਮ ਕਰਕੇ ਮੁੜ ਕਿਰਤ ਕਾਨੂੰਨ ਬਹਾਲ ਕਰਨ ਲਈ ਸੰਘਰਸ਼ ਜਾਰੀ ਰੱਖਿਆ ਜਾਵੇਗਾ।ਇਸ ਤੋਂ ਇਲਾਵਾ ਘੱਟੋ ਘੱਟ ਉਜ਼ਰਤ, ਸਕੀਮ ਵਰਕਰਾਂ ਨੂੰ ਰੈਗੂਲਰ ਕਰਨਾ, ਖਾਲੀ ਪਈਆਂ ਅਸਾਮੀਆਂ ਨੂੰ ਭਰਨਾ, ਠੇਕੇਦਾਰੀ ਪ੍ਰਬੰਧ ਖਤਮ ਕਰਨਾ, ਈਜ਼ ਟੂ ਬਿਜ਼ਨੈੱਸ ਦੇ ਨਾਂ 'ਤੇ ਮਜ਼ਦੂਰਾਂ ਦੇ ਮੌਜੂਦਾ ਹੱਕਾਂ 'ਤੇ ਛਾਪਾ ਮਾਰ ਕੇ ਸਰਮਾਏਦਾਰਾਂ ਨੂੰ ਖੁੱਲ੍ਹੀ ਛੁੱਟੀ ਦੇਣਾ ਆਦਿ ਸ਼ਾਮਲ ਹਨ। ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਕਿ 20 ਮਈ ਦੀ ਹੜਤਾਲ ਤੋਂ ਪਹਿਲਾਂ 16 ਮਈ ਨੂੰ ਕਨਵੈਨਸ਼ਨ ਕਰਕੇ ਹੜਤਾਲ ਲਈ ਲਾਮਬੰਦੀ ਕੀਤੀ ਜਾਵੇਗੀ।ਮੀਟਿੰਗ ਵਿੱਚ ਇੱਕ ਮਤਾ ਪਾਸ ਕਰਕੇ ਕਿਹਾ ਗਿਆ ਕਿ ਜਿੱਥੇ ਅਸੀਂ ਆਪਣੇ ਬਹਾਦਰ ਫੌਜੀਆਂ ਦੀ ਪ੍ਰਸ਼ੰਸਾ ਕਰਦੇ ਹਾਂ, ਉਥੇ ਅਸੀਂ ਸਮਝਦੇ ਹਾਂ ਕਿ ਜੰਗ ਕਿਸੇ ਵੀ ਮਸਲੇ ਦਾ ਹੱਲ ਨਹੀਂ ਹੁੰਦੀ, ਇਸ ਕਰਕੇ ਇਹ ਕੋਸ਼ਿਸ਼ ਕੀਤੀ ਜਾਣੀ ਚਾਹੀਦੀ ਹੈ ਕਿ ਜੰਗ ਛੇਤੀ ਤੋਂ ਛੇਤੀ ਸਮਾਪਤ ਹੋਵੇ, ਕਿਉਂਕਿ ਜੰਗ ਦਾ ਸਭ ਤੋਂ ਵੱਧ ਨੁਕਸਾਨ ਆਮ ਆਦਮੀ ਨੂੰ ਤੇ ਮਿਹਨਤਕਸ਼ ਲੋਕਾਂ ਨੂੰ ਹੁੰਦਾ ਹੈ, ਜਿਨ੍ਹਾਂ ਦੇ ਰੁਜ਼ਗਾਰ 'ਤੇ ਸੱਟ ਵੱਜਦੀ ਹੈ।

ਇਸ ਕਰਕੇ ਕੂਟਨੀਤਕ ਤਰੀਕੇ ਵਰਤ ਕੇ ਜੰਗ ਨੂੰ ਟਾਲਣਾ ਚਾਹੀਦਾ ਹੈ।ਇਹ ਇਸ ਲਈ ਹੋਰ ਵੀ ਜ਼ਰੂਰੀ ਹੈ, ਕਿਉਂਕਿ ਦੋਨੋਂ ਭਾਰਤ ਤੇ ਪਾਕਿਸਤਾਨ ਪ੍ਰਮਾਣੂ ਸੰਪੰਨ ਦੇਸ਼ ਹਨ ਤੇ ਕਿਸੇ ਵੀ ਸਥਿਤੀ ਵਿੱਚ ਜੇ ਪ੍ਰਮਾਣੂ ਹਥਿਆਰ ਵਰਤੇ ਗਏ ਤਾਂ ਫਿਰ ਅੱਤ ਦੀ ਤਬਾਹੀ ਹੋਏਗੀ।ਇੱਕ ਮਤੇ ਰਾਹੀਂ ਸਰਕਾਰ ਤੇ ਪ੍ਰਸ਼ਾਸਨ ਤੋਂ ਇਹ ਮੰਗ ਕੀਤੀ ਗਈ ਕਿ ਇਹੋ ਜਿਹੇ ਮਾਹੌਲ ਵਿੱਚ ਜਮਾਂਖੋਰ ਲੋਕਾਂ ਦੀ ਲੁੱਟ ਕਰਦੇ ਹਨ, ਪ੍ਰਸ਼ਾਸਨ ਜ਼ਰੂਰੀ ਵਸਤਾਂ ਦੀਆਂ ਚੀਜ਼ਾਂ ਦੀ ਸਪਲਾਈ ਤੇ ਉਨ੍ਹਾਂ ਦੀ ਦੀਆਂ ਕੀਮਤਾਂ ਵਿੱਚ ਵਾਧੇ 'ਤੇ ਕੰਟਰੋਲ ਰੱਖੇ।ਅੱਜ ਦੀ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸਾਥੀ ਐੱਮ ਐੱਸ ਭਾਟੀਆ, ਜਤਿੰਦਰ ਪਾਲ, ਜਗਦੀਸ਼ ਚੰਦ, ਸਰਬਜੀਤ ਸਿੰਘ ਸਰਹਾਲੀ, ਨਰੇਸ਼ ਗੌੜ, ਵਿਜੇ ਕੁਮਾਰ, ਡੀ ਪੀ ਮੌੜ, ਅਮਰਨਾਥ ਕੂਮ ਕਲਾਂ, ਸਮਰ ਬਹਾਦਰ, ਰਾਮ ਲਾਲ, ਰਮੇਸ਼ ਰਤਨ ਹਾਜ਼ਰ ਸਨ।

# ਪੁਲਸ 'ਤੇ ਫਾਇਰਿੰਗ ਕਰਨ ਵਾਲਿਆਂ 'ਚੋਂ ਇੱਕ ਢੇਰ, ਦੂਜਾ ਫਰਾਰ

## ਨਸ਼ਾ ਵੇਚਣ ਵਾਲਿਆਂ ਦਾ ਅੰਜਾਮ ਇਹੀ ਹੋਵੇਗਾ : ਡੀ ਆਈ ਜੀ



**ਜਗਰਾਉਂ (ਸੰਜੀਵ ਅਰੋੜਾ)**-ਫਿਰੋਜ਼ਪੁਰ ਐਂਟੀ ਨਾਰਕੋਟਿਕ ਟਾਸਕ ਫੋਰਸ ਵੱਲੋਂ ਸ਼ੁੱਕਰਵਾਰ ਜਗਰਾਉਂ-ਲੁਧਿਆਣਾ ਰੋਡ 'ਤੇ ਇਲਾਕੇ ਦੇ ਮਸ਼ਹੂਰ ਨਸ਼ਾ ਤਸਕਰ ਦਾ ਐਨਕਾਊਂਟਰ ਕਰਕੇ ਉਸ ਨੂੰ ਢੇਰ ਕਰ ਦਿੱਤਾ ਗਿਆ, ਜਦਕਿ ਮ੍ਰਿਤਕ ਤਸਕਰ ਦਾ ਦੂਜਾ ਸਾਥੀ ਪੁਲਸ ਨੂੰ ਚਕਮਾ ਦੇ ਕੇ ਮੌਕੇ ਤੋਂ ਭੱਜਣ ਵਿੱਚ ਕਾਮਯਾਬ ਹੋ ਗਿਆ। ਮ੍ਰਿਤਕ ਨਸ਼ਾ ਤਸਕਰ ਦੀ ਪਛਾਣ ਰਾਜ ਕੁਮਾਰ ਪਿੰਡ ਖੁਰਸ਼ੈਦਪੁਰ ਥਾਣਾ ਸਿੱਧਵਾਂ ਬੇਟ ਵਜੋਂ ਹੋਈ ਹੈ। ਪੁਲਸ ਨੇ ਰਾਜ ਕੁਮਾਰ ਦੀ ਲਾਸ਼ ਪੋਸਟਮਾਰਟਮ ਲਈ ਜਗਰਾਉਂ ਦੇ ਸਿਵਲ ਹਸਪਤਾਲ 'ਚ ਭੇਜ ਦਿੱਤੀ ਹੈ। ਪੁਲਸ ਅਨੁਸਾਰ ਮੌਕੇ ਤੋਂ 1 ਕਿਲੋ 634 ਗ੍ਰਾਮ ਹੈਰੋਇਨ, ਇਕ ਲੋਡ ਕੀਤੀ ਪਿਸਤੌਲ ਤੇ ਇਕ ਸਵਿੱਫਟ ਕਾਰ ਬਰਾਮਦ ਹੋਈ ਹੈ। ਲੁਧਿਆਣਾ ਰੇਂਜ ਦੀ ਡੀ.ਆਈ.ਜੀ. ਨਿਲਾਂਬਰੀ ਵਿਜੈ ਜਗਦਲੇ ਤੇ ਐੱਸ ਐੱਸ ਪੀ ਡਾਕਟਰ ਅੰਕੁਰ ਗੁਪਤਾ ਨੇ ਦੱਸਿਆ ਕਿ ਫਿਰੋਜ਼ਪੁਰ ਐਂਟੀ ਨਾਰਕੋਟਿਕ ਟਾਸਕ ਫੋਰਸ ਨੂੰ ਸੂਚਨਾ ਮਿਲੀ ਸੀ ਕਿ ਰਾਜ ਕੁਮਾਰ ਆਪਣੇ ਸਾਥੀ ਨਾਲ ਮਿਲ ਕੇ ਵੱਡੀ ਮਾਤਰਾ ਵਿੱਚ ਹੈਰੋਇਨ ਵੇਚਣ ਵਾਲੇ ਸੀ। ਫਿਰੋਜ਼ਪੁਰ ਦੀ ਟਾਸਕ ਫੋਰਸ ਨੇ ਗਾਹਕ ਬਣ ਕੇ ਇਨ੍ਹਾਂ ਨਾਲ ਫੋਨ 'ਤੇ ਸੰਪਰਕ ਕੀਤਾ। ਨਸ਼ਾ ਤਸਕਰ ਉਨ੍ਹਾਂ ਨੂੰ ਜਗਰਾਉਂ ਤੋਂ ਲੁਧਿਆਣਾ ਰੋਡ 'ਤੇ ਸਥਿਤ ਦਾਣਾ ਮੰਡੀ ਨੇੜੇ ਲੈ ਆਏ। ਜਦ ਪੁਲਸ ਕਰਮਚਾਰੀ ਨੇ ਲੱਖਾਂ ਰੁਪਏ ਰਾਜ ਕੁਮਾਰ ਤੇ ਉਸ ਦੇ ਸਾਥੀ ਅੱਗੇ ਰੱਖੇ ਤਾਂ ਉਸ ਨੂੰ ਸ਼ੱਕ ਹੋ ਗਿਆ, ਉਹ ਪੈਸੇ ਲੁੱਟ ਕੇ ਭੱਜਣ ਲੱਗੇ। ਪੁਲਸ ਨੇ ਰੋਕਣ ਦੀ ਕੋਸ਼ਿਸ਼ ਕੀਤੀ ਤਾਂ ਇਕ ਤਸਕਰ ਨੇ ਪੁਲਸ 'ਤੇ ਗੋਲੀ ਚਲਾਈ, ਜੋ ਗੱਡੀ ਦੇ ਅੱਗੇ ਵਾਲੇ ਸ਼ੀਸ਼ੇ ਨੂੰ ਤੋੜਦੀ ਹੋਈ ਗੇਅਰ ਬਾਕਸ ਵਿੱਚ ਵੱਜੀ ਅਤੇ ਜਵਾਬੀ ਗੋਲੀਬਾਰੀ ਵਿੱਚ ਰਾਜ ਕੁਮਾਰ ਦੀ ਛਾਤੀ ਵਿੱਚ ਗੋਲੀ ਲੱਗੀ ਤੇ ਉਹ ਢੇਰ ਹੋ ਗਿਆ। ਪੁਲਸ ਨੇ ਉਸ ਨੂੰ ਜਗਰਾਉਂ ਦੇ ਸਿਵਲ ਹਸਪਤਾਲ ਪਹੁੰਚਾਇਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ।

ਡੀ.ਆਈ.ਜੀ. ਨਿਲਾਂਬਰੀ ਵਿਜੈ ਜਗਦਲੇ ਨੇ ਕਿਹਾ ਕਿ ਦੋਵੇਂ ਤਸਕਰ ਇਲਾਕੇ ਦੇ ਵੱਡੇ ਨਸ਼ਾ ਸਮੱਗਲਰ ਸਨ ਤੇ ਇਹ ਨਸ਼ੇ ਦਾ ਧੰਦਾ ਵੱਡੇ ਪੱਧਰ 'ਤੇ ਕਰ ਰਹੇ ਸਨ। ਉਨ੍ਹਾਂ ਸਾਫ ਕਿਹਾ ਕਿ ਜਿਹੜਾ ਵੀ ਨਸ਼ਾ ਵੇਚੇਗਾ, ਉਸ ਦਾ ਅੰਜਾਮ ਅਜਿਹਾ ਹੀ ਹੋਵੇਗਾ। ਡੀ.ਆਈ.ਜੀ. ਨੇ ਦੱਸਿਆ ਕਿ ਮ੍ਰਿਤਕ ਰਾਜ ਕੁਮਾਰ 'ਤੇ ਪਹਿਲਾਂ ਤੋਂ ਹੀ ਵੱਖ-ਵੱਖ ਜ਼ਿਲ੍ਹਿਆਂ ਵਿੱਚ ਨਸ਼ਾ ਸਮੱਗਲਰਾਂ ਨੂੰ ਨਸ਼ਾ ਵੇਚਣ ਦੇ ਕੁੱਲ 23 ਮੁਕੱਦਮੇ ਵੱਖ ਵੱਖ ਥਾਣਿਆਂ ਵਿੱਚ ਦਰਜ ਹਨ।

# ਐੱਸ ਸੀ ਸਮਾਜ ਦੇ ਲੋਕਾਂ ਨੂੰ ਜੋੜਨ ਲਈ ਜ਼ਿਲ੍ਹੇ 'ਚ ਵਿਆਪਕ ਪ੍ਰੋਗਰਾਮ ਸ਼ੁਰੂ : ਡਾ. ਸੀਮਾਂਤ ਗਰਗ

## ਸੋਨੀ ਮੰਗਲਾ ਜ਼ਿਲ੍ਹਾ ਇੰਚਾਰਜ ਦੀ ਅਗਵਾਈ ਹੇਠ ਬਣਾਈ 25 ਮੈਂਬਰੀ ਟੀਮ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਜ਼ਿਲ੍ਹੇ ਵਿੱਚ ਐੱਸ.ਸੀ. ਸਮਾਜ ਦੇ ਲੋਕਾਂ ਨੂੰ ਭਾਜਪਾ ਨਾਲ ਜੋੜਨ ਲਈ ਇੱਕ ਵਿਆਪਕ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ, ਜਿਸ ਲਈ ਭਾਜਪਾ ਜ਼ਿਲ੍ਹਾ ਉੱਪ ਪ੍ਰਧਾਨ ਰਾਕੇਸ਼ ਸੋਨੀ ਮੰਗਲਾ ਜ਼ਿਲ੍ਹਾ ਇੰਚਾਰਜ ਦੀ ਅਗਵਾਈ ਹੇਠ 25 ਮੈਂਬਰੀ ਕਮੇਟੀ ਬਣਾਈ ਗਈ ਹੈ, ਜੋ ਪੂਰੇ ਜ਼ਿਲ੍ਹੇ ਦੇ ਪਿੰਡਾਂ ਤੇ ਕਸਬਿਆਂ ਵਿੱਚ ਜਾਵੇਗੀ ਅਤੇ ਐੱਸਸੀ/ਐੱਸਟੀ ਸ਼੍ਰੇਣੀ ਲਈ ਪ੍ਰਚਾਰ ਕਰੇਗੀ। ਸਮਾਜ ਦੇ ਪੰਜ ਲੋਕ ਇਕੱਠੇ ਹੋਣਗੇ ਤੇ ਉਨ੍ਹਾਂ ਨੂੰ ਕੇਂਦਰ ਸਰਕਾਰ ਵੱਲੋਂ ਡਾ. ਭੀਮ ਰਾਓ ਅੰਬੇਡਕਰ ਲਈ ਚਲਾਏ ਜਾ ਰਹੇ ਪ੍ਰੋਗਰਾਮਾਂ ਤੇ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਦੇ ਲਾਭਾਂ ਬਾਰੇ ਜਾਗਰੂਕ ਕਰਨਗੇ, ਜੋ ਲੋਕਾਂ ਨੂੰ ਜ਼ਮੀਨੀ ਪੱਧਰ 'ਤੇ ਮਿਲ ਰਹੇ ਹਨ। ਇਨ੍ਹਾਂ ਵਿਚਾਰਾਂ ਪ੍ਰਗਟਾਵਾ ਭਾਜਪਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਪੁਰਾਣੀ ਦਾਣਾ ਮੰਡੀ ਸਥਿਤ ਭਾਜਪਾ ਜ਼ਿਲ੍ਹਾ ਦਫ਼ਤਰ ਵਿਖੇ ਇੰਚਾਰਜ ਰਾਕੇਸ਼ ਸੋਨੀ ਮੰਗਲਾ ਵੱਲੋਂ ਕਰਵਾਈ ਡਾ. ਭੀਮ ਰਾਓ ਅੰਬੇਡਕਰ ਕਮੇਟੀ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਕੈਪਟਨ ਅਮਰਜੀਤ ਸਿੰਘ, ਸੁਖਪ੍ਰੀਤ ਸਿੰਘ, ਸਰਬਜੀਤ ਕੌਰ, ਗੀਤਾ ਆਰੀਆ, ਗੁਰਚਰਨ ਸਿੰਘ ਸੰਧੂ, ਬਲਵੰਤ ਸਿੰਘ, ਵਿਜੇ ਮਿਸ਼ਰਾ, ਹਰਵਿੰਦਰ ਸਿੰਘ, ਸੁਖਵਿੰਦਰ ਸਿੰਘ, ਸ਼ਸ਼ੀਕਾਂਤ, ਰਵਿੰਦਰ ਗਰੋਵਰ, ਜੱਜ ਸਿੰਘ, ਗਗਨਦੀਪ ਲੂੰਬਾ, ਜਤਿਨ ਬਾਠਲਾ, ਨਿਰੰਜਨ ਸਿੰਘ, ਜਤਿੰਦਰ ਚੱਢਾ, ਦੀਪਇੰਦਰ ਸਿੰਘ ਅਗਰਵਾਲ, ਯੂ.ਕੇ. ਤਲਵਾੜ, ਛਿੰਦਾ ਸਿੰਘ, ਮਨਜੀਤ ਸਿੰਘ, ਨਿਸ਼ਾਨ ਭੱਟੀ, ਤਰਨਜੀਤ ਸਿੰਘ, ਇਕਬਾਲ ਸਿੰਘ, ਪਰਮਜੀਤ ਸਿੰਘ, ਜਤਿੰਦਰ ਚੱਢਾ, ਹੇਮੰਤ ਸੂਦ, ਗੋਲਡੀ ਕੌਰ ਆਦਿ ਹਾਜ਼ਰ ਸਨ। ਡਾ. ਸੀਮਾਂਤ ਗਰਗ ਨੇ ਕਿਹਾ ਕਿ ਸੂਬਾ ਭਾਰਤੀ ਜਨਤਾ ਪਾਰਟੀ ਦੇ ਨਿਰਦੇਸ਼ਾਂ ਅਨੁਸਾਰ, ਪਾਰਟੀ ਵਰਕਰਾਂ ਨੇ ਭਾਰਤ ਰਤਨ ਬਾਬਾ ਸਾਹਿਬ ਅੰਬੇਡਕਰ ਸਨਮਾਨ ਅਭਿਆਨ ਦੇ ਹਿੱਸੇ ਵਜੋਂ ਚਲਾਏ ਜਾ ਰਹੇ ਐੱਸ.ਸੀ. ਸਮਾਜ ਸੰਪਰਕ ਪ੍ਰੋਗਰਾਮ ਤਹਿਤ ਐੱਸ.ਸੀ. ਭਾਈਚਾਰੇ ਦੇ ਬੁੱਧੀਜੀਵੀਆਂ ਨਾਲ ਸੰਪਰਕ ਕੀਤਾ ਤੇ ਉਨ੍ਹਾਂ ਨੂੰ ਕੇਂਦਰ ਸਰਕਾਰ ਤੇ ਰਾਜ ਸਰਕਾਰ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਭਲਾਈ ਨੀਤੀਆਂ ਅਤੇ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ। ਕੇਂਦਰ ਸਰਕਾਰ ਵੱਲੋਂ ਅਨੁਸੂਚਿਤ ਜਾਤੀ ਭਾਈਚਾਰੇ ਲਈ ਕੀਤੇ ਜਾ ਰਹੇ ਕੰਮਾਂ ਤੇ ਯੋਜਨਾਵਾਂ 'ਤੇ ਚਰਚਾ ਕਰਕੇ, ਇਨ੍ਹਾਂ ਯੋਜਨਾਵਾਂ ਤੋਂ ਪ੍ਰਾਪਤ ਹੋਣ ਵਾਲੇ ਲਾਭਾਂ ਬਾਰੇ ਜਾਗਰੂਕਤਾ ਪੈਦਾ ਕੀਤੀ ਜਾਣੀ ਚਾਹੀਦੀ ਹੈ। ਕੇਂਦਰ ਸਰਕਾਰ ਦੀਆਂ ਨੀਤੀਆਂ ਤੇ ਯੋਜਨਾਵਾਂ ਦੀ ਚਰਚਾ ਕਰਦੇ ਹੋਏ, ਭਾਜਪਾ ਸਰਕਾਰ ਦੇ ਸ਼ਾਸਨਕਾਲ ਵਿੱਚ, ਸਮਾਜ ਦੇ ਸਾਰੇ ਵਰਗਾਂ ਲਈ ਭਲਾਈ ਯੋਜਨਾਵਾਂ ਬਣਾਈਆਂ ਜਾ ਰਹੀਆਂ ਹਨ ਤੇ ਉਨ੍ਹਾਂ ਯੋਜਨਾਵਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕੀਤਾ ਜਾ ਰਿਹਾ ਹੈ। ਸਿਰਫ਼ ਭਾਜਪਾ ਸਰਕਾਰ ਨੇ ਹੀ ਬਾਬਾ ਸਾਹਿਬ ਦਾ ਸਨਮਾਨ ਕੀਤਾ ਹੈ।

# 13 ਦੀ ਪੁਲਸ ਜਬਰ ਖਿਲਾਫ਼ ਰੈਲੀ ਦੀ ਤਿਆਰੀ ਸੰਬੰਧੀ ਭਰਵੀਂ ਮੀਟਿੰਗ



**ਜਗਰਾਉਂ (ਸੰਜੀਵ ਅਰੋੜਾ)**-ਸਥਾਨਕ ਨਵੀਂ ਅਨਾਜ ਮੰਡੀ ਵਿਖੇ ਸੰਯੁਕਤ ਕਿਸਾਨ ਮੋਰਚੇ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਕਿਸਾਨ ਆਗੂ ਮਨਜੀਤ ਸਿੰਘ ਧਨੇਰ, ਬਲਰਾਜ ਸਿੰਘ ਕੋਟਉਮਰਾ, ਜੋਗਿੰਦਰ ਸਿੰਘ ਢਿੱਲੋਂ ਤੇ ਚਮਕੌਰ ਸਿੰਘ ਰੋਡੇ ਦੀ ਪ੍ਰਧਾਨਗੀ ਹੇਠ ਹੋਈ। ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਸੌ ਦੇ ਕਰੀਬ ਆਗੂ ਵਰਕਰਾਂ ਨੇ ਮੀਟਿੰਗ 'ਚ ਭਾਗ ਲਿਆ। ਇਸ ਮੀਟਿੰਗ ਵਿੱਚ ਅਖਾੜਾ ਬਾਇਓ ਗੈਸ ਫੈਕਟਰੀ ਵਿਰੋਧੀ ਸੰਘਰਸ਼ ਮੋਰਚਿਆਂ ਦੀ ਤਾਲਮੇਲ ਕਮੇਟੀ ਦੇ ਆਗੂਆਂ ਸੁਖਦੇਵ ਸਿੰਘ ਭੂੰਦੜੀ, ਗੁਰਤੇਜ ਸਿੰਘ ਅਖਾੜਾ ਤੇ ਜਸਪਾਲ ਸਿੰਘ ਚਾਹੜ ਨੇ ਵੀ ਭਾਗ ਲਿਆ। ਮੀਟਿੰਗ ਵਿੱਚ ਭਗਵੰਤ ਮਾਨ ਸਰਕਾਰ ਵੱਲੋਂ ਮੋਦੀ ਹਕੂਮਤ ਦੀਆਂ ਪੈੜਾਂ 'ਚ ਪੈਰ ਧਰਦਿਆਂ ਪੁਲਸ ਜਬਰ ਦੇ ਨਵੇਂ ਰਿਕਾਰਡ ਕਾਇਮ ਕਰਨ ਦੀ ਜ਼ੋਰਦਾਰ ਨਿੰਦਾ ਕੀਤੀ ਗਈ। ਮੀਟਿੰਗ 'ਚ ਲੁਧਿਆਣਾ ਜ਼ਿਲ੍ਹੇ 'ਚ ਅਖਾੜਾ, ਭੂੰਦੜੀ, ਮੁਸ਼ਕਾਬਾਦ, ਚਾਹੜ, ਭੋਗਪੁਰ (ਜਲੰਧਰ) ਵਿਖੇ ਪੁਲਸ ਵੱਲੋਂ ਢਾਹੇ ਜਬਰ, ਕੀਤੀਆਂ ਗ੍ਰਿਫ਼ਤਾਰੀਆਂ ਤੇ ਲਾਠੀਚਾਰਜ ਨੂੰ ਆਮ ਆਦਮੀ ਪਾਰਟੀ ਦੀ ਸਰਕਾਰ ਤੇ ਮੱਥੇ 'ਤੇ ਕਾਲਾ ਧੱਬਾ ਕਰਾਰ ਦਿੰਦਿਆਂ ਕਿਹਾ ਕਿ ਭਗਵੰਤ ਮਾਨ ਸਰਕਾਰ ਵੀ ਕਾਰਪੋਰੇਟਾਂ ਦੇ ਨੇੜੇ ਹੋਣ ਦੇ ਰਾਹ ਤੁਰ ਪਈ ਹੈ। ਮੀਟਿੰਗ ਨੇ ਸੱਤਾ ਦੇ ਗਰੂਰ 'ਚ ਸੰਯੁਕਤ ਕਿਸਾਨ ਮੋਰਚੇ ਦੀ ਮੀਟਿੰਗ ਮੁੱਖ ਮੰਤਰੀ ਵੱਲੋਂ ਵਿਚਾਲੇ ਛੱਡ ਕੇ ਚਲੇ ਜਾਣਾ, ਕਿਸਾਨਾਂ ਨੂੰ ਪੰਜ ਮਾਰਚ ਨੂੰ ਚੰਡੀਗੜ੍ਹ ਜਾਣ ਤੋਂ ਰੋਕਣ ਤੇ ਕਿਸਾਨ ਆਗੂਆਂ ਨੂੰ ਗ੍ਰਿਫਤਾਰ ਕਰਨ, ਸ਼ੰਭੂ ਤੇ ਖਨੌਰੀ ਮੋਰਚਿਆਂ 'ਤੇ ਹਮਲਾ ਕਰਨ, ਜਿਓਂਦ, ਚੌਂਕੇ, ਪਾਇਲ, ਗੁਰਦਾਸਪੁਰ 'ਚ ਪੁਲਸ ਤਸ਼ੱਦਦ ਰਾਹੀਂ ਲੋਕ ਸੰਘਰਸ਼ਾਂ ਨੂੰ ਖਿਡਾਉਣ, ਇਕ ਵਾਰ ਫਿਰ ਕਿਸਾਨਾਂ ਨੂੰ ਸ਼ੰਭੂ ਬਾਰਡਰ 'ਤੇ ਜਾਣ ਤੋਂ ਪੁਲਸ ਬਲ ਦੇ ਜ਼ੋਰ ਰੋਕਣ, ਆਗੂਆਂ ਨੂੰ ਘਰਾਂ 'ਚ ਕੈਦ ਕਰਨ ਆਦਿ ਅਣਗਿਣਤ ਘਟਨਾਵਾਂ ਖਿਲਾਫ਼ ਤਿੱਖਾ ਰੋਸ ਪ੍ਰਗਟ ਕਰਨ ਲਈ 13 ਮਈ ਨੂੰ ਸੰਗਰੂਰ ਤੇ ਬਠਿੰਡਾ ਵਾਗ ਜਗਰਾਉਂ ਵਿਖੇ ਵੀ ਵਿਸ਼ਾਲ ਰੈਲੀ ਰੱਖੀ ਗਈ ਹੈ। ਅੱਜ ਇਸ ਰੈਲੀ ਦੀਆਂ ਤਿਆਰੀਆਂ ਨੂੰ ਅੰਤਿਮ ਛੋਹਾਂ ਦਿੱਤੀਆਂ ਗਈਆਂ। ਮੀਟਿੰਗ ਵਿੱਚ ਸਾਰੀਆਂ ਜਥੇਬੰਦੀਆਂ ਦੇ ਕੋਟੇ ਨਿਰਧਾਰਤ ਕੀਤੇ ਗਏ। ਪ੍ਰਬੰਧਾਂ ਦੀ ਜ਼ਿੰਮੇਵਾਰੀ ਤੈਅ ਕੀਤੀ ਗਈ। ਇਸ ਸਮੇਂ ਕਿਸਾਨ ਆਗੂ ਜਗਤਾਰ ਸਿੰਘ ਦੇਹੜਕਾ, ਬਲਦੇਵ ਸਿੰਘ ਲਤਾਲਾ, ਚਮਕੌਰ ਸਿੰਘ ਬਰਮੀ ਨੇ ਦੱਸਿਆ ਕਿ ਰੈਲੀ ਤੋਂ ਬਾਅਦ ਸ਼ਹਿਰ 'ਚ ਜ਼ੋਰਦਾਰ ਰੋਸ ਮਾਰਚ ਕੀਤਾ ਜਾਵੇਗਾ। ਇਸ ਮੌਕੇ ਪਰਵਾਰ ਸਿੰਘ ਗਾਲਿਬ, ਇੰਦਰਜੀਤ ਸਿੰਘ ਧਾਲੀਵਾਲ, ਰਘਬੀਰ ਸਿੰਘ ਬੈਨੀਪਾਲ, ਸਾਧੂ ਸਿੰਘ ਅੱਚਰਵਾਲ, ਕੰਵਲਜੀਤ ਖੰਨਾ ਤੇ ਹਰਦੇਵ ਸਿੰਘ ਅਖਾੜਾ ਆਦਿ ਆਗੂ ਹਾਜ਼ਰ ਸਨ।

# ਭਗਵੰਤ ਮਾਨ ਦੀਆਂ ਧਮਕੀਆਂ ਦਾ ਜਥੇਬੰਦਕ ਤਾਕਤ ਨਾਲ ਟਾਕਰਾ ਕਰਾਂਗੇ : ਦੇਹੜਕਾ



**ਜਗਰਾਉਂ (ਨਛੱਤਰ ਸੰਧੂ)**-ਮੁੱਖ ਮੰਤਰੀ ਪੰਜਾਬ ਵੱਲੋਂ ਸੜਕਾਂ ਜਾਂ ਰੇਲਾਂ ਰੋਕਣ ਵਾਲਿਆਂ ਨੂੰ ਸਖਤ ਕਾਰਵਾਈ ਦੀ ਚਿਤਾਵਨੀ ਆਮ ਆਦਮੀ ਪਾਰਟੀ ਦੀ ਦਿੱਲੀ ਹਾਰ ਤੇ ਲੁਧਿਆਣਾ ਜ਼ਿਮਨੀ ਚੋਣ ਦੀ ਸੰਭਾਵਿਤ ਹਾਰ 'ਚੋਂ ਨਿਕਲੀ ਬੁਖਲਾਹਟ ਦਾ ਨਤੀਜਾ ਹੈ। ਸੰਘਰਸ਼ਸ਼ੀਲ ਲੋਕਾਂ ਨੂੰ ਇਨ੍ਹਾਂ ਗਿੱਦੜਭਬਕੀਆਂ ਦੀ ਕੋਈ ਪ੍ਰਵਾਹ ਨਹੀਂ ਹੈ। ਜਦੋਂ ਰੋਸ ਪ੍ਰਗਟ ਕਰਨ ਦੇ ਜਮਹੂਰੀ ਹੱਕ ਨੂੰ ਪੈਰਾਂ ਹੇਠ ਲਤਾੜਿਆ ਜਾਂਦਾ ਹੈ, ਜਦੋਂ ਮੰਗਾਂ ਮਸਲੇ ਜਾਣ ਬੁੱਝ ਕੇ ਲਟਕਾਏ ਜਾਂਦੇ ਹਨ ਤੇ ਮੰਨਣ ਦੀ ਥਾਂ ਮੀਟਿੰਗਾਂ 'ਚੋਂ ਉੱਠ ਕੇ ਹਾਕਮ ਭੱਜ ਜਾਂਦੇ ਹਨ ਤਾਂ ਸੱਤਾ ਦੇ ਨਸ਼ੇ 'ਚ ਮਦਹੋਸ਼ ਹਾਕਮਾਂ ਦਾ ਗਰੂਰ ਚਕਨਾਚੂਰ ਕਰਨ ਲਈ ਮਜਬੂਰੀ ਵੱਸ ਲੋਕਾਂ ਨੂੰ ਇਹ ਰਾਹ ਅਖਤਿਆਰ ਕਰਨਾ ਪੈਂਦਾ ਹੈ। ਸੜਕਾਂ ਜਾਮ ਕਰਨਾ ਸ਼ੌਕ ਨਹੀਂ, ਸਗੋਂ ਇੰਝ ਕਰਨ ਲਈ ਸਰਕਾਰਾਂ ਹੀ ਲੋਕਾਂ ਨੂੰ ਮਜਬੂਰ ਕਰਦੀਆਂ ਹਨ। ਮੀਰ ਮਨੂੰ ਦਾ ਰਾਹ ਭਗਵੰਤ ਮਾਨ ਸਰਕਾਰ ਨੂੰ ਬਹੁਤ ਮਹਿੰਗਾ ਪਵੇਗਾ। ਇਹ ਵਿਚਾਰ ਇੱਥੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ ਨੇ ਕਿਸਾਨਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ। ਪਿੰਡ ਭੱਠਾ ਧੂਹਾਂ ਦੇ ਗੁਰਦੁਆਰਾ ਸਾਹਿਬ 'ਚ ਬਲਾਕ ਹੰਬੜਾਂ ਦੀਆਂ ਇਕਾਈਆਂ ਦੇ ਸਾਰੇ ਆਗੂਆਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਅੱਜ ਪੰਜਾਬ 'ਚ ਵੱਖ ਵੱਖ ਥਾਵਾਂ 'ਤੇ ਪੰਜਾਬ ਸਰਕਾਰ ਵੱਲੋਂ ਪੁਲਸ ਤਾਕਤ ਦੇ ਜ਼ੋਰ ਸ਼ੰਭੂ ਥਾਣੇ ਦਾ ਘਿਰਾਓ ਕਰਨ ਜਾ ਰਹੇ ਕਿਸਾਨਾਂ ਨੂੰ ਰੋਕਣ ਤੇ ਵੱਡੀ ਪੱਧਰ 'ਤੇ ਗ੍ਰਿਫਤਾਰ ਕਰਨ ਦੀ ਸਖਤ ਨਿੰਦਾ ਕਰਨ ਦਾ ਮਤਾ ਪਾਸ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਪੁਲਸ ਰਾਜ 'ਚ ਬਦਲ ਕੇ ਭਗਵੰਤ ਮਾਨ ਸਰਕਾਰ ਮੋਦੀ ਦੇ ਕਦਮਾਂ 'ਚ ਪੈਰ ਧਰ ਰਹੀ ਹੈ। ਪੰਜਾਬ ਸਰਕਾਰ ਵੱਲੋਂ ਪਾਣੀ ਹਰਿਆਣਾ ਨੂੰ ਦੇਣ ਦੇ ਮੁੱਦੇ 'ਤੇ ਉਨ੍ਹਾਂ ਕਿਹਾ ਕਿ ਮੋਦੀ ਤੇ ਮਾਨ ਲੋਕਾਂ ਨੂੰ ਬੁੱਧੂ ਬਣਾਉਣ ਲਈ ਫਰੈਂਡਲੀ ਮੈਚ ਖੇਲ ਰਹੇ ਹਨ। ਉਨ੍ਹਾਂ ਕਿਹਾ ਕਿ ਸ਼ੰਭੂ, ਖਨੌਰੀ, ਭੂੰਦੜੀ, ਅਖਾੜਾ, ਬੱਗਣ ਕਲਾਂ, ਭੋਗਪੁਰ, ਗੁਰਦਾਸਪੁਰ, ਚੌਕੇ, ਜਿਓਂਦ ਆਦਿ ਥਾਵਾਂ 'ਤੇ ਪੰਜਾਬ ਸਰਕਾਰ ਵੱਲੋਂ ਢਾਹੇ ਜਬਰ ਖਿਲਾਫ 13 ਮਈ ਨੂੰ ਜਗਰਾਓਂ ਵਿਖੇ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਬਲਾਕ ਮੀਟਿੰਗ 'ਚ ਸਾਰੇ ਪਿੰਡਾਂ 'ਚ ਜਗਰਾਓਂ ਪ੍ਰਦਰਸ਼ਨ ਨੂੰ ਸਫਲ ਬਣਾਉਣ ਲਈ ਮੀਟਿੰਗਾਂ ਦੀ ਮੁਹਿੰਮ ਵਿੱਢਣ ਦਾ ਫੈਸਲਾ ਕੀਤਾ ਗਿਆ। ਬਲਾਕ ਪ੍ਰਧਾਨ ਬੇਅੰਤ ਸਿੰਘ ਬਾਣੀਏਵਾਲ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ 'ਚ ਜ਼ਿਲ੍ਹਾ ਮੀਤ ਪ੍ਰਧਾਨ ਹਾਕਮ ਸਿੰਘ ਭੱਟੀਆਂ, ਸੁਖਵਿੰਦਰ ਸਿੰਘ ਹੰਬੜਾਂ, ਹਰਬੰਸ ਸਿੰਘ ਬੀਰਮੀ, ਕੁਲਵੰਤ ਸਿੰਘ ਬੁਰਜ ਮਾਨ ਕੌਰ, ਲੇਖ ਰਾਜ ਭੱਠਾ ਧੂਹਾ ਸਮੇਤ ਡੇਢ ਦਰਜਨ ਦੇ ਕਰੀਬ ਇਕਈਆਂ ਦੇ ਆਗੂ ਹਾਜ਼ਰ ਸਨ।

# ਸੰਘਰਸ਼ਸ਼ੀਲ ਜਥੇਬੰਦੀਆਂ ਨੂੰ ਧਮਕਾਉਣਾ ਸਮੇਂ ਦੇ ਹਾਕਮਾਂ ਨੂੰ ਮਹਿੰਗਾ ਪਵੇਗਾ : ਮਜ਼ਦੂਰ ਆਗੂ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਮਜ਼ਦੂਰ ਜਥੇਬੰਦੀਆਂ ਦੀ ਸਾਂਝੇ ਮੋਰਚੇ ਵੱਲੋਂ ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਭੋਲਾ ਸਿੰਘ ਕਲਾਲ ਮਾਜਰਾ, ਮੀਤ ਪ੍ਰਧਾਨ ਸਾਧੂ ਸਿੰਘ, ਜਨਰਲ ਸਕੱਤਰ ਹੈਪੀ ਸਿੰਘ ਛੀਨੀਵਾਲ, ਮਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਖੁਸ਼ੀਆ ਸਿੰਘ, ਮੀਤ ਸਕੱਤਰ ਕੌਰ ਸਿੰਘ ਕਲਾਲ ਮਾਜਰਾ, ਪਰਮਜੀਤ ਸਿੰਘ ਗਾਂਧੀ ਨੇ ਸਾਂਝਾ ਬਿਆਨ ਜਾਰੀ ਕਰਦਿਆਂ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਮਨਰੇਗਾ ਐਕਟ 2005 ਅਧੀਨ ਮਨਰੇਗਾ ਮਜ਼ਦੂਰਾਂ ਨੂੰ ਕਣਕ ਤੇ ਝੋਨੇ ਦੀ ਕਟਾਈ ਅਤੇ ਲਵਾਈ ਦੇ ਸੀਜ਼ਨ ਸਮੇਂ ਕੰਮ ਦੇਣਾ ਬੰਦ ਕੀਤਾ ਜਾਵੇਗਾ।ਇਸ ਬਿਆਨ ਦੀ ਸਖਤ ਨਿਖੇਧੀ ਕਰਦੇ ਹੋਏ ਇਸ ਨੂੰ ਮਜ਼ਦੂਰ ਵਿਰੋਧੀ ਦੱਸਿਆ ਹੈ।ਸਾਂਝੇ ਮੋਰਚੇ ਦੇ ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਨੇ ਸੰਘਰਸ਼ਸ਼ੀਲ ਜਥੇਬੰਦੀਆਂ ਨੂੰ ਆਪਣੇ ਨਾਦਰ ਸ਼ਾਹੀ ਹੁਕਮਾਂ ਰਾਹੀਂ ਕਿਹਾ ਕਿ ਕੋਈ ਵੀ ਜਥੇਬੰਦੀ ਪੰਜਾਬ ਅੰਦਰ ਧਰਨਾ ਮੁਜ਼ਾਹਰਾ, ਰੋਸ ਰੈਲੀਆਂ, ਸੜਕਾਂ ਜਾਂ ਰੇਲ ਪੱਟੜੀਆਂ 'ਤੇ ਬੈਠ ਕੇ ਰੋਸ ਪ੍ਰਦਰਸ਼ਨ ਨਹੀਂ ਕਰੇਗੀ। ਜੇਕਰ ਕੋਈ ਜਥੇਬੰਦੀ ਉਕਤ ਅਜਿਹਾ ਕਰੇਗੀ ਤਾਂ ਉਨ੍ਹਾਂ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਮਜ਼ਦੂਰ ਆਗੂਆਂ ਨੇ ਕਿਹਾ ਕਿ ਧਰਨੇ, ਮੁਜ਼ਾਹਰੇ, ਰੋਸ ਰੈਲੀਆਂ ਕਰਨਾ ਲੋਕਾਂ ਦਾ ਸ਼ੌਕ ਨਹੀਂ ਹੈ, ਜਦੋਂ ਸਮੇਂ ਦੀਆਂ ਸਰਕਾਰਾਂ ਤੇ ਪ੍ਰਸ਼ਾਸਨ ਲੋਕ ਮਸਲਿਆਂ ਨੂੰ ਅਣਗੌਲਿਆ ਕਰਕੇ ਪੜ੍ਹੇ ਲਿਖੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਨਾ ਦੇਣ ਬਿਜਲੀ, ਪਾਣੀ, ਸਿੱਖਿਆ, ਸਿਹਤ ਸਹੂਲਤਾਂ, ਵਰਗੀਆਂ ਮੁੱਢਲੀਆਂ ਜ਼ਰੂਰੀ ਲੋੜਾਂ ਦੇਣ ਵੱਲ ਧਿਆਨ ਨਾ ਦੇਣ, ਕੱਚੇ ਠੇਕਾ ਭਰਤੀ ਕਾਮਿਆਂ ਨੂੰ ਗੁਜ਼ਾਰੇ ਯੋਗੀ ਤਨਖਾਹ ਤੇ ਪੱਕਾ ਨਾ ਕੀਤਾ ਜਾਵੇ, ਮਨਰੇਗਾ ਮਜ਼ਦੂਰਾਂ ਨੂੰ ਕਾਨੂੰਨ ਅਨੁਸਾਰ 100 ਦਿਨ ਦਾ ਰੁਜ਼ਗਾਰ ਤੇ ਕੀਤੇ ਕੰਮ ਦੇ ਪੈਸੇ ਸਮੇਂ ਸਿਰ ਨਾ ਦਿੱਤੇ ਜਾਣ, ਜੀਓ ਟੈਗ ਸਿਸਟਮ ਰਾਹੀਂ ਦੋ ਟਾਈਮ ਸਵੇਰੇ ਸ਼ਾਮ ਦੀ ਹਾਜ਼ਰੀ ਲਵਾਉਣ ਲਈ ਮਨਰੇਗਾ ਮਜ਼ਦੂਰਾਂ ਨੂੰ ਖੱਜਲ ਖੁਆਰ ਕਰਨਾ, ਸਾਰੇ ਮਨਰੇਗਾ ਮਜ਼ਦੂਰਾਂ ਨੂੰ ਬਰਾਬਰ ਕੰਮ ਨਾ ਦੇਣਾ, ਨਰੇਗਾ ਦੇ ਕੰਮਾਂ ਪ੍ਰੋਜੈਕਟਾਂ ਤੇ ਫੰਡਾਂ ਨੂੰ ਘਟਾਉਣਾ, ਰੁਜ਼ਗਾਰ ਦੇ ਦਿਨਾਂ 'ਚ ਵਾਧਾ ਨਾ ਕਰਨ ਦੇ ਰੋਸ ਵਜੋਂ ਮਨਰੇਗਾ 'ਚ ਸਿਆਸੀ ਦਖਲ ਅੰਦਾਜ਼ੀ ਕਰਕੇ ਮਨਰੇਗਾ ਮਜ਼ਦੂਰਾਂ ਦੇ ਕੰਮ ਦੇ ਮਿਸਟੌਲ ਕੱਢਣ, ਕਢਾਉਣ ਤੇ ਮਨਰੇਗਾ ਮੇਟ ਲਾਉਣ, ਹਟਾਉਣ ਦੀ ਹੋ ਰਹੀ ਬੇਇਨਸਾਫ਼ੀ ਵਿਰੁੱਧ ਦੁਖੀ ਹੋਏ ਕਿਰਤੀ ਲੋਕ ਰੋਸ ਵਜੋਂ ਰੋਸ ਪ੍ਰਦਰਸ਼ਨ ਨਾ ਕਰਨ ਤਾਂ ਹੋਰ ਕੀ ਕਰਨ। ਬੁਢੇਪਾ, ਵਿਧਵਾ, ਅੰਗਹੀਣ, ਪੈਨਸ਼ਨ ਲਾਭਪਾਤਰੀਆਂ ਦੀਆਂ ਪੈਨਸ਼ਨਾਂ ਵਿੱਚ ਵਾਧਾ ਨਾ ਕਰਨਾ ਤੇ ਸਮੇਂ ਸਿਰ ਮਹੀਨਾਵਾਰ ਖਾਤਿਆਂ ਵਿੱਚ ਨਾ ਪਾਉਣਾ, ਰਿਟਾਇਰੀ ਪੈਨਸ਼ਨਰ ਤੇ 2004 ਤੋਂ ਰਿਟਾਇਰ ਹੋਏ ਮੁਲਾਜ਼ਮਾਂ ਦੀਆਂ 2004 ਤੋਂ ਪਹਿਲਾਂ ਵਾਲੀ ਪੈਨਸ਼ਨ ਬਹਾਲ਼ ਕਰਾਉਣ, ਕਿਸਾਨ ਆਪਣੀਆਂ ਜਿਣਸ ਦੀ ਐੱਮ ਐੱਸ ਪੀ ਦੀ ਖਰੀਦ ਗਰੰਟੀ ਤੇ ਆਪਣੀ ਹੋ ਰਹੀ ਲੁੱਟ ਦੇ ਖਿਲਾਫ ਲਾਲ ਝੰਡੇ ਚੁੱਕ ਸੜਕਾਂ ਤੇ ਮਜਬੂਰ ਹੋ ਕੇ ਆਉਣਾ ਪੈਂਦਾ ਹੈ, ਕਿਸੇ ਨੂੰ ਕੋਈ ਚਾਅ ਨਹੀਂ। ਮਜ਼ਦੂਰ ਆਗੂਆਂ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਹੱਕ ਮੰਗਦੇ ਕਿਰਤੀ ਲੋਕਾਂ ਦੀ ਆਵਾਜ਼ ਨੂੰ ਡੰਡੇ ਦੇ ਜ਼ੋਰ ਨਾਲ ਦਬਾਉਣਾ ਚਾਹੁੰਦੇ ਹਨ, ਪਰ ਅਜਿਹਾ ਹਰਗਿਜ਼ ਨਹੀਂ ਹੋ ਸਕੇਗਾ।ਅਗਲੇ ਦਿਨਾਂ ਅੰਦਰ ਹੱਕ ਮੰਗਦੀਆਂ ਸੰਘਰਸ਼ਸ਼ੀਲ ਜਥੇਬੰਦੀਆਂ ਨੂੰ ਧਮਕੀਆਂ ਦੇਣਾ ਸਮੇਂ ਦੇ ਹਾਕਮਾਂ ਨੂੰ ਮਹਿੰਗਾ ਪਵੇਗਾ।

# ਵਰਤਮਾਨ ਹਾਲਾਤ ਦੇ ਮੱਦੇਨਜ਼ਰ ਲੋਕ ਸੁਚੇਤ ਰਹਿਣ : ਡੀ ਸੀ

## ਮੋਗਾ ਜ਼ਿਲ੍ਹੇ 'ਚ ਪੂਰਨ ਸ਼ਾਂਤੀ, ਬੇਲੋੜੀ ਸਟੋਰੇਜ ਤੋਂ ਗੁਰੇਜ਼ ਕੀਤਾ ਜਾਵੇ

**ਮੋਗਾ (ਇਕਬਾਲ ਸਿੰਘ ਖਹਿਰਾ)**-ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸਾਗਰ ਸੇਤੀਆ ਨੇ ਜ਼ਿਲ੍ਹਾ ਵਾਸੀਆਂ ਨੂੰ ਸਰਹੱਦ 'ਤੇ ਬਣੇ ਵਰਤਮਾਨ ਹਲਾਤਾਂ ਦੇ ਮੱਦੇਨਜ਼ਰ ਅਪੀਲ ਕੀਤੀ ਹੈ ਕਿ ਲੋਕ ਕਿਸੇ ਵੀ ਘਬਰਾਹਟ ਵਿੱਚ ਨਾ ਆਉਣ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਪੂਰੀ ਮੁਸਤੈਦੀ ਨਾਲ ਹਰ ਸਥਿਤੀ 'ਤੇ ਨਜ਼ਰ ਰੱਖੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਹਾਲਤਾਂ ਵਿੱਚ ਹਰੇਕ ਨਾਗਰਿਕ ਨੂੰ ਸੁਚੇਤ ਤੇ ਜ਼ਿੰਮੇਵਾਰੀ ਵਾਲੀ ਭੂਮਿਕਾ ਨਿਭਾਉਣੀ ਚਾਹੀਦੀ ਹੈ। ਜੇਕਰ ਜ਼ਿਲ੍ਹਾ ਮੋਗਾ ਦੀ ਗੱਲ ਕੀਤੀ ਜਾਵੇ ਤਾਂ ਜ਼ਿਲ੍ਹਾ ਮੋਗਾ ਹਰ ਤਰ੍ਹਾਂ ਦੀ ਐਮਰਜੈਂਸੀ ਸਥਿਤੀ ਨਾਲ ਨਜਿੱਠਣ ਲਈ ਤਿਆਰ ਹੈ। ਡਿਪਟੀ ਕਮਿਸ਼ਨਰ ਵੱਲੋਂ ਮੀਟਿੰਗ ਹਾਲ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਵੇਖਣ ਵਿੱਚ ਆਇਆ ਹੈ ਕਿ ਲੋਕ ਪੈਟਰੋਲ ਡੀਜ਼ਲ ਦੀ ਨਜਾਇਜ਼ ਸਟੋਰੇਜ ਕਰ ਰਹੇ ਹਨ, ਜਿਸ ਦੀ ਲੋੜ ਨਹੀਂ ਹੈ। ਉਨ੍ਹਾਂ ਮੀਡੀਆ ਨੂੰ ਵੀ ਅਪੀਲ ਕੀਤੀ ਕਿਸੇ ਵੀ ਤਰ੍ਹਾਂ ਦੀ ਗਲਤ ਖਬਰ, ਜਿਸ ਨਾਲ ਲੋਕਾਂ ਵਿੱਚ ਹਫੜਾ-ਦਫੜੀ ਦਾ ਮਾਹੌਲ ਬਣੇ, ਗਰੁੱਪਾਂ ਵਿੱਚ ਨਾ ਸ਼ੇਅਰ ਕੀਤੀ ਜਾਵੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਦ ਕੋਈ ਖਤਰੇ ਦਾ ਸੰਕੇਤ ਮਿਲਦਾ ਹੈ ਤਾਂ ਬਲੈਕਆਉਟ ਕੀਤਾ ਜਾਵੇਗਾ। ਇਸ ਲਈ ਹਰੇਕ ਨਾਗਰਿਕ ਨੂੰ ਇਸ ਸਬੰਧੀ ਕੁਝ ਜ਼ਰੂਰੀ ਹਦਾਇਤਾਂ ਦੀ ਪਾਲਣਾ ਕਰਨੀ ਚਾਹੀਦੀ ਹੈ। ਉਨ੍ਹਾਂ ਅਪੀਲ ਕੀਤੀ ਕਿ ਬਿਨਾਂ ਬਲੈਕਆਉਟ ਤੋਂ ਵੀ ਰਾਤ ਸਮੇਂ ਕੋਈ ਬੇਲੋੜੀ ਲਾਈਟ ਨਾ ਹੀ ਜਗਾਈ ਜਾਵੇ ਤਾਂ ਬਿਹਤਰ ਹੈ। ਡਿਪਟੀ ਕਮਿਸ਼ਨਰ ਨੇ ਬਲੈਕਆਉਟ ਪ੍ਰੋਟੋਕਾਲ ਦਿਸ਼ਾ-ਨਿਰਦੇਸ਼ ਸਾਂਝੇ ਕਰਦਿਆਂ ਕਿਹਾ ਕਿ ਸਾਇਰਨ ਦਾ ਮਤਲਬ ਅਸਲ ਖਤਰਾ ਹੈ ਤੇ ਰਾਤ ਸਮੇਂ ਬਿਜਲੀ ਜਾਣ ਨੂੰ ਵੀ ਖਤਰੇ ਦਾ ਸੰਕੇਤ ਮੰਨਿਆ ਜਾਵੇ। ਇਸ ਲਈ ਜਦੋਂ ਖਤਰੇ ਦਾ ਸੰਕੇਤ ਮਿਲੇ ਤਾਂ ਤੁਰੰਤ ਸਾਰੀਆਂ ਲਾਈਟਾਂ ਬੰਦ ਕਰੋ। ਇਸ ਵਿੱਚ ਮੁੱਖ ਲਾਈਟਾਂ, ਇਨਵਰਟਰ ਲਾਈਟਾਂ ਤੇ ਕਿਸੇ ਵੀ ਕਿਸਮ ਦੀ ਲਾਈਟ ਸ਼ਾਮਲ ਹੈ, ਜੋ ਬਾਹਰੋਂ ਦਿਖ ਸਕਦੀ ਹੋਵੇ। ਖਿੜਕੀਆਂ 'ਤੇ ਪਰਦੇ ਲਗਾ ਕੇ ਰੱਖੋ ਤੇ ਅੰਦਰ ਤੋਂ ਵੀ ਕੋਈ ਰੌਸ਼ਨੀ ਬਾਹਰ ਨਾ ਆਵੇ। ਆਪਣੇ ਫੋਨ ਪਹਿਲਾਂ ਤੋਂ ਹੀ ਚਾਰਜ ਰੱਖੋ। ਉਨ੍ਹਾਂ ਅੱਗੇ ਦੱਸਿਆ ਕਿ ਕੋਈ ਵੀ ਲਾਈਟ ਨਾ ਚਾਲੂ ਕਰੋ, ਛੋਟੀ ਤੋਂ ਛੋਟੀ ਰੋਸ਼ਨੀ ਜਾਂ ਸਕਰੀਨ ਦੀ ਚਮਕ ਵੀ ਲੁਕਾ ਦਿਓ। ਸਾਇਰਨ ਦੇ ਬਾਅਦ ਕੋਈ ਵੀ ਗੱਡੀ ਜਾਂ ਪੈਦਲ ਹਲਚਲ ਨਾ ਹੋਵੇ। ਜਿੱਥੇ ਹੋ, ਉਥੇ ਹੀ ਰੁਕ ਜਾਓ। ਉਨ੍ਹਾਂ ਕਿਹਾ ਕਿ ਕੇਵਲ ਸਰਕਾਰੀ ਹਦਾਇਤਾਂ ਉੱਤੇ ਭਰੋਸਾ ਕਰੋ। ਉਨ੍ਹਾਂ ਦੱਸਿਆ ਕਿ ਵਸਤੂਆਂ ਦੀ ਜਮ੍ਹਾਂਖੋਰੀ ਤੇ ਕਾਲਾਬਾਜ਼ਾਰੀ ਰੋਕਣ ਲਈ ਵਿਸ਼ੇਸ਼ ਟਾਸਕ ਫੋਰਸ ਦਾ ਗਠਨ ਕੀਤਾ ਗਿਆ ਹੈ। ਲੋਕਾਂ ਲਈ ਹੈਲਪਲਾਈਨ ਨੰਬਰ ਵੀ ਜਾਰੀ ਕੀਤੇ ਗਏ ਹਨ। ਜ਼ਿਲ੍ਹਾ ਕੰਟਰੋਲਰ, ਖੁਰਾਕ ਤੇ ਸਿਵਲ ਸਪਲਾਈਜ਼, ਮੋਗਾ ਨੂੰ ਜ਼ਰੂਰੀ ਵਸਤੂਆਂ, ਪੈਟਰੋਲ, ਡੀਜ਼ਲ ਆਦਿ ਲਈ ਮੋਬਾਇਲ ਨੰ. 98551-12333, ਜ਼ਿਲ੍ਹਾ ਮੰਡੀ ਅਫਸਰ, ਮੋਗਾ ਨੂੰ ਸਬਜ਼ੀਆਂ ਤੇ ਫਲਾਂ ਸਮੇਤ ਮੰਡੀ ਨਾਲ ਸਬੰਧਤ ਮੁੱਦਿਆਂ ਲਈ ਮੋਬਾਇਲ 95016-49900, ਡਿਪਟੀ ਡਾਇਰੈਕਟਰ, ਪਸ਼ੂ ਪਾਲਣ, ਮੋਗਾ ਨੂੰ ਪਸ਼ੂਆਂ ਦੇ ਇਲਾਜ ਲਈ ਕੋਈ ਸਮੱਸਿਆ ਲਈ ਅਤੇ ਪਸ਼ੂਆ ਦੇ ਚਾਰੇ ਲਈ ਮੋਬਾਇਲ ਨੰ. 94173-16068, ਸਹਾਇਕ ਕਮਿਸ਼ਨਰ, ਰਾਜ ਕਰ, ਮੋਗਾ ਨਾਲ ਮੋਨੀਟਰਿੰਗ ਤੇ ਸਹਿਯੋਗ ਲਈ ਮੋਬਾਇਲ ਨੰ. 987-2910033 ਉੱਪਰ ਸੰਪਰਕ ਕੀਤਾ ਜਾ ਸਕਦਾ ਹੈ।



# ਸਿਹਤ ਵਿਭਾਗ ਅੰਮ੍ਰਿਤਸਰ ਵੱਲੋਂ ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਮੁਹਿੰਮ ਦੀ ਸ਼ੁਰੂਆਤ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਸਿਵਲ ਸਰਜਨ ਡਾ ਕਿਰਨਦੀਪ ਕੌਰ ਵੱਲੋਂ ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਮੁਹਿੰਮ ਦੀ ਸ਼ੁਰੂਆਤ ਦਫਤਰ ਸਿਵਲ ਸਰਜਨ ਅੰਮ੍ਰਿਤਸਰ ਵਿਖੇ ਤੋਂ ਕੀਤੀ ਗਈ।ਇਸ ਅਵਸਰ 'ਤੇ ਸਿਵਲ ਸਰਜਨ ਡਾ ਕਿਰਨਦੀਪ ਕੌਰ ਨੇ ਕਿਹਾ ਕਿ ਬਰਸਾਤ ਦੇ ਮੌਸਮ ਵਿਚ ਬਹੁਤ ਸਾਰੀਆਂ ਥਾਵਾਂ 'ਤੇ ਪਾਣੀ ਦਾ ਇਕੱਠਾ ਹੋਣਾ ਸੁਭਾਵਿਕ ਹੀ ਹੈ, ਪਰ ਜਿਸਦੇ ਨਾਲ ਹੀ ਜਿਥੇ ਪਾਣੀ ਇਕੱਠਾ ਹੋਵੇਗਾ ਉਥੇ ਮੱਛਰ ਦੀ ਪੈਦਾਵਾਰ ਵੀ ਹੋਵੇਗੀ, ਇਸ ਲਈ ਸੱਭ ਦੀ ਇਹ ਜਿੰਮੇਵਾਰੀ ਬਣਦੀ ਹੈ, ਕਿ ਮੱਛਰ ਦੀ ਪੈਦਾਵਾਰ ਨੂੰ ਰੋਕਿਆ ਜਾਵੇ।ਇਸ ਲਈ ਸਿਹਤ ਵਿਭਾਗ ਦਾ ਸਹਿਯੋਗ ਕੀਤਾ ਜਾਵੇ ਅਤੇ ਸਿਹਤ ਵਿਭਾਗ ਵੱਲੋਂ ਚਲਾਈ ਜਾ ਰਹੀ ਮੁਹਿੰਮ ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਵਿੱਚ ਆਪਣਾ ਯੋਗਦਾਨ ਪਾਇਆ ਜਾਵੇ।ਉਨ੍ਹਾਂ ਨੇ ਆਮ ਜਨਤਾ ਨੂੰ ਅਪੀਲ ਕੀਤੀ ਕਿ ਹਫਤੇ ਦੇ ਹਰ ਸ਼ੁੱਕਰਵਾਰ ਵਾਲੇ ਦਿਨ ਆਪਣੇ ਘਰਾਂ ਵਿਚ ਕੂਲਰਾਂ, ਫਰਿਜਾਂ, ਗਮਲਿਆਂ, ਟੈਂਕੀਆਂ, ਛੱਤ ਤੇ ਪਿਆ ਨਾਕਾਰਾ ਸਾਮਾਨ ਅਦਿ ਵਿਚ ਪਾਣੀ ਇੱਕਠਾ ਨਾ ਹੋਣ ਦਈਏ ਕਿਉਂਕਿ ਡੇਂਗੂ ਤੋ ਬਚਣ ਲਈ ਸਭ ਤੋ ਜਿਆਦਾ ਜਰੂਰੀ ਹੈ ਕਿ ਮੱਛਰ ਦੀ ਪੈਦਾਵਾਰ ਨੂੰ ਹੀ ਰੋਕਿਆ ਜਾਵੇ।ਇਸ ਸੰਬੰਧੀ ਵਧੇਰੇ ਜਾਣਕਾਰੀ ਦਿੰਦਿਆ ਜਿਲ੍ਹਾ ਐਪੀਡਿਮੋਲੋਜਿਸਟ ਡਾ ਹਰਜੋਤ ਕੌਰ ਨੇ ਕਿਹਾ ਕਿ ਡੇਂਗੂ ਇੱਕ ਵਾਇਰਲ ਬੁਖਾਰ ਹੈ ਜੋ ਕਿ ਏਡੀਜ ਅਜਿਪਟੀ ਨਾਂ ਦੇ ਮੱਛਰ ਦੇ ਕੱਟਣ ਨਾਲ ਪੈਦਾ ਹੰਦਾ ਹੈ। ਜਿਸਦੇ ਲੱਛਣ ਤੇਜ ਸਿਰ-ਦਰਦ ਅਤੇ ਤੇਜ ਬੁਖਾਰ, ਮਾਸ ਪੇਸ਼ੀਆਂ ਅਤੇ ਜੋੜਾ ਚ ਦਰਦ, ਅੱਖਾ ਦੇ ਪਿਛਲੇ ਹਿੱਸੇ ਦਰਦ, ਉਲਟੀਆਂ, ਨੱਕ-ਮੂੰਹ ਅਤੇ ਮਸੂੜੀਆਂ ਵਿੱਚੋਂ ਖੂਨ ਵਗਣਾ ਆਦਿ ਹੋ ਸਕਦੇ ਹਨ। ਡੇਂਗੂ ਬੁਖਾਰ ਦੇ ਕੇਸ ਹੋਣ, ਦੀ ਸੂਰਤ ਵਿੱਚ ਤੁਰੰਤ ਨਜਦੀਕੀ ਸਰਕਾਰੀ ਹਸਪਤਾਲ ਤੋਂ ਮੁਫਤ ਚੈਕ-ਅੱਪ ਅਤੇ ਇਲਾਜ ਕਰਵਾਉਣਾ। ਇਸ ਤੋਂ ਪਹਿਲਾਂ ਸਮੂਹ ਆਸ਼ਾ ਵਰਕਰਾਂ ਅਤੇ ਪੈਰਾ ਮੈਡੀਕਲ ਸਟਾਫ ਨੂੰ ਜਿਲਾ ਐਮ.ਈ.ਆਈ.ਓ ਅਮਰਦੀਪ ਸਿੰਘ ਵੱਲੋਂ ਇਸ ਸੰਬੰਧੀ ਟ੍ਰੇਨਿੰਗ ਦਿੱਤੀ ਗਈ। ਇਸ ਮੌਕੇ ਸਹਾਇਕ ਸਿਵਲ ਸਰਜਨ ਡਾ. ਰਜਿੰਦਰ ਪਾਲ ਕੌਰ, ਜਿਲ੍ਹਾ ਪਰਵਾਰ ਭਲਾਈ ਅਫਸਰ ਡਾ ਨੀਲਮ ਭਗਤ, ਜਿਲਾ ਟੀਕਾਕਰਨ ਅਫਸਰ ਡਾ ਭਾਰਤੀ ਧਵਨ, ਜਿਲਾ ਸਿਹਤ ਅਫਸਰ ਡਾ ਜਸਪਾਲ ਸਿੰਘ, ਡਾ ਨਵਦੀਪ ਕੌਰ, ਡਾ ਮਨਮੀਤ ਕੌਰ, ਮਲਵਿੰਦਰ ਸਿੰਘ, ਗੁਰਦੇਵ ਸਿੰਘ ਢਿਲੋਂ, ਕਮਲਦੀਪ ਭੱਲਾ, ਹਰਵਿੰਦਰ ਸਿੰਘ, ਪਰਮਜੀਤ ਸਿੰਘ, ਬਲਵਿੰਦਰ ਸਿੰਘ, ਜਿਲੇ ਭਰ ਦੇ ਸਮੂਹ ਐਸ.ਆਈ.ਐਂਟੀ ਲਾਰਵਾ ਸਟਾਫ ਅਤੇ ਆਸ਼ਾ ਵਰਕਰ ਸ਼ਾਮਲ ਹੋਏ।

# ਡਿਪਟੀ ਕਮਿਸ਼ਨਰ ਵੱਲੋਂ ਜ਼ਰੂਰੀ ਵਸਤੂਆਂ ਦੀ ਜਮਾਂਖੋਰੀ ਵਿਰੁੱਧ ਹੁਕਮ ਜਾਰੀ

ਨਵਾਂਸ਼ਹਿਰ (ਮਨੋਜ ਲਾਂਬੀ) : ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਜ਼ਰੂਰੀ ਵਸਤੂਆਂ ਦੇ ਗੈਰ-ਕਾਨੂੰਨੀ ਜਮ੍ਹਾਂਖੋਰਾਂ ਵਿਰੁੱਧ ਹੁਕਮ ਜਾਰੀ ਕੀਤੇ ਹਨ ਅਤੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਜੇਕਰ ਅਜਿਹਾ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ।ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਦੱਸਿਆ ਕਿ ਪ੍ਰਸ਼ਾਸਨ ਜ਼ਿਲ੍ਹੇ ਭਰ ਵਿੱਚ ਜ਼ਰੂਰੀ ਵਸਤਾਂ ਦੀ ਸੁਚਾਰੂ ਉਪਲਬਧਤਾ ਨੂੰ ਯਕੀਨੀ ਬਣਾ ਰਿਹਾ ਹੈ ਅਤੇ ਕਿਸੇ ਵੀ ਜਮ੍ਹਾਂਖੋਰੀ ਕਰਨ ਵਾਲਿਆਂ ਖਿਲਾਫ ਕਾਰਵਾਈ ਹੋਵੇਗੀ। ਉਨ੍ਹਾਂ ਕਿਹਾ ਕਿ ਜ਼ਰੂਰੀ ਵਸਤਾਂ ਦੀ ਸੁਚਾਰੂ ਸਪਲਾਈ ਅਤੇ ਕੀਮਤਾਂ ਨੂੰ ਕੰਟਰੋਲ ਵਿੱਚ ਰੱਖਣ ਲਈ ਜਨਤਾ ਤੋਂ ਸਹਿਯੋਗ ਦੀ ਮੰਗ ਵੀ ਕੀਤੀ।ਜ਼ਰੂਰੀ ਵਸਤੂਆਂ ਐਕਟ, 1955 ਅਤੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਐਕਟ, 2023 ਦੀ ਧਾਰਾ 163 ਤਹਿਤ ਜਾਰੀ ਕੀਤੇ ਗਏ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਨਾਗਰਿਕ ਜਮ੍ਹਾਂਖੋਰੀ, ਕਾਲਾਬਾਜ਼ਾਰੀ ਜਾਂ ਕੀਮਤਾਂ ਵਿੱਚ ਹੇਰਾਫੇਰੀ ਦੀ ਕਿਸੇ ਵੀ ਮਾਮਲੇ ਦੀ ਰਿਪੋਰਟ ਜ਼ਿਲ੍ਹੇ ਦੇ ਸਬੰਧਤ ਅਧਿਕਾਰੀਆਂ ਨੂੰ ਕਰ ਸਕਦੇ ਹਨ। ਡਿਪਟੀ ਕਮਿਸ਼ਨਰ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਕੋਈ ਵੀ ਵਿਅਕਤੀ, ਵਪਾਰੀ ਜਾਂ ਸੰਸਥਾ ਜ਼ਰੂਰੀ ਵਸਤੂਆਂ ਦਾ ਭੰਡਾਰ ਨਹੀਂ ਕਰੇਗੀ ਜਿਨ੍ਹਾਂ ਵਿੱਚ ਅਨਾਜ ਅਤੇ ਸਮਾਨ, ਚਾਰਾ, ਦੁੱਧ ਅਤੇ ਡੇਅਰੀ ਉਤਪਾਦ, ਪੈਟਰੋਲ ਅਤੇ ਹੋਰ ਬਾਲਣ ਅਤੇ ਹੋਰ ਰੋਜ਼ਾਨਾ ਲੋੜਾਂ ਦੀਆਂ ਚੀਜ਼ਾਂ ਸ਼ਾਮਲ ਹਨ।ਹੁਕਮਾਂ ਅਨੁਸਾਰ, ਜ਼ਰੂਰੀ ਵਸਤੂਆਂ, ਪੈਟਰੋਲ, ਡੀਜ਼ਲ ਆਦਿ ਨਾਲ ਸਬੰਧਤ ਜਮ੍ਹਾਂਖੋਰੀ, ਜੇਕਰ ਕੋਈ ਹੈ, ਤਾਂ ਜ਼ਿਲ੍ਹਾ ਖੁਰਾਕ ਅਤੇ ਸਪਲਾਈ ਕੰਟਰੋਲਰ (98782-30268) ਨੂੰ ਰਿਪੋਰਟ ਕੀਤੀ ਜਾ ਸਕਦੀ ਹੈ, ਪਸ਼ੂ-ਪਾਲਣ ਸੇਵਾਵਾਂ ਨਾਲ ਸਬੰਧਤ ਮਾਮਲੇ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਦੇ ਧਿਆਨ ਵਿੱਚ ਉਨ੍ਹਾਂ ਦੇ ਮੋਬਾਈਲ ਨੰਬਰ (78891-36823) 'ਤੇ ਲਿਆਂਦੇ ਜਾਣਗੇ। ਇਸੇ ਤਰ੍ਹਾਂ, ਸਬਜ਼ੀਆਂ ਆਦਿ ਸਮੇਤ ਮੰਡੀ ਨਾਲ ਸਬੰਧਤ ਮੁੱਦਿਆਂ ਦੀ ਜ਼ਿਲ੍ਹਾ ਮੰਡੀ ਅਫ਼ਸਰ (98722-58599) ਦੇ ਧਿਆਨ ਵਿੱਚ ਲਿਆਂਦਾ ਜਾਵੇਗਾ ਜਦੋਂ ਕਿ ਦਵਾਈਆਂ ਦੀ ਚਰਚਾ ਲਈ ਜ਼ਿਲ੍ਹਾ ਮੈਨੇਜਰ ਮਾਰਕਫੈੱਡ (98765-04725) ਨਾਲ ਸੰਪਰਕ ਕੀਤਾ ਜਾ ਸਕਦਾ ਹੈ।ਅਫਵਾਹ ਫੈਲਾਉਣ ਵਾਲਿਆਂ ਤੋਂ ਸਾਵਧਾਨ ਰਹੋ: ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਲੋਕਾਂ ਨੂੰ ਸ਼ਾਂਤ ਰਹਿਣ ਦੀ ਅਪੀਲ ਕੀਤੀ। ਇਸ ਦੇ ਨਾਲ ਹੀ ਕਿਸੇ ਵੀ ਪਲੇਟਫਾਰਮ 'ਤੇ ਫੈਲ ਰਹੀਆਂ ਅਫਵਾਹਾਂ ਜਾਂ ਗੁੰਮਰਾਹਕੁੰਨ ਜਾਣਕਾਰੀ ਦਾ ਸ਼ਿਕਾਰ ਨਾ ਹੋਣ ਦੀ ਵੀ ਤਾਕੀਦ ਕੀਤੀ। ਉਨ੍ਹਾਂ ਇਹ ਵੀ ਭਰੋਸਾ ਦਿੱਤਾ ਕਿ ਕਿਸੇ ਵੀ ਸਥਿਤੀ ਵਿੱਚ ਘਬਰਾਉਣ ਦੀ ਲੋੜ ਨਹੀਂ ਹੈ ਕਿਉਂਕਿ ਪ੍ਰਸ਼ਾਸਨ ਨੇ ਜ਼ਰੂਰੀ ਵਸਤਾਂ ਦੀ ਨਿਰਵਿਘਨ ਸਪਲਾਈ ਲਈ ਪਹਿਲਾਂ ਹੀ ਨਿਰਦੇਸ਼ ਜਾਰੀ ਕਰ ਦਿੱਤੇ ਹਨ। ਉਨ੍ਹਾਂ ਕਿਹਾ ਕਿ ਲੋਕ ਜ਼ਿਲ੍ਹੇ ਨਾਲ ਸਬੰਧਤ ਤਾਜ਼ਾ ਸੂਚਨਾ ਅਤੇ ਅਸਲ ਜਾਣਕਾਰੀ ਫੇਸਬੁੱਕ ਪੇਜ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਸ਼ਹੀਦ ਭਗਤ ਸਿੰਘ ਨਗਰ ਤੋਂ ਪ੍ਰਾਪਤ ਕਰ ਸਕਦੇ ਹਨ ਤਾਂ ਜੋ ਇਸ ਬਦਲਦੀ ਸਥਿਤੀ ਵਿੱਚ ਅਸਲ ਸਮੇਂ ਦੀ ਜਾਣਕਾਰੀ ਪ੍ਰਾਪਤ ਕੀਤੀ ਜਾ ਸਕੇ।ਬਲੈਕਆਊਟ ਦੇ ਸਹਿਯੋਗ ਲਈ ਨਿਵਾਸੀਆਂ ਦੀ ਸ਼ਲਾਘਾ ਕੀਤੀ, ਪੂਰੀ ਤਰ੍ਹਾਂ ਪਾਲਣਾ ਦੀ ਅਪੀਲ: ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਵੀਰਵਾਰ ਦੇਰ ਸ਼ਾਮ ਨੂੰ ਬਲੈਕਆਊਟ ਨੂੰ ਲਾਗੂ ਕਰਨ ਵਿੱਚ ਜ਼ਿਲ੍ਹਾ ਵਾਸੀਆਂ ਵੱਲੋਂ ਦਿੱਤੇ ਸਹਿਯੋਗ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਲੋਕ ਘਰ ਤੋਂ ਤੇ ਰਿਹਾਇਸ਼ੀ ਖੇਤਰਾਂ ਅਤੇ ਵਪਾਰਕ ਅਦਾਰਿਆਂ ਵਿੱਚ ਹਰੇਕ ਲਾਈਟ ਬੰਦ ਕਰਕੇ ਬਲੈਕ ਆਊਟ ਦੀ ਪਾਲਣਾ ਨੂੰ ਯਕੀਨੀ ਬਣਾਉਣ। ਉਨ੍ਹਾਂ ਨੇ ਲੋਕਾਂ ਨੂੰ ਪੇਂਡੂ ਖੇਤਰਾਂ ਵਿੱਚ ਲਗਾਈਆਂ ਗਈਆਂ ਸੋਲਰ ਲਾਈਟਾਂ ਨੂੰ ਲੋੜ ਪੈਣ 'ਤੇ ਪੂਰੀ ਤਰ੍ਹਾਂ ਢੱਕਣ ਅਤੇ ਰੋਸ਼ਨੀ ਵਾਲੇ ਸੀਸੀਟੀਵੀ ਕੈਮਰਿਆਂ ਨੂੰ ਬੰਦ ਕਰਨ ਦੀ ਵੀ ਅਪੀਲ ਕੀਤੀ।ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀਆਂ ਅਤੇ ਅਧਿਕਾਰੀਆਂ ਨੂੰ ਉਨ੍ਹਾਂ ਦੀ ਪੂਰਵ ਪ੍ਰਵਾਨਗੀ ਤੋਂ ਬਿਨਾਂ ਸਟੇਸ਼ਨ ਨਾ ਛੱਡਣ ਦੀ ਹਦਾਇਤ ਵੀ ਕੀਤੀ।

# ਪੈਨਸ਼ਨਰਜ਼ ਐਸੋਸੀਏਸ਼ਨ ਨੇ ਕੀਤਾ ਰੋਸ ਪ੍ਰਦਰਸ਼ਨ



ਨਵਾਂਸ਼ਹਿਰ (ਮਨੋਜ ਲਾਂਬੀ)- ਪਾ: ਰਾ: ਪਾ: ਕਾ: ਲਿਮ: ਮੰਡਲ ਨਵਾਂਸ਼ਹਿਰ ਦੇ ਪ੍ਰਧਾਨ ਨਰਿੰਦਰ ਕੁਮਾਰ ਮਹਿਤਾ ਦੀ ਅਗਵਾਈ ਵਿਚ ਮੰਡਲ ਨਵਾਂਸ਼ਹਿਰ ਅੱਗੇ ਰੋਸ ਪ੍ਰਦਰਸ਼ਨ ਕੀਤਾ ਗਿਆ।ਸਟੇਜ ਸਕੱਤਰ ਦੀ ਭੂਮਿਕਾ ਮਦਨ ਲਾਲ ਵੱਲੋਂ ਨਿਭਾਈ ਗਈ।ਜਿਸ ਵਿੱਚ ਸਰਕਲ ਪ੍ਰਧਾਨ ਕੁਲਵਿੰਦਰ ਅਟਵਾਲ, ਸਕੱਤਰ ਅਸ਼ਵਨੀ ਗੜ੍ਹਸ਼ੰਕਰ, ਸਕੱਤਰ ਨਿਰੰਜਣ ਕੰਗਾਂ,ਵਿੱਤ ਸਕੱਤਰ ਵਿਜੇ ਕੁਮਾਰ,ਵਿੱਤ ਸਕੱਤਰ ਜਗਦੀਸ਼ ਬਲਾਚੌਰ,ਮੰਡਲ ਸੀ:ਮੀਤ ਪ੍ਰਧਾਨ ਰਵਿੰਦਰ ਭਾਸਕਰ ਟੀਚਰ ਯੂਨੀਅਨ ਦੇ ਸਟੇਟ ਕਨਵੀਨਰ ਕੁਲਦੀਪ ਸਿੰਘ ਦੌੜਕਾ, ਅਜੀਤ ਸਿੰਘ ਅਤੇ ਸ਼੍ਰੇਸ਼ ਰਾਹੋਂ , ਮਹਿੰਦਰਪਾਲ ਆਕਲਿਆਨਾ ਜੁਗਿੰਦਰ ਬੇਗਮਪੁਰ, ਨਿਰਮਲਜੀਤ, ਸਤਪਾਲ ਭਾਟੀਆ , ਬਲਦੇਵ ਤਾਜੋਵਾਲ ਆਦਿ ਬੁਲਾਰਿਆਂ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਪਾਵਰਕਾਮ ਮੈਨੇਜਮੈਂਟ ਵੱਲੋਂ ਏਰੀਅਰ ਦੀ ਪਹਿਲੀ ਕਿਸ਼ਤ ਅਪ੍ਰੈਲ ਮਹੀਨਾ ਦੀ ਮਿਲਣ ਵਾਲੀ ਪੈਨਸ਼ਨ ਨਾਲ ਲਾਉਣੀ ਸੀ,ਜੋ ਨਹੀ ਲਗਾਈ ਗਈ। ਬੋਰਡ ਮੈਨੇਜਮੈਂਟ ਦੀ ਇਸ ਘਟੀਆ ਅਤੇ ਪੈਨਸ਼ਨਰਜ਼ ਵਿਰੋਧੀ ਨੀਤੀ ਖਿਲਾਫ ਸੂਬਾ ਕਮੇਟੀ ਵੱਲੋਂ ਲਏ ਫੈਸਲੇ ਅਨੁਸਾਰ ਪੰਜਾਬ ਵਿਚ 5 ਮਈ ਤੋਂ 15 ਮਈ ਤੱਕ ਮੰਡਲ ਪੱਧਰੀ ਧਰਨੇ ਲਾਏ ਜਾਣ ਦੇ ਬਾਵਜੂਦ ਵੀ ਏਰੀਅਰ ਦੀਆਂ ਕਿਸ਼ਤਾਂ ਜਲਦ ਨਾ ਦਿੱਤੀਆਂ ਗਈਆਂ ਤਾਂ ਪੈਨਸ਼ਨਰਜ਼ ਹੋਰ ਤਿੱਖਾ ਸੰਘਰਸ਼ ਵਿੱਢਣ ਲਈ ਮਜਬੂਰ ਹੋਣਗੇ।ਇਸ ਮੌਕੇ ਗੁਰਬਚਨ ਪਾਲ ਸਿੰਘ, ਲਖਵਿੰਦਰ ਮੱਲੀ, ਓਮ ਸਿੰਘ, ਸੋਹਨ ਮਜੂਰ, ਪਰਮਜੀਤ ਸਿੰਘ, ਬਲਵੀਰ, ਰਾਮਲੁਭਾਇਆ, ਨਿਰਮਲ ਭਾਰਟਾ ਅਤੇ ਰਾਮ ਸਜੀਵਨ ਆਦਿ ਹਾਜ਼ਰ ਸਨ।

## ਬਲੈਕਆਊਟ ਦੀ ਪਾਲਣਾ ਨੂੰ ਬਣਾਇਆ ਜਾਵੇ ਯਕੀਨੀ : ਜ਼ਿਲ੍ਹਾ ਮੈਜਿਸਟਰੇਟ

ਅੰਮ੍ਰਿਤਸਰ/ਜੰਡਿਆਲਾ ਗੁਰੂ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ, ਰਵਿੰਦਰ ਪਾਲ ਸਿੰਘ) ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਦੇ ਜਾਰੀ ਕੀਤੇ ਗਏ ਆਦੇਸ਼ਾਂ ਅਨੁਸਾਰ ਪੰਜਾਬ ਦੇ ਵੱਖ ਵੱਖ ਜ਼ਿਲ੍ਹਿਆਂ ਵਿੱਚ ਕਿਸੇ ਤਰ੍ਹਾਂ ਦੀ ਸੰਕਟਕਾਲ ਸਥਿਤੀ ਨਾਲ ਨਜਿੱਠਣ ਲਈ ਸਿਵਲ ਡਿਫੈਂਸ ਐਕਟ, 1968 ਅਧੀਨ ਰਾਤ ਦੇ ਸਮੇਂ ਦੌਰਾਨ ਬਲੈਕਆਊਟ ਕੀਤਾ ਜਾਂਦਾ ਹੈ ਤਾਂ ਜ਼ਿਲ੍ਹੇ ਦੇ ਬਹੁਤ ਸਾਰੇ ਕਮਰਸ਼ੀਅਲ ਅਦਾਰੇ/ਹੋਟਲਾਂ/ਰੈਸਟੋਰੈਂਟਾਂ ਵਲੋਂ ਇਸਦੀ ਪਾਲਣਾ ਮੁਕੰਮਲ ਤੌਰ 'ਤੇ ਨਹੀਂ ਕੀਤੀ ਜਾਂਦੀ ਹੈ ਅਤੇ ਉਨਾਂ ਦੇ ਅਦਾਰਿਆਂ ਵਿੱਚ ਲਾਈਆਂ ਜੱਗਦੀਆਂ ਰਹਿੰਦੀਆਂ ਹਨ, ਜਿਸ ਨਾਲ ਕੋਈ ਅਣਸੁਖਾਵੀਂ ਘਟਨਾ ਵਾਪਰਨ ਦਾ ਖ਼ਦਸ਼ਾ ਬਣਿਆ ਰਹਿੰਦਾ ਹੈ। ਇਸ ਸਬੰਧ ਵਿੱਚ ਜ਼ਿਲ੍ਹਾ ਮੈਜਿਸਟਰੇਟ ਅੰਮ੍ਰਿਤਸਰ ਸ੍ਰੀਮਤੀ ਸਾਕਸ਼ੀ ਸਾਹਨੀ ਨੇ ਜ਼ਿਲ੍ਹਾ ਆਬਕਾਰੀ ਤੇ ਕਰ ਕਮਿਸ਼ਨਰ ਨੂੰ ਹਦਾਇਤ ਕੀਤੀ ਹੈ ਕਿ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਆਉਂਦੇ ਸਮੂਹ ਸਾਰੇ ਕਮਰਸ਼ੀਅਲ ਅਦਾਰੇ/ ਹੋਟਲਾਂ/ਰੈਸਟੋਰੈਂਟਾਂ ਪਾਸੋਂ ਰਾਤ ਦੇ ਸਮੇਂ ਦੌਰਾਨ ਮੁਕੰਮਲ ਤੌਰ ਤੇ ਬਲੈਕਆਊਟ ਦੇ ਆਦੇਸ਼ਾਂ ਦੀ ਪਾਲਣਾ ਕਰਵਾਈ ਜਾਵੇ ਤਾਂ ਜੋ ਆਮ ਜਨਤਾ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ।ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਕਿ ਇਨ੍ਹਾਂ ਹੁਕਮਾਂ ਦੀ ਪਾਲਣਾ ਨਹੀਂ ਯਕੀਨੀ ਬਣਾਈ ਜਾਂਦੀ ਤਾਂ ਸਬੰਧਤਾਂ ਦੇ ਖਿਲਾਫ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।



ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਜੀ ਵਿਖੇ ਗੁਰੂ ਘਰ ਦੇ ਸ਼ਰਧਾਲੂ ਪਰਿਵਾਰ ਸੁਖਦੀਪ ਸਿੰਘ ਸਪੁੱਤਰ ਦਿਲਬਾਗ ਸਿੰਘ ਪਿੰਡ ਰੱਤਾ ਖੇੜਾ ਜ਼ਿਲ੍ਹਾ ਫ਼ਾਜ਼ਿਲਕਾ ਅਤੇ ਜਗਦੇਵ ਸਿੰਘ ਨੰਦਗੜ੍ਹ, ਗੋਪੀ ਕਨੇਡਾ ਵੱਲੋਂ ਗੁਰੂ ਘਰ ਵਿਖੇ ਨਵੀਆਂ ਤਵੀਆਂ ਅਤੇ ਵੱਟਾਂ ਪਾਉਣ ਵਾਲੇ ਜਿੰਦਰੇ ਦੀ ਸੇਵਾ ਕਰਵਾਈ ਗਈ । ਇਨ੍ਹਾਂ ਵੱਲੋਂ ਹਰ ਸਾਲ ਗੁਰਦੁਆਰਾ ਸਾਹਿਬ ਦੀ ਜ਼ਮੀਨ ਕੰਪਿਊਟਰ ਕਰਾਹੇ ਨਾਲ ਪੱਧਰੀ ਕਰਨ ਅਤੇ ਹੋਰ ਸੇਵਾਵਾਂ ਕੀਤੀਆਂ ਜਾਂਦੀਆਂ ਹਨ।ਮੈਨੇਜਰ ਸਰਬਦਿਆਲ ਸਿੰਘ ਅਤੇ ਸਟਾਫ ਵੱਲੋਂ ਪਰਵਾਰ ਨੂੰ ਸਨਮਾਨਤ ਕੀਤਾ ਗਿਆ। ਫੋਟੋ ਕੈਪਸ਼ਨ ਤੇ ਵੇਰਵਾ : ਹਰਜਿੰਦਰ ਸਿੰਘ ਸੋਨੀ, ਝਬਾਲ

# ਸਿਨੇਮਾ ਹਾਲ, ਸ਼ਾਪਿੰਗ ਮਾਲ ਸ਼ਾਮ 8 ਵਜੇ ਤੋਂ ਸਵੇਰੇ 6 ਵਜੇ ਤੱਕ ਬੰਦ ਰੱਖਣ ਦੇ ਹੁਕਮ ਜਾਰੀ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)—ਦੇਰ ਸ਼ਾਮ ਨੂੰ ਸਿਨੇਮਾ ਹਾਲਾਂ ਅਤੇ ਮਾਲਾਂ ਵਿੱਚ ਆਉਣ ਵਾਲੇ ਲੋਕਾਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ, ਜ਼ਿਲ੍ਹਾ ਮੈਜਿਸਟ੍ਰੇਟ, ਕੋਮਲ ਮਿੱਤਲ ਨੇ ਜ਼ਿਲ੍ਹਾ ਐਸ ਏ ਐਸ ਨਗਰ ਵਿੱਚ ਸਿਨੇਮਾ ਹਾਲ, ਸ਼ਾਪਿੰਗ ਮਾਲ ਸ਼ਾਮ 8:00 ਵਜੇ ਤੋਂ ਸਵੇਰੇ 6:00 ਵਜੇ ਤੱਕ ਬੰਦ ਰੱਖਣ ਦੇ ਹੁਕਮ ਦਿੱਤੇ ਹਨ। ਵੇਰਵੇ ਦਿੰਦਿਆਂ, ਉਨ੍ਹਾਂ ਦੱਸਿਆ ਕਿ ਇਹ ਆਦੇਸ਼ ਆਮ ਲੋਕਾਂ ਦੇ ਜਾਨ-ਮਾਲ ਦੀ ਸੁਰੱਖਿਆ ਲਈ ਅਤੇ ਰਾਤ ਦੇ ਸਮੇਂ ਮੌਜੂਦਾ ਹਾਲਾਤਾਂ ਦੇ ਮੱਦੇਨਜ਼ਰ ਨਾਗਰਿਕਾਂ ਦੇ ਜੀਵਨ ਨੂੰ ਭਵਿੱਖ ਵਿੱਚ ਹੋਣ ਵਾਲੇ ਕਿਸੇ ਵੀ ਖ਼ਤਰੇ ਤੋਂ ਬਚਾਉਣ ਲਈ ਕੀਤਾ ਗਿਆ ਹੈ, ਤਾਂ ਜੋ ਸ਼ਾਮ ਨੂੰ ਭੀੜ ਇਕੱਠੀ ਹੋਣ ਵਾਲੇ ਕਿਸੇ ਵੀ ਖ਼ਤਰੇ ਤੋਂ ਬਚਿਆ ਜਾ ਸਕੇ।ਇਸੇ ਤਰ੍ਹਾਂ, ਜ਼ਿਲ੍ਹੇ ਵਿੱਚ ਖਾਸ ਤੌਰ 'ਤੇ ਸ਼ਾਮ ਦੇ ਸਮੇਂ ਪਟਾਕਿਆਂ ਅਤੇ ਲੇਜ਼ਰ ਬੀਮ ਲੇਜ਼ਰ/ਡੀਜੇ ਲਾਈਟਾਂ ਦੀ ਵਰਤੋਂ 'ਤੇ ਪਾਬੰਦੀ ਹੋਵੇਗੀ ਤਾਂ ਜੋ ਜਦੋਂ ਵੀ ਲੋੜ ਹੋਵੇ, ਇਹ ਲਾਈਟਾਂ ਪੂਰੀ ਤਰ੍ਹਾਂ ਬਲੈਕਆਊਟ ਕਰਨ ਵਿੱਚ ਮੁਸ਼ਕਲ ਨਾ ਬਣਨ।ਇਸ ਤੋਂ ਇਲਾਵਾ, ਅਗਲੇ ਹੁਕਮਾਂ ਤੱਕ ਜ਼ਿਲ੍ਹਾ ਐਸ ਏ ਐਸ ਨਗਰ ਵਿੱਚ ਬਲੈਕਆਊਟ (ਪ੍ਰਸ਼ਾਸਨ ਵੱਲੋਂ ਅਗਾਊਂ ਸੂਚਨਾ ਦੇਣ ਦੀ ਸੂਰਤ ਵਿੱਚ) ਹੋਣ ਦੀ ਸਥਿਤੀ ਵਿੱਚ ਇਨਵਰਟਰ, ਜਨਰੇਟਰ ਅਤੇ ਬਾਹਰੀ ਲਾਈਟਾਂ, ਬਿੱਲ ਬੋਰਡ, ਸਟਰੀਟ ਲਾਈਟਾਂ ਆਦਿ ਲਈ ਵਰਤੇ ਜਾਣ ਵਾਲੇ ਕਿਸੇ ਵੀ ਹੋਰ ਪਾਵਰ ਬੈਕਅੱਪ ਦੀ ਵਰਤੋਂ 'ਤੇ ਅਤੇ ਸੋਲਰ ਲਾਈਟਾਂ ਦੀ ਵਰਤੋਂ 'ਤੇ ਵੀ ਪੂਰਨ ਪਾਬੰਦੀ ਲਗਾਈ ਗਈ ਹੈ।ਇਸ ਤੋਂ ਇਲਾਵਾ, ਮੋਹਾਲੀ ਪ੍ਰਸ਼ਾਸਨ ਦੁਆਰਾ ਲੋਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਸ਼ਾਮ ਦੇ ਸਮੇਂ ਜਦੋਂ ਤੱਕ ਜ਼ਰੂਰੀ ਨਾ ਹੋਵੇ, ਆਪਣੇ ਘਰਾਂ ਤੋਂ ਨਾ ਨਿਕਲਣ। ਜੇਕਰ ਕੋਈ ਸਾਇਰਨ/ਸਿਗਨਲ ਵੱਜਦਾ ਹੈ, ਤਾਂ ਲੋਕਾਂ ਨੂੰ ਸਮੇਂ-ਸਮੇਂ 'ਤੇ ਸਰਕਾਰ ਦੁਆਰਾ ਜਾਰੀ ਹਦਾਇਤਾਂ ਦੀ ਤੁਰੰਤ ਪਾਲਣਾ ਕਰਨੀ ਚਾਹੀਦੀ ਹੈ। ਲੋਕ ਆਮ ਤੌਰ 'ਤੇ ਰੋਸ਼ਨੀ ਦੀ ਘੱਟ ਤੋਂ ਘੱਟ ਵਰਤੋਂ ਕਰਨ। ਉਨ੍ਹਾਂ ਅੱਗੇ ਕਿਹਾ ਕਿ ਇਹ ਹੁਕਮ ਪੁਲਸ, ਪੈਰਾ-ਮਿਲਟਰੀ, ਹਥਿਆਰਬੰਦ ਸੈਨਾ, ਐਸ ਪੀ ਜੀ ਕਰਮਚਾਰੀਆਂ ਅਤੇ ਸਮਰੱਥ ਸਰਕਾਰ, ਅਥਾਰਟੀ ਦੁਆਰਾ ਅਧਿਕਾਰਤ ਵਿਅਕਤੀਆਂ ਸਮੇਤ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ 'ਤੇ ਲਾਗੂ ਨਹੀਂ ਹੋਣਗੇ ਅਤੇ ਨਾਲ ਹੀ ਹਸਪਤਾਲਾਂ ਅਤੇ ਐਮਰਜੈਂਸੀ ਸੇਵਾਵਾਂ ਆਦਿ 'ਤੇ ਵੀ ਲਾਗੂ ਨਹੀਂ ਹੋਣਗੇ।ਬੀ ਐਨ ਐਨ ਐਸ 2023 ਦੀ ਧਾਰਾ 163 ਦੇ ਤਹਿਤ ਜਾਰੀ ਕੀਤੇ ਗਏ ਹੁਕਮ 9 ਮਈ, 2025 ਤੋਂ ਅਗਲੇ ਹੁਕਮਾਂ ਤੱਕ ਲਾਗੂ ਰਹਿਣਗੇ।

# ਆਮ ਆਦਮੀ ਕਲੀਨਿਕ ਲੋਕਾਂ ਲਈ ਵਰਦਾਨ ਬਣੇ : ਢਿੱਲੋਂ

ਧੂਰੀ, (ਮੋਹਿਤ ਗਰਗ, ਬਿੰਨੀ ਗਰਗ) ਪੰਜਾਬ ਰਾਜ ਲਘੂ ਉਦਯੋਗ ਨਿਗਮ ਦੇ ਚੇਅਰਮੈਨ ਤੇ ਮੁੱਖ ਮੰਤਰੀ ਕੈਂਪਸ ਦਫ਼ਤਰ ਦੇ ਇੰਚਾਰਜ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਵਿੱਚ ਆਮ ਆਦਮੀ ਕਲੀਨਿਕ ਸ਼ੁਰੂ ਕਰਕੇ ਲੋਕਾਂ ਨੂੰ ਘਰਾਂ ਦੇ ਨੇੜੇ ਇਲਾਜ ਦੀ ਮੁਫ਼ਤ ਸਹੂਲਤ ਮੁਹੱਈਆ ਕਰਾਈ ਹੈ।ਉਨ੍ਹਾਂ ਦੱਸਿਆ ਕਿ ਹਲਕਾ ਧੂਰੀ ਸਮੇਤ ਪੂਰੇ ਜ਼ਿਲ੍ਹਾ ਸੰਗਰੂਰ ਵਿੱਚ ਖੋਲ੍ਹੇ ਗਏ 46 ਆਮ ਆਦਮੀ ਕਲੀਨਿਕਾਂ ਤੋਂ ਹੁਣ ਤੱਕ 15,75,952 ਵਿਅਕਤੀਆਂ ਨੇ ਆਪਣੀ ਸਿਹਤ ਜਾਂਚ ਕਰਾਈ, ਜਦਕਿ 02,06,756 ਮਰੀਜ਼ਾਂ ਦੇ ਲੈਬ ਟੈੱਸਟ ਵੀ ਮੁਫ਼ਤ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ ਕਿਸੇ ਸਰਕਾਰ ਨੇ ਸਿਹਤ ਤੇ ਸਿੱਖਿਆ ਖੇਤਰ ਨੂੰ ਤਰਜੀਹੀ ਖੇਤਰ ਬਣਾਇਆ ਹੈ, ਜਿਸ ਦੇ ਸਾਰਥਿਕ ਸਿੱਟੇ ਨਿੱਕਲ ਰਹੇ ਹਨ।ਉਨ੍ਹਾਂ ਦੱਸਿਆ ਕਿ ਹਰੇਕ ਕਲੀਨਿਕ 'ਚ 01 ਡਾਕਟਰ, 01 ਫਾਰਮਸਿਸਟ, 01 ਲੈਬ ਟੈਕਨੀਸ਼ੀਅਨ ਤੇ 01 ਹੈਲਪਰ ਡਿਊਟੀ 'ਤੇ ਤਾਇਨਾਤ ਹਨ।ਉਨ੍ਹਾਂ ਇਹ ਵੀ ਦੱਸਿਆ ਕਿ ਇਨ੍ਹਾਂ ਆਮ ਆਦਮੀ ਕਲੀਨਿਕਾਂ ਵਿਖੇ ਆਨ-ਲਾਈਨ ਪੋਰਟਲ 'ਤੇ ਮਰੀਜ਼ਾਂ ਦੀ ਐਂਟਰੀ ਕੀਤੀ ਜਾਂਦੀ ਹੈ ਤੇ ਉਨ੍ਹਾਂ ਦੀ ਬਿਮਾਰੀ ਦਾ ਮੁਕੰਮਲ ਰਿਕਾਰਡ ਰੱਖਿਆ ਜਾਂਦਾ ਹੈ।

ਆਮ ਆਦਮੀ ਕਲੀਨਿਕਾਂ ਵਿਖੇ ਦਵਾਈਆਂ ਉਪਲਬਧ ਕਰਾਉਣ ਤੋਂ ਇਲਾਵਾ ਐਚ.ਬੀ, ਬਲੱਡ ਸ਼ੂਗਰ, ਬਲੱਡ ਗਰੁੱਪ, ਐਚ.ਆਈ.ਵੀ, ਐਚ.ਸੀ.ਵੀ. (ਕਾਲਾ ਪੀਲੀਆ), ਐਚ.ਬੀ.ਐਸ.ਏ.ਜੀ (ਜਿਗਰ ਦੀਆਂ ਬਿਮਾਰੀਆਂ ਨਾਲ ਸਬੰਧਤ), ਵੀ.ਡੀ.ਆਰ.ਐਲ (ਗਰਭ ਦੌਰਾਨ ਜਾਂਚ), ਪਿਸ਼ਾਬ ਰਾਹੀਂ ਸ਼ੂਗਰ ਦੀ ਜਾਂਚ, ਪਿਸ਼ਾਬ ਰਾਹੀਂ ਅਲਬੁਮੇਨ (ਪੀਲੀਆ) ਦੀ ਜਾਂਚ, ਖੂਨ ਰਾਹੀਂ ਮਲੇਰੀਆ ਦੀ ਜਾਂਚ, ਆਦਿ ਟੈਸਟ ਮੁਫ਼ਤ ਕੀਤੇ ਜਾਂਦੇ ਹਨ।ਆਮ ਲੋਕਾਂ ਵੱਲੋਂ ਇਹਨਾਂ ਕਲੀਨਿਕਾਂ ਸਬੰਧੀ ਤਸੱਲੀ ਪ੍ਰਗਟਾਈ ਜਾ ਰਹੀ ਹੈ, ਕਿਉਂਕਿ ਇਨ੍ਹਾਂ ਕਲੀਨਿਕਾਂ ਵਿੱਚ ਆਮ ਬਿਮਾਰੀਆਂ ਦੀ ਜਾਂਚ ਤੇ ਕਲੀਨਿਕਲ ਟੈਸਟਾਂ ਸਮੇਤ ਵੱਖ-ਵੱਖ ਸੇਵਾਵਾਂ ਆਮ ਲੋਕਾਂ ਨੂੰ ਬਿਨਾਂ ਕਿਸੇ ਮੁਸ਼ਕਲ ਦੇ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।

# ਡਾ. ਪਰਮਿੰਦਰਜੀਤ ਸਿੰਘ ਨੇ ਐਸ ਐਮ ਓ - 2 ਵਜੋਂ ਅਹੁਦਾ ਸੰਭਾਲਿਆ

ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)— ਡਾ. ਪਰਮਿੰਦਰਜੀਤ ਸਿੰਘ ਨੇ ਬਦਲੀ ਉਪਰੰਤ ਜ਼ਿਲ੍ਹਾ ਹਸਪਤਾਲ ਮੋਹਾਲੀ ਦੇ ਸੀਨੀਅਰ ਮੈਡੀਕਲ ਅਫ਼ਸਰ-2 ਵਜੋਂ ਅਹੁਦਾ ਸੰਭਾਲ ਲਿਆ। ਇਸ ਵੇਲੇ ਉਹ ਸਬ-ਡਵੀਜ਼ਨਲ ਹਸਪਤਾਲ ਖਰੜ ਦੇ ਸੀਨੀਅਰ ਮੈਡੀਕਲ ਅਫ਼ਸਰ ਵਜੋਂ ਸੇਵਾ ਨਿਭਾਅ ਰਹੇ ਸਨ। ਜ਼ਿਕਰਯੋਗ ਹੈ ਕਿ ਇਸ ਹਸਪਤਾਲ ਵਿਚ ਲੰਮਾ ਸਮਾਂ ਸੇਵਾਵਾਂ ਨਿਭਾਉਣ ਵਾਲੇ ਸੀਨੀਅਰ ਮੈਡੀਕਲ ਅਫ਼ਸਰ ਡਾ. ਵਿਜੇ ਭਗਤ ਪਿਛਲੇ ਦਿਨੀਂ ਸੇਵਾਮੁਕਤ ਹੋ ਗਏ ਸਨ। ਡਾ. ਪਰਮਿੰਦਰਜੀਤ ਸਿੰਘ ਇਸ ਹਸਪਤਾਲ ਵਿਚ ਕਾਫ਼ੀ ਸਮੇਂ ਤਕ ਬਤੌਰ ਮੈਡੀਕਲ ਅਫ਼ਸਰ ਸੇਵਾਵਾਂ ਨਿਭਾਉਂਦੇ ਰਹੇ ਹਨ। 01 ਅਪ੍ਰੈਲ 2024 ਨੂੰ ਉਨ੍ਹਾਂ ਦੀ ਤਰੱਕੀ ਐਸ.ਐਮ.ਓ. ਵਜੋਂ ਹੋਈ ਸੀ ਤੇ ਉਨ੍ਹਾਂ ਖਰੜ ਹਸਪਤਾਲ ਵਿਖੇ ਅਹੁਦਾ ਸੰਭਾਲਿਆ ਸੀ। ਇਸ ਮੌਕੇ ਗੱਲਬਾਤ ਕਰਦਿਆਂ ਉਨ੍ਹਾਂ ਆਖਿਆ ਕਿ ਜ਼ਿਲ੍ਹਾ ਹਸਪਤਾਲ ਵਿਚ ਆਉਣ ਵਾਲੇ ਮਰੀਜ਼ਾਂ ਨੂੰ ਉੱਚ-ਪੱਧਰ ਦੀਆਂ ਸਿਹਤ ਸੇਵਾਵਾਂ ਪ੍ਰਦਾਨ ਕਰਨਾ ਉਨ੍ਹਾਂ ਦੀ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਉਹ ਪਹਿਲਾਂ ਵੀ ਇਸ ਹਸਪਤਾਲ ਵਿਚ ਕੰਮ ਕਰਦੇ ਰਹੇ ਹਨ, ਜਿਸ ਕਾਰਨ ਉਨ੍ਹਾਂ ਨੂੰ ਇਥੇ ਕੰਮ ਕਰਨ ਦਾ ਕਾਫ਼ੀ ਤਜਰਬਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪੱਧਰ ਦਾ ਹਸਪਤਾਲ ਹੋਣ ਸਦਕਾ ਇਥੇ ਮਰੀਜ਼ਾਂ ਦੀ ਆਮਦ ਕਾਫ਼ੀ ਜ਼ਿਆਦਾ ਹੁੰਦੀ ਹੈ ਤੇ ਉਹ ਪੁਰਜ਼ੋਰ ਯਤਨ ਕਰਨਗੇ ਕਿ ਮਰੀਜ਼ਾਂ ਨੂੰ ਕਿਸੇ ਤਰ੍ਹਾਂ ਦੀ ਪ੍ਰੇਸ਼ਾਨੀ ਨਾ ਆਵੇ ਅਤੇ ਚੰਗੀਆਂ ਸਿਹਤ ਸਹੂਲਤਾਂ ਮਿਲਣ। ਹਸਪਤਾਲ ਦੇ ਸੀਨੀਅਰ ਮੈਡੀਕਲ ਅਫ਼ਸਰ -1 ਡਾ. ਐਚ.ਐਸ.ਚੀਮਾ ਅਤੇ ਸਮੂਹ ਸਟਾਫ਼ ਨੇ ਡਾ. ਪਰਮਿੰਦਰਜੀਤ ਸਿੰਘ ਦਾ ਸਵਾਗਤ ਕੀਤਾ ਅਤੇ ਸ਼ੁੱਭਕਾਮਨਾਵਾਂ ਦਿੱਤੀਆਂ।



## COURT NOTICE

(U/o 5 Rule 20 CPC)
In The Court of
**Ms. Manila Chugh**
Additional District and Sessions Judge, Ludhiana
CNR No. PBLD01-019431-2018
Next Date: 14-05-2025
ICICI Lombard General Insurance Co.
Vs.
Avtar Singh
Publication Issued To:
Avtar Singh
Father: :- Karam Singh
VPO Sarna Pathankot, Gurdaspur

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 14-05-2025 at 10:00 a.m.

For details logon to https://highcourtchd.gov.in/?mod=district_notice&district=mogacourt

Additional District and Sessions Judge, Ludhiana
Dated, this day of 09-05-2025

## COURT NOTICE

(U/o 5 Rule 20 CPC)
(Succession Case)
In The Court of
**Ms. Pushpa Rani**
Civil Judge Senior Division, Moga
CNR No. PBMO02-000853-2025
Next Date:- 29-05-2025
Harpal Kaur Gill
Vs.
General Public
Notice To: General Public
: General Public

In above titled case, the defendant(s)/ respondent(s) could not be served. It is ordered that defendant(s)/respondent(s) should appear in person or through counsel on 29-05-2025 at 10 a.m.

For details logon to https://highcourtchd.gov.in/?mod=district_notice&district=mogacourt.

Civil Judge Senior Division Moga
Dated, this day of 06-05-2025

## St. Soldier College, Basti Danishmandan, Jalandhar

St. Soldier College, Basti Danishmandan, Jalandhar invites online applications on (stsoldiercollege.hr@gmail.com) for the post of **Assistant Professor in Commerce - 2** on regular basis. **(www.stsoldiercollegejal.com).** Qualification and Grade as per UGC/NCTE/Punjab Govt./GNDU norms. Reservation Policy will be as per Punjab Govt. rules. Candidates must submit online application within 15 days from the date of publication of advertisement. Candidates must fill up the Score Card Proforma (as per Annexure-IV) available in CDC Portal on University Website (www.gndu.ac.in) and submit it alongwith the application.

**Chairman**

Mobile No. 9872093080

## PUBLIC NOTICE

It hereby informs to public at large that Mohit Kukreja and Manoj Kukreja sons of Bhim Sain Kukreja has avail loan from Kotak Mahindra Bank Limited have its branch office at Jalandhar. That Gurinder Singh Narula and Davinder Singh Narula Sons of Kalyan Singh is owner of House No.164 Measuring 18 Marla 16 Sq.ft Comprising Under Khasra No.186 Situated at Abadi Adarsh Nagar , Basti Gujan , Tehsil and Distt Jalandhar That Property was earlier larger area as owned Jalandhar Improvement Trust and Jalandhar Improvement Trust. Executed a sale deed for area measuring 18 Marla 16 Sq. Feet in favour of Kalyan Singh s/o Mangal Singh vide sale deed no.796/1 dated 25.05.1957 Sr. Jalandhar, which is duly mutated vide 6709 and Kalyan Singh died and his property inherited by Raminder Kaur w/o Mohan Singh (d/o Late. Kalyan Singh) and Nirmaljit Kaur w/o Jagbir Singh ( d/o Late. Kalyan Singh) and Gurinder Singh Narula and Davinder Singh Narula Sons of Kalyan Singh (in equal share ¼ each) vide Mutation no.6764 and Raminder Kaur w/o Mohan Singh (d/o Late. Kalyan Singh) and Nirmaljit Kaur w/o Jagbir Singh (d/o Late. Kalyan Singh) executed a transfer deed in favour of Gurinder Singh Narula and Davinder Singh Narula Sons of Kalyan Singh for area measuring 9 marla 8 sq.ft vide Transfer deed no. 1007 dated 12.09.2018 Sr. Jalandhar, which is duly mutated vide mutation no.6799 and Gurinder Singh Narula and Davinder Singh Narula Sons of Kalyan Singh executed an agreement to sell in respect of area measuring 18 Marla 16 Sq.ft in favor of Mohit Kukreja and Manoj Kukreja sons of Bhim Sain Kukreja. That Earlier sale deed no.796/1 dated 25.05.1957 Sr. Jalandhar is lost and DDR in respect of which is also registered. If anybody have any Objection regarding the ownership of the property mention below then may contact to undersigned and anybody having claim or claiming any prior rights or interest in any manner in this property or has raised by depositing the aforesaid document to any person/bank/corporation/financial institution may approach the undersigned and submit objection within 7 days from the date of this public notice. After the expiry of period of this no claim shall be entertained and such claim shall be deemed to be false, fake, frivolous, fraudulent and baseless claim and shall have no value in the eyes of law.

Lalit Kakkar (Advocate)
Off. : Chamber No. 24, New Courts, Jalandhar. M.No. 98761-07449

## COURT NOTICE

U/o 5 Rule 20 CPC)
In the Court of Sh. Mohinder Partap Singh Libra
Civil Judge (Junior Division)-20, Jalandhar
CS/1268/2024
CNR No. PBJL02-002364-2024, Next Date :- 29-05-2025
Deepak Vs Atma Singh
Suit for partition of property as prayed for
suit for grant of decree of Permanent injunction as prayed for.
Publication Issued to :

7. Neel Kamal alias Bholi, d/o Swarn Singh, W/o Sant Ram R/o Maksudan, Tehsil & Distt. Jalandhar, 9. Balaki Ram (now deceased), Son of Jiwan Dass Son of Buta Ram through his LRS:- (i) Yash Pal (son), (iv) Mani Devi (daughter) of Late Balaki Ram, 10. Raman Kumar S/o Yash Pal S/o Balaki Ram, 15 Khazan Chand son of Sunder Dass, 16 Som Lal Son of Tara Chand S/o Rura Ram, 17. Sunder Dass Son of Hari Chand S/o Rura Ram, 18. Kartar Devi w/o Hans Raj, 19. Amar Nath son of Hans Raj S/o Phuman Ram, 20. Amarjit Singh Son of Chanan Singh S/o Mula Singh, 21. Arjan Kumar Son of Dalip Raj, 22. Sanjeev Kumar (Son), 23. Parveen Rani, (daughter), 24. Usha Rani, (daughter), 25. Anita Rani, (daughter), 26. Veena Rani, (daughter) of Dalip Raj, 28. Chaman Lal (Now Deceased) S/o Ram Chand through his Lrs. :- (i) Davinder Pal (Son), (ii) Balwinder Kumar Son), (iii) Veena Kumari (daughter), (iv) Neelam Rani (daughter), (v) Subhash Chander (Now Deceased) S/o Chaman Lal through his Lrs. :- (a) Darshana Rani (Widow), (b) Naresh Kumar (Son), (c) Vandana Kumari (daughter) of Subhash Chander. 30. Manohar Lal S/o Om Parkash S/o Vasawa Ram, 32. Jyoti wife of Sudershan Lal S/o Om Parkash, 33. Usha Rani wife of Mehar Chand S/o Nanak Chand, 39. Anita Rani d/o Mela Ram S/o Rura Ram, 40. Krishna Rani W/o Janak Raj S/o Girdhari Lal, 43. Pankaj Gotra Son of Mohinder Pal S/o Gopal Dass, 44. Robin Gotra Son of Mohinder Pal S/o Gopal Dass, 53. Anita Rani wife of Sudesh Chander, 54. Des Raj S/o Sunder Dass, 55. Vidya Wanti w/o Jaigopal Singh, 56. Kamar Devi W/o Sita Ram s/o Gehna Ram, 57. Daya Wanti w/o Shankar Dass S/o Ghasita Ram, 58. Karam Devi w/o Mangal Dass S/o Ladha Ram, 61. Sumesh d/o Sukhjit Lal S/o Ishar Dass, 63. Asha Rani W/o Ved Parkash S/o Karam Chand, 64. Ashok Kumar S/o Harbans Lal, 65. Jagdish Kumar, S/o Harbans Lal, 66. Vijay Kumar, S/o Harbans Lal, 67. Ashwani Kumar sons of Harbans Lal, 68. Anita Kumari d/o Harbans Lal S/o Beli Ram, 69. Rinki Bala wife of Pankaj Kumar S/o Vijay Kumar, 70. Pankaj Kumar S/o Vijay Kumar S/o Harbans Lal, 71. Roshan Lal, aged about 52. years, Son of Sarwan Singh son of Narain Singh, 72. Chaman Lal (now deceased) Son of Sunder Dass S/o Guna Ram, through his LRs:- (i) Raj Rani (widow) of Chaman Lal, (ii) Neelam Rani (daughter) of Chaman Lal, (iii) Raman Kumar (son) of Chaman Lal.

All Residents of Bhargo Nagar (Bhargo Camp), Basti Sheikh, Tehsil Jalandhar-II, District Jalandhar.

In above titled case, the defendant (s)/respondent (s) could not be served. It is ordered that defendant (s) respondant (s) should appear in person or through counsel on 29.05.2025 at 10:00 A.M.

For details logon to https://highcourtchd.gov.in/?mod=district_notice& district=Jalandhar

Dated, this day of 28-04-2025 Civil Judge (Junior Division)-20, Jalandhar

## ਆਮ ਸੂਚਨਾ

ਮੈਂ, ਲਖਵਿੰਦਰ ਸਿੰਘ ਪੁੱਤਰ ਪੂਰਨ ਸਿੰਘ, ਵਾਸੀ ਪਿੰਡ ਇਬ੍ਰਾਹਿਮਵਾਲ, ਜ਼ਿਲ੍ਹਾ ਕਪੂਰਥਲਾ, ਪੰਜਾਬ, ਇਹ ਸੂਚਿਤ ਕਰਦਾ ਹਾਂ ਕਿ ਮੇਰੀ ਅਸਲ ਰਜਿਸਟਰੀ (ਵਸੀਕਾ ਨੰਬਰ 9154 ਮਿਤੀ 12-12-2012) ਜੋ ਕਿ ਪਲਾਟ ਨੰਬਰ 37, ਰਕਬਾ 8 ਮਰਲੇ 74 ਵਰਗ ਫੁੱਟ, ਬੈਂਕ ਕਾਲੋਨੀ, ਪਿੰਡ ਸਲੇਮਪੁਰ ਮੁਸਲਮਾਨਾਂ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਹੈ, ਮਿਤੀ 23-09-2024 ਨੂੰ ਬਲਟਨ ਪਾਰਕ ਤੋਂ ਕਬੀਰ ਨਗਰ ਜਾਂਦਿਆਂ ਰਸਤੇ ਵਿੱਚ ਗੁੰਮ ਹੋ ਗਈ ਹੈ।
ਇਹ ਰਜਿਸਟਰੀ ਸੁਖਵਿੰਦਰ ਕੌਰ (ਜੋ ਕਿ ਕੈਨੇਡਾ ਵਿੱਚ ਰਹਿ ਰਹੀ ਹੈ) ਦੇ ਨਾਂ ਤੇ ਹੈ ਅਤੇ ਮੈਨੂੰ ਉਸ ਸੰਬੰਧੀ ਮੁਖਤਾਰਨਾਮਾ ਪ੍ਰਾਪਤ ਹੈ। ਮੈਂ ਇਸ ਰਜਿਸਟਰੀ ਦੀ ਭਰਪੂਰ ਭਾਲ ਕੀਤੀ ਪਰ ਅਸਲ ਕਾਪੀ ਨਹੀਂ ਮਿਲੀ। ਇਹ ਰਜਿਸਟਰੀ ਨਾ ਕਿਸੇ ਬੈਂਕ ਵਿੱਚ ਗਿਰਵੀ ਹੈ, ਨਾ ਹੀ ਕਿਸੇ ਅਦਾਲਤ ਵਿੱਚ ਜ਼ਬਤ ਹੈ ਅਤੇ ਨਾ ਹੀ ਕਿਸੇ ਵਿਵਾਦ ਵਿੱਚ ਹੈ। ਇਸ ਸੰਬੰਧੀ ਥਾਣਾ ਕਮਿਸ਼ਨਰੇਟ ਜਲੰਧਰ ਵਿਖੇ 24-09-2024 ਨੂੰ ਰੋਜ਼ਨਾਮਚਾ ਦਰਜ ਕਰਵਾਇਆ ਗਿਆ ਹੈ। ਜੇ ਕਿਸੇ ਨੂੰ ਇਹ ਦਸਤਾਵੇਜ਼ ਮਿਲੇ ਜਾਂ ਕੋਈ ਜਾਣਕਾਰੀ ਹੋਵੇ ਤਾਂ ਕਿਰਪਾ ਕਰਕੇ ਮੈਨੂੰ ਜਾਂ ਨਜ਼ਦੀਕੀ ਪੁਲਿਸ ਥਾਣੇ ਨੂੰ ਸੰਪਰਕ ਕਰੋ।

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਮਨਵੀਰ ਸਿੰਘ ਢਿੱਲੋਂ, ਸਬ ਰਜਿਸਟਰਾਰ, ਬੁਢਲਾਡਾ, ਜ਼ਿਲ੍ਹਾ ਮਾਨਸਾ।
ਵਿਸ਼ਾ :- ਖਾਨਗੀ ਵਸੀਅਤ ਨਰੰਜਣ ਸਿੰਘ ਪੁੱਤਰ ਚੰਦਾ ਸਿੰਘ ਪੁੱਤਰ ਜਿਉਣ ਸਿੰਘ ਵਾਸੀ ਮੰਡੇਰ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਰਜਿਸਟਰਡ ਕਰਨ ਬਾਰੇ।
ਨੋਟਿਸ ਬਨਾਮ ਆਮ ਜਨਤਾ

ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਦਫਤਰ ਵਿੱਚ ਸ੍ਰੀ ਲਖਵਿੰਦਰ ਸਿੰਘ ਪੁੱਤਰ ਟੇਕ ਸਿੰਘ ਪੁੱਤਰ ਪੂਰਨ ਸਿੰਘ ਵਾਸੀ ਕੁਲਾਣਾ, ਤਹਿਸੀਲ ਬੁਢਲਾਡਾ ਨੇ ਇੱਕ ਦਰਖਾਸਤ ਪੇਸ਼ ਕੀਤੀ ਹੈ ਕਿ ਉਸ ਦੇ ਪਿਤਾ ਦੇ ਮਾਮਾ ਨਰੰਜਣ ਸਿੰਘ ਪੁੱਤਰ ਚੰਦਾ ਸਿੰਘ ਪੁੱਤਰ ਜਿਉਣ ਸਿੰਘ ਵਾਸੀ ਮੰਡੇਰ, ਤਹਿਸੀਲ ਬੁਢਲਾਡਾ ਨੇ ਮਿਤੀ 19/01/2013 ਨੂੰ ਇੱਕ ਖਾਨਗੀ ਵਸੀਅਤ ਬਾਹੱਕ ਬਲਜੀਤ ਕੌਰ ਉਰਫ ਮਨਜੀਤ ਕੌਰ ਵਿਧਵਾ ਨਾਹਰ ਸਿੰਘ ਪੁੱਤਰ ਅਜਮੇਰ ਸਿੰਘ 1/4 ਹਿੱਸਾ, ਲਖਵਿੰਦਰ ਸਿੰਘ ਪੁੱਤਰ ਟੇਕ ਸਿੰਘ ਪੁੱਤਰ ਪੂਰਨ ਸਿੰਘ 1/4 ਹਿੱਸਾ, ਗੁਰਸੇਵਕ ਸਿੰਘ ਪੁੱਤਰ ਬਲਦੇਵ ਸਿੰਘ ਪੁੱਤਰ ਪੂਰਨ ਸਿੰਘ 1/4 ਹਿੱਸਾ ਵਾ ਕਰਮਜੀਤ ਕੌਰ ਵਿਧਵਾ ਜਗਸੀਰ ਸਿੰਘ ਪੁੱਤਰ ਸਾਉਣ ਸਿੰਘ 1/4 ਹਿੱਸਾ ਵਾਸੀਆਨ ਕੁਲਾਣਾ ਤਹਿਸੀਲ ਬੁਢਲਾਡਾ ਦੇ ਹੱਕ ਵਿੱਚ ਤਹਿਰੀਰ ਕਰਵਾਈ ਸੀ। ਵਸੀਅਤ ਕੁਨਿੰਦਾ ਦੀ ਮਿਤੀ 12/10/2015 ਨੂੰ ਮੌਤ ਹੋ ਚੁੱਕੀ ਹੈ। ਉਹ ਇਸ ਵਸੀਅਤ ਖਾਨਗੀ ਨੂੰ ਰਜਿਸਟਰਡ ਕਰਵਾਉਣਾ ਚਾਹੁੰਦਾ ਹੈ। ਇਸ ਲਈ ਖਾਨਗੀ ਵਸੀਅਤ ਦੇ ਰਜਿਸਟਰਡ ਹੋਣ ਬਾਰੇ ਜੇਕਰ ਕਿਸੇ ਵਿਅਕਤੀ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਇਸ ਨੋਟਿਸ ਦੇ ਛਪਣ ਤੋਂ ਇੱਕ ਮਹੀਨੇ ਦੇ ਅੰਦਰ-ਅੰਦਰ ਅਸਾਲਤਨ ਜਾਂ ਵਕਾਲਤਨ ਆਪਣਾ ਉਜ਼ਰ ਇਸ ਦਫਤਰ ਵਿੱਚ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕੋਈ ਉਜ਼ਰ ਕਾਬਲੇ ਸਮਾਇਤ ਨਹੀਂ ਹੋਵੇਗਾ ਅਤੇ ਵਸੀਅਤ ਖਾਨਗੀ ਨਿਯਮਾਂ ਅਨੁਸਾਰ ਰਜਿਸਟਰਡ ਕਰ ਦਿੱਤੀ ਜਾਵੇਗੀ।

ਇਹ ਇਸ਼ਤਿਹਾਰ ਜ਼ੇਰ ਧਾਰਾ 40-41 ਆਫ ਰਜਿਸਟਰੇਸ਼ਨ ਐਕਟ ਅਧੀਨ ਅੱਜ ਮਿਤੀ 07/05/2025 ਨੂੰ ਮੇਰੇ ਦਸਤਖ਼ਤਾਂ ਅਤੇ ਦਫਤਰੀ ਮੋਹਰ ਹੇਠ ਜਾਰੀ ਕੀਤਾ ਗਿਆ।

ਸਬ ਰਜਿਸਟਰਾਰ, ਬੁਢਲਾਡਾ
ਪੱਤਰ ਨੰ: 256/ਰ. 2.

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸ੍ਰੀ ਮਨਿੰਦਰ ਸਿੰਘ ਸੰਧੂ ਤਹਿਸੀਲਦਾਰ ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਲੋਹੀਆਂ, ਜ਼ਿਲ੍ਹਾ ਜਲੰਧਰ।
ਮਿਸਲ ਨੰ. 06/ਐਨ.ਟੀ. /2025
ਕੇਸ ਦੀ ਕਿਸਮ (ਤਕਸੀਮ)
ਕੇਸ ਅਨੁਵਾਨ : ਫਲਵੀਰ ਸਿੰਘ ਉਰਫ ਫਲਬੀਰ ਸਿੰਘ ਪੁੱਤਰ ਗੁਰਬਚਨ ਸਿੰਘ ਵਾਸੀ ਪਿੰਡ ਖੋਸਾ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ।
ਬਨਾਮ
1. ਸਵਰਨ ਸਿੰਘ ਪੁੱਤਰ ਗੁਰਬਚਨ ਸਿੰਘ 2. ਰਜਿੰਦਰਪ੍ਰਸ਼ਾਦ ਸਿੰਘ ਪੁੱਤਰ ਦੇਸ ਰਾਜ 3. ਜਸਵਿੰਦਰਪਾਲ ਸਿੰਘ ਪੁੱਤਰ ਤਰਸੇਮ ਲਾਲ ਪਿੰਡ ਕਾਕੀ ਰਾਮਾ ਮੰਡੀ, ਜਲੰਧਰ 4. ਸ਼ਿਵਕਾਨਤ ਪੁੱਤਰ ਤਰਸੇਮ ਲਾਲ 5. ਪੁਸ਼ਪਿੰਦਰ ਕੁਮਾਰ ਪੁੱਤਰ ਰਾਮ ਲਾਲ ਵਾਸੀ ਖੋਸਾ, ਤਹਿਸੀਲ ਸ਼ਾਹਕੋਟ ਜ਼ਿਲ੍ਹਾ, ਜਲੰਧਰ 6. ਭਾਰਤ ਸਰਕਾਰ ਰਾਹੀਂ ਮਨਿਸਟਰੀ ਆਫ ਰੋਡ ਟਰਾਂਸਪੋਰਟ ਐਂਡ ਹਾਈਵੇ। ਉਪਰੋਕਤ ਵਿਸ਼ੇ ਸੰਬੰਧੀ ਪਹਿਲੀ ਧਿਰ ਵੱਲੋਂ ਇਸ ਦਫਤਰ ਵਿੱਚ ਤਕਸੀਮ ਦਾ ਕੇਸ ਪਾਇਆ ਗਿਆ ਹੈ।ਇਹ ਤਕਸੀਮ ਦਾ ਕੇਸ ਇਸ ਅਦਾਲਤ ਵਿੱਚ ਚੱਲ ਰਿਹਾ ਹੈ।ਦੂਜੀ ਧਿਰ ਦੇ ਵਿਅਕਤੀ ਸੰਬੰਧਤ ਪਿੰਡ ਵਿੱਚ ਨਹੀਂ ਰਹਿੰਦੇ, ਵਿਦੇਸ਼ ਜਾਂ ਪਿੰਡ ਤੋਂ ਬਾਹਰ ਰਹਿੰਦੇ ਹਨ ਤਾਂ ਇਸ ਕੇਸ ਦੀ ਤਾਰੀਕ ਪੇਸ਼ੀ ਮਿਤੀ 22.05.2025 ਪਾਈ ਗਈ ਹੈ।ਇਸ ਸੰਬੰਧੀ ਕਿਸੇ ਵਿਆਕਤੀ ਨੂੰ ਕੋਈ ਉਜ਼ਰ/ਇਤਰਾਜ਼ ਹੋਵੇ ਤਾਂ ਉਹ ਉਕਤ ਅਦਾਲਤ ਵਿੱਚ 10 ਦਿਨ ਦੇ ਅੰਦਰ-ਅੰਦਰ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ।ਅਖ਼ਬਾਰ ਇਸ਼ਤਿਹਾਰ ਦਾ ਨਾਂਅ (ਨਵਾਂ ਜ਼ਮਾਨਾ ਅਖ਼ਬਾਰ) ਰਾਹੀਂ ਪਬਲਿਕ ਨੋਟਿਸ ਕਢਵਾਇਆ ਜਾ ਰਿਹਾ ਹੈ। ਇਸ ਕੇਸ ਵਿੱਚ ਇਤਰਾਜ਼ ਨਾ ਆਉਣ ਦੀ ਸੂਰਤ ਵਿੱਚ ਨਿਯਮਾਂ ਅਨੁਸਾਰ ਰਿਕਾਰਡ ਮਾਲ ਵਿੱਚ ਸਾਂਝਾ ਖਾਤਾ ਹੋਣ ਕਰਕੇ ਪਹਿਲੀ ਧਿਰ ਦੀ ਤਕਸੀਮ ਕੀਤੀ ਜਾਵੇਗੀ ਅਤੇ ਬਾਅਦ ਗੁਜ਼ਰਨੇ ਮਿਆਦ ਕੋਈ ਉਜ਼ਰ ਸੁਣਵਾਈਯੋਗ ਨਹੀਂ ਹੋਵੇਗਾ।
ਸਹੀ/- ਸਹਾਇਕ ਕੁਲੈਕਟਰ ਦਰਜਾ ਅੱਵਲ, ਲੋਹੀਆਂ
ਨੰਬਰ : 49/9.5.2025

## ਪਬਲਿਕ ਨੋਟਿਸ

ਬਾ-ਅਦਾਲਤ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਗੜ੍ਹਦੀਵਾਲਾ, ਜ਼ਿਲ੍ਹਾ ਹੁਸ਼ਿਆਰਪੁਰ।
naib.gardiwala@gmail.com
ਵਿਸ਼ਾ:- ਮਾਲ ਰਿਕਾਰਡ ਵਿੱਚ ਨਾਂਅ ਦੀ ਦਰੁਸਤੀ ਕਰਨ ਸਬੰਧੀ।
ਨੋਟਿਸ ਬਨਾਮ ਜਨਰਲ ਪਬਲਿਕ
ਹੁਕਮ

ਪ੍ਰਾਰਥੀ ਸ੍ਰੀ ਬਿਕਰਮਜੀਤ ਸਿੰਘ ਪੁੱਤਰ ਪ੍ਰੀਤਮ ਸਿੰਘ ਪੁੱਤਰ ਹਰੀ ਸਿੰਘ ਵਾਸੀ ਪਿੰਡ ਢੋਲੋਵਾਲ, ਤਹਿਸੀਲ ਦਸੂਹਾ ਜ਼ਿਲ੍ਹਾ ਹੁਸ਼ਿਆਰਪੁਰ ਨੇ ਇਕ ਦਰਖਾਸਤ ਦਿੱਤੀ ਹੈ ਕਿ ਮਾਲ ਰਿਕਾਰਡ ਵਾਕਿਆ ਰਕਬਾ ਬਿੰਦਾ/24, ਰਾਜਾ ਕਲਾਂ/5 ਅਤੇ ਢੋਲੋਵਾਲ/8 ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਉਸ ਦਾ ਨਾਂਅ ਬਿਕਰਮ ਸਿੰਘ ਪੁੱਤਰ ਪ੍ਰੀਤਮ ਸਿੰਘ ਪੁੱਤਰ ਹਰੀ ਸਿੰਘ ਗਲਤ ਚੱਲਿਆ ਆ ਰਿਹਾ ਹੈ, ਜਦਕਿ ਉਸ ਦਾ ਅਸਲ ਨਾਂਅ ਬਿਕਰਮਜੀਤ ਸਿੰਘ ਪੁੱਤਰ ਪ੍ਰੀਤਮ ਸਿੰਘ ਪੁੱਤਰ ਹਰੀ ਸਿੰਘ ਹੈ। ਪ੍ਰਾਰਥੀ ਨੇ ਇਸ ਨਾਂਅ ਦੀ ਦਰੁਸਤੀ ਲਈ ਦਰਖਾਸਤ ਪੇਸ਼ ਕੀਤੀ ਹੈ। ਪ੍ਰਾਰਥੀ ਵੱਲੋਂ ਦਰਖਾਸਤ ਨਾਲ ਆਪਣੇ ਅਧਾਰ ਕਾਰਡ, ਵੋਟਰ ਕਾਰਡ, ਪਾਸਪੋਰਟ, ਸਕੂਲ ਸਰਟੀਫਿਕੇਟ, ਪੈਨ ਕਾਰਡ, ਬੈਂਕ ਖਾਤੇ ਦੀਆਂ ਫੋਟੋ ਕਾਪੀਆਂ ਆਦਿ ਸਬੂਤ ਵਜੋਂ ਪੇਸ਼ ਕੀਤੀਆਂ ਹਨ। ਪ੍ਰਾਰਥੀ ਦੀ ਦਰਖਾਸਤ ਅਤੇ ਦਸਤਾਵੇਜ਼ਾਂ ਦੇ ਆਧਾਰ 'ਤੇ ਮਾਲ ਰਿਕਾਰਡ ਪਿੰਡ ਬਿੰਦਾ/24, ਰਾਜਾ ਕਲਾਂ/5 ਅਤੇ ਢੋਲੋਵਾਲ/8 ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਨਾਂਅ ਦੀ ਸੋਧ ਕੀਤੀ ਜਾਣੀ ਹੈ। ਇਸ ਨਾਂਅ ਦੀ ਸੋਧ ਦੇ ਸੰਬੰਧ ਵਿੱਚ ਜੇਕਰ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਅਸਾਲਤਨ ਜਾਂ ਵਕਾਲਤਨ ਮੇਰੇ ਦਫਤਰ/ਅਦਾਲਤ ਵਿੱਚ ਹਾਜ਼ਰ ਹੋ ਕੇ ਆਪਣਾ ਇਤਰਾਜ਼ ਨੋਟਿਸ ਛਪਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕੋਈ ਇਤਰਾਜ਼ ਕਾਬਲੇ ਸਮਾਇਤ ਨਾ ਹੋਵੇਗਾ ਅਤੇ ਨਾਂਅ ਦੀ ਸੋਧ ਕਰ ਦਿੱਤੀ ਜਾਵੇਗੀ।

ਅੱਜ ਮਿਤੀ 09.05.2025 ਨੂੰ ਮੇਰੇ ਦਸਤਖ਼ਤਾਂ ਅਤੇ ਮੋਹਰ ਦੇ ਨਾਲ ਜਾਰੀ ਹੋਇਆ।
ਨਾਇਬ ਤਹਿਸੀਲਦਾਰ, ਗੜ੍ਹਦੀਵਾਲਾ
ਨੰਬਰ : 72/ਰੀਡਰ ਮਿਤੀ : 09/5/2025



# ਕਲਾਸੀਫਾਈਡ ਇਸ਼ਤਿਹਾਰ

## Change of Name

I, RANJANA W/O NIPUN BHANDARI R/o 22 L Cheema Nagar Extension Mithapur Road Near PPR Mall Jalandhar Have Changed My Name From Ranjana To Ranjana Bhandari After Marriage, All Concerned please Note.

I, Trishbal Kaur W/O Karamjit Singh, R/o HIG-690, Phase-9, S.A.S Nagar (Mohali), Punjab- 160062. have changed my name and shall hereafter be Known as Trishbal Kaur Josan.

I, Manish s/o Dharam Pal r/o Gali No. 1, Main Road, Sham Nagar, Phagwara, Distt. Kapurthala, Punjab-144401, have changed my name to Manish Nar (Surname as Nar). All Please Note.

I, Shashi W/O Rajinder Paul Kakkar, D/O Gurbachan Lal , R/o House Number-42, Bank Enclave Phase-1, Jalandhar-I, Jalandhar, Model Town, Punjab- 144003. have changed my name and shall hereafter be Known as Shashi Kakkar.

I, S Venkat S/O Sundram Srikantan, R/o 1432, Maruti Kunj, Bhondsi, Gurgaon, Haryana- 122102, have changed my name and shall hereafter be Known as Venkat Srikantan.

I, Kunal S/o Satish Kumar R/o 1659/8, Gali Darbara Singh, Quilla Bhangian, Kubi Beri, Amritsar, Punjab have changed my name from Kunal to Kunal Sharma. Concerned note.

I, Bindiya Guleria w/o Manoj Kumar r/o N 22, New Master Mehinga Singh Colony, Birring, Jalandhar Cantt., Jalandhar have changed my name to Bindiya Devi. All Please Note.

I, Anil Kumar s/o Butti Ram r/o H.No. 3434, Bhargo Camp, Jalandhar have changed my name from Anil Kumar to Anil Brar. All Please Note.

I, Priyanka Tandon w/o Anmol Rajan r/o 23, Radisson Enclave, Near Friends Colony, Jalandhar have changed my name to Priyanka Rajan, After Marriage. All Please Note.

I, hither to known as Binod Bawa S/o Kewal Krishan R/o New Market Goraya, Tehsil Phillaur, Distt. Jalandhar, Punjab have changed my name and shall hereafter be known as Vinod Kumar.

I, Poonam Rani W/o Robin Lekh R/o H.No.13, New Model Town, Jalandhar, Punjab have changed my name from Poonam Rani to Poonam Lekh. All Please Note.

I, Lucky S/o Joginder Pal R/o 279, Reru Pind, Po. Nurpur, Distt. Jalandhar have changed the name of my son from Dilshaan to Dilshaan Chopra Due to religious rites and customs "Chopra" is our sub caste.

I, Sheetal W/o Paras Mahajan R/o 422, Tilak Nagar, Amritsar-143001 Punjab have changed my name from Sheetal to Sheetal Mahajan. plz note.

## Change of Name

I, Ranjana Verma W/o Faqir Chand Verma D/o Tilak Raj, R/o 596/1, Kapoor Colony, Daulat Puri Jalandhar declare that I have changed my name from Ranjana to Ranjana Verma. Please note.

I, Faqir Chand S/o Chhote Lal, R/o 596/1, Kapoor Colony, Daulat Puri Jalandhar declare that I have changed my name from Faqir Chand to Faqir Chand Verma. Please note.

I, Rajput Gurwinder Kaur W/o Rajinder Singh R/o H.No.473, East Mohan Nagar, Opp DSP Park, Amritsar have changed my name from Rajput Gurwinder Kaur to Gurwinder Kaur.

I Sarabjit Kaur W/O Dev Dutt R/O H.No 141-A Moon Avenue Gali No 1 Majitha Road Amritsar 143001 Have Changed My Name To Sarabjit.

I, Gulshan W/o Satbir Singh R/o A-135, Sri Guru Teg Bahadur Nagar, Mall Mandi, Amritsar have changed my name from Gulshan to Gulshan Kaur.

I, Paras S/o Naresh kumar R/o 422, Tilak Nagar, Amritsar-143001 Pujab have changed my name from Paras to Paras Mahajan, plz note.

I, Naresh Gupta S/o Kundan Lal Mahajan R/o 422, Tilak Nagar, Amritsar-143001 Punjab have changed my name from Naresh Gupta to Naresh Kumar. plz note.

I, Parveen Gupta W/o Naresh Kumar R/o 422, Tilak Nagar, Amritsar-143001 Punjab have changed my name from Parveen Gupta to Parveen Mahajan. plz note.

I, Sohan Lal S/O Jagat Singh, R/o 434, Malikpur, Sonipat, Haryana-131027, have changed my name and shall hereafter be Known as Sonu.

## PUBLIC NOTICE

We, Jeet Rani (UID No.5994-7579-5946) W/o Raj Kumar R/o H.No.53, Ward No.11, Bhogpur, Jalandhar & Zeenat Sharma (UID No.3306-8074-6646) w/o Devinder Kumar R/o VPO Laroi, Jalandhar, Punjab. State that my registery no (Bainama no.555 dated 30-06-2010 S R Jalandhar Lost on dated 01/11/2024 If any body finds it or Any objection please contact Advocate Vikas Sood, Jalandhar Mob: 98140-94356.

## ਆਮ ਸੂਚਨਾ

ਮੈ ਅਵਤਾਰ ਸਿੰਘ ਪੁੱਤਰ ਦਿਆਲ ਸਿੰਘ ਵਾਸੀ ਪਿੰਡ ਰੂਪੋਵਾਲ,ਤਹਿਸੀਲ ਦਸੂਹਾ, ਜਿਲ੍ਹਾ ਹੁਸ਼ਿਆਰਪੁਰ 144207 ਪੰਜਾਬ, ਭਾਰਤ ਦਾ ਬਿਆਨ ਕਰਦਾ ਹਾਂ ਕਿ ਮੇਰੇ ਪਿਤਾ ਨੂੰ ਗੁਰਦਿਆਲ ਸਿੰਘ ਉਰਫ ਦਿਆਲ ਸਿੰਘ ਦੋਵਾ ਨਾਮਾ ਨਾਲ ਜਾਣਿਆ ਜਾਂਦਾ ਹੈ।ਪਿੰਡ ਰੂਪੋਵਾਲ/37 ਦੇ ਮਾਲ ਵਿਭਾਗ ਵਿਚ ਮੇਰੇ ਪਿਤਾ ਦਾ ਨਾਮ ਗੁਰਦਿਆਲ ਸਿੰਘ ਦਰਜ ਹੈ। ਜਦ ਕਿ ਮੇਰੇ ਸਾਰੇ ਦਸਤਾਵੇਜਾਂ ਤੇ ਮੇਰੇ ਪਿਤਾ ਦਾ ਨਾਮ ਦਿਆਲ ਸਿੰਘ ਦਰਜ ਹੈ ਜਿਸ ਨੂੰ ਪਿੰਡ ਰੂਪੋਵਾਲ/37 ਦੇ ਮਾਲ ਰਿਕਾਰਡ ਵਿਚ ਸੋਧਿਆ ਜਾਵੇ।

ਮੁਖਤਿਆਰ ਸਿੰਘ ਪੁੱਤਰ ਸ਼ੰਕਰ ਸਿੰਘ ਪਿੰਡ ਗੁਨੋਪੁਰ ਦੇ ਨਾਂਅ ਚਲਦਾ ਟਿਊਬਵੈੱਲ ਕੁਨੈਕਸ਼ਨ ਏ ਪੀ 15/1078 ਐੱਚ ਨੂੰ ਇੰਦਰਜੀਤ ਕੌਰ ਪਤਨੀ ਲਖਵੀਰ ਸਿੰਘ ਆਪਣੇ ਨਾਂਅ ਕਰਵਾ ਰਹੀ ਹੈ। ਇਤਰਾਜ਼ਕਰਤਾ 10 ਦਿਨਾਂ ਦੇ ਅੰਦਰ ਬਿਜਲੀ ਦਫ਼ਤਰ ਪੁਰਾਣਾ ਸ਼ਾਲਾ ਪੇਸ਼ ਕਰੇ।

## ਨਾਂਅ ਦੀ ਬਦਲੀ

ਮੈਂ, Paramjit Kaur ਪਤਨੀ ਰਣਭਿੰਦਰ ਸਿੰਘ, ਪਿੰਡ ਕੱਕੜਵਾਲ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ **PARAMJEET KAUR** ਰੱਖ ਲਿਆ ਹੈ।

ਮੈਂ, ਆਨੰਤਪ੍ਰੀਤ ਕੌਰ ਸਿੱਧੂ ਪਤਨੀ ਕਰਨਜੀਤ ਸਿੰਘ, ਪਿੰਡ ਰੁਲਦੂ ਸਿੰਘ ਵਾਲਾ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ ਆਨੰਤਪ੍ਰੀਤ ਕੌਰ ਰੱਖ ਲਿਆ ਹੈ।

ਮੈਂ, ਕਰਨਜੀਤ ਸਿੰਘ ਸਿੱਧੂ ਪੁੱਤਰ ਦਲਜੀਤ ਸਿੰਘ, ਪਿੰਡ ਰੁਲਦੂ ਸਿੰਘ ਵਾਲਾ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ ਕਰਨਜੀਤ ਸਿੰਘ ਰੱਖ ਲਿਆ ਹੈ।

## ਆਮ ਸੂਚਨਾ

ਟਿਊਬਵੈੱਲ ਕੁਨੈਕਸ਼ਨ ਖਾਤਾ ਨੰ: ਜੇ ਐੱਸ 2ਏਪੀ 08 0559 ਐੱਫ, ਜੋ ਕਿ ਜੀਤ ਸਿੰਘ ਪੁੱਤਰ ਨੱਥਾ ਸਿੰਘ ਵਾਸੀ ਪਿੰਡ ਮਾਧੋਪੁਰ, ਤਹਿਸੀਲ ਫਗਵਾੜਾ ਜ਼ਿਲ੍ਹਾ ਕਪੂਰਥਲਾ, ਉਪ ਮੰਡਲ ਦਫ਼ਤਰ ਚਹੇੜੂ ਪੀ. ਐੱਸ. ਪੀ. ਸੀ. ਐੱਲ ਵਿਖੇ ਚੱਲ ਰਿਹਾ ਹੈ। ਇਹ ਕੁਨੈਕਸ਼ਨ ਅੰਸ਼ਜੋਤ ਸਿੰਘ ਪੁੱਤਰ ਹਰਦੇਵ ਸਿੰਘ ਦੇ ਨਾਂਅ 'ਤੇ ਤਬਦੀਲ ਕੀਤਾ ਜਾ ਰਿਹਾ ਹੈ, ਜਿਸ ਕਿਸੇ ਨੂੰ ਇਸ ਸੰਬੰਧੀ ਕਿਸੇ ਤਰ੍ਹਾਂ ਦਾ ਇਤਰਾਜ਼ ਹੋਵੇ ਤਾਂ ਲਿਖਤੀ ਰੂਪ ਵਿਚ ਉਪ ਮੰਡਲ ਦਫ਼ਤਰ ਚਹੇੜੂ ਪੀ. ਐੱਸ. ਪੀ. ਸੀ. ਐੱਲ. ਵਿਖੇ 30 ਦਿਨਾਂ ਦੇ ਅੰਦਰ-ਅੰਦਰ ਦਿੱਤਾ ਜਾਵੇ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰ: ਜੇ ਐੱਸ 2 ਏਪੀ 0800929 ਡਬਲਿਊ ਜੋ ਕਿ ਜੀਤ ਸਿੰਘ ਪੁੱਤਰ ਨੱਥਾ ਸਿੰਘ ਵਾਸੀ ਪਿੰਡ ਮਾਧੋਪੁਰ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ, ਉਪ ਮੰਡਲ ਦਫ਼ਤਰ ਚਹੇੜੂ ਪੀ. ਐੱਸ. ਪੀ. ਸੀ. ਐੱਲ. ਵਿਖੇ ਚੱਲ ਰਿਹਾ ਹੈ। ਇਹ ਕੁਨੈਕਸ਼ਨ ਅੰਸ਼ਜੋਤ ਸਿੰਘ ਪੁੱਤਰ ਹਰਦੇਵ ਸਿੰਘ ਦੇ ਨਾਂਅ 'ਤੇ ਤਬਦੀਲ ਕੀਤਾ ਜਾ ਰਿਹਾ ਹੈ, ਜਿਸ ਕਿਸੇ ਨੂੰ ਇਸ ਸੰਬੰਧੀ ਕਿਸੇ ਤਰ੍ਹਾਂ ਦਾ ਇਤਰਾਜ਼ ਹੋਵੇ ਤਾਂ ਲਿਖਤੀ ਰੂਪ ਵਿਚ ਉਪ ਮੰਡਲ ਦਫ਼ਤਰ ਚਹੇੜੂ ਪੀ. ਐੱਸ. ਪੀ. ਸੀ. ਐੱਲ. ਵਿਖੇ 30 ਦਿਨਾਂ ਦੇ ਅੰਦਰ-ਅੰਦਰ ਦਿੱਤਾ ਜਾਵੇ।

ਇਸ ਦਫਤਰ ਅਧੀਨ ਮਲਕੀਤ ਸਿੰਘ ਪੁੱਤਰ ਸ੍ਰੀ ਮੁਖਤਿਆਰ ਸਿੰਘ ਵਾਸੀ ਪਿੰਡ ਤਾਲਬਵਾਲਾ, ਤਹਿ. ਬੁਢਲਾਡਾ, ਜਿਲਾ ਮਾਨਸਾ ਦੇ ਨਾਮ ਤੇ ਰਕਬਾ ਪਿੰਡ ਤਾਲਬਵਾਲਾ ਵਿਖੇ ਟਿਊਬਵੈਲ ਕੁਨੈਕਸ਼ਨ ਚਲ ਰਿਹਾ ਹੈ। ਜਿਸ ਦਾ ਖਾਤਾ ਨੰਬਰ ਏ.ਪੀ 32/75 ਹੈ। ਜਿਸ ਨੂੰ ਜਗਪਾਲ ਸਿੰਘ ਪੁੱਤਰ ਸ੍ਰੀ ਮਲਕੀਤ ਸਿੰਘ ਵਾਸੀ ਪਿੰਡ ਤਾਲਬਵਾਲਾ , ਤਹਿ. ਬੁਢਲਾਡਾ, ਜਿਲਾ ਮਾਨਸਾ ਆਪਣੇ ਨਾਮ ਤੇ ਤਬਦੀਲ ਕਰਵਾਉਣਾ ਚਾਹੁੰਦਾ ਹੈ। ਇਸ ਸੰਬੰਧੀ ਜੇਕਰ ਕਿਸੇ ਨੂੰ ਇਤਰਾਜ਼ ਹੈ ਤਾਂ ਉਹ 15 ਦਿਨਾ ਦੇ ਅੰਦਰ ਅੰਦਰ ਸਹਾਇਕ ਇੰਜੀਨੀਅਰ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮ. ਬੋਹਾ ਦਫਤਰ ਵਿਖੇ ਇਤਰਾਜ਼ ਕਰ ਸਕਦਾ ਹੈ।

ਇਸ ਦਫਤਰ ਅਧੀਨ ਸੁੱਚਾ ਸਿੰਘ ਪੁੱਤਰ ਸ੍ਰੀ ਬਹਾਦਰ ਸਿੰਘ ਵਾਸੀ ਪਿੰਡ ਕਾਲੀਆ , ਜਿਲਾ ਸੰਗਰੂਰ ਦੇ ਨਾਮ ਤੇ ਰਕਬਾ ਪਿੰਡ ਸਤੀਕੇ ਵਿਖੇ ਟਿਊਬਵੈਲ ਕੁਨੈਕਸ਼ਨ ਚਲ ਰਿਹਾ ਹੈ। ਜਿਸ ਦਾ ਖਾਤਾ ਨੰਬਰ ਏ.ਪੀ 29/62 ਹੈ। ਜਿਸ ਨੂੰ ਰਣਜੀਤ ਕੌਰ ਪਤਨੀ ਸ੍ਰੀ ਗੁਲਜਾਰ ਸਿੰਘ ਵਾਸੀ ਪਿੰਡ ਭਾਦੜਾ , ਤਹਿ ਬੁਢਲਾਡਾ, ਜਿਲਾ ਮਾਨਸਾ ਆਪਣੇ ਨਾਮ ਤੇ ਤਬਦੀਲ ਕਰਵਾਉਣਾ ਚਾਹੁੰਦੀ ਹੈ। ਇਸ ਸੰਬੰਧੀ ਜੇਕਰ ਕਿਸੇ ਨੂੰ ਇਤਰਾਜ਼ ਹੈ ਤਾਂ ਉਹ 15 ਦਿਨਾ ਦੇ ਅੰਦਰ ਅੰਦਰ ਸਹਾਇਕ ਇੰਜੀਨੀਅਰ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮ. ਬੋਹਾ ਦਫਤਰ ਵਿਖੇ ਇਤਰਾਜ਼ ਕਰ ਸਕਦਾ ਹੈ।

ਇਸ ਦਫਤਰ ਅਧੀਨ ਮਲਕੀਤ ਸਿੰਘ ਪੁੱਤਰ ਸ੍ਰੀ ਮੁਖਤਿਆਰ ਸਿੰਘ ਵਾਸੀ ਪਿੰਡ ਤਾਲਬਵਾਲਾ , ਤਹਿ ਬੁਢਲਾਡਾ, ਜ਼ਿਲ੍ਹਾ ਮਾਨਸਾ ਦੇ ਨਾਮ ਤੇ ਰਕਬਾ ਪਿੰਡ ਲੱਖੀਵਾਲ ਵਿਖੇ ਟਿਊਬਵੈਲ ਕੁਨੈਕਸ਼ਨ ਚਲ ਰਿਹਾ ਹੈ। ਜਿਸ ਦਾ ਖਾਤਾ ਨੰਬਰ ਏ.ਪੀ.32/25 ਹੈ। ਜਿਸ ਨੂੰ ਇੱਕਬਾਲ ਸਿੰਘ ਪੁੱਤਰ ਸ੍ਰੀ ਮਲਕੀਤ ਸਿੰਘ ਵਾਸੀ ਪਿੰਡ ਤਾਲਬਵਾਲਾ , ਤਹਿ ਬੁਢਲਾਡਾ, ਜਿਲਾ ਮਾਨਸਾ ਆਪਣੇ ਨਾਮ ਤੇ ਤਬਦੀਲ ਕਰਵਾਉਣਾ ਚਾਹੁੰਦਾ ਹੈ। ਇਸ ਸੰਬੰਧੀ ਜੇਕਰ ਕਿਸੇ ਨੂੰ ਇਤਰਾਜ ਹੈ ਤਾਂ ਉਹ 15 ਦਿਨਾ ਦੇ ਅੰਦਰ ਅੰਦਰ ਸਹਾਇਕ ਇੰਜੀਨੀਅਰ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮ. ਬੋਹਾ ਦਫਤਰ ਵਿਖੇ ਇਤਰਾਜ ਕਰ ਸਕਦਾ ਹੈ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ.ਪੀ 12/148 ਜੋ ਕਿ ਨਾਹਰ ਸਿੰਘ ਪੁੱਤਰ ਸਾਹਿਬ ਸਿੰਘ ਵਾਸੀ ਧਰਮਪੁਰਾ ਦੇ ਨਾਮ ਤੇ ਚਲਦਾ ਹੈ। ਇਸ ਕੁਨੈਕਸ਼ਨ ਨੂੰ ਹੁਣ ਧਰਮ ਸਿੰਘ ਪੁੱਤਰ ਨਾਹਰ ਸਿੰਘ ਵਾਸੀ ਧਰਮਪੁਰਾ ਆਪਣੇ ਨਾਮ ਕਰਵਾਉਣਾ ਚਾਹੁੰਦਾ ਹੈ।ਇਸ ਸੰਬੰਧੀ ਜੇਕਰ ਕਿਸੇ ਵਿਅਕਤੀ ਨੂੰ ਇਤਰਾਜ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਪੀ.ਐਸ.ਪੀ.ਸੀ.ਐਲ. ਦਫ਼ਤਰ ਬਰੇਟਾ ਵਿਖੇ ਸੰਪਰਕ ਕਰ ਸਕਦਾ ਹੈ।

ਮੈਂ, ਪਾਇਲ ਕੁੰਦਰਾ ਪਤਨੀ ਸੁਨੀਲ ਕੁੰਦਰਾ ਵਾਸੀ ਮਕਾਨ ਨੰ. 436, ਵਾਰਡ ਨੰ: 9, ਅਜਨਾਲਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਇਕ ਮੁਤਕਿਲ ਨਾਮਾ ਜਗ੍ਹਾ 6 ਮਰਲੇ, ਖਸਰਾ ਨੰ: 41//1/2/2 (0-6), ਖਾਤਾ ਨੰ: 151/1186 ਜੋ ਕਿ ਮੇਰੇ ਪਤੀ ਸੁਨੀਲ ਕੁੰਦਰਾ ਨੇ ਮੈਨੂੰ ਕਰਕੇ ਦਿੱਤਾ ਸੀ, ਜਿਸ ਦੀ ਓਰਿਜਨਲ ਕਾਪੀ ਮੇਰੇ ਤੋਂ ਗੁੰਮ ਹੋ ਗਈ ਅਤੇ ਇਸ ਮੁਤਕਿਲ ਨਾਮੇ ਦੀ ਗਲਤ ਵਰਤੋਂ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

## ਬੇਦਖਲੀ ਨੋਟਿਸ

ਮੈਂ ਤਰਸੇਮ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਗਲੀ ਨੰਬਰ 2, ਆਬਾਦੀ ਸੁੰਦਰ ਸਿੰਘ, ਪੁਰਾਣੀ ਚੁੰਗੀ, ਅੰਮ੍ਰਿਤਸਰ ਆਪਣੇ ਲੜਕੇ ਜਤਿੰਦਰ ਸਿੰਘ ਜੋ ਮੇਰੇ ਕਹਿਣੇ ਵਿੱਚ ਨਹੀ ਹੈ, ਮੇਰੀ ਕੋਈ ਗੱਲ ਨਹੀਂ ਮੰਨਦਾ, ਆਪਣੀ ਮਰਜੀ ਕਰਦਾ ਹੈ ਨੂੰ ਆਪਣੀ ਚੱਲ ਅਚੱਲ, ਝੁੱਕਵੀ ਅਣਝੁਕਵੀ ਜਾਇਦਾਦ ਤੋ ਬੇਦਖਲ ਕਰਦਾ ਹਾਂ. ਉਸਦੇ ਕਿਸੇ ਵੀ ਮਾੜੇ ਚੰਗੇ ਕੰਮ, ਨਫ਼ੇ ਨੁਕਸਾਨ, ਲੈਣ ਦੇਣ, ਲੜਾਈ ਝਗੜੇ ਦੇ ਲਈ ਮੈਂ ਅਤੇ ਮੇਰਾ ਪਰਿਵਾਰ ਜਿੰਮੇਵਾਰ ਨਹੀ ਹੋਵੇਗਾ. ਮੇਰਾ ਜਤਿੰਦਰ ਸਿੰਘ ਦੇ ਨਾਲ ਕੋਈ ਸੰਬੰਧ ਨਹੀ ਹੈ।

ਮੈਂ, ਸੰਤੋਖ ਲਾਲ ਪੁੱਤਰ ਨਸੀਬ ਚੰਦ, ਵਾਸੀ ਪਿੰਡ ਤੇ ਡਾਕਖਾਨਾ ਕਪੂਰ ਪਿੰਡ, ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਬਿੱਕੀ ਮੇਰੇ ਕਹਿਣੇ ਤੋਂ ਬਾਹਰ ਹੈ । ਇਸ ਲਈ ਮੈਂ ਇਸ ਨੂੰ ਆਪਣੀ ਚੱਲ - ਅੱਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

ਮੈਂ, ਦਵਿੰਦਰ ਸਿੰਘ ਹੰਸਰਾ ਪੁੱਤਰ ਗੁਰਬਖਸ਼ ਸਿੰਘ ਵਾਸੀ ਗੁਰੂ ਰਾਮ ਦਾਸ ਨਗਰ, ਮੋਗਾ, ਤਹਿਸੀਲ ਵਾ ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਨਿੰਦਰਪ੍ਰੀਤ ਸਿੰਘ ਹੰਸਰਾ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਸਿਵਤੰਤਰ ਕੁਮਾਰ ਪੁੱਤਰ ਨਿਰੰਜਨ ਦਾਸ ਵਾਸੀ ਵਾਰਡ ਨੰਬਰ-7, ਗਾਂਧੀ ਨਗਰ ਕੈਂਪ, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪਰਵਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਵਾ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸਬੰਧਿਤ ਨੋਟ ਕਰਨ।

ਮੈਂ, ਕਿਰਨ ਗਿੱਲ ਪਤਨੀ ਸੁਭਾਸ਼ ਗਿੱਲ ਵਾਸੀ ਮਕਾਨ ਨੰ: 954/2, ਸੇਵਾ ਸਦਨ, ਗਰਲਜ ਹੋਸਟਲ, ਕ੍ਰਿਸ਼ਨਾ ਕਲੋਨੀ, ਜਲੰਧਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਚੰਦੇਸ਼ਵਰ ਗਿੱਲ ਅਤੇ ਉਸਦੀ ਪਤਨੀ ਮਨੀਸ਼ਾ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ, ਤਿਲਕ ਰਾਜ ਪੁੱਤਰ ਲੇਟ ਤਰਸੇਮ ਲਾਲ ਵਾਸੀ ਪਿੰਡ ਤੇ ਡਾਕਖਾਨਾ ਚੁਖਿਆਰਾ, ਜਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸਿੰਕਦਰ ਰਾਜ ਜੋ ਕਿ ਕੁਆਰਾ ਹੈ ਅਤੇ ਮੇਰੇ ਅਤੇ ਮੇਰੇ ਪਰਿਵਾਰ ਦੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਸੁਰੇਸ ਸਦਾ ਪੁੱਤਰ ਰਾਮ ਜੀ ਸਦਾ ਵਾਸੀ ਚਮਨੀ ਧਨੂਪੁਰਾ ਸਰਸਾਹ, ਬਿਹਾਰ ਹਾਲ ਵਾਸੀ ਲੰਮਾ ਪਿੰਡ ਚੌਂਕ, ਸੇਖੇ ਰੋਡ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਇੰਦਰ ਕੁਮਾਰ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਗੁਰਮੀਤ ਕੁਮਾਰ ਪੁੱਤਰ ਬੰਤਾ ਰਾਮ ਵਾਸੀ ਮਕਾਨ ਨੰਬਰ 12/2, ਨੰਗਲ ਕੋਟਲੀ ਗੁਰਦਾਸਪੁਰ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਰਾਕੇਸ਼ ਕੁਮਾਰ ਅਤੇ ਉਸ ਦੀ ਪਤਨੀ ਪੂਜਾ ਰਾਣੀ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਗਿਆਨ ਚੰਦ ਪੁੱਤਰ ਜੋਗਾ ਰਾਮ ਵਾਸੀ ਪਿੰਡ ਖੈਰਾਬਾਦ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਧਰਮਬੀਰ ਸਿੰਘ ਅਤੇ ਉਸ ਦੀ ਪਤਨੀ ਕਰਮਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰ ਨਹੀਂ ਹੋਵੇਗੀ।

ਮੈਂ ਗਿਆਨ ਚੰਦ ਪੁਤਰ ਜੋਗਾ ਰਾਮ ਨਿਵਾਸੀ ਪਿੰਡ ਖੈਰਾਬਾਦ ਤਹਿਸੀਲ ਅਤੇ ਜਿਲ੍ਹਾ ਅੰਮ੍ਰਿਤਸਰ ਆਪਣੇ ਧਰਮਬੀਰ ਅਤੇ ਉਸਦੀ ਪਤਨੀ ਕਰਮਜੀਤ ਕੌਰ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ ਹਨ । ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ ।

## ਕੋਰਟ ਨੋਟਿਸ



ਜ਼ਿਲ੍ਹਾ ਮੈਰਿਜ ਅਫਸਰ, ਤਰਨ ਤਾਰਨ
V/S ਆਮ ਜਨਤਾ
ਵਿਚ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ
ਬਿਨੇਕਾਰ ਦਾ ਨਾਮ: ਰਣਜੀਤ ਸਿੰਘ,
ਪਿਤਾ/ਪਤੀ ਦਾ ਨਾਮ:ਕਾਬਲ ਸਿੰਘ , ਪਤਾ:
VILLAGE KOT DHARAM CHAND KALAN TEHSIL AND DISTRICT TARN TARAN, Village-Kot Dharam Chand Kalan Tehsil -Sub Tehsil, Jhabal/District-Tarn Taran. Punjab
ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਬਿਨੇ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ.
ਨਾਮ:ਗੁਰਪ੍ਰੀਤ ਸਿੰਘ, ਪੱਕਾ ਪਤਾ:VILLAGE KOT DHARAM CHAND KALAN TEHSIL AND DISTRICT TARN TARAN, Kot Dharam Chand Kalan Sub Tehsil, Jhabal, Tarn Taran, Punjab, ਵਿਦੇਸ਼ੀ ਪਤਾ:WARSAN POLAND EUROPE/ਵਾਰਸਣ ਪੋਲੈਂਡ ਯੂਰਪ, ਉਮਰ/ਜਨਮ ਮਿਤੀ:DOB 32-(10/10/1992)
ਬਿਨੇਕਾਰ ਨੇ ਕਿਹਾ ਹੈ ਕਿ ਉਸ ਦਾ ਭਾਰਤ ਵਿਚ ਕੋਈ ਵਿਆਹੁਤਾ ਸਬੰਧ ਨਹੀਂ ਹੈ।
ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ) ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕਈ ਇਤਰਾਜ਼ ਨਹੀਂ ਮੰਨਿਆ ਜਾਵੇਗਾ ਇਹ ਇਸ਼ਤਿਹਾਰ ਮੇਰੇ ਦਸਤਖ਼ਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 6/05/2025 ਨੂੰ ਜਾਰੀ ਹੋਇਆ
ਤਰਨ ਤਾਰਨ।
ਨੰ. ਐਮ.ਏ/ਐਮ ਸੀ /257-59 ਮਿਤੀ 06/05/2025
ਸਹੀ ਜ਼ਿਲ੍ਹਾ ਮੈਰਿਜ ਅਫਸਰ ਤਰਨ ਤਾਰਨ

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਤਾਈਕਵਾਂਡੋ 'ਚ ਤਮਗੇ ਜਿੱਤਣ ਵਾਲੇ ਖਿਡਾਰੀਆਂ ਦੀ ਡੀ ਸੀ ਵੱਲੋਂ ਹੌਸਲਾ ਅਫਜ਼ਾਈ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਦੇ ਖਿਡਾਰੀਆਂ ਵੱਲੋਂ ਰਾਜ ਪੱਧਰੀ, ਰਾਸ਼ਟਰੀ, ਅੰਤਰਰਾਸ਼ਟਰੀ, ਏਸ਼ੀਆ ਪੱਧਰ 'ਤੇ ਤਾਈਕਵਾਂਡੋ ਖੇਡ ਵਿੱਚ ਤਮਗੇ ਹਾਸਲ ਕਰਕੇ ਜ਼ਿਲ੍ਹਾ ਮੋਗਾ ਦਾ ਨਾਮ ਚਮਕਾਉਣ 'ਤੇ ਡਿਪਟੀ ਕਮਿਸ਼ਨਰ ਸਾਗਰ ਸੇਤੀਆ ਨੇ ਜਿੱਥੇ ਇਨ੍ਹਾਂ ਬੱਚਿਆਂ ਦੀ ਸ਼ਲਾਘਾ ਕੀਤੀ, ਉੱਥੇ ਲੋੜਵੰਦ ਖਿਡਾਰੀਆਂ ਨੂੰ ਸੰਭਵ ਸਹਾਇਤਾ ਦੇਣ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਖੇਡਾਂ ਜਿੱਥੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਖਦੀਆਂ ਹਨ, ਉੱਥੇ ਹੀ ਖੇਡਾਂ 'ਚ ਵਧੀਆ ਮਿਹਨਤ ਕਰਨ ਵਾਲੇ ਖਿਡਾਰੀ ਵਿਸ਼ਵ ਪੱਧਰ 'ਤੇ ਆਪਣੀ ਪਹਿਚਾਣ ਬਣਾ ਸਕਦੇ ਹਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਵੱਧ ਤੋਂ ਵੱਧ ਖੇਡਾਂ ਨਾਲ ਜੁੜਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਖੇਡਾਂ ਨਾਲ ਜੁੜ ਕੇ ਨੌਜਵਾਨ ਜਿੱਥੇ ਨਸ਼ਿਆਂ ਵਰਗੀਆਂ ਬੁਰਾਈਆਂ ਤੋਂ ਦੂਰ ਰਹਿੰਦੇ ਹਨ, ਉੱਥੇ ਹੀ ਸਮਾਜ ਵਿੱਚ ਇੱਕ ਜ਼ਿੰਮੇਵਾਰ ਨਾਗਰਿਕ ਵਜੋਂ ਵਿਚਰਦੇ ਹਨ। ਉਨ੍ਹਾਂ ਖਿਡਾਰੀਆਂ ਨੂੰ ਪੂਰੇ ਜਜ਼ਬੇ ਤੇ ਤਨਦੇਹੀ ਨਾਲ ਖੇਡ ਮੁਕਾਬਲਿਆਂ ਵਿੱਚ ਜੌਹਰ ਵਿਖਾਉਣ ਲਈ ਪ੍ਰੇਰਿਤ ਕੀਤਾ। ਡਿਪਟੀ ਕਮਿਸ਼ਨਰ ਨੇ ਤਾਈਕਵਾਂਡੋ ਵਿੱਚ ਮੈਡਲ ਪ੍ਰਾਪਤ ਕਰਨ ਵਾਲੇ ਹਰਸ਼, ਸਮਰ, ਅਰਸ਼ਦੀਪ, ਮਨਪ੍ਰੀਤ ਸ਼ਰਮਾ, ਸ਼ਮਸ਼ੇਰ ਤਮੰਨਾ, ਰਮਨ, ਨੰਦਨੀ, ਗੁਰਲਾਲ ਸਿੰਘ ਤੇ ਏਕਮਪ੍ਰੀਤ ਕੌਰ ਨੂੰ ਬੁਲੰਦੀਆਂ ਛੂਹਣ ਤੇ ਹੌਸਲਾ ਅਫਜ਼ਾਈ ਕੀਤੀ। ਉਨ੍ਹਾਂ ਮਾਰਸ਼ਲ ਆਰਟ ਦੀ ਕੋਚ ਪ੍ਰਿਆ (ਬਿਮਲਾ) ਨੂੰ ਭਵਿੱਖ ਵਿੱਚ ਬੱਚਿਆਂ ਨੂੰ ਹੋਰ ਵਧੀਆ ਸਿਖਲਾਈ ਦੇਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਅਨਸਟਾਪੇਬਲ ਮਾਰਸ਼ਲ ਆਰਟ ਅਕੈਡਮੀ ਦੇ ਚੇਅਰਮੈਨ ਭਾਵਨਾ ਬਾਂਸਲ ਹਾਜ਼ਰ ਸਨ।

## ਜ਼ਿਲ੍ਹੇ 'ਚ ਹੋਈ 6 ਲੱਖ 33 ਹਜ਼ਾਰ 248 ਮੀਟਰਕ ਟਨ ਕਣਕ ਦੀ ਖਰੀਦ : ਡੀ ਸੀ

### 5 ਲੱਖ 34 ਹਜ਼ਾਰ 361 ਮੀਟਰਕ ਟਨ ਹੋਈ ਲਿਫਟਿੰਗ

**ਮਾਨਸਾ (ਆਤਮਾ ਸਿੰਘ ਪਮਾਰ)**-ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਸੁਚੱਜੇ ਪ੍ਰਬੰਧਾਂ ਹੇਠ ਕਿਸਾਨਾਂ ਵੱਲੋਂ ਲਿਆਂਦੀ ਕਣਕ ਦੀ ਖਰੀਦ ਦਾ ਕੰਮ ਲਗਾਤਾਰ ਚੱਲ ਰਿਹਾ ਹੈ ਅਤੇ ਨਾਲੋ-ਨਾਲ ਲਿਫਟਿੰਗ ਵੀ ਯਕੀਨੀ ਬਣਾਈ ਜਾ ਰਹੀ ਹੈ, ਜਿਸ ਤਹਿਤ ਜ਼ਿਲ੍ਹੇ ਦੀਆਂ ਮੰਡੀਆਂ ਵਿੱਚੋਂ 5 ਲੱਖ 34 ਹਜ਼ਾਰ 361 ਮੀਟਰਕ ਟਨ ਕਣਕ ਦੀ ਲਿਫਟਿੰਗ ਕੀਤੀ ਜਾ ਚੁੱਕੀ ਹੈ।ਇਹ ਜਾਣਕਾਰੀ ਡਿਪਟੀ ਕਮਿਸ਼ਨਰ ਮਾਨਸਾ ਸ੍ਰੀ ਕੁਲਵੰਤ ਸਿੰਘ ਆਈ.ਏ.ਐੱਸ. ਨੇ ਦਿੱਤੀ।

ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਲਿਆਂਦੀ ਗਈ ਫ਼ਸਲ ਦੀ ਜਿੱਥੇ ਨਿਰਵਿਘਨ ਖਰੀਦ ਦਾ ਕੰਮ ਚੱਲ ਰਿਹਾ ਹੈ, ਉੱਥੇ ਹੀ ਕਿਸਾਨਾਂ ਨੂੰ ਉਨ੍ਹਾਂ ਦੀ ਫਸਲ ਦੀ ਅਦਾਇਗੀ ਵੀ ਨਿਰਧਾਰਤ ਸਮੇਂ ਅੰਦਰ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਅੰਦਰ 6 ਲੱਖ 40 ਹਜ਼ਾਰ 311 ਮੀਟਰਕ ਟਨ ਕਣਕ ਦੀ ਆਮਦ ਹੋ ਚੁੱਕੀ ਹੈ ਅਤੇ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 6 ਲੱਖ 33 ਹਜ਼ਾਰ 248 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ।ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈ ਕੰਟਰੋਲਰ ਸ੍ਰੀ ਮਨਦੀਪ ਸਿੰਘ ਮਾਨ ਨੇ ਦੱਸਿਆ ਕਿ ਪਨਗਰੇਨ ਵੱਲੋਂ 1 ਲੱਖ 99 ਹਜ਼ਾਰ 199 ਮੀਟਰਕ ਟਨ, ਮਾਰਕਫੈੱਡ ਵੱਲੋਂ 1 ਲੱਖ 70 ਹਜ਼ਾਰ 711 ਮੀਟਰਕ ਟਨ, ਪਨਸਪ ਵੱਲੋਂ 1 ਲੱਖ 54 ਹਜ਼ਾਰ 383 ਮੀਟਰਕ ਟਨ, ਪੰਜਾਬ ਰਾਜ ਵੇਅਰ ਹਾਊਸ ਵੱਲੋਂ 86 ਹਜ਼ਾਰ 923 ਮੀਟਰਕ ਟਨ ਤੇ ਪ੍ਰਾਈਵੇਟ ਵਪਾਰੀਆਂ ਵੱਲੋਂ 22 ਹਜ਼ਾਰ 031 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ।

### ਮਾਮਲਾ ਨਗਰ ਕੌਂਸਲ ਚੋਣਾਂ 'ਚ ਧੱਕੇਸ਼ਾਹੀ ਦਾ

## ਸੁਪਰੀਮ ਕੋਰਟ ਵੱਲੋਂ ਬਿਨਾਂ ਮੁਕਾਬਲਾ ਜੇਤੂ ਕੌਂਸਲਰਾਂ ਨੂੰ ਨੋਟਿਸ ਜਾਰੀ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਜ਼ਿਲ੍ਹਾ ਮੋਗਾ ਅਧੀਨ ਪੈਂਦੀ ਨਗਰ ਕੌਂਸਲ ਬਾਘਾ ਪੁਰਾਣਾ ਦੀਆਂ ਬੀਤੀ 21 ਦਸੰਬਰ 2024 ਨੂੰ ਚੋਣਾਂ ਹੋਈਆਂ ਸਨ, ਤਾਂ ਉਸ ਸਮੇਂ ਕਿਸੇ ਵੀ ਪਾਰਟੀ ਦਾ ਉਮੀਦਵਾਰ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੇ ਮੁਕਾਬਲੇ ਨਾ ਹੋਣ ਕਰ ਕੇ ਰਿਟਰਨਿੰਗ ਅਫਸਰ ਵੱਲੋਂ ਆਮ ਆਦਮੀ ਪਾਰਟੀ ਦੇ 15 ਵਾਰਡਾਂ ਦੇ ਉਮੀਦਵਾਰਾਂ ਨੂੰ ਬਿਨਾਂ ਮੁਕਾਬਲਾ ਜੇਤੂ ਕਰਾਰ ਦੇ ਦਿੱਤਾ ਗਿਆ ਸੀ, ਜਦਕਿ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੇ ਉਮੀਦਵਾਰਾਂ 'ਤੇ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਦਾ ਸਿੱਧੇ ਤੌਰ 'ਤੇ ਇਹ ਦੋਸ਼ ਸੀ ਕਿ ਸੱਤਾਧਾਰੀ ਪਾਰਟੀ ਨੇ ਅਧਿਕਾਰੀਆਂ ਨਾਲ ਕਥਿਤ ਮਿਲੀਭੁਗਤ ਕਰ ਕੇ ਉਨ੍ਹਾਂ ਦੇ ਉਮੀਦਵਾਰਾਂ ਦੇ ਕਾਗਜ਼ ਦਾਖਲ ਨਹੀਂ ਹੋਣ ਦਿੱਤੇ ਅਤੇ ਉਸ ਸਮੇਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਨਾਮਜ਼ਦਗੀਆਂ ਦੇ ਆਖਰੀ ਦਿਨ ਤੱਕ ਕਾਗਜ਼ ਭਰਨ ਦੇ ਲਈ ਮੌਜੂਦਾ ਸਰਕਾਰ ਖਿਲਾਫ ਧਰਨਾ ਲਾ ਕੇ ਨਾਅਰੇਬਾਜ਼ੀ ਕਰਨ ਦੇ ਇਲਾਵਾ ਮੇਨ ਚੌਕ ਤੱਕ ਜਾਮ ਕੀਤਾ ਗਿਆ, ਪਰ ਫਿਰ ਵੀ ਸ਼੍ਰੋਮਣੀ ਅਕਾਲੀ ਦਲ ਦੇ ਇੱਕ ਵੀ ਵਾਰਡ ਤੋਂ ਕਿਸੇ ਵੀ ਉਮੀਦਵਾਰ ਦੇ ਨਾਮਜ਼ਦਗੀ ਪੱਤਰ ਦਾਖਲ ਨਾ ਹੋ ਸਕੇ, ਜਿਸ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਅਗਵਾਈ ਹੇਠ ਸਮੂਹ ਉਮੀਦਵਾਰਾਂ ਵੱਲੋਂ ਮਾਣਯੋਗ ਸੁਪਰੀਮ ਕੋਰਟ ਦਾ ਦਰਵਾਜ਼ਾ ਖੜਕਾਇਆ ਗਿਆ, ਤਾਂ ਕਿ ਉਨ੍ਹਾਂ ਨੂੰ ਇਨਸਾਫ ਮਿਲ ਸਕੇ ਅਤੇ ਲੋਕਾਂ ਨੂੰ ਵੋਟ ਪਾਉਣ ਦਾ ਅਧਿਕਾਰ ਮਿਲ ਸਕੇ।ਆਖਿਰ ਸ਼੍ਰੋਮਣੀ ਅਕਾਲੀ ਵੱਲੋਂ ਮਾਣਯੋਗ ਸੁਪਰੀਮ ਕੋਰਟ ਵਿੱਚ ਪਾਈ ਗਈ ਪਟੀਸ਼ਨ ਨੂੰ ਬੂਰ ਪੈਂਦਾ ਨਜ਼ਰ ਆ ਰਿਹਾ ਹੈ, ਕਿਉਂਕਿ ਹੁਣ ਮਾਣਯੋਗ ਸੁਪਰੀਮ ਕੋਰਟ ਨੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਈ ਗਈ ਪਟੀਸ਼ਨ ਨੂੰ ਸਵੀਕਾਰ ਕਰਦਿਆਂ ਨਗਰ ਕੌਂਸਲ ਬਾਘਾ ਪੁਰਾਣਾ ਦੇ ਸਮੂਹ ਕੌਂਸਲਰਾਂ 15 ਦੇ 15 ਕੌਂਸਲਰਾਂ ਨੂੰ ਨੋਟਿਸ ਜਾਰੀ ਕਰਦਿਆਂ 27 ਮਈ 2025 ਨੂੰ ਪੇਸ਼ ਹੋਣ ਦੇ ਹੁਕਮ ਦਿੱਤੇ ਹਨ।ਦੱਸਣਯੋਗ ਹੈ ਕਿ ਮਾਣਯੋਗ ਸੁਪਰੀਮ ਕੋਰਟ ਦੇ ਆਦੇਸ਼ਾਂ 'ਤੇ ਕਮਿਸ਼ਨ ਦਾ ਗਠਿਨ ਕੀਤਾ ਗਿਆ ਹੈ, ਜਿਸ ਦੀ ਅਗਵਾਈ ਮਾਣਯੋਗ ਹਾਈਕੋਰਟ ਦੇ ਰਿਟਾ. ਜੱਜ ਜਸਟਿਸ ਮੈਡਮ ਨਿਰਮਲਜੀਤ ਕੌਰ ਕਰ ਰਹੇ ਹਨ, ਵੱਲੋਂ ਸੱਤਾਧਾਰੀ ਦੇ ਕੌਂਸਲਰਾਂ ਨੂੰ ਨੋਟਿਸ ਜਾਰੀ ਕਰ ਦਿੱਤੇ ਹਨ ਅਤੇ ਉਨ੍ਹਾਂ ਨੂੰ 27 ਮਈ 2025 ਨੂੰ ਆਪਣੇ ਤੱਕ ਪੇਸ਼ ਕਰਨ ਲਈ ਕਿਹਾ ਗਿਆ ਹੈ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ, ਜਿਨ੍ਹਾਂ ਦੀਆਂ ਨਾਮਜ਼ਦਗੀਆਂ ਨਹੀਂ ਭਰੀਆਂ ਗਈਆਂ ਸਨ, ਨੂੰ ਆਪਣਾ ਪੱਖ ਰੱਖਣ ਦਾ ਮੌਕਾ ਦਿੱਤਾ ਗਿਆ ਹੈ।

ਜ਼ਿਕਰਯੋਗ ਹੈ ਕਿ ਆਮ ਆਦਮੀ ਪਾਰਟੀ ਦੇ ਕੌਂਸਲਰਾਂ ਨੂੰ ਨੋਟਿਸ ਜਾਰੀ ਹੋਣ ਦੇ ਬਾਅਦ ਬਾਘਾ ਪੁਰਾਣਾ ਸ਼ਹਿਰ ਅੰਦਰ ਤਰ੍ਹਾਂ ਤਰ੍ਹਾਂ ਦੀਆਂ ਅਫਵਾਹਾਂ ਉੱਡ ਰਹੀਆਂ ਹਨ ਕਿ ਜੋ ਸ਼ਹਿਰ ਬਾਘਾ ਪੁਰਾਣਾ ਦੇ 15 ਵਾਰਡਾਂ ਦੇ ਸੱਤਾ ਦੇ ਹੰਕਾਰ ਵਿੱਚ ਲੋਕਾਂ ਤੋਂ ਵੋਟ ਪਾਉਣ ਦਾ ਹੱਕ ਖੋਹ ਕੇ ਲੋਕਤੰਤਰ ਦਾ ਘਾਣ ਕੀਤਾ ਗਿਆ ਸੀ, ਹੁਣ ਲੋਕਾਂ ਨੂੰ ਵੋਟ ਪਾਉਣ ਦਾ ਅਧਿਕਾਰ ਮਿਲ ਸਕਦਾ ਹੈ ਤੇ ਲੋਕ ਆਪਣੀ ਪਸੰਦੀਦਾ ਕੌਂਸਲਰ ਚੁਣ ਸਕਦੇ ਹਨ।

## ਡਾ. ਪ੍ਰੀਤੀ ਯਾਦਵ ਨੇ ਜ਼ਰੂਰੀ ਵਸਤੂਆਂ ਦੀ ਜਮ੍ਹਾਂਖੋਰੀ ਵਿਰੁੱਧ ਸਖ਼ਤ ਹੁਕਮ ਜਾਰੀ ਕੀਤੇ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜ਼ਰੂਰੀ ਵਸਤੂਆਂ ਦੀ ਅਨੈਤਿਕ ਜਮ੍ਹਾਂਖੋਰੀ ਤੇ ਕਾਲਾਬਾਜ਼ਾਰੀ ਦਾ ਗੰਭੀਰ ਨੋਟਿਸ ਲੈਂਦੇ ਹੋਏ ਜ਼ਿਲ੍ਹਾ ਮੈਜਿਸਟ੍ਰੇਟ-ਕਮ-ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਜ਼ਰੂਰੀ ਵਸਤਾਂ ਐਕਟ, 1955 ਦੇ ਉਪਬੰਧਾਂ ਅਤੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਐਕਟ, 2023 ਦੀ ਧਾਰਾ 163 ਦੇ ਤਹਿਤ ਸਖ਼ਤ ਹੁਕਮ ਜਾਰੀ ਕੀਤੇ ਹਨ।ਜਾਰੀ ਆਦੇਸ਼ਾਂ ਵਿੱਚ ਕਿਹਾ ਗਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਦੇ ਧਿਆਨ ਵਿੱਚ ਆਇਆ ਹੈ ਕਿ ਕੁਝ ਸਟਾਕਿਸਟ ਤੇ ਵਪਾਰੀ ਜ਼ਰੂਰੀ ਵਸਤੂਆਂ ਜਿਵੇਂ ਕਿ ਖਾਣ-ਪੀਣ ਦੀਆਂ ਵਸਤਾਂ, ਬਾਲਣ, ਡੇਅਰੀ ਉਤਪਾਦਾਂ, ਚਾਰਾ ਅਤੇ ਹੋਰ ਰੋਜ਼ਾਨਾ ਲੋੜਾਂ ਦੀ ਜਮ੍ਹਾਂਖੋਰੀ ਕਰ ਰਹੇ ਹਨ।ਇਸ ਗੈਰ-ਕਾਨੂੰਨੀ ਅਭਿਆਸ ਦੇ ਨਤੀਜੇ ਵਜੋਂ ਨਕਲੀ ਕੀਮਤਾਂ ਵਿੱਚ ਵਾਧਾ, ਕਾਲਾਬਾਜ਼ਾਰੀ ਤੇ ਸਪਲਾਈ ਲੜੀ ਵਿੱਚ ਵਿਘਨ ਪੈ ਰਿਹਾ ਹੈ, ਜਿਸ ਨਾਲ ਆਮ ਜਨਤਾ ਖਾਸ ਕਰਕੇ ਸਮਾਜ ਦੇ ਕਮਜ਼ੋਰ ਵਰਗਾਂ ਨੂੰ ਬਹੁਤ ਜ਼ਿਆਦਾ ਪ੍ਰਭਾਵਤ ਕਰ ਰਿਹਾ ਹੈ।ਜਨਤਕ ਹਿੱਤਾਂ ਦੀ ਰਾਖੀ ਤੇ ਜ਼ਰੂਰੀ ਵਸਤਾਂ ਦੀ ਸੁਚਾਰੂ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਡਾ. ਪ੍ਰੀਤੀ ਯਾਦਵ ਨੇ ਕਿਸੇ ਵੀ ਵਿਅਕਤੀ, ਵਪਾਰੀ ਜਾਂ ਸੰਸਥਾ ਦੁਆਰਾ ਅਨਾਜ ਤੇ ਜ਼ਰੂਰੀ ਭੋਜਨ ਵਸਤੂਆਂ, ਚਾਰਾ, ਦੁੱਧ ਅਤੇ ਡੇਅਰੀ ਉਤਪਾਦ, ਪੈਟਰੋਲ, ਡੀਜ਼ਲ ਅਤੇ ਹੋਰ ਬਾਲਣ, ਕੋਈ ਵੀ ਹੋਰ ਜ਼ਰੂਰੀ ਰੋਜ਼ਾਨਾ ਵਰਤੋਂ ਦੀਆਂ ਵਸਤਾਂ ਵਸਤਾਂ ਦੇ ਭੰਡਾਰਨ 'ਤੇ ਸਖ਼ਤ ਪਾਬੰਦੀ ਦੇ ਹੁਕਮ ਦਿੱਤੇ ਹਨ।ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਜ਼ਰੂਰੀ ਵਸਤਾਂ ਦੀ ਬਰਾਬਰ ਵੰਡ ਤੇ ਨਿਰਵਿਘਨ ਸਪਲਾਈ ਨੂੰ ਯਕੀਨੀ ਬਣਾਉਣ ਲਈ ਜਨਤਾ ਦੇ ਸਹਿਯੋਗ ਦੀ ਮੰਗ ਕਰਦਾ ਹੈ।ਜ਼ਿਲ੍ਹਾ ਮੈਜਿਸਟ੍ਰੇਟ ਨੇ ਕਿਹਾ ਕਿ ਨਾਗਰਿਕਾਂ ਨੂੰ ਚੌਕਸ ਰਹਿਣ ਤੇ ਜਮ੍ਹਾਂਖੋਰੀ, ਕਾਲਾਬਾਜ਼ਾਰੀ ਜਾਂ ਕੀਮਤਾਂ ਵਿੱਚ ਹੇਰਾਫੇਰੀ ਦੇ ਕਿਸੇ ਵੀ ਮਾਮਲੇ ਦੀ ਰਿਪੋਰਟ ਸਬੰਧਤ ਅਧਿਕਾਰੀਆਂ ਨੂੰ ਕਰਨ ਦੀ ਅਪੀਲ ਕੀਤੀ ਹੈ।

## 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਮਨੋਵਿਗਿਆਨ ਦੇ ਵਿਦਿਆਰਥੀਆਂ ਨਾਲ ਸੰਵਾਦ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਸਰਕਾਰ ਦੇ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਵੱਲੋਂ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪੰਜਾਬੀ ਯੂਨੀਵਰਸਿਟੀ ਵਿਖੇ ਮਨੋਵਿਗਿਆਨ ਦੇ ਵਿਦਿਆਰਥੀਆਂ ਨਾਲ ਸੰਵਾਦ ਰਚਾਇਆ ਗਿਆ।ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਦੇ ਵਿਸ਼ੇਸ਼ ਡਿਊਟੀ ਅਧਿਕਾਰੀ (ਓ. ਐੱਸ. ਡੀ.) ਸ੍ਰੀ ਸ਼ਾਲੀਨ ਮਿੱਤਰਾ ਤੇ ਹੋਰ ਸੀਨੀਅਰ ਅਧਿਕਾਰੀਆਂ ਨੇ ਵਿਦਿਆਰਥੀਆਂ ਨਾਲ਼ ਸੰਵਾਦ ਰਚਾਇਆ।ਯੂਨੀਵਰਸਿਟੀ ਵਿਖੇ ਮਨੋਵਿਗਿਆਨ ਵਿਭਾਗ ਦੇ ਪ੍ਰੋਫੈਸਰ ਡਾ. ਮਮਤਾ ਸ਼ਰਮਾ, ਡਾ. ਮਨਦੀਪ ਕੌਰ ਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਕੌਂਸਲਰ ਡਾ. ਰੂਬੀ ਗੁਪਤਾ ਨੇ ਇਸ ਸੈਸ਼ਨ ਦੇ ਆਯੋਜਨ ਤੇ ਸੰਵਾਦ ਰਚਾਉਣ ਵਿੱਚ ਭੂਮਿਕਾ ਨਿਭਾਈ।ਇਸ ਮੌਕੇ ਜ਼ਿਲ੍ਹਾ ਪੱਧਰੀ ਪਹਿਲਕਦਮੀਆਂ ਲਈ ਚੁਣੇ ਗਏ ਮਨੋਵਿਗਿਆਨ ਵਿਭਾਗ ਦੇ ਪੀ-ਐੱਚ. ਡੀ. ਖੋਜਾਰਥੀ, ਪੀ.ਜੀ.ਡੀ.ਸੀ.ਪੀ. ਤੇ ਪੋਸਟ ਗ੍ਰੈਜੂਏਟ ਵਿਦਿਆਰਥੀ ਹਾਜ਼ਰ ਰਹੇ, ਜੋ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਭਵਿੱਖ ਵਿੱਚ ਵੱਖ-ਵੱਖ ਜਾਗਰੂਕਤਾ ਮੁਹਿੰਮਾਂ ਵਿੱਚ ਸਹਾਇਤਾ ਪ੍ਰਦਾਨ ਕਰਨਗੇ।ਇਹ ਵਿਦਿਆਰਥੀ ਸੂਬਾ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ ਤਹਿਤ ਕੌਂਸਲਿੰਗ ਸੇਵਾਵਾਂ ਤੇ ਪੁਨਰਵਾਸ ਦੇ ਯਤਨ ਵਿੱਚ ਵੱਖ-ਵੱਖ ਮਾਹਰਾਂ ਦੀ ਨਿਗਰਾਨੀ ਹੇਠ ਸੇਵਾਵਾਂ ਦੇਣਗੇ।ਇਹ ਵਿਦਿਆਰਥੀ ਆਪਣੇ ਜ਼ਿਲ੍ਹਿਆਂ ਵਿੱਚ ਵਿਚਰਦਿਆਂ ਜਾਗਰੂਕਤਾ ਫੈਲਾਉਣ ਦਾ ਕਾਰਜ ਕਰਨਗੇ।ਇਸ ਮੌਕੇ ਅਧਿਕਾਰੀਆਂ ਨੇ ਪ੍ਰੋ. ਮਮਤਾ ਸ਼ਰਮਾ ਤੇ ਪ੍ਰੋ. ਮਨਦੀਪ ਕੌਰ ਵੱਲੋਂ ਇਸ ਮੁਹਿੰਮ ਵਿੱਚ ਪਾਏ ਯੋਗਦਾਨ ਤੇ ਸਮਾਜਿਕ ਪਹਿਲਕਦਮੀਆਂ ਵਿੱਚ ਨਿਰੰਤਰ ਭਾਗੀਦਾਰੀ ਦੀ ਸ਼ਲਾਘਾ ਕੀਤੀ।

## ਡਰਾਈ ਡੇਅ ਮਨਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਿਹਤ ਮੰਤਰੀ ਡਾ. ਬਲਵੀਰ ਸਿੰਘ, ਸਿਵਲ ਸਰਜਨ, ਜ਼ਿਲ੍ਹਾ ਸਿਹਤ ਅਫ਼ਸਰ ਡਾਕਟਰ ਊਸ਼ਾ ਗੋਇਲ ਤੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਸ਼ੈਲੀ ਅਰੋੜਾ ਬਲਾਕ ਬਾਲਿਆਂਵਾਲੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬਲਾਕ ਬਾਲਿਆਂਵਾਲੀ ਦੇ ਸੈਕਟਰ ਰਾਮਪੁਰਾ 'ਚ ਸ਼ੁੱਕਰਵਾਰ ਨੂੰ ਡਰਾਈ ਡੇਅ ਦੇ ਤੌਰ 'ਤੇ ਮਨਾਇਆ ਗਿਆ।ਸਿਹਤ ਕ੍ਰਮਚਾਰੀ ਸਤੀਸ਼ ਕੁਮਾਰ ਨੇ ਦੱਸਿਆ ਕਿ ਡੇਂਗੂ ਦੀ ਬਿਮਾਰੀ ਤੋਂ ਬਚਾਅ ਲਈ ਹਰ ਸ਼ੁੱਕਰਵਾਰ ਡਰਾਈ ਡੇਅ ਵਜੋਂ ਮਨਾਇਆ ਜਾਂਦਾ ਹੈ। ਉਨ੍ਹਾਂ ਕਿਹਾ ਸਿਹਤ ਵਿਭਾਗ ਦੀਆਂ ਵੱਖ ਵੱਖ ਟੀਮਾਂ ਵੱਲੋਂ ਪਬਲਿਕ ਖੇਤਰਾਂ ਵਿੱਚ ਪਹੁੰਚ ਕਰਕੇ ਲੋਕਾਂ ਨੂੰ ਜਾਗਰੂਕ ਕਰਦਿਆਂ ਕਿਹਾ ਜਾਂਦਾ ਹੈ ਕਿ ਘਰੇਲੂ ਬਗੀਚੀਆਂ ਚ ਪਏ ਗਮਲਿਆਂ ਵਿੱਚ ਫਾਲਤੂ ਪਾਣੀ ਨਾ ਰੱਖਿਆ ਜਾਵੇ ਘਰਾਂ 'ਚ ਫਰਿੱਜਾਂ ਦੇ ਪਿਛਲੇ ਪਾਸੇ ਵਾਲੀਆਂ ਟਰੇਆਂ 'ਚੋਂ ਪਾਣੀ ਕੱਢਿਆ ਜਾਵੇ।ਇਸ ਤੋਂ ਇਲਾਵਾ ਘਰਾਂ ਦੇ ਆਲੇ-ਦੁਆਲੇ ਸਾਫ ਪਾਣੀ ਨਾ ਇਕੱਠਾ ਹੋਣ ਦਿੱਤਾ ਜਾਵੇ, ਕਿਉਂਕਿ ਡੇਂਗੂ ਵਾਲਾ ਮੱਛਰ ਸਾਫ ਖੜੇ ਪਾਣੀ 'ਤੇ ਪੈਦਾ ਹੁੰਦਾ ਹੈ। ਇਹ ਮੱਛਰ ਦਿਨ ਵੇਲੇ ਕੱਟਦਾ ਹੈ।ਉਨ੍ਹਾਂ ਕਿਹਾ ਕਿ ਸਾਨੂੰ ਹਮੇਸ਼ਾ ਪੂਰੇ ਸਰੀਰ ਨੂੰ ਢਕਣ ਵਾਲੇ ਕੱਪੜੇ ਹੀ ਪਾਉਣੇ ਚਾਹੀਦੇ ਹਨ।ਇਸ ਮੌਕੇ ਪਰਮਿੰਦਰ ਪਾਲ ਸਿੰਘ ਤੇ ਵਿਕਰਮਜੀਤ ਸਿੰਘ ਸਿਹਤ ਕ੍ਰਮਚਾਰੀ ਨੇ ਦੱਸਿਆ ਕਿ ਲੋਕਾਂ ਨੂੰ ਡੇਂਗੂ ਦੀ ਬਿਮਾਰੀ ਤੋਂ ਬਚਾਅ ਲਈ ਜਾਗਰੂਕਤਾ ਕੈਂਪ ਲਾਏ ਜਾ ਰਹੇ ਹਨ।

## ਕਾ. ਭੀਮ ਸਿੰਘ ਨੂੰ ਸਮਰਪਤ ਖ਼ੂਨਦਾਨ ਤੇ ਮੈਡੀਕਲ ਕੈਂਪ



**ਦਿੜ੍ਹਬਾ (ਜਸਵੀਰ ਲਾਡੀ)**-ਕਾਮਰੇਡ ਭੀਮ ਸਿੰਘ ਨੂੰ ਸਮਰਪਤ ਖ਼ੂਨਦਾਨ ਤੇ ਮੈਡੀਕਲ ਚੈੱਕਅਪ ਕੈਂਪ ਲਾਇਆ ਗਿਆ।80 ਯੂਨਿਟ ਖ਼ੂਨਦਾਨ ਤੇ 1500 ਦੇ ਕਰੀਬ ਮਰੀਜ਼ਾਂ ਦਾ ਮੈਡੀਕਲ ਚੈੱਕ ਅਪ ਕੀਤਾ ਗਿਆ।ਕਾਮਰੇਡ ਭੀਮ ਸਿੰਘ ਨੂੰ ਸਮਰਪਤ ਛੇਵਾਂ ਖ਼ੂਨਦਾਨ ਤੇ ਮੈਡੀਕਲ ਚੈੱਕਅਪ ਕੈਂਪ ਬਾਬਾ ਬੈਰਸੀਆਣਾ ਚੈਰੀਟੇਬਲ ਹਸਪਤਾਲ ਅੰਦਰ ਲਾਇਆ ਗਿਆ।ਕੈਂਪ ਸਾਹਿਤ ਤੇ ਸੱਭਿਆਚਾਰ ਮੰਚ ਦਿੜ੍ਹਬਾ, ਤਰਕਸ਼ੀਲ ਸੋਸਾਇਟੀ ਦਿੜ੍ਹਬਾ, ਬਾਬਾ ਬੈਰਸੀਆਣਾ ਸਾਹਿਬ ਚੈਰੀਟੇਬਲ ਹਸਪਤਾਲ ਪ੍ਰਬੰਧਕ ਕਮੇਟੀ, ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦਿੜ੍ਹਬਾ, ਕਰਿਆਨਾ ਐਸੋਸੀਏਸ਼ਨ ਦਿੜ੍ਹਬਾ, ਕਾਮਰੇਡ ਭੀਮ ਸਿੰਘ ਸਕੂਲ ਆਫ਼ ਐਮੀਨੈਂਸ ਦਿੜਬਾ, ਐਨਐਸਐਸ ਯੂਨਿਟ ਕਾਮਰੇਡ ਭੀਮ ਸਿੰਘ ਸਕੂਲ ਆਫ਼ ਐਮੀਨੈਂਸ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਲਾਇਆ ਗਿਆ। ਸਾਬਕਾ ਵਿਧਾਇਕ ਸੁਰਜੀਤ ਸਿੰਘ ਧੀਮਾਨ ਚੇਅਰਪਰਸਨ ਮਾਰਕੀਟ ਕਮੇਟੀ ਦਿੜਬਾ ਜਸਵੀਰ ਕੌਰ ਸ਼ੇਰਗਿੱਲ, ਚੇਅਰਮੈਨ ਮਾਰਕੀਟ ਕਮੇਟੀ ਸੂਲਰ ਹਰਵਿੰਦਰ ਸਿੰਘ ਛਾਜਲੀ ਰਿਟਾਇਰਡ ਐਸਪੀ ਮਨਜੀਤ ਸਿੰਘ ਬਰਾੜ ਵਿਸ਼ੇਸ਼ ਤੌਰ 'ਤੇ ਕੈਂਪ ਅੰਦਰ ਸ਼ਾਮਲ ਹੋਏ।ਕੈਂਪ ਵਿੱਚ 80 ਯੂਨਿਟ ਖ਼ੂਨਦਾਨੀਆਂ ਨੇ ਖ਼ੂਨਦਾਨ ਕੀਤਾ।ਹਰ ਸਾਲ ਦੀ ਤਰ੍ਹਾਂ ਲੋਕਾਂ ਨੇ ਕਾਮਰੇਡ ਭੀਮ ਸਿੰਘ ਨੂੰ ਸ਼ਰਧਾਂਜਲੀ ਦੇਣ ਲਈ ਪਹੁੰਚੇ ਤੇ ਖ਼ੂਨਦਾਨ ਵੀ ਕੀਤਾ।ਇਸ ਤੋਂ ਇਲਾਵਾ ਮੈਡੀਕਲ ਚੈੱਕਅਪ ਕੈਂਪ ਦੌਰਾਨ 1500 ਦੇ ਕਰੀਬ ਮਰੀਜ਼ਾਂ ਦਾ ਮੈਡੀਕਲ ਚੈੱਕਅਪ ਕੀਤਾ ਗਿਆ ਤੇ ਦਵਾਈਆਂ ਵੀ ਮੁਫਤ ਦਿੱਤੀਆਂ ਗਈਆ।ਇਸ ਦੇ ਨਾਲ ਕਈ ਟੈੱਸਟ ਵੀ ਹਸਪਤਾਲ ਦੇ ਵਿੱਚ ਮੁਫਤ ਕੀਤੇ ਗਏ।ਸਾਹਿਤ ਤੇ ਸੱਭਿਆਚਾਰ ਮੰਚ ਦੇ ਪ੍ਰਧਾਨ ਗੁਰਮੀਤ ਸਿੰਘ ਖੇਤਲਾ, ਪੈਨਸ਼ਨਰ ਐਸੋਸੀਏਸ਼ਨ ਦੇ ਪ੍ਰਧਾਨ ਦਰਸ਼ਨ ਸਿੰਘ ਰੋਗਲਾ ਅਤੇ ਹਸਪਤਾਲ ਪ੍ਰਬੰਧਕ ਕਮੇਟੀ ਦੇ ਆਗੂ ਰਾਜ ਕੁਮਾਰ ਰਾਮਾ ਨੇ ਕਿਹਾ ਕਿ ਕਾਮਰੇਡ ਭੀਮ ਸਿੰਘ ਸਾਡੇ ਇਲਾਕੇ ਦੀ ਮਹਾਨ ਸ਼ਖ਼ਸੀਅਤ ਸੀ, ਜਿਸ ਦੀ ਬਦੌਲਤ ਬਾਬਾ ਬੈਰਸਿਆਣਾ ਚੈਰੀਟੇਬਲ ਹਸਪਤਾਲ ਲੋਕਾਂ ਨੂੰ ਦੀਆਂ ਸੇਵਾਵਾਂ ਦੇ ਰਿਹਾ ਹੈ ਤੇ ਇਸ ਤੋਂ ਇਲਾਵਾ ਸਰਕਾਰੀ ਸਕੂਲ ਦੇ ਵਿੱਚ ਆਪਣੀ ਜਾਇਦਾਦ ਵੇਚ ਕੇ 55 ਲੱਖ ਦੀ ਇਮਾਰਤ ਖੜੀ ਕਰਨ ਵਾਲਾ ਇਹ ਮਹਾਨ ਦਾਨੀ ਬੇਸ਼ਕ ਸਾਡੇ ਵਿਚਕਾਰ ਨਹੀਂ ਹੈ, ਪਰ ਉਨ੍ਹਾਂ ਦੀ ਸੋਚ ਨੂੰ ਜਿਊਂਦਾ ਰੱਖਣ ਲਈ ਹਰ ਸਾਲ ਪ੍ਰਬੰਧਕਾਂ ਵੱਲੋਂ ਉਨ੍ਹਾਂ ਦੀ ਯਾਦ ਵਿੱਚ ਮੈਡੀਕਲ ਚੈੱਕ ਅਪ ਕੈਂਪ ਅਤੇ ਖ਼ੂਨਦਾਨ ਕੈਂਪ ਲਾਇਆ ਜਾਂਦਾ ਹੈ।

## ਮੋਟਰਸਾਈਕਲ ਸਵਾਰ ਔਰਤ ਦੀਆਂ ਵਾਲੀਆਂ ਖੋਹ ਕੇ ਫਰਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੋਟਰਸਾਈਕਲ ਸਵਾਰ ਵਿਅਕਤੀ ਵੱਲੋਂ ਪਿੰਡ ਮਲਕਪੁਰ ਦੀ ਇੱਕ ਬਜ਼ੁਰਗ ਔਰਤ ਦੀਆਂ ਸੋਨੇ ਦੀਆਂ ਵਾਲੀਆਂ ਖੋਹ ਕੇ ਫਰਾਰ ਹੋ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਕਪੂਰ ਕੌਰ ਵਾਸੀ ਪਿੰਡ ਮਲਕਪੁਰ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਹ ਪਿੰਡ 'ਚ ਆਪਣੇ ਘਰ ਵੱਲ ਨੂੰ ਪੈਦਲ ਤੁਰੀ ਜਾ ਰਹੀ ਸੀ ਤਾਂ ਉਸ ਕੋਲ ਆਏ ਇੱਕ ਨਾਮਾਲੂਮ ਵਿਅਕਤੀ ਨੇ ਉਸ ਦੇ ਕੰਨਾਂ 'ਚ ਪਾਈਆਂ ਸੋਨੇ ਦੀਆਂ ਵਾਲੀਆਂ ਝਪਟ ਲਈਆਂ ਤੇ ਉਕਤ ਵਿਅਕਤੀ ਮੋਟਰਸਾਈਕਲ 'ਤੇ ਬੈਠ ਕੇ ਮੌਕੇ 'ਤੋਂ ਫਰਾਰ ਹੋ ਗਿਆ। ਕਪੂਰ ਕੌਰ ਦੇ ਬਿਆਨਾਂ 'ਤੇ ਨਾਮਾਲੂਮ ਵਿਅਕਤੀ ਵਿਰੁੱਧ ਮੁਕੱਦਮਾ ਦਰਜ ਕਰਕੇ ਥਾਣਾ ਸਰਹਿੰਦ ਦੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ। ਉਕਤ ਮਾਮਲੇ ਦੀ ਇੱਕ ਕਥਿਤ ਸੀ.ਸੀ.ਟੀ.ਵੀ. ਫੁਟੇਜ ਵੀ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ, ਜਿਸ ਵਿੱਚ ਇੱਕ ਸ਼ੱਕੀ ਵਿਅਕਤੀ ਵੀ ਦਿਖਾਈ ਦੇ ਰਿਹਾ ਹੈ।

## ਡੇਂਗੂ ਦੀ ਰੋਕਥਾਮ ਲਈ ਜ਼ਿਲ੍ਹਾ ਸਿਹਤ ਵਿਭਾਗ ਪੂਰੀ ਤਰ੍ਹਾਂ ਤਿਆਰ : ਡਾ. ਕਾਮਰਾ

### ਲਾਰਵਾ ਜਾਂਚ ਤੇ ਜਾਗਰੂਕਤਾ ਲਈ ਟੀਮਾਂ ਨੂੰ ਕੀਤਾ ਰਵਾਨਾ



**ਸੁਨਾਮ ਉਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਿਵਲ ਸਰਜਨ ਡਾ. ਸੰਜੇ ਕਾਮਰਾ ਵੱਲੋਂ 'ਹਰ ਸ਼ੁੱਕਰਵਾਰ-ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਡੇਂਗੂ ਦੇ ਲਾਰਵੇ ਦੀ ਜਾਂਚ ਤੇ ਜਾਗਰੂਕਤਾ ਲਈ ਸਿਹਤ ਵਿਭਾਗ ਦੀਆਂ ਟੀਮਾਂ ਨੂੰ ਰਵਾਨਾ ਕੀਤਾ ਗਿਆ।

ਡਾ. ਸੰਜੇ ਕਾਮਰਾ ਨੇ ਕਿਹਾ ਕਿ ਜ਼ਿਲ੍ਹਾ ਸਿਹਤ ਵਿਭਾਗ, ਡੇਂਗੂ ਬੁਖ਼ਾਰ ਦੀ ਰੋਕਥਾਮ ਲਈ ਪੂਰੀ ਤਰ੍ਹਾਂ ਤਿਆਰ ਹੈ।ਜਿੱਥੇ ਸਿਹਤ ਕਾਮਿਆਂ ਵੱਲੋਂ ਘਰ-ਘਰ ਜਾ ਕੇ ਕੰਟੇਨਰ ਸਰਵੇਖਣ ਕੀਤਾ ਜਾ ਰਿਹਾ ਹੈ, ਉਥੇ ਲੋਕਾਂ ਨੂੰ ਜਾਗਰੂਕ ਕਰਨ ਦਾ ਵੀ ਕੰਮ ਵੀ ਨਾਲੋ-ਨਾਲ ਚੱਲ ਰਿਹਾ ਹੈ।ਸਿਹਤ ਵਿਭਾਗ ਵੱਲੋਂ 'ਹਰ ਸ਼ੁੱਕਰਵਾਰ, ਡੇਂਗੂ 'ਤੇ ਵਾਰ' ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਲਈ ਲੋਕਾਂ ਦਾ ਸਹਿਯੋਗ ਬੇਹੱਦ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਕਿਸੇ ਵੀ ਥਾਂ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ, ਕਿਉਂਕਿ ਡੇਂਗੂ ਬੁਖ਼ਾਰ ਲਈ ਜ਼ਿੰਮੇਵਾਰ ਮੱਛਰ ਖੜ੍ਹੇ ਤੇ ਸਾਫ਼ ਪਾਣੀ ਵਿੱਚ ਪੈਦਾ ਹੁੰਦਾ ਹੈ।

ਡੇਂਗੂ ਦੇ ਆਮ ਲੱਛਣਾਂ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਤੇਜ਼ ਸਿਰਦਰਦ ਤੇ ਤੇਜ਼ ਬੁਖ਼ਾਰ, ਮਾਸਪੇਸ਼ੀਆਂ ਤੇ ਜੋੜਾਂ ਵਿੱਚ ਦਰਦ, ਅੱਖ ਦੇ ਪਿਛਲੇ ਹਿੱਸੇ ਵਿੱਚ ਦਰਦ, ਹਾਲਤ ਖ਼ਰਾਬ ਹੋਣ ਤੇ ਨੱਕ, ਮੂੰਹ ਤੇ ਮਸੂੜਿਆਂ ਵਿੱਚੋਂ ਖ਼ੂਨ ਵਗਣਾ, ਜੀ ਕੱਚਾ ਹੋਣਾ ਤੇ ਉਲਟੀਆਂ ਆਉਣਾ ਆਦਿ ਡੇਂਗੂ ਬੁਖ਼ਾਰ ਦੇ ਆਮ ਲੱਛਣ ਹਨ।ਇਸ ਤਰ੍ਹਾਂ ਹੋਣ 'ਤੇ ਤੁਰੰਤ ਸਰਕਾਰੀ ਹਸਪਤਾਲ ਵਿੱਚ ਜਾ ਕੇ ਡਾਕਟਰ ਕੋਲੋਂ ਜਾਂਚ ਕਰਵਾਈ ਜਾਵੇ।ਉਨ੍ਹਾਂ ਦੱਸਿਆ ਕਿ ਡੇਂਗੂ ਬੁਖ਼ਾਰ ਦੇ ਟੈਸਟ ਤੇ ਇਲਾਜ ਸਰਕਾਰੀ ਹਸਪਤਾਲਾਂ ਵਿੱਚ ਬਿਲਕੁਲ ਮੁਫ਼ਤ ਹੁੰਦਾ ਹੈ।ਸਿਵਲ ਸਰਜਨ ਨੇ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਹਫ਼ਤੇ ਵਿੱਚ ਘੱਟੋ-ਘੱਟ ਇਕ ਵਾਰ ਕੂਲਰਾਂ ਤੇ ਫ਼ਰਿੱਜਾਂ ਦੀਆਂ ਟਰੇਆਂ ਨੂੰ ਖ਼ਾਲੀ ਕਰ ਕੇ ਸੁਕਾਓ।ਹਰ ਸ਼ੁਕਰਵਾਰ ਨੂੰ ਡਰਾਈ ਡੇਅ ਵਜੋਂ ਮਨਾਇਆ ਜਾਵੇ।ਘਰਾਂ ਦੇ ਆਲੇ ਦੁਆਲੇ ਫੁੱਲਾਂ ਦੇ ਗਮਲਿਆਂ ਤੇ ਟੁੱਟੇ ਭੱਜੇ ਭਾਂਡਿਆਂ ਆਦਿ ਵਿੱਚ ਪਾਣੀ ਖੜ੍ਹਾ ਨਾ ਹੋਣ ਦਿਓ।ਡੇਂਗੂ ਬੁਖ਼ਾਰ ਫੈਲਾਉਣ ਵਾਲਾ ਮੱਛਰ ਦਿਨ ਵੇਲੇ ਕੱਟਦਾ ਹੈ, ਇਸ ਲਈ ਅਜਿਹੇ ਕੱਪੜੇ ਪਾਓ, ਜਿਨ੍ਹਾਂ ਨਾਲ ਪੂਰਾ ਸਰੀਰ ਢੱਕਿਆ ਰਹੇ।ਤੇਜ਼ ਬੁਖ਼ਾਰ ਹੋਣ ਦੀ ਹਾਲਤ ਵਿੱਚ ਤੁਰੰਤ ਨੇੜਲੇ ਹਸਪਤਾਲ ਜਾਂ ਡਿਸਪੈਂਸਰੀ ਆਦਿ ਵਿੱਚ ਜਾ ਕੇ ਮੁਆਇਨਾ ਕਰਵਾਓ।ਇਸ ਮੌਕੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਵਿਕਾਸ ਧੀਰ, ਕਾਰਜਕਾਰੀ ਐੱਸ ਐੱਮ ਓ ਡਾ. ਕਰਮਦੀਪ ਕਾਹਲ, ਡਾ. ਆਰਿਸ਼ ਸਿਡਾਨਾ, ਜ਼ਿਲ੍ਹਾ ਐਪੀਡੈਮੋਲੋਜਿਸਟ ਡਾ. ਉਪਾਸਨਾ ਬਿੰਦਰਾ, ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫਸਰ ਕਰਨੈਲ ਸਿੰਘ, ਪ੍ਰਿੰਸੀਪਲ ਸੁਰਿੰਦਰਪਾਲ ਕੌਰ, ਸੁਰਿੰਦਰ ਕੌਰ, ਐਂਟੀ ਲਾਰਵਾ ਸਟਾਫ, ਨਰਸਿੰਗ ਸਟਾਫ, ਨਰਸਿੰਗ ਸਿਖਿਆਰਥਣਾਂ, ਆਸ਼ਾ ਤੇ ਬਰੀਡ ਚੈੱਕਰ ਹਾਜ਼ਰ ਸਨ।

## ਮਹਿਲਾ ਸਟਾਫ਼ ਨਾਲ ਦੁਰਵਿਹਾਰ ਕਰਨ ਵਿਰੁੱਧ ਮਾਮਲਾ ਦਰਜ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਜਰਮਨਜੀਤ ਸਿੰਘ ਪੁੱਤਰ ਮਲਾਗਰ ਸਿੰਘ ਵਾਸੀ ਪੱਤੋ ਜਵਾਰ ਸਿੰਘ ਵਾਲਾ ਜ਼ਿਲ੍ਹਾ ਮੋਗਾ 'ਤੇ ਨਿਹਾਲ ਸਿੰਘ ਵਾਲਾ ਦੇ ਐਸ ਡੀ ਐਮ ਸਵਾਤੀ ਦੀ ਸਿਫ਼ਾਰਸ਼ ਉੱਪਰ ਸਰਕਾਰੀ ਮੁਲਾਜ਼ਮਾਂ ਨਾਲ ਦੁਰਵਿਹਾਰ ਕਰਨ, ਮਾੜੀ ਸ਼ਬਦਾਵਲੀ ਵਰਤਣ ਤੇ ਸਰਕਾਰੀ ਡਿਊਟੀ ਵਿੱਚ ਵਿਘਨ ਪਾਉਣ ਦੇ ਦੋਸ਼ ਹੇਠ ਮਾਮਲਾ ਦਰਜ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ।ਇੱਕ ਔਰਤ ਪਟਵਾਰੀ ਨੂੰ ਕਥਿਤ ਦੋਸ਼ੀ ਵੱਲੋਂ ਇਕ ਰਿਟਾਇਰਡ ਅਫਸਰ ਦਾ ਮੁੰਡਾ ਹੋਣ ਦਾ ਹਵਾਲਾ ਦੇ ਕੇ ਰੋਹਬਦਾਰ ਤੇ ਮਾੜੀ ਸ਼ਬਦਾਵਲੀ ਦੀ ਵਰਤੋਂ ਕਰਕੇ ਕੰਮ ਕਰਾਉਣ ਦੀ ਗੱਲ ਕੀਤੀ ਗਈ।ਮਾਲ ਵਿਭਾਗ ਅਧਿਕਾਰੀ ਨਿਹਾਲ ਸਿੰਘ ਵਾਲਾ ਦੇ ਸਾਹਮਣੇ ਵੀ ਇਸ ਨੇ ਭੱਦੀ ਸ਼ਬਦਾਵਲੀ ਵਰਤੀ।ਉਕਤ ਵਿਅਕਤੀ ਵਾਰ-ਵਾਰ ਆਪਣੇ ਪ੍ਰਭਾਵਸ਼ਾਲੀ ਹੋਣ ਦੀ ਧੌਂਸ ਦੇ ਕੇ ਆਪਣੇ ਮਨ ਮੁਤਾਬਕ, ਰੂਲਾਂ ਤੇ ਕਾਨੂੰਨ ਨੂੰ ਛਿੱਕੇ ਟੰਗ ਕੇ ਕੰਮ ਕਰਾਉਣ ਲਈ ਦਬਾਅ ਪਾ ਰਿਹਾ ਸੀ। ਐਸ ਡੀ ਐਮ ਸਵਾਤੀ ਨੇ ਦੱਸਿਆ ਕਿ ਦੋਨੋਂ ਮਹਿਲਾ ਮੁਲਾਜ਼ਮਾਂ ਨੂੰ ਸੀਨਾਜ਼ੋਰੀ ਦਿਖਾਉਂਦਿਆਂ ਮਾੜੀ ਸ਼ਬਦਾਵਲੀ ਬੋਲ ਕੇ ਮਾਨਸਿਕ ਤੇ ਸਮਾਜਿਕ ਤੌਰ 'ਤੇ ਪ੍ਰੇਸ਼ਾਨ ਕਰਕੇ ਸਰਕਾਰੀ ਡਿਊਟੀ ਨਿਭਾਉਣ ਵਿੱਚ ਰੁਕਾਵਟ ਪਾਉਣ ਦੇ ਦੋਸ਼ ਹੇਠ ਇਸ ਵਿਅਕਤੀ ਦੇ ਖਿਲਾਫ ਬੀ.ਐਨ.ਐਸ. ਦੀਆਂ ਉਚਿਤ ਧਰਾਵਾਂ ਤਹਿਤ ਮਾਮਲਾ ਦਰਜ ਕਰ ਦਿੱਤਾ ਗਿਆ ਹੈ।

## ਵਿਧਾਇਕਾ ਨੇ ਡਰੋਲੀ ਭਾਈ ਮਾਈਨਰ ਦੇ ਖਾਲੇ ਨੂੰ ਬਣਾਉਣ ਦੀ ਕਰਵਾਈ ਸ਼ੁਰੂਆਤ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵਿਕਾਸ ਪੱਖੀ ਸੋਚ ਸਦਕਾ ਤੇ ਮਾਣਯੋਗ ਕੈਬਨਿਟ ਮੰਤਰੀ ਵਰਿੰਦਰ ਕੁਮਾਰ ਗੋਇਲ ਦੇ ਯਤਨਾਂ ਨਾਲ ਪਿੰਡ ਘੱਲ ਕਲਾਂ ਵਿਖੇ ਪੰਜਾਬ ਸਰਕਾਰ ਵੱਲੋਂ ਨਹਿਰੀ ਪਾਣੀ ਦੀ ਵੱਧ ਤੋਂ ਵੱਧ ਵਰਤੋਂ ਕਰਨ ਲਈ ਮੋਗਾ ਨਹਿਰ ਉਪ ਮੰਡਲ ਦਫਤਰ ਅਧੀਨ ਪੈਂਦੀ ਡਰੋਲੀ ਮਾਈਨਰ ਦੇ ਮੋਘੇ 9615/ਆਰ, 9750/ਐੱਲ, 13290/ਆਰ ਦੇ ਖਾਲਿਆਂ ਨੂੰ 9 ਇੰਚੀ ਨਵਾਂ ਬਣਾਉਣ ਦੇ ਕੰਮ ਦੀ ਸ਼ੁਰੂਆਤ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦੁਆਰਾ ਕਰਵਾਈ ਗਈ। ਇਸ ਮੌਕੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਇਹ ਖਾਲੇ ਤਕਰੀਬਨ 40 ਸਾਲ ਪਹਿਲਾਂ ਬਣੇ ਸਨ ਤੇ ਹੁਣ ਬਿਲਕੁਲ ਹੀ ਟੁੱਟ ਭੱਜ ਗਏ ਸਨ, ਜਿਸ ਕਾਰਨ ਇਨ੍ਹਾਂ ਨੂੰ ਨਵਾਂ ਬਣਾਇਆ ਜਾ ਰਿਹਾ ਹੈ ਤਾਂ ਜੋ ਇਨ੍ਹਾਂ ਮੋਘਿਆਂ ਦੇ ਸਾਰੇ ਹਿੱਸੇਦਾਰਾਂ ਨੂੰ ਪਾਣੀ ਪਹੁੰਚਦਾ ਕੀਤਾ ਜਾ ਸਕੇ ਤੇ ਜ਼ਮੀਨੀ ਪਾਣੀ ਦੇ ਡਿੱਗਦੇ ਪੱਧਰ ਨੂੰ ਰੋਕਿਆ ਜਾ ਸਕੇ। ਇਨ੍ਹਾਂ ਮੋਘਿਆਂ ਤੋਂ ਤਕਰੀਬਨ 850 ਏਕੜ ਰਕਬੇ ਨੂੰ ਫਾਇਦਾ ਹੋਵੇਗਾ। ਇਨ੍ਹਾਂ ਖਾਲਾਂ ਦੀ ਕੁੱਲ ਲੰਬਾਈ ਤਕਰੀਬਨ 45000 ਫੁੱਟ (13.71 ਕਿਲੋਮੀਟਰ) ਅਤੇ ਬਣਾਉਣ 'ਤੇ ਕੁੱਲ 3.21 ਕਰੋੜ ਰੁਪਏ ਖਰਚਾ ਆਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸ਼ਹਿਰਾਂ ਦੇ ਨਾਲ-ਨਾਲ ਪਿੰਡਾਂ ਦੇ ਵਿਕਾਸ ਕਾਰਜਾਂ ਲਈ ਵੱਧ ਤੋਂ ਵੱਧ ਗ੍ਰਾਂਟਾਂ ਜਾਰੀ ਕਰਕੇ ਵਿਕਾਸ ਕਾਰਜ ਕਰਵਾ ਰਹੀ ਹੈ, ਜੋ ਕਿ ਜੰਗੀ ਪੱਧਰ 'ਤੇ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮੁੱਖ ਉਦੇਸ਼ ਮੋਗਾ ਸ਼ਹਿਰ ਤੇ ਪਿੰਡਾਂ ਵਿੱਚ ਸਰਵਪੱਖੀ ਵਿਕਾਸ ਕਾਰਜ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਕਿਸੇ ਕਿਸਮ ਦੀ ਸਮੱਸਿਆ ਆਉਂਦੀ ਹੈ ਤਾਂ ਇਹ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀ ਜਾਵੇ, ਜਿਸ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ। ਇਸ ਮੌਕੇ ਪਿੰਡ ਡਰੋਲੀ ਭਾਈ ਮਾਈਨਰ ਅਧੀਨ ਆਉਂਦੇ ਪਿੰਡਾਂ ਦੇ ਲੋਕਾਂ ਤੇ ਕਿਸਾਨਾਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਕੈਬਨਿਟ ਮੰਤਰੀ ਵਰਿੰਦਰ ਕੁਮਾਰ ਗੋਇਲ ਤੇ ਇਲਾਕੇ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡਾਂ ਦੇ ਸਰਪੰਚ, ਪੰਚ, ਅਹੁਦੇਦਾਰ, ਆਮ ਆਦਮੀ ਪਾਰਟੀ ਦੇ ਵਲੰਟੀਅਰ ਤੇ ਵਰਕਰ ਮੌਜੂਦ ਸਨ।

## 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਮੈਡੀਕਲ ਸਟੋਰਾਂ ਦੀ ਚੈਕਿੰਗ

### ਰਤਨ ਮੈਡੀਕਲ ਸਟੋਰ ਸ਼ੱਕ ਦੇ ਆਧਾਰ 'ਤੇ ਸੀਲ਼



**ਮਾਲੇਰਕੋਟਲਾ (ਅਸਗਰ ਪਰਿਹਾਰ)**-ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਆਰੰਭੀ ਮੁਹਿੰਮ ਤਹਿਤ ਡਾਇਰੈਕਟਰ ਜਨਰਲ ਪੁਲਸ ਪੰਜਾਬ (ਚੰਡੀਗੜ੍ਹ) ਦੇ ਦਿਸ਼ਾ ਨਿਰਦੇਸ਼ ਤਹਿਤ ਇੰਸਪੈਕਟਰ ਜਨਰਲ ਪੁਲਸ ਐੱਸ.ਓ.ਜੀ ਪੰਜਾਬ ਗੌਤਮ ਚੀਮਾ ਦੀ ਨਿਗਰਾਨੀ ਹੇਠ ਵੱਖ-ਵੱਖ ਟੀਮਾਂ ਬਣਾ ਕੇ ਸਥਾਨਕ ਮੈਡੀਕਲ ਸਟੋਰਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ।

ਇਸ ਮੌਕੇ ਸੀਨੀਅਰ ਕਪਤਾਨ ਪੁਲਸ ਮਾਲੇਰਕੋਟਲਾ ਗਗਨ ਅਜੀਤ ਸਿੰਘ, ਕਪਤਾਨ ਪੁਲਸ (ਇੰਨਵੈਸਟੀਗੇਸ਼ਨ) ਸੱਤਪਾਲ ਸ਼ਰਮਾ, ਡੀ.ਐੱਸ.ਪੀ. ਅਮਰਗੜ੍ਹ ਦਵਿੰਦਰ ਸਿੰਘ, ਡੀ.ਐੱਸ.ਪੀ. (ਸਪੈਸ਼ਲ ਬ੍ਰਾਂਚ) ਰਣਜੀਤ ਸਿੰਘ ਤੇ ਡਰੱਗ ਇੰਸਪੈਕਟਰ ਨਵਪ੍ਰੀਤ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਮੌਜੂਦ ਸਨ।ਸੀਨੀਅਰ ਕਪਤਾਨ ਪੁਲਸ ਗਗਨ ਅਜੀਤ ਸਿੰਘ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਚੈਕਿੰਗ ਦੌਰਾਨ 'ਰਤਨ ਮੈਡੀਕੋਜ' ਨਾਮ ਦੇ ਮੈਡੀਕਲ ਸਟੋਰ ਦਾ ਮਾਲਕ ਪੁਲਸ ਪਾਰਟੀ ਦੇਖ ਕੇ ਆਪਣਾ ਮੈਡੀਕਲ ਸਟੋਰ ਬੰਦ ਕਰਕੇ ਫਰਾਰ ਹੋ ਗਿਆ, ਜਿਸ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ, ਪ੍ਰੰਤੂ ਉਸ ਵੱਲੋਂ ਆਪਣਾ ਮੋਬਾਇਲ ਫੋਨ ਸਵਿੱਚ ਆਫ ਕਰ ਦਿੱਤਾ ਗਿਆ, ਜਿਸ ਤੋਂ ਬਾਅਦ ਡਰੱਗ ਇੰਸਪੈਕਟਰ ਵੱਲੋਂ ਅਗਲੀ ਕਾਰਵਾਈ ਅਮਲ 'ਚ ਲਿਆਉਂਦੇ ਹੋਏ ਉਕਤ ਮੈਡੀਕਲ ਸਟੋਰ ਨੂੰ ਸ਼ੱਕ ਦੇ ਆਧਾਰ 'ਤੇ ਅਗਲੇ ਹੁਕਮਾਂ ਤੱਕ ਸੀਲ਼ ਕਰ ਦਿੱਤਾ ਗਿਆ।ਇੰਸਪੈਕਟਰ ਜਨਰਲ ਪੁਲਸ ਐੱਸ.ਓ.ਜੀ. ਪੰਜਾਬ ਗੌਤਮ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਨੂੰ ਕਰੀਬ ਤਿੰਨ ਮਹੀਨੇ ਹੋ ਚੁੱਕੇ ਹਨ, ਜਿਸ ਦੇ ਤਹਿਤ ਅੱਜ ਸ਼ਹਿਰ ਮਾਲੇਰਕੋਟਲਾ ਵਿਖੇ ਮੈਡੀਕਲ ਸਟੋਰਾਂ ਦੀ ਚੈਕਿੰਗ ਕੀਤੀ ਗਈ ਹੈ।ਉਨ੍ਹਾਂ ਜ਼ਿਲ੍ਹੇ ਦੀ ਅਵਾਮ ਨੂੰ ਪੁਲਸ ਪ੍ਰਸ਼ਾਸਨ ਦਾ ਸਾਥ ਦੇਣ ਦੀ ਅਪੀਲ ਕੀਤੀ।

## ਪੰਜਾਬੀ ਯੂਨੀਵਰਸਿਟੀ ਸਮੇਤ ਸਾਰੇ ਸਕੂਲ-ਕਾਲਜ ਬੰਦ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ, ਜਿਸਦੀ ਪਾਕਿਸਤਾਨ ਨਾਲ 532 ਕਿਲੋਮੀਟਰ ਲੰਬੀ ਸਰਹੱਦ ਹੈ, ਨੇ ਵਧਦੇ ਤਣਾਅ ਵਿਚਕਾਰ ਸਾਰੇ ਵਿਦਿਅਕ ਅਦਾਰੇ ਬੰਦ ਕਰਨ ਤੇ ਪ੍ਰੀਖਿਆਵਾਂ ਰੱਦ ਕਰਨ ਦੇ ਆਦੇਸ਼ ਦਿੱਤੇ ਹਨ।ਇਸ ਦੇ ਨਾਲ ਹੀ ਪਟਿਆਲਾ ਵਿੱਚ ਪੰਜਾਬੀ ਯੂਨੀਵਰਸਿਟੀ, ਲਾਅ ਯੂਨੀਵਰਸਿਟੀ ਤੇ ਥਾਪਰ ਯੂਨੀਵਰਸਿਟੀ ਵਿੱਚ ਕਲਾਸਾਂ ਬੰਦ ਕਰ ਦਿੱਤੀਆਂ ਗਈਆਂ ਹਨ।

ਇਸ ਦੇ ਨਾਲ ਹੀ ਥਾਪਰ ਯੂਨੀਵਰਸਿਟੀ ਨੇ ਆਪਣੇ ਵਿਦਿਆਰਥੀਆਂ ਨੂੰ ਹੋਸਟਲ ਛੱਡਣ ਤੇ ਘਰ ਜਾਣ ਲਈ ਇੱਕ ਐਡਵਾਈਜ਼ਰੀ ਜਾਰੀ ਕੀਤੀ ਹੈ।ਲਾਅ ਯੂਨੀਵਰਸਿਟੀ ਨੇ ਇਸ ਸਬੰਧ ਵਿੱਚ ਅਜੇ ਕੋਈ ਫ਼ੈਸਲਾ ਨਹੀਂ ਲਿਆ ਹੈ।ਯੂਨੀਵਰਸਿਟੀ ਇਸ ਸਬੰਧ ਵਿੱਚ ਹਾਈਕੋਰਟ ਦੇ ਨਿਰਦੇਸ਼ਾਂ ਦੀ ਉਡੀਕ ਕਰ ਰਹੀ ਹੈ।ਦੂਜੇ ਪਾਸੇ ਬੱਸਾਂ ਵਿੱਚ ਯਾਤਰੀਆਂ ਦੀ ਗਿਣਤੀ ਆਮ ਦਿਨਾਂ ਨਾਲੋਂ ਘੱਟ ਜਾਪਦੀ ਹੈ।ਸਵੇਰੇ ਪਟਿਆਲਾ, ਚੰਡੀਗੜ੍ਹ ਤੇ ਜਲੰਧਰ ਸਮੇਤ ਕਈ ਜ਼ਿਲ੍ਹਿਆਂ 'ਚ ਸਾਇਰਨ ਵੀ ਵਜਾਏ ਗਏ। ਸੂਬੇ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਮੌਜੂਦਾ ਸਥਿਤੀ ਦੇ ਮੱਦੇਨਜ਼ਰ ਇਹ ਹੁਕਮ ਦਿੱਤਾ ਜਾਂਦਾ ਹੈ ਕਿ ਪੰਜਾਬ ਭਰ ਦੇ ਸਾਰੇ ਸਕੂਲ, ਕਾਲਜ ਤੇ ਯੂਨੀਵਰਸਿਟੀਆਂ, ਸਰਕਾਰੀ, ਨਿੱਜੀ ਵਿਦਿਅਕ ਸੰਸਥਾਵਾਂ ਅਗਲੇ ਤਿੰਨ ਦਿਨਾਂ ਲਈ ਪੂਰੀ ਤਰ੍ਹਾਂ ਬੰਦ ਰਹਿਣਗੀਆਂ।

## ਤਾਲਮੇਲ ਕਮੇਟੀ ਪੈਰਾ ਮੈਡੀਕਲ ਤੇ ਸਿਹਤ ਕਰਮਚਾਰੀ ਵੱਲੋਂ ਖ਼ੂਨਦਾਨ ਕੈਂਪ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਤਾਲਮੇਲ ਕਮੇਟੀ ਪੈਰਾ ਮੈਡੀਕਲ ਤੇ ਸਿਹਤ ਕਰਮਚਾਰੀ ਜ਼ਿਲ੍ਹਾ ਫ਼ਿਰੋਜ਼ਪੁਰ ਵੱਲੋਂ ਸਿਵਲ ਹਸਪਤਾਲ ਫਿਰੋਜ਼ਪੁਰ ਦੇ ਬਲੱਡ ਬੈਂਕ ਵਿਖੇ ਖ਼ੂਨਦਾਨ ਕੈਂਪ ਲਗਾਇਆ ਗਿਆ। ਇੰਡੋ-ਪਾਕ ਬਾਰਡਰ 'ਤੇ ਆਰਮਡ ਫੋਰਸਿਸ ਤੇ ਪੈਰਾ ਮਿਲਟਰੀ ਫੋਰਸ ਦੇ ਜਵਾਨ ਅਪਣੀਆਂ ਜਾਨਾਂ ਦੀ ਪ੍ਰਵਾਹ ਨਾ ਕਰਦੇ ਹੋਏ ਸਾਡੀਆਂ ਸਰਹੱਦਾਂ ਤੇ ਨਾਗਰਿਕਾਂ ਦੀ ਰੱਖਿਆ ਕਰ ਰਹੇ ਹਨ। ਇਸ ਸਮੇਂ ਹਿੰਦੋਸਤਾਨ ਦੇ ਹਰ ਨਾਗਰਿਕ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਇਸ ਸੰਕਟ ਦੀ ਘੜੀ ਵਿੱਚ ਆਪਣੇ ਜਵਾਨਾਂ ਦੇ ਮੋਢੇ ਨਾਲ ਮੋਢਾ ਲਾ ਕੇ ਖੜ੍ਹੇ ਹੋਈਏ। ਇਸ ਕੜੀ ਵਜੋਂ ਅੱਜ ਪੈਰਾ ਮੈਡੀਕਲ ਕਾਮਿਆਂ ਨੇ ਵੱਡੀ ਗਿਣਤੀ ਵਿੱਚ ਖੂਨ ਦਾਨ ਕੀਤਾ। ਇਸ ਮੌਕੇ ਬਲੱਡ ਬੈਂਕ ਦੇ ਇੰਚਾਰਜ ਡਾ. ਡਿਸਵਿਨ ਬਾਜਵਾ, ਮਨੋਜ ਗਰਵੋਰ, ਭੁਪੇਸ਼ ਚੋਪੜਾ, ਵੰਦਨਾ ਸਟਾਫ਼, ਸਵਿਤਾ ਹਾਜ਼ਰ ਸਨ।



ਤਾਲਮੇਲ ਕਮੇਟੀ ਪੈਰਾ ਮੈਡੀਕਲ ਤੇ ਸਿਹਤ ਕਰਮਚਾਰੀ ਵੱਲੋਂ ਸੂਬਾ ਕਨਵੀਨਰ ਰਵਿੰਦਰ ਲੂਥਰਾ, ਜ਼ਿਲ੍ਹਾ ਕਨਵੀਨਰ ਰਮਨ ਅੱਤਰੀ ਨੇ ਦੱਸਿਆ ਕਿ 12 ਵਜੇ ਤੱਕ ਲਗਭਗ 50 ਯੂਨਿਟ ਬਲੱਡ ਜਮ੍ਹਾਂ ਹੋ ਚੁੱਕਾ ਸੀ। ਪੈਰਾ ਮੈਡੀਕਲ ਆਗੂਆਂ ਨੇ ਅਪੀਲ ਕੀਤੀ ਕਿ ਕਿਸੇ ਤਰ੍ਹਾਂ ਦੇ ਅਮਰਜੈਂਸੀ ਹਾਲਤਾਂ ਨਾਲ ਨਜਿੱਠਣ ਲਈ ਆਪਣੀਆਂ ਸਿਹਤ ਸੇਵਾਵਾਂ ਦੇਣ ਦੇ ਨਾਲ ਨਾਲ ਵੱਧ ਤੋਂ ਵੱਧ ਖੂਨ ਦਾਨ ਕੀਤਾ ਜਾਵੇ। ਇਸ ਮੌਕੇ ਰਾਕੇਸ਼ ਗਿੱਲ, ਪੁਨੀਤ ਮਹਿਤਾ, ਰਾਜ ਕੁਮਾਰ ਕੁੱਕੜ, ਨਰੇਸ਼ ਗਰਗ, ਅਰੁਣ ਕੁਮਾਰ, ਸ਼ੇਖਰ, ਗੁਰਪ੍ਰੀਤ ਸਿੰਘ, ਰਵਿੰਦਰ ਕੁਮਾਰ, ਰਾਕੇਸ਼ ਕੰਬੋਜ਼, ਨਿਰਭੈ ਸਿੰਘ, ਸੁਤੰਤਰ ਸਿੰਘ, ਹਰਜੀਤ ਸਿੰਘ, ਰਾਧੇ ਸ਼ਾਮ, ਪਵਨ ਮਨਚੰਦਾ, ਮਨਜਿੰਦਰ ਸਿੰਘ, ਦੀਪਕ ਰਾਵਤ, ਅਰਸ਼ਦੀਪ ਸਿੰਘ, ਲਵਪ੍ਰੀਤ ਸਿੰਘ, ਰਜਤ ਕੁਮਾਰ, ਕਰਨ ਕੁਮਾਰ, ਗੀਤਾ ਹਾਂਸ, ਮਧੂ ਬਾਲਾ, ਸ਼ਿਵਾਨੀ ਸ਼ੁਕਲਾ, ਪਰਮਪਾਲ ਕੌਰ, ਸੁਖਜਿੰਦਰ ਕੌਰ ਆਦਿ ਹਾਜ਼ਰ ਸਨ।

## ਬੇਨਿਯਮੀਆਂ ਤੇ ਲਾਪ੍ਰਵਾਹੀ ਲਈ ਬਿਜਲੀ ਮਹਿਕਮੇ ਦੇ ਤਿੰਨ ਕਰਮਚਾਰੀ ਮੁਅੱਤਲ : ਬਿਜਲੀ ਮੰਤਰੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਲਾਪ੍ਰਵਾਹੀ ਅਤੇ ਬੇਨਿਯਮੀਆਂ ਵਿਰੁੱਧ ਜ਼ੀਰੋ-ਟਾਲਰੈਂਸ ਨੀਤੀ ਅਨੁਸਾਰ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮ: (ਪੀਐਸਪੀਸੀਐਲ) ਨੇ ਪਾਰਦਰਸ਼ਤਾ ਤੇ ਜਵਾਬਦੇਹੀ ਨੂੰ ਬਣਾਈ ਰੱਖਣ ਲਈ ਮਹੱਤਵਪੂਰਨ ਕਦਮ ਚੁੱਕਿਆ ਹੈ, ਜਿਸ ਵਿੱਚ ਆਪਣੇ ਤਿੰਨ ਕ੍ਰਮਚਾਰੀਆਂ ਨੂੰ ਲਾਪ੍ਰਵਾਹੀ ਅਤੇ ਬੇਨਿਯਮੀਆਂ ਵਿੱਚ ਕਥਿਤ ਸ਼ਮੂਲੀਅਤ ਲਈ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਗਿਆ ਹੈ।ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਨੇ ਕਾਰਵਾਈ ਦੀ ਪੁਸ਼ਟੀ ਕਰਦੇ ਹੋਏ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਸਬੰਧਤ ਕ੍ਰਮਚਾਰੀਆਂ ਨੇ ਸਥਾਪਤ ਨਿਯਮਾਂ ਅਤੇ ਪ੍ਰਕਿਰਿਆਵਾਂ ਦੀ ਉਲੰਘਣਾ ਕਰਕੇ ਟਿਊਬਵੈੱਲ ਕੁਨੈਕਸ਼ਨ ਜਾਰੀ ਕੀਤੇ ਸਨ।

ਮੁਅੱਤਲ ਕੀਤੇ ਗਏ ਕ੍ਰਮਚਾਰੀਆਂ ਵਿੱਚ ਪੀਐਸਪੀਸੀਐਲ ਭਿੰਡਰ ਕਲਾਂ ਦੇ ਡਿਸਟ੍ਰੀਬਿਊਸ਼ਨ ਸਬ ਡਵੀਜ਼ਨ ਦੇ ਜੂਨੀਅਰ ਇੰਜੀਨੀਅਰ ਰੋਹਿਤ ਸ਼ਰਮਾ, ਪੀਐਸਪੀਸੀਐਲ ਧਰਮਕੋਟ ਦੇ ਡਿਸਟ੍ਰੀਬਿਊਸ਼ਨ ਸਬ ਡਿਵੀਜ਼ਨ ਦੇ ਸਹਾਇਕ ਲਾਈਨਮੈਨ ਗੁਰਿੰਦਰਜੀਤ ਸਿੰਘ ਅਤੇ ਉਸੇ ਸਬ-ਡਵੀਜ਼ਨ ਦੇ ਮਾਲ ਸਹਾਇਕ ਕੇਸ਼ਵ ਕੁਮਾਰ ਸ਼ਾਮਲ ਹਨ।ਮੰਤਰੀ ਨੇ ਕਿਹਾ ਕਿ ਅਜਿਹੀਆਂ ਗਲਤੀਆਂ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਪੀਐਸਪੀਸੀਐਲ ਦੇ ਕੰਮਕਾਜ ਵਿੱਚ ਕੋਈ ਵੀ ਬੇਨਿਯਮੀਆਂ ਜਾਂ ਲਾਪ੍ਰਵਾਹੀ ਸਵੀਕਾਰ ਨਹੀਂ ਕੀਤੀ ਜਾਵੇਗੀ। ਦੁਰਵਿਹਾਰ ਜਾਂ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਕਿਸੇ ਵੀ ਕ੍ਰਮਚਾਰੀ ਨੂੰ ਸਖ਼ਤ ਕਾਰਵਾਈ ਦਾ ਸਾਹਮਣਾ ਕਰਨਾ ਪਵੇਗਾ। ਉਨ੍ਹਾਂ ਅੱਗੇ ਕਿਹਾ ਕਿ ਬੇਨਿਯਮੀਆਂ ਦੀ ਪੂਰੀ ਜਾਂਚ ਕਰਨ ਲਈ ਤੇ ਇਸ ਮਾਮਲੇ ਵਿੱਚ ਕਿਸੇ ਹੋਰ ਅਧਿਕਾਰੀ ਦੀ ਸ਼ਮੂਲੀਅਤ ਦਾ ਪਤਾ ਲਾਉਣ ਲਈ ਵਿਸਤ੍ਰਿਤ ਜਾਂਚ ਚੱਲ ਰਹੀ ਹੈ।

## ਜਸਵਿੰਦਰ ਸਿੰਘ ਭੁਨਰਹੇੜੀ ਪੰਜਾਬ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਬਣੇ

### ਕੈਬਨਿਟ ਮੰਤਰੀ ਅਮਨ ਅਰੋੜਾ, ਖੁੱਡੀਆਂ ਤੇ ਬਰਸਟ ਨੇ ਕੀਤਾ ਸਨਮਾਨਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਆੜ੍ਹਤੀ ਐਸੋਸੀਏਸ਼ਨ ਪੰਜਾਬ ਦਾ ਜਨਰਲ ਅਜਲਾਸ ਕਿਸਾਨ ਭਵਨ ਚੰਡੀਗੜ੍ਹ ਵਿਖੇ ਸੂਬਾ ਪ੍ਰਧਾਨ ਰਵਿੰਦਰ ਸਿੰਘ ਚੀਮਾ ਦੀ ਪ੍ਰਧਾਨਗੀ ਵਿੱਚ ਹੋਇਆ, ਜਿਸ ਵਿੱਚ ਪੰਜਾਬ ਦੀਆਂ 111 ਮੰਡੀਆਂ ਨੇ ਭਾਗ ਲਿਆ। ਅਜਲਾਸ ਦੇ ਪਹਿਲੇ ਭਾਗ ਵਿੱਚ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਦੀ ਚੋਣ ਲਈ ਮੂਨਕ ਮੰਡੀ ਵੱਲੋਂ ਜਸਵਿੰਦਰ ਸਿੰਘ ਰਾਣਾ ਦਾ ਨਾਮ ਪੇਸ਼ ਕੀਤਾ ਗਿਆ, ਜਿਸ ਦੀ ਹਾਜ਼ਰ ਮੰਡੀਆਂ ਦੇ ਪ੍ਰਧਾਨ ਤੇ ਜ਼ਿਲ੍ਹਾ ਪ੍ਰਧਾਨ ਸਾਹਿਬਾਨ ਨੇ ਤਾਇਦ ਕੀਤੀ ਅਤੇ ਕਿਸੇ ਹੋਰ ਦਾ ਨਾਮ ਨਹੀਂ ਆਇਆ ਅਤੇ ਸਰਬਸੰਮਤੀ ਨਾਲ ਜਸਵਿੰਦਰ ਸਿੰਘ ਰਾਣਾ ਨੂੰ ਦੋ ਸਾਲ ਲਈ ਆੜ੍ਹਤੀ ਐਸੋਸੀਏਸ਼ਨ ਪੰਜਾਬ ਦਾ ਪ੍ਰਧਾਨ ਤੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਐਸੋਸੀਏਸ਼ਨ ਦਾ ਚੇਅਰਮੈਨ ਬਣਾਇਆ ਗਿਆ। ਅਗਲੇ ਸੈਸ਼ਨ ਵਿੱਚ ਆੜ੍ਹਤੀਆਂ ਤੇ ਮੰਡੀਕਰਨ ਨਾਲ ਸੰਬੰਧਤ ਵੱਖ-ਵੱਖ ਮੰਤਰੀ ਸਾਹਿਬਾਨਾਂ ਨੂੰ ਆੜ੍ਹਤੀਆਂ ਦੀਆਂ ਮੁਸ਼ਕਲਾਂ ਤੋਂ ਜਾਣੂ ਕਰਾਇਆ ਗਿਆ, ਜਿਨ੍ਹਾਂ ਵਿੱਚ ਆੜ੍ਹਤੀਆਂ ਦੀ ਆੜ੍ਹਤ ਖੇਤੀਬਾੜੀ ਕਾਨੂੰਨ ਮੁਤਾਬਿਕ 2.5 ਫੀਸਦੀ ਸਰਕਾਰੀ ਖਰੀਦ 'ਤੇ ਦਿਵਾਉਣਾ, ਮੰਡੀ ਮਜ਼ਦੂਰਾਂ ਦੀ ਮਜ਼ਦੂਰੀ ਵਿੱਚ ਘੱਟੋ ਘੱਟ 25 ਫੀਸਦੀ ਦਾ ਵਾਧਾ ਕਰਨਾ, ਲੇਟ ਲਿਫਟਿੰਗ ਕਾਰਨ ਹੁੰਦੀ ਬੋਰੀਆਂ ਦੇ ਵਜਨ ਦੀ ਘਾਟ ਸੋਰਟੇਜ ਦੀ ਆੜ੍ਹਤੀਆਂ 'ਤੇ ਕੋਈ ਜ਼ਿੰਮੇਵਾਰੀ ਨਾ ਪਾਉਣਾ ਤੇ ਪੰਜਾਬ ਵਿੱਚ ਸਾਈਲੋ ਗੁਦਾਮਾਂ ਦੀ ਨਵੀਂ ਉਸਾਰੀ 'ਤੇ ਪਾਬੰਦੀ ਲਾਉਣ ਦੀ ਮੰਗ ਕੀਤੀ ਗਈ, ਜਿਸ ਬਾਰੇ ਆਪਣਾ ਭਾਸ਼ਣ ਦਿੰਦਿਆਂ ਕੈਬਨਿਟ ਮੰਤਰੀ ਲਾਲ ਜੀਤ ਸਿੰਘ ਭੁੱਲਰ, ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁਡੀਆਂ ਤੇ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਸਿਫਾਰਸ਼ ਤੇ ਸਹਿਮਤੀ ਦਿੱਤੀ। ਆੜ੍ਹਤੀਆਂ ਦੀਆਂ ਮੰਗਾਂ ਪ੍ਰਤੀ ਐਲਾਨ ਕਰਦਿਆਂ ਆਮ ਆਦਮੀ ਪਾਰਟੀ ਦੇ ਪ੍ਰਧਾਨ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਆੜ੍ਹਤੀਆਂ ਦੀਆਂ ਸਾਰੀਆਂ ਮੰਗਾਂ ਝੋਨੇ ਦੇ ਸੀਜ਼ਨ ਤੋਂ ਪਹਿਲਾਂ ਲਾਗੂ ਕਰਨ ਦਾ ਭਰੋਸਾ ਦਿੱਤਾ। ਧੰਨਵਾਦੀ ਭਾਸ਼ਣ ਦਿੰਦਿਆਂ ਜਸਵਿੰਦਰ ਸਿੰਘ ਰਾਣਾ ਨੇ ਕਿਹਾ ਕਿ ਸਾਡੀ ਐਸੋਸੀਏਸ਼ਨ ਸਰਕਾਰ ਨਾਲ ਮਿਲ ਜੁਲ ਕੇ ਪੰਜਾਬ ਦੇ ਆੜ੍ਹਤੀਆਂ, ਕਿਸਾਨਾਂ ਤੇ ਮਜ਼ਦੂਰਾਂ ਦੇ ਮਸਲੇ ਹੱਲ ਕਰਾ ਕੇ ਪੰਜਾਬ ਦੇ ਮੰਡੀਕਰਨ ਨੂੰ ਹੋਰ ਮਜ਼ਬੂਤ ਕਰੇਗੀ। ਇਸ ਅਜਲਾਸ ਨੂੰ ਕੈਬਨਿਟ ਮੰਤਰੀ ਅਮਨ ਅਰੋੜਾ ਲਾਲਜੀਤ ਸਿੰਘ ਭੁੱਲਰ, ਗੁਰਮੀਤ ਸਿੰਘ ਖੁੱਡੀਆਂ, ਹਰਚੰਦ ਸਿੰਘ ਬਰਸਟ ਤੋਂ ਇਲਾਵਾ ਹਰਨਾਮ ਸਿੰਘ ਅਲਾਵਲਪੁਰ, ਸਤਵਿੰਦਰ ਭੰਡਾਰੀ ਗੁਰੂ ਹਰਸਹਾਏ, ਕੁਲਵੰਤ ਭੱਬੀ ਫਗਵਾੜਾ, ਸ਼ਾਮ ਲਾਲ ਬੁਢਲਾਡਾ, ਸੁਰਿੰਦਰ ਕੁਮਾਰ ਅਹਿਮਦਗੜ੍ਹ, ਸੰਜੀਵ ਸਿੰਗਲਾ ਲਹਿਰਾ, ਦਿਲਬਾਗ ਸਿੰਘ ਤਰਨ ਤਾਰਨ, ਸੁਰਜੀਤ ਕੰਗ ਜੰਡਿਆਲਾ ਅੰਮ੍ਰਿਤਸਰ, ਅਵਤਾਰ ਸਿੰਘ ਸੈਣੀ ਰੋਪੜ, ਸੁਰਜੀਤ ਸਿੰਘ ਜੰਡਿਆਲਾ, ਰਣਜੀਤ ਸਿੰਘ ਰਾਹੋਂ, ਗੁਰਪਾਲ ਸਿੰਘ ਬਟਾਲਾ, ਹਰਬੰਸ ਸਿੰਘ ਧਾਲੀਵਾਲ, ਗੁਰਜੀਤ ਸਿੰਘ ਨਾਗਰਾ ਖੰਨਾ, ਅਰਵਿੰਦਰ ਪਾਲ ਸਿੰਘ ਮਾਛੀਵਾੜਾ, ਪੁਨੀਤ ਕੁਮਾਰ ਜੈਨ, ਰਣਜੀਤ ਸਿੰਘ ਔਜਲਾ, ਸਤਵਿੰਦਰ ਸਿੰਘ ਸੈਣੀ ਪਟਿਆਲਾ, ਜਤਿੰਦਰ ਸਿੰਘ ਮੰਡੇਰ ਧੂਰੀ ਤੇ ਬਲਵਿੰਦਰ ਸਿੰਘ ਕਾਲੜਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਅੱਜ ਦੀ ਕੌਮੀ ਲੋਕ ਅਦਾਲਤ ਮੁਲਤਵੀ

**ਮਾਨਸਾ (ਆਤਮਾ ਸਿੰਘ ਪਮਾਰ)**-ਵਰਤਮਾਨ ਹਲਾਤਾਂ ਦੇ ਮੱਦੇਨਜ਼ਰ 10 ਮਈ ਨੂੰ ਲੱਗਣ ਵਾਲੀ ਕੌਮੀ ਲੋਕ ਅਦਾਲਤ ਨੂੰ ਹਾਲ ਦੀ ਘੜੀ ਮੁਲਤਵੀ ਕਰ ਦਿੱਤਾ ਗਿਆ ਹੈ।ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਤੇ ਸੈਸ਼ਨ ਜੱਜ ਸ੍ਰ. ਮਨਜਿੰਦਰ ਸਿੰਘ ਤੇ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਾਜਵਿੰਦਰ ਕੌਰ ਨੇ ਦੱਸਿਆ ਕਿ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ.ਏ.ਐੱਸ. ਨਗਰ ਦੇ ਆਦੇਸ਼ਾਂ 'ਤੇ ਕੌਮੀ ਲੋਕ ਅਦਾਲਤ ਮੁਲਤਵੀ ਕਰ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਕੌਮੀ ਲੋਕ ਅਦਾਲਤ ਦੀ ਨਵੀਂ ਤਾਰੀਖ਼ ਦਾ ਐਲਾਨ ਬਾਅਦ 'ਚ ਕੀਤਾ ਜਾਵੇਗਾ।

## ਕੇਂਦਰੀ ਜੇਲ੍ਹ 'ਚੋਂ 2 ਮੋਬਾਇਲ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੀ ਕੇਂਦਰੀ ਜੇਲ੍ਹ ਵਿੱਚ ਤਲਾਸ਼ੀ ਦੌਰਾਨ 2 ਮੋਬਾਇਲ ਬਰਾਮਦ ਹੋਏ ਹਨ। ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀ ਸਮੇਤ ਇਕ ਹਵਾਲਾਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੇ ਦੱਸਿਆ ਇਕ ਪੱਤਰ ਨੰਬਰ ਰਾਹੀਂ ਹਰਨੇਕ ਸਿੰਘ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ ਉਹ ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਸਮੇਤ ਸਾਥੀ ਕਰਮਚਾਰੀਆਂ ਦੇ ਤਲਾਸ਼ੀ ਦੌਰਾਨ 1 ਮੋਬਾਇਲ ਫੋਨ ਕੀਪੈਡ ਸਮੇਤ ਬੈਟਰੀ ਤੇ ਬਿਨਾਂ ਸਿਮ ਕਾਰਡ ਬਰਾਮਦ ਕੀਤਾ। ਜਾਂਚਕਰਤਾ ਗੁਰਦੀਪ ਸਿੰਘ ਨੇ ਦੱਸਿਆ ਕਿ ਇਕ ਹੋਰ ਪੱਤਰ ਨੰਬਰ ਰਾਹੀਂ ਯਾਦਵਿੰਦਰ ਸ਼ਰਮਾ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ ਉਹ ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਸਮੇਤ ਸਾਥੀ ਕਰਮਚਾਰੀਆਂ ਦੇ ਤਲਾਸ਼ੀ ਦੌਰਾਨ ਦੋਸ਼ੀ ਹਵਾਲਾਤੀ ਨਿਸ਼ਾਨ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਬਸਤੀ ਚੰਦੇ ਵਾਲੀ, ਦਾਖਲੀ ਕਾਮਲ ਵਾਲਾ ਖੁਰਦ, ਥਾਣਾ ਮੱਲਾਂਵਾਲਾ ਜ਼ਿਲ੍ਹਾ ਫਿਰੋਜ਼ਪੁਰ ਹਾਲ ਕੇਂਦਰੀ ਜੇਲ੍ਹ ਫਿਰੋਜ਼ਪੁਰ ਕੋਲੋਂ ਇਕ ਮੋਬਾਇਲ ਫੋਨ ਕੀਪੈਡ ਸਮੇਤ ਬੈਟਰੀ ਤੇ ਸਿਮ ਕਾਰਡ ਬਰਾਮਦ ਕੀਤਾ। ਜਾਂਚਕਰਤਾ ਨੇ ਦੱਸਿਆ ਕਿ ਪੁਲਸ ਨੇ ਅਣਪਛਾਤੇ ਵਿਅਕਤੀ ਤੇ ਇਕ ਹਵਾਲਾਤੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਸੋਸ਼ਲ ਮੀਡੀਆ ਖ਼ਬਰ ਜਾਂ ਅਫ਼ਵਾਹ 'ਤੇ ਬਿਨਾਂ ਪੜਤਾਲ ਕੀਤੇ ਯਕੀਨ ਨਾ ਕਰੋ : ਡਾ. ਪ੍ਰੀਤੀ ਯਾਦਵ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਜ਼ਿਲ੍ਹਾ ਨਿਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਕਿਸੇ ਵੀ ਤਰ੍ਹਾਂ ਦੀ ਸੋਸ਼ਲ ਮੀਡੀਆ ਉਪਰ ਜਾਂ ਕਿਸੇ ਹੋਰ ਵੱਲੋਂ ਫੈਲਾਈ ਖ਼ਬਰ ਜਾਂ ਅਫ਼ਵਾਹ ਉਪਰ ਅੱਖਾਂ ਬੰਦ ਕਰਕੇ ਯਕੀਨ ਨਾ ਕਰਨ ਤੇ ਨਾ ਹੀ ਉਸ ਨੂੰ ਬਿਨਾਂ ਪੜਤਾਲ ਕੀਤੇ ਫਾਰਵਰਡ ਕਰਨ ਜਾਂ ਨਾ ਹੀ ਅੱਗੇ ਫੈਲਾਉਣ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਨਿਵਾਸੀ ਹਰ ਤਰ੍ਹਾਂ ਦੀ ਪੁਖ਼ਤਾ ਜਾਣਕਾਰੀ ਲਈ ਡਿਪਟੀ ਕਮਿਸ਼ਨਰ ਪਟਿਆਲਾ ਦੇ ਐਕਸ ਹੈਂਡਲ ਤੇ ਡਿਸਟ੍ਰਿਕਟ ਪਬਲਿਕ ਰਿਲੇਸ਼ਨਜ਼ ਅਫ਼ਸਰ (ਡੀ.ਪੀ.ਆਰ.ਓ) ਪਟਿਆਲਾ ਦੇ ਫੇਸਬੁਕ ਪੇਜ਼ ਉਪਰ ਨਜ਼ਰ ਰੱਖਣ। ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਦੇਸ਼ ਅੰਦਰ ਚੱਲ ਰਹੇ ਤਣਾਅ ਵਾਲੇ ਮਾਹੌਲ ਦੇ ਮੱਦੇਨਜ਼ਰ ਹਰ ਨਾਗਰਿਕ ਨੂੰ ਸੁਚੇਤ ਤੇ ਸਾਵਧਾਨ ਹੋਣ ਦੀ ਲੋੜ ਹੈ, ਪ੍ਰੰਤੂ ਕਿਸੇ ਵੀ ਤਰ੍ਹਾਂ ਘਬਰਾਹਟ ਵਿੱਚ ਨਾ ਆਇਆ ਜਾਵੇ।ਉਨ੍ਹਾਂ ਕਿਹਾ ਕਿ ਜਦੋਂ ਵੀ ਪ੍ਰਸ਼ਾਸਨ ਵੱਲੋਂ ਬਲੈਕ ਆਊਟ, ਸਿਵਲ ਡਿਫੈਂਸ ਮੌਕ ਡਰਿੱਲ ਜਾਂ ਹਵਾਈ ਹਮਲੇ ਦੇ ਸਾਇਰਨ ਦੀ ਐਮਰਜੈਂਸੀ ਅਨਾਊਂਸਮੈਂਟ ਕੀਤੀ ਜਾਂਦੀ ਹੈ ਤਾਂ ਲੋਕਾਂ ਨੂੰ ਉਸ ਉਪਰ ਤੁਰੰਤ ਅਮਲ ਕਰਦੇ ਹੋਏ ਦਿੱਤੀਆਂ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਉਣੀ ਚਾਹੀਦੀ ਹੈ।ਉਨ੍ਹਾਂ ਅਜਿਹੇ ਦਰਮਿਆਨ ਲੋਕਾਂ ਨੂੰ ਆਪਣੇ ਘਰਾਂ ਤੋਂ ਬਿਨਾਂ ਕਿਸੇ ਜ਼ਰੂਰੀ ਕੰਮ ਤੋਂ ਬਾਹਰ ਨਹੀਂ ਨਿਕਲਣਾ ਚਾਹੀਦਾ, ਸਗੋਂ ਘਰਾਂ ਜਾਂ ਸੁਰੱਖਿਅਤ ਸਥਾਨਾਂ ਦੇ ਅੰਦਰ ਹੀ ਰਹਿਣਾ ਚਾਹੀਦਾ ਹੈ।ਡਾ. ਪ੍ਰੀਤੀ ਯਾਦਵ ਨੇ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਰਾਸ਼ਨ, ਆਟਾ, ਦਾਲਾਂ, ਤੇਲ, ਪੈਟਰੋਲ, ਐਲ.ਪੀ.ਜੀ ਦੀ ਸਪਲਾਈ ਦੀ ਕੋਈ ਤੋਟ ਨਹੀਂ ਹੈ।ਉਨ੍ਹਾਂ ਕਿਹਾ ਕਿ ਕੋਈ ਵੀ ਆਮ ਨਾਗਰਿਕ ਤੇ ਵਪਾਰੀ ਜ਼ਰੂਰੀ ਵਸਤਾਂ ਦੀ ਕਾਲਾਬਾਜ਼ਾਰੀ ਤੇ ਕਾਹਲੀ ਵਿੱਚ ਖਰੀਦੋ ਫਰੋਖਤ ਜਾਂ ਜਮ੍ਹਾਂਖੋਰੀ ਨਾ ਕਰੇ।

ਉਨ੍ਹਾਂ ਕਿਹਾ ਕਿ ਜਦੋਂ ਵੀ ਕੋਈ ਐਮਰਜੈਂਸੀ ਹੋਈ ਤਾਂ ਜ਼ਿਲ੍ਹਾ ਪ੍ਰਸ਼ਾਸਨ ਸਭ ਨੂੰ ਜ਼ਰੂਰ ਸੂਚਿਤ ਕਰੇਗਾ, ਇਸ ਲਈ ਕੋਈ ਵੀ ਨਾਗਰਿਕ ਕਿਸੇ ਤਰ੍ਹਾਂ ਦੀ ਘਬਰਾਹਟ ਵਿੱਚ ਨਾ ਆਵੇ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੇ ਕੋਈ ਸੂਚਨਾ ਸਾਂਝੀ ਕਰਨ ਹੈ ਜਾਂ ਕੋਈ ਜਾਣਕਾਰੀ ਹਾਸਲ ਕਰਨੀ ਹੈ।

## ਕੇਂਦਰੀ ਵਿਦਿਆਲਿਆ ਸਲਾਈਟ 'ਚ ਕਲਸਟਰ ਪੱਧਰੀ ਬੈਠਕ

**ਲੌਂਗੋਵਾਲ, (ਪ੍ਰਦੀਪ ਸਿੰਘ ਸੱਪਲ)**

ਬਠਿੰਡਾ ਕਲਸਟਰ ਦੀ ਸੈਸ਼ਨ 2025-26 ਲਈ ਕਲਸਟਰ ਪੱਧਰੀ ਬੈਠਕ ਦਾ ਪਹਿਲਾ ਪੜਾਅ ਸਲਾਈਟ ਦੇ ਕੇਂਦਰੀ ਵਿਦਿਆਲਿਆ ਵਿੱਚ ਆਯੋਜਤ ਕੀਤਾ ਗਿਆ।ਪ੍ਰਿੰਸੀਪਲ ਹਰਿਹਰ ਯਾਦਵ ਦੀ ਅਗਵਾਈ ਹੇਠ ਆਯੋਜਤ ਇਸ ਸਮਾਰੋਹ ਵਿੱਚ ਬਠਿੰਡਾ ਕਲਸਟਰ ਦੇ ਅੱਠ ਸਕੂਲਾਂ ਦੇ ਪ੍ਰਿੰਸੀਪਲ, ਮੁੱਖ ਅਧਿਆਪਕ ਤੇ ਸੀਨੀਅਰ ਪ੍ਰਾਇਮਰੀ ਅਧਿਆਪਕਾਂ ਨੇ ਆਪਣੇ-ਆਪਣੇ ਸਕੂਲਾਂ ਦੀ ਤਰਜਮਾਨੀ ਕੀਤੀ।ਇਸ ਮੌਕੇ ਮਹਿਮਾਨਾਂ ਵੱਲੋਂ ਦੀਪ ਜਲਾ ਕੇ ਛੋਟੇ ਬੱਚਿਆਂ ਵੱਲੋਂ ਸਵਾਗਤੀ ਗੀਤ ਪੇਸ਼ ਕੀਤਾ ਗਿਆ।

ਸਕੂਲ ਦੇ ਦੂਜੀ ਜਮਾਤ ਦੇ ਵਿਦਿਆਰਥੀ ਵੰਸ਼ ਅਨੇਜਾ ਨੇ ਸ਼ਾਨਦਾਰ ਭਾਂਗੜਾ ਪੇਸ਼ ਕੀਤਾ, ਜੋ ਪੰਜਾਬ ਰਾਜ ਪੱਧਰ ਮੁਕਾਬਲਿਆਂ 'ਚ ਕਈ ਵਾਰ ਸਨਮਾਨਿਤ ਹੋ ਚੁੱਕਿਆ ਹੈ।ਮੀਟਿੰਗ ਵਿੱਚ ਬਠਿੰਡਾ ਕਲਸਟਰ ਦੇ ਸਾਰੇ ਕੇਂਦਰੀ ਵਿਦਿਆਲਿਆ ਦੇ ਪ੍ਰਿੰਸੀਪਲ, ਮੁੱਖ ਅਧਿਆਪਕਾਂ, ਪ੍ਰਾਇਮਰੀ ਅਧਿਆਪਕਾਂ ਨੇ ਨਿਪੁਣ ਭਾਰਤ ਮਿਸ਼ਨ ਨੂੰ ਪੂਰਾ ਕਰਨ ਲਈ ਵੱਖ-ਵੱਖ ਵਿਸ਼ਿਆਂ ਤੇ ਆਪਣੇ ਵਿਚਾਰ ਪੇਸ਼ ਕੀਤੇ।

10 May Page-8.qxd 5/9/2025 7:49 PM Page 1



# ਅਡਵਾਂਟਾ ਇੰਟਰਪ੍ਰਾਈਜ਼ਜ਼ ਨੇ ਮੱਕੀ ਦੇ ਬੀਜ ਸੰਬੰਧੀ ਲਗਾਇਆ ਸੈਮੀਨਾਰ



**ਬਲਾਚੌਰ (ਜਸਵਿੰਦਰ ਬੈਂਸ)**- ਕੋਈ ਵੀ ਫਸਲ ਉਗਾਉਣ ਵਿੱਚ ਬੀਜ ਦਾ ਹਿੱਸਾ ਕੇਵਲ 10 ਫੀਸਦੀ ਹੀ ਹੁੰਦਾ ਹੈ ਜਦ ਕਿ ਬਾਕੀ ਦੇ 90 ਫੀਸਦੀ ਖਰਚੇ ਹੋਰ ਹੁੰਦੇ ਹਨ। ਪ੍ਰੰਤੂ ਜੇਕਰ ਕਿਸਾਨ ਵੱਲੋਂ 10 ਫੀਸਦੀ ਵਾਲੇ ਬੀਜ ਦੀ ਗਲਤ ਚੋਣ ਕਰ ਲਈ ਜਾਵੇ ਤਾਂ ਉਹ 90 ਫੀਸਦੀ ਦਾ ਵੀ ਨੁਕਸਾਨ ਕਰ ਬੈਠਦਾ ਹੈ। ਇਹ ਪ੍ਰਗਟਾਵਾ ਅਡਵਾਂਟਾ ਇੰਟਰਪ੍ਰਾਈਜਿਸ ਦੇ ਮਾਰਕੀਟਿੰਗ ਡਿਵੈਲਪਮੈਂਟ ਮੈਨੇਜਰ ਨੌਰਦਨ ਇੰਡੀਆ ਬਾਬੂ ਵਿਵੇਕ ਸਰਮਾ ਵੱਲੋਂ ਸ਼ਿਵਾਲਿਕ ਹੋਟਲ ਬਲਾਚੌਰ ਵਿਖੇ ਕਰਵਾਏ ਗਏ ਪੀ ਏ ਸੀ 741 ਮੱਕੀ ਦੇ ਬੀਜ ਸਬੰਧੀ ਇੱਕ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਕਿਸਮ ਦੇ ਬੀਜ ਨਾਲ ਇੱਕ ਖੇਤ ਵਿੱਚੋਂ ਲਗਭਗ 32 ਕੁਇੰਟਲ ਝਾੜ ਲਿਆ ਜਾ ਸਕਦਾ ਹੈ। ਜਿਹੜਾ ਕਿ ਝੋਨੇ ਦੀ ਫਸਲ ਦਾ ਬਦਲ ਸਾਬਤ ਹੋ ਰਿਹਾ ਹੈ। ਇਸ ਤੋਂ ਪਹਿਲਾਂ ਪੰਜਾਬ ਦੇ ਕਿਸਾਨ ਕੋਲ ਝੋਨੇ ਦੇ ਬਦਲ ਸਬੰਧੀ ਕੋਈ ਵੀ ਮੱਕੀ ਦਾ ਯੋਗ ਬੀਜ ਨਹੀਂ ਸੀ ਜਿਸ ਕਾਰਨ ਬਾਕੀ ਬੀਜਾਂ ਨਾਲ ਸਿਰਫ 20- 22 ਕੁਇੰਟਲ ਝਾੜ ਹੀ ਪ੍ਰਾਪਤ ਕੀਤਾ ਜਾ ਸਕਦਾ ਸੀ। ਇਸ ਲਈ ਸਮੁੱਚੇ ਕਿਸਾਨ ਝੋਨਾ ਬੀਜਣ ਲਈ ਮਜਬੂਰ ਸਨ। ਪ੍ਰੰਤੂ ਹੁਣ ਅਡਵਾਂਟਾ ਇੰਟਰਪ੍ਰਾਈਜਜ ਦਾ ਪੀ ਏ ਸੀ 741 ਕਿਸਮ ਦਾ ਬੀਜ ਕਿਸਾਨਾਂ ਨੂੰ ਝੋਨੇ ਦੇ ਬਦਲ ਵੱਜੋਂ ਲਾਹੇਵੰਦ ਹੀ ਸਾਬਤ ਨਹੀਂ ਹੋ ਰਿਹਾ ਸਗੋਂ ਪੰਜਾਬ ਦੇ ਪਾਣੀ ਦੀ ਸਮੱਸਿਆ ਦਾ ਵੀ ਹੱਲ ਸਾਹਮਣੇ ਆਇਆ ਹੈ। ਖੇਤੀਬਾੜੀ ਵਿਕਾਸ ਅਫਸਰ ਨਵਾਂਸ਼ਹਿਰ ਡਾਕਟਰ ਵਿਜੇ ਮਹੈਸੀ ਨੇ ਆਪਣੇ ਸੰਬੋਧਨ ਵਿੱਚ ਕਿਸਾਨਾਂ ਨੂੰ ਯੋਗ ਬੀਜ ਦੀ ਚੋਣ ਸਬੰਧੀ ਪ੍ਰੇਰਿਤ ਕਰਦਿਆਂ ਹੋਇਆਂ ਕਿਹਾ ਕਿ ਇਹ ਹਾਈਬ੍ਰਿਡ ਬੀਜ ਹੀ ਝੋਨੇ ਦੀ ਫਸਲ ਦਾ ਸਹੀ ਬਦਲ ਹੈ। ਇਸ ਤਰ੍ਹਾਂ ਕਰਕੇ ਕਿਸਾਨ ਆਪਣੀ ਆਰਥਿਕਤਾ ਦੇ ਨਾਲ ਨਾਲ ਕੁਦਰਤ ਦੇ ਅਨਮੁੱਲੇ ਖਜਾਨੇ ਲੱਖਾਂ ਲੀਟਰ ਪਾਣੀ ਅਤੇ ਬਿਜਲੀ ਦੀ ਵੀ ਬੱਚਤ ਕਰ ਸਕਦਾ ਹੈ। ਇਸ ਦੌਰਾਨ ਡਾਕਟਰ ਭਰਤ ਸਿੰਘ, ਡਾਕਟਰ ਅਸਵਨੀ ਕੁਮਾਰ, ਡਾਕਟਰ ਅਭਿਸੇਕ ਰਾਣਾ, ਮਹਿੰਦਰ ਪਾਲ ਸਿੰਘ ਖਾਲਸਾ ਨਵਾਂਸ਼ਹਿਰ, ਅੰਕਿਤ ਛਾਬੜਾ ਬਲਾਚੌਰ ਆਦਿ ਵੱਲੋਂ ਵੀ ਫਸਲ ਬੀਜਣ ਸਮੇਂ ਬੀਜ ਦੀ ਠੀਕ ਚੋਣ ਕਰਨ ਲਈ ਪ੍ਰੇਰਿਤ ਕੀਤਾ ਗਿਆ। ਸੈਮੀਨਾਰ ਮੌਕੇ ਪਿਛਲੇ ਸਾਲ ਇਸ ਬੀਜ ਦੀ ਵਰਤੋਂ ਕਰਨ ਉਪਰੰਤ ਪ੍ਰਾਪਤ ਸਿੱਟੇ ਸਾਂਝੇ ਕਰਦਿਆਂ ਹੋਇਆਂ ਕਿਸਾਨ ਕਾਮਰੇਡ ਜੋਗਿੰਦਰ ਸਿੰਘ ਭਗੌਰਾਂ, ਦੀਦਾਰ ਸਿੰਘ ਸੇਤਰਾ ਕੌਲਗੜ੍ਹ, ਮਲਕੀਤ ਸਿੰਘ ਬਛੌੜੀ, ਸਤਵੀਰ ਸਿੰਘ ਖਰੌੜ, ਹਰਕੀਰਤ ਸਿੰਘ ਜਗਤਪੁਰ, ਮਨਦੀਪ ਸਿੰਘ ਦੁਭਾਲੀ ਮੰਡ, ਮਨਜੀਤ ਸਿੰਘ ਆਦਿ ਨੇ ਪੀ ਏ ਸੀ 741 ਦੀਆਂ ਸ਼ਾਨਦਾਰ ਪ੍ਰਾਪਤੀਆਂ ਸਾਂਝੀਆਂ ਕੀਤੀਆਂ। ਇਸ ਮੌਕੇ ਕਿਸਾਨਾਂ ਵੱਲੋਂ ਕੀਤੇ ਗਏ ਸਵਾਲਾਂ ਦੇ ਅਡਵਾਂਟਾ ਇੰਟਰਪ੍ਰਾਈਜ ਦੀ ਟੀਮ ਵੱਲੋਂ ਜਵਾਬ ਵੀ ਦਿੱਤੇ ਗਏ।



# ਹਰੇਕ ਸ਼ੁੱਕਰਵਾਰ ਡੇਂਗੂ ’ਤੇ ਵਾਰ ਮੁਹਿੰਮ ਤਹਿਤ ਜਾਗਰੂਕ ਕੀਤਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਡਾਕਟਰ ਗੁਰਿੰਦਰਜੀਤ ਸਿੰਘ ਅਤੇ ਐਪੀਡੀਮੋਲੋਜਿਸਟ ਡਾਕਟਰ ਰਕੇਸ਼ ਪਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਹਰੇਕ ਸ਼ੁੱਕਰਵਾਰ ਡੇਂਗੂ ’ਤੇ ਵਾਰ ਮੁਹਿੰਮ ਤਹਿਤ ਸਿਹਤ ਵਿਭਾਗ ਦੇ ਕਰਮਚਾਰੀ ਕਰਾਂਤੀ ਪਾਲ ਸਿੰਘ ਰੌੜੀ ਸੁਨੀਲ ਕੁਮਾਰ ਵਲੋਂ ਗੜਸ਼ੰਕਰ ਰੋਡ ਨਵਾਂਸ਼ਹਿਰ ਵਿਖੇ ਲੱਖ ਦਾਤਾ ਪੀਰ ਵਾਲੀ ਗਲੀ ਵਿਖੇ ਘਰ ਘਰ ਜਾ ਕੇ ਲੋਕਾਂ ਨੂੰ ਮਲੇਰੀਆ ਡੇਂਗੂ ਚਿਕਨਗੁਨੀਆ ਦੇ ਲੱਛਣਾਂ ਅਤੇ ਬਚਾਓ ਸਬੰਧੀ ਜਾਣਕਾਰੀ ਦਿੱਤੀ ਗਈ, ਜਿਵੇ ਡੇਂਗੂ ਇੱਕ ਵਾਇਰਲ ਬੁਖਾਰ ਹੈ ਜੋ ਕਿ ਮਾਦਾ ਏਡੀਜ ਨਾਂਅ ਦੇ ਮੱਛਰ ਦੇ ਕੱਟਣ ਨਾਲ ਪੈਦਾ ਹੁੰਦਾ ਹੈ, ਇਹ ਸਾਫ ਖੜ੍ਹੇ ਪਾਣੀ ਵਿਚ ਪੈਦਾ ਹੁੰਦਾ ਹੈ, ਤੇਜ਼ ਸਿਰ ਦਰਦ ਬੁਖਾਰ ਹੋਣਾ ਮਾਸਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ ਹੋਣਾ ਉਲਟੀਆਂ ਲੱਗਣਾ ਨੱਕ ਮੂੰਹ ਅਤੇ ਮਸੂੜਿਆਂ ਵਿੱਚੋਂ ਖੂਨ ਵਗਣਾ ਡੇਂਗੂ ਦੇ ਲੱਛਣ ਹੋ ਸਕਦੇ ਹਨ। ਇਸ ਤੋਂ ਬਚਾਓ ਲਈ ਅਪਣੇ ਆਲੇ ਦੁਆਲੇ ਸਾਫ ਸਫਾਈ ਦਾ ਖਾਸ ਖਿਆਲ ਰੱਖਿਆ ਜਾਵੇ, ਜਿਵੇਂ ਕੂਲਰਾਂ ਗਮਲਿਆਂ ਪੁਰਾਣੇ ਟਾਇਰਾਂ ਆਦਿ ਵਿੱਚ ਪਾਣੀ ਨਾ ਖੜਨ ਦਿਓ ਹਫਤੇ ਵਿੱਚ ਇੱਕ ਦਿਨ ਹਰੇਕ ਸ਼ੁੱਕਰਵਾਰ ਡਰਾਈ ਡੇ ਮਨਾਇਆ ਜਾਵੇ ਰਾਤ ਨੂੰ ਸੌਣ ਸਮੇਂ ਮੱਛਰਦਾਨੀ ਅਤੇ ਮੱਛਰ ਭਜਾਉਣ ਵਾਲੀਆਂ ਕ੍ਰੀਮਾਂ ਦੀ ਵਰਤੋਂ ਕੀਤੀ ਜਾਵੇ। ਡੇਂਗੂ ਦਾ ਟੈਸਟ ਅਤੇ ਇਲਾਜ ਸਾਰੇ ਸਰਕਾਰੀ ਹਸਪਤਾਲਾਂ ਵਿਚ ਫਰੀ ਕੀਤਾ ਜਾਂਦਾ ਹੈ। ਅਗਰ ਕਿਸੇ ਨੂੰ ਸਿਹਤ ਸਬੰਧੀ ਕੋਈ ਮੁਸ਼ਕਲ ਆਵੇ ਤਾਂ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰੇ। ਇਸ ਮੌਕੇ ਸਿਹਤ ਵਿਭਾਗ ਵੱਲੋਂ ਗੁਰਚਰਨ ਜਸਵਿੰਦਰ ਕੁਮਾਰ ਗੁਰਦੇਵ ਕੁਮਾਰ ਮੰਗਲ ਪੂਜਾ ਕਾਂਤਾ ਰਣਜੀਤ ਕੌਰ ਮਨਜੀਤ ਆਸ਼ਾ ਵਰਕਰ ਬਰੀਡਰ ਚੈਕਰ ਅਤੇ ਸੰਧੂ ਨਰਸਿੰਗ ਇੰਸਟੀਚਿਊਟ ਦੇ ਵਿਦਿਆਰਥੀ ਹਾਜ਼ਰ ਸਨ।

# ਖ਼ੂਨਦਾਨ ਕੈਂਪ ਲਗਾਇਆ



**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)** ਚੱਲ ਰਹੇ ਹਲਾਤਾਂ ਦੀ ਗੰਭੀਰਤਾ ਨੂੰ ਦੇਖਦਿਆਂ ਡੀ ਸੀ ਹਿਮਾਂਸ਼ੂ ਅਗਰਵਾਲ ਅਤੇ ਸੈਕਟਰੀ ਰੈਡ ਕਰਾਸ ਸੁਸਾਇਟੀ ਜਲੰਧਰ ਵੱਲੋਂ ਦੁਆਬਾ ਬਲੱਡ ਬੈਂਕ ਦੇ ਸਹਿਯੋਗ ਨਾਲ ਉੱਚੀ ਸੁੱਚੀ ਸਖਸ਼ੀਅਤ ਨਰੇਸ਼ ਪਾਲ ਦੀ ਦੇਖ ਰੇਖ ਹੇਠ ਖ਼ੂਨਦਾਨ ਕੈਂਪ ਲਗਾਇਆ ਗਿਆ। ਜਿਸ ਵਿੱਚ ਬਹੁਤ ਸਾਰੀਆਂ ਨਾਮਵਰ ਸ਼ਖ਼ਸੀਅਤਾਂ, ਸੇਵਾ ਸੁਸਾਇਟੀਆਂ ਆਦਿਕ ਦੇ ਨਾਲ ਨਾਲ ਪੰਜਾਬ ਪੰਜਾਬੀ ਅਤੇ ਪੰਜਾਬੀਅਤ ਦੀ ਸ਼ਾਨ ਦਸਵੰਧ ਗਰੀਬਾਂ ਲਈ ਵੈਲਫੇਅਰ ਸੇਵਾ ਸੁਸਾਇਟੀ ਪੰਜਾਬ ਦੇ ਸੇਵਾਦਾਰ ਵੀਰ ਹਰਜਿੰਦਰ ਪਾਲ ਟੋਨੀ ਕੰਦੋਲਾ ਵੱਲੋਂ ਵੀ ਖੂਨਦਾਨ ਕੈਂਪ ਵਿੱਚ ਹਿੱਸਾ ਪਾਇਆ ਗਿਆ।

# ਪੁਲਸ ਕਮਿਸ਼ਨਰ ਵੱਲੋਂ ਆਵਾਜ਼ ਪ੍ਰਦੂਸ਼ਣ ਦੀ ਰੋਕਥਾਮ ਸੰਬੰਧੀ ਹੁਕਮ ਜਾਰੀ

**ਜਲੰਧਰ (ਸੁਰਿੰਦਰ ਕੁਮਾਰ)** ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਵਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਸ਼ੋਰ ਪ੍ਰਦੂਸ਼ਣ ਦੀ ਰੋਕਥਾਮ ਦੇ ਮੱਦੇਨਜ਼ਰ ਪਬਲਿਕ ਐਮਰਜੈਂਸੀ ਨੂੰ ਛੱਡ ਕੇ ਸਾਇਲੈਂਸ ਜ਼ੋਨ ਵਿੱਚ ਰਾਤ 10 ਵਜੇ ਤੋਂ ਸਵੇਰੇ 6 ਵਜੇ ਤੱਕ ਰਿਹਾਇਸ਼ੀ ਖੇਤਰਾਂ ਅੰਦਰ ਹਾਰਨ ਵਜਾਉਣ ’ਤੇ ਪਾਬੰਦੀ ਲਗਾਈ ਹੈ।ਮਾਣਯੋਗ ਸੁਪਰੀਮ ਕੋਰਟ ਦੇ ਹੁਕਮਾਂ ਦੇ ਹਵਾਲੇ ਨਾਲ ਪੁਲਸ ਕਮਿਸ਼ਨਰ ਵਲੋਂ ਜਾਰੀ ਹੁਕਮਾਂ ਤਹਿਤ ਜਨਤਕ ਥਾਵਾਂ ਦੀ ਸੀਮਾ ’ਤੇ ਜਿਥੇ ਲਾਊਡ ਸਪੀਕਰ ਜਾਂ ਪਬਲਿਕ ਐਡਰੈਸ ਸਿਸਟਮ ਜਾਂ ਕੋਈ ਵੀ ਆਵਾਜ਼ ਪੈਦਾ ਕਰਨ ਵਾਲਾ ਸਰੋਤ ਵਰਤਿਆ ਜਾ ਰਿਹਾ ਹੈ, ਦੀ ਆਵਾਜ਼ ਖੇਤਰ ਲਈ ਨਿਸ਼ਚਿਤ ਆਵਾਜ਼ ਮੁਤਾਬਕ ਰੱਖਣ ਦੇ ਆਦੇਸ਼ ਦਿੱਤੇ ਗਏ ਹਨ। ਹੁਕਮਾਂ ਅਨੁਸਾਰ ਕੋਈ ਵੀ ਵਿਅਕਤੀ ਰਾਤ 10 ਵਜੇ ਤੋਂ ਸਵੇਰੇ 6 ਵਜੇ ਦੇ ਦਰਮਿਆਨ (ਸਿਵਾਏ ਪਬਲਿਕ ਐਮਰਜੈਂਸੀ ਦੇ) ਮੈਰਿਜ ਪੈਲੇਸਾਂ ਤੇ ਹੋਟਲਾਂ ਵਿੱਚ ਢੋਲ ਜਾਂ ਭੋਂਪੂ , ਆਵਾਜ਼ ਪੈਦਾ ਕਰਨ ਵਾਲਾ ਕੋਈ ਯੰਤਰ, ਸਾਊਂਡ ਐਂਪਲੀਫਾਇਰ ਅਤੇ ਡੀ.ਜੇਜ਼ ਆਦਿ ਨਹੀਂ ਵਜਾਏਗਾ। ਇਸੇ ਤਰ੍ਹਾਂ ਪ੍ਰਾਈਵੇਟ ਮਾਲਕੀ ਵਾਲੇ ਸਾਊਂਡ ਸਿਸਟਮ ਜਾਂ ਆਵਾਜ਼ ਪੈਦਾ ਕਰਨ ਵਾਲੇ ਯੰਤਰ ਦਾ ਸ਼ੋਰ ਦਾ ਪੱਧਰ ਪ੍ਰਾਈਵੇਟ ਥਾਂ ਦੀ ਹੱਦ ਖੇਤਰ ਲਈ ਤੈਅ ਸ਼ੋਰ ਮਾਪਦੰਡਾਂ 5 ਡੀ.ਬੀ.(ਏ) ਤੋਂ ਵੱਧ ਨਹੀਂ ਹੋਵੇਗਾ। ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਮਿਊਜ਼ਿਕ ਸਿਸਟਮ ਵਾਲੇ ਵਾਹਨਾਂ ਦੇ ਮਾਮਲੇ ਵਿੱਚ ਇਹ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਕਿ ਮਿਊਜ਼ਿਕ ਸਿਸਟਮ ਰਾਹੀਂ ਪੈਦਾ ਹੋਣ ਵਾਲੀ ਆਵਾਜ਼ ਦਿਨ ਦੇ ਕਿਸੇ ਵੀ ਸਮੇਂ ਵਾਹਨ ਤੋਂ ਬਾਹਰ ਨਾ ਸੁਣਾਈ ਦੇਵੇ। ਜੇਕਰ ਇਨ੍ਹਾਂ ਹੁਕਮਾਂ ਦੀ ਉਲੰਘਣਾ ਪਾਈ ਜਾਂਦੀ ਹੈ ਤਾਂ ਅਜਿਹਾ ਕਰਨ ਵਾਲੇ ਸਾਊਂਡ ਯੰਤਰ ਜ਼ਬਤ ਕਰ ਲਏ ਜਾਣਗੇ। ਇਹ ਹੁਕਮ ਮਿਤੀ 05.07.2025 ਤੱਕ ਲਾਗੂ ਰਹੇਗਾ।

# ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਨੇ ਧੱਕੇ ਨਾਲ ਥੋਪੀ ਜਾ ਰਹੀ ਜੰਗ ਦੀ ਕੀਤੀ ਨਿੰਦਾ

**ਫਿਲੌਰ (ਨਿਰਮਲ)**- ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਤਹਿਸੀਲ ਕਮੇਟੀ ਫ਼ਿਲੌਰ ਦੀ ਵਿਸ਼ੇਸ਼ ਮੀਟਿੰਗ ਫ਼ਿਲੌਰ ਦਫਤਰ ਵਿਖੇ ਹੋਈ ਜਿਸ ਦੀ ਪ੍ਰਧਾਨਗੀ ਗੁਰਦੀਪ ਗੋਗੀ ਨੇ ਕੀਤੀ। ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਨ ਲਈ ਸੂਬਾ ਪ੍ਰਧਾਨ ਮਨਜਿੰਦਰ ਢੇਸੀ ਅਤੇ ਜ਼ਿਲ੍ਹਾ ਸਕੱਤਰ ਅਜੇ ਫਿਲੌਰ ਵਿਸ਼ੇਸ਼ ਤੌਰ ’ਤੇ ਸ਼ਾਮਿਲ ਹੋਏ। ਸਾਥੀ ਢੇਸੀ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਨੌਜਵਾਨਾਂ ਨੂੰ ਬਰਾਬਰ ਵਿਦਿਆ ਸਿਹਤ ਤੇ ਰੁਜ਼ਗਾਰ ਦੀ ਪ੍ਰਾਪਤੀ ਦੀ ਲੜਾਈ ਤੇਜ ਕਰਨ ਦਾ ਸੱਦਾ ਦਿੱਤਾ। ਓਹਨਾਂ ਭਾਰਤ ਅਤੇ ਪਾਕਿਸਤਾਨ ਦੇ ਹੁਕਮਰਾਨਾਂ ਵੱਲੋਂ ਲੋਕਾਂ ਉਪਰ ਧੱਕੇ ਨਾਲ ਥੋਪੀ ਜਾ ਰਹੀ ਜੰਗ ਦੀ ਕਰੜੀ ਸ਼ਬਦਾਂ ਵਿੱਚ ਨਿੰਦਾ ਵੀ ਕੀਤੀ ਅਤੇ ਕਿਹਾ ਕਿ ਦੋਵੇਂ ਦੇਸ਼ਾਂ ਦੇ ਹਾਕਮ ਲੋਕਾਂ ਦੇ ਗਰੀਬੀ ਭੁੱਖਮਰੀ ਅਨਪੜਤਾ ਅਤੇ ਬੇਰੁਜ਼ਗਾਰੀ ਵਰਗੇ ਮੁੱਦੇ ਹੱਲ ਕਰਨ ਵਿੱਚ ਪਿਛਲੇ 70 ਸਾਲਾਂ ਤੋਂ ਨਾ ਕਾਮਯਾਬ ਹੋਏ ਹਨ ਅਤੇ ਇਸੇ ਕਾਰਨ ਦੋਵਾਂ ਦੇਸ਼ਾਂ ਦੇ ਹੁਕਮਰਾਨਾ ਪ੍ਰਤੀ ਲੋਕ ਰੋਹ ਠੱਲਣ ਅਤੇ ਲੋਕਾਂ ਦਾ ਧਿਆਨ ਭਟਕਾਉਣ ਲਈ ਹੀ ਅਜਿਹੀਆਂ ਭਰਾ- ਮਾਰੂ ਜੰਗਾਂ ਕਰਵਾਈਆਂ ਜਾ ਰਹੀਆਂ ਹਨ। ਓਹਨਾਂ ਇਸ ਜੰਗ ਨੂੰ ਫੌਰੀ ਤੌਰ ’ਤੇ ਰੋਕਣ ਦੀ ਅਪੀਲ ਵੀ ਕੀਤੀ ਅਤੇ ਲੋਕਾਂ ਨੂੰ ਸਦਭਾਵਨਾ ਬਣਾਈ ਰੱਖਣ ਦੀ ਅਪੀਲ ਕੀਤੀ । ਇਸ ਮੌਕੇ ਮੀਟਿੰਗ ਦੀ ਫੈਸਲੇ ਜਾਰੀ ਕਰਦਿਆਂ ਸਭਾ ਦੇ ਤਹਿਸੀਲ ਸਕੱਤਰ ਮੱਖਣ ਸੰਗਰਾਮੀ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਵੱਲੋਂ ਕਰਤਾਰ ਸਿੰਘ ਸਰਾਭਾ ਦੀ ਜਨਮ ਦਿਵਸ ਮੌਕੇ ਅਤੇ ਸਭਾ ਤੇ ਸਥਾਪਨਾ ਦਿਵਸ ਨੂੰ ਸਮਰਪਿਤ ਵਿਸ਼ਾਲ ਨੌਜਵਾਨ ਵਿਦਿਆਰਥੀ ਕਨਵੈਂਸ਼ਨ ਜੋ ਜਲੰਧਰ ਦੇ ਦੇਸ਼ ਭਗਤ ਯਾਦਗਾਰ ਹਾਲ ਵਿਖੇ ਕੀਤੀ ਜਾ ਰਹੀ ਵਿੱਚ ਨੌਜਵਾਨ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ। ਉਹਨਾਂ ਕਿਹਾ ਕਿ ਇਸ ਕਨਵੈਂਸ਼ਨ ਵਿੱਚ ਨੌਜਵਾਨਾਂ ਦੇ ਭਖਦੇ ਦੇ ਮਸਲੇ ਜਿਵੇਂ ਬੇਰੁਜਗਾਰੀ, ਨਸ਼ੇ, ਸਿੱਖਿਆ, ਸਿਹਤ ਸਹੂਲਤਾਂ, ਭਰਿਸ਼ਟਾਚਾਰ, ਫਿਰਕਾਪ੍ਰਸਤੀ, ਅਨਪੜਤਾ ਆਦਿ ਵਿਚਾਰੇ ਜਾਣਗੇ ਅਤੇ ਇਹਨਾਂ ਮੁੱਦਿਆਂ ਉੱਪਰ ਸੰਘਰਸ਼ ਨੂੰ ਹੋਰ ਤੇਜ ਕਰਨ ਲਈ ਭਵਿੱਖ ਦੇ ਪ੍ਰੋਗਰਾਮ ਵੀ ਉਡੀਕੇ ਜਾਣਗੇ। ਇਸ ਮੌਕੇ ਵੱਖ ਵੱਖ ਪਿੰਡਾਂ ਤੋਂ ਕਨਵੈਂਸ਼ਨ ਵਿੱਚ ਜਾਣ ਵਾਲੇ ਨੌਜਵਾਨਾਂ ਦੇ ਕੋਟੇ ਵੀ ਲਗਾਏ ਗਏ। ਇਸ ਮੌਕੇ ਗਗਨਦੀਪ ਗੱਗਾ, ਓਂਕਾਰ ਬਿਰਦੀ, ਬਲਦੇਵ ਸਾਹਨੀ , ਸੰਦੀਪ ਸਿੰਘ, ਜੱਸਾ ਰੁੜਕਾ, ਅਮਰੀਕ ਰੁੜਕਾ, ਰਿਕੀ ਮੀਆਵਾਲ, ਸੁਨੀਲ ਭੈਣੀ, ਆਦ ਨੌਜਵਾਨ ਆਗੂ ਵੀ ਹਾਜ਼ਰ ਸਨ।



# ਸੀ ਟੀ ਇੰਸਟੀਚਿਊਟ ਆਫ਼ ਟੈਕਨੋਲੋਜੀ ਐਂਡ ਰਿਸਰਚ ‘ਰੀਅਲ ਹੀਰੋਜ਼’ ਐਵਾਰਡ ਨਾਲ ਸਨਮਾਨਤ



**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਅਧੀਨ ਇੱਕ ਪ੍ਰਮੁੱਖ ਸੰਸਥਾ, ਸੀ ਟੀ ਇੰਸਟੀਚਿਊਟ ਆਫ਼ ਟੈਕਨੋਲੋਜੀ ਐਂਡ ਰਿਸਰਚ (ਨੌਰਥ ਕੈਂਪਸ, ਮਕਸੂਦਾਂ) ਨੂੰ ਟੈਕਨੋਲੋਜੀ ਅਤੇ ਅਕਾਦਮਿਕ ਖੋਜ ਵਿੱਚ ਇਸਦੇ ਸ਼ਾਨਦਾਰ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ ਹੈ। ਇੰਸਟੀਚਿਊਟ ਨੂੰ ਪੰਜਾਬ ਹਰਿਆਣਾ ਹਿਮਾਚਲ ਵੱਲੋਂ ਆਯੋਜਿਤ ‘ਰੀਅਲ ਹੀਰੋਜ਼’ ਸਮਾਗਮ ਵਿੱਚ ‘ਐਕਸੀਲੈਂਸ ਇਨ ਟੈਕਨੋਲੋਜੀ ਐਂਡ ਰਿਸਰਚ’ ਐਵਾਰਡ ਨਾਲ ਨਿਵਾਜਿਆ ਗਿਆ।ਇਸ ਸਨਮਾਨ ਸਮਾਰੋਹ ਵਿੱਚ ਮਾਣਯੋਗ ਹਸਤੀਆਂ, ਜਿਨ੍ਹਾਂ ਵਿੱਚ ਰਾਜ ਕੁਮਾਰ ਚੱਬੇਵਾਲ (ਸਾਂਸਦ, ਹੁਸ਼ਿਆਰਪੁਰ), ਵਿਨੀਤ ਢੀਰ (ਮੇਅਰ, ਜਲੰਧਰ), ਦੀਪਕ ਬਾਲੀ (ਸਲਾਹਕਾਰ, ਪੰਜਾਬ ਟੂਰਿਜ਼ਮ ਐਂਡ ਕਲਚਰਲ ਅਫੇਅਰਜ਼) ਅਤੇ ਮੋਹਿੰਦਰ ਭਗਤ (ਕੈਬਨਿਟ ਮੰਤਰੀ, ਪੰਜਾਬ) ਸ਼ਾਮਲ ਸਨ।।ਡਾ. ਅਨੁਰਾਗ ਸ਼ਰਮਾ (ਕੈਂਪਸ ਡਾਇਰੈਕਟਰ) ਨੇ ਇੰਸਟੀਚਿਊਟ ਦੀ ਤਰਫ਼ੋਂ ਇਹ ਪੁਰਸਕਾਰ ਪ੍ਰਾਪਤ ਕੀਤਾ, ਜੋ ਸੀਟੀ ਪਰਵਾਰ ਲਈ ਇੱਕ ਮਾਣ ਦਾ ਪਲ ਸੀ। ਇਹ ਸਨਮਾਨ ਇੰਸਟੀਚਿਊਟ ਦੀ ਨਵੀਨਤਾ, ਖੋਜ-ਅਧਾਰਿਤ ਸਿੱਖਿਆ ਅਤੇ ਟੈਕਨੋਲੋਜੀਕਲ ਉੱਨਤੀ ਵਿੱਚ ਇਸਦੀ ਅਟੁੱਟ ਲਗਨ ਨੂੰ ਦਰਸਾਉਂਦਾ ਹੈ।ਸੀਟੀ ਗਰੁੱਪ ਆਪਣੇ ਸਾਰੇ ਫੈਕਲਟੀ ਮੈਂਬਰਾਂ, ਖੋਜਕਰਤਾਵਾਂ, ਵਿਦਿਆਰਥੀਆਂ ਅਤੇ ਸਾਥੀਆਂ ਦਾ ਦਿਲ ਤੋਂ ਧੰਨਵਾਦ ਕਰਦਾ ਹੈ, ਜਿਨ੍ਹਾਂ ਦੀਆਂ ਅਥੱਕ ਮਿਹਨਤਾਂ ਨੇ ਇਸ ਪ੍ਰਾਪਤੀ ਨੂੰ ਸੰਭਵ ਬਣਾਇਆ। ਇਹ ਅਵਾਰਡ ਇੱਕ ਮੀਲ ਪੱਥਰ ਹੈ ਅਤੇ ਇੰਸਟੀਚਿਊਟ ਨੂੰ ਖੋਜ ਅਤੇ ਅਕਾਦਮਿਕ ਖੇਤਰ ਵਿੱਚ ਇੱਕ ਨੇਤਾ ਵਜੋਂ ਮਜ਼ਬੂਤ ਕਰਨ ਲਈ ਪ੍ਰੇਰਿਤ ਕਰਦਾ ਹੈ।

# ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਅਣ-ਅਧਿਕਾਰਤ ਜਾਇਦਾਦ ਢਾਹੀ



**ਜਲੰਧਰ (ਰਾਜੇਸ਼ ਥਾਪਾ)** ਪੰਜਾਬ ਸਰਕਾਰ ਦੀ ਨਸ਼ਾ ਵਿਰੋਧੀ ਪਹਿਲਕਦਮੀ ‘ਯੁੱਧ ਨਸ਼ਿਆਂ ਵਿਰੁੱਧ’ ਤਹਿਤ ਜਲੰਧਰ ਨਗਰ ਨਿਗਮ ਵੱਲੋਂ ਜਲੰਧਰ ਕਮਿਸ਼ਨਰੇਟ ਪੁਲਸ ਨਾਲ ਮਿਲ ਕੇ ਸ਼ੁੱਕਰਵਾਰ ਨੂੰ ਬਦਨਾਮ ਨਸ਼ਾ ਤਸਕਰ ਦੀ ਇੱਕ ਗੈਰ-ਕਾਨੂੰਨੀ ਉਸਾਰੀ ਨੂੰ ਢਾਹ ਦਿੱਤਾ ਗਿਆ।ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਦੱਸਿਆ ਕਿ ਆਬਾਦਪੁਰਾ ਵਿਖੇ ਹਨੀ ਕਲਿਆਣ ਦੀ ਗੈਰ-ਕਾਨੂੰਨੀ ਉਸਾਰੀ ਢਾਹੀ ਗਈ ਹੈ। ਹਨੀ ਇੱਕ ਬਦਨਾਮ ਨਸ਼ਾ ਤਸਕਰ ਹੈ, ਜਿਸ ਦੇ ਖਿਲਾਫ਼ 5 ਐਫ.ਆਈ.ਆਰ. ਦਰਜ ਹਨ।ਡਰੱਗ ਮਾਫੀਆ ਨੂੰ ਸਖ਼ਤ ਸੰਦੇਸ਼ ਦੇਣ ਲਈ ਅਜਿਹੀਆਂ ਕਾਰਵਾਈਆਂ ਆਉਣ ਵਾਲੇ ਦਿਨਾਂ ਵਿੱਚ ਵੀ ਜਾਰੀ ਰਹਿਣਗੀਆਂ। ਉਨ੍ਹਾਂ ਅੱਗੇ ਕਿਹਾ ਕਿ ਇਸ ਨਾਲ ਅਜਿਹੇ ਘਿਨਾਉਣੇ ਅਪਰਾਧ ਵਿੱਚ ਸ਼ਾਮਲ ਲੋਕਾਂ ਵਿੱਚ ਡਰ ਪੈਦਾ ਕਰਨ ਵਿੱਚ ਮਦਦ ਮਿਲੇਗੀ।ਉਨ੍ਹਾਂ ਨਸ਼ਿਆਂ ਦੇ ਨੈੱਟਵਰਕ ਨੂੰ ਪੂਰੀ ਤਰ੍ਹਾਂ ਖ਼ਤਮ ਕਰਨ ਦੀ ਕਮਿਸ਼ਨਰੇਟ ਪੁਲਸ ਦੀ ਵਚਨਬੱਧਤਾ ਦੁਹਰਾਉਂਦਿਆਂ ਨਾਗਰਿਕਾਂ ਨੂੰ ਸਰਕਾਰ ਵੱਲੋਂ ਜਾਰੀ ਵਟਸਐਪ ਨੰਬਰ 9779-100-200 ਰਾਹੀਂ ਨਸ਼ਿਆਂ ਨਾਲ ਸਬੰਧਤ ਜਾਣਕਾਰੀ ਸਾਂਝੀ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸੂਚਨਾ ਦੇਣ ਵਾਲਿਆਂ ਦੀ ਪਛਾਣ ਗੁਪਤ ਰੱਖੀ ਜਾਵੇਗੀ।ਇਸ ਦੌਰਾਨ ਵਸਨੀਕਾਂ ਨੇ ਇਸ ਪਹਿਲਕਦਮੀ ਦਾ ਸਵਾਗਤ ਕਰਦਿਆਂ ਇਸਨੂੰ ਨਸ਼ਿਆਂ ਖਿਲਾਫ਼ ਫੈਸਲਾਕੁੰਨ ਜੰਗ ਦੱਸਿਆ।

# ਡੇਂਗੂ ਦੀ ਰੋਕਥਾਮ ਲਈ ਕਿਸੇ ਵੀ ਥਾਂ ਪਾਣੀ ਨਾ ਖੜ੍ਹਾ ਹੋਣ ਦਿੱਤਾ ਜਾਵੇ : ਡਾ. ਕੁਲਵਿੰਦਰ ਮਾਨ

**ਬਲਾਚੌਰ (ਜਸਵਿੰਦਰ ਬੈਂਸ)**— ਬਲਾਚੌਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਕੁਲਵਿੰਦਰ ਮਾਨ ਦੀ ਯੋਗ ਰਹਿਨੁਮਾਈ ਹੇਠ ਸਿਹਤ ਬਲਾਕ ਬਲਾਚੌਰ ਦੀ ਡੇਂਗੂ ਵਿਰੋਧੀ ਟੀਮ ਨੇ ਸ਼ੁੱਕਰਵਾਰ ਨੂੰ ‘ਹਰ ਸ਼ੁੱਕਰਵਾਰ-ਡੇਂਗੂ ’ਤੇ ਵਾਰ’ ਮੈਗਾ ਮੁਹਿੰਮ ਦੀ ਸ਼ੁਰੂਆਤ ਕਰਦਿਆਂ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ, ਬਲਾਚੌਰ ਵਿਖੇ ਡੇਂਗੂ ਤੋਂ ਬਚਾਅ ਲਈ ਆਮ ਲੋਕਾਂ ਨੂੰ ਸਿਹਤ ਸਿੱਖਿਆ ਦਿੱਤੀ।ਇਸ ਮੌਕੇ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ, ਬਲਾਚੌਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਕੁਲਵਿੰਦਰ ਮਾਨ ਨੇ ਆਮ ਲੋਕਾਂ ਨੂੰ ਡੇਂਗੂ ਬੁਖ਼ਾਰ ਦੇ ਲੱਛਣਾਂ, ਕਾਰਨਾਂ, ਬਚਾਅ ਅਤੇ ਇਲਾਜ ਬਾਰੇ ਵਿਸਥਾਰਪੂਰਵਕ ਸਮਝਾਇਆ। ਉਨ੍ਹਾਂ ਆਮ ਲੋਕਾਂ ਨੂੰ ਡੇਂਗੂ ਦੇ ਲਾਰਵੇ ਦੀ ਪਛਾਣ ਬਾਰੇ ਵੀ ਦੱਸਿਆ। ਉਨ੍ਹਾਂ ਆਮ ਲੋਕਾਂ ਨੂੰ ਹਫਤੇ ਵਿੱਚ ਇਕ ਵਾਰ ਜ਼ਰੂਰ ਗਮਲਿਆਂ, ਕੂਲਰਾਂ, ਫ਼ਰਿੱਜ ਦੀਆਂ ਟਰੇਆਂ, ਪੁਰਾਣੇ ਟਾਇਰਾਂ ਅਤੇ ਛੱਤਾਂ ’ਤੇ ਪਏ ਕਬਾੜ ਸਮਾਨ ਵਿੱਚ ਖੜ੍ਹੇ ਪਾਣੀ ਨੂੰ ਸਾਫ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਡੇਂਗੂ ਤੋਂ ਬਚਣ ਦਾ ਇਕੋ-ਇਕ ਕਾਰਗਰ ਤਰੀਕਾ ਹੈ ਕਿ ਕਿਸੇ ਵੀ ਥਾਂ ’ਤੇ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ।ਡਾ ਮਾਨ ਨੇ ਦੱਸਿਆ ਕਿ ਸਿਹਤ ਵਿਭਾਗ, ਪੰਜਾਬ ਦੀਆਂ ਹਦਾਇਤਾਂ ’ਤੇ ‘ਹਰ ਸ਼ੁੱਕਰਵਾਰ, ਡੇਂਗੂ ’ਤੇ ਵਾਰ’ ਮੁਹਿੰਮ ਤਹਿਤ ਲਾਰਵਾ ਖਤਮ ਕਰਨ ਲਈ ਘਰ-ਘਰ ਸਰਵੇ ਤੇ ਜਾਗਰੂਕਤਾ ਮੁਹਿੰਮ ਜ਼ੋਰਾਂ ’ਤੇ ਹੈ। ਉਨ੍ਹਾਂ ਨੇ ਦੱਸਿਆ ਕਿ ਡੇਂਗੂ ਬੁਖ਼ਾਰ ਫੈਲਾਉਣ ਵਾਲੇ ਮੱਛਰ ਦਾ ਲਾਰਵਾ ਕੁੱਝ ਦਿਨਾਂ ਵਿਚ ਖ਼ਤਰਨਾਕ ਮੱਛਰ ਦਾ ਰੂਪ ਲੈ ਲੈਂਦਾ ਹੈ, ਜਿਹੜਾ ਵਿਅਕਤੀ ਦੀ ਜਾਨ ਵੀ ਲੈ ਸਕਦਾ ਹੈ। ਡੇਂਗੂ ਦੇ ਆਮ ਲੱਛਣਾਂ ਵਿਚ ਤੇਜ਼ ਸਿਰਦਰਦ ਅਤੇ ਤੇਜ਼ ਬੁਖ਼ਾਰ, ਮਾਸਪੇਸ਼ੀਆਂ ਅਤੇ ਜੋੜਾਂ ਵਿਚ ਦਰਦ, ਅੱਖ ਦੇ ਪਿਛਲੇ ਹਿੱਸੇ ਵਿਚ ਦਰਦ, ਹਾਲਤ ਖ਼ਰਾਬ ਹੋਣ ’ਤੇ ਨੱਕ, ਮੂੰਹ ਅਤੇ ਮਸੂੜਿਆਂ ਵਿਚੋਂ ਖ਼ੂਨ ਵਗਣਾ, ਜੀਅ ਕੱਚਾ ਹੋਣਾ ਅਤੇ ਉਲਟੀਆਂ ਆਉਣਾ ਆਦਿ ਸ਼ਾਮਲ ਹਨ।ਉਨ੍ਹਾਂ ਇਹ ਵੀ ਦੱਸਿਆ ਕਿ ਡੇਂਗੂ ਬੁਖ਼ਾਰ ਹੋਣ ਦਾ ਕੋਈ ਪੱਕਾ ਮੌਸਮ ਨਹੀਂ ਪਰ ਆਮ ਤੌਰ ’ਤੇ ਇਹ ਬੁਖ਼ਾਰ ਜੁਲਾਈ ਤੋਂ ਲੈ ਕੇ ਨਵੰਬਰ ਅਖ਼ੀਰ ਤੱਕ ਜ਼ਿਆਦਾ ਹੁੰਦਾ ਹੈ। ਡੇਂਗੂ ਬੁਖ਼ਾਰ ਫੈਲਾਉਣ ਵਾਲਾ ਮੱਛਰ ਦਿਨ ਵੇਲੇ ਕੱਟਦਾ ਹੈ ਅਤੇ ਸਾਫ਼ ਪਾਣੀ ਵਿਚ ਪੈਦਾ ਹੁੰਦਾ ਹੈ। ਵਧੇਰੇ ਜਾਣਕਾਰੀ ਲਈ ਸਿਹਤ ਵਿਭਾਗ ਦੀ ਹੈਲਪਲਾਈਨ ਨੰਬਰ 104 ’ਤੇ ਸੰਪਰਕ ਕੀਤਾ ਜਾ ਸਕਦਾ ਹੈ।ਉਨ੍ਹਾਂ ਅੱਗੇ ਦੱਸਿਆ ਕਿ ਡੇਂਗੂ ਇਕ ਬੁਖ਼ਾਰ ਹੈ ਜੋ ਏਡੀਜ਼ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ। ਇਸ ਤੋਂ ਬਚਾਅ ਲਈ ਆਪਣੇ ਸਰੀਰ ਨੂੰ ਚੰਗੀ ਤਰ੍ਹਾਂ ਢੱਕਣ ਲਈ ਪੂਰੇ ਕੱਪੜੇ ਪਾ ਕੇ ਰੱਖਣੇ ਚਾਹੀਦੇ ਹਨ, ਰਾਤ ਨੂੰ ਸੋਣ ਸਮੇਂ ਮੱਛਰਦਾਨੀ ਤੇ ਮੱਛਰ ਭਜਾਉਣ ਵਾਲੀਆਂ ਕਰੀਮਾ ਦੀ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾਂ ਡੇਂਗੂ ਬੁਖਾਰ ਦਾ ਟੈਸਟ ਅਤੇ ਇਲਾਜ ਰਾਜ ਦੇ ਸਾਰੇ ਸਰਕਾਰੀ ਹਸਪਤਾਲਾਂ ’ਚ ਮੁਫਤ ਕੀਤਾ ਜਾਂਦਾ ਹੈ।ਇਸ ਮੌਕੇ ਡਾ. ਸੁਖਜੀਤਪਾਲ ਕੌਰ, ਬਲਾਕ ਐਕਸਟੈਂਸ਼ਨ ਐਜੂਕੇਟਰ ਨਿਰਮਲ ਸਿੰਘ, ਸਿਹਤ ਇੰਸਪੈਕਟਰ ਦਿਲਬਾਗ ਸਿੰਘ, ਰਣਜੀਤ ਕੁਮਾਰ, ਰਾਮ ਗੋਪਾਲ, ਮਨਜੀਤ ਸਿੰਘ, ਰਾਜੇਸ਼ ਕੁਮਾਰ, ਪ੍ਰਵੀਨ ਕੁਮਾਰ ਤੇ ਸੁਰਿੰਦਰ ਸਿੰਘ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।




# ਬਾਬਾ ਰਣਜੀਤ ਸਿੰਘ ਭੋਗਪੁਰ ਵਾਲਿਆਂ ਦਾ ਬਰਸੀ ਸਮਾਗਮ 13 ਨੂੰ

**ਆਦਮਪੁਰ (ਪਰਮਜੀਤ ਸਿੰਘ)**- ਪਰਮ ਪੂਜਨੀਕ ਬ੍ਰਹਮ ਗਿਆਨੀ, ਮਹਾਨ ਤਪੱਸਵੀ, ਸ੍ਰੀਮਾਨ ਸੰਤ ਬਾਬਾ ਰਣਜੀਤ ਸਿੰਘ ਭੋਗਪੁਰ ਵਾਲਿਆਂ ਦਾ 28ਵਾਂ ਬਰਸੀ ਸਮਾਗਮ 13 ਮਈ ਦਿਨ ਮੰਗਲਵਾਰ ਨੂੰ 9 ਸਵੇਰੇ ਵਜੇ ਤੋਂ ਸ਼ਾਮ 4 ਵਜੇ ਤੱਕ ਗੁਰਦੁਆਰਾ ਸ੍ਰੀ ਗੁਰੂ ਹਰਿਗੋਬਿੰਦਗੜ੍ਹ ਸਾਹਿਬ ਭੋਗਪੁਰ ਵਿਖੇ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾਰਿਹਾ ਹੈ। ਇਸ ਮੌਕੇ ਮੁੱਖ ਸੇਵਾਦਾਰ ਸੰਤ ਬਾਬਾ ਤਲਵਿੰਦਰ ਸਿੰਘ ਉਰਫ਼ ਪਰਮੇਸ਼ਰ ਸਿੰਘ ਨੇ ਦੱਸਿਆ ਕਿ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਲੜੀ ਦੇ ਭੋਗ ਪਾਏ ਜਾਣ ਉਪਰੰਤ ਦੀਵਾਨ ਸਜਾਏ ਜਾਣਗੇ ਜਿਸ ਵਿਚ ਭਾਈ ਰਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਬਾਬਾ ਜੋਗਾ ਸਿੰਘ ਰਾਗੀ ਜਥਾ ਅਤੇ ਢਾਡੀ ਸਰੂਪ ਸਿੰਘ ਕਡਿਆਣਾ ਸਮੇਤ ਹੋਰ ਮਹਾਂਪੁਰਸ਼ ਹਾਜ਼ਰ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਨਗੇ।



# 2 ਤਸਕਰ ਚੂਰਾ ਪੋਸਤ ਤੇ ਨਸ਼ੀਲੀਆਂ ਗੋਲੀਆਂ ਸਮੇਤ ਕਾਬੂ

**ਫਿਲੌਰ (ਨਿਰਮਲ)** ਇੰਸਪੈਕਟਰ ਸੰਜੀਵ ਕਪੂਰ ਮੁੱਖ ਅਫਸਰ ਥਾਣਾ ਫਿਲੌਰ ਦੀ ਟੀਮ ਵੱਲੋਂ 2 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ।ਸਰਵਣ ਸਿੰਘ ਬੱਲ, ਪੀ.ਪੀ.ਐਸ, ਉਪ ਪੁਲਸ ਕਪਤਾਨ ਸਬ ਡਵੀਜਨ ਫਿਲੌਰ ਨੇ ਦੱਸਿਆ ਕਿ ਇੰਸਪੈਕਟਰ ਸੰਜੀਵ ਕਪੂਰ ਮੁੱਖ ਅਫਸਰ ਥਾਣਾ ਫਿਲੌਰ ਦੀ ਟੀਮ ਵੱਲੋਂ ਨਸ਼ਾ ਤਸਕਰਾਂ ਖਿਲਾਫ ਚਲਾਏ ਸ਼ਪੈਸਲ ਆਪ੍ਰੇਸ਼ਨ ਦੌਰਾਨ ਨਸ਼ਾ ਤਸਕਰਾਂ ਸਾਹਿਲ ਪੁੱਤਰ ਸੂਰਜ ਵਾਸੀ ਵਾਰਡ ਨੰਬਰ 14, ਅਹੀਆਪੁਰ ਥਾਣਾ ਟਾਂਡਾ ਜ਼ਿਲ੍ਹਾ ਹੁਸ਼ਿਆਰਪੁਰ ਨੂੰ ਗ੍ਰਿਫਤਾਰ ਕਰਕੇ ਇਸਦੇ ਕਬਜਾ ਵਿੱਚੋਂ 130 ਨਸ਼ੀਲੀਆ ਗੋਲੀਆਂ ਮਾਰਕਾ ਐਲਪਰਾਜੋਮ ਬਰਾਮਦ ਕਰਕੇ ਮੁਕੱਦਮਾ ਨੰਬਰ 134 ਜੁਰਮ 22-ਐਨ.ਡੀ.ਪੀ.ਐਸ ਐਕਟ ਥਾਣਾ ਫਿਲੌਰ ਵਿੱਚ ਦਰਜ ਕੀਤਾ। ਇਸੇ ਮੁਹਿੰਮ ਤਹਿਤ ਮਹਿਲਾ ਨਸ਼ਾ ਤਸਕਰ ਰਾਣੋਂ ਪਤਨੀ ਗੇਜਾ ਵਾਸੀ ਸਮਰਾੜੀ ਥਾਣਾ ਫਿਲੌਰ ਜ਼ਿਲ੍ਹਾ ਜਲੰਧਰ ਨੂੰ ਗ੍ਰਿਫਤਾਰ ਕਰਕੇ ਇਸਦੇ ਕਬਜਾ ਵਿੱਚੋਂ 4 ਕਿੱਲੋਗ੍ਰਾਮ ਡੋਡੇ ਚੂਰਾ ਪੋਸਤ ਬਰਾਮਦ ਕਰਕੇ ਮੁਕੱਦਮਾ ਨੰਬਰ 131 ਜੁਰਮ 15 ਐਨ.ਡੀ.ਪੀ.ਐਸ ਐਕਟ ਥਾਣਾ ਫਿਲੌਰ ਦਰਜ ਕੀਤਾ ਗਿਆ। ਜੋ ਮੁਢਲੀ ਪੁੱਛਗਿੱਛ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਇਹ ਪਿੰਡ ਸਮਰਾੜੀ, ਅੱਪਰਾ, ਨਗਰ ਆਦਿ ਵੱਖ ਵੱਖ ਪਿੰਡਾਂ ਵਿੱਚ ਨਸ਼ਾ ਵੇਚਣ ਦਾ ਧੰਦਾ ਕਰ ਰਹੇ ਸੀ। ਇਹਨਾਂ ਦਾ ਪੁਲਸ ਰਿਮਾਂਡ ਹਾਸਲ ਕਰਕੇ ਹੋਰ ਕੀਤੀਆ ਵਾਰਦਾਤਾਂ ਬਾਰੇ ਪੁੱਛਗਿੱਛ ਕੀਤੀ ਜਾ ਰਹੀ ਹੈ।

# ਇੰਨੋਸੈਂਟ ਹਾਰਟਸ ’ਚ ਮਨਾਇਆ ‘ਵਰਲਡ ਰੈੱਡ ਕਰਾਸ ਡੇ’



**ਜਲੰਧਰ (ਸ਼ੈਲੀ ਐਲਬਰਟ)**- ਇੰਨੋਸੈਂਟ ਹਾਰਟਸ ਦੇ ਸਾਰੇ ਪੰਜਾਂ ਸਕੂਲਾਂ (ਗਰੀਨ ਮਾਡਲ ਟਾਊਨ, ਲੋਹਾਰਾਂ, ਨੂਰਪੁਰ ਰੋਡ, ਕੈਂਟ-ਜੰਡਿਆਲਾ ਰੋਡ ਅਤੇ ਕਪੂਰਥਲਾ ਰੋਡ) ਵਿੱਚ ‘ਹੈਲਥ ਐਂਡ ਵੈਲਨੇਸ ਕਲੱਬ’ ਦੇ ਏਂਬੈਸਡਰਸ ਦੁਆਰਾ ‘ਵਰਲਡ ਰੇਡ ਕ੍ਰਾਸ ਡੇ’ ਮਨਾਇਆ ਗਿਆ, ਜਿਸਦਾ ਉਦੇਸ਼ ਬੱਚਿਆਂ ਦੇ ਮਨ ਵਿੱਚ ਸਮਾਜ-ਸੇਵਾ ਦੀ ਭਾਵਨਾ ਨੂੰ ਜਾਗ੍ਰਿਤ ਕਰਨਾ ਸੀ। ਇਸ ਮੌਕੇ ’ਤੇ ਬੱਚਿਆਂ ਤੋਂ ਇੱਕ ਫਰਸਟ ਏਡ ਕਿੱਟ ਤਿਆਰ ਕਰਾਈ ਗਈ ਜਿਸ ਵਿੱਚ ਕੈਂਚੀ, ਪਤਲੀ ਪੱਟੀਆਂ, ਚਿਪਕਨੇ ਵਾਲੀ ਟੇਪ, ਥਰਮਾਮੀਟਰ, ਤ੍ਰੀਕੋਨੀ ਪੱਟੀ ਆਦਿ ਸਭ ਪ੍ਰਾਇਮਰੀ ਥੈਰੇਪੀ ਸਮੱਗਰੀ ਸੀ ਅਤੇ ਇਹ ਵੀ ਸ਼ਾਮਲ ਕੀਤਾ ਗਿਆ ਕਿ ਲੋੜ ਪੈਣ ’ਤੇ ਇਨ੍ਹਾਂ ਦਾ ਇਸਤੇਮਾਲ ਕਿਵੇਂ ਕਰਨਾ ਹੈ।ਇਸ ਮੌਕੇ ’ਤੇ ਸਪੋਰਟਸ ਟੀਮ ਨੇ ਵਿਦਿਆਰਥੀਆਂ ਨੂੰ ਕਿਸੇ ਵੀ ਮਰੀਜ ਨੂੰ ਇਲਾਜ ਸਹਾਇਤਾ ਦੇਣ ਤੋਂ ਪਹਿਲਾਂ ਕਿਸ ਤਰ੍ਹਾਂ ਉਸ ਦੀ ਜਾਨ ਬਚਾਈ ਜਾ ਸਕਦੀ ਹੈ,ਇਸ ਬਾਰੇ ਦੱਸਿਆ। ਉਨ੍ਹਾਂ ਦੇ ਵਿਦਿਆਰਥੀਆਂ ਨੂੰ ਪ੍ਰੈਜ਼ੈਂਟੇਸ਼ਨ ਦੇ ਮਾਧਿਅਮ ਤੋਂ ਇਹ ਵੀ ਪ੍ਰਦਰਸ਼ਿਤ ਕੀਤਾ ਗਿਆ ਹੈ ਮਰੀਜਾਂ ਨੂੰ ਰਿਕਵਰੀ ਪੋਜੀਸ਼ਨ ਵਿੱਚ ਕਿਵੇਂ ਲਿਆਇਆ ਜਾ ਸਕਦਾ ਹੈ। ਇਸ ਵਿੱਚ ਵਿਦਿਆਰਥੀਆਂ ਲਈ ਪ੍ਰਸ਼ਨ ਉੱਤਰ ਸੈਸ਼ਨ ਆਯੋਜਿਤ ਕੀਤਾ ਗਿਆ। ਵਿਦਿਆਰਥੀਆਂ ਵਿੱਚ ਸਾਇੰਸ ਦੇ ਅਧਿਆਪਕਾਂ ਨੇ ਬੱਚਿਆਂ ਨੂੰ ਕਿ ‘ਵਰਲਡ ਰੈਡ ਕ੍ਰਾਸ ਡੇ’ ਹੇਨਰੀ ਡੁਨੇਂਟ ਦੇ ਜਨਮ ਦਿਨ ’ਤੇ ਮਨਾਇਆ ਜਾਂਦਾ ਹੈ। ਜਿਸ ਪ੍ਰਕਾਰ ਰੈਡ ਕਰਾਸ ਸੰਸਥਾ ਆਪਣੇ ਆਪ ਨੂੰ ਵੱਖ-ਵੱਖ ਤਰ੍ਹਾਂ ਦੀਆਂ ਸੇਵਾਵਾਂ ਪ੍ਰਦਾਨ ਕਰਦੀ ਹੈ, ਉਹ ਨਿਸਵਾਰਥ ਭਾਵਨਾ ਤੋਂ ਆਪਣੀਆਂ ਸੇਵਾਵਾਂ ਪ੍ਰਦਾਨ ਕਰਦੀ ਹੈ, ਇਸੇ ਤਰ੍ਹਾਂ ਸਾਨੂੰ ਵੀ ਮਨੁੱਖੀ-ਕਲਿਆਣ ਅਤੇ ਪਰਮਾਰਥ ਲਈ ਆਪਣੇ-ਆਪਣੇ ਪੱਧਰ ’ਤੇ ਜ਼ਰੂਰਤਮੰਦਾਂ ਦੀ ਸਹਾਇਤਾ ਕਰਨੀ ਚਾਹੀਦੀ ਹੈ।

# ਨੰਬਰਦਾਰ ਹਰਜੀਤ ਸਿੰਘ ਦਾਸੂਪੁਰ ਅੱਡਾ ਕਿਸ਼ਨਗੜ੍ਹ ਮਾਰਕੀਟ ਦੇ ਪ੍ਰਧਾਨ ਬਣੇ



**ਕਿਸ਼ਨਗੜ੍ਹ (ਸੁਖਜੀਤ ਕੁਮਾਰ)**- ਪਿਛਲੇ ਦਿਨੀਂ ਅੱਡਾ ਕਿਸ਼ਨਗੜ੍ਹ ਦੇ ਸਮੂਹ ਦੁਕਾਨਦਾਰਾਂ ਦੀ ਇੱਕ ਵਿਸ਼ੇਸ਼ ਮੀਟਿੰਗ ਅੱਡਾ ਕਿਸ਼ਨਗੜ੍ਹ ਦੇ ਦੁਕਾਨਦਾਰਾਂ ਦੀ ਕਮੇਟੀ ਨੂੰ ਲੈ ਕੇ ਹੋਈ ਜਿਸ ਵਿੱਚ 21 ਮੈਂਬਰਾਂ ਦੀ ਚੋਣ ਕੀਤੀ ਗਈ। ਅੱਜ ਅਹੁਦੇਦਾਰਾਂ ਦੀ ਚੋਣ ਸਰਪੰਚ ਗੁਰਬਖ਼ਸ਼ ਸਿੰਘ ਸੁਆਮੀ, ਨੰਬਰਦਾਰ ਰਸ਼ਪਾਲ ਸਿੰਘ ਫੁੱਲ, ਜਸਪ੍ਰੀਤ ਸਿੰਘ ਚਾਹਲ, ਹੈਪੀ ਪਲਾਈ ਵਾਲਾ, ਸੁਖਵਿੰਦਰ ਸਿੰਘ ਤੇਜਾ ਆਦਿ ਦੀ ਅਗਵਾਈ ਵਿੱਚ ਨੇਪਰੇ ਚੜ੍ਹੀ। ਜਿਸ ਵਿੱਚ ਸਰਬ ਸੰਮਤੀ ਨਾਲ ਨੰਬਰਦਾਰ ਹਰਜੀਤ ਸਿੰਘ ਦਾਸੂਪੁਰ ਨੂੰ ਪ੍ਰਧਾਨ ਚੁਣਿਆ ਗਿਆ, ਹਰਵਿੰਦਰ ਸਿੰਘ ਫੁੱਲ ਵਾਈਸ ਪ੍ਰਧਾਨ, ਰਿੱਕੀ ਸਹੋਤਾ ਜਨਰਲ ਸਕੱਤਰ ਅਤੇ ਅਨਿਲ ਸ਼ਰਮਾ ਨੂੰ ਕੈਸ਼ੀਅਰ ਚੁਣਦਿਆਂ ਅਹਿਮ ਜ਼ਿੰਮੇਵਾਰੀ ਸੌਂਪੀ ਗਈ। ਇਸ ਮੌਕੇ ਇਕੱਤਰ ਹੋਏ ਦੁਕਾਨਦਾਰਾਂ ਨੇ ਚੁਣੇ ਗਏ ਪ੍ਰਧਾਨ ਅਤੇ ਅਹੁਦੇਦਾਰਾਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ । ਚੁਣੇ ਗਏ ਨਵ ਨਿਯੁਕਤ ਪ੍ਰਧਾਨ ਨੰਬਰਦਾਰ ਹਰਜੀਤ ਸਿੰਘ ਦਾਸੂਪੁਰ ਨੇ ਕਿਹਾ ਕਿ ਜੋ ਜ਼ਿੰਮੇਵਾਰੀ ਉਹਨਾਂ ਨੂੰ ਅੱਡਾ ਕਿਸ਼ਨਗੜ੍ਹ ਦੇ ਦੁਕਾਨਦਾਰਾਂ ਵੱਲੋਂ ਸੌਂਪੀ ਗਈ ਹੈ, ਉਸ ਨੂੰ ਉਹ ਪਹਿਲ ਦੇ ਆਧਾਰ ’ਤੇ ਪੂਰੀ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਚੁਣੇ ਗਏ ਮੈਂਬਰਾਂ ’ਚ ਡਾ. ਗੁਰਬਖਸ਼ ਸਿੰਘ ਸਵਾਮੀ, ਨੰਬਰਦਾਰ ਰਸ਼ਪਾਲ ਸਿੰਘ ਫੁੱਲ, ਪਰਮਜੀਤ ਸਿੰਘ ਕੰਬੋਜ, ਨਵੀਨ ਕੁਮਾਰ, ਨੰਬਰਦਾਰ ਬਹਾਦਰ ਚੰਦ, ਡਾ. ਪ੍ਰਗਟ ਸਿੰਘ, ਸੁਰਿੰਦਰ ਪਾਲ ਪਟਵਾਰੀ, ਸਵਰਨ ਸਿੰਘ ਨੌਗੱਜਾ, ਜਸਵੰਤ ਰਾਏ, ਹਰਪਾਲ ਸਿੰਘ, ਪਰਗਟ ਸਿੰਘ ਫੁੱਲ, ਸਤਪਾਲ ਸੰਤ ਆਟੋ, ਸ਼ਾਮ ਸੁੰਦਰ, ਬਿੱਟੂ ਖਾਦੀ, ਪੰਕਜ, ਬਰਜੇਸ਼ ਅਰੋੜਾ, ਅੰਮ੍ਰਿਤਪਾਲ ਸੌਂਧੀ ਸ਼ਾਮਲ ਹਨ।

# ਹਾਈਵੇ ’ਤੇ ਲੁੱਟਾਂ-ਖੋਹਾਂ ਕਰਨ ਵਾਲੇ 6 ਵਿਅਕਤੀ ਕਾਬੂ

**ਫਿਲੌਰ (ਨਿਰਮਲ)** ਸਰਵਣ ਸਿੰਘ ਬੱਲ, ਪੀ.ਪੀ.ਐਸ, ਉਪ ਪੁਲਸ ਕਪਤਾਨ ਸਬ ਡਵੀਜਨ ਫਿਲੌਰ ਨੇ ਦੱਸਿਆ ਕਿ ਇੰਸਪੈਕਟਰ ਸੰਜੀਵ ਕਪੂਰ ਮੁੱਖ ਅਫਸਰ ਥਾਣਾ ਫਿਲੌਰ ਦੀ ਟੀਮ ਵੱਲੋਂ ਮਾੜੇ ਅਨਸਰਾਂ ਦੇ ਖਿਲਾਫ ਵਿੱਢੀ ਵਿਸ਼ੇਸ਼ ਮੁਹਿੰਮ ਤਹਿਤ ਪ੍ਰਭਾਵਸ਼ਾਲੀ ਕਾਰਵਾਈ ਅਮਲ ਵਿੱਚ ਲਿਆਉਂਦੇ ਹੋਏ ਨੈਸ਼ਨਲ ਹਾਈਵੇ ਜੀ.ਟੀ ਰੋਡ ਫਿਲੌਰ ਪਰ ਟਰੱਕ ਡਰਾਈਵਰਾਂ ਪਾਸੋਂ ਅਤੇ ਆਮ ਲੋਕਾਂ ਪਾਸੋਂ ਮਾਰੂ ਹਥਿਆਰਾਂ ਦਾ ਡਰਾਵਾ ਦੇ ਕੇ ਲੁੱਟਾਂ ਖੋਹਾਂ ਕਰਨ ਵਾਲੇ ਗਿਰੋਹ ਦੇ 6 ਮੈਂਬਰ, ਜਿਨ੍ਹਾਂ ’ਚ ਬਿਰਜੂ ਪੁੱਤਰ ਰਤਨ ਪਾਸਵਾਨ ਵਾਸੀ ਪੰਜਢੇਰਾ ਜ਼ਿਲ੍ਹਾ ਜਲੰਧਰ, ਨਰਿੰਦਰ ਕੁਮਾਰ ਉਰਫ ਨਿੰਦੀ ਪੁੱਤਰ ਹੁਸਨ ਲਾਲ ਵਾਸੀ ਰਵੀਦਾਸਪੁਰਾ ਮਹੁੱਲਾ ਥਾਣਾ ਫਿਲੌਰ ਜਿਲ੍ਹਾ ਜਲੰਧਰ, ਸਨੀ ਬਾਬਾ ਪੁੱਤਰ ਰਾਮੇਸ ਕੁਮਾਰ ਵਾਸੀ ਜਗਤਪੁਰਾ ਜ਼ਿਲ੍ਹਾ ਜਲੰਧਰ, ਸਤਿੰਦਰ ਸਿੰਘ ਪੁੱਤਰ ਮੁਖਤਿਆਰ ਸਿੰਘ ਵਾਸੀ ਚੂਹੜ ਜ਼ਿਲ੍ਹਾ ਲੁਧਿਆਣਾ, ਕੁਲਦੀਪ ਮਹੁੰਮਦ ਪੁੱਤਰ ਸੋਮ ਮਹੁੰਮਦ ਵਾਸੀ ਮੁਠੱਡਾ ਕਲਾ ਜ਼ਿਲ੍ਹਾ ਜਲੰਧਰ ਅਤੇ ਅੰਜੂ ਰਾਣੀ ਪੁੱਤਰੀ ਅਸ਼ੋਕ ਕੁਮਾਰ ਵਾਸੀ ਅਕਲਪੁਰ ਰੋਡ ਫਿਲੌਰ ਜ਼ਿਲ੍ਹਾ ਜਲੰਧਰ ਹਾਲ ਵਾਸੀ ਖਾਨਪੁਰ ਜ਼ਿਲ੍ਹਾ ਜਲੰਧਰ ਕਾਬੂ ਕਰਕੇ ਉਨ੍ਹਾਂ ਪਾਸੋ ਇਹਨਾਂ ਪਾਸੋ ਖੋਹ ਕੀਤੇ 04 ਮੋਬਾਇਲ ਫੋਨ, 01 ਐਕਟੀਵਾ, 02 ਦਾਤਰ ਲੋਹਾ, 18 ਗ੍ਰਾਮ ਹੈਰੋਇਨ ਅਤੇ 01 ਕਿੱਲੋ 24 ਗ੍ਰਾਮ ਗਾਜਾ ਬ੍ਰਾਮਦ ਕਰਕੇ ਮੁਕੱਦਮਾ ਨੰਬਰ 132 ਅ/ਧ 310(4), 310(5), 111-ਬੀ ਐਨ ਐਸ 20/21/29-61-85 ਐਨ ਡੀ ਪੀ ਐਸ ਐਕਟ ਥਾਣਾ ਫਿਲੌਰ ਦਰਜ ਕੀਤਾ ਗਿਆ। ਜੋ ਮੁੱਢਲੀ ਪੁੱਛਗਿੱਛ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਇਹ ਗਿਰੋਹ ਪਿਛਲੇ ਕਾਫੀ ਸਮੇਂ ਤੋਂ ਨੈਸ਼ਨਲ ਹਾਈਵੇ ਪਰ ਲੁੱਟ ਖੋਹ ਦੀਆਂ ਵਾਰਦਾਤਾਂ ਨੂੰ ਅੰਜ਼ਾਮ ਦਿੰਦੇ ਸਨ। ਇਹਨਾਂ ਦਾ ਪੁਲਸ ਰਿਮਾਂਡ ਹਾਸਲ ਕਰਕੇ ਹੋਰ ਪੁੱਛਗਿੱਛ ਕੀਤੀ ਜਾ ਰਹੀ ਹੈ।

# ਡਾ. ਈਸ਼ਾਂਕ ਵੱਲੋਂ 43.15 ਲੱਖ ਰੁਪਏ ਦੀ ਲਾਗਤ ਨਾਲ ਸਕੂਲਾਂ ’ਚ ਹੋਏ ਕੰਮਾਂ ਦਾ ਉਦਘਾਟਨ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**- ਚੱਬੇਵਾਲ ਵਿਧਾਨ ਸਭਾ ਹਲਕੇ ਦੇ ਵਿਧਾਇਕ ਡਾ. ਈਸ਼ਾਂਕ ਨੇ ਸਿੱਖਿਆ ਕ੍ਰਾਂਤੀ - ਬਦਲਦਾ ਪੰਜਾਬ ਮੁਹਿੰਮ ਤਹਿਤ ਅੱਜ ਵੱਖ-ਵੱਖ ਸਰਕਾਰੀ ਸਕੂਲਾਂ ਦਾ ਉਦਘਾਟਨ ਕਰਦੇ ਹੋਏ ਪਿੰਡਾਂ ਦੀ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਬਣਾਉਣ ਵੱਲ ਇਕ ਹੋਰ ਕਦਮ ਚੁੱਕਿਆ।ਉਨ੍ਹਾਂ ਨੇ ਪਿੰਡ ਹਰਖੋਵਾਲ ਵਿਖੇ ਸਰਕਾਰੀ ਐਲੀਮੈਂਟਰੀ ਸਕੂਲ ਅਤੇ ਸਰਕਾਰੀ ਮਿਡਲ ਸਕੂਲ ਵਿੱਚ 13.50 ਲੱਖ ਰੁਪਏ ਦੀ ਲਾਗਤ ਨਾਲ ਬਣੀਆਂ ਨਵੀਆਂ ਕਲਾਸਾਂ, ਚਾਰਦੀਵਾਰੀ ਅਤੇ ਸਕੂਲ ਦੀ ਨਵੀਨੀਕਰਨ ਕੰਮਾਂ ਦਾ ਉਦਘਾਟਨ ਕੀਤਾ।ਇਸ ਦੇ ਨਾਲ ਹੀ ਪਿੰਡ ਪੰਡੋਰੀ ਕੱਦ ਦੇ ਸਰਕਾਰੀ ਐਲੀਮੈਂਟਰੀ ਸਕੂਲ ਵਿੱਚ 1.50 ਲੱਖ, ਮਹਟਿਆਣਾ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ 19 ਲੱਖ ਅਤੇ ਸਿੰਬਲੀ ਦੇ ਸਰਕਾਰੀ ਐਲੀਮੈਂਟਰੀ ਸਕੂਲ ਵਿੱਚ 9.15 ਲੱਖ ਰੁਪਏ ਦੀ ਲਾਗਤ ਨਾਲ ਹੋਏ ਵਿਕਾਸ ਕਾਰਜਾਂ ਦਾ ਵੀ ਉਦਘਾਟਨ ਕੀਤਾ ਗਿਆ।ਇਨ੍ਹਾਂ ਸਭ ਸਕੂਲਾਂ ਵਿੱਚ ਆਧੁਨਿਕ ਕਲਾਸਾਂ, ਸਾਫ-ਸਫਾਈ ਦੀ ਬਿਹਤਰ ਸਹੂਲਤ ਅਤੇ ਸੁਰੱਖਿਆ ਲਈ ਚਾਰਦੀਵਾਰੀ ਵਰਗੇ ਮੂਲਭੂਤ ਸੁਧਾਰ ਕੀਤੇ ਗਏ ਹਨ।ਇਸ ਮੌਕੇ ਪਿੰਡ ਵਾਸੀਆਂ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਵਿਧਾਇਕ ਡਾ. ਈਸ਼ਾਂਕ ਨੇ ਕਿਹਾ ਕਿ ਸਿੱਖਿਆ ਹੀ ਸਮਾਜ ਨੂੰ ਸਸ਼ਕਤ ਬਣਾਉਣ ਦਾ ਸਭ ਤੋਂ ਵੱਡਾ ਸਾਧਨ ਹੈ। ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਰਾਜ ਦੇ ਹਰ ਪਿੰਡ ਅਤੇ ਕਸਬੇ ਦੇ ਸਕੂਲਾਂ ਨੂੰ ਬਿਹਤਰ ਬਣਾਇਆ ਜਾ ਰਿਹਾ ਹੈ, ਤਾਂ ਜੋ ਬੱਚਿਆਂ ਨੂੰ ਗੁਣਵੱਤਾਪੂਰਨ ਸਿੱਖਿਆ ਮਿਲ ਸਕੇ।ਵਿਧਾਇਕ ਨੇ ਆਪਣੇ ਭਾਸ਼ਣ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਨੂੰ ਨਸ਼ਾਮੁਕਤ ਬਣਾਉਣਾ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਦੱਸਿਆ ਕਿ ਜਲਦੀ ਹੀ ਇਲਾਕੇ ਵਿੱਚ ਨਵੇਂ ਅਧਿਆਪਕਾਂ ਦੀ ਨਿਯੁਕਤੀ ਦੀ ਪ੍ਰਕਿਰਿਆ ਵੀ ਸ਼ੁਰੂ ਕੀਤੀ ਜਾਵੇਗੀ, ਜਿਸ ਨਾਲ ਸਿੱਖਿਆ ਪ੍ਰਣਾਲੀ ਵਿੱਚ ਹੋਰ ਸੁਧਾਰ ਆਏਗਾ।ਇਸ ਮੌਕੇ ਸਤੀਸ਼ ਕੁਮਾਰ ਜ਼ਿਲ੍ਹਾ ਸਮਾਰਟ ਕਲਾਸਰੂਮ ਕੋਆਰਡੀਨੇਟਰ, ਸਰਪੰਚ ਇੰਦਰਜੀਤ ਸਿੰਘ, ਸਰਪੰਚ ਗੁਰਮੀਤ ਸਿੰਘ (ਪਿੰਡ ਢੀਗਣਗੜ੍ਹ), ਮਾਖਣ ਸਿੰਘ (ਪੂਰਵ ਸਰਪੰਚ), ਸਰਪੰਚ ਜਸਵਿੰਦਰ ਜੱਸਾ, ਸਰਪੰਚ ਰੁਪਿੰਦਰ ਸਿੰਘ, ਸਰਪੰਚ ਸੁਨੀਤਾ ਦੇਵੀ (ਢੱਕੋਵਾਲ), ਪਿੰਡ ਪੰਡੋਰੀ ਦੇ ਸਰਪੰਚ ਬੀ.ਬੀ. ਪਰਮਜੀਤ ਸਿੰਘ, ਗੁਰਬਖ਼ਸ਼ ਲੰਬਰਦਾਰ ਪਿੰਡ ਅੱਟੋਵਾਲ, ਜਸਵਿੰਦਰ ਸਿੰਘ ਲੰਬਰਦਾਰ, ਸਰਪੰਚ ਰਘੁਵੀਰ ਸਿੰਘ, ਸਰਪੰਚ ਜਸਪਾਲ ਸਿੰਘ, ਜਗਦੀਪ (ਪੰਚ ਹਰਖੋਵਾਲ), ਆਜ਼ਾਦਪਾਲ ਹਰਭਜਨ ਸਿੰਘ, ਪ੍ਰਿੰਸੀਪਲ ਮ੍ਰਿਦੁਲਾ ਸ਼ਰਮਾ, ਪ੍ਰਿੰਸੀਪਲ ਧਰਮਿੰਦਰ ਸ਼ਰਮਾ, ਪ੍ਰਿੰਸੀਪਲ ਗੁਰਪ੍ਰੀਤ ਸਿੰਘ, ਇੰਚਾਰਜ ਸੁਸ਼ੀਲ ਕੁਮਾਰ (ਸਰਕਾਰੀ ਮਿਡਲ ਸਕੂਲ, ਹਰਖੋਵਾਲ), ਮੁੱਖ ਅਧਿਆਪਿਕਾ ਮੈਨਕਾ ਭੱਟੀ, ਸਦਮ ਸੰਤੋਸ਼, ਮੈਡਮ ਪੂਜਾ ਜੋਸ਼ੀ (ਸਰਕਾਰੀ ਮਿਡਲ ਸਕੂਲ, ਮਰਨਾਈ ਖੁਰਦ), ਸਕੂਲ ਸਟਾਫ, ਪਿੰਡ ਦੇ ਸਰਪੰਚ, ਪੰਚਾਇਤੀ ਮੈਂਬਰ, ਵਿਦਿਆਰਥੀ ਅਤੇ ਮਾਪੇ ਵੱਡੀ ਗਿਣਤੀ ਵਿੱਚ ਮੌਜੂਦ ਰਹੇ।

# ਨੂੰਹ ਦੀ ਮੌਤ ’ਤੇ ਪਤੀ ਤੇ ਸੱਸ ਵਿਰੁੱਧ ਪਰਚਾ ਦਰਜ

**ਕਾਲਾ ਸੰਘਿਆਂ (ਮਨਜੀਤ ਮਾਨ )**- ਬੀਤੇ ਦਿਨੀਂ ਪਿੰਡ ਧਾਲੀਵਾਲ ਬੇਟ ਵਿਖੇ ਸ਼ੱਕੀ ਹਾਲਤ ਵਿੱਚ ਇਕ ਵਿਆਹੁਤਾ ਲੜਕੀ ਦੀ ਲਾਸ਼ ਮਿਲੀ ਸੀ, ਜਿਸ ਸਬੰਧੀ ਢਿਲਵਾਂ ਦੇ ਥਾਣਾ ਮੁਖੀ ਮਨਜੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਰਾਜਵੀਰ ਕੌਰ ਦੀ ਮਾਂ ਕਰਮਜੀਤ ਕੌਰ ਪਤਨੀ ਸਵ: ਪਰਗਟ ਸਿੰਘ ਵਾਸੀ ਪਿੰਡ ਸੁੰਨੜਾਵਾਲਾ ਥਾਣਾ ਸਦਰ ਕਪੂਰਥਲਾ ਵੱਲੋਂ ਦਿਤੇ ਬਿਆਨ ਅਤੇ ਇਸ ਸਬੰਧੀ ਪੁਲਸ ਵੱਲੋਂ ਕੀਤੀ ਗਈ ਜਾਂਚ ਦੇ ਆਧਾਰ ’ਤੇ ਮ੍ਰਿਤਕ ਰਾਜਵੀਰ ਕੌਰ ਦੀ ਸੱਸ ਅਤੇ ਪਤੀ ਅੰਮ੍ਰਿਤਪਾਲ ਸਿੰਘ ਦੇ ਖਿਲਾਫ ਵੱਖ ਵੱਖ ਧਾਰਾਵਾਂ ਤਹਿਤ ਪਰਚਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਮ੍ਰਿਤਕ ਦੀ ਸੱਸ ਮਨਜਿੰਦਰ ਕੌਰ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਜਦ ਕਿ ਮ੍ਰਿਤਕ ਦੇ ਪਤੀ ਅੰਮ੍ਰਿਤਪਾਲ ਸਿੰਘ ਨੂੰ ਗ੍ਰਿਫਤਾਰ ਕਰਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

# ਜਿੰਪਾ ਨੇ ਵਾਰਡ ਨੰਬਰ 36 ’ਚ ਜਲ ਸਪਲਾਈ ਪਾਈਪ ਲਾਈਨ ਦੇ ਕੰਮ ਦੀ ਕਰਵਾਈ ਸ਼ੁਰੂਆਤ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਲਗਾਤਾਰ ਰਾਜ ਦੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਰਹੀ ਹੈ। ਇਸੇ ਲੜੀ ਵਿਚ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਵਾਰਡ ਨੰਬਰ 36 ਵਿਚ 17.86 ਲੱਖ ਰੁਪਏ ਦੀ ਲਾਗਤ ਨਾਲ ਜਲ ਸਪਲਾਈ ਪਾਈਪਲਾਈਨ ਪਾਉਣ ਦੇ ਕੰਮ ਦੀ ਸ਼ੁਰੂਆਤ ਕੀਤੀ।ਵਿਧਾਇਕ ਜਿੰਪਾ ਨੇ ਇਸ ਮੌਕੇ ਕਿਹਾ ਕਿ ਬੀਤੇ ਤਿੰਨ ਸਾਲਾਂ ਵਿਚ ਨਗਰ ਨਿਗਮ ਨੇ ਕਰੋੜਾਂ ਰੁਪਏ ਦੇ ਵਿਕਾਸ ਕਾਰਜ ਕੀਤੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਅਤੇ ਪ੍ਰਸ਼ਾਸਨ ਦਾ ਉਦੇਸ਼ ਹੈ ਕਿ ਜਿਥੇ ਵੀ ਜ਼ਰੂਰਤ ਹੋਵੇ, ਉਥੇ ਨਾਗਰਿਕ ਸੁਵਿਧਾਵਾਂ ਨੂੰ ਪਹਿਲ ਦੇ ਆਧਾਰ ’ਤੇ ਉਪਲਬੱਧ ਕਰਵਾਈਆਂ ਜਾਣ। ਵਿਧਾਇਕ ਜਿੰਪਾ ਨੇ ਕਿਹਾ ਕਿ ਰਾਜ ਸਰਕਾਰ ਜਨਤਾ ਦੀਆਂ ਸਮੱਸਿਆਵਾਂ ਨੂੰ ਸੁਣਨ ਅਤੇ ਉਨ੍ਹਾਂ ਦੇ ਹੱਲ ਕਰਨ ਲਈ ਵਚਨਬੱਧ ਹੈ। ਉਨ੍ਹਾਂ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵਿਕਾਸ ਕੰਮਾਂ ਵਿਚ ਸਹਿਯੋਗ ਦੇਣ ਅਤੇ ਆਪਣੀਆਂ ਸਮੱਸਿਆਵਾਂ ਨੂੰ ਪ੍ਰਸ਼ਾਸਨ ਤੱਕ ਪਹੁੰਚਾਣ ਵਿਚ ਮੋਹਰੀ ਭੂਮਿਕਾ ਨਿਭਾਉਣ।ਪ੍ਰੋਗਰਾਮ ਵਿਚ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰਣਜੀਤਾ ਚੌਧਰੀ, ਬ੍ਰਿਜ ਮੱਟੂ, ਸੁਰਿੰਦਰ ਭੋਗਲ, ਸਤਵੰਤ ਸਿੰਘ ਸਿਆਣ, ਰਾਜਾ, ਬਿੱਲਾ, ਪੰਮਾ, ਅਜੇ ਸੈਣੀ, ਸੰਤੋਸ਼ ਸੈਣੀ, ਵਰਿੰਦਰ ਸ਼ਰਮਾ, ਲਾਲਾ, ਪ੍ਰਦੀਪ ਬਿੱਟੂ ਐਮ.ਸੀ., ਬਾਘਾ ਐਮ.ਸੀ, ਅਜੇ ਭੋਗਲ, ਰਾਕੇਸ਼ ਭੋਗਲ, ਸੱਜਣ ਸਿੰਘ, ਸਤਨਾਮ ਸਿੰਘ ਅਤੇ ਹੋਰ ਸ਼ਖ਼ਸੀਅਤਾਂ ਵੀ ਮੌਜੂਦ ਸਨ।

# ਅਚਾਨਕ ਪਏ ਮੀਂਹ ਨੇ ਕਿਸਾਨ ਤੇ ਆੜ੍ਹਤੀ ਕੀਤੇ ਪ੍ਰੇਸ਼ਾਨ



**ਬਲਾਚੌਰ (ਜਸਵਿੰਦਰ ਬੈਂਸ)**- ਸਥਾਨਕ ਮੰਡੀ ਵਿਖੇ ਅਚਾਨਕ ਪਏ ਮੀਂਹ ਦੇ ਛਰਾਟੇ ਨੇ ਕਿਸਾਨਾਂ ਅਤੇ ਆੜ੍ਹਤੀਆਂ ਦੀ ਚਿੰਤਾ ਵਿੱਚ ਵਾਧਾ ਕਰ ਦਿੱਤਾ। ਦਾਣਾ ਮੰਡੀ ਅੰਦਰ ਜਿੱਥੇ ਬਹੁ ਗਿਣਤੀ ਕਣਕ ਦੀਆਂ ਬੋਰੀਆਂ ਨੂੰ ਤਰਪਾਲਾਂ ਨਾਲ ਢੱਕਿਆ ਗਿਆ ਸੀ ਉੱਥੇ ਅਚਾਨਕ ਮੀਂਹ ਪੈ ਜਾਣ ਕਾਰਨ ਕਣਕ ਦੀਆਂ ਕੁਝ ਢੇਰੀਆਂ ਮੀਂਹ ਦੇ ਪਾਣੀ ਨਾਲ ਭਿੱਜ ਕੇ ਖਰਾਬ ਹੋ ਗਈਆਂ। ਇਸ ਤੋਂ ਇਲਾਵਾ ਕਿਸਾਨਾਂ ਅਤੇ ਆੜ੍ਹਤੀਆਂ ਨੇ ਦੱਸਿਆ ਕਿ ਕਣਕ ਦੀ ਚੁਕਾਈ ਦੀ ਰਫਤਾਰ ਸੁਸਤ ਹੋਣ ਕਾਰਨ ਵੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਿਉਂਕਿ ਦਾਣਾ ਮੰਡੀ ਅੰਦਰ ਬਣੇ ਟੀਨਾ ਵਾਲੇ ਸ਼ੈੱਡ ਵਿੱਚ ਲਿਫਟਿੰਗ ਨਾ ਹੋਣ ਕਾਰਨ ਬੋਰੀਆਂ ਦੇ ਅੰਬਾਰ ਲੱਗੇ ਹੋਏ ਹਨ। ਉਨ੍ਹਾਂ ਦੱਸਿਆ ਕਿ ਜੇਕਰ ਲਿਫਟਿੰਗ ਸਮੇਂ ਸਿਰ ਹੁੰਦੀ ਰਹੇ ਤਾਂ ਖਰਾਬ ਮੌਸਮ ਦੇ ਚਲਦਿਆਂ ਕਣਕ ਦੀ ਫਸਲ ਨੂੰ ਤੁਰੰਤ ਟੀਨਾ ਦੇ ਸ਼ੈੱਡ ਅੰਦਰ ਹੀ ਰਖਵਾਈ ਜਾ ਸਕਦੀ ਹੈ। ਪ੍ਰੰਤੂ ਲਿਫਟਿੰਗ ਸਬੰਧੀ ਪ੍ਰਸ਼ਾਸਨ ਦੀ ਢਿੱਲੀ ਕਾਰਗੁਜ਼ਾਰੀ ਕਾਰਨ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਖਰਾਬ ਮੌਸਮ ਮੌਕੇ ਵੱਡੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਿਸਾਨਾਂ ਅਤੇ ਆੜ੍ਹਤੀਆਂ ਨੇ ਸਰਕਾਰ ਅਤੇ ਪ੍ਰਸ਼ਾਸਨ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਕਣਕ ਦੀ ਸਾਂਭ ਸੰਭਾਲ ਵਿੱਚ ਪੇਸ਼ ਆ ਰਹੀਆਂ ਊਣਤਾਈਆਂ ਨੂੰ ਪਹਿਲ ਦੇ ਅਧਾਰ 'ਤੇ ਦੂਰ ਕੀਤਾ ਜਾਵੇ। ਜ਼ਿਕਰਯੋਗ ਹੈ ਕਿ ਕਿਸਾਨ ਜਿੱਥੇ ਪਹਿਲਾਂ ਹੀ ਬਹੁ ਗਿਣਤੀ ਆਵਾਰਾ ਪਸ਼ੂਆਂ ਤੋਂ ਦੁਖੀ ਹਨ ਉੱਥੇ ਇਸ ਵਾਰ ਪੈ ਰਹੇ ਬੇਮੌਸਮੇ ਮੀਂਹ ਕਾਰਨ ਕਿਸਾਨਾਂ ਨੂੰ ਵੱਡੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

# ਪੰਜਾਬ ਦੇ ਖੇਤੀਬਾੜੀ ਮੰਤਰੀ ਨੇ ਸਾਉਣੀ ਦੀਆਂ ਫਸਲਾਂ ਸਬੰਧੀ ਕੌਮੀ ਖੇਤੀਬਾੜੀ ਕਾਨਫਰੰਸ 'ਚ ਲਿਆ ਹਿੱਸਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਉਹ ਸੂਬੇ ਵਿੱਚ ਫਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਲਈ ਸਾਉਣੀ ਸੀਜ਼ਨ ਦੌਰਾਨ ਝੋਨੇ ਦੇ ਬਦਲ ਵਜੋਂ ਮੱਕੀ, ਕਪਾਹ ਤੇ ਹੋਰ ਆਦਿ ਬਦਲਵੀਆਂ ਫਸਲਾਂ ਦੀ ਕਾਸ਼ਤ ਕਰਨ ਵਾਸਤੇ ਕਿਸਾਨਾਂ ਨੂੰ 17,500 ਰੁਪਏ ਪ੍ਰਤੀ ਹੈਕਟੇਅਰ ਦੇ ਹਿਸਾਬ ਨਾਲ ਨਕਦ ਪ੍ਰੋਤਸਾਹਨ ਰਾਸ਼ੀ ਦਿੱਤੀ ਜਾਵੇ।



ਖੁੱਡੀਆਂ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ 10 ਜੂਨ, 2024 ਨੂੰ ਜਾਰੀ ਪੱਤਰ ਰਾਹੀਂ ਫਸਲੀ ਵਿਭਿੰਨਤਾ ਪ੍ਰੋਗਰਾਮ (ਸੀ.ਡੀ.ਪੀ) ਰਾਹੀਂ ਸੂਬੇ ਵਿੱਚ ਝੋਨੇ ਦੇ ਬਦਲ ਸਬੰਧੀ ਸਪੱਸ਼ਟ ਹੋਏ ਨਿਰਦੇਸ਼ ਜਾਰੀ ਕੀਤੇ ਗਏ ਸਨ। ਉਨ੍ਹਾਂ ਦੱਸਿਆ ਕਿ ਇਸ ਤਹਿਤ ਸਾਉਣੀ ਸੀਜ਼ਨ ਦੌਰਾਨ ਝੋਨੇ ਦੀ ਥਾਂ ਕੋਈ ਹੋਰ ਬਦਲਵੀਂ ਫਸਲ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ 17,500 ਰੁਪਏ ਪ੍ਰਤੀ ਹੈਕਟੇਅਰ ਦੇ ਹਿਸਾਬ ਨਾਲ ਦਾ ਨਕਦ ਪ੍ਰੋਤਸਾਹਨ ਰਾਸ਼ੀ ਦੇਣ ਬਾਰੇ ਕਿਹਾ ਗਿਆ ਸੀ। ਉਨ੍ਹਾਂ ਕਿਹਾ ਕਿ ਇਸ ਪੱਤਰ ਮੁਤਾਬਕ ਪ੍ਰਤੀ ਕਿਸਾਨ 5 ਹੈਕਟੇਅਰ ਤੱਕ ਇਸ ਸਕੀਮ ਤਹਿਤ ਲਾਭ ਲੈ ਸਕਦਾ ਹੈ। ਇਸ ਪੱਤਰ ਦੀ ਲਗਾਤਾਰਤਾ ਵਿਚ ਪਿਛਲੇ ਸਾਲ ਨਵੰਬਰ ਤੇ ਦਸੰਬਰ ਵਿਚ ਦੋ ਹੋਰ ਜਾਰੀ ਕੀਤੇ ਪੱਤਰਾਂ ਵਿਚ ਇਸ ਨਕਦ ਪ੍ਰੋਤਸਾਹਨ ਰਾਸ਼ੀ ਦੇਣ ਦਾ ਕੋਈ ਜ਼ਿਕਰ ਨਹੀਂ ਕੀਤਾ ਗਿਆ, ਜਿਸ ਨੇ ਕਿਸਾਨਾਂ ਲਈ ਅਨਿਸ਼ਚਿਤਤਾ ਦੀ ਸਥਿਤੀ ਪੈਦਾ ਕਰ ਦਿੱਤੀ ਹੈ। ਖੁੱਡੀਆਂ ਇੱਥੇ ਕੇਂਦਰੀ ਖੇਤੀਬਾੜੀ ਮੰਤਰਾਲੇ ਵੱਲੋਂ ਇੰਡੀਆ ਪੂਸਾ ਕੰਪਲੈਕਸ ਵਿਖੇ ਸਾਉਣੀ ਦੀਆਂ ਫਸਲਾਂ ਸਬੰਧੀ ਕਰਵਾਈ ਗਈ ਕੌਮੀ ਖੇਤੀਬਾੜੀ ਕਾਨਫਰੰਸ-2025 ਵਿਚ ਹਿੱਸਾ ਲੈਣ ਪੁੱਜੇ ਸਨ। ਇਸ ਕਾਨਫਰੰਸ ਦਾ ਉਦਘਾਟਨ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਚੌਹਾਨ ਨੇ ਕੀਤਾ।

# ਰੱਕੜਾਂ ਢਾਹਾਂ ਨੇ ਪਿੰਡ ਨੂੰ ਨਸ਼ਾ ਮੁਕਤ ਕਰਨ ਦਾ ਲਿਆ ਸੰਕਲਪ



**ਬਲਾਚੌਰ (ਜਸਵਿੰਦਰ ਬੈਂਸ)**- ਗ੍ਰਾਮ ਪੰਚਾਇਤ ਰੱਕੜਾਂ ਢਾਹਾਂ, ਨੰਬਰਦਾਰਾਂ, ਪਤਵੰਤੇ ਅਤੇ ਪਿੰਡ ਵਾਸੀਆਂ ਨੇ ਇਕੱਠ ਕਰਕੇ ਪਿੰਡ ਨੂੰ ਨਸ਼ਾ ਮੁਕਤ ਕਰਨ ਦਾ ਸੰਕਲਪ ਲਿਆ। ਪਿੰਡ ਵਾਸੀਆਂ ਸਮੇਤ ਇਕੱਠ ਵਿੱਚ ਨਸ਼ਾ ਪੀੜਤ ਨੌਜਵਾਨ ਅਤੇ ਉਨ੍ਹਾਂ ਦੇ ਮਾਪੇ ਵੀ ਸ਼ਾਮਲ ਸਨ। ਮਾਸਟਰ, ਪ੍ਰੇਮ ਰੱਕੜ ਸਰਪੰਚ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗ੍ਰਾਮ ਪੰਚਾਇਤ, ਨੰਬਰਦਾਰ, ਪਿੰਡ ਦੇ ਪਤਵੰਤੇ, ਪਿੰਡ ਦੀਆਂ ਸਮਾਜਸੇਵੀ, ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਪਿੰਡ ਵਿਚੋਂ ਨਸ਼ੇ ਦਾ ਕੋਹੜ ਖਤਮ ਕਰਨ ਲਈ ਪਿਛਲੇ ਕਾਫੀ ਸਮੇਂ ਤੋਂ ਯਤਨਸ਼ੀਲ ਹਨ। ਪਿੰਡ ਵਿੱਚ ਮੀਟਿੰਗਾਂ, ਅਨਾਊਂਸਮੈਂਟਾਂ, ਮਨੋਵਿਗਿਆਨੀਆ, ਮਾਹਿਰ ਡਾਕਟਰਾਂ ਦੇ ਪਿੰਡ ਵਿੱਚ ਸੈਮੀਨਾਰ ਕਰਵਾਕੇ, ਨਸ਼ਾ ਪੀੜਤਾਂ ਨੂੰ ਨਸ਼ਾ ਤਿਆਗਣ ਲਈ ਪ੍ਰੇਰਿਆ ਜਾ ਰਿਹਾ ਹੈ। ਪਿੰਡ ਵਿੱਚ ਨਸ਼ਾ ਵੇਚਣ ਵਾਲਿਆਂ ਵਿਰੁੱਧ ਚੌਕਸੀ ਵਰਤੀ ਜਾ ਰਹੀ ਹੈ। ਇਕੱਠ ਵਿੱਚ ਨਸ਼ਾ ਪੀੜਤ ਨੌਜਵਾਨਾਂ ਅਤੇ ਉਨ੍ਹਾਂ ਦੇ ਮਾਪਿਆਂ ਵੱਲੋਂ ਪਿੰਡ ਵਾਸੀਆਂ ਸਾਹਮਣੇ ਪੰਜਾਬ ਸਰਕਾਰ ਵੱਲੋਂ, ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅਤੇ ਪਿੰਡ ਵਾਸੀਆਂ ਵੱਲੋਂ ਪਿੰਡ ਨੂੰ ਨਸ਼ਾ ਮੁਕਤ ਕਰਨ ਦੇ ਯਤਨਾਂ ਨੂੰ ਪੂਰਨ ਸਹਿਯੋਗ ਦੇਣ ਦਾ ਵਿਸ਼ਵਾਸ ਦਵਾਇਆ ਅਤੇ ਨਸ਼ਾ ਪੀੜਤ ਨੌਜਵਾਨਾਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਇਲਾਜ ਕਰਾਉਣ ਦਾ ਵਾਅਦਾ ਕੀਤਾ। ਇਕੱਠ ਨੂੰ ਨੰਬਰਦਾਰ ਗੁਰਮੇਲ ਸਿੰਘ, ਜਸਵੀਰ ਸਿੰਘ, ਸੁਰਿੰਦਰ ਸਿੰਘ, ਪੰਚ ਪਰਮਿੰਦਰ ਸਿੰਘ, ਕੁਲਵਿੰਦਰ ਕੌਰ ਪੰਚ, ਬਲਦੇਵ ਰਾਜ ਸਾਬਕਾ ਸਰਪੰਚ, ਭਾਗ ਸਿੰਘ ਰੱਕੜ, ਕੈਪਟਨ ਬਹਾਦਰ ਸਿੰਘ, ਕਾਮਰੇਡ ਰਾਮ ਕੁਮਾਰ ਸੈਪਲਾ ਨੇ ਸੰਬੋਧਨ ਕੀਤਾ।

# ਜੁਗਾੜੂ ਵਾਹਨਾਂ ਦੀ ਵਧਦੀ ਗਿਣਤੀ ਨੂੰ ਰੋਕਣ ਲਈ ਦਿੱਤਾ ਮੰਗ ਪੱਤਰ



**ਬਲਾਚੌਰ (ਜਸਵਿੰਦਰ ਬੈਂਸ)**- ਪਿਛਲੇ ਕਾਫੀ ਲੰਮੇ ਸਮੇਂ ਤੋਂ ਇਥੇ ਚੱਲ ਰਹੇ ਜੁਗਾੜੂ ਵਾਹਨਾਂ ਨੂੰ ਰੋਕਣ ਵਾਸਤੇ ਐਸ ਡੀ ਐਮ ਲਈ ਮੰਗ ਪੱਤਰ ਸੌਂਪਿਆ ਗਿਆ। ਇਹ ਮੰਗ ਪੱਤਰ ਯੂਨੀਅਨ ਪ੍ਰਧਾਨ ਅਤੇ ਹੋਰ ਮੈਂਬਰਾਂ ਵੱਲੋਂ ਨਾਇਬ ਤਹਿਸੀਲਦਾਰ ਨੂੰ ਦਿੱਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਯੂਨੀਅਨ ਦੇ ਪ੍ਰਧਾਨ ਨਿਰਮਲ ਸਿੰਘ, ਵਾਇਸ ਪ੍ਰਧਾਨ ਮਨਜੀਤ ਸਿੰਘ, ਜਗਤਾਰ ਸਿੰਘ, ਹੰਸਰਾਜ ਰਾਮਪਾਲ, ਮੋਹਨ ਲਾਲ, ਨਰੇਸ਼ ਕੁਮਾਰ, ਅਸਵਨੀ ਕੁਮਾਰ, ਬੁੱਧ ਸਿੰਘ ਲਾਡੀ, ਕੁਲਵੰਤ ਸਿੰਘ, ਹਰਮੇਸ ਕੁਮਾਰ, ਬਲਵਿੰਦਰ ਸਿੰਘ, ਪ੍ਰਿਅੰਕਾ, ਪਵਨ ਕੁਮਾਰ, ਮਨੋਜ ਕੁਮਾਰ, ਫੌਜੀ, ਤਾਰਾ ਸਿੰਘ, ਰਾਜਕੁਮਾਰ, ਕੁਲਦੀਪ ਕੁਮਾਰ ਨੇ ਦੱਸਿਆ ਕਿ ਦਿਨ ਪ੍ਰਤੀ ਦਿਨ ਜੁਗਾੜੂ ਵਾਹਨਾਂ ਦੀ ਇਲਾਕੇ ਅੰਦਰ ਭਰਮਾਰ ਹੁੰਦੀ ਜਾ ਰਹੀ ਹੈ ਅਤੇ ਉਨ੍ਹਾਂ ਦਾ ਕਾਰੋਬਾਰ ਠੱਪ ਹੁੰਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਈ ਵਾਰ ਅਜਿਹੇ ਦਿਨ ਵੀ ਆਉਂਦੇ ਹਨ ਜਦੋਂ ਬਿਨਾਂ ਕੁਝ ਕਮਾਏ ਘਰ ਜਾਣਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਇੱਕ ਪਾਸੇ ਸਰਕਾਰ ਵੱਲੋਂ ਬਣਾਏ ਕਾਨੂੰਨ ਸ਼ਾਇਦ ਸਾਡੇ ਲਈ ਹੀ ਬਣਾਏ ਗਏ ਹਨ ਕਿਉਂਕਿ ਸਰਕਾਰ ਨੂੰ ਟੈਕਸ ਅਤੇ ਇੰਸ਼ੋਰੈਂਸ ਆਦਿ ਤੋਂ ਆਮਦਨ ਹੁੰਦੀ ਹੈ ਪਰ ਕੋਈ ਨਹੀਂ ਸੁਣਦਾ। ਉਨ੍ਹਾਂ ਕਿਹਾ ਕਿ ਜੁਗਾੜੂ ਰਿਕਸ਼ਾ ਵਾਲਿਆਂ ਕੋਲ ਨਾ ਤਾਂ ਕੋਈ ਪਰਮਿਟ ਹੈ ਅਤੇ ਨਾ ਹੀ ਕੋਈ ਇਨ੍ਹਾਂ ਦੀ ਜਾਂਚ ਕਰਦਾ ਹੈ। ਉਹ ਇੱਕ ਕੁਇੰਟਲ ਤੋਂ ਲੈ ਕੇ ਢਾਈ ਕੁਇੰਟਲ ਤੱਕ ਦਾ ਸਮਾਨ ਇੱਕੋ ਵਾਰ ਲੈ ਜਾਂਦੇ ਹਨ। ਉਨ੍ਹਾਂ ਕਿਹਾ ਕਿ ਕਈ ਵਾਰ ਸਰਕਾਰ ਨੂੰ ਇਨ੍ਹਾਂ ਨੂੰ ਬੰਦ ਕਰਨ ਲਈ ਕਿਹਾ ਗਿਆ ਜਾਂ ਫਿਰ ਟੈਕਸ ਲਾਉਣ ਦੀ ਗੱਲ ਹੋਈ ਪਰ ਨਾ ਤਾਂ ਟੈਕਸ ਲਾਇਆ ਗਿਆ ਹੈ ਅਤੇ ਨਾ ਹੀ ਬੰਦ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਹਾਈਕੋਰਟ ਦੇ ਹੁਕਮ ਵੀ ਆਏ ਹਨ ਪਰ ਮਾਨਯੋਗ ਹਾਈਕੋਰਟ ਦੇ ਹੁਕਮਾਂ ਨੂੰ ਕੋਈ ਨਹੀਂ ਮੰਨਦਾ। ਜੇਕਰ ਸਰਕਾਰ ਅਤੇ ਪ੍ਰਸ਼ਾਸਨ ਨੇ ਇਸ ਮੁੱਦੇ 'ਤੇ ਜਲਦੀ ਕੋਈ ਕਾਰਵਾਈ ਨਾ ਕੀਤੀ ਤਾਂ ਉਨ੍ਹਾਂ ਨੂੰ ਸੰਘਰਸ਼ ਦਾ ਰਾਹ ਚੱਲਣ ਲਈ ਮਜਬੂਰ ਹੋਣਾ ਪਵੇਗਾ।

# ਸੈਨਿਕਾਂ, ਸਾਬਕਾ ਸੈਨਿਕਾਂ ਤੇ ਆਸ਼ਰਿਤਾਂ ਦੀਆਂ ਮੁਸ਼ਕਲਾਂ ਤੁਰੰਤ ਹੱਲ ਕੀਤੀਆਂ ਜਾਣ : ਵਧੀਕ ਡਿਪਟੀ ਕਮਿਸ਼ਨਰ

**ਜਲੰਧਰ (ਸੁਰਿੰਦਰ ਕੁਮਾਰ)** ਵਧੀਕ ਡਿਪਟੀ ਕਮਿਸ਼ਨਰ (ਜਨਰਲ) ਵਿਵੇਕ ਮੋਦੀ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿਖੇ ਜ਼ਿਲ੍ਹਾ ਸੈਨਿਕ ਬੋਰਡ ਦੀ ਤਿਮਾਹੀ ਮੀਟਿੰਗ ਹੋਈ, ਜਿਸ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ-ਕਮ-ਸਕੱਤਰ ਜ਼ਿਲ੍ਹਾ ਸੈਨਿਕ ਬੋਰਡ, ਜਲੰਧਰ ਕਮਾਂਡਰ ਬਲਵਿੰਦਰ ਸਿੰਘ ਤੋਂ ਇਲਾਵਾ ਸੈਨਿਕ ਬੋਰਡ ਦੇ ਨਾਨ ਆਫਿਸ਼ੀਅਲ ਮੈਂਬਰ ਸ਼ਾਮਿਲ ਹੋਏ।ਵਧੀਕ ਡਿਪਟੀ ਕਮਿਸ਼ਨਰ (ਜਨਰਲ) ਵਿਵੇਕ ਮੋਦੀ ਨੇ ਕਿਹਾ ਕਿ ਦੇਸ਼ ਦੀਆਂ ਸਰਹੱਦਾਂ 'ਤੇ ਤਾਇਨਾਤ ਸੇਵਾ ਕਰ ਰਹੇ ਸੈਨਿਕਾਂ, ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀਆਂ ਦੁੱਖ-ਤਕਲੀਫਾਂ ਤੇ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨਾ ਸਾਡਾ ਸਭ ਦਾ ਮੁੱਢਲਾ ਫਰਜ਼ ਬਣਦਾ ਹੈ। ਉਨ੍ਹਾ ਨੇ ਅਧਿਕਾਰੀਆਂ ਨੂੰ ਕਿਹਾ ਕਿ ਸੈਨਿਕਾਂ ਦੀਆਂ ਸਮੱਸਿਆਵਾਂ ਤੇ ਮੁਸ਼ਕਲਾਂ ਨੂੰ ਤਰਜੀਹ ਦੇ ਆਧਾਰ 'ਤੇ ਹੱਲ ਕੀਤਾ ਜਾਵੇ ਅਤੇ ਉਨ੍ਹਾਂ ਨੂੰ ਦਫ਼ਤਰਾਂ ਵਿੱਚ ਬਣਦਾ ਮਾਣ-ਸਨਮਾਨ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਸਾਬਕਾ ਸੈਨਿਕਾਂ ਦੀ ਬਿਹਤਰੀ ਅਤੇ ਸਰਕਾਰ ਵਲੋਂ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਨੂੰ ਹੋਰ ਸੁਚਾਰੂ ਢੰਗ ਨਾਲ ਲਾਗੂ ਕੀਤਾ ਜਾਵੇ ਅਤੇ ਝੰਡਾ ਦਿਵਸ ਫੰਡ ਵਿੱਚ ਵੱਧ ਤੋਂ ਵੱਧ ਯੋਗਦਾਨ ਪਾਇਆ ਜਾਵੇ। ਇਸ ਮੌਕੇ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਕਮਾਂਡਰ ਬਲਵਿੰਦਰ ਸਿੰਘ ਵਲੋਂ ਪਿਛਲੇ ਵਿੱਤੀ ਸਾਲ 2024-25 ਦੌਰਾਨ ਹੋਈ ਕਾਰਗੁਜ਼ਾਰੀ ਤੋਂ ਜਾਣੂ ਕਰਵਾਇਆ ਗਿਆ। ਉਨ੍ਹਾਂ ਨੇ ਮੀਟਿੰਗ ਵਿੱਚ ਹਾਜ਼ਰ ਮੈਂਬਰਾਂ ਨੂੰ ਕਿਹਾ ਕਿ ਕੇਂਦਰੀ ਸੈਨਿਕ ਬੋਰਡ ਅਤੇ ਪੰਜਾਬ ਸਰਕਾਰ ਵਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਭਲਾਈ ਸਕੀਮਾਂ ਬਾਰੇ ਆਪੋ-ਆਪਣੇ ਅਧਿਕਾਰ ਖੇਤਰ ਵਿੱਚ ਵੱਧ ਤੋਂ ਵੱਧ ਪ੍ਰਚਾਰ ਕੀਤਾ ਜਾਵੇ ਤਾਂ ਜੋ ਸਾਬਕਾ ਸੈਨਿਕ ਤੇ ਉਨ੍ਹਾਂ ਦੇ ਆਸ਼ਰਿਤਾਂ ਨੂੰ ਇਨ੍ਹਾਂ ਸਕੀਮਾਂ ਦਾ ਲਾਭ ਦਿਵਾਇਆ ਜਾ ਸਕੇ। ਉਨ੍ਹਾਂ ਦੱਸਿਆ ਕਿ ਪਿਛਲੀ ਮੀਟਿੰਗ ਦੌਰਾਨ ਵਿਚਾਰੇ ਗਏ ਵੱਖ-ਵੱਖ ਮੁੱਦਿਆਂ ਨੂੰ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੇ ਵਿਸ਼ੇਸ਼ ਉਪਰਾਲਿਆਂ ਸਦਕਾ ਹੱਲ ਕੀਤਾ ਗਿਆ ਹੈ। ਇਸ ਮੌਕੇ ਫੌਜ ਦੇ ਅਦਾਰਿਆਂ ਵੱਲੋਂ ਨਾਮਜ਼ਦ ਅਧਿਕਾਰੀਆਂ ਵੱਲੋਂ ਉਠਾਏ ਗਏ ਵੱਖ-ਵੱਖ ਮੁੱਦਿਆਂ 'ਤੇ ਵੀ ਚਰਚਾ ਕੀਤੀ ਗਈ ਅਤੇ ਉਹਨਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨ ਦਾ ਯਕੀਨ ਦੁਆਇਆ ਗਿਆ। ਮੀਟਿੰਗ ਵਿੱਚ ਐਸ.ਡੀ.ਐਮ. ਜਲੰਧਰ-2 ਬਲਬੀਰ ਰਾਜ ਸਿੰਘ, ਐਸ.ਡੀ.ਐਮ. ਸ਼ਾਹਕੋਟ ਸ਼ੁਭੀ ਆਂਗਰਾ, ਐਸ.ਡੀ.ਐਮ.ਨਕੋਦਰ ਲਾਲ ਵਿਸ਼ਵਾਸ ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਵਿਸ਼ਵ ਰੈੱਡ ਕਰਾਸ ਦਿਵਸ ਮਨਾਇਆ




**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਮੰਗੇਸ਼ ਸੂਦ, ਸਕੱਤਰ, ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵਲੋਂ ਦੱਸਿਆ ਗਿਆ ਕਿ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ, ਹੁਸ਼ਿਆਰਪੁਰ ਵਲੋਂ ਵਿਸ਼ਵ ਰੈੱਡ ਕਰਾਸ ਦਿਵਸ ਮਨਾਇਆ ਗਿਆ। ਵਿਸ਼ਵ ਰੈੱਡ ਕਰਾਸ ਦਿਵਸ ਦੇ ਮੌਕੇ 'ਤੇ ਰੈੱਡ ਕਰਾਸ ਸੁਸਾਇਟੀ ਵਲੋਂ ਰੈੱਡ ਕਰਾਸ ਵੋਕੇਸ਼ਨਲ ਟਰੇਨਿੰਗ ਸੈਂਟਰ ਦੀਆਂ ਸਿਖਿਆਰਥਣਾਂ ਅਤੇ ਸਟਾਫ ਮੈਂਬਰਾਂ ਨੂੰ ਰੈੱਡ ਕਰਾਸ ਸੁਸਾਇਟੀ ਬਾਰੇ ਜਾਣਕਾਰੀ ਦਿੱਤੀ। ਉਹਨਾਂ ਵਲੋਂ ਦੱਸਿਆ ਗਿਆ ਰੈੱਡ ਕਰਾਸ ਇੱਕ ਸਮਾਜ ਭਲਾਈ ਦੀ ਸੰਸਥਾ ਹੈ ਜੋ ਕਿ ਸਮੇਂ ਸਮੇਂ 'ਤੇ ਸਮਾਜ ਵਿੱਚ ਆਏ ਸੰਕਟਾਂ ਲਈ ਲੋਕਾਂ ਨਾਲ ਖੜੀ ਰਹਿੰਦੀ ਹੈ। ਉਹਨਾਂ ਨੇ ਵਿਦਿਆਰਥਣਾਂ ਨੂੰ ਰੈੱਡ ਕਰਾਸ ਵਲੰਟੀਅਰ ਬਣਨ ਲਈ ਵੀ ਪ੍ਰੇਰਿਤ ਕੀਤਾ। ਇਸ ਤੋਂ ਇਲਾਵਾ ਇਸ ਮੌਕੇ 'ਤੇ ਰੈੱਡ ਕਰਾਸ ਸੁਸਾਇਟੀ ਹੁਸ਼ਿਆਰਪੁਰ ਵਲੋਂ ਇੱਕ ਬਲੱਡ ਡੋਨੇਸ਼ਨ ਕੈਂਪ ਫੌਰਚੂਨ ਪਾਰਕ ਹੁਸ਼ਿਆਰਪੁਰ, ਮੈਂਬਰ ਆਈ.ਟੀ.ਸੀ ਹੋਸਟਲ ਗਰੁੱਪ ਵਿਖੇ ਲਗਾਇਆ ਗਿਆ। ਇਸ ਬਲੱਡ ਡੋਨੇਸ਼ਨ ਕੈਂਪ ਵਿੱਚ ਸ਼੍ਰੀਮਤੀ ਆਸ਼ਿਕਾ ਜੈਨ, ਆਈ.ਏ.ਐਸ. ਡਿਪਟੀ ਕਮਿਸ਼ਨਰ, ਹੁਸ਼ਿਆਰਪੁਰ ਮੁੱਖ ਮਹਿਮਾਨ ਵਜੋਂ ਹਾਜਰ ਹੋਏ।ਇਸ ਬਲੱਡ ਡੋਨੇਸਨ ਕੈਂਪ ਵਿੱਚ 43 ਬੱਲਡ ਯੂਨਿਟ ਇੱਕਤਰ ਕੀਤੇ ਗਏ।

# ਕਿਰਤ ਵਿਭਾਗ ਪਹਿਲੀ ਵਾਰ ਕਰੇਗਾ ਫਾਸਟ ਟਰੈਕ ਕੋਰਟ : ਕੰਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਸਹਾਇਕ ਕਿਰਤ ਕਮਿਸ਼ਨਰ ਦੇ ਦਫ਼ਤਰ ਵਿਚ ਲੰਬਿਤ ਮਾਮਲਿਆਂ ਦੇ ਨਿਪਟਾਰੇ ਲਈ 13 ਮਈ ਤੋਂ ਪਹਿਲੀ ਵਾਰ ਫਾਸਟ ਟਰੈਕ ਕੋਰਟ ਦਾ ਆਯੋਜਨ ਕੀਤਾ ਜਾਵੇਗਾ।



ਇਹ ਜਾਣਕਾਰੀ ਦਿੰਦਿਆਂ ਸਹਾਇਕ ਕਿਰਤ ਕਮਿਸ਼ਨਰ ਹੁਸ਼ਿਆਰਪੁਰ ਜਸ਼ਨਦੀਪ ਸਿੰਘ ਕੰਗ ਨੇ ਦੱਸਿਆ ਕਿ ਇਹ ਅਦਾਲਤ ਹਰੇਕ ਮੰਗਲਵਾਰ ਨੂੰ ਦੁਪਹਿਰ 3:30 ਵਜੇ ਤੋਂ ਸ਼ੁਰੂ ਹੋਵੇਗੀ ਅਤੇ ਆਮ ਅਦਾਲਤੀ ਘੰਟਿਆਂ ਦੇ ਸਮਾਨਾਂਤਰ ਕੰਮ ਕਰੇਗੀ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਦਫ਼ਤਰ ਨੇ ਉਨ੍ਹਾਂ ਮਾਮਲਿਆਂ ਦੀ ਪਛਾਣ ਕੀਤੀ ਹੈ, ਜੋ 2 ਸਾਲਾਂ ਤੋਂ ਵੱਧ ਸਮੇਂ ਤੋਂ ਲੰਬਿਤ ਹਨ ਅਤੇ ਇਨ੍ਹਾਂ ਮਾਮਲਿਆਂ ਨੂੰ ਹੁਣ ਫਾਸਟ-ਟਰੈਕ ਮੋਡ ਵਿਚ ਨਜਿੱਠਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਪਹਿਲੇ ਪੜਾਅ ਵਿਚ ਗ੍ਰੈਚੁਟੀ ਭੁਗਤਾਨ ਐਕਟ 1972 ਦੇ ਤਹਿਤ 12 ਮਾਮਲਿਆਂ ਦੀ ਪਛਾਣ ਕੀਤੀ ਗਈ ਹੈ, ਜੋ ਦੋ ਸਾਲਾਂ ਤੋਂ ਵੱਧ ਸਮੇਂ ਤੋਂ ਲੰਬਿਤ ਹਨ। ਇਸ ਤੋਂ ਬਾਅਦ, ਕਰਮਚਾਰੀ ਮੁਆਵਜ਼ਾ ਐਕਟ 1923, ਤਨਖਾਹ ਭੁਗਤਾਨ ਐਕਟ 1936 ਅਤੇ ਘੱਟੋ-ਘੱਟ ਉਜਰਤਾਂ ਐਕਟ 1948 ਦੇ ਤਹਿਤ ਦੋ ਸਾਲਾਂ ਤੋਂ ਵੱਧ ਸਮੇਂ ਤੋਂ ਲੰਬਿਤ ਅਰਜ਼ੀਆਂ ਦਾ ਵੀ ਇਸੇ ਤਰ੍ਹਾਂ ਨਿਪਟਾਰਾ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸੁਣਵਾਈਆਂ ਹਫਤਾਵਾਰੀ ਆਧਾਰ 'ਤੇ ਕੀਤੀਆਂ ਜਾਣਗੀਆਂ ਅਤੇ ਕਾਰਵਾਈ ਸਮਾਂਬੱਧ ਹੋਵੇਗੀ। ਇਹ ਕਦਮ ਮਜ਼ਦੂਰਾਂ ਦੀ ਭਲਾਈ ਅਤੇ ਨਿਆਂ ਦੀ ਤੇਜ਼ੀ ਨਾਲ ਵਿਵਸਥਾ ਨੂੰ ਯਕੀਨੀ ਬਣਾਉਣ ਲਈ ਚੁੱਕਿਆ ਗਿਆ ਹੈ।

# ਅਸੀਂ ਜੰਗ ਨਹੀਂ ਅਮਨ ਚਾਹੁੰਦੇ ਹਾਂ : ਬੇਗਮਪੁਰਾ ਟਾਈਗਰ ਫੋਰਸ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੇਗਮਪੁਰਾ ਟਾਈਗਰ ਫੋਰਸ ਦੀ ਇੱਕ ਹੰਗਾਮੀ ਮੀਟਿੰਗ ਫੋਰਸ ਦੇ ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਫੋਰਸ ਦੇ ਪੰਜਾਬ ਪ੍ਰਧਾਨ ਬੀਰਪਾਲ ਠਰੋਲੀ, ਦੋਆਬਾ ਪ੍ਰਧਾਨ ਨੇਕੂ ਅਜਨੋਹਾ, ਜ਼ਿਲ੍ਹਾ ਮੀਤ ਸੀਨੀਅਰ ਪ੍ਰਧਾਨ ਸਤੀਸ਼ ਸ਼ੇਰਗੜ੍ਹ ਨੇ ਸ਼ਿਰਕਤ ਕੀਤੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਅਸੀਂ ਜੰਗ ਨਹੀਂ ਅਮਨ ਚਾਹੁੰਦੇ ਹਾ ਕਿਉਂਕਿ ਜੰਗ ਕਿਸੇ ਮਸਲੇ ਦਾ ਹੱਲ ਨਹੀਂ ਹੈ । ਸਾਨੂੰ ਕਦੇ ਵੀ ਆਪਣੇ ਗੁਆਂਢੀ ਨਾਲ ਮਾੜੇ ਸਬੰਧ ਨਹੀਂ ਰੱਖਣੇ ਚਾਹੀਦੇ ਭਾਵੇਂ ਗੁਆਂਢੀ ਗਲਤ ਹੀ ਕਿਉਂ ਨਾ ਹੋਵੇ। ਕਈ ਵਾਰ ਅਸੀਂ ਵੀ ਗਲਤ ਹੁੰਦੇ ਹਾਂ ਇਸ ਦਾ ਮਤਲਬ ਇਹ ਨਹੀਂ ਹੁੰਦਾ ਕਿ ਅਗਲੇ ਦਾ ਘਰ ਤਬਾਹ ਕਰ ਦਿੱਤਾ ਜਾਵੇ ਅਤੇ ਆਪਣੇ ਘਰ ਨੂੰ ਵੱਡਾ ਬਣਾਉਣ ਦੀ ਕੋਸ਼ਿਸ਼ ਕੀਤੀ ਜਾਵੇ। ਕਿਉਂਕਿ ਪੂਰੇ ਭਾਰਤ ਅੰਦਰ ਇਸ ਵੇਲੇ ਜੰਗ ਦੇ ਬੱਦਲ ਛਾਏ ਹੋਏ ਹਨ ਅਤੇ ਲੋਕਾਂ ਵਿੱਚ ਹਫੜਾ ਦਫੜੀ ਫੈਲੀ ਹੋਈ ਹੈ। ਪੰਜਾਬ ਦੇ ਬਾਰਡਰ ਤੇ ਲੋਕ ਆਪੋ ਆਪਣੇ ਘਰ ਛੱਡ ਸਮਾਨ ਚੁੱਕ ਕੇ ਹਿਜਰਤ ਕਰ ਰਹੇ ਹਨ।ਪਾਕਿਸਤਾਨ ਅਤੇ ਕਸ਼ਮੀਰ ਦੇ ਲੋਕ ਕਹਿ ਰਹੇ ਹਨ ਕਿ ਅਸੀਂ ਟੇਬਲ 'ਤੇ ਬੈਠਣ ਨੂੰ ਤਿਆਰ ਹਾਂ ਕਿ ਇਹ ਅਪਰਾਧ ਅਸੀਂ ਨਹੀਂ ਕੀਤਾ ਅਤੇ ਨਾ ਹੀ ਅਸੀਂ ਸੋਚ ਸਕਦੇ ਹਾਂ। ਉਹਨਾਂ ਆਖਿਆ ਕਿ ਜਦੋਂ ਚਿੱਠੀ ਸਿੰਘਪੁਰਾ ਵਿੱਚ 43 ਸਿੱਖ ਦਿਨ ਦਿਹਾੜੇ ਕੋਹ ਕੋਹ ਕੇ ਮਾਰ ਦਿੱਤੇ ਸਨ ਉਸ ਵਕਤ ਵੀ ਪੂਰਾ ਰੌਲਾ ਸੀ ਕਿ ਇਹ ਅਪਰਾਧ ਮੁਸਲਮਾਨ ਕੌਮ ਨੇ ਕੀਤਾ ਹੈ। ਉਸ ਦੇ ਬਦਲੇ ਪੰਜ ਮੁਸਲਮਾਨਾਂ ਨੂੰ ਵੀ ਮਾਰ ਦਿੱਤਾ ਗਿਆ ਸੀ ਤਾਂ ਸਿੱਖ ਕੌਮ ਅਤੇ ਪੰਜਾਬੀਆਂ ਨੇ ਕਿਹਾ ਕਿ ਇਹ ਕਤਲੇਆਮ ਮੁਸਲਮਾਨ ਕੌਮ ਨੇ ਨਹੀਂ ਕੀਤਾ। ਉਹਨਾਂ ਕਿਹਾ ਕਿ ਅਸੀਂ ਜੰਗ ਨਹੀਂ ਅਮਨ ਚਾਹੁੰਦੇ ਹਾਂ ਕਿਉਂਕਿ ਜੰਗ ਕਿਸੇ ਮਸਲੇ ਦਾ ਹੱਲ ਨਹੀਂ ਜੰਗ ਘਰ ਵਿੱਚ ਵੀ ਮਾੜੀ ਸਟੇਟ ਵਿੱਚ ਵੀ ਮਾੜੀ ਅਤੇ ਸੂਬੇ ਵਿੱਚ ਵੀ ਮਾੜੀ ਹੁੰਦੀ ਹੈ। ਜੰਗ ਨੇ ਬਾਰਡਰਾਂ 'ਤੇ ਰਹਿੰਦੇ ਲੋਕਾਂ ਨੂੰ ਦੁੱਖ ਵਿੱਚ ਪਾਇਆ ਹੋਇਆ ਹੈ ਅਤੇ ਜੰਗ ਕਰਕੇ ਲੋਕ ਧੜਾ ਧੜ ਘਰ ਦਾ ਸਮਾਨ ਖਰੀਦ ਰਹੇ ਹਨ ਅਤੇ ਆਰਥਿਕ ਤੌਰ 'ਤੇ ਵੀ ਹੋਰ ਕਮਜ਼ੋਰ ਹੋ ਰਹੇ ਹਨ। ਉਹਨਾਂ ਕਿਹਾ ਕਿ ਜਿਹੜਾ ਇਸ ਵੇਲੇ ਖਰਚਾ ਫੌਜ ਤੇ ਆ ਰਿਹਾ ਹੈ ਉਸ ਦਾ ਭਾਰ ਵੀ ਭਾਰਤ ਦੇ ਲੋਕਾਂ ਉੱਪਰ ਹੀ ਪੈਣਾ ਹੈ ਤੇ ਪੈ ਰਿਹਾ ਹੈ। ਉਹਨਾਂ ਕਿਹਾ ਕਿ 1947 ਦੀ ਹੋਈ ਜੰਗ ਨੇ ਦੋਵੇਂ ਪੰਜਾਬਾਂ ਦਾ ਬਟਵਾਰਾ ਕਰ ਦਿੱਤਾ ਸੀ ਤੇ ਹੁਣ ਵੀ ਜੰਗ ਕਰਕੇ ਹੀ ਦੋਵੇਂ ਪੰਜਾਬ ਉਜੜ ਰਹੇ ਹਨ ਉਧਰ ਵੀ ਸਾਡੇ ਹੀ ਭਰਾ ਬੈਠੇ ਹਨ ਤੇ ਇਧਰ ਵੀ ਸਾਡੇ ਭਰਾ ਬੈਠੇ ਹਨ ਇਸ ਕਰਕੇ ਸਾਨੂੰ ਜੰਗ ਤੋਂ ਟਾਲਾ ਵੱਟਣ ਦੀ ਲੋੜ ਹੈ । ਇਸ ਮੌਕੇ ਹੋਰਨਾਂ ਤੋਂ ਇਲਾਵਾ ਬੰਟੀ ਬਸੀ ਬਾਹਦ, ਰਵਿ ਸੁੰਦਰ ਨਗਰ, ਸਤੀਸ਼ ਬਸੀ ਬਾਹਦ, ਢਿੱਲੋਂ ਬੱਧਣ, ਕਰਮਜੀਤ ਗੋਗਾ, ਰਾਹੁਲ ਕਲੋਤਾ,ਹਨੀ ਬਸੀ ਬਾਹਦ,ਬਾਲੀ ਸੁੰਦਰ ਨਗਰ,ਵਿੱਕੀ ਪੁਰਹੀਰਾ,ਵਿਸ਼ਾਲ ਸਿੰਘ ਆਦਿ ਹਾਜ਼ਰ ਸਨ।



# ਨਾਗਰਿਕਾਂ ਨੂੰ ਯੁੱਧ ਦੀ ਸਥਿਤੀ 'ਚ ਸੁਰੱਖਿਆ ਤੇ ਐਮਰਜੈਂਸੀ ਰਿਸਪਾਂਸ ਦੀ ਦਿੱਤੀ ਸਿਖਲਾਈ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਗ੍ਰਹਿ ਮੰਤਰਾਲਾ, ਭਾਰਤ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਪ੍ਰਬੰਧਿਤ ਰਾਸ਼ਟਰਵਿਆਪੀ ਨਾਗਰਿਕ ਸੁਰੱਖਿਆ ਅਭਿਆਸ ਵਜੋ ਹਰਿਆਣਾ ਦੇ ਸਾਰੇ 22 ਜ਼ਿਲ੍ਹਿਆਂ ਵਿੱਚ ਮਾਕ ਡ੍ਰਿਲ ਦਾ ਪ੍ਰਬੰਧ ਕੀਤਾ ਗਿਆ। ਇਸ ਮਾਕ ਡ੍ਰਿਲ ਵਿੱਚ ਨਾਗਰਿਕਾਂ ਨੂੰ ਯੁੱਧ ਦੌਰਾਨ ਦੀ ਸਥਿਤੀ ਵਿੱਚ ਸੁਰੱਖਿਆ ਤੇ ਐਮਰਜੈਂਸੀ ਰਿਸਪਾਂਸ ਦੇ ਬਾਰੇ ਵਿੱਚ ਜਾਗਰੂਕ ਤੇ ਟ੍ਰੇਨਡ ਕੀਤਾ ਗਿਆ।ਸਰਕਾਰੀ ਬੁਲਾਰੇ ਨੇ ਜਾਣਕਾਰੀ ਦਿੰਦੇ ਹੋਏ ਦਸਿਆ ਕਿ ਗ੍ਰਹਿ ਮੰਤਰਾਲੇ ਵੱਲੋਂ ਜਾਰੀ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਹਰਿਆਣਾ ਸਰਕਾਰ ਤੇ ਜ਼ਿਲ੍ਹਾ ਪ੍ਰਸਾਸ਼ਨ ਵੱਲੋਂ ਇਸ ਮਾਕ ਡ੍ਰਿਲ ਨੂੰ ਸਫਲ ਬਨਾਉਣ ਲਈ ਸਾਰੇ ਪ੍ਰਬੰਧ ਪੁਖਤਾ ਕੀਤੇ ਗਏ ਅਤੇ ਨਾਗਰਿਕਾਂ ਲਈ ਵੀ ਪਹਿਲਾਂ ਤੋਂ ਦਿਸ਼ਾ-ਨਿਰਦੇਸ਼ ਜਾਰੀ ਕਰ ਉਨ੍ਹਾਂ ਤੋਂ ਸਹਿਯੋਗ ਦੀ ਅਪੀਲ ਕੀਤੀ ਗਈ।ਉਨ੍ਹਾਂ ਨੇ ਦਸਿਆ ਕਿ ਬਲੈਕਆਊਟ ਤੋਂ ਪਹਿਲਾਂ ਨਾਗਰਿਕਾਂ ਨੂੰ ਸਮਝਾਇਆ ਗਿਆ ਕਿ ਉਨ੍ਹਾਂ ਨੂੰ ਕੁੱਝ ਜਰੂਰੀ ਗੱਲਾਂ ਦਾ ਧਿਆਨ ਰੱਖਣਾ ਹੈ। ਜਿਵੇਂ ਬਲੈਕਆਉਟ ਤੋਂ ਪਹਿਲਾਂ ਆਪਣੇ ਫੋਨ ਅਤੇ ਪਾਵਰ ਬੈਂਕ ਨੂੰ ਚਾਰਜ ਰੱਖਣਾ। ਬੁਨਆਦੀ ਸਮਾਨ ਤੇ ਐਮਰਜੈਂਸੀ ਸਪਲਾਈ ਯਕੀਨੀ ਕਰਨ। ਬੈਟਰੀ ਜਾਂ ਸੌਰ ਉਰਜਾ ਨਾਲ ਚੱਲਣ ਵਾਲੀ ਫਲੈਸ਼ ਲਾਇਟ, ਟਾਰਚ, ਰੇਡਿਓ, ਗਲੋ ਸਟਿਕਸ ਨਾਲ ਰੱਖਣਾ। ਇੱਕ ਵੈਧ ਪਹਿਚਾਣ ਪੱਤਰ ਅਤੇ ਪਰਵਿਾਰਕ ਐਮਰਜੈਂਸੀ ਕਿੱਟ ਨੂੰ ਵੀ ਤਿਆਰ ਕਰਨਾ, ਜਿਸ ਵਿੱਚ ਪਾਣੀ, ਸੁੱਖਾ ਭੋਜਨ ਅਤੇ ਬੁਨਿਆਦੀ ਦਵਾਈਆਂ ਹਨ।ਉਨ੍ਹਾਂ ਨੇ ਦਸਿਆ ਕਿ ਨਾਗਰਿਕਾਂ ਨੂੰ ਜਾਗਰੁਕ ਕਰ ਉਨ੍ਹਾਂ ਨੂੰ ਦਸਿਆ ਗਿਆ ਕਿ ਸ਼ੈਲਟਰ ਵਜੋਂ ਇੱਕ ਸੁਰੱਖਿਅਤ ਅੰਦੂਰਣੀ ਕਮਰੇ ਜਾਂ ਤਹਿਖਾਨੇ ਦੀ ਪਹਿਚਾਣ ਕਰਨ।ਘਰ ਦੇ ਸਾਰੇ ਮੈਂਬਰਾਂ ਨੂੰ ਟ੍ਰੇਨਡ ਕਰਨ ਅਤੇ ਵਾਰ-ਵਾਰ ਅਭਿਆਸ ਕਰਨ। ਲਾਇਟ ਬੰਦ ਕਰਨ, 1-2 ਮਿੰਟ ਦੇ ਅੰਦਰ ਸੁਰੱਖਿਅਤ ਖੇਤਰ ਵਿੱਚ ਇੱਕਠਾ ਹੋਣ। ਲਿਫਟ ਨੂੰ ਬੰਦ ਕਰ ਦੇਣ ਤਾਂ ਜੋ ਬਲੈਕ ਆਊਟ ਦੌਰਾਨ ਕੋਈ ਅਸਹੂਲਤ ਨਾ ਹੋਵੇ।ਬੁਲਾਰੇ ਨੇ ਦਸਿਆ ਕਿ ਇਸ ਮਾਕ ਡ੍ਰਿਲ ਦਾ ਉਦੇਸ਼ ਨਾਗਰਿਕਾਂ ਨੂੰ ਕਿਸੇ ਵੀ ਐਮਰਜੈਂਸੀ ਸਥਿਤੀ ਲਈ ਤਿਆਰ ਕਰਨ ਅਤੇ ਅਜਿਹਾ ਗੰਭੀਰ ਸਥਿਤੀ ਦੌਰਾਨ ਸਥਿਤੀ ਨਾਲ ਨਜਿਠਣ ਵਿੱਚ ਟ੍ਰੇਨਡ ਕਰਨਾ ਹੈ।

# ਨਸ਼ਾ ਤਸਕਰ ਵਿਜੈ ਮਸੀਹ ਦੀ ਪ੍ਰਾਪਰਟੀ ਡੀਮੋਲਿਸ਼

**ਫਿਲੌਰ (ਨਿਰਮਲ)** ਇੰਸਪੈਕਟਰ ਸੰਜੀਵ ਕਪੂਰ ਮੁੱਖ ਅਫਸਰ ਥਾਣਾ ਫਿਲੌਰ ਦੀ ਟੀਮ ਵੱਲੋਂ ਨਸ਼ਾ ਤਸਕਰ ਵਿਜੈ ਮਸੀਹ ਪੁੱਤਰ ਜੋਜੀ ਮਸੀਹ ਵਾਸੀ ਮੁਹੱਲਾ ਉੱਚੀ ਘਾਟੀ ਦੀ ਨਸ਼ੇ ਦਾ ਧੰਦਾ ਕਰਕੇ ਬਣਾਈ ਪ੍ਰਾਪਰਟੀ ਨੂੰ ਡੀਮੋਲਿਸ਼ ਕਰ ਦਿੱਤਾ ਹੈ। ਸਰਵਣ ਸਿੰਘ ਬੱਲ, ਉਪ ਪੁਲਸ ਕਪਤਾਨ ਸਬ ਡਵੀਜਨ ਫਿਲੌਰ ਨੇ ਦੱਸਿਆ ਕਿ ਇੰਸਪੈਕਟਰ ਸੰਜੀਵ ਕਪੂਰ ਮੁੱਖ ਅਫਸਰ ਥਾਣਾ ਫਿਲੌਰ ਦੀ ਟੀਮ ਵੱਲੋਂ ਨਸ਼ਾ ਤਸਕਰ ਅਤੇ ਗੈਂਗਸਟਰ ਵਿਜੈ ਮਸੀਹ ਪੁੱਤਰ ਜੋਜੀ ਮਸੀਹ ਵਾਸੀ ਮੁਹੱਲਾ ਉੱਚੀ ਘਾਟੀ ਫਿਲੌਰ, ਜਿਸ ਦੇ ਖਿਲਾਫ ਨਸ਼ਾ ਤਸਕਰੀ, ਇਰਾਦਾ ਕਤਲ ਆਦਿ ਵੱਖ ਵੱਖ ਧਾਰਾਵਾਂ ਤਹਿਤ ਵੱਖ ਵੱਖ ਥਾਣਿਆਂ ਵਿੱਚ ਕੁੱਲ 21 ਮੁਕੱਦਮੇ ਦਰਜ ਹਨ। ਇਸ ਵੱਲੋਂ ਨਸ਼ਾ ਤਸਕਰੀ ਕਰਕੇ ਸ਼ਹਿਰ ਫਿਲੌਰ ਵਿੱਚ ਵੱਖ ਵੱਖ ਥਾਵਾਂ 'ਤੇ ਬੇਨਾਮੀ ਪ੍ਰਾਪਰਟੀ ਬਣਾਈ ਹੈ। ਦੱਸਣਯੋਗ ਹੈ ਕਿ ਇਸ ਵੱਲੋਂ ਫਿਲੌਰ ਸ਼ਹਿਰ ਵਿੱਚ ਨਸ਼ਾ ਵੇਚ ਕੇ ਖਰੀਦ ਕੀਤੀ ਡੇਢ ਕਿੱਲੇ ਜਮੀਨ ਪਹਿਲਾਂ ਹੀ ਨਵੀ ਦਿੱਲੀ ਦੀ ਕੰਪੀਟੈਂਟ ਅਥਾਰਟੀ ਵੱਲੋਂ ਫਰੀਜ ਕਰਵਾਈ ਜਾ ਚੁੱਕੀ ਹੈ।

# ਹੈਰੋਇਨ ਸਮੇਤ ਔਰਤ ਕਾਬੂ



**ਕਿਸ਼ਨਗੜ੍ਹ (ਸੁਖਜੀਤ ਕੁਮਾਰ)** ਪੁਲਸ ਚੌਂਕੀ ਕਿਸ਼ਨਗੜ੍ਹ ਦੇ ਮੁਲਾਜਮਾਂ ਨੇ ਇੱਕ ਮਹਿਲਾ ਨੂੰ 5 ਗ੍ਰਾਮ ਹੈਰੋਇਨ ਸਮੇਤ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਜਾਣਕਾਰੀ ਦਿੰਦੇ ਹੋਏ ਪੁਲਸ ਚੌਂਕੀ ਕਿਸਨਗੜ੍ਹ ਦੇ ਇੰਚਾਰਜ ਏਐਸਆਈ ਬਲਵੀਰ ਸਿੰਘ ਬੁੱਟਰ ਨੇ ਦੱਸਿਆ ਕਿ ਉਹਨਾਂ ਲੇਡੀ ਹੈੱਡ ਕਾਂਸਟੇਬਲ ਜਤਿੰਦਰ ਕੌਰ ਤੇ ਹੋਰ ਪੁਲਸ ਮੁਲਾਜਮਾਂ ਨਾਲ ਡਰੇਨ ਪੁਲੀ ਦੁੱਗਰੀ ਨਜਦੀਕ ਗਸ਼ਤ ਦੌਰਾਨ ਸੰਘਵਾਲ ਵਲੋਂ ਕੱਚੇ ਰਸਤੇ 'ਤੇ ਦੁੱਗਰੀ ਡਰੇਨ ਪੁਲੀ ਵੱਲ ਨੂੰ ਆਉਂਦੀ ਇੱਕ ਮਹਿਲਾ ਦਿਖਾਈ ਦਿੱਤੀ ਜੋ ਪੁਲਸ ਪਾਰਟੀ ਨੂੰ ਦੇਖ ਕੇ ਪਿਛਾਂਹ ਮੁੜਨ ਲੱਗੀ! ਸ਼ੱਕ ਦੇ ਆਧਾਰ 'ਤੇ ਹਵਾਲਦਾਰ ਜਤਿੰਦਰ ਕੌਰ ਨੇ ਉਸ ਦਾ ਪਿੱਛਾ ਕਰਕੇ ਉਸ ਨੂੰ ਕਾਬੂ ਕੀਤਾ ਤੇ ਤਲਾਸ਼ੀ ਦੌਰਾਨ ਉਕਤ ਮਹਿਲਾ ਕੋਲੋਂ ਪੰਜ ਗ੍ਰਾਮ ਹੈਰੋਇਨ ਬਰਾਮਦ ਹੋਈ। ਜਿਸਦੀ ਪਹਿਚਾਣ ਰਾਜੀ ਪਤਨੀ ਰਣਜੋਧ ਸਿੰਘ ਨਿਵਾਸੀ ਪਿੰਡ ਤੋਤੀ ਥਾਣਾ ਸੁਲਤਾਨਪੁਰ ਲੋਧੀ ਹਾਲ ਨਿਵਾਸੀ ਨਾਹਰਪੁਰ ਥਾਣਾ ਕਰਤਾਰਪੁਰ ਵਜੋਂ ਹੋਈ ਹੈ। ਪੁਲਸ ਨੇ ਉਕਤ ਮਹਿਲਾ ਤੇ ਮਾਮਲਾ ਦਰਜ ਕਰਨ ਉਪਰੰਤ ਉਸ ਨੂੰ ਮਾਨਯੋਗ ਅਦਾਲਤ 'ਚ ਪੇਸ਼ ਕਰਕੇ ਜੇਲ੍ਹ ਭੇਜ ਦਿੱਤਾ ਹੈ।

# ਜੰਗ ਕਿਸੇ ਵੀ ਸਮੱਸਿਆ ਦਾ ਹੱਲ ਨਹੀਂ : ਡਾ. ਆਸੀਸ ਸਰੀਨ

**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)**- ਪਹਿਲਗਾਮ ਵਿੱਚ ਅੱਤਵਾਦੀਆਂ ਵੱਲੋਂ ਬੇਦੋਸ਼ੇ ਲੋਕਾਂ ਨੂੰ ਮੌਤ ਦੇ ਘਾਟ ਉਤਾਰਨ ਨਾਲ ਵਾਪਰੀ ਮੰਦਭਾਗੀ ਘਟਨਾ ਤੋਂ ਬਾਅਦ ਭਾਰਤ ਅਤੇ ਪਾਕਿਸਤਾਨ ਵਿਚਕਾਰ ਤਣਾਅ ਕਾਫੀ ਵੱਧ ਗਿਆ ਹੈ। ਅਜਿਹੇ ਸੰਵੇਦਨਸੀਲ ਸਮੇਂ ਵਿੱਚ, ਜਿੱਥੇ ਜੰਗ ਵਰਗਾ ਮਾਹੌਲ ਬਣਿਆ ਹੋਇਆ ਹੈ, ਇਹ ਦੇਖ ਕੇ ਹੈਰਾਨੀ ਹੁੰਦੀ ਹੈ ਕਿ ਦੋਵਾਂ ਦੇਸਾਂ ਦੇ ਕੁਝ ਲੋਕ ਸੋਸ਼ਲ ਮੀਡੀਆ 'ਤੇ ਇਸ ਸਥਿਤੀ ਦਾ ਮਜਾਕ ਉਡਾ ਰਹੇ ਹਨ। ਇਸ ਤੋਂ ਵੀ ਵੱਧ ਚਿੰਤਾਜਨਕ ਗੱਲ ਇਹ ਹੈ ਕਿ ਕੁਝ ਟੀਵੀ ਨਿਊਜ ਚੈਨਲ ਭੜਕਾਊ ਅਤੇ ਡਰਾਉਣੀਆਂ ਖਬਰਾਂ ਵੀ ਦਿਖਾ ਰਹੇ ਹਨ, ਜਿਸ ਨਾਲ ਲੋਕਾਂ ਵਿੱਚ ਹੋਰ ਵੀ ਡਰ ਅਤੇ ਗੁੱਸੇ ਦਾ ਮਾਹੌਲ ਪੈਦਾ ਹੋ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਿਜ ਐਕਸੀਲੈਂਟ ਐਂਡ ਕੋਚਿੰਗ ਸੈਂਟਰ ਦੇ ਐਮਡੀ ਅਤੇ ਪ੍ਰਮੁੱਖ ਸਮਾਜ ਸੇਵਕ ਡਾ. ਆਸੀਸ ਸਰੀਨ ਨੇ ਕੁਝ ਚੋਣਵੇਂ ਪੱਤਰਕਾਰਾਂ ਨਾਲ ਇੱਕ ਪ੍ਰੈਸ ਕਾਨਫਰੰਸ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਇਹ ਸੱਚਮੁੱਚ ਦੁਖਦਾਈ ਹੈ ਕਿ ਕੁਝ ਲੋਕ ਜੰਗ ਵਰਗੀ ਗੰਭੀਰ ਸਥਿਤੀ ਦੀ ਸੰਵੇਦਨਸੀਲਤਾ ਨੂੰ ਨਹੀਂ ਸਮਝਦੇ। ਉਹ ਸਾਇਦ ਇਹ ਨਹੀਂ ਜਾਣਦੇ ਕਿ ਜੰਗ ਕੋਈ ਖੇਡ ਨਹੀਂ ਹੈ। ਉਨ੍ਹਾਂ ਕਿਹਾ ਕਿ ਜੰਗ ਤਬਾਹੀ, ਮੌਤ ਅਤੇ ਉਜਾੜੇ ਵਰਗੇ ਭਿਆਨਕ ਨਤੀਜੇ ਲੈ ਕੇ ਆਉਂਦੀ ਹੈ। ਦੋਵਾਂ ਦੇਸਾਂ ਦੇ ਆਮ ਨਾਗਰਿਕ ਇਸ ਦੇ ਨਤੀਜੇ ਭੁਗਤ ਰਹੇ ਹਨ ਅਤੇ ਭੁਗਤਦੇ ਰਹਿਣਗੇ। ਉਨ੍ਹਾਂ ਕਿਹਾ ਕਿ ਜੰਗ ਵਿੱਚ ਸਿਰਫ ਸਰਹੱਦ 'ਤੇ ਲੜਨ ਵਾਲੇ ਸੈਨਿਕ ਹੀ ਨਹੀਂ ਮਰਦੇ, ਸਗੋਂ ਮਾਸੂਮ ਲੋਕ ਵੀ ਇਸ ਜੰਗ ਦਾ ਸ਼ਿਕਾਰ ਬਣਦੇ ਹਨ। ਉਨ੍ਹਾਂ ਕਿਹਾ ਕਿ ਜੰਗ ਵਿੱਚ ਪਰਵਾਰ ਟੁੱਟ ਜਾਂਦੇ ਹਨ, ਬੱਚੇ ਅਨਾਥ ਹੋ ਜਾਂਦੇ ਹਨ, ਬਜੁਰਗ ਬੇਸਹਾਰਾ ਹੋ ਜਾਂਦੇ ਹਨ ਬੇਰੁਜਗਾਰੀ ਅਤੇ ਮਹਿੰਗਾਈ ਵੱਡੇ ਪੱਧਰ ਤੇ ਵੱਧਦੀ ਹੈ ਅਤੇ ਦੇਸ ਦੀ ਆਰਥਿਕਤਾ ਜੰਗ ਨਾਲ ਬੁਰੀ ਤਰ੍ਹਾਂ ਪ੍ਰਭਾਵਿਤ ਹੁੰਦੀ ਹੈ।



ਵਿਕਾਸ ਕਾਰਜ ਰੁਕ ਜਾਂਦੇ ਹਨ ਅਤੇ ਗਰੀਬੀ ਹੋਰ ਵਧ ਜਾਂਦੀ ਹੈ। ਇਸ ਦੇ ਨਾਲ ਹੀ ਟੀਵੀ ਚੈਨਲਾਂ ਨੂੰ ਵੀ ਸੰਜਮ ਰੱਖਣਾ ਚਾਹੀਦਾ ਹੈ ਅਤੇ ਲੋਕਾਂ ਵਿੱਚ ਡਰ ਅਤੇ ਉਤਸ਼ਾਹ ਪੈਦਾ ਕਰਨ ਵਾਲੀਆਂ ਖਬਰਾਂ ਦਿਖਾਉਣ ਤੋਂ ਬਚਣਾ ਚਾਹੀਦਾ ਹੈ। ਟੀਵੀ ਚੈਨਲਾਂ ਨੂੰ ਸਹੀ ਅਤੇ ਸੰਤੁਲਿਤ ਜਾਣਕਾਰੀ ਪ੍ਰਦਾਨ ਕਰਨ 'ਤੇ ਧਿਆਨ ਕੇਂਦਰਿਤ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਇਹ ਸਮਝਣਾ ਪਵੇਗਾ ਕਿ ਭਾਰਤ ਅਤੇ ਪਾਕਿਸਤਾਨ ਦੋਵੇਂ ਗੁਆਂਢੀ ਦੇਸ ਹਨ। ਸਾਨੂੰ ਆਪਸੀ ਸਹਿਯੋਗ ਅਤੇ ਸਾਂਤੀ ਨਾਲ ਰਹਿਣਾ ਪਵੇਗਾ। ਜੰਗ ਕਿਸੇ ਵੀ ਸਮੱਸਿਆ ਦਾ ਹੱਲ ਨਹੀਂ ਹੈ, ਇਹ ਸਿਰਫ ਦੁੱਖ ਅਤੇ ਤਬਾਹੀ ਲਿਆਉਂਦੀ ਹੈ। ਉਨ੍ਹਾਂ ਕਿਹਾ ਕਿ ਸੋਸਲ ਮੀਡੀਆ 'ਤੇ ਇੱਕ ਦੂਜੇ ਦਾ ਮਜਾਕ ਉਡਾਉਣ ਵਾਲਿਆਂ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਉਨ੍ਹਾਂ ਦੀਆਂ ਬਿਨਾਂ ਸੋਚੇ-ਸਮਝੇ ਕਾਰਵਾਈਆਂ ਦੋਵਾਂ ਦੇਸਾਂ ਦੇ ਲੋਕਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾ ਸਕਦੀਆਂ ਹਨ, ਜੋ ਪਹਿਲਾਂ ਹੀ ਤਣਾਅ ਅਤੇ ਡਰ ਦੇ ਮਾਹੌਲ ਵਿੱਚ ਜੀ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਲਈ ਇਹ ਬਹੁਤ ਜਰੂਰੀ ਹੈ ਕਿ ਅਸੀਂ ਸਾਰੇ ਜ਼ਿੰਮੇਵਾਰੀ ਨਾਲ ਪੇਸ਼ ਆਈਏ ਅਤੇ ਕਿਸੇ ਵੀ ਅਜਿਹੀ ਕਾਰਵਾਈ ਤੋਂ ਬਚੀਏ ਜਿਸ ਨਾਲ ਦੋਵਾਂ ਦੇਸ਼ਾਂ ਵਿਚਕਾਰ ਤਣਾਅ ਹੋਰ ਨਾ ਵਧੇ।

# ਪਟਿਆਲਾ ਸੜਕ ਹਾਦਸਾ : ਪੰਜਾਬ ਰਾਜ ਬਾਲ ਅਧਿਕਾਰ ਰੱਖਿਆ ਕਮਿਸ਼ਨ ਵੱਲੋਂ ਰਿਪੋਰਟ ਤਲਬ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਰਾਜ ਬਾਲ ਅਧਿਕਾਰ ਕਮਿਸ਼ਨ ਵਲੋਂ ਪਟਿਆਲਾ ਵਿਖੇ ਵਾਪਰੇ ਸੜਕ ਹਾਦਸਾ ਮਾਮਲੇ ਵਿਚ ਡਿਪਟੀ ਕਮਿਸ਼ਨਰ ਪਟਿਆਲਾ ਅਤੇ ਐਸ.ਐਸ.ਪੀ. ਤੋਂ ਰਿਪੋਰਟ ਤਲਬ ਕੀਤੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਬਾਲ ਅਧਿਕਾਰ ਕਮਿਸ਼ਨ ਦੇ ਚੇਅਰਮੈਨ ਕੰਵਰਜੀਤ ਸਿੰਘ ਨੇ ਦੱਸਿਆ ਕਿ ਸਕੂਲੀ ਗੱਡੀ ਦੀ ਟਿੱਪਰ ਨਾਲ ਹੋਈ ਭਿਆਨਕ ਟੱਕਰ ਵਿੱਚ ਡਰਾਈਵਰ ਸਮੇਤ 7 ਵਿਦਿਆਰਥੀਆਂ ਦੀ ਮੌਤ ਹੋ ਗਈ ਹੈ ਅਤੇ ਕਈ ਜ਼ਖਮੀ ਹੋ ਗਏ ਹਨ, ਇਸ ਮਾਮਲੇ ਸਬੰਧੀ ਕਮਿਸ਼ਨ ਵੱਲੋਂ ਸੂ-ਮੋਟੋ ਨੋਟਿਸ ਲਿਆ ਗਿਆ ਹੈ।ਪੰਜਾਬ ਰਾਜ ਬਾਲ ਅਧਿਕਾਰ ਰੱਖਿਆ ਕਮਿਸ਼ਨ ਵੱਲੋਂ ਡਿਪਟੀ ਕਮਿਸ਼ਨ ਪਟਿਆਲਾ ਨੂੰ ਪੱਤਰ ਲਿਖ ਕੇ ਕਿਹਾ ਹੈ ਕਿ ਹਾਦਸੇ ਦੌਰਾਨ ਜਖਮੀ ਹੋਏ ਬੱਚਿਆਂ ਦਾ ਹਰ ਸੰਭਵ ਇਲਾਜ ਕਰਵਾਇਆ ਜਾਵੇ ਅਤੇ ਰਿਜਨਲ ਟ੍ਰਾਂਸਪੋਰਟ ਆਫਸਰ ਨੂੰ ਸਖਤ ਹਦਾਇਤ ਕੀਤੀ ਜਾਵੇ ਕਿ ਸੜਕਾਂ ਤੇ ਚੱਲ ਰਹੇ ਓਵਰਲੋਡ ਟਿੱਪਰਾਂ/ਵਾਹਨਾਂ ਦੀ ਸਖਤੀ ਨਾਲ ਚੈਕਿੰਗ ਕੀਤੀ ਜਾਵੇ। ਇਸ ਤੋਂ ਇਲਾਵਾ ਇਹ ਵੀ ਕਿਹਾ ਗਿਆ ਹੈ ਕਿ ਸਬੰਧਤ ਸਕੂਲ ਅਤੇ ਜ਼ਿਲ੍ਹੇ ਦੇ ਸਾਰੇ ਸਕੂਲਾਂ ਦੇ ਸਕੂਲੀ ਵਾਹਨਾਂ ਦੀ ਚੈਕਿੰਗ ਕੀਤੀ ਜਾਵੇ, ਜੇਕਰ ਸਕੂਲੀ ਵਾਹਨ ਨਿਰਧਾਰਤ ਸ਼ਰਤਾਂ ਪੂਰੀਆਂ ਨਹੀਂ ਕਰਦੇ ਤਾਂ ਸਕੂਲੀ ਵਾਹਨ ਚਾਲਕਾਂ ਅਤੇ ਸਕੂਲਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ।ਇਸ ਤੋਂ ਇਲਾਵਾ ਸੀਨੀਅਰ ਸੁਪਰਡੈਂਟ ਆਫ਼ ਪੁਲਸ ਪਟਿਆਲਾ ਨੂੰ ਹਦਾਇਤ ਕੀਤੀ ਗਈ ਕਿ ਇਸ ਹਾਦਸੇ ਲਈ ਜ਼ਿੰਮੇਵਾਰ ਟਿੱਪਰ ਦੇ ਡਰਾਈਵਰ ਦੇ ਲਾਈਸੈਂਸ, ਟਿੱਪਰ ਦੇ ਮੁਕੰਮਲ ਦਸਤਾਵੇਜ ਜਿਵੇਂ ਵੈਲਿਡ ਆਰ.ਸੀ. ਫਿੱਟਨੈਸ ਤੋਂ ਇਲਾਵਾ ਸਰਕਾਰ ਵੱਲੋਂ ਜਾਰੀ ਮਾਈਨਿੰਗ ਪਾਲਿਸੀ ਦੀਆਂ ਸ਼ਰਤਾਂ ਤਹਿਤ ਸੜਕ ਦੇ ਚੱਲਣ, ਓਵਰ ਲੋਡ ਆਦਿ ਦੀ ਗਹਿਰਾਈ ਨਾਲ ਮੁਕੰਮਲ ਤਫਤੀਸ਼ ਕਰਕੇ ਟਿੱਪਰ ਮਾਲਕ ਵਿਰੁੱਧ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇ।ਕਮਿਸ਼ਨ ਵਲੋਂ ਡਿਪਟੀ ਕਮਿਸ਼ਨਰ ਪਟਿਆਲਾ ਅਤੇ ਐਸ ਐਸ ਪੀ ਪਟਿਆਲਾ ਤੋਂ ਇਸ ਸਬੰਧੀ ਕਾਰਵਾਈ ਦੀ ਰਿਪੋਰਟ 11.05.2025 ਤਲਬ ਕੀਤੀ ਗਈ ਹੈ।

# ਨਸ਼ਾ ਛੁਡਾਊ ਕੇਂਦਰ 'ਚ ਸੀ ਐਮ ਦੀ ਯੋਗਸ਼ਾਲਾ ਤਹਿਤ ਯੋਗਾ ਕਲਾਸਾਂ ਸ਼ੁਰੂ

**ਜਲੰਧਰ (ਸੁਰਿੰਦਰ ਕੁਮਾਰ, ਇਕਬਾਲ ਸਿੰਘ ਉਭੀ)** ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਯੋਗ ਨੂੰ ਨਸ਼ਾ ਮੁਕਤੀ ਦਾ ਪ੍ਰਭਾਵਸ਼ਾਲੀ ਮਾਧਿਅਮ ਬਣਾਉਂਦਿਆਂ ਜ਼ਿਲ੍ਹੇ ਦੇ ਪਿੰਡ ਸ਼ੇਖੇ ਵਿਖੇ ਚਲਾਏ ਜਾ ਰਹੇ ਨਸ਼ਾ ਛੁਡਾਊ ਕੇਂਦਰ ਵਿੱਚ ਸੀ.ਐਮ ਦੀ ਯੋਗਸ਼ਾਲਾ ਤਹਿਤ ਸ਼ਲਾਘਾਯੋਗ ਪਹਿਲ ਕੀਤੀ ਗਈ ਹੈ।ਇੱਥੇ ਯੋਗ ਟ੍ਰੇਨਰ ਵਲੋਂ ਰੋਜ਼ਾਨਾ ਸਵੇਰੇ 7.45 ਤੋਂ 8.45 ਵਜੇ ਤੱਕ ਅਤੇ ਸ਼ਾਮ 5 ਤੋਂ ਸ਼ਾਮ 6 ਵਜੇ ਤੱਕ ਮੁਫ਼ਤ ਯੋਗ ਕਲਾਸਾਂ ਚਲਾਈਆਂ ਜਾ ਰਹੀਆਂ ਹਨ। ਇਨ੍ਹਾਂ ਕਲਾਸਾਂ ਦਾ ਉਦੇਸ਼ ਨਸ਼ਾ ਛੱਡਣ ਦੀ ਪ੍ਰਕਿਰਿਆ ਵਿਚ ਨੌਜਵਾਨਾਂ ਅਤੇ ਭਾਗੀਦਾਰਾਂ ਨੂੰ ਮਾਨਸਿਕ, ਸਰੀਰਿਕ ਅਤੇ ਆਤਮਿਕ ਤੌਰ 'ਤੇ ਮਜ਼ਬੂਤ ਬਣਾਉਣਾ ਹੈ।ਲਗਾਤਾਰ ਯੋਗ ਅਭਿਆਸ ਨਾਲ ਇਥੇ ਭਾਗੀਦਾਰਾਂ ਦੇ ਰੁਟੀਨ ਵਿੱਚ ਅਨੁਸ਼ਾਸਨ, ਮਾਨਸਿਕ ਸਥਿਰਤਾ ਅਤੇ ਆਤਮ-ਸੰਜਮ ਵਿੱਚ ਮਹੱਤਵਪੂਰਣ ਸੁਧਾਰ ਦੇਖਿਆ ਜਾ ਰਿਹਾ ਹੈ। ਯੋਗ ਦੇ ਨਿਯਮਿਤ ਅਭਿਆਸਾਂ ਨਾਲ ਭਾਗੀਦਾਰਾਂ ਦੇ ਵਿਹਵਾਰ ਵਿੱਚ ਵੀ ਸਕਾਰਾਤਮਕ ਤਬਦੀਲੀਆਂ ਆਈਆਂ ਹਨ।ਇਸ ਉਪਰਾਲੇ ਨੂੰ ਜਲੰਧਰ ਦੇ ਪ੍ਰਸ਼ਾਸਨਿਕ ਅਧਿਕਾਰੀਆਂ ਦਾ ਵੀ ਭਰਪੂਰ ਸਹਿਯੋਗ ਮਿਲ ਰਿਹਾ ਹੈ। ਜਲੰਧਰ ਦੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਅਗਰਵਾਲ, ਵਧੀਕ ਡਿਪਟੀ ਕਮਿਸ਼ਨਰ ਜਸਬੀਰ ਸਿੰਘ ਅਤੇ ਸਿਵਲ ਹਸਪਤਾਲ ਦੇ ਸੀਨੀਅਰ ਮਨੋਚਕਿਤਸਕ ਡਾ. ਅਭੈ ਰਾਜ ਸਿੰਘ ਇਸ ਮੁਹਿੰਮ ਵਿੱਚ ਸਰਗਰਮੀ ਨਾਲ ਭਾਗ ਲੈ ਰਹੇ ਹਨ ਅਤੇ ਇਸ ਨੂੰ ਸਫ਼ਲ ਬਣਾਉਣ ਲਈ ਮਾਰਗਦਰਸ਼ਨ ਅਤੇ ਸਹਿਯੋਗ ਪ੍ਰਦਾਨ ਕਰ ਰਹੇ ਹਨ।ਇਹ ਉਪਰਾਲਾ ਨਸ਼ਾ ਪੀੜਤਾਂ ਦੇ ਮੁੜ ਵਸੇਬੇ ਦੀ ਦਿਸ਼ਾ ਵਿੱਚ ਸ਼ਲਾਘਾਯੋਗ ਉਦਾਹਰਣ ਪੇਸ਼ ਕਰਦਾ ਹੈ, ਜਿਥੇ ਪ੍ਰਸ਼ਾਸਨ, ਡਾਕਟਰੀ ਇਲਾਜ ਅਤੇ ਯੋਗ ਮਿਲ ਕੇ ਸਮਾਜ ਨੂੰ ਨਸ਼ਾ ਮੁਕਤ ਬਣਾਉਣ ਲਈ ਯਤਨਸ਼ੀਲ ਹਨ।ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਕੋਆਰਡੀਨੇਟਰ ਜਤਿਨ ਕੁਮਾਰ ਨੇ ਦੱਸਿਆ ਕਿ ਸੀ.ਐਮ. ਦੀ ਯੋਗਸ਼ਾਲਾ ਪ੍ਰੋਗਰਾਮ ਨਵੇਂ ਮੀਲ ਪੱਥਰ ਸਥਾਪਤ ਕਰ ਰਿਹਾ ਹੈ ਅਤੇ ਜ਼ਿਲ੍ਹੇ ਦੇ ਵੱਡੀ ਗਿਣਤੀ ਲੋਕ ਮੁਫ਼ਤ ਯੋਗ ਕੈਂਪਾਂ ਦਾ ਲਾਭ ਲੈ ਰਹੇ ਹਨ।ਉਨ੍ਹਾਂ ਦੱਸਿਆ ਕਿ ਇਸ ਪ੍ਰੋਗਰਾਮ ਤਹਿਤ ਜੇਕਰ ਕਿਸੇ ਗਲੀ ਜਾਂ ਮੁਹੱਲੇ ਵਿੱਚ ਘੱਟੋ ਘੱਟ 25 ਮੈਂਬਰ ਯੋਗ ਕਲਾਸ ਲਈ ਆਪਣੀ ਮਨਜ਼ੂਰੀ ਦਿੰਦੇ ਹਨ ਤਾਂ ਉਹ ਪੰਜਾਬ ਸਰਕਾਰ ਵੱਲੋਂ ਦਿੱਤੇ ਗਏ ਨੰਬਰ 76694-00500 'ਤੇ ਮਿਸਡ ਕਾਲ ਮੁਫ਼ਤ ਯੋਗਾ ਟ੍ਰੇਨਰ ਪ੍ਰਾਪਤ ਕਰ ਸਕਦੇ ਹਨ।

# ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਲਾਏ ਕੈਂਪ 'ਚ 72 ਵਿਅਕਤੀਆਂ ਨੇ ਕੀਤਾ ਖੂਨਦਾਨ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਡਿਪਟੀ ਕਮਿਸ਼ਨਰ-ਕਮ-ਪ੍ਰਧਾਨ, ਜ਼ਿਲ੍ਹਾ ਰੈੱਡ ਕਰਾਸ ਸ਼ਾਖਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਸ੍ਰੀਮਤੀ ਕੋਮਲ ਮਿੱਤਲ ਦੀ ਅਗਵਾਈ ਹੇਠ ਜ਼ਿਲ੍ਹਾ ਰੈਡ ਕਰਾਸ ਸ਼ਾਖਾ ਵੱਲੋਂ ਵਿਸ਼ਵ ਰੈੱਡ ਕਰਾਸ ਦਿਵਸ ਮੌਕੇ ਵਿਸ਼ਵਾਸ ਫਾਊਡੇਸ਼ਨ ਅਤੇ ਪੰਜਾਬ ਨੈਸ਼ਨਲ ਬੈਂਕ, ਸੈਕਟਰ-76, ਮੋਹਾਲੀ ਦੇ ਸਹਿਯੋਗ ਨਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਖੂਨਦਾਨ ਕੈਂਪ ਲਗਾਇਆ ਗਿਆ, ਜਿਸ ਦੌਰਾਨ ਕੈਂਪ ਵਿੱਚ 72 ਯੂਨਿਟ ਖੂਨ ਦੇ ਇਕੱਠੇ ਕੀਤੇ ਗਏ।ਉਕਤ ਜਾਣਕਾਰੀ ਦਿੰਦਿਆਂ ਸਹਾਇਕ ਕਮਿਸ਼ਨਰ (ਜ)-ਕਮ-ਅਵੇਤਨੀ ਸਕੱਤਰ, ਸ੍ਰੀਮਤੀ ਅੰਕਿਤਾ ਕਾਂਸਲ, ਨੇ ਦੱਸਿਆ ਕਿ ਇਸ ਮੌਕੇ ਡੇਅਰੀ ਵਿਕਾਸ ਵਿਭਾਗ ਵਿੱਚ ਕੰਮ ਕਰ ਰਹੇ ਕਰਮਚਾਰੀ ਮਨਦੀਪ ਸਿੰਘ ਵਲੋਂ 49ਵੀਂ ਵਾਰ ਖੂਨਦਾਨ ਕੀਤਾ ਗਿਆ ਜਦਕਿ ਕੈਂਪ ਵਿੱਚ 6 ਮਹਿਲਾਵਾਂ ਵਲੋਂ ਵੀ ਖੂਨਦਾਨ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਇਸ ਮੌਕੇ ਸਹਾਇਕ ਕਮਿਸ਼ਨਰ (ਜ)-ਕਮ-ਅਵੇਤਨੀ ਸਕੱਤਰ, ਸ੍ਰੀਮਤੀ ਅੰਕਿਤਾ ਕਾਂਸਲ ਨੇ ਅੱਗੇ ਦੱਸਿਆ ਕਿ ਵਿਸ਼ਵ ਰੈਡ ਕਰਾਸ ਦਿਵਸ ਹਰ ਸਾਲ 8 ਮਈ ਨੂੰ ਮਨਾਇਆ ਜਾਂਦਾ ਹੈ। ਇਹ ਦਿਨ ਰੈੱਡ ਕਰਾਸ ਦੇ ਬਾਨੀ ਸਰ ਜੀਨ ਹੈਨਰੀ ਡਿਊਨਾਦੇ ਜਨਮ ਦਿਸਵ 'ਤੇ ਮਨਾਇਆ ਜਾਂਦਾ ਹੈ। ਸਰ ਜੀਨ ਹੈਨਰੀ ਡਿਊਨਾ ਦਾ ਜਨਮ 8 ਮਈ, 1828 ਨੂੰ ਸਵਿਟਜ਼ਰਲੈਂਡ ਦੇ ਜਨੇਵਾ ਸ਼ਹਿਰ ਵਿੱਚ ਹੋਇਆ ਸੀ। ਉਨ੍ਹਾਂ ਨੂੰ 1901 ਵਿੱਚ ਦੁਨੀਆ ਦਾ ਪਹਿਲਾ ਨੋਬਲ ਸ਼ਾਂਤੀ ਪੁਰਸਕਾਰ ਦਿੱਤਾ ਗਿਆ ਸੀ ਅਤੇ ਉਨ੍ਹਾਂ ਵਲੋਂ 1863 ਵਿੱਚ ਅੰਤਰਰਾਸ਼ਟਰੀ ਕਮੇਟੀ ਆਫ ਰੈੱਡ ਕਰਾਸ (ਆਈ ਸੀ ਆਰ ਸੀ) ਦੀ ਸਥਾਪਨਾ ਕੀਤੀ ਸੀ। ਬਾਅਦ ਵਿੱਚ 1920 ਵਿੱਚ ਭਾਰਤ ਵਿੱਚ ਅਜਿਹੀ ਹੀ ਇੱਕ ਸੰਸਥਾ ਬਣਾਈ ਗਈ, ਜਿਸ ਦਾ ਨਾਂਅ ਇੰਡੀਅਨ ਰੈਡ ਕਰਾਸ ਸੁਸਾਇਟੀ ਰੱਖਿਆ ਗਿਆ। ਸਾਲ 1859 ਵਿੱਚ ਸੋਲਫੇਰੀਨੋ (ਇਟਲੀ) ਵਿੱਚ ਭਿਆਨਕ ਲੜਾਈ ਹੋਈ, ਜਿਸ ਵਿੱਚ 40 ਹਜ਼ਾਰ ਤੋਂ ਵੱਧ ਸੈਨਿਕ ਮਾਰੇ ਗਏ ਅਤੇ ਲੱਖਾਂ ਜ਼ਖਮੀ ਹੋ ਗਏ। ਹੈਨਰੀ ਡਿਊਨਾ ਜ਼ਖਮੀ ਸਿਪਾਹੀਆਂ ਦੀ ਦੁਰਦਸ਼ਾ ਦੇਖ ਕੇ ਬਹੁਤ ਦੁਖੀ ਹੋਏ ਅਤੇ ਉਨ੍ਹਾਂ ਨੇ ਪਿੰਡ ਦੇ ਕੁਝ ਲੋਕਾਂ ਨਾਲ ਮਿਲ ਕੇ ਉਨ੍ਹਾਂ ਸੈਨਿਕਾਂ ਦੀ ਮਦਦ ਕੀਤੀ। ਇਸ ਤੋਂ ਬਾਅਦ 1863 ਵਿੱਚ ਉਨਾਂ ਨੇ ਇਕ ਕਮੇਟੀ ਬਣਾਈ ਜਿਸ ਨੂੰ ਰੈਡ ਕਰਾਸ ਦੀ ਅੰਤਰਰਾਸ਼ਟਰੀ ਕਮੇਟੀ ਦਾ ਨਾਂਅ ਦਿੱਤਾ ਗਿਆ।ਸਕੱਤਰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਹਰਬੰਸ ਸਿੰਘ ਅਨੁਸਾਰ ਵਿਸ਼ਵ ਰੈੱਡ ਕਰਾਸ ਦਿਵਸ ਪਹਿਲੀ ਵਾਰ 1948 ਵਿੱਚ ਮਨਾਇਆ ਗਿਆ ਸੀ ਜਦਕਿ 1984 ਤੋਂ ਸਰਕਾਰੀ ਤੌਰ 'ਤੇ ਮਨਾਇਆ ਜਾ ਰਿਹਾ ਹੈ। ਇਸ ਸਾਲ ਵਿਸ਼ਵ ਰੈਡ ਕਰਾਸ ਦਿਵਸ ਦਾ 'ਆਨ ਦਾ ਸਾਈਡ ਆਫ਼ ਹਿਊਮੈਨਿਟੀ' ਸੀ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ 'ਚ ਇਹ ਦਿਵਸ ਜ਼ਿਲ੍ਹੇ ਦੇ ਵੱਖ-ਵੱਖ ਸਰਕਾਰੀ ਸਕੂਲਾਂ, ਕਾਲਜਾਂ ਅਤੇ ਤਹਿਸੀਲ ਪੱਧਰ ਤੇ ਮਨਾਇਆ ਗਿਆ। ਵਿਸ਼ਵ ਰੈੱਡ ਕਰਾਸ ਦਿਹਾੜੇ ਮੌਕੇ ਵੱਖ-ਵੱਖ ਸਕੂਲ ਦੇ ਬੱਚਿਆ ਨੂੰ ਸੰਦੇਸ਼ ਦਿੱਤਾ ਗਿਆ ਕਿ ਸਾਨੂੰ ਸੰਕਟ ਦੀ ਘੜੀ ਵਿੱਚ ਆਪਣਾ ਸਭ ਕੁਝ ਕੁਰਬਾਨ ਕਰਕੇ ਸਾਰਿਆਂ ਦੀ ਜਾਨ ਬਚਾਉਣ ਲਈ ਹਮੇਸ਼ਾਂ ਸਮਰਪਿਤ ਹੋਣਾ ਚਾਹੀਦਾ ਹੈ। ਹਰਬੰਸ ਸਿੰਘ, ਸਕੱਤਰ ਰੈੱਡ ਕਰਾਸ ਸੁਸਾਇਟੀ ਵੱਲੋਂ ਅੱਗੇ ਦੱਸਿਆ ਗਿਆ ਕਿ ਭਾਈ ਘਨੱਈਆ ਜੀ ਦੇ ਰਾਹ ਤੇ ਚੱਲਦਿਆਂ ਰੈੱਡ ਕਰਾਸ ਸੁਸਾਇਟੀ ਹਮੇਸ਼ਾਂ ਹੀ ਦੀਨ-ਦੁਖੀਆਂ ਦੀ ਹਰ ਤਰ੍ਹਾਂ ਦੀ ਮਦਦ ਕਰਦੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਰੈਡ ਕਰਾਸ ਸ਼ਾਖਾ ਵਲੋਂ ਬੀਤੀ 6 ਮਈ ਨੂੰ ਸਰਕਾਰੀ ਹਾਈ ਸਕੂਲ, ਮਾਣਕਪੁਰ ਸ਼ਰੀਫ, ਐਸ.ਏ.ਐਸ.ਨਗਰ ਵਿਖੇ ਸਮਾਜਿਕ ਸਮੱਸਿਆਵਾਂ ਜਿਵੇ ਕਿ ਐਚ.ਆਈ.ਵੀ./ਏਡਜ਼, ਨਸ਼ੇ, ਭਰੂਣ-ਹੱਤਿਆ, ਰੁੱਖ ਲਗਾਉਣ, ਵਾਤਾਵਰਣ, ਪਾਣੀ ਦੀ ਸੰਭਾਲ, ਫਸਟ-ਏਡ ਆਦਿ ਸਬੰਧੀ ਕੈਂਪ ਲਗਾ ਕੇ ਜਾਗਰੂਕ ਕੀਤਾ ਗਿਆ। ਇਨ੍ਹਾਂ ਪ੍ਰੋਗਰਾਮਾਂ ਵਿੱਚ ਜ਼ਿਲ੍ਹਾ ਰੈਡ ਕਰਾਸ ਸ਼ਾਖਾ ਦੇ ਮੈਂਬਰ ਅਤੇ ਖੂਨਦਾਨ ਕੈਂਪ ਵਿੱਚ ਵਿਸ਼ਵਾਸ ਫਾਊਡੇਸ਼ਨ ਦੀ ਟੀਮ ਵੀ ਸ਼ਾਮਿਲ ਰਹੇ। ਖੂਨਦਾਨ ਕੈਂਪ ਦੌਰਾਨ ਸਿਵਲ ਹਸਪਤਾਲ, ਫੇਸ 6 ਤੋਂ ਆਈ ਟੀਮ ਵੱਲੋਂ ਖੂਨਦਾਨ ਇਕੱਤਰ ਕੀਤਾ ਗਿਆ।



## ਮਦਰ ਟੈਰੇਸਾ ਪਬਲਿਕ ਸਕੂਲ ਵਿਖੇ ਕਰਵਾਈ ਫਰੂਟ ਪਾਰਟੀ



ਖੰਨਾ (ਸੁਖਵਿੰਦਰ ਸਿੰਘ ਭਾਦਲਾ)-ਅੱਜ ਸੇਂਟ ਮਦਰ ਟੈਰੇਸਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਖੰਨਾ ਵਿੱਚ ਪਲੇ ਵੇਅ ਤੇ ਪ੍ਰੀ-ਨਰਸਰੀ ਦੇ ਵਿਦਿਆਰਥੀਆਂ ਨੇ ਹਾਲ ਹੀ ਵਿੱਚ ਮੌਜ-ਮਸਤੀ ਤੇ ਸਿੱਖਣ ਭਰਪੂਰ ਫਰੂਟ ਪਾਰਟੀ ਦਾ ਆਨੰਦ ਮਾਣਿਆ।ਇਸ ਕਾਰਜ ਦੀ ਅਗਵਾਈ ਸਕੂਲ ਦੇ ਮਾਣਯੋਗ ਚੇਅਰਮੈਨ ਸੁਰਿੰਦਰ ਸ਼ਾਹੀ ਤੇ ਸਕੂਲ ਦੇ ਸਤਿਕਾਰਯੋਗ ਪ੍ਰਿੰਸੀਪਲ ਅੰਜੂ ਭਾਟੀਆ ਦੀ ਰਹਿਨੁਮਾਈ ਹੇਠ ਹੋਈ।ਇਸ ਪ੍ਰੋਗਰਾਮ ਵਿੱਚ ਦਿਲਚਸਪ ਰੰਗਾਂ ਦੀਆਂ ਗਤੀਵਿਧੀਆਂ ਕਰਵਾਈਆਂ ਗਈਆਂ, ਜਿੱਥੇ ਛੋਟੇ ਬੱਚਿਆਂ ਨੇ ਵੱਖ-ਵੱਖ ਫਲਾਂ ਦੇ ਚਿੱਤਰਾਂ ਨੂੰ ਰੰਗਾਂ ਨਾਲ ਸਜਾਇਆ।ਮਾਣਯੋਗ ਚੇਅਰਮੈਨ ਸੁਰਿੰਦਰ ਸ਼ਾਹੀ ਨੇ ਕਿਹਾ ਕਿ ਸਿਰਜਣਾਤਮਕ ਤੇ ਇੰਟਰਐਕਟਿਵ ਖੇਡ ਬੱਚਿਆਂ ਦੇ ਸੰਵੇਦੀ ਤੇ ਬੋਧਾਤਮਕ ਹੁਨਰਾਂ ਨੂੰ ਵਿਕਸਤ ਕਰਦੇ ਹਨ।ਇੱਕ ਖੇਡ-ਖੇਡ ਵਾਲੇ ਵਾਤਾਵਰਣ ਵਿੱਚ ਵਿਦਿਅਕ ਵਿਕਾਸ ਤੇ ਸਮਾਜਿਕ ਵਿਕਾਸ ਦੋਵਾਂ ਨੂੰ ਵਧਾਉਂਦਾ ਹੈ।ਸਕੂਲ ਦੇ ਸਤਿਕਾਰਯੋਗ ਪ੍ਰਿੰਸੀਪਲ ਅੰਜੂ ਭਾਟੀਆ ਨੇ ਕਿਹਾ ਕਿ ਇਸ ਕਿਸਮ ਦੀਆਂ ਗਤੀਵਿਧੀਆਂ ਨਾਲ ਵਿਦਿਆਰਥੀਆਂ ਨੂੰ ਸਿਰਫ ਕਿਤਾਬਾਂ ਤੱਕ ਹੀ ਸੀਮਤ ਰਹਿਣ ਦੀ ਬਜਾਏ, ਆਪਣੀ ਸ਼ਖ਼ਸੀਅਤ ਨੂੰ ਵਿਕਸਤ ਕਰਨ, ਸਮਾਜਿਕ ਹੁਨਰ ਨੂੰ ਨਿਖਾਰਨ ਤੇ ਵੱਖ-ਵੱਖ ਲੋਕਾਂ 'ਚ ਰੁਚੀ ਵਿਕਸਤ ਕਰਨ ਦਾ ਮੌਕਾ ਮਿਲਦਾ ਹੈ।ਵਿਦਿਆਰਥੀਆਂ ਦਾ ਸਰਵਾਂਗੀਕਰਨ ਵਿਕਾਸ ਹੁੰਦਾ ਹੈ ਤੇ ਉਹ ਸੰਪੂਰਨ ਜੀਵਨ ਵਿੱਚ ਬਿਹਤਰ ਢੰਗ ਨਾਲ ਤਿਆਰ ਹੋ ਜਾਂਦੇ ਹਨ।

## ਬਾਬਾ ਹੈਦਰ ਸ਼ੇਖ ਦਰਗਾਹ ਲਈ ਗੁੰਦ ਕਤੀਰ ਦਾ ਲੰਗਰ ਰਵਾਨਾ



ਭੀਖੀ (ਧਰਮਵੀਰ ਸ਼ਰਮਾ)-ਰਹਿਮਤ ਪੀਰਾਂ ਦੀ ਕਮੇਟੀ ਭੀਖੀ ਵੱਲੋਂ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬਾਬਾ ਹੈਦਰ ਸ਼ੇਖ ਦਰਗਾਹ ਮਲੇਰਕੋਟਲਾ ਵਿਖੇ ਠੰਢੇ ਗੁੰਦ ਕਤੀਰੇ ਦਾ ਲੰਗਰ ਸਥਾਨਕ ਸ੍ਰੀ ਹਨੂੰਮਾਨ ਮੰਦਰ ਤੋਂ ਰਵਾਨਾ ਕੀਤਾ, ਜਿਸ ਨੂੰ ਮਿੱਠੂ ਬਾਬਾ ਦੇ ਸਪੁੱਤਰ ਸੁਰਜੀਤ ਬਾਬਾ ਵੱਲੋਂ ਹਰੀ ਝੰਡੀ ਦਿੱਤੀ ਗਈ।ਇਸ ਮੌਕੇ ਜਾਣਕਾਰੀ ਦਿੰਦਿਆਂ ਕਮੇਟੀ ਦੇ ਪ੍ਰਧਾਨ ਜੈਕੀ ਸਿੰਗਲਾ ਨੇ ਦੱਸਿਆ ਕਿ ਕਮੇਟੀ ਵੱਲੋਂ ਭੀਖੀ ਤੋਂ ਸਮੇਂ ਸਮੇਂ 'ਤੇ ਮਲੇਰਕੋਟਲਾ ਦਰਗਾਹ ਵਿਖੇ ਲੰਗਰ ਦੀ ਸੇਵਾ ਕੀਤੀ ਜਾਂਦੀ ਹੈ ਅਤੇ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਰਧਾਲੂ ਪਹੁੰਚਦੇ ਹਨ। ਇਸ ਮੌਕੇ ਕਮੇਟੀ ਦੇ ਸਕੱਤਰ ਪ੍ਰਿੰਸ ਜੈਨ, ਕੈਸ਼ੀਅਰ ਅਭਿਸ਼ੇਕ ਜੈਨ, ਗਗਨਦੀਪ ਮਿੱਤਲ, ਮਨੀਸ਼ ਗਰਗ, ਯਸ਼ ਜੈਨ, ਅਜੇ ਜੈਨ, ਅਸ਼ੋਕ, ਕਿਰਨਦੀਪ, ਨਵੀਨ, ਵਿਨੀ ਮਹਿਤਾ, ਜੋਨੀ, ਹਰੀਸ਼, ਮਨਨ, ਟਿੰਕੂ, ਸ਼ੁਸ਼ੀਲ, ਵਿਕਾਸ, ਹੈਪੀ ਮਿੱਤਲ, ਸ਼ੰਭੂ ਗਰਗ ਤੋਂ ਇਲਾਵਾ ਸੁਰੇਸ਼ ਕੁਮਾਰ ਸ਼ਸ਼ੀ, ਕੌਂਸਲਰ ਪ੍ਰੇਮ ਕੁਮਾਰ ਤੇ ਪਰਵਿੰਦਰ ਸਿੰਘ ਗੋਗਾ ਹਾਜ਼ਰ ਸਨ।

## ਦਿ ਯੂਨੀਰਾਈਜ਼ ਵਰਲਡ ਸਕੂਲ ਵਿਖੇ ਨਸ਼ਾਖੋਰੀ ਵਿਰੁੱਧ ਸੈਮੀਨਾਰ



ਜਗਰਾਓਂ (ਅਮਿਤ ਖੰਨਾ)-ਯੂਨੀਰਾਈਜ਼ ਵਰਲਡ ਸਕੂਲ ਨੇ ਪਤਵੰਤਿਆਂ ਤੇ ਉੱਘੀਆਂ ਸ਼ਖਸੀਅਤਾਂ ਨਾਲ ਇੱਕ ਨਸ਼ਾ ਛੁਡਾਊ ਦਿਵਸ ਮਨਾਇਆ। ਸ੍ਰੀ ਕਰਨਦੀਪ ਸਿੰਘ ਐੱਸ.ਡੀ.ਐੱਮ. ਜਗਰਾਓਂ ਦੀ ਅਗਵਾਈ ਹੇਠ ਇੱਕ ਵਫ਼ਦ ਤੇ ਇਸ ਸਮਾਗਮ ਦੇ ਮੁੱਖ ਮਹਿਮਾਨ ਵਰਿੰਦਰ ਕੁਮਾਰ ਭਾਟੀਆ ਤਹਿਸੀਲਦਾਰ ਜਗਰਾਓਂ ਸਨ ਅਤੇ ਸਮਾਗਮ ਦੀ ਪ੍ਰਧਾਨਗੀ ਸ੍ਰੀ ਨਰੇਸ਼ ਵਰਮਾ, ਪ੍ਰਿੰਸੀਪਲ (ਸੇਵਾਮੁਕਤ) ਆਰ. ਕੇ. ਹਾਈ ਸਕੂਲ ਜਗਰਾਓਂ, ਸ੍ਰੀਮਤੀ ਮੀਨੂ ਨਸ਼ਾ ਛੁਡਾਊ ਕੇਂਦਰ ਸਿਵਲ ਹਸਪਤਾਲ ਜਗਰਾਓਂ ਵਿਖੇ ਇੱਕ ਮਨੋਵਿਗਿਆਨੀ, ਸ੍ਰੀ ਪੰਕਜ ਅਗਰਵਾਲ ਪ੍ਰਧਾਨ ਕੈਮਿਸਟ ਐਸੋਸੀਏਸ਼ਨ ਜਗਰਾਓਂ ਤੇ ਸ੍ਰੀ ਜਤਿੰਦਰ ਸਹੋਤਾ ਸਕੂਲ ਆਫ ਐਮੀਨੈਂਸ ਤੋਂ ਲਾਇਬ੍ਰੇਰੀਅਨ ਨੇ ਕੀਤੀ। ਇਸ ਸਮਾਗਮ ਦਾ ਉਦੇਸ਼ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਦੇ ਖਤਰਿਆਂ ਬਾਰੇ ਜਾਗਰੂਕਤਾ ਪੈਦਾ ਕਰਨਾ, ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਨਾਲ ਲੜਨ ਲਈ ਸਮੂਹਕ ਯਤਨਾਂ ਦੀ ਜ਼ਰੂਰਤ 'ਤੇ ਜ਼ੋਰ ਦਿੰਦੇ ਹੋਏ ਨਸ਼ਾ ਛੁਡਾਊ ਯਤਨਾਂ ਨੂੰ ਉਤਸ਼ਾਹਤ ਕਰਨ ਲਈ ਇੰਟਰਐਕਟਿਵ ਸੈਸ਼ਨ ਵਿੱਚ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਦੁਰਪ੍ਰਭਾਵ ਤੇ ਨਤੀਜਿਆਂ ਬਾਰੇ ਜਾਗਰੂਕ ਕੀਤਾ ਗਿਆ। ਆਏ ਹੋਏ ਮਹਿਮਾਨਾਂ ਨੇ ਇਲਾਜ ਤੇ ਸਲਾਹ ਦੇ ਵਿਕਲਪਾਂ ਬਾਰੇ ਭਰਪੂਰ ਜਾਣਕਾਰੀ ਸਾਂਝੀ ਕੀਤੀ। ਸਕੂਲ ਦੇ ਚੇਅਰਮੈਨ ਰਕੇਸ਼ ਅੱਗਰਵਾਲ ਨੇ ਵਿਦਿਆਰਥੀਆਂ ਨੂੰ ਮਹੱਤਵਪੂਰਨ ਜਾਣਕਾਰੀ ਦੇਣ ਦੇ ਇਸ ਉਪਰਾਲੇ ਦੀ ਬਹੁਤ ਸ਼ਲਾਘਾ ਕੀਤੀ। ਸਕੂਲ ਮੈਨੇਜਿੰਗ ਡਾਇਰੈਕਟਰ ਸੀਤੂ ਅਗਰਵਾਲ ਤੇ ਡਾਇਰੈਕਟਰ ਸ੍ਰੀਮਤੀ ਡਾ. ਪੱਲਵੀ ਅਗਰਵਾਲ ਨੇ ਵਿਦਿਆਰਥੀਆਂ ਤੇ ਨੌਜਵਾਨਾਂ ਵਿੱਚ ਨਸ਼ਿਆਂ ਦੇ ਖਤਰਿਆਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ।ਅੰਤ ਵਿੱਚ ਪ੍ਰਿੰਸੀਪਲ ਨੇਹਾ ਰਤਨ ਤੇ ਮੈਨੇਜਿੰਗ ਡਾਇਰੈਕਟਰ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤੇ।

## ਬੀ ਕੇ ਯੂ ਏਕਤਾ ਉਗਰਾਹਾਂ ਦੀ ਚੜ੍ਹਿੱਕ ਇਕਾਈ ਦੀ ਚੋਣ




ਮੋਗਾ (ਇਕਬਾਲ ਸਿੰਘ ਖਹਿਰਾ)-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਪਿੰਡ ਵਾਸੀਆਂ ਨਾਲ ਮੀਟਿੰਗ ਗੁਰਦਵਾਰਾ ਸ਼ਹੀਦ ਖੁਸ਼ਹਾਲ ਸਿੰਘ ਵਿਖੇ ਹੋਈ, ਜਿਸ ਵਿੱਚ ਬਲਾਕ ਮੋਗਾ ਵੰਨ ਦੇ ਪ੍ਰਧਾਨ ਜਗਜੀਤ ਸਿੰਘ ਮੱਦੋਕੇ ਤੇ ਬਲਾਕ ਵਿੱਤ ਸਕੱਤਰ ਲਖਵੀਰ ਸਿੰਘ ਚੜ੍ਹਿੱਕ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਜਥੇਬੰਦੀ ਵੱਲੋਂ ਪੰਜਾਬ ਭਰ 'ਚ ਸਾਰੀਆਂ ਕਮੇਟੀਆਂ ਦੀ ਚੋਣ ਨਵੇਂ ਸਿਰੇ ਤੋਂ ਕਰਵਾਈ ਜਾ ਰਹੀ ਹੈ। ਇਸ ਮੁਹਿੰਮ ਤਹਿਤ ਪਿੰਡ ਚੜ੍ਹਿੱਕ ਵਾਸੀਆਂ ਵੱਲੋਂ ਸਰਬਸੰਮਤੀ ਨਾਲ ਨਵੀਂ ਪਿੰਡ ਇਕਾਈ ਚੁਣੀ ਗਈ, ਜਿਸ ਵਿੱਚ ਪ੍ਰਧਾਨ ਗੁਰਦੇਵ ਸਿੰਘ, ਮੀਤ ਪ੍ਰਧਾਨ ਗੁਰਦੇਵ ਸਿੰਘ ਪੱਪੂ, ਜਨਰਲ ਸਕੱਤਰ ਬਲਦੇਵ ਸਿੰਘ ਮਾਣਕ, ਵਿੱਤ ਸਕੱਤਰ ਨਛੱਤਰ ਸਿੰਘ, ਪ੍ਰੈੱਸ ਸਕੱਤਰ ਸੁਖਵਿੰਦਰ ਸਿੰਘ ਰਾਣਾ ਤੇ ਸਰਬਣ ਸਿੰਘ, ਰਾਮਤੀਰਥ ਸਿੰਘ, ਗੁਰਮੇਲ ਸਿੰਘ, ਬਿੱਕਰ ਸਿੰਘ, ਬੂਟਾ ਸਿੰਘ, ਸਰੋਵਾ ਸਿੰਘ, ਸੁਲੱਖਣ ਸਿੰਘ, ਇਕਬਾਲ ਸਿੰਘ, ਗੁਰਦੀਪ ਸਿੰਘ, ਗੁਰਦੇਵ ਸਿੰਘ, ਗੁਰਤੇਜ ਸਿੰਘ ਸਲਾਹਕਾਰ ਚੁਣੇ ਗਏ। ਪ੍ਰਧਾਨ ਵੱਲੋਂ ਮੀਟਿੰਗ 'ਚ ਸ਼ਾਮਲ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਉਕਤ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਕਿਸਾਨ, ਨੌਜਵਾਨ ਹਾਜ਼ਰ ਸਨ।

## ਗੰਗਾ ਇੰਟਰਨੈਸ਼ਨਲ ਸਕੂਲ ਨੇ ਮਨਾਇਆ ਰੈੱਡ ਕਰਾਸ ਡੇਅ



ਪਾਤੜਾਂ (ਭੂਪਿੰਦਰਜੀਤ ਮੌਲਵੀਵਾਲਾ)-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਗੰਗਾ ਇੰਟਰਨੈਸ਼ਨਲ ਸਕੂਲ ਢਾਬੀ ਗੁੱਜਰਾਂ ਵਿੱਚ ਰੈੱਡ ਕਰਾਸ ਡੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਦਿਨ ਦਾ ਮਕਸਦ ਵਿਦਿਆਰਥੀਆਂ ਨੂੰ ਮਨੁੱਖੀ ਸੇਵਾ, ਪਹਿਲੀ ਚਿਕਿਤਸਾ ਤੇ ਐਮਰਜੈਂਸੀ ਸਥਿਤੀਆਂ ਵਿੱਚ ਸੰਯਮ ਨਾਲ ਕੰਮ ਕਰਨ ਬਾਰੇ ਜਾਗਰੂਕ ਕਰਨਾ ਸੀ।ਸਵੇਰ ਦੀ ਵਿਸ਼ੇਸ਼ ਪ੍ਰਾਰਥਨਾ ਸਭਾ ਦੌਰਾਨ ਵਿਦਿਆਰਥੀਆਂ ਨੂੰ ਰੈੱਡ ਕਰਾਸ ਡੇ ਦੀ ਮਹਿਮਾਨਤਾ ਬਾਰੇ ਜਾਣੂ ਕਰਵਾਇਆ ਗਿਆ।ਉਨ੍ਹਾਂ ਨੂੰ ਦੱਸਿਆ ਗਿਆ ਕਿ ਹੈਨਰੀ ਡੂਨੈਂਟ ਨੇ 1863 ਵਿੱਚ ਰੈੱਡ ਕਰਾਸ ਦੀ ਸਥਾਪਨਾ ਕੀਤੀ ਸੀ, ਜਿਸ ਦਾ ਉਦੇਸ਼ ਯੁੱਧ ਤੇ ਆਫ਼ਤਾਂ ਦੇ ਸਮੇਂ ਪੀੜਤ ਲੋਕਾਂ ਦੀ ਸੇਵਾ ਕਰਨਾ ਸੀ।ਵਿਦਿਆਰਥੀਆਂ ਨੇ ਇਹ ਵੀ ਸਿੱਖਿਆ ਕਿ ਰੈੱਡ ਕਰਾਸ ਇੱਕ ਅੰਤਰਰਾਸ਼ਟਰੀ ਸੰਸਥਾ ਹੈ, ਜੋ ਕਿਸੇ ਵੀ ਭੇਦਭਾਵ ਤੋਂ ਬਿਨਾਂ ਮਨੁੱਖਤਾ ਦੀ ਮਦਦ ਕਰਦੀ ਹੈ।ਉਪਰੰਤ ਸਕੂਲ ਦੇ ਵਿਦਿਆਰਥੀਆਂ ਵੱਲੋਂ ਇੱਕ ਨੁੱਕੜ ਨਾਟਕ ਪੇਸ਼ ਕੀਤਾ ਗਿਆ, ਜਿਸ ਰਾਹੀਂ ਦਿਖਾਇਆ ਗਿਆ ਕਿ ਫਰਸਟ ਏਡ ਕਿਵੇਂ ਤੇ ਕਦੋਂ ਦਿੱਤੀ ਜਾਂਦੀ ਹੈ।ਸਕੂਲ ਦੀ ਸਟਾਫ ਨਰਸ ਮਿਸ ਰਾਜ ਰਾਣੀ ਨੇ ਵਿਦਿਆਰਥੀਆਂ ਨੂੰ ਫਰਸਟ ਏਡ ਦੀ ਵਿਸਥਾਰ ਨਾਲ ਜਾਣਕਾਰੀ ਦਿੱਤੀ।ਸਕੂਲ ਦੀ ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਗੀਨਾ ਧੀਮਾਨ ਨੇ ਦੱਸਿਆ ਕਿ ਰੈੱਡ ਕਰਾਸ ਦੇ ਮੂਲ ਮੰਤਵ 'ਸੇਵਾ, ਸਮਰਪਣ ਤੇ ਨਿਰਪੱਖਤਾ' ਹੈ।ਉਨ੍ਹਾਂ ਬੱਚਿਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਜੀਵਨ ਦੇ ਹਰ ਮੋੜ 'ਤੇ ਲੋਕਾਂ ਦੀ ਮਦਦ ਕਰਨ ਲਈ ਹਮੇਸ਼ਾ ਤਿਆਰ ਰਹਿਣ ਤੇ ਹੌਸਲੇ ਨਾਲ ਹਰ ਸਥਿਤੀ ਦਾ ਸਾਹਮਣਾ ਕਰਨ।

## ਵਿਸ਼ਵ ਰੈੱਡ ਕਰਾਸ ਦਿਵਸ ਮਨਾਇਆ



ਫਰੀਦਕੋਟ (ਬਿਊਰੋ, ਬੇਦੀ)-ਭਾਰਤੀ ਰੈੱਡ ਕਰਾਸ ਸੁਸਾਇਟੀ ਫਰੀਦਕੋਟ ਵੱਲੋਂ ਰੈੱਡ ਕਰਾਸ ਸਪੈਸ਼ਲ ਸਕੂਲਾਂ ਦੇ ਕੰਪਲੈਕਸ ਕੋਟਕਪੂਰਾ-ਤਲਵੰਡੀ ਬਾਈਪਾਸ ਰੋਡ ਫਰੀਦਕੋਟ ਵਿਖੇ ਵਿਸ਼ਵ ਰੈੱਡ ਕਰਾਸ ਦਿਵਸ ਮਨਾਇਆ ਗਿਆ। ਇਸ ਸਮਾਰੋਹ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਮਾਣਯੋਗ ਚੀਫ ਜੁਡੀਸ਼ੀਅਲ ਮੈਜਿਸਟਰੇਟ ਸ੍ਰੀ (ਜੀ.ਐੱਮ.) ਫਰੀਦਕੋਟ ਸ੍ਰੀਮਤੀ ਗੁਰਪ੍ਰੀਤ ਕੌਰ ਨੇ ਸ਼ਿਰਕਤ ਕੀਤੀ।ਇਸ ਮੌਕੇ ਰੈੱਡ ਕਰਾਸ ਸੁਸਾਇਟੀ ਫਰੀਦਕੋਟ ਦੇ ਸੈਕਟਰੀ ਮਨਦੀਪ ਸਿੰਘ, ਗੁਰਮੀਤ ਸਿੰਘ, ਕੁਲਦੀਪ ਸਿੰਘ ਸੁਪਰਡੈਂਟ ਰੈੱਡ ਕਰਾਸ ਬਿਰਧ ਆਸ਼ਰਮ, ਸ੍ਰੀਮਤੀ ਮੰਜੂ ਸੁਖੀਜਾ ਸੀਨੀਅਰ ਮੈਂਬਰ, ਸ੍ਰੀਮਤੀ ਚਿਤਰਾ ਸ਼ਰਮਾ, ਸ੍ਰੀਮਤੀ ਬ੍ਰਮ ਪ੍ਰਕਾਸ਼ ਕੌਰ ਬਰਾੜ, ਸ੍ਰੀ ਕੇ ਪੀ ਸਿੰਘ ਸਰਾਂ, ਗੁਰਜੀਤ ਸਿੰਘ ਹੈਰੀ ਢਿੱਲੋਂ, ਰਾਜੀਵ ਮਲਿਕ ਆਦਿ ਤੋਂ ਇਲਾਵਾ ਰੈੱਡ ਕਰਾਸ ਸੁਸਾਇਟੀ ਫਰੀਦਕੋਟ ਦੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ। ਇਸ ਮੌਕੇ ਖੂਨਦਾਨ ਕੈਂਪ ਦਾ ਵੀ ਆਯੋਜਨ ਕੀਤਾ ਗਿਆ।

# ਪੰਜਾਬ ਦੇ ਲੋਕਾਂ ਤੇ ਫਸਲਾਂ ਨੂੰ ਪਿਆਸਾ ਮਾਰ ਕੇ ਕਿਸੇ ਹੋਰ ਨੂੰ ਪਾਣੀ ਨਹੀਂ ਦਿੱਤਾ ਜਾ ਸਕਦਾ : ਅਮਨ ਅਰੋੜਾ

## ਦੇਸ਼ ਦੀ ਆਨ, ਬਾਨ ਤੇ ਸ਼ਾਨ ਦੀ ਰਾਖੀ ਲਈ ਪੰਜਾਬ ਸਰਕਾਰ ਤੇ ਪੰਜਾਬੀ ਹਿੱਕ ਡਾਹ ਕੇ ਮੁਕਾਬਲਾ ਕਰਨਗੇ



ਮੰਡੀ ਗੋਬਿੰਦਗੜ੍ਹ/ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਪੰਜਾਬ ਦੇ ਕੈਬਨਿਟ ਮੰਤਰੀ ਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਸ੍ਰੀ ਅਮਨ ਅਰੋੜਾ ਨੇ ਮੰਡੀ ਗੋਬਿੰਦਗੜ੍ਹ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਕੋਲ ਹਰਿਆਣਾ ਨੂੰ ਦੇਣ ਲਈ ਵਾਧੂ ਪਾਣੀ ਨਹੀਂ ਹੈ।ਸ੍ਰੀ ਅਰੋੜਾ ਬੀਤੇ ਦਿਨ ਮੰਡੀ ਗੋਬਿੰਦਗੜ੍ਹ ਦੇ ਗੋਲਡਨ ਹਾਈਟ ਹੋਟਲ ਵਿਖੇ ਉੱਘੇ ਸਮਾਜ ਸੇਵੀ ਸੰਚਿਤ ਸਿੰਗਲਾ ਤੇ 100 ਪਰਿਵਾਰਾਂ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕਰਵਾਉਣ ਲਈ ਪਹੁੰਚੇ ਹੋਏ ਸਨ। ਇਸ ਮੌਕੇ ਵਿਧਾਇਕ ਅਮਲੋਹ ਗੁਰਿੰਦਰ ਸਿੰਘ ਗੈਰੀ ਬੜਿੰਗ ਤੇ ਹੋਰਨਾਂ ਸ਼ਖਸੀਅਤਾਂ ਨੇ ਉਨ੍ਹਾਂ ਦਾ ਸਵਾਗਤ ਕੀਤਾ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਪਹਿਲਾਂ ਹੀ ਇਹ ਸਪੱਸ਼ਟ ਕਰ ਚੁੱਕੇ ਹਨ ਕਿ ਪੰਜਾਬ ਕੋਲ ਵਾਧੂ ਪਾਣੀ ਨਹੀਂ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਨੂੰ ਮਾਨਵਤਾ ਦੇ ਆਧਾਰ 'ਤੇ ਪੀਣ ਲਈ ਲੋੜੀਂਦਾ ਪਾਣੀ ਦਿੱਤਾ ਜਾ ਰਿਹਾ ਹੈ, ਫਿਰ ਹਰਿਆਣਾ ਨੂੰ ਹੋਰ ਪਾਣੀ ਕਿਸ ਲਈ ਚਾਹੀਦਾ ਹੈ।ਭਾਰਤ-ਪਾਕਿ ਵਿਚਾਲੇ ਬਣੀ ਸੰਭਾਵੀ ਜੰਗ ਦੀ ਸਥਿਤੀ ਸੰਬੰਧੀ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਇਸ ਸਬੰਧੀ ਪੰਜਾਬ ਸਰਕਾਰ ਦਾ ਰੁਖ ਬਹੁਤ ਸਪੱਸ਼ਟ ਹੈ। ਉਨ੍ਹਾਂ ਕਿਹਾ ਕਿ ਜੇਕਰ ਦੇਸ਼ ਦੀ ਆਨ, ਬਾਨ ਤੇ ਸ਼ਾਨ ਨੂੰ ਕੋਈ ਖਤਰਾ ਹੋਵੇਗਾ ਤਾਂ ਤਿੰਨ ਕਰੋੜ ਪੰਜਾਬੀ ਤੇ ਪੰਜਾਬ ਸਰਕਾਰ, ਹਿੱਕ ਡਾਹ ਕੇ ਇਸ ਦਾ ਮੁਕਾਬਲਾ ਕਰੇਗੀ।ਉਨ੍ਹਾਂ ਕਿਹਾ ਕਿ ਪੰਜਾਬ ਨੇ ਪਹਿਲਾਂ ਵੀ ਦੇਸ਼ ਦੀ ਸੁਰੱਖਿਆ ਲਈ ਹਮੇਸ਼ਾ ਮੋਹਰੀ ਹੋ ਕੇ ਲੜਾਈਆਂ ਲੜੀਆਂ ਹਨ ਤੇ ਹੁਣ ਵੀ ਜੇਕਰ ਲੋੜ ਪਈ ਤਾਂ ਪੰਜਾਬ ਦੇ ਲੋਕ ਪਿੱਛੇ ਨਹੀਂ ਹਟਣਗੇ।ਕੈਬਨਿਟ ਮੰਤਰੀ ਨੇ ਪੱਤਰਕਾਰਾਂ ਵੱਲੋਂ ਉਦਯੋਗਿਕ ਵਿਕਾਸ ਸਬੰਧੀ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਉਦਯੋਗਿਕ ਵਿਕਾਸ ਸੂਬੇ ਦੀ ਜਿੰਦ ਜਾਨ ਹੈ ਤੇ ਰਾਜ ਸਰਕਾਰ ਪਹਿਲਾਂ ਹੀ ਸਪੱਸ਼ਟ ਕਰ ਚੁੱਕੀ ਹੈ ਕਿ ਉਦਯੋਗਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਉਦਯੋਗਿਕ ਵਿਕਾਸ ਨੂੰ ਮੁੱਖ ਰੱਖਦਿਆਂ ਪੰਜਾਬ ਸਰਕਾਰ ਨੇ ਇਸ ਸਾਲ ਦੇ ਬਜਟ ਵਿੱਚ ਉਦਯੋਗਾਂ ਲਈ 3400 ਕਰੋੜ ਰੁਪਏ ਦਾ ਪ੍ਰੋਤਸਾਹਨ ਦੇਣ ਦਾ ਪ੍ਰਬੰਧ ਕੀਤਾ ਹੈ ਤੇ ਹੁਣ ਉਦਯੋਗਾਂ ਨੂੰ 250 ਕਰੋੜ ਰੁਪਏ ਦੀ ਹੋਰ ਸਹਾਇਤਾ ਦਿੱਤੀ ਜਾਵੇਗੀ।

ਵਿਧਾਇਕ ਗੈਰੀ ਬੜਿੰਗ ਦੇ ਯਤਨਾਂ ਸਦਕਾ ਸਮਾਜ ਸੇਵੀ ਸੰਚਿਤ ਸਿੰਗਲਾ ਸਮੇਤ 100 ਪਰਿਵਾਰਾਂ ਦਾ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਗਰਮਜੋਸ਼ੀ ਨਾਲ ਸਵਾਗਤ ਕਰਦਿਆਂ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਸੂਬੇ ਦੇ ਵੱਡੀ ਗਿਣਤੀ ਲੋਕ ਪਾਰਟੀ ਦੀਆਂ ਨੀਤੀਆਂ ਤੋਂ ਖੁਸ਼ ਹੋ ਕੇ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ ਤੇ ਸੰਚਿਤ ਸਿੰਗਲਾ ਜ਼ਮੀਨ ਨਾਲ ਜੁੜੇ ਆਗੂ ਹਨ, ਜਿਨ੍ਹਾਂ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਪਾਰਟੀ ਹੋਰ ਮਜ਼ਬੂਤ ਹੋਵੇਗੀ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਹਮੇਸ਼ਾ ਹੀ ਮਿਹਨਤੀ ਤੇ ਇਮਾਨਦਾਰ ਲੋਕਾਂ ਨੂੰ ਬਣਦਾ ਮਾਣ ਸਨਮਾਨ ਦਿੱਤਾ ਹੈ।ਇਸ ਮੌਕੇ ਅਮਲੋਹ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਕਿਹਾ ਕਿ ਸੰਚਿਤ ਸਿੰਗਲਾ ਇੱਕ ਮਿਹਨਤੀ ਤੇ ਇਮਾਨਦਾਰ ਸਮਾਜ ਸੇਵੀ ਹਨ, ਜੋ ਲੋੜਵੰਦਾਂ ਦੀ ਸੇਵਾ ਲਈ ਹਮੇਸ਼ਾ ਤਤਪਰ ਰਹਿੰਦੇ ਹਨ।ਅਜਿਹੇ ਵਿਅਕਤੀਆਂ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤੀ ਮਿਲੇਗੀ।ਇਸ ਮੌਕੇ ਪ੍ਰਧਾਨ ਨਗਰ ਕੌਂਸਲ ਹਰਪ੍ਰੀਤ ਸਿੰਘ ਪ੍ਰਿੰਸ, ਮਾਰਕਿਟ ਕਮੇਟੀ ਸਰਹਿੰਦ ਦੇ ਚੇਅਰਮੈਨ ਗੁਰਵਿੰਦਰ ਸਿੰਘ ਢਿੱਲੋਂ, ਮਾਰਕਿਟ ਕਮੇਟੀ ਅਮਲੋਹ ਦੇ ਚੇਅਰਪਰਸਨ ਸੁਖਵਿੰਦਰ ਕੌਰ ਗਹਿਲੋਤ, ਮਾਰਕੀਟ ਕਮੇਟੀ ਮੰਡੀ ਗੋਬਿੰਦਗੜ੍ਹ ਦੇ ਚੇਅਰਮੈਨ ਜਗਦੀਪ ਸਿੰਘ ਚੱਠਾ, ਨਗਰ ਕੌਂਸਲ ਅਮਲੋਹ ਦੇ ਪ੍ਰਧਾਨ ਸਿਕੰਦਰ ਸਿੰਘ ਗੋਗੀ, ਓਂਕਾਰ ਸਿੰਘ ਚੌਹਾਨ, ਸ਼ਿੰਗਾਰਾ ਸਿੰਘ ਸਲਾਣਾ, ਟਕਸਾਲੀ ਆਗੂ ਗੁਲਸ਼ਨ ਛਾਬੜਾ, ਅਤੁੱਲ ਲੁਟਾਵਾ, ਮੋਹਿਤ ਮਿੱਤਲ, ਦੀਪਕ ਖੁੱਲਰ, ਰਾਜੀਵ ਗਰਗ, ਪੰਕਜ ਕੁਮਾਰ, ਦਿਵਿਆਂਸ਼ੂ ਗਰਗ, ਦੀਪਕ ਧਾਰੀਵਾਲ ਤੇ ਸੁਮਿਤ ਗਰਗ ਸਮੇਤ ਵੱਡੀ ਗਿਣਤੀ ਵਿੱਚ ਹੋਰ ਵਰਕਰ, ਆਗੂ ਤੇ ਪਤਵੰਤੇ ਹਾਜ਼ਰ ਸਨ।

## ਭਾਗੀਕੇ 'ਚ ਦੋ ਧਾਰਮਿਕ ਅਸਥਾਨਾਂ ਤੋਂ ਨਗਦੀ ਚੋਰੀ

ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)-ਪੁਲਸ ਥਾਣਾ ਨਿਹਾਲ ਸਿੰਘ ਵਾਲਾ ਦੇ ਪਿੰਡ ਭਾਗੀਕੇ ਵਿਖੇ ਬੀਤੀ ਰਾਤ ਚੋਰਾਂ ਨੇ ਦੋ ਧਾਰਮਿਕ ਅਸਥਾਨਾਂ ਨੂੰ ਨਿਸ਼ਾਨਾ ਬਣਾਉਂਦਿਆਂ ਜਿੱਥੇ ਕੀਮਤੀ ਸਾਮਾਨ ਚੋਰੀ ਕੀਤਾ ਹੈ, ਉੱਥੇ ਹੀ ਗੋਲਕ ਨੂੰ ਭੰਨ ਕੇ ਨਗਦੀ ਚੋਰੀ ਕਰ ਲਈ ਅਤੇ ਗੋਲਕ ਨੂੰ ਬਾਹਰ ਸੁੱਟ ਦਿੱਤਾ। ਮੌਕੇ 'ਤੇ ਇਕੱਤਰ ਕੀਤੀ ਜਾਣਕਾਰੀ ਅਨੁਸਾਰ ਪਿੰਡ ਭਾਗੀਕੇ ਦੇ ਗੁਰਦੁਆਰਾ ਭਾਗਸਰ ਸਾਹਿਬ ਬਾਹਰਲਾ ਵਿਖੇ ਚੋਰਾਂ ਨੇ ਦੇਰ ਰਾਤ ਗੋਲਕ ਵਿੱਚੋਂ ਨਗਦੀ ਚੋਰੀ ਕਰ ਲਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਭਾਗਸਰ ਸਾਹਿਬ ਬਾਹਰਲਾ ਦੀ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਬਲਵਿੰਦਰ ਸਿੰਘ ਤੇ ਮੌਜੂਦਾ ਸਰਪੰਚ ਸੁਖਦੀਪ ਸਿੰਘ ਸਾਧ ਨੇ ਦੱਸਿਆ ਕਿ ਚੋਰਾਂ ਵੱਲੋਂ ਗੁਰੂ ਘਰ ਵਿੱਚ ਦਾਖਲ ਹੋ ਕੇ ਦਰਬਾਰ ਸਾਹਿਬ ਵਿੱਚ ਪਈ ਗੋਲਕ ਵਿੱਚੋਂ ਹਜ਼ਾਰਾਂ ਦੀ ਨਗਦੀ ਚੋਰੀ ਲਈ।ਉਨ੍ਹਾਂ ਕਿਹਾ ਕਿ ਇਹ ਸਾਰੀ ਘਟਨਾ ਸੀਸੀਟੀਵੀ ਕੈਮਰੇ ਵਿੱਚ ਕੈਦ ਹੋ ਗਈ।ਪ੍ਰਬੰਧਕਾਂ ਨੇ ਦੱਸਿਆ ਕਿ ਇਸ ਘਟਨਾ ਸਬੰਧੀ ਸਬੰਧਤ ਪੁਲਸ ਥਾਣਾ ਨਿਹਾਲ ਸਿੰਘ ਵਾਲਾ ਵਿਖੇ ਸੂਚਿਤ ਕਰ ਦਿੱਤਾ ਹੈ।ਇਸੇ ਤਰ੍ਹਾਂ ਦੀ ਇਕ ਹੋਰ ਘਟਨਾ ਬਰਨਾਲਾ ਰੋਡ ਨਜ਼ਦੀਕ ਭਾਗੀਕੇ ਵਿਖੇ ਵਾਪਰੀ, ਜਿੱਥੇ ਚੋਰਾਂ ਨੇ ਇਕ ਚਰਚ ਨੂੰ ਨਿਸ਼ਾਨਾ ਬਣਾਉਂਦਿਆਂ ਉੱਥੇ ਲੱਗੇ ਬਿਜਲੀ ਵਾਲੇ ਪੱਖੇ ਉਤਾਰ ਲਏ।ਇਸ ਚੋਰੀ ਦੀ ਘਟਨਾ ਦੀ ਜਾਂਚ ਕਰ ਰਹੇ ਪੁਲਸ ਅਧਿਕਾਰੀ ਸਬ ਇੰਸਪੈਕਟਰ ਕੇਵਲ ਸਿੰਘ ਨੇ ਦੱਸਿਆ ਕਿ ਪੁਲਸ ਵੱਲੋਂ ਸੀਸੀਟੀਵੀ ਕੈਮਰੇ ਖੰਗਾਲੇ ਜਾ ਰਹੇ ਹਨ ਤਾਂ ਜੋ ਚੋਰਾਂ ਦੀ ਪੈੜ ਨੱਪੀ ਜਾ ਸਕੇ।ਜਾਂਚ ਅਧਿਕਾਰੀ ਨੇ ਇਹ ਵੀ ਦੱਸਿਆ ਕਿ ਇਸ ਮਾਮਲੇ ਨੂੰ ਗੰਭੀਰਤਾ ਨਾਲ ਨਜਿੱਠਿਆ ਜਾ ਰਿਹਾ ਹੈ ਤੇ ਚੋਰਾਂ ਦੀ ਭਾਲ ਕੀਤੀ ਜਾ ਰਹੀ ਹੈ, ਜਿਨ੍ਹਾਂ ਨੂੰ ਪੁਲਸ ਕਾਬੂ ਕਰਕੇ ਸਖ਼ਤ ਸਜ਼ਾ ਦਿਵਾਏਗੀ।

## ਦੇਸ਼ ਭਗਤ ਯੂਨੀਵਰਸਿਟੀ ਨੇ ਆਪ੍ਰੇਸ਼ਨ ਸੰਧੂਰ ਦੀ ਸਫਲਤਾ ਦਾ ਜਸ਼ਨ ਮਨਾਇਆ




ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)-ਇੱਕ ਮਾਣਮੱਤੇ ਤੇ ਦੇਸ਼ ਭਗਤੀ ਦੇ ਜਸ਼ਨ ਵਿੱਚ, ਦੇਸ਼ ਭਗਤ ਯੂਨੀਵਰਸਿਟੀ ਨੇ 'ਜੈ ਹਿੰਦ-ਰਾਸ਼ਟਰ ਪਹਿਲਾਂ' ਥੀਮ ਵਾਲੇ ਕੈਂਪਸ-ਵਿਆਪੀ ਪ੍ਰੋਗਰਾਮ ਦੇ ਨਾਲ ਆਪ੍ਰੇਸ਼ਨ ਸੰਧੂਰ ਦੀ ਸ਼ਾਨਦਾਰ ਸਫਲਤਾ ਦਾ ਜਸ਼ਨ ਮਨਾਇਆ। ਇਸ ਪ੍ਰੋਗਰਾਮ ਨੇ ਭਾਰਤੀ ਹਥਿਆਰਬੰਦ ਸੈਨਾਵਾਂ ਦੀ ਹਿੰਮਤ, ਰਣਨੀਤੀ ਤੇ ਕੁਰਬਾਨੀ ਦਾ ਸਨਮਾਨ ਕੀਤਾ, ਜੋ ਕਿ ਰਾਸ਼ਟਰੀ ਮਾਣ ਦੀ ਡੂੰਘੀ ਭਾਵਨਾ ਨਾਲ ਗੂੰਜਦਾ ਹੈ। ਪ੍ਰੋਗਰਾਮ ਦੀ ਸ਼ੁਰੂਆਤ ਮਾਣਯੋਗ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ ਚਾਂਸਲਰ ਡਾ. ਤਜਿੰਦਰ ਕੌਰ ਤੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਦੀ ਅਗਵਾਈ ਵਿੱਚ ਝੰਡਾ ਲਹਿਰਾਉਣ ਦੀ ਰਸਮ ਨਾਲ ਹੋਈ, ਜਿਸ ਤੋਂ ਬਾਅਦ ਰਾਸ਼ਟਰੀ ਗੀਤ ਗਾਇਆ ਗਿਆ। ਇੱਕ ਜੋਸ਼ੀਲੇ 'ਜੈ ਹਿੰਦ ਮਾਰਚ' ਵਿੱਚ ਵਿਦਿਆਰਥੀਆਂ, ਫੈਕਲਟੀ ਤੇ ਸਟਾਫ ਨੇ 'ਓਪਰੇਸ਼ਨ ਸਿੰਦੂਰ-ਭਾਰਤ ਦਾ ਜਵਾਬ!' ਤੇ 'ਦੇਸ਼ ਭਗਤ ਸਾਡੇ ਨਾਇਕਾਂ ਨੂੰ ਸਲਾਮ ਕਰਦੇ ਹਨ!' ਵਰਗੇ ਨਾਅਰੇ ਲਗਾਉਂਦੇ ਹੋਏ ਇੱਕਜੁੱਟ ਹੋਏ। ਇਸ ਸਮਾਗਮ ਦਾ ਇੱਕ ਭਾਵੁਕ ਪਲ ਡਾ. ਜ਼ੋਰਾ ਸਿੰਘ ਦੇ ਪਿਤਾ ਤੇ ਨੇਤਾਜੀ ਸੁਭਾਸ਼ ਚੰਦਰ ਬੋਸ ਦੀ ਆਜ਼ਾਦ ਹਿੰਦ ਫੌਜ ਦੇ ਬਹਾਦਰ ਆਜ਼ਾਦੀ ਘੁਲਾਟੀਏ ਸ੍. ਲਾਲ ਸਿੰਘ ਨੂੰ ਦਿਲੋਂ ਸ਼ਰਧਾਂਜਲੀ ਸੀ। ਉਨ੍ਹਾਂ ਦੇ ਯੋਗਦਾਨ ਨੂੰ 1972 ਵਿੱਚ ਭਾਰਤ ਸਰਕਾਰ ਦੁਆਰਾ ਤਾਮਰ ਪੱਤਰ ਨਾਲ ਸਨਮਾਨਤ ਕੀਤਾ ਗਿਆ ਸੀ। ਉਨ੍ਹਾਂ ਦੀ ਵਿਰਾਸਤ ਯੂਨੀਵਰਸਿਟੀ ਦੇ ਦੇਸ਼ ਭਗਤੀ ਤੇ ਸੇਵਾ ਪ੍ਰਤੀ ਅਟੁੱਟ ਸਮਰਪਣ ਨੂੰ ਪ੍ਰੇਰਿਤ ਕਰਦੀ ਰਹਿੰਦੀ ਹੈ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਡਾ. ਜ਼ੋਰਾ ਸਿੰਘ ਨੇ ਕਿਹਾ ਕਿ ਦੇਸ਼ ਭਗਤ ਯੂਨੀਵਰਸਿਟੀ ਦੇਸ਼ ਭਗਤੀ ਦੀ ਭਾਵਨਾ ਤੋਂ ਪੈਦਾ ਹੋਈ ਹੈ। 'ਜੈ ਹਿੰਦ' ਦਾ ਨਾਅਰਾ ਇੱਥੇ ਕਦੇ-ਕਦਾਈਂ ਨਹੀਂ ਲੱਗਦਾ-ਇਹ ਸਾਡਾ ਰੋਜ਼ਾਨਾ ਸਵਾਗਤ ਤੇ ਮਾਰਗਦਰਸ਼ਕ ਸਿਧਾਂਤ ਹੈ। ਇਸ ਦੌਰਾਨ ਡਾ. ਹਰਸ਼ ਸਦਾਵਰਤੀ ਨੇ ਕਿਹਾ ਕਿ ਡੀ.ਬੀ.ਯੂ. ਦਾ ਹਰ ਵਿਦਿਆਰਥੀ ਸੁਤੰਤਰਤਾ ਸੈਨਾਨੀਆਂ ਦੀ ਵਿਰਾਸਤ ਤੇ ਹਥਿਆਰਬੰਦ ਬਲਾਂ ਦੀ ਹਿੰਮਤ ਨੂੰ ਅੱਗੇ ਵਧਾਉਂਦਾ ਹੈ। ਸਾਡਾ ਮਿਸ਼ਨ ਹਰ ਅਰਥ ਵਿੱਚ ਰਾਸ਼ਟਰ ਨਿਰਮਾਣ ਹੈ।

## ਪੰਜਾਬੀ ਯੂਨੀਵਰਸਿਟੀ ਦੇ ਦੋ ਤੀਰਅੰਦਾਜ਼ਾਂ ਦੀ ਭਾਰਤੀ ਟੀਮ 'ਚ ਚੋਣ

### ਇਟਲੀ ਤੇ ਚੀਨ 'ਚ ਹੋਣ ਵਾਲੇ ਮੁਕਾਬਲਿਆਂ 'ਚ ਲੈਣਗੇ ਭਾਗ




ਪਟਿਆਲਾ (ਰਾਜਿੰਦਰ ਸਿੰਘ ਥਿੰਦ)

ਪੰਜਾਬੀ ਯੂਨੀਵਰਸਿਟੀ ਦੇ ਤੀਰਅੰਦਾਜ਼ ਪੂਜਾ ਤੇ ਹਰਵਿੰਦਰ ਸਿੰਘ ਨੇ ਭਾਰਤੀ ਤੀਰਅੰਦਾਜ਼ੀ ਟੀਮ ਵਿੱਚ ਆਪਣੀ ਚੋਣ ਪੱਕੀ ਕਰ ਲਈ ਹੈ।ਇਹ ਦੋਵੇਂ ਖਿਡਾਰੀ ਮਈ 2025 ਵਿੱਚ ਇਟਲੀ 'ਚ ਹੋਣ ਵਾਲ਼ੇ ਵਰਲਡ ਰੈਂਕਿੰਗ ਟੂਰਨਾਮੈਂਟ ਤੇ ਜੂਨ 2025 ਵਿੱਚ ਚੀਨ 'ਚ ਹੋਣ ਵਾਲੀ ਪੈਰਾ ਏਸ਼ੀਅਨ ਚੈਂਪੀਅਨਸ਼ਿਪ ਵਿੱਚ ਭਾਗ ਲੈਣਗੇ।ਖੇਡ ਵਿਭਾਗ ਦੇ ਡਾਇਰੈਕਟਰ ਡਾ. ਗੁਰਦੀਪ ਕੌਰ ਰੰਧਾਵਾ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਖਿਡਾਰੀ ਪਿਛਲੇ 10 ਸਾਲਾਂ ਤੋਂ ਪੰਜਾਬੀ ਯੂਨੀਵਰਸਿਟੀ ਵਿੱਚ ਨਿਯਮਤ ਤੌਰ 'ਤੇ ਅਭਿਆਸ ਕਰ ਰਹੇ ਹਨ।ਉਨ੍ਹਾਂ ਦੱਸਿਆ ਕਿ ਇਹ ਪਹਿਲੀ ਵਾਰ ਹੈ ਕਿ ਪੰਜਾਬੀ ਯੂਨੀਵਰਸਿਟੀ ਤੋਂ 6 ਨੇ ਟਰਾਇਲਜ਼ ਵਿੱਚ ਭਾਗ ਲਿਆ।ਉਨ੍ਹਾਂ ਦੱਸਿਆ ਕਿ ਇਸੇ ਦੌਰਾਨ ਤੀਰ ਅੰਦਾਜ਼ ਗੁਰਵਿੰਦਰ ਸਿੰਘ ਨੇ ਵੀ ਘੱਟ ਸਮੇਂ ਵਿੱਚ ਬੇਮਿਸਾਲ ਪ੍ਰਦਰਸ਼ਨ ਕਰ ਕੇ ਸਭ ਦਾ ਧਿਆਨ ਖਿੱਚਿਆ ਹੈ।ਜ਼ਿਕਰਯੋਗ ਹੈ ਕਿ ਯੂਨੀਵਰਸਿਟੀ ਕੈਂਪਸ ਵਿਖੇ ਰੋਜ਼ਾਨਾ 100-150 ਖਿਡਾਰੀ ਤੀਰਅੰਦਾਜ਼ੀ ਦਾ ਅਭਿਆਸ ਕਰ ਰਹੇ ਹਨ।ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ, ਡੀਨ ਅਕਾਦਮਿਕ ਡਾ. ਨਰਿੰਦਰ ਕੌਰ ਮੁਲਤਾਨੀ ਤੇ ਰਜਿਸਟਰਾਰ ਡਾ. ਸੰਜੀਵ ਪੁਰੀ ਵੱਲੋਂ ਇਸ ਪ੍ਰਾਪਤੀ ਉੱਤੇ ਖਿਡਾਰੀਆਂ, ਉਨ੍ਹਾਂ ਦੇ ਕੋਚ ਤੇ ਖੇਡ ਵਿਭਾਗ ਨੂੰ ਵਧਾਈ ਦਿੱਤੀ ਗਈ।

## ਨਗਰ ਕੌਂਸਲ ਜੈਤੋ 'ਚ ਭ੍ਰਿਸ਼ਟਾਚਾਰ ਨੇ ਪੈਰ ਪਸਾਰੇ

ਜੈਤੋ (ਸਤੀਸ਼ ਕੁਮਾਰ ਭੀਰੀ)-ਨਗਰ ਕੌਂਸਲ ਜੈਤੋ ਨੂੰ 'ਮੈਂ ਹਾਂ ਆਮ ਆਦਮੀ' ਕਹਿਣ ਵਾਲਿਆਂ ਨੇ ਲਾਇਆ ਹਜ਼ਾਰਾਂ ਰੁਪਏ ਦਾ ਖੋਰਾ ਤੇ ਆਮ ਲੋਕਾਂ ਨੂੰ ਕੀਤਾ ਰੱਜ ਕੇ ਖੱਜਲ ਖੁਆਰ। ਇਸ ਸਬੰਧੀ ਪੂਰਾ ਮਾਮਲਾ ਇਸ ਪ੍ਰਕਾਰ ਦੱਸਿਆ ਜਾ ਰਿਹਾ ਹੈ ਕਿ ਨਗਰ ਕੌਂਸਲ ਵੱਲੋਂ ਕੁਝ ਪਲਾਟਾਂ ਤੇ ਦੁਕਾਨਾਂ ਨੂੰ ਕਿਰਾਏ 'ਤੇ ਦੇਣ ਲਈ ਅਖ਼ਬਾਰ ਵਿੱਚ ਇਸ਼ਤਿਹਾਰ ਦਿੱਤਾ ਸੀ ਤੇ ਨਾਲ ਹੀ ਬੱਸ ਅੱਡਾ ਉਗਰਾਹੀ ਫੀਸ, ਕੰਟੀਨ ਠੇਕਾ, ਬੱਸ ਸਟੈਂਡ ਪਾਰਕਿੰਗ ਠੇਕਾ ਸਮੇਤ ਹੋਰ ਕੰਮਾਂ ਲਈ ਅੱਜ ਬੋਲੀ ਰੱਖੀ ਗਈ ਸੀ, ਜੋ ਕਿ ਅਚਾਨਕ ਬਿਨਾਂ ਸਿਰ ਪੈਰ ਦੀ ਬਹਾਨੇਬਾਜ਼ੀ ਕਰਦਿਆਂ ਹੋਇਆਂ ਰੱਦ ਕਰ ਦਿੱਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਾਰਜ ਸਾਧਕ ਅਫਸਰ ਮਨਿੰਦਰ ਪਾਲ ਸਿੰਘ ਨੇ ਕਿਹਾ ਕਿ ਪਾਰਕਿੰਗ ਲਈ ਬੱਸ ਅੱਡੇ ਵਿੱਚ ਜਗ੍ਹਾ ਨਿਰਧਾਰਤ ਨਹੀਂ ਕੀਤੀ ਗਈ, ਕੰਟੀਨ ਲਈ ਬੋਲੀਕਾਰ ਪੂਰੇ ਨਹੀਂ ਹਨ, ਸਮੇਤ ਤਮਾਮ ਰਸਤਿਆਂ ਤੋਂ ਸਾਫ ਸੁਥਰੇ ਹੋਣ ਦਾ ਯਤਨ ਕੀਤਾ ਗਿਆ, ਪ੍ਰੰਤੂ ਬੋਲੀਆਂ ਰੱਦ ਹੋਣ ਤੋਂ ਭੜਕੇ ਬੋਲੀਕਾਰਾਂ ਵੱਲੋਂ ਨਗਰ ਕੌਂਸਲ ਦੀ ਆਲਾ ਕਮਾਨ 'ਤੇ ਦੋਸ਼ ਲਗਾਏ ਗਏ ਕਿ ਉਨ੍ਹਾਂ ਵੱਲੋਂ ਦੁਕਾਨਾਂ 'ਤੇ ਵੱਖ ਵੱਖ ਮਦਾਂ ਦੇ ਠੇਕੇ ਔਣੇ ਪੌਣੇ ਰੇਟਾਂ 'ਤੇ ਆਪਣੇ ਚਹੇਤਿਆਂ ਨੂੰ ਅੰਦਰ ਖਾਤੇ ਦੇਣ ਲਈ ਜਾਣਬੁੱਝ ਕੇ ਸਾਨੂੰ ਖਰਾਬ ਕੀਤਾ ਗਿਆ, ਬੇਈਮਾਨੀ ਤੇ ਭ੍ਰਿਸ਼ਟਾਚਾਰ ਦੀ ਮਾਂ ਬਣ ਚੁੱਕੀ ਨਗਰ ਕੌਂਸਲ ਜੈਤੋ ਤੇ ਇਨਸਾਫ ਲੈਣ ਲਈ ਇਲਾਕੇ ਦੇ ਬੇਵਸ ਹੋਏ ਲੋਕ ਬਦਲਾਅ ਦੀ ਸਰਕਾਰ ਦੇ ਪੰਜਾਬ ਮੁਖੀ ਭਗਵੰਤ ਸਿੰਘ ਮਾਨ ਵੱਲ ਟਿਕਟਿਕੀ ਲਾ ਕੇ ਦੇਖ ਰਹੇ ਹਨ।

## ਪਦਾਰਥਵਾਦੀ ਵਿਚਾਰ ਮੰਚ ਵੱਲੋਂ ਸਿਧਾਂਤਕ ਕੈਂਪ ਅੱਜ

ਮੋਗਾ (ਇਕਬਾਲ ਸਿੰਘ ਖਹਿਰਾ)-ਪਦਾਰਥਵਾਦੀ ਵਿਚਾਰ ਮੰਚ ਵੱਲੋਂ ਇਸ ਮਹੀਨੇ ਦਾ ਲੜੀਵਾਰ ਸਿਧਾਂਤਕ ਕੈਂਪ ਮਰਹੂਮ ਕਾਮਰੇਡ ਸਤੀਸ਼ ਲੂੰਬਾ ਨੂੰ ਸਮਰਪਤ ਹੋਵੇਗਾ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਮੰਚ ਦੇ ਪ੍ਰਧਾਨ ਕਾਮਰੇਡ ਇੰਦਰਬੀਰ ਗਿੱਲ ਨੇ ਕਿਹਾ ਕਿ ਕਾਮਰੇਡ ਸਤੀਸ਼ ਲੂੰਬਾ ਜੀ ਉੱਘੇ ਕਮਿਊਨਿਸਟ ਤੇ ਟਰੇਡ ਯੂਨੀਅਨ ਆਗੂ ਅਤੇ ਏਟਕ ਦੇ ਕੌਮੀ ਜਨਰਲ ਸਕੱਤਰ ਸਨ, ਜੋ ਦਿੱਲੀ ਏਅਰਪੋਰਟ 'ਤੇ ਲੈਂਡ ਕਰਦੇ ਸਮੇਂ ਇੱਕ ਹਵਾਈ ਹਾਦਸੇ ਦੌਰਾਨ ਸਾਥੋਂ ਸਦਾ ਲਈ ਵਿੱਛੜ ਗਏ ਸਨ।ਉਸ ਸਮੇਂ ਉਹ ਸੀ ਪੀ ਆਈ ਦੇ ਕੌਮੀ ਪੱਧਰ ਦੇ ਪਹਿਲੀ ਪਾਲ ਦੇ ਅਤਿ ਸਤਿਕਾਰਤ ਆਗੂਆਂ ਤੇ ਪੰਜਾਬ ਏਟਕ ਦੇ ਜਨਰਲ ਸਕੱਤਰ ਸਨ।ਮੰਚ ਪ੍ਰਧਾਨ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਨੌਜਵਾਨਾਂ, ਵਿਦਿਆਰਥੀਆਂ ਤੇ ਹੋਰ ਸਮਾਜਿਕ ਕਾਰਕੁਨਾਂ ਨੂੰ ਸਿਧਾਂਤਕ ਸੇਧ ਦੇਣ ਲਈ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਕਾਮਰੇਡ ਸਤੀਸ਼ ਲੂੰਬਾ ਦੇ ਨਾਮ 'ਤੇ ਇੱਕ ਹਾਲ ਦੀ ਉਸਾਰੀ ਕੀਤੀ ਹੋਈ ਹੈ, ਜਿੱਥੇ ਸਿਧਾਂਤਕ ਵਿੱਦਿਆ ਦਾ ਕਾਰਜ ਕੀਤਾ ਜਾਂਦਾ ਹੈ।ਕਾਮਰੇਡ ਆਗੂ ਨੇ ਨੌਜਵਾਨਾਂ, ਵਿਦਿਆਰਥੀਆਂ ਤੇ ਸਮਾਜਿਕ ਕਾਰਕੁਨਾਂ ਨੂੰ ਇਸ ਕੈਂਪ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।ਇਸ ਮੌਕੇ ਉਨ੍ਹਾਂ ਨਾਲ ਮੰਚ ਦੇ ਸਕੱਤਰ ਕਾਮਰੇਡ ਬਲਕਾਰ ਸਿੰਘ ਵਲਟੋਹਾ ਵੀ ਹਾਜ਼ਰ ਸਨ।

## ਹੋਲੀ ਹਾਰਟ ਸਕੂਲ ਦੇ ਵਿਦਿਆਰਥੀਆਂ ਨੂੰ ਵਹਿਮਾਂ ਭਰਮਾਂ ਬਾਰੇ ਕੀਤਾ ਜਾਗਰੂਕ



ਅਜੀਤਵਾਲ (ਨਛੱਤਰ ਸੰਧੂ)-ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਸਵੇਰ ਦੀ ਸਭਾ ਵਿੱਚ ਵਿਦਿਆਰਥੀਆਂ ਨੂੰ ਵਹਿਮਾਂ ਭਰਮਾਂ ਤੇ ਠੱਗਾਂ ਬਾਰੇ ਜਾਗਰੂਕ ਕੀਤਾ ਗਿਆ। ਇਸ ਮੌਕੇ ਅਧਿਆਪਕਾਵਾਂ ਨੇ ਵਿਦਿਆਰਥੀਆਂ ਨੂੰ ਸਮਾਜਿਕ ਵਹਿਮਾਂ ਭਰਮਾਂ ਤੋਂ ਜਾਗਰੂਕ ਕੀਤਾ ਤੇ ਜੋਤਿਸ਼ ਵਿੱਦਿਆ ਨੂੰ ਸਾਇੰਸ ਨਾਲ ਜੋੜਦਿਆਂ ਜਾਦੂਗਰੀ ਦੀਆਂ ਕਿਰਿਆਵਾਂ ਦਿਖਾਈਆਂ ਅਤੇ ਦੱਸਿਆ ਕਿ ਇਹ ਸਿਰਫ ਹੱਥ ਦੀ ਸਫਾਈ ਹੁੰਦੀ ਹੈ ਤੇ ਕੋਈ ਜਾਦੂ ਨਹੀਂ, ਸਾਨੂੰ ਇਸ ਉੱਪਰ ਵਿਸ਼ਵਾਸ ਨਹੀਂ ਕਰਨਾ ਚਾਹੀਦਾ। ਜੇ ਅੰਧ ਵਿਸ਼ਵਾਸਾਂ ਜਾਂ ਵਹਿਮਾਂ ਦੇ ਜ਼ਿਆਦਾ ਪ੍ਰਫੁਲਤ ਹੋਣ ਦਾ ਕਾਰਨ ਘੋਖੇ ਜਾਣ ਤਾਂ ਇਹ ਗੱਲ ਵੀ ਮੁੱਖ ਕਹੀ ਜਾ ਸਕਦੀ ਹੈ ਕਿ ਪੰਜਾਬ ਦੀ ਜ਼ਿਆਦਾਤਰ ਆਬਾਦੀ ਪਿੰਡਾਂ ਦੀ ਵਸਨੀਕ ਹੋਣ ਕਾਰਨ ਅਗਿਆਨਤਾ ਦੇ ਹਨੇਰੇ ਵਿੱਚ ਹੀ ਵਿਚਰਦੀ ਰਹੀ, ਜਿਸ ਕਾਰਨ ਅੰਧ ਵਿਸ਼ਵਾਸਾਂ ਵਿੱਚ ਨਿਰੰਤਰ ਵਾਧਾ ਹੁੰਦਾ ਗਿਆ। ਅੱਜ ਦੇ ਸਮੇਂ ਵਿੱਚ ਵੀ ਕਈ ਵਹਿਮਾਂ ਭਰਮਾਂ ਦੀ ਕਿਤੇ ਨਾ ਕਿਤੇ ਹਰ ਮਨੁੱਖ ਦੇ ਜੀਵਨ ਵਿੱਚ ਛਾਪ ਮਿਲ ਹੀ ਜਾਂਦੀ ਹੈ। ਵਿਆਹ ਤੇ ਮਰਨ ਸਮੇਂ ਦੇ ਰੀਤੀ-ਰਿਵਾਜ, ਜਾਦੂ-ਟੂਣੇ, ਵਰਤ, ਦਿਨਾਂ ਦੇ ਅੰਧ ਵਿਸ਼ਵਾਸ ਤੋਂ ਇਲਾਵਾ ਹੋਰ ਵੀ ਬਹੁਤੇ ਅਜਿਹੇ ਟੋਟਕੇ ਹਨ, ਜੋ ਅੱਜ ਦੇ ਅਤਿ ਆਧੁਨਿਕ ਯੁੱਗ ਵਿੱਚ ਵੀ ਆਪਣੀ ਚਰਮ ਸੀਮਾ 'ਤੇ ਹਨ। ਦੂਸਰੇ ਪੱਖ ਤੋਂ ਵਰਦਾਨ ਮੰਨੀ ਜਾਂਦੀ ਤਕਨਾਲੋਜੀ ਵੀ ਕਿਸੇ ਹੱਦ ਤੱਕ ਇਨ੍ਹਾਂ ਵਹਿਮਾਂ ਭਰਮਾਂ ਨੂੰ ਪ੍ਰਚਾਰਨ ਵਿੱਚ ਲੱਗੀ ਹੋਈ ਹੈ। ਟੀ ਵੀ 'ਤੇ ਇੱਕ ਤਰਫ ਡਿਸਕਵਰੀ ਸਾਇੰਸ ਜਿਹੇ ਚੈਨਲਾਂ 'ਤੇ ਹਰ ਗੱਲ ਤੇ ਤਰਕ ਕਰਕੇ ਉਸ ਦੀ ਹੋਂਦ ਦਾ ਸਹੀ ਕਾਰਨ ਸਾਹਮਣੇ ਲਿਆ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾਂਦਾ ਹੈ। ਉਹੀ ਦੂਜੀ ਤਰਫ ਕਿਸੇ ਹੋਰ ਟੀ ਵੀ ਚੈਨਲ 'ਤੇ ਸਾਰਾ ਦਿਨ ਅੰਧ ਵਿਸ਼ਵਾਸਾਂ, ਤਾਰਾ ਮੰਡਲ ਤੇ ਗ੍ਰਹਿਆਂ ਨਾਲ ਸੰਬੰਧਤ ਵਹਿਮਾਂ ਭਰਮਾਂ ਦੀਆਂ ਕ੍ਰੋਪੀਆਂ ਤੋਂ ਬਚਣ ਦੇ ਉਪਾਅ ਤੇ ਰਾਸ਼ੀਫਲ ਆਦਿ ਦੱਸ ਕੇ ਲੋਕਾਂ ਨੂੰ ਅੰਧ ਵਿਸ਼ਵਾਸ ਵਿੱਚ ਧਕੇਲਿਆ ਜਾ ਰਿਹਾ ਹੈ। ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੈਆ ਪਲਤਾ ਤੇ ਸਕੂਲ ਪ੍ਰਿੰਸੀਪਲ ਸਾਕਸੀ ਗੁਲੇਰੀਆ ਨੇ ਬੱਚਿਆਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ।

# ਜਗਮੋਹਣ ਸਿੰਘ ਟੱਕਰ ਯਾਦਗਾਰੀ ਕੈਂਪ 'ਚ 350 ਤੋਂ ਵੱਧ ਮਰੀਜ਼ਾਂ ਦੀ ਜਾਂਚ

### 100 ਤੋਂ ਵੱਧ ਵਿਅਕਤੀਆਂ ਨੇ ਕੀਤਾ ਖੂਨ ਦਾਨ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਲਕਸ਼ਮੀ ਮਾਰਕੀਟ ਨੇੜੇ ਸਵ. ਜਗਮੋਹਣ ਸਿੰਘ ਟੱਕਰ ਦੀ 13ਵੀਂ ਬਰਸੀ ਮੌਕੇ ਸਵਾਮੀ ਗੰਗਾ ਨੰਦ ਜੀ ਭੂਰੀ ਵਾਲੇ ਚੈਰੀਟੇਬਲ ਸੇਵਾ ਸੰਮਤੀ ਵੱਲੋਂ ਪਰਿਵਾਰ ਦੇ ਸਹਿਯੋਗ ਨਾਲ ਖੂਨਦਾਨ ਤੇ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ, ਜਿਸ ਦਾ ਉਦਘਾਟਨ ਪੁਲਸ ਜ਼ਿਲ੍ਹਾ ਖੰਨਾ ਦੇ ਐੱਸ.ਪੀ. (ਡੀ) ਪਵਨਜੀਤ ਵੱਲੋਂ ਕੀਤਾ ਗਿਆ। ਇਕੱਤਰ ਕੀਤੀ ਜਾਣਕਾਰੀ ਮੁਤਾਬਿਕ ਕੈਂਪ ਵਿੱਚ ਹਲਕਾ ਸਮਰਾਲਾ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ, ਸਾਬਕਾ ਵਿਧਾਇਕ ਜਗਜੀਵਨ ਸਿੰਘ ਖੀਰਨੀਆਂ, ਹਲਕਾ ਸਮਰਾਲਾ ਤੋਂ ਕਾਂਗਰਸ ਪਾਰਟੀ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ, ਸ਼੍ਰੋਮਣੀ ਅਕਾਲੀ ਦੇ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋਂ ਵੱਲੋਂ ਸ਼ਿਰਕਤ ਕੀਤੀ ਗਈ, ਜਿਨ੍ਹਾਂ ਖੂਨਦਾਨੀਆਂ ਦੀ ਜਿੱਥੇ ਸ਼ਲਾਘਾ ਕੀਤੀ, ਉੱਥੇ ਉਨ੍ਹਾਂ ਨੂੰ ਸਰਟੀਫਿਕੇਟ, ਬੂਟੇ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ। ਖੂਨਦਾਨ ਕੈਂਪ ਵਿੱਚ ਪੀ.ਜੀ.ਆਈ. ਚੰਡੀਗੜ੍ਹ ਤੋਂ ਆਈ ਟੀਮ ਵੱਲੋਂ 100 ਤੋਂ ਵੱਧ ਯੂਨਿਟ ਖੂਨ ਇਕੱਤਰ ਕੀਤਾ ਗਿਆ। ਇਸੇ ਤਰ੍ਹਾਂ ਮੈਡੀਕਲ ਕੈਂਪ ਵਿੱਚ ਐੱਸ.ਜੀ.ਬੀ. ਚੈਰੀਟੇਬਲ ਹਸਪਤਾਲ ਤੇ ਪ੍ਰੋ ਲਾਈਫ਼ ਹਸਪਤਾਲ ਦੇ ਮਾਹਰ ਡਾਕਟਰਾਂ ਨੇ ਵੱਖ-ਵੱਖ ਬਿਮਾਰੀਆਂ, ਜਿਸ ਵਿੱਚ ਅੱਖਾਂ, ਦੰਦਾਂ, ਹੱਡੀਆਂ ਤੇ ਜਨਰਲ ਬਿਮਾਰੀਆਂ ਸਬੰਧੀ ਮਰੀਜ਼ਾਂ ਦੀ ਜਾਂਚ ਕਰ ਮੁਫ਼ਤ ਦਵਾਈਆਂ ਵੀ ਦਿੱਤੀਆਂ। ਲੋੜਵੰਦ ਮਰੀਜ਼ਾਂ ਨੂੰ ਸੰਸਥਾ ਵੱਲੋਂ ਮੁਫ਼ਤ ਐਨਕਾਂ ਵੀ ਦਿੱਤੀਆਂ ਗਈਆਂ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ, ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, ਥਾਣਾ ਮੁਖੀ ਇੰਸਪੈਕਟਰ ਹਰਵਿੰਦਰ ਸਿੰਘ, ਜ਼ਿਲ੍ਹਾ ਉੱਪ-ਪ੍ਰਧਾਨ ਕਸਤੂਰੀ ਲਾਲ ਮਿੰਟੂ, ਸ਼ਹਿਰੀ ਪ੍ਰਧਾਨ ਕਾਂਗਰਸ ਕਪਿਲ ਆਨੰਦ, ਸਮਾਜ ਸੇਵੀ ਗੁਰਚਰਨ ਸਿੰਘ ਟੱਕਰ, ਸ਼੍ਰੋਮਣੀ ਕਮੇਟੀ ਮੈਂਬਰ ਹਰਜਤਿੰਦਰ ਸਿੰਘ ਪਵਾਤ, ਸਾਬਕਾ ਪ੍ਰਧਾਨ ਤੇਜਿੰਦਰ ਸਿੰਘ ਕੂੰਨਰ, ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ, ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ, ਸਾਬਕਾ ਪ੍ਰਧਾਨ ਸੁਰਿੰਦਰ ਕੁੰਦਰਾ, ਜੇ. ਪੀ. ਸਿੰਘ ਮੱਕੜ, ਸਾਬਕਾ ਚੇਅਰਮੈਨ ਦਰਸ਼ਨ ਕੁੰਦਰਾ, ਗੁਰਨਾਮ ਸਿੰਘ ਨਾਗਰਾ, ਨਰਿੰਦਰਪਾਲ ਲੱਕੀ, ਸ਼ਹਿਰੀ ਪ੍ਰਧਾਨ ਜਸਪਾਲ ਸਿੰਘ ਜੱਜ, ਕੌਂਸਲਰ ਜਗਮੀਤ ਸਿੰਘ ਮੱਕੜ, ਅਰਵਿੰਦਰਪਾਲ ਸਿੰਘ ਵਿੱਕੀ, ਯੂਥ ਦਿਹਾਤੀ ਪ੍ਰਧਾਨ ਅੰਮ੍ਰਿਤਪਾਲ ਸਿੰਘ ਚੀਮਾ, ਸਾਬਕਾ ਪ੍ਰਧਾਨ ਲਾਲਾ ਮੰਗਤ ਰਾਏ, ਪ੍ਰਿੰ. ਡੀ. ਡੀ. ਵਰਮਾ, ਪ੍ਰਿੰ. ਦਰਸ਼ਨ ਲਾਲ ਜੈਨ, ਨੰਦ ਕਿਸ਼ੋਰ, ਛਿੰਦਰਪਾਲ ਹਿਯਾਤਪੁਰ, ਭਾਜਪਾ ਆਗੂ ਰਾਜੇਸ਼ ਲੀਹਲ, ਭੁਪਿੰਦਰ ਸਿੰਘ ਰਾਠੌਰ, ਸੰਜੀਵ ਪਾਂਧੀ, ਠੇਕੇਦਾਰ ਜਤਿੰਦਰ ਕੁੰਦਰਾ, ਚਿਰਾਗ ਬਾਂਸਲ, ਜਤਿਨ ਬਾਂਸਲ, ਅਜੈ ਬਾਂਸਲ, ਜਗਤਾਰ ਸਿੰਘ, ਸ਼ੈਂਕੀ ਸ਼ਰਮਾ, ਭੂਸ਼ਣ ਜੈਨ, ਪੀਏ ਰਾਜੇਸ਼ ਬਿੱਟੂ, ਜਥੇਦਾਰ ਬਲਬੀਰ ਸਿੰਘ ਟਾਂਡਾ, ਜਸਦੇਵ ਸਿੰਘ ਬਿੱਟੂ, ਰਣਜੀਤ ਸਿੰਘ ਜੀਤੀ, ਕੁਲਵਿੰਦਰ ਸਿੰਘ ਮਾਣੇਵਾਲ, ਵਿਨੀਤ ਕੁਮਾਰ ਝੜੌਦੀ, ਜਥੇਦਾਰ ਕੇਵਲ ਕੱਦੋਂ, ਚੇਤਨ ਕੁਮਾਰ, ਜਤਿਨ ਚੌਰਾਇਆ, ਪ੍ਰਵੀਨ ਮੱਕੜ, ਇੰਸਪੈਕਟਰ ਸੁਖਦੇਵ ਸਿੰਘ ਬਿੱਟੂ, ਸਹਾਇਕ ਥਾਣੇਦਾਰ ਡਿੰਪਲ, ਮੈਡਮ ਰਾਜ ਕੌਰ, ਕਾਂਸਟੇਬਲ ਪੂਜਾ, ਪ੍ਰਿੰ. ਨਿਰੰਜਨ ਕੁਮਾਰ, ਰਮੇਸ਼ ਸ਼ਰਮਾ, ਬੇਅੰਤ ਸਿੰਘ, ਪੀਏ ਹਰਚੰਦ ਸਿੰਘ, ਗੁਰਮੁਖ ਸਿੰਘ, ਟਹਿਲ ਸਿੰਘ ਬੈਰਸਾਲ, ਲੈਕਚਰਾਰ ਸਵਰਨ ਛੌੜੀਆਂ ਤੋਂ ਇਲਾਵਾ ਕੈਂਪ ਪ੍ਰਬੰਧਕਾਂ 'ਚ ਚੇਅਰਮੈਨ ਚਰਨਜੀਤ ਸਿੰਘ ਥੋਪੀਆ, ਪ੍ਰਧਾਨ ਆਰ.ਐੱਸ. ਹੀਰਾ, ਖੇਤੀਬਾੜੀ ਅਫ਼ਸਰ ਕ੍ਰਿਪਾਲ ਸਿੰਘ, ਸਤਿੰਦਰ ਸਿੰਘ ਖੀਰਨੀਆਂ, ਬਲਜਿੰਦਰ ਸਿੰਘ ਢਿੱਲੋਂ, ਪੰਚ ਗੁਰਮੀਤ ਸਿੰਘ, ਹੈਰੀ ਮਾਛੀਵਾੜਾ, ਪ੍ਰੇਮ ਸਿੰਘ ਰਜ਼ੂਲ, ਅਸ਼ੋਕ ਖੁਰਾਣਾ, ਗੁਰਚਰਨ ਸਿੰਘ ਜੁਲਫ਼ਗੜ੍ਹ, ਮਨਜੀਤ ਸਿੰਘ ਮੁੱਤੋਂ, ਸੰਜੇ ਜੈਨ, ਪ੍ਰਿਤਪਾਲ ਸਿੰਘ ਬਿੱਟੂ ਮੌਜੂਦ ਸਨ। ਕੈਂਪ ਦੇ ਅੰਤ ਵਿੱਚ ਚੇਅਰਮੈਨ ਚਰਨਜੀਤ ਸਿੰਘ ਥੋਪੀਆ ਵੱਲੋਂ ਆਏ ਮੁੱਖ ਮਹਿਮਾਨਾਂ ਨੂੰ ਗੁਰੂ ਸਾਹਿਬ ਦਾ ਯਾਦਗਾਰੀ ਚਿੱਤਰ ਭੇਟ ਕਰਕੇ ਸਨਮਾਨਤ ਕੀਤਾ ਗਿਆ।

## ਜੱਸਾ ਸਿੰਘ ਆਹਲੂਵਾਲੀਆ ਦੇ ਜਨਮ ਦਿਹਾੜੇ ਨੂੰ ਸਮਰਪਤ ਗੁਰਮਤਿ ਸਮਾਗਮ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਮਹਾਨ ਸਿੱਖ ਜਰਨੈਲ ਸਰਦਾਰ ਜੱਸਾ ਸਿੰਘ ਆਹਲੂਵਾਲੀਆ ਦੇ ਜਨਮ ਦਿਹਾੜੇ ਨੂੰ ਸਮਰਪਤ ਵਿਸ਼ਾਲ ਗੁਰਮਤਿ ਸਮਾਗਮ ਸ੍: ਜੱਸਾ ਸਿੰਘ ਆਹਲੂਵਾਲੀਆ ਗੁਰਮਤਿ ਸੰਗੀਤ ਵਿਦਿਆਲਾ ਕਾਲਾਮਾਲਾ ਸਾਹਿਬ ਛਾਪਾ (ਬਰਨਾਲਾ) ਵਿਖੇ ਇੰਚਾਰਜ ਭਾਈ ਗੁਰਜੰਟ ਸਿੰਘ ਛੀਨੀਵਾਲ ਦੀ ਅਗਵਾਈ ਹੇਠ ਕਰਵਾਇਆ ਗਿਆ।ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਰਾਗੀ ਜਥਿਆਂ ਨੇ ਕਥਾ ਕੀਰਤਨ ਦਾ ਪ੍ਰਵਾਹ ਚਲਾਇਆ।ਅੰਤ੍ਰਿਗ ਕਮੇਟੀ ਮੈਂਬਰ ਭਾਈ ਪਰਮਜੀਤ ਸਿੰਘ ਖ਼ਾਲਸਾ ਨੇ ਸ੍. ਜੱਸਾ ਸਿੰਘ ਆਹਲੂਵਾਲੀਆ ਦੇ ਜਨਮ ਦਿਹਾੜੇ ਦੀ ਸਮੂਹ ਸੰਗਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਮਹਾਨ ਸੂਰਬੀਰ ਜਰਨੈਲਾਂ ਨੇ ਵੱਡੇ ਘੱਲੂਘਾਰੇ ਦੌਰਾਨ ਅਹਿਮਦ ਸ਼ਾਹ ਅਬਦਾਲੀ ਦੀਆਂ ਫੌਜਾਂ ਨਾਲ ਲੋਹਾ ਲੈਂਦਿਆਂ ਦਲੇਰੀ ਨਾਲ ਡੱਟ ਕੇ ਮੁਕਾਬਲਾ ਕੀਤਾ, ਜੋ ਮੁੜ ਏਧਰ ਮੂੰਹ ਨਹੀਂ ਕਰ ਸਕੀਆਂ।ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਦੁਨਿਆਵੀ ਵਿੱਦਿਆ ਦੇ ਨਾਲ ਨਾਲ ਗੁਰਮਤਿ ਦੀ ਵਿੱਦਿਆ ਵੀ ਦੇਣੀ ਲਾਜ਼ਮੀ ਹੈ।ਉਨ੍ਹਾਂ ਦੱਸਿਆ ਕਿ ਅਜਿਹੇ ਮਹਾਨ ਸੂਰਬੀਰਾਂ ਦੀ ਯਾਦ ਵਿੱਚ ਧਾਰਮਿਕ ਸਮਾਗਮ ਕਰਵਾਉਣ ਦਾ ਮਨੋਰਥ ਨਵੀਂ ਪਨੀਰੀ ਨੂੰ ਮਹਾਨ ਸ਼ਹੀਦਾਂ ਦੀ ਸ਼ਹਾਦਤ ਤੋਂ ਜਾਣੂੰ ਕਰਵਾਉਣਾ ਹੈ।ਭਾਈ ਖਾਲਸਾ ਨੇ ਇਸ ਵਿਦਿਆਲਾ ਦੇ ਸ਼ੁਰੂ ਨਵੇਂ ਸੈਸ਼ਨ ਵਿੱਚ ਆਪਣੇ ਬੱਚਿਆਂ ਨੂੰ ਗੁਰਮਤਿ ਦੀ ਵਿੱਦਿਆ ਲਈ ਦਾਖਲਾ ਦਿਵਾਉਣ ਦੀ ਅਪੀਲ ਕੀਤੀ।ਇੰਚਾਰਜ ਭਾਈ ਗੁਰਜੰਟ ਸਿੰਘ ਛੀਨੀਵਾਲ ਨੇ ਸਮੂਹ ਸੰਗਤਾਂ ਨੂੰ ਜੀ ਆਇਆਂ ਨੂੰ ਆਖਦਿਆਂ ਕਿਹਾ ਕਿ ਅੱਜ ਸਿੱਖ ਜਰਨੈਲ ਸ੍. ਜੱਸਾ ਸਿੰਘ ਆਹਲੂਵਾਲੀਆ ਜਿਹੇ ਮਹਾਨ ਸੂਰਬੀਰਾਂ, ਸੱਚੇ ਸੁੱਚੇ ਕਿਰਦਾਰ ਵਾਲੇ ਸਿੰਘਾਂ ਦੀ ਅਗਵਾਈ ਦੀ ਸਿੱਖ ਕੌਮ ਨੂੰ ਲੋੜ ਹੈ।ਇਸ ਮੌਕੇ ਸਮੂਹ ਪ੍ਰਬੰਧਕਾਂ, ਗ੍ਰਾਮ ਪੰਚਾਇਤ ਵੱਲੋਂ ਵੱਖ ਵੱਖ ਸ਼ਖਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਸਮੇਂ ਪ੍ਰਿੰਸੀਪਲ ਗੁਰਪ੍ਰੀਤ ਕੌਰ ਸ਼ੇਰਪੁਰ, ਹੈੱਡ ਗਰੰਥੀ ਭਾਈ ਜਸਵੀਰ ਸਿੰਘ, ਭਾਈ ਰਜਿੰਦਰ ਸਿੰਘ ਛੀਨੀਵਾਲ, ਸਰਪੰਚ ਗੁਰਦੀਪ ਸਿੰਘ ਛਾਪਾ, ਹਰਜਿੰਦਰ ਸਿੰਘ ਫੀਡ ਵਾਲੇ, ਬੀਬੀ ਸੁਖਦੀਪ ਕੌਰ, ਬਾਬਾ ਸ਼ੇਰ ਸਿੰਘ ਖ਼ਾਲਸਾ, ਗੁਰਦੀਪ ਸਿੰਘ ਟਿਵਾਣਾ, ਮੁਖਤਿਆਰ ਸਿੰਘ ਛਾਪਾ, ਭਾਈ ਜਗਸੀਰ ਸਿੰਘ ਖ਼ਾਲਸਾ, ਬਲਜੀਤ ਸਿੰਘ ਪੰਡੋਰੀ, ਭਾਈ ਬਲਵੰਤ ਸਿੰਘ, ਭਾਈ ਜਸਵੀਰ ਸਿੰਘ, ਬੀਬੀ ਪਰਮਜੀਤ ਕੌਰ ਭੱਠਲ ਆਦਿ ਹਾਜ਼ਰ ਸਨ।

## ਵਿਦਿਆਰਥੀਆਂ ਨੂੰ ਯੁੱਧਕਾਲੀਨ ਸਥਿਤੀਆਂ ਦੀ ਗੰਭੀਰਤਾ ਤੇ ਚੁਣੌਤੀਆਂ ਪ੍ਰਤੀ ਕੀਤਾ ਸੁਚੇਤ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਫ਼ਤਿਹ ਗਰੁੱਪ ਆਫ ਇੰਸਟੀਚਿਊਸ਼ਨਜ਼ ਰਾਮਪੁਰਾ ਫੂਲ ਦੇ ਕੌਮੀ ਸੇਵਾ ਯੋਜਨਾ ਵਿਭਾਗ ਨੇ ਆਪਣੀ ਸਮਾਜ ਪ੍ਰਤੀ ਜ਼ਿੰਮੇਵਾਰੀ ਨੂੰ ਨਿਭਾਉਂਦਿਆਂ ਵਿਦਿਆਰਥੀਆਂ ਨੂੰ ਯੁੱਧ ਸਮੇਂ ਦੀਆਂ ਅਣਚਾਹੀਆਂ ਤੇ ਸੰਵੇਦਨਸ਼ੀਲ ਸਥਿਤੀਆਂ ਨਾਲ ਸੰਘਰਸ਼ ਕਰਨ ਦੀ ਸਮਰੱਥਾ ਤੇ ਸੂਝਬੂਝ ਪ੍ਰਦਾਨ ਕਰਨ ਦੇ ਉਦੇਸ਼ ਨਾਲ ਇੱਕ ਵਿਸ਼ੇਸ਼ ਸਿਖਲਾਈ ਸੈਸ਼ਨ ਦਾ ਆਯੋਜਨ ਕੀਤਾ।ਇਸ ਪ੍ਰੇਰਨਾਦਾਇਕ ਤੇ ਜਾਗਰੂਕਤਾ ਭਰਪੂਰ ਪ੍ਰੋਗਰਾਮ ਦੀ ਅਗਵਾਈ ਸੰਸਥਾ ਦੇ ਸਮਰਪਤ ਚੇਅਰਮੈਨ ਐੱਸ ਐੱਸ ਚੱਠਾ ਨੇ ਕੀਤੀ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਅਜਿਹੇ ਸੰਕਟਕਾਲੀਨ ਸਮਿਆਂ ਵਿੱਚ ਸੁਚੇਤ, ਸੰਤੁਲਿਤ ਤੇ ਸਕਾਰਾਤਮਕ ਪਹੁੰਚ ਅਪਣਾਉਣ ਦੀ ਪ੍ਰੇਰਨਾ ਦਿੱਤੀ।ਇਸ ਸੈਸ਼ਨ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਯੁੱਧਕਾਲੀਨ ਸਥਿਤੀਆਂ ਦੀ ਗੰਭੀਰਤਾ ਤੇ ਉਸ ਦੌਰਾਨ ਸਾਹਮਣੇ ਆਉਣ ਵਾਲੀਆਂ ਚੁਣੌਤੀਆਂ ਪ੍ਰਤੀ ਸੁਚੇਤ ਕਰਨਾ ਸੀ।ਸ੍. ਚੱਠਾ ਨੇ ਕਿਹਾ ਕਿ ਅਜਿਹੇ ਸਮਿਆਂ ਵਿੱਚ ਮਾਨਸਿਕ ਤੇ ਸਰੀਰਕ ਤੌਰ 'ਤੇ ਮਜ਼ਬੂਤ ਰਹਿਣਾ ਅਤਿ ਜ਼ਰੂਰੀ ਹੁੰਦਾ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਸਮਝਾਇਆ ਕਿ ਸੰਕਟ ਦੀ ਘੜੀ ਵਿੱਚ ਸੰਜਮ, ਸਹਿਣਸ਼ੀਲਤਾ ਤੇ ਸਹੀ ਫੈਸਲੇ ਲੈਣ ਦੀ ਸਮਰੱਥਾ ਹੀ ਵਿਅਕਤੀ ਨੂੰ ਸੁਰੱਖਿਅਤ ਤੇ ਸਥਿਰ ਰੱਖਦੀ ਹੈ।ਇਸ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਨੂੰ ਯੁੱਧਕਾਲੀਨ ਸਥਿਤੀਆਂ ਦੌਰਾਨ ਆਪਣੀ ਸੁਰੱਖਿਆ ਲਈ ਜ਼ਰੂਰੀ ਕਦਮ, ਜਿਵੇਂ ਕਿ ਸੁਰੱਖਿਅਤ ਸਥਾਨਾਂ ਦੀ ਪਛਾਣ, ਮੁੱਢਲੀ ਮੈਡੀਕਲ ਸਹਾਇਤਾ ਤੇ ਸੰਚਾਰ ਦੇ ਸਾਧਨਾਂ ਦੀ ਵਰਤੋਂ ਸੰਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਇਸ ਦੇ ਨਾਲ ਹੀ, ਸਮਾਜਿਕ ਏਕਤਾ ਤੇ ਆਪਸੀ ਸਹਿਯੋਗ ਦੀ ਮਹੱਤਤਾ 'ਤੇ ਵੀ ਵਿਸ਼ੇਸ਼ ਚਰਚਾ ਕੀਤੀ ਗਈ, ਜੋ ਅਜਿਹੇ ਸਮਿਆਂ ਵਿੱਚ ਸਮਾਜ ਨੂੰ ਇਕਜੁਟ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ।ਚੱਠਾ ਨੇ ਇਤਿਹਾਸਕ ਪ੍ਰਸੰਗਾਂ ਦਾ ਜ਼ਿਕਰ ਕਰਦਿਆਂ ਸਿੱਖ ਇਤਿਹਾਸ ਦੀਆਂ ਮਿਸਾਲਾਂ ਵੀ ਦਿੱਤੀਆਂ।ਇਸ ਸਿਖਲਾਈ ਸੈਸ਼ਨ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਤੇ ਆਪਣੇ ਸਵਾਲਾਂ ਰਾਹੀਂ ਵੱਖ-ਵੱਖ ਪਹਿਲੂਆਂ 'ਤੇ ਚਰਚਾ ਕੀਤੀ।ਸੰਸਥਾ ਦੇ ਅਧਿਆਪਕਾਂ ਤੇ ਮਾਹਰਾਂ ਨੇ ਵੀ ਇਸ ਮੌਕੇ ਵਿਦਿਆਰਥੀਆਂ ਨੂੰ ਵਿਹਾਰਕ ਸੁਝਾਅ ਤੇ ਸਿਖਲਾਈ ਪ੍ਰਦਾਨ ਕੀਤੀ, ਜਿਸ ਵਿੱਚ ਐਮਰਜੈਂਸੀ ਸਥਿਤੀਆਂ ਵਿੱਚ ਸਮੂਹਕ ਸਹਿਯੋਗ, ਸਰਕਾਰੀ ਤੇ ਗੈਰ-ਸਰਕਾਰੀ ਸੰਸਥਾਵਾਂ ਨਾਲ ਸੰਪਰਕ ਅਤੇ ਸਮਾਜਿਕ ਜ਼ਿੰਮੇਵਾਰੀਆਂ ਨੂੰ ਸਮਝਣ 'ਤੇ ਜ਼ੋਰ ਦਿੱਤਾ ਗਿਆ।

## ਕਾਂਗਰਸੀ ਆਗੂ ਮੌੜ ਨੇ ਪੀੜਤ ਦੁਕਾਨਦਾਰਾਂ ਦਾ ਹਾਲ ਚਾਲ ਪੁੱਛਿਆ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪੰਜਾਬ ਵਿੱਚ ਜਿਵੇਂ ਸਰਕਾਰ ਨਾਂਅ ਦੀ ਕੋਈ ਚੀਜ਼ ਨਾ ਹੋਵੇ, ਲੁੱਟ ਖੋਹਾਂ, ਕੁੱਟਮਾਰ, ਮਾਰਧਾੜ ਦੀਆਂ ਘਟਨਾਵਾਂ ਹਰ ਰੋਜ਼ ਦੀ ਇਕ ਆਮ ਗੱਲ ਬਣ ਗਈ ਹੈ। ਇਹ ਪ੍ਰਗਟਾਵਾ ਕਾਂਗਰਸ ਦੇ ਹਲਕਾ ਕੋਆਰਡੀਨੇਟਰ ਗੁਰਮੇਲ ਸਿੰਘ ਮੌੜ ਨੇ ਬੀਤੇ ਦਿਨੀਂ ਲੁਟੇਰਾ ਗਰੋਹ ਦੀ ਲੁੱਟਖੋਹ, ਕੁੱਟਮਾਰ ਦਾ ਸ਼ਿਕਾਰ ਹੋਏ ਕਸਬਾ ਮਹਿਲ ਕਲਾਂ ਦੇ ਦੋ ਦੁਕਾਨਦਾਰ ਭਰਾਵਾਂ ਭਗਵੰਤ ਸਿੰਘ ਤੇ ਮਨਜੀਤ ਸਿੰਘ ਵਾਸੀ ਪਿੰਡ ਬਾਹਮਣੀਆਂ ਦਾ ਸੀ ਐੱਚ ਸੀ ਮਹਿਲ ਕਲਾਂ ਵਿਖੇ ਹਾਲ ਚਾਲ ਜਾਨਣ ਉਪਰੰਤ ਕੀਤਾ।ਇਸ ਮੌਕੇ ਉਨ੍ਹਾਂ ਇਸ ਘਟਨਾ ਦੀ ਨਿੰਦਾ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਕਾਨੂੰਨ ਦੀ ਸਥਿਤੀ ਨੂੰ ਲੈ ਕੇ ਵੱਡੇ ਵਾਅਦੇ ਕੀਤੇ ਜਾ ਰਹੇ ਹਨ, ਪਰ ਪੰਜਾਬ ਭਰ ਅੰਦਰ ਕੋਈ ਵੀ ਨਾਗਰਿਕ ਸੁਰੱਖਿਅਤ ਨਹੀਂ ਹੈ।ਦਿਨ ਦਿਹਾੜੇ ਲੁੱਟਖੋਹ, ਕੁੱਟਮਾਰ, ਕਤਲਾਂ ਦੀਆਂ ਵਧ ਰਹੀਆਂ ਘਟਨਾਵਾਂ ਨੇ ਲੋਕਾਂ ਦੇ ਨੱਕ ਵਿੱਚ ਦਮ ਕਰ ਰੱਖਿਆ ਹੈ।ਆਗੂ ਮੌੜ ਨੇ ਆਪਣੇ ਵੱਲੋਂ ਹਰ ਸੰਭਵ ਸਹਿਯੋਗ ਦਾ ਵਿਸ਼ਵਾਸ ਦਿਵਾਇਆ ਤੇ ਜ਼ਿਲ੍ਹਾ ਪੁਲਸ ਅਧਿਕਾਰੀਆਂ ਨੂੰ ਫੋਨ ਕਰਕੇ ਪੀੜਤ ਦੁਕਾਨਦਾਰ ਭਰਾਵਾਂ ਨੂੰ ਤੁਰੰਤ ਇਨਸਾਫ ਦੇਣ ਦੀ ਮੰਗ ਕੀਤੀ।

## ਸੜਕ ਹਾਦਸੇ 'ਚ ਸਕੂਲੀ ਬੱਚਿਆਂ ਦੀ ਮੌਤ 'ਤੇ ਦੁੱਖ ਪ੍ਰਗਟ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਕਾਂਗਰਸ ਦੇ ਸੀਨੀਅਰ ਆਗੂ ਤੇ ਵਿਧਾਨ ਸਭਾ ਹਲਕਾ ਸਮਾਣਾ ਦੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਸਮਾਣਾ ਨੇ ਸਮਾਣਾ-ਪਟਿਆਲਾ ਰੋਡ 'ਤੇ ਵਾਪਰੇ ਦਰਦਨਾਕ ਸੜਕ ਹਾਦਸੇ ਵਿੱਚ 6 ਸਕੂਲੀ ਬੱਚਿਆਂ ਤੇ ਡਰਾਇਵਰ ਦੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।ਉਨ੍ਹਾਂ ਮ੍ਰਿਤਕ ਬੱਚਿਆਂ ਦੇ ਸਸਕਾਰ 'ਤੇ ਪਹੁੰਚ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਪੀੜਤ ਪਰਵਾਰਾਂ ਨਾਲ ਦੁੱਖ ਸਾਂਝਾ ਕੀਤਾ। ਉਨ੍ਹਾਂ ਕਿਹਾ ਕਿ ਹਾਦਸੇ ਵਿੱਚ ਜ਼ਖ਼ਮੀ ਹੋਏ ਬਾਕੀ ਬੱਚਿਆਂ ਦਾ ਸ਼ਹਿਰ ਦੇ ਵੱਖ-ਵੱਖ ਹਸਪਤਾਲਾ ਵਿੱਚ ਇਲਾਜ ਚੱਲ ਰਿਹਾ ਹੈ।ਇਸ ਹਾਦਸੇ 'ਤੇ ਦੁੱਖ ਪ੍ਰਗਟ ਕਰਦਿਆਂ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਸਮਾਣਾ ਨੇ ਪੀੜਤ ਪਰਵਾਰਾਂ ਦੇ ਮੈਂਬਰਾਂ ਨਾਲ ਦੁੱਖ ਅਤੇ ਹਮਦਰਦੀ ਸਾਂਝੀ ਕੀਤੀ।ਉਨ੍ਹਾਂ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਵਿੱਛੜੀਆਂ ਰੂਹਾਂ ਨੂੰ ਆਪਣੇ ਚਰਨਾਂ 'ਚ ਨਿਵਾਸ ਬਖਸ਼ਿਸ਼ ਕਰਨ ਤੇ ਪੀੜਤ ਪਰਵਾਰਾਂ ਨੂੰ ਇਸ ਨਾ ਪੂਰੇ ਹੋਣ ਵਾਲੇ ਘਾਟੇ ਨੂੰ ਸਹਿਣ ਦਾ ਬਲ ਬਖਸ਼ਿਸ਼ ਕਰਨ।ਉਨ੍ਹਾਂ ਨੇ ਅਕਾਲ ਪੁਰਖ ਅੱਗੇ ਹਸਪਤਾਲ ਵਿੱਚ ਦਾਖਲ ਬੱਚਿਆਂ ਦੇ ਜਲਦ ਸਿਹਤਮੰਦ ਹੋਣ ਦੀ ਵੀ ਅਰਦਾਸ ਕੀਤੀ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੀਵਨ ਬਹੁਤ ਅਨਮੋਲ ਹੈ।ਇਸ ਲਈ ਵਹੀਕਲ ਚਲਾਉਂਦਿਆਂ ਟ੍ਰੈਫ਼ਿਕ ਨਿਯਮਾਂ ਦੀ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ, ਕਿਉਂਕਿ ਟ੍ਰੈਫ਼ਿਕ ਨਿਯਮਾਂ ਦੀ ਪਾਲਣਾ ਕਰਨਾ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ।ਟ੍ਰੈਫ਼ਿਕ ਨਿਯਮਾਂ ਦੀ ਪਾਲਣਾ ਕਰਨਾ ਨਾ ਸਿਰਫ਼ ਤੁਹਾਡੀ ਸੁਰੱਖਿਆ ਲਈ ਮਹੱਤਵਪੂਰਨ ਹੈ, ਸਗੋਂ ਇਹ ਦੂਜਿਆਂ ਦੀ ਵੀ ਮੱਦਦ ਕਰਨਾ ਹੈ।

## ਟੈਕਨੀਕਲ ਸਰਵਿਸ ਯੂਨੀਅਨ ਦੀ ਮੀਟਿੰਗ




ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਟੈਕਨੀਕਲ ਸਰਵਿਸ ਯੂਨੀਅਨ ਥਰਮਲ ਪਲਾਂਟ ਦੀ ਮੀਟਿੰਗ ਜਥੇਬੰਦੀ ਦੇ ਪ੍ਰਧਾਨ ਅਮਰਜੀਤ ਸਿੰਘ ਮੰਗਲੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਮੁਲਾਜ਼ਮਾਂ ਦੀਆ ਮੰਗਾਂ ਬਾਰੇ ਵਿਚਾਰਾਂ ਕਰਨ ਉਪਰੰਤ ਚੇਅਰਮੈਨ-ਕਮ-ਮੈਨੇਜਿੰਗ ਡਾਇਰੈਕਟਰ ਤੇ ਡਾਇਰੈਕਟਰ ਜਨਰੇਸ਼ਨ ਹੈੱਡ ਆਫ਼ਿਸ ਪਟਿਆਲਾ ਨੂੰ ਮਿਲ ਕੇ ਦਿੱਤਾ ਜਾਣ ਵਾਲਾ ਮੰਗ ਪੱਤਰ ਤਿਆਰ ਕੀਤਾ ਗਿਆ। ਮੰਗ ਪੱਤਰ 'ਚ ਥਰਮਲ ਪਲਾਂਟ ਲਹਿਰਾ ਮੁਹੱਬਤ ਵਿਖੇ ਖਾਲੀ ਪਈਆਂ ਅਸਾਮੀਆਂ ਭਰਨ, 17/07/2020 ਤੋਂ ਭਰਤੀ ਹੋਏ ਮੁਲਾਜ਼ਮਾਂ ਨੂੰ ਛੇਵਾਂ ਪੇ-ਕਮਿਸ਼ਨ ਲਾਗੂ ਕਰਨ, ਮੁਲਾਜ਼ਮਾਂ ਦਾ ਕੱਟਿਆ ਪੇਂਡੂ ਭੱਤਾ ਤੇ ਮੋਬਾਇਲ ਭੱਤਾ ਬਹਾਲ ਕਰਨ, 2004 ਤੋਂ ਭਰਤੀ ਹੋਏ ਮੁਲਾਜ਼ਮਾਂ ਦਾ ਨਿਯਮ 1972 ਅਨੁਸਾਰ ਪੁਰਾਣੀ ਪੈਨਸ਼ਨ ਬਹਾਲ ਕਰਾਉਣ ਵਿਖੇ ਸੁਆਹ ਵਾਲੇ ਟਰੱਕਾਂ ਲਈ ਅਲੱਗ ਗੇਟ ਬਣਾਉਣ ਤੇ ਮੁਲਾਜ਼ਮਾਂ ਨੂੰ 2016 ਤੋਂ ਪੇ-ਕਮਿਸ਼ਨ ਦਾ ਏਰੀਅਰ ਲੈਣ ਸੰਬੰਧੀ ਮੰਗਾਂ ਸ਼ਾਮਲ ਹਨ। ਮੀਟਿੰਗ ਵਿੱਚ ਮੀਤ ਪ੍ਰਧਾਨ ਜਗਦੀਪ ਸਿੰਘ ਏ ਪੀ ਏ, ਜਨਰਲ ਸਕੱਤਰ ਅੰਤਰ ਸਿੰਘ ਜੇ ਈ, ਸਲਾਹਕਾਰ ਰਵਿੰਦਰ ਕੁਮਾਰ ਲਾਈਨਮੈਨ ਤੇ ਕੈਸ਼ੀਅਰ ਵਰਿੰਦਰ ਸਿੰਘ ਪਰਮਾਰ ਆਦਿ ਸ਼ਾਮਲ ਸਨ।

# ਡੀ ਈ ਓ ਵੱਲੋਂ ਸਰਹੱਦੀ ਇਲਾਕੇ ਦੇ ਸਕੂਲਾਂ ਦਾ ਨਿਰੀਖਣ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਭਾਰਤ ਅਤੇ ਪਾਕਿਸਤਾਨ ਵਿਚਾਲੇ ਤਣਾਅ ਦਰਮਿਆਨ ਬਣੀ ਸਥਿਤੀ ਦੇ ਮੱਦੇ ਨਜ਼ਰ ਸੁਰੱਖਿਆ ਪ੍ਰਬੰਧਾਂ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹਾ ਸਿੱਖਿਆ ਅਫਸਰ (ਸ਼ੈ:ਸਿ) ਗੁਰਦਾਸਪੁਰ ਰਜੇਸ਼ ਕੁਮਾਰ ਸ਼ਰਮਾ, ਸਟੇਟ ਐਵਾਰਡੀ ਵਲੋਂ ਸਰਹੱਦੀ ਸਕੂਲਾਂ ਦੇ ਵੱਖ ਵੱਖ ਸਕੂਲਾਂ ਦਾ ਦੌਰਾ ਕੀਤਾ ਗਿਆ।ਇਸ ਸਮੇਂ ਉਹਨਾਂ ਨਾਲ ਜ਼ਿਲ੍ਹਾ ਨੋਡਲ ਅਫਸਰ ਅਮਰਜੀਤ ਸਿੰਘ ਪੁਰੇਵਾਲ ਅਤੇ ਮੁੱਖ ਅਧਿਆਪਕ ਦਿਕਸ਼ਾਨ ਸਿੰਘ ਸਮਰਾ ਵੀ ਸਨ।ਉਨ੍ਹਾਂ ਵਲੋਂ ਸਰਕਾਰੀ ਪ੍ਰਾਇਮਰੀ ਸਕੂਲ ਸੁਲਤਾਨੀ, ਸਰਕਾਰੀ ਮਿਡਲ ਸਕੂਲ ਸੁਲਤਾਨੀ, ਸਰਕਾਰੀ ਮਿਡਲ ਸਕੂਲ ਦੋਰਾਂਗਲਾ (ਲੜਕੀਆਂ), ਸਰਕਾਰੀ ਪ੍ਰਾਇਮਰੀ ਸਕੂਲ ਦੋਰਾਂਗਲਾ, ਸਰਕਾਰੀ ਹਾਈ ਸਕੂਲ ਭੁੱਲਰੀ, ਸਰਕਾਰੀ ਪ੍ਰਾਇਮਰੀ ਸਕੂਲ ਭੁੱਲਰੀ, ਸਰਕਾਰੀ ਪ੍ਰਾਇਮਰੀ ਸਕੂਲ ਹਕੀਮਪੁਰ, ਸਰਕਾਰੀ ਮਿਡਲ ਸਕੂਲ ਹਕੀਮਪੁਰ ਅਤੇ ਸਰਕਾਰੀ ਹਾਈ ਸਕੂਲ ਸਧੂਚੱਕ ਆਦਿ ਸਕੂਲਾਂ ਨੂੰ ਵਿਜ਼ਟ ਕੀਤਾ ਗਿਆ।ਇਸ ਮੌਕੇ ਉਹਨਾਂ ਸਮੂਹ ਸਕੂਲ ਮੁਖੀਆਂ ਨਾਲ ਮੀਟਿੰਗ ਕਰਕੇ ਉਹਨਾਂ ਨੂੰ ਹਰ ਹਾਲਾਤ ਵਿੱਚ ਪ੍ਰਸ਼ਾਸਨ ਅਤੇ ਲੋਕਾਂ ਦੀ ਮਦਦ ਵਿੱਚ ਹਰੇਕ ਤਰ੍ਹਾਂ ਦਾ ਸਹਿਯੋਗ ਦੇਣ ਲਈ ਜੋਰ ਦਿੱਤਾ। ਉਹਨਾਂ ਕਿਹਾ ਕਿਸੇ ਵੀ ਆਪਤਾਲਕਾਲੀਨ ਸਥਿਤੀ ਵਿੱਚ ਲੋਕਾਂ ਦੀ ਮਦਦ ਲਈ ਸਕੂਲ ਵਿੱਚ ਪਾਣੀ ਤੇ ਬਿਜਲੀ ਦੀ ਸਪਲਾਈ ਚਾਲੂ ਹਾਲਤ ਵਿੱਚ ਰੱਖੀ ਜਾਵੇ।ਉਹਨਾਂ ਸਕੂਲ ਦੇ ਕਮਰਿਆਂ ਅਤੇ ਗਰਾਊਂਡ ਦੀ ਸਾਫ ਸਫਾਈ ਰੱਖਣ ਲਈ ਵੀ ਪਾਬੰਧ ਕੀਤਾ ਤਾਂ ਕਿ ਲੋੜ ਪੈਣ ਤੇ ਤੁਰੰਤ ਇਸ ਦੀ ਵਰਤੋਂ ਕੀਤੀ ਜਾ ਸਕੇ। ਉਹਨਾਂ ਦੱਸਿਆ ਕਿ ਜਿਨਾਂ ਸਕੂਲਾਂ ਵਿੱਚ ਇਵੈਕੂਏਸ਼ਨ ਸੈਂਟਰ ਬਣਾਏ ਗਏ ਹਨ, ਉੱਥੇ ਹਰੇਕ ਤਰਾਂ ਦੇ ਪ੍ਰਬੰਧ ਮੁਕੰਮਲ ਕੀਤੇ ਜਾਣ।ਉਹਨਾਂ ਸਕੂਲ ਮੁਖੀਆ ਨੂੰ ਅਪੀਲ ਕੀਤੀ ਕਿ ਜਿਨਾਂ ਸਟਾਫ ਮੈਂਬਰਾਂ ਦੀ ਡਿਊਟੀ ਇਸ ਸਮੇਂ ਜਿਸ ਵੀ ਕੰਮ ਵਾਸਤੇ ਲਗਾਈ ਗਈ ਹੈ, ਉਹਨਾਂ ਨੂੰ ਪਹਿਲ ਤੇ ਆਧਾਰ ਤੇ ਡਿਊਟੀ ਕਰਨ ਲਈ ਪਾਬੰਧ ਕੀਤਾ ਜਾਵੇ।ਉਹਨਾਂ ਅਧਿਆਪਕਾਂ ਨੂੰ [illegible] ਲਗਾਉਣ ਦੀ ਅਪੀਲ ਕੀਤੀ [ ਇਸ ਮੌਕੇ ਮੁਖਅਧਿਆਪਕ ਦਵਿੰਦਰ ਕੁਮਾਰ, ਕਿਰਨ ਬਾਲਾ, ਸਤਨਾਮ ਸਿੰਘ ਆਦਿ ਤੋਂ ਇਲਾਵਾ ਸਮੂਹ ਸਟਾਫ ਵੀ ਹਾਜ਼ਰ ਸੀ ।



# ਜਮ੍ਹਾਂਖੋਰੀ ਤੇ ਕਾਲਾਬਾਜ਼ਾਰੀ ਕਰਨ ਵਾਲਿਆਂ ਵਿਰੁੱਧ ਸਰਕਾਰ ਕਰੇਗੀ ਸਖ਼ਤ ਕਾਰਵਾਈ : ਧਾਲੀਵਾਲ

ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ) ਪੰਜਾਬ ਸਰਕਾਰ ਵਲੋਂ ਜੰਗੀ ਤਣਾਓ ਦਰਮਿਆਨ ਜ਼ਿਲ੍ਹਾ ਅੰਮ੍ਰਿਤਸਰ ਦੇ ਸਰਹੱਦੀ ਲੋਕਾਂ ਦੀ ਸਾਰ ਲੈਣ ਅਤੇ ਦੁੱਖ ਸੁੱਖ 'ਚ ਸ਼ਾਮਲ ਹੋਣ ਲਈ ਹਲਕਾ ਅਜਨਾਲਾ ਤੋਂ ਵਿਧਾਇਕ ਤੇ ਪ੍ਰਵਾਸੀ ਭਾਰਤੀ ਮਾਮਲਿਆਂ ਦੇ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਨੂੰ ਜ਼ਿਲ੍ਹਾ ਇੰਚਾਰਜ ਨਿਯੁਕਤ ਕੀਤਾ ਗਿਆ।ਕੈਬਨਿਟ ਮੰਤਰੀ ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਭਾਰਤ ਅਤੇ ਪਾਕਿਸਤਾਨ ਦਰਮਿਆਨ ਬਣੇ ਜੰਗੀ ਮਾਹੌਲ ਦੇ ਤਣਾਓ ਵਿਚਾਲੇ ਪੰਜਾਬ ਦੇ ਸਰਹੱਦੀ ਲੋਕਾਂ ਦੇ ਜਾਨ ਮਾਲ ਨੂੰ ਸੁਰੱਖਿਅਤ ਰੱਖਣ ਅਤੇ ਇਸ ਸੰਕਟ ਦੀ ਘੜੀ 'ਚ ਸਰਹੱਦੀ ਲੋਕਾਂ ਦੇ ਦੁੱਖ ਸੁੱਖ 'ਚ ਨਾਲ ਖੜੀ ਹੈ ਅਤੇ ਕਿਸੇ ਕਿਸਮ ਦੀ ਵੀ ਜੰਗ ਸੰਬੰਧੀ ਸੂਚਨਾ ਜਾਂ ਦਰਪੇਸ਼ ਸਮੱਸਿਆਵਾਂ ਤੋਂ ਜਾਣੂ ਹੋਣ ਲਈ ਲੋਕਾਂ ਦੀ ਸਹੂਲਤ ਲਈ ਬਕਾਇਦਾ ਕੰਟਰੋਲ ਰੂਮ ਪੰਜਾਬ ਸਰਕਾਰ ਵਲੋਂ ਸਥਾਪਿਤ ਕਰ ਦਿੱਤਾ ਗਿਆ ਹੈ, ਜਿਥੇ ਕਿਸੇ ਵੀ ਅਮਰਜੈਂਸੀ ਦੀ ਸਥਿਤੀ 'ਚ ਫੋਨ ਨੰਬਰਾਂ: 0172-2741803 ਅਤੇ 0172-2749901 ਤੇ ਲੋਕ ਸੰਪਰਕ ਕਰ ਸਕਣਗੇ। ਉਨ੍ਹਾਂ ਨੇ ਕਿਹਾ ਕਿ ਸਰਹੱਦੀ ਜ਼ਿਲ੍ਹਾ ਅੰਮ੍ਰਿਤਸਰ ਦੇ ਲੋਕਾਂ ਨੂੰ ਬੇਲੋੜਾ ਘਬਰਾਉਣ ਦੀ ਲੋੜ ਨਹੀਂ ਹੈ ਅਤੇ ਪਟਰੋਲ, ਡੀਜ਼ਲ, ਘਰੇਲੂ ਗੈਸ ਸਮੇਤ ਕਿਸੇ ਵੀ ਜ਼ਰੂਰੀ ਵਸਤਾਂ ਦੀ ਘਾਟ ਨਹੀਂ ਹੈ, ਜਦੋਂਕਿ ਜਮ੍ਹਾਂਖੋਰੀ ਤੇ ਕਾਲਾਬਾਜ਼ਾਰੀ ਦਾ ਧੰਦਾ ਕਰਨ ਵਾਲਿਆਂ ਨੂੰ ਬਖਸ਼ਿਆ ਨਹੀ ਜਾਵੇਗਾ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਜ਼ਰੂਰੀ ਵਸਤਾਂ ਦੀ ਘਾਟ ਜਾਂ ਕਾਲਾਬਾਜ਼ਾਰੀ ਤੋਂ ਦਿੱਕਤ ਹੋਵੇਗੀ ਤਾਂ ਪ੍ਰਭਾਵਿਤ ਲੋਕ ਉਨ੍ਹਾਂ ਨਾਲ ਸਿੱਧਾ ਜਾਂ ਜ਼ਿਲ੍ਹਾ ਪ੍ਰਸ਼ਾਸਨ ਨਾਲ ਸੰਪਰਕ ਕਰ ਸਕਦੇ ਹਨ।ਸ੍ਰੀ ਧਾਲੀਵਾਲ ਨੇ ਦੱਸਿਆ ਕਿ ਸੂਬਾ ਮਾਨ ਸਰਕਾਰ ਨੇ ਸੰਭਾਵਿਤ ਹਾਦਸਿਆਂ ਦੇ ਜ਼ਖਮੀਆਂ ਦੀ ਮਦਦ ਕਰਨ ਲਈ ਚੱਲ ਰਹੀ ਫਰਿਸ਼ਤੇ ਸਕੀਮ ਦਾ ਦਾਇਰਾ ਵਧਾਉਂਦਿਆਂ ਇਸ ਸੰਕਟ ਦੀ ਘੜੀ 'ਚ ਜੰਗ ਜਾਂ ਅੱਤਵਾਦੀ ਕਾਰੇ ਤੋਂ ਜਖਮੀ ਹੋਣ ਵਾਲਿਆਂ ਦੀ ਬਾਂਹ ਫੜਣ ਦਾ ਨਿਰਣਾ ਲੈਂਦਿਆਂ ਸਾਰੇ ਇਲਾਜ ਦਾ ਖਰਚਾ ਪੰਜਾਬ ਸਰਕਾਰ ਵਲੋਂ ਕਰਨ ਦਾ ਫੈਸਲਾ ਲਿਆ ਹੈ।ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਦੀ 532 ਕਿਲੋਮੀਟਰ ਲੰਮੀ ਸਰਹੱਦ ਤੇ ਪਾਕਿਸਤਾਨ ਵਲੋਂ ਆਪਣੀਆਂ ਭਾਰਤ ਵਿਰੋਧੀ ਨਾਪਾਕ ਸਾਜਿਸ਼ਾ ਤਹਿਤ ਮਾਰੂ ਅਸਲੇ ਤੇ ਨਸ਼ਿਆਂ ਦੀਆਂ ਖੇਪਾਂ ਨਾਲ ਭੇਜੇ ਜਾਂਦੇ ਡਰੋਨਾਂ ਨੂੰ ਪੰਜਾਬ ਦੀ ਸਰਹੱਦ 'ਚ ਦਾਖਲ ਹੋਣ ਤੋਂ ਰੋਕਣ ਤੇ ਦਾਖਲ ਹੋਣ ਦੀ ਸੂਰਤ ਵਿੱਚ ਡਰੋਨਾਂ ਨੂੰ ਮੌਕੇ 'ਤੇ ਹੀ ਢੇਰ ਕਰਨ ਲਈ ਐਂਟੀ ਡਰੋਨ ਸਿਸਟਮ ਸਥਾਪਿਤ ਕਰਨ ਦਾ ਫੈਸਲਾ ਲੈਂਦਿਆ ਬਕਾਇਦਾ ਇਸ ਸਿਸਟਮ ਲਈ ਲੋੜੀਂਦੇ ਬਜਟ ਦੀ ਵੀ ਵਿਵਸਥਾ ਕਰ ਲਈ ਗਈ ਹੈ। ਮੰਤਰੀ ਧਾਲੀਵਾਲ ਨੇ ਭਾਰਤੀ ਫੌਜ ਵੱਲੋਂ ਮਕਬੂਜ਼ਾ ਕਸ਼ਮੀਰ 'ਚ ਅੱਤਵਾਦੀਆਂ ਦੇ ਟਿਕਾਣਿਆਂ ਨੂੰ ਨਸ਼ਟ ਕਰਨ ਲਈ ਕੀਤੀ ਗਈ ਸਰਜੀਕਲ ਸਟਰਾਈਕ ਨੂੰ ਬਿਲਕੁਲ ਜਾਇਜ਼। ਉਨ੍ਹਾਂ ਕਿਹਾ ਕਿ ਪਾਕਿਸਤਾਨ ਆਪਣੀਆਂ ਨਾਪਾਕ ਸਾਜਿਸ਼ਾਂ ਤਹਿਤ ਭਾਰਤ ਵਿੱਰੁਧ ਜੰਗ ਨੂੰ ਹਵਾ ਦੇ ਕੇ ਪੰਜਾਬ ਨੂੰ ਆਪਣੀਆਂ ਮਿਜ਼ਾਈਲਾਂ ਦਾ ਨਿਸ਼ਾਨਾ ਬਣਾ ਰਿਹਾ ਹੈ, ਜਿਸ ਨੂੰ ਭਾਰਤੀ ਫ਼ੌਜ ਹਵਾ ਵਿੱਚ ਹੀ ਨਸ਼ਟ ਕਰ ਰਹੀ ਹੈ।ਜੇਕਰ ਪਾਕਿਸਤਾਨ ਆਪਣੀ ਨਾਪਾਕ ਜੰਗੀ ਹਰਕਤ ਤੋਂ ਬਾਜ਼ ਨਾ ਆਇਆ ਤਾਂ ਭਾਰਤੀ ਫੌਜ ਵੱਲ ਆਪਣੀ ਸ਼ਕਤੀ ਦਾ ਪ੍ਰਦਰਸ਼ਨ ਕਰਕੇ ਪਾਕਿਸਤਾਨ ਦਾ ਵਿਸ਼ਵ ਦੇ ਨਕਸ਼ੇ ਵਿੱਚੋਂ ਨਾਂਅ ਵੀ ਕਰ ਦਏਗੀ

# ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ 'ਚ 623470 ਮੀਟਰਿਕ ਟਨ ਕਣਕ ਦੀ ਖ਼ਰੀਦ

ਗੁਰਦਾਸਪੁਰ (ਜਨਕ ਮਹਾਜਨ)- ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਗੁਰਦਾਸਪੁਰ ਦੀਆਂ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਨਿਰਵਿਘਨ ਜਾਰੀ ਹੈ ਅਤੇ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 623470 ਮੀਟਰਿਕ ਟਨ ਕਣਕ ਦੀ ਖ਼ਰੀਦ ਮੁਕੰਮਲ ਹੋ ਗਈ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 630930 ਮੀਟਰਿਕ ਟਨ ਕਣਕ ਦੀ ਆਮਦ ਹੋਈ ਸੀ, ਜਿਸ ਵਿੱਚੋਂ 623470 ਮੀਟਰਿਕ ਟਨ ਕਣਕ ਖ਼ਰੀਦੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਖ਼ਰੀਦੀ ਗਈ ਕਣਕ ਵਿੱਚ ਖ਼ਰੀਦ ਏਜੰਸੀ ਪਨਗਰੇਨ ਨੇ 175323 ਮੀਟਰਿਕ ਟਨ, ਮਾਰਕਫੈੱਡ ਨੇ 160557 ਮੀਟਰਿਕ ਟਨ, ਪਨਸਪ ਨੇ 140151 ਮੀਟਰਿਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਨੇ 91448 ਮੀਟਰਿਕ ਟਨ ਅਤੇ ਐੱਫ.ਸੀ.ਆਈ. ਨੇ 26391 ਮੀਟਰਿਕ ਟਨ ਕਣਕ ਖ਼ਰੀਦੀ ਹੈ। ਇਸ ਤੋਂ ਇਲਾਵਾ 29600 ਮੀਟਰਿਕ ਟਨ ਵਪਾਰੀਆਂ ਵੱਲੋਂ ਖ਼ਰੀਦੀ ਗਈ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕਿਸਾਨਾਂ ਨੂੰ ਖ਼ਰੀਦੀ ਗਈ ਕਣਕ ਦੀ ਅਦਾਇਗੀ ਵੀ ਨਾਲ ਦੀ ਨਾਲ ਕੀਤੀ ਜਾ ਰਹੀ ਹੈ ਅਤੇ ਬੀਤੀ ਸ਼ਾਮ ਤੱਕ 1405.24 ਕਰੋੜ ਰੁਪਏ ਦੀ ਰਾਸ਼ੀ ਦਾ ਭੁਗਤਾਨ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਕੀਤਾ ਜਾ ਚੁੱਕਾ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਤੋਂ ਬਾਅਦ ਕਣਕ ਦੀ ਲਿਫ਼ਟਿੰਗ ਵੀ ਤੇਜ਼ੀ ਨਾਲ ਜਾਰੀ ਹੈ ਅਤੇ ਬੀਤੀ ਸ਼ਾਮ ਤੱਕ 387843 ਮੀਟਰਿਕ ਟਨ ਕਣਕ ਦੀ ਲਿਫ਼ਟਿੰਗ ਕੀਤੀ ਜਾ ਚੁੱਕੀ ਹੈ।

# ਸਿਵਲ ਡਿਫੈਂਸ ਵੱਲੋਂ ਨੁੱਕੜ ਮੀਟਿੰਗ ਰਾਹੀਂ ਲੋਕਾਂ ਨੂੰ ਕੀਤਾ ਜਾਗਰੂਕ



ਧਾਰੀਵਾਲ, ਕਾਦੀਆਂ (ਮਨਦੀਪ ਸਿੰਘ ਵਿੱਕੀ, ਯਾਦਵਿੰਦਰ ਸਿੰਘ ਮਲਹੋਤਰਾ) ਡਿਪਟੀ ਕਮਿਸ਼ਨਰ ਕਮ ਕੰਟਰੋਲਰ ਸਿਵਲ ਡਿਫੈਂਸ ਗੁਰਦਾਸਪੁਰ ਦੀਆਂ ਹਦਾਇਤਾਂ ਅਨੁਸਾਰ ਸਿਵਲ ਡਿਫੈਂਸ ਮੌਕ ਡਰਿੱਲ ਰਾਹੀ ਜਾਗਰੂਕਤਾ ਮੁਹਿਮ ਤਹਿਤ ਕਪਿਲ ਚੋਪੜਾ (ਸਿਵਲ ਡਿਫੈਂਸ) ਪਾਂਧਿਆ ਮੁਹੱਲ਼ਾ ਅੰਦਰਵਾਰ ਪਹਾੜੀ ਗੇਟ ਵਲੋ ਨੁੱਕੜ ਮੀਟਿੰਗ ਕਰਵਾਈ ਗਈ।ਜਿਸ ਵਿਚ ਪੋਸਟ ਵਾਰਡਨ ਹਰਬਖਸ਼ ਸਿੰਘ, ਸਰਬਜੀਤ ਸਿੰਘ, ਜਸਪ੍ਰੀਤ ਸਿੰਘ ਕਲਸੀ ਤੇ ਬੱਚਿਆਂ ਔਰਤਾਂ ਅਤੇ ਬਜੁਰਗਾਂ ਸਮੇਤ ਮੁੱਹਲਾ ਨਿਵਾਸੀ ਨੇ ਹਿੱਸਾ ਲਿਆ।ਇਸ ਮੌਕੇ ਹਰਬਖ਼ਸ਼ ਸਿੰਘ ਨੇ ਦੱਸਿਆ ਗਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਜਾਰੀ ਹਦਾਇਤਾਂ ਦੀ ਪਾਲਣਾ ਕੀਤੀ ਜਾਵੇ, ਅਫਵਾਹਾਂ ਤੋਂ ਬੱਚਿਆ ਜਾਵੇ। ਹਵਾਈ ਹਮਲੇ ਦੀ ਚੇਤਾਵਨੀ ਦੇਣ ਵੇਲੇ ਸਾਇਰਨ ਸੁਣਦੇ ਹੀ ਕੀ ਕਰੀਏ ਕੀ ਨਾ ਕਰੀਏ ਬਾਰੇ ਦਸਿਆ ਗਿਆ।ਕਿਸੇ ਵੀ ਐਮਰਜੈਂਸੀ ਲਈ ਹਮੇਸ਼ਾ ਤਿਆਰ ਰਹੋ ਇਸ ਮੌਕੇ ਬਚਾਅ ਦੀ ਮੌਕ ਡਰਿੱਲ ਵੀ ਕਰਵਾਈ ਜਿਸ ਵਿਚ ਹਾਜ਼ਰ ਬੱਚਿਆਂ ਨੇ ਹਿੱਸਾ ਲਿਆ।ਐਮਰਜੈਂਸੀ ਮੌਕੇ ਫੋਨ 01874-266376 ਬਾਰੇ ਵੀ ਦਸਿਆ।

# ਡਾ. ਨਾਗਪਾਲ ਨੇ ਨਰਸਿੰਗ ਕਾਲਜ ਦੇ ਮੈਂਬਰ ਇੰਚਾਰਜ ਵਜੋਂ ਅਹੁਦਾ ਸੰਭਾਲਿਆ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਪੰਜਾਬ ਦੇ ਉੱਘੇ ਸਰਜਨ ਡਾ.ਹਰਮੋਹਿੰਦਰ ਸਿੰਘ ਨਾਗਪਾਲ ਨੇ ਸੀ ਕੇ ਡੀ ਇੰਟਰਨੈਸ਼ਨਲ ਨਰਸਿੰਗ ਕਾਲਜ ਦੇ ਮੈਂਬਰ ਇੰਚਾਰਜ ਵਜੋਂ ਅਹੁੱਦਾ ਸੰਭਾਲਿਆ। 40 ਸਾਲ ਦਾ ਤਜ਼ਰਬਾ ਰੱਖਣ ਵਾਲੇ ਜਨਰਲ ਅਤੇ ਲੈਪਰੋਸਕੋਪਿਕ ਸਰਜਰੀ ਦੇ ਮਾਹਿਰ ਡਾ.ਹਰਮੋਹਿੰਦਰ ਸਿੰਘ ਨਾਗਪਾਲ ਸ਼ਹਿਰ ਦੇ ਹਰਤੇਜ਼ ਹਸਪਤਾਲ ਵਿਚ ਮੈਡੀਕਲ ਡਾਇਰੈਕਟਰ ਹਨ ਅਤੇ ਹੋਰਨਾਂ ਅਨੇਕਾਂ ਉੱਘੀਆਂ ਮੈਡੀਕਲ ਅਤੇ ਸਮਾਜਿਕ ਸੰਸਥਾਵਾਂ ਦੇ ਸਨਮਾਨਿਤ ਅਹੁੱਦਿਆਂ ਤੇ ਬਿਰਾਜਮਾਨ ਹਨ। ਡਾ. ਨਾਗਪਾਲ ਏਸ਼ੀਆ ਪੈਸੀਫਿਕ ਇੰਟਰਨੈਸ਼ਨਲ ਕਾਨਫਰੰਸ ਦੌਰਾਨ ਬੈਸਟ ਡਾਕਟਰ ਐਵਾਰਡ, ਪੰਜਾਬ ਸਰਕਾਰ ਵੱਲੋਂ ਐਵਾਰਡ ਆਫ ਐਕਸੀਲੈਂਸ, ਹੈਲਥ ਕੇਅਰ ਐਕਸੀਲੈਂਸ ਐਵਾਰਡ ਅਤੇ ਹੋਰਨਾਂ ਕਈ ਵੱਕਾਰੀ ਪੁਰਸਕਾਰਾਂ ਨਾਲ ਸਨਮਾਨਿਤ ਹਨ ਅਤੇ ਲੋਕ ਭਲਾਈ ਕਾਰਜਾਂ ਵਿਚ ਵੀ ਵੱਧ ਚੜ ਕੇ ਹਿੱਸਾ ਲੈਂਦੇ ਹਨ।ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਨੇ ਡਾ. ਹਰਮੋਹਿੰਦਰ ਸਿੰਘ ਨਾਗਪਾਲ ਦਾ ਸੁਆਗਤ ਕਰਦਿਆਂ ਬੋਲੇ—ਸੋ—ਨਿਹਾਲ ਦੀ ਗੂੰਜ ਵਿਚ ਗੁਰੂ ਦੀ ਬਖਸ਼ਿਸ਼ ਸਿਰੋਪਾਓ ਪਾ ਕੇ ਅਹੁਦਾ ਸੌਂਪਿਆ।ਸ੍ਰੀ ਨਿੱਜਰ ਨੇ ਖੁਸ਼ੀ ਜਾਹਿਰ ਕਰਦਿਆਂ ਕਿਹਾ ਕਿ ਵਿਲਖਣ ਸ਼ਖ਼ਸੀਅਤ ਦੇ ਧਾਰਨੀ ਡਾ.ਨਾਗਪਾਲ ਦਾ ਦੀਵਾਨ ਨਾਲ ਜੁੜ ਕੇ ਸੀ.ਕੇ.ਡੀ ਨਰਸਿੰਗ ਕਾਲਜ ਦੇ ਮੈਂਬਰ ਇੰਚਾਰਜ ਵਜੋਂ ਸੇਵਾਂਵਾਂ ਦੇਣੀਆਂ ਸੰਸਥਾ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ।ਦੀਵਾਨ ਪ੍ਰਬੰਧਕਾਂ ਨੇ ਆਸ ਪ੍ਰਗਟਾਈ ਕਿ ਉਸਾਰੂ ਅਤੇ ਅਗਾਂਹ ਵੱਧੂ ਸੋਚ ਦੇ ਮਾਲਕ ਡਾ.ਨਾਗਪਾਲ ਦੇ ਯੋਗ ਮਿਲਵਰਤਨ ਸਦਕਾ ਕਾਲਜ ਵਿਕਾਸ ਦੀਆਂ ਨਵੀਆਂ ਬੁਲੰਦੀਆਂ ਛੂਹੇਗਾ।ਇਸ ਮੌਕੇ ਮੀਤ ਪ੍ਰਧਾਨ ਜਗਜੀਤ ਸਿੰਘ, ਐਡੀ. ਆਨਰੇਰੀ ਸਕੱਤਰ ਸੁਖਜਿੰਦਰ ਸਿੰਘ ਪ੍ਰਿੰਥਸ, ਐਡੀ.ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ, ਕਾਲਜ ਮੈਂਬਰ ਇੰਚਾਰਜ ਡਾ.ਅਮਰਜੀਤ ਸਿੰਘ ਸੱਚਦੇਵਾ ਅਤੇ ਪ੍ਰਿੰਸੀਪਲ ਡਾ.ਯਸਪ੍ਰੀਤ ਕੌਰ ਹਾਜ਼ਰ ਸਨ।

# ਜੰਗ ਕਿਸੇ ਮਸਲੇ ਦਾ ਹੱਲ ਨਹੀਂ , ਇਸ ਨੂੰ ਰੋਕਿਆ ਜਾਵੇ : ਪ੍ਰਿੰ : ਤਰਸਿੱਕਾ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ) – ਜੰਗ ਕਿਸੇ ਮਸਲੇ ਦਾ ਹੱਲ ਨਹੀਂ ਹੁੰਦਾ, ਸਗੋਂ ਹਰ ਪੱਖੋਂ ਬਰਬਾਦੀ ਤਬਾਹੀ, ਭੁੱਖਮਰੀ, ਖ਼ੂਨ ਖ਼ਰਾਬਾ ਅਤੇ ਅਨੇਕਾਂ ਦੁੱਖ ਤਕਲੀਫ਼ਾਂ ਨੂੰ ਦੇਸ਼ ਦੇ ਨਾਗਰਿਕਾਂ ਦੀ ਝੋਲੀ ਵਿੱਚ ਪਾਉਂਦਾ ਹੈ, ਇਸ ਲਈ ਭਾਰਤ ਅਤੇ ਪਾਕਿਸਤਾਨ ਵਿੱਚ ਚੱਲ ਰਹੀ ਜੰਗ ਨੂੰ ਤੁਰੰਤ ਰੋਕਿਆ ਜਾਣਾ ਚਾਹੀਦਾ ਹੈ, ਇਹ ਦੋਵਾਂ ਦੇਸ਼ਾਂ ਦੇ ਨਾਗਰਿਕਾਂ ਲਈ ਚੰਗਾ ਹੋਵੇਗਾ। ਇਹ ਸ਼ਬਦ ਸਮਾਜ ਸੇਵੀ ਸੰਸਥਾ ਕ੍ਰਾਂਤੀਕਾਰੀ ਤਰਕਸ਼ੀਲ ਲੋਕ ਚੇਤਨਾ ਲਹਿਰ ਦੇ ਪ੍ਰਧਾਨ ਪ੍ਰਿੰਸੀਪਲ ਬਚਿੱਤਰ ਸਿੰਘ ਤਰਸਿੱਕਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਹੇ।

ਪ੍ਰਿੰਸੀਪਲ ਤਰਸਿੱਕਾ ਨੇ ਅੱਗੇ ਕਿਹਾ ਹਰ ਪਾਸੇ ਡਰ ਦਹਿਸ਼ਤ ਦਾ ਮਾਹੌਲ ਸਿਰਜਿਆ ਪਿਆ ਹੈ, ਦਿਨ ਰਾਤ ਲੋਕਾਂ ਨੂੰ ਆਪਣੇ ਘਰ ਪਰਿਵਾਰ ਦੀ ਚਿੰਤਾ ਸਤਾਅ ਰਹੀ ਹੈ, ਕਿਉਂਕਿ ਯੂਕਰੇਨ ਅਤੇ ਰੂਸ ਜੰਗ ਨੇ,ਲੋਕਾਂ ਨੂੰ ਸੋਚਣ ਲਈ ਮਜਬੂਰ ਕਰ ਦਿੱਤਾ ਹੈ, ਵਿਸ਼ਵ ਦੇ ਵੱਖ ਵੱਖ ਦੇਸ਼ਾਂ ਨੂੰ ਚਾਹੀਦਾ ਹੈ ਕਿ ਉਹ ਇਸ ਜੰਗ ਨੂੰ ਰੋਕਣ ਵਿੱਚ ਆਪਣੀ ਭੂਮਿਕਾ ਨਿਭਾਉਣ ਤੇ ਦੋਵੇਂ ਪਾਸੇ ਅਮਨ ਸ਼ਾਂਤੀ ਵਾਲਾ ਮਾਹੌਲ ਸਿਰਜਣ। ਇਸ ਮੌਕੇ ਅਵਤਾਰ ਸਿੰਘ ਸਾਧਪੁਰ, ਜੋਰਾ ਸਿੰਘ ਖੁਜਾਲਾ,ਦਲੇਰ ਸਿੰਘ ਸਾਧਪੁਰ, ਜੋਗਿੰਦਰ ਸਿੰਘ ਭੀਲੋਵਾਲ, ਅਮਨਪ੍ਰੀਤ ਸਿੰਘ ਚਾਟੀਵਿੰਡ , ਬਾਬਾ ਗਰੀਬ ਸਿੰਘ ਤਰਸਿੱਕਾ, ਕਸ਼ਮੀਰ ਸਿੰਘ ਫੌਜੀ, ਪ੍ਰਗਟ ਸਿੰਘ ਤਰਫਾਨ, ਮਲਵਿੰਦਰ ਸਿੰਘ ਚੁਗਾਵਾਂ, ਗੁਰਵਿੰਦਰ ਸਿੰਘ ਤਾਹਰਪੁਰ, ਮਨਪ੍ਰੀਤ ਸਿੰਘ ਭੱਟੀਕੇ, ਜਗਰੂਪ ਸਿੰਘ ਸੈਦਪੁਰ ਆਦਿ ਹਾਜ਼ਰ ਸਨ।

# ਪੀ ਐੱਨ ਬੀ ਤੇ ਐੱਚ ਡੀ ਐੱਫ ਸੀ ਬੈਂਕ ਵੱਲੋਂ ਗਾਹਕਾਂ ਨਾਲ ਲੈਣ-ਦੇਣ ਬੰਦ, ਲੋਕ ਪ੍ਰੇਸ਼ਾਨ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ) ਸਰਹੱਦ 'ਤੇ ਭਾਰਤ-ਪਾਕਿਸਤਾਨ ਵਿਚਕਾਰ ਚੱਲ ਤਣਾਅ ਦਰਮਿਆਨ ਖਾਲੜਾ ਵਿੱਚ ਸਥਿਤ ਪੰਜਾਬ ਨੈਸ਼ਨਲ ਤੇ ਐੱਚ ਡੀ ਐੱਫ ਸੀ ਬੈਂਕ ਨੇ ਗ੍ਰਾਹਕਾਂ ਨਾਲ ਲੈਣ-ਦੇਣ ਕਰਨਾ ਬੰਦ ਕਰ ਦਿੱਤਾ ਹੈ।ਇੱਥੋਂ ਤੱਕ ਕਿ ਇਨ੍ਹਾਂ ਬੈਂਕਾਂ ਦੀਆਂ ਏ ਟੀ ਐੱਮ ਮਸ਼ੀਨਾਂ ਨੂੰ ਵੀ ਤਾਲੇ ਲਗਾ ਦਿੱਤੇ ਗਏ ਹਨ।ਬੈਂਕਾਂ ਵਿੱਚ ਲੈਣ-ਦੇਣ ਬੰਦ ਹੋਣ ਕਾਰਨ ਇਲਾਕੇ ਦੇ ਲੋਕ ਪ੍ਰੇਸ਼ਾਨ ਨਜ਼ਰ ਆ ਰਹੇ ਹਨ।

ਇਸ ਸੰਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਖਾਲੜਾ ਤੋਂ ਪਰਮਿੰਦਰ ਸਿੰਘ ਹੀਰਾ ਤੇ ਹੋਰਨਾਂ ਨੇ ਦੱਸਿਆ ਕਿ ਖਾਲੜਾ ਵਿੱਚ ਪੰਜਾਬ ਨੈਸ਼ਨਲ ਤੇ ਐੱਚ ਡੀ ਐੱਫ ਸੀ ਬੈਂਕ ਨੇ ਗ੍ਰਾਹਕਾਂ ਨਾਲ ਲੈਣ-ਦੇਣ ਬੰਦ ਕਰਕੇ ਪਹਿਲਾਂ ਤੋਂ ਮਾਨਸਿਕ ਤਣਾਅ 'ਚੋਂ ਗੁਜ਼ਰ ਰਹੇ ਲੋਕਾਂ ਨੂੰ ਇੱਕ ਹੋਰ ਝਟਕਾ ਦਿੱਤਾ ਹੈ।

ਉਨ੍ਹਾਂ ਕਿਹਾ ਕਿ ਪਰਵਾਰ ਨੂੰ ਰੋਟੀ ਖਵਾਉਣ ਲਈ ਜੇਬ ਵਿੱਚ ਪੈਸੇ ਹੋਣੇ ਬਹੁਤ ਜ਼ਰੂਰੀ ਹਨ ਤੇ ਜੇਕਰ ਬੈਂਕਾਂ ਤੇ ਏਟੀਐੱਮ ਮਸ਼ੀਨਾਂ ਹੀ ਬੰਦ ਹੋ ਗਈਆਂ ਤਾਂ ਲੋਕ ਪੈਸੇ ਦਾ ਇੰਤਜ਼ਾਮ ਕਿਵੇਂ ਕਰਨਗੇ। ਉਨ੍ਹਾਂ ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਰਾਹੁਲ ਨੂੰ ਅਪੀਲ ਕੀਤੀ ਕਿ ਜ਼ਿਲ੍ਹੇ ਦੀਆਂ ਸਮੂਹ ਬੈਂਕਾਂ ਨੂੰ ਗ੍ਰਾਹਕਾਂ ਨਾਲ ਲੈਣ-ਦੇਣ ਜਾਰੀ ਰੱਖਣ ਤੇ ਖਾਲੜਾ ਦੀਆਂ ਦੋਵਾਂ ਬੈਂਕਾਂ ਨੂੰ ਸੇਵਾਵਾਂ ਦੁਬਾਰਾ ਸ਼ੁਰੂ ਕਰਨ ਦੇ ਹੁਕਮ ਜਾਰੀ ਕੀਤੇ ਜਾਣ ਤਾਂ ਜੋ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪਵੇ।

# ਜ਼ਰੂਰੀ ਵਸਤਾਂ ਦੀ ਜਮ੍ਹਾਂਖ਼ੋਰੀ ਤੇ ਕਾਲਾਬਾਜ਼ਾਰੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ : ਡੀ ਸੀ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)** – ਭਾਰਤ-ਪਾਕਿਸਤਾਨ ਵਿੱਚ ਚੱਲ ਰਹੇ ਤਣਾਅਪੂਰਨ ਮਾਹੌਲ ਦੇ ਮੱਦੇਨਜ਼ਰ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਦਲਵਿੰਦਰਜੀਤ ਸਿੰਘ, ਆਈ.ਏ.ਐੱਸ. ਵੱਲੋਂ ਐਸੈਂਸ਼ੀਅਲ ਕਮੋਡਿਟੀਜ਼ ਐਕਟ, 1955 ਅਤੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਐਕਟ, 2023 ਦੀ ਧਾਰਾ 163 ਤਹਿਤ ਜ਼ਿਲ੍ਹੇ ਵਿੱਚ ਜ਼ਰੂਰੀ ਵਸਤਾਂ ਦੀ ਜਮ੍ਹਾਖ਼ੋਰੀ ਅਤੇ ਕਾਲਾਬਾਜ਼ਾਰੀ ਨੂੰ ਰੋਕਣ ਲਈ ਸਖ਼ਤ ਹੁਕਮ ਜਾਰੀ ਕੀਤੇ ਗਏ ਹਨ।ਇਨ੍ਹਾਂ ਹੁਕਮਾਂ ਦੀ ਪਾਲਣਾ ਲਈ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਵੱਲੋਂ ਵਪਾਰ ਮੰਡਲ ਗੁਰਦਾਸਪੁਰ ਦੇ ਨੁਮਾਇੰਦਿਆਂ ਅਤੇ ਦੁਕਾਨਦਾਰਾਂ ਨਾਲ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਹਰਜਿੰਦਰ ਸਿੰਘ ਬੇਦੀ, ਜ਼ਿਲ੍ਹਾ ਖ਼ੁਰਾਕ ਤੇ ਸਿਵਲ ਸਪਲਾਈ ਕੰਟਰੋਲਰ ਸ੍ਰੀ ਸੁਖਜਿੰਦਰ ਸਿੰਘ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੇ ਧਿਆਨ ਵਿੱਚ ਆਇਆ ਹੈ ਕਿ ਕੁਝ ਸਟਾਕਿਸਟ ਜ਼ਰੂਰੀ ਵਸਤਾਂ ਜਿਵੇਂ ਕਿ ਅਨਾਜ, ਤੇਲ, ਡੀਜ਼ਲ, ਪਸ਼ੂ ਚਾਰਾ, ਦੁੱਧ ਅਤੇ ਰੋਜ਼ਮਰ੍ਹਾ ਦੀਆਂ ਵਸਤਾਂ ਦੀ ਜਮ੍ਹਾਖ਼ੋਰੀ ਕਰ ਰਹੇ ਹਨ, ਜਿਸ ਨਾਲ ਕੀਮਤਾਂ ਵਧਣ, ਕਾਲਾਬਾਜ਼ਾਰੀ ਅਤੇ ਸਪਲਾਈ ਦੀ ਕਮੀ ਦੀ ਸਮੱਸਿਆ ਪੈਦਾ ਹੋ ਸਕਦੀ ਹੈ।ਇਸ ਨਾਲ ਆਮ ਲੋਕਾਂ, ਖ਼ਾਸ ਤੌਰ 'ਤੇ ਕਮਜ਼ੋਰ ਵਰਗ ਨੂੰ ਭਾਰੀ ਨੁਕਸਾਨ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਲੋਕ ਹਿਤ ਨੂੰ ਧਿਆਨ ਵਿੱਚ ਰੱਖਦੇ ਹੋਏ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹੁਕਮ ਜਾਰੀ ਕੀਤੇ ਗਏ ਹਨ ਕਿ ਕੋਈ ਵੀ ਵਿਅਕਤੀ, ਵਪਾਰੀ ਜਾਂ ਸੰਸਥਾ ਅਨਾਜ, ਪਸ਼ੂ ਚਾਰਾ, ਦੁੱਧ ਅਤੇ ਡੇਅਰੀ ਉਤਪਾਦ, ਪੈਟਰੋਲ, ਡੀਜ਼ਲ ਅਤੇ ਹੋਰ ਰੋਜ਼ਮਰ੍ਹਾ ਦੀਆਂ ਜ਼ਰੂਰੀ ਵਸਤਾਂ ਦੀ ਜਮ੍ਹਾਖ਼ੋਰੀ ਨਹੀਂ ਕਰੇਗੀ।ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ, ਵਪਾਰੀ ਜਾਂ ਸੰਸਥਾ ਜ਼ਰੂਰੀ ਵਸਤਾਂ ਦੀ ਜਮ੍ਹਾਖ਼ੋਰੀ, ਕਾਲਾਬਾਜ਼ਾਰੀ ਜਾਂ ਕੀਮਤਾਂ ਵਿੱਚ ਹੇਰਾਫੇਰੀ ਕਰਦਾ ਹੈ ਤਾਂ ਪ੍ਰਸ਼ਾਸਨ ਵੱਲੋਂ ਉਸ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਜੇਕਰ ਕੋਈ ਵਿਅਕਤੀ, ਵਪਾਰੀ ਜਾਂ ਸੰਸਥਾ ਜ਼ਰੂਰੀ ਵਸਤਾਂ ਦੀ ਜਮ੍ਹਾਖ਼ੋਰੀ, ਕਾਲਾਬਾਜ਼ਾਰੀ ਜਾਂ ਕੀਮਤਾਂ ਵਿੱਚ ਹੇਰਾਫੇਰੀ ਕਰਦਾ ਹੈ ਤਾਂ ਉਸਦੀ ਸੂਚਨਾ ਜ਼ਿਲ੍ਹਾ ਪ੍ਰਸ਼ਾਸਨ ਨੂੰ ਦਿੱਤੀ ਜਾਵੇ।

ਮੀਟਿੰਗ ਦੌਰਾਨ ਵਪਾਰ ਮੰਡਲ ਗੁਰਦਾਸਪੁਰ ਦੇ ਨੁਮਾਇੰਦਿਆਂ ਅਤੇ ਦੁਕਾਨਦਾਰਾਂ ਨੇ ਡਿਪਟੀ ਕਮਿਸ਼ਨਰ ਨੂੰ ਭਰੋਸਾ ਦਿੱਤਾ ਕਿ ਉਹ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਹਦਾਇਤਾਂ ਨੂੰ ਇੰਨ-ਬਿੰਨ ਮੰਨਣ ਲਈ ਵਚਨਬੱਧ ਹਨ ਅਤੇ ਉਨ੍ਹਾਂ ਵੱਲੋਂ ਕਿਸੇ ਤਰਾਂ ਵੀ ਜ਼ਰੂਰੀ ਵਸਤਾਂ ਦੀ ਜਮ੍ਹਾਖ਼ੋਰੀ, ਕਾਲਾਬਾਜ਼ਾਰੀ ਜਾਂ ਕੀਮਤਾਂ ਵਿੱਚ ਹੇਰਾਫੇਰੀ ਨਹੀਂ ਕੀਤੀ ਜਾਵੇਗੀ।

# ਜ਼ਰੂਰੀ ਵਸਤਾਂ ਦੀ ਜਮ੍ਹਾਂਖੋਰੀ ਰੋਕਣ ਲਈ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਸਖ਼ਤ ਹੁਕਮ ਜਾਰੀ

ਗੁਰਦਾਸਪੁਰ (ਜਨਕ ਮਹਾਜਨ)- ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਦਲਵਿੰਦਰਜੀਤ ਸਿੰਘ ਨੇ ਜ਼ਰੂਰੀ ਵਸਤਾਂ ਦੀ ਜਮ੍ਹਾਂਖੋਰੀ ਅਤੇ ਕਾਲਾਬਾਜ਼ਾਰੀ ਨੂੰ ਰੋਕਣ ਲਈ ਸਖ਼ਤ ਹੁਕਮ ਜਾਰੀ ਕੀਤੇ ਹਨ। ਜ਼ਿਲ੍ਹਾ ਮੈਜਿਸਟਰੇਟ ਨੇ ਦੱਸਿਆ ਕਿ ਉਨ੍ਹਾਂ ਦੇ ਧਿਆਨ ਵਿੱਚ ਆਇਆ ਹੈ ਕਿ ਕੁਝ ਸਟਾਕਿਸਟ ਜ਼ਰੂਰੀ ਵਸਤਾਂ ਜਿਵੇਂ ਅਨਾਜ, ਤੇਲ, ਡੀਜ਼ਲ, ਪਸ਼ੂ ਚਾਰਾ, ਦੁੱਧ ਅਤੇ ਰੋਜ਼ਮਰ੍ਹਾ ਦੀਆਂ ਵਸਤਾਂ ਦੀ ਜਮ੍ਹਾਂਖੋਰੀ ਕਰ ਰਹੇ ਹਨ, ਜਿਸ ਨਾਲ ਕੀਮਤਾਂ ਵਧਣ, ਕਾਲਾਬਾਜ਼ਾਰੀ ਅਤੇ ਸਪਲਾਈ ਦੀ ਕਮੀ ਦੀ ਸਮੱਸਿਆ ਪੈਦਾ ਹੋ ਸਕਦੀ ਹੈ। ਇਸ ਨਾਲ ਆਮ ਲੋਕਾਂ, ਖਾਸ ਤੌਰ 'ਤੇ ਕਮਜ਼ੋਰ ਵਰਗ ਨੂੰ ਭਾਰੀ ਨੁਕਸਾਨ ਹੋ ਰਿਹਾ ਹੈ। ਇਸ ਸਭ ਨੂੰ ਧਿਆਨ ਵਿੱਚ ਰੱਖਦੇ ਹੋਏ ਜ਼ਿਲ੍ਹਾ ਮੈਜਿਸਟਰੇਟ ਨੇ ਹੁਕਮ ਜਾਰੀ ਕੀਤੇ ਹਨ ਕਿ ਕੋਈ ਵੀ ਵਿਅਕਤੀ, ਵਪਾਰੀ ਜਾਂ ਸੰਸਥਾ ਜ਼ਰੂਰੀ ਵਸਤਾਂ ਦੀ ਜਮ੍ਹਾਂਖੋਰੀ ਨਹੀਂ ਕਰੇਗੀ। ਇਸ ਵਿੱਚ ਅਨਾਜ, ਪਸ਼ੂ ਚਾਰਾ, ਦੁੱਧ ਅਤੇ ਡੇਅਰੀ ਉਤਪਾਦ, ਪੈਟਰੋਲ, ਡੀਜ਼ਲ ਅਤੇ ਹੋਰ ਰੋਜ਼ਮਰ੍ਹਾ ਦੀਆਂ ਵਸਤਾਂ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਇਹ ਹੁਕਮ ਤੁਰੰਤ ਪ੍ਰਭਾਵ ਨਾਲ ਲਾਗੂ ਹੋਣਗੇ। ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਹੈ ਕਿ ਇਹਨਾਂ ਹੁਕਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨੇ ਜ਼ਿਲ੍ਹਾ ਵਾਸੀਆਂ ਨੂੰ ਸਹਿਯੋਗ ਦੀ ਅਪੀਲ ਕੀਤੀ ਹੈ ਤਾਂ ਜੋ ਜ਼ਰੂਰੀ ਵਸਤਾਂ ਦੀ ਸੁਚਾਰੂ ਸਪਲਾਈ ਅਤੇ ਨਿਰਪੱਖ ਵੰਡ ਨੂੰ ਯਕੀਨੀ ਬਣਾਇਆ ਜਾ ਸਕੇ।

# ਬਾਲ ਗਿਆਨ ਸਾਹਿਤ ਮੁਕਾਬਲਿਆਂ ਲਈ ਐਂਟਰੀਆਂ ਦੀ ਮੰਗ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਉਚੇਰੀ ਸਿੱਖਿਆ ਤੇ ਭਾਸ਼ਾਵਾਂ ਦੇ ਮੰਤਰੀ ਹਰਜੋਤ ਸਿੰਘ ਬੈਂਸ ਦੀ ਸੁਯੋਗ ਅਗਵਾਈ ਤੇ ਜਸਵੰਤ ਸਿੰਘ ਜ਼ਫਰ, ਡਾਇਰੈਕਟਰ, ਭਾਸ਼ਾ ਵਿਭਾਗ ਪੰਜਾਬ ਦੇ ਨਿਰਦੇਸ਼ਾਂ ਅਨੁਸਾਰ ਭਾਸ਼ਾ ਵਿਭਾਗ, ਪੰਜਾਬ ਪਟਿਆਲਾ ਵੱਲੋਂ ਜ਼ਿਲ੍ਹਾ ਅਤੇ ਰਾਜ ਪੱਧਰ 'ਤੇ ਬਾਲ ਸਾਹਿਤ ਮੁਕਾਬਲੇ ਕਰਵਾਏ ਜਾ ਰਹੇ ਹਨ। ਇਹਨਾਂ ਬਾਲ ਸਾਹਿਤ ਮੁਕਾਬਲਿਆਂ ਦਾ ਵਿਸ਼ਾ ਪੰਜਾਬੀ ਸਾਹਿਤ, ਭਾਸ਼ਾ ਸੱਭਿਆਚਾਰ, ਧਰਮ, ਇਤਿਹਾਸ ਅਤੇ ਭੂਗੋਲ ਵਿਸ਼ੇ ਨਾਲ ਸਬੰਧਤ ਹੈ।ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਸੁਰੇਸ਼ ਮਹਿਤਾ ਅਨੁਸਾਰ ਇਹਨਾਂ ਬਾਲ ਸਾਹਿਤ ਮੁਕਾਬਲਿਆਂ ਦਾ ਉਦੇਸ਼ ਜਿਥੇ ਵਿਦਿਆਰਥੀਆਂ ਵਿੱਚ ਮੁਕਾਬਲੇ ਕਰਵਾਉਣ ਦੀ ਭਾਵਨਾ ਪੈਦਾ ਕਰਨਾ ਹੈ ਉੱਥੇ ਵਿਦਿਆਰਥੀਆਂ ਨੂੰ ਪੰਜਾਬੀ ਸਾਹਿਤ, ਸੱਭਿਆਚਾਰ ਅਤੇ ਇਤਿਹਾਸ ਨਾਲ ਜੋੜਨਾ ਹੈ।ਜ਼ਿਲ੍ਹਾ ਭਾਸ਼ਾ ਦਫ਼ਤਰ, ਅੰਮ੍ਰਿਤਸਰ ਦੇ ਖੋਜ ਅਫ਼ਸਰ ਡਾ. ਇੰਦਰਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਇਹਨਾਂ ਮੁਕਾਬਲਿਆਂ ਦੇ ਤਿੰਨ ਵਰਗ ਹੋਣਗੇ; ਜਿਸ ਵਿੱਚ ਪਹਿਲਾ (ੳ) ਵਰਗ ਛੇਵੀਂ ਤੋਂ ਅੱਠਵੀਂ ਸ਼੍ਰੇਣੀ ਤੱਕ ਦੇ ਵਿਦਿਆਰਥੀਆਂ ਦਾ ਹੋਵੇਗਾ, ਜਦੋਂ ਕਿ ਦੂਸਰਾ (ਅ) ਵਰਗ ਨੌਵੀਂ ਤੋਂ ਬਾਰਵੀਂ ਤੱਕ ਦੇ ਵਿਦਿਆਰਥੀਆਂ ਦਾ ਹੋਵੇਗਾ ਅਤੇ ਤੀਜਾ ਵਰਗ (ੲ) ਗਰੈਜੂਏਸ਼ਨ ਤੱਕ ਦੇ ਵਿਦਿਆਰਥੀਆਂ ਦਾ ਹੋਵੇਗਾ।ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਜਮਾਤ ਤੇ ਜਨਮ ਮਿਤੀ ਸੰਬੰਧੀ ਸੰਸਥਾ ਮੁਖੀ ਵੱਲੋਂ ਲਿਖਤੀ ਰੂਪ ਵਿੱਚ ਤਸਦੀਕ ਕੀਤਾ ਜਾਣਾ ਲਾਜ਼ਮੀ ਹੈ।ਹਰ ਵਰਗ ਵਿੱਚ ਇੱਕ ਸੰਸਥਾ ਵਿੱਚ ਵੱਧ ਤੋਂ ਵੱਧ ਦੋ ਵਿਦਿਆਰਥੀ ਹੀ ਭੇਜੇ ਜਾ ਸਕਦੇ ਹਨ।ਜ਼ਿਲ੍ਹਾ ਪੱਧਰ 'ਤੇ ਲਿਖਤੀ ਮੁਕਾਬਲੇ ਵਿੱਚ ਬਹੁਵਿਕਲਪੀ 100 ਪ੍ਰਸ਼ਨ ਹੋਣਗੇ ਜੋ ਕਿ ਪੰਜਾਬੀ ਸਾਹਿਤ, ਧਰਮ, ਭਾਸ਼ਾ, ਸ਼ਖ਼ਸੀਅਤਾਂ, ਸੱਭਿਆਚਾਰ, ਇਤਿਹਾਸ ਅਤੇ ਭੂਗੋਲ ਨਾਲ ਸੰਬੰਧਿਤ ਹੋਣਗੇ।ਹਰ ਵਰਗ ਵਿੱਚ ਉੱਤਰ ਸੀਟਾਂ ਦਾ ਨੈਗਟਿਵ ਮਾਰਕਿੰਗ ਦੇ ਅਧਾਰ 'ਤੇ ਮੁਲਾਂਕਣ ਕੀਤਾ ਜਾਵੇਗਾ।ਜ਼ਿਲ੍ਹਾ ਪੱਧਰ 'ਤੇ ਹਰ ਵਰਗ ਵਿੱਚੋਂ ਪਹਿਲੇ ਸਥਾਨ ਤੇ ਆਉਣ ਵਾਲੇ ਵਿਦਿਆਰਥੀ ਨੂੰ1000 ਰੁਪਏ ਦੂਸਰੇ ਸਥਾਨ ਵਾਲੇ ਵਿਦਿਆਰਥੀ ਨੂੰ 550 ਰੁਪਏ ਅਤੇ ਤੀਸਰੇ ਸਥਾਨ ਵਾਲੇ ਵਿਦਿਆਰਥੀ ਨੂੰ 500 ਰੁਪਏ ਨਗਦ ਜਾਂ ਵਿਭਾਗੀ ਪੁਸਤਕਾਂ ਦੇ ਰੂਪ ਵਿੱਚ ਦਿੱਤੇ ਜਾਣਗੇ। ਇਸ ਸਬੰਧੀ ਸਕੂਲਾਂ ਅਤੇ ਕਾਲਜਾਂ ਨੂੰ ਆਪਣੇ ਭਾਗ ਲੈਣ ਵਾਲੇ ਵਿਦਿਆਰਥੀਆਂ ਦੀਆਂ ਐਂਟਰੀਆਂ 30 ਜੂਨ 2025 ਤੱਕ ਜ਼ਿਲ੍ਹਾ ਭਾਸ਼ਾ ਦਫ਼ਤਰ,ਅੰਮ੍ਰਿਤਸਰ ਵਿਖੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਕਮਰਾ ਨੰਬਰ 301, ਤੀਸਰੀ ਮੰਜ਼ਿਲ,ਅੰਮ੍ਰਿਤਸਰ ਜਾਂ ਦਫ਼ਤਰ ਦੀ ਈਮੇਲ 'ਤੇ ਭੇਜੀਆਂ ਜਾਣ।

# ਪੰਜਾਬੀ ਸਾਹਿਤ ਸਭਾ ਸਰਬੱਤ ਦੇ ਭਲੇ ਲਈ ਕਰੇਗੀ ਦੁਆ ਸਮਾਗਮ

ਬਾਬਾ ਬਕਾਲਾ ਸਾਹਿਬ (ਨਿਰਮਲ ਸੰਘਾ) ਮੌਜੂਦਾ ਹਾਲਤ ਦੇ ਮੱਦੇਨਜ਼ਰ, ਅਮਨ-ਸ਼ਾਂਤੀ-ਸਦਭਾਵਨਾ ਨੂੰ ਸਮਰਪਿਤ, 'ਸਰਬੱਤ ਦੇ ਭਲੇ' ਲਈ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ 'ਦੁਆ ਸਮਾਗਮ' 11 ਮਈ ਨੂੰ ਸਵੇਰੇ ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ ਵਿਖੇ ਕਰਵਾਇਆ ਜਾ ਰਿਹਾ ਹੈ।ਸਭਾ ਦੇ ਮੁੱਖ ਸੰਚਾਲਕ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ ਦੀ ਸੂਚਨਾ ਅਨੁਸਾਰ ਇਸ ਮੌਕੇ ਸਭਾ ਦੇ ਸੀਨੀ: ਮੀਤ ਪ੍ਰਧਾਨ ਮੱਖਣ ਭੈਣੀਵਾਲਾ ਦਾ ਪਲੇਠਾ ਗੀਤ ਅਤੇ ਕਾਵਿ ਸੰਗ੍ਰਹਿ 'ਅਲਬੇਲਾ' ਨੂੰ ਲੋਕ ਅਰਪਿਤ ਕੀਤਾ ਜਾਵੇਗਾ।ਸਮਾਗਮ ਵਿੱਚ ਅੰਮ੍ਰਿਤਸਰ ਵੱਲ ਜਾਂਦੇ ਰਾਹੀਓ ਗੀਤ ਦੇ ਰਚੇਤਾ ਲਖਵਿੰਦਰ ਸਿੰਘ ਲੱਖਾ ਸਲੇਮਪੁਰੀ ਮੁੱਖ ਮਹਿਮਾਨ ਅਤੇ ਅਵਤਾਰ ਸਿੰਘ ਭੁੱਲਰ ਬਾਬਾ ਬਕਾਲਾ ਸਾਹਿਬ (ਏ.ਡੀ.ਸੀ.) ਸਾ. ਸੰਯੁਕਤ ਡਾਇਰੈਕਟਰ ਪੰਚਾਇਤਾਂ ਵਿਭਾਗ, ਚੰਡੀਗੜ੍ਹ ਵਿਸ਼ੇਸ਼ ਮਹਿਮਾਨ ਵਜੋਂ ਪੁਜਣਗੇ।ਹਾਜ਼ਰੀਨ ਕਵੀਆਂ ਵੱਲੋਂ 'ਸਰਬੱਤ ਦੇ ਭਲੇ' ਵਾਸਤੇ ਕਵਿਤਾਵਾਂ ਪੜ੍ਹੀਆਂ ਜਾਣਗੀਆਂ।ਸਭਾ ਦੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਸੀ: ਮੀਤ ਪ੍ਰਧਾਨ ਡਾ: ਪਰਮਜੀਤ ਸਿੰਘ ਬਾਠ, ਸਕੱਤਰ ਨਵਦੀਪ ਸਿੰਘ ਬਦੇਸ਼ਾ ਨੇ ਸਮੂਹ ਕਵੀਜਨਾਂ ਨੂੰ ਪੁਜਣ ਲਈ ਅਪੀਲ ਕੀਤੀ ਹੈ ।

# ਕੇਨਰਾ ਰੋਬੇਕੋ ਨੇ ਕੇਨਰਾ ਰੋਬੇਕੋ ਮਲਟੀ ਐੱਸਟ ਐਲੋਕੇਸ਼ਨ ਫੰਡ ਕੀਤਾ ਲਾਂਚ

ਅੰਮ੍ਰਿਤਸਰ : ਕੇਨਰਾ ਰੋਬੇਕੋ ਮਿਉਚੁਅਲ ਫੰਡ ਨੇ ਕੇਨਰਾ ਰੋਬੇਕੋ ਮਲਟੀ ਐਸੈੱਟ ਐਲੋਕੇਸ਼ਨ ਫੰਡ ਦੇ ਲਾਂਚ ਦਾ ਐਲਾਨ ਕੀਤਾ ਹੈ। ਇਹ ਇਕ ਓਪਨ-ਐਂਡਡ ਹਾਈਬ੍ਰਿਡ ਫੰਡ ਹੈ ਜਿਸਦਾ ਟੀਚਾ ਚੰਗੇ ਪ੍ਰਦਰਸ਼ਨ ਦੇ ਸਮੇਂ ਉੱਚਾ ਮੁਨਾਫਾ ਹਾਸਲ ਕਰਨਾ ਅਤੇ ਮਾੜੇ ਬਜ਼ਾਰੀ ਹਾਲਾਤਾਂ ਦੌਰਾਨ ਨੁਕਸਾਨ ਦੇ ਖਤਰੇ ਨੂੰ ਘਟਾਉਣਾ ਹੈ । ਇਹ ਫੰਡ ਇੱਕ ਓਪਨ-ਐਂਡ ਸਕੀਮ ਹੈ ਜੋ ਇਕਵੀਟੀ ਅਤੇ ਇਕਵੀਟੀ ਨਾਲ ਜੁੜੇ ਇੰਸਟਰੂਮੈਂਟ, ਡੇਟ ਅਤੇ ਮਨੀ ਮਾਰਕਿਟ ਇੰਸਟਰੂਮੈਂਟ, ਸੋਨੇ ਅਤੇ ਚਾਂਦੀ ਦੇ ਇਲੈਕਟ੍ਰਾਨਿਕ ਟ੍ਰੇਡਡ ਫੰਡਾਂ ਵਿੱਚ ਨਿਵੇਸ਼ ਕਰਦੀ ਹੈ। ਇਹ ਫੰਡ ਆਪਣੀ ਮਲਟੀ ਅਸੈਟ ਐਲੋਕੇਸ਼ਨ ਰਣਨੀਤੀ ਰਾਹੀਂ ਹਰ ਤਰ੍ਹਾਂ ਦੀ ਮਾਰਕੀਟ ਸਥਿਤੀ ਵਿੱਚ ਢਲਣਯੋਗ ਬਣਾਇਆ ਗਿਆ ਹੈ, ਜਿਸਦਾ ਉਦੇਸ਼ ਸਥਿਰ ਅਤੇ ਲੰਬੇ ਸਮੇਂ ਦੇ ਲਾਭ ਪ੍ਰਦਾਨ ਕਰਨਾ ਹੈ।ਨਵਾਂ ਫੰਡ ਆਫਰ (ਐਨ ਐਫ ਓ) ਸਬਸਕ੍ਰਿਪਸ਼ਨ ਲਈ ਖੁੱਲ ਚੁੱਕਿਆ ਹੈ ਅਤੇ 23 ਮਈ ਨੂੰ ਬੰਦ ਹੋ ਜਾਵੇਗਾ।ਕੇਨਰਾ ਰੋਬੇਕੋ ਐਸੇਟ ਮੈਨੇਜਮੈਂਟ ਕੰਪਨੀ ਲਿਮਿਟੇਡ ਦੇ ਸੀਈਓ, ਸ਼੍ਰੀ ਰਜਨੀਸ਼ ਨਰੂਲਾ ਨੇ ਕਿਹਾ ਕਿ ਕੇਨਰਾ ਰੋਬੇਕੋ ਮਲਟੀ ਐਸੇਟ ਐਲੋਕੇਸ਼ਨ ਫੰਡ ਦੀ ਸ਼ੁਰੂਆਤ ਨਾਲ ਨਾ ਸਿਰਫ ਸਾਡਾ ਪ੍ਰੋਡਕਟ ਪੋਰਟਫੋਲਿਓ ਵਿਸਥਾਰਿਤ ਹੋਵੇਗਾ, ਸਗੋਂ ਇਹ ਨਿਵੇਸ਼ਕਾਂ ਨੂੰ ਬਾਜ਼ਾਰ ਦੀਆਂ ਨਵੀਆਂ ਲੋੜਾਂ ਨੂੰ ਪੂਰਾ ਕਰਨ ਲਈ ਵੱਖ-ਵੱਖ ਤਰ੍ਹਾਂ ਦੇ ਹੱਲ ਪ੍ਰਦਾਨ ਕਰਨ ਦੀ ਸਾਡੀ ਯੋਗਤਾ ਨੂੰ ਵੀ ਵਧਾਵੇਗਾ।

# ਹੈਰੋਇਨ ਸਮੇਤ ਇੱਕ ਵਿਅਕਤੀ ਕਾਬੂ

ਗੁਰਦਾਸਪੁਰ (ਜਨਕ ਮਹਾਜਨ)- ਥਾਣਾ ਧਾਰੀਵਾਲ ਪੁਲਸ ਦੇ ਐਸ.ਆਈ. ਸੁਲੱਖਣ ਰਾਮ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਨਾਕਾਬੰਦੀ ਕਰਕੇ ਪਿੰਡ ਜੋਗੋਵਾਲ ਜੱਟਾਂ ਕਾਲੋਨੀ ਤੋਂ ਰਜੇਸ਼ ਜੇਸਾ ਪੁੱਤਰ ਜਿੰਦ ਮਸੀਹ ਵਾਸੀ ਕੰਗ ਨੂੰ ਸ਼ੱਕ ਦੇ ਆਧਾਰ 'ਤੇ ਮੋਟਰਸਾਈਕਲ ਬੁੱਲਟ ਸਮੇਤ ਕਾਬੂ ਕਰਕੇ ਉਸ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ, ਜਿਸ ਵਿੱਚੋਂ 20 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਥਾਣਾ ਧਾਰੀਵਾਲ ਪੁਲਸ ਨੇ ਰਜੇਸ਼ ਜੇਸਾ ਖਿਲਾਫ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਜੰਗ ਕਿਸੇ ਸਮੱਸਿਆ ਦਾ ਹੱਲ ਨਹੀਂ, ਇਹ ਸਿਰਫ਼ ਮੌਤ ਤੇ ਤਬਾਹੀ ਹੀ ਲੈ ਕੇ ਆਉਂਦੀ : ਤਰਸੇਮ ਸਿੰਘ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ ) ਮੈਂਬਰ ਪਾਰਲੀਮੈਂਟ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖ ਸੇਵਾਦਾਰ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਨੇ ਭਾਰਤ ਪਾਕਿਸਤਾਨ ਵਿਚਾਲੇ ਬਣੇ ਜੰਗ ਦੇ ਹਲਾਤਾਂ ਤੇ ਗਹਿਰੀ ਚਿੰਤਾਂ ਪ੍ਰਗਟਾਈ ਹੈ।ਇਕ ਪ੍ਰੈਸ ਨੋਟ ਰਾਹੀਂ ਉਹਨਾਂ ਕਿਹਾ ਕਿ ਭਾਰਤ ਅਤੇ ਪਾਕਿਸਤਾਨ ਵਿਚਾਲੇ ਇਕ ਵਾਰ ਫਿਰ ਤਣਾਅ ਦੀ ਲਕੀਰ ਨੇ ਜੰਗੀ ਰੂਪ ਧਾਰਨ ਕਰ ਲਿਆ ਹੈ।ਅੰਤਰਰਾਸ਼ਟਰੀ ਮੀਡੀਆ ਅਤੇ ਭਾਰਤੀ ਸਰਕਾਰੀ ਸਰੋਤਾਂ ਤੋਂ ਮਿਲ ਰਹੀਆਂ ਰਿਪੋਰਟਾਂ ਅਨੁਸਾਰ ਦੋਹਾਂ ਪਾਸਿਆਂ ਵੱਲੋਂ ਸੈਨਾਂਵਾਂ ਦੀ ਤਾਇਨਾਤੀ, ਹਮਲੇ ਅਤੇ ਜਵਾਬੀ ਹਮਲੇ ਤੇਜ਼ੀ ਨਾਲ ਵਧ ਰਹੇ ਹਨ। ਇਸ ਘੜੀ 'ਚ ਸਾਡੀ ਸਭ ਤੋਂ ਵੱਡੀ ਚਿੰਤਾ ਪੰਜਾਬ, ਕਸ਼ਮੀਰ ਅਤੇ ਸਰਹੱਦੀ ਇਲਾਕਿਆਂ ਦੇ ਆਮ ਲੋਕਾਂ ਲਈ ਹੈ ਜੋ ਹਮੇਸ਼ਾਂ ਹੀ ਜੰਗਾਂ ਅਤੇ ਤਣਾਅ ਦਾ ਪਹਿਲਾਂ ਨੁਕਸਾਨ ਭੁਗਤਦੇ ਆਏ ਹਨ। ਉਹਨਾਂ ਕਿਹਾ ਕਿ ਸਾਡਾ ਮੰਨਣਾ ਹੈ ਕਿ ਜੰਗ ਕਿਸੇ ਵੀ ਸਮੱਸਿਆ ਦਾ ਹੱਲ ਨਹੀਂ ਹੁੰਦੀ। ਇਹ ਸਿਰਫ਼ ਮੌਤ ਤੇ ਤਬਾਹੀ ਹੀ ਹੁੰਦੀ ਹੈ ਇਸ ਤੋਂ ਇਲਾਵਾ ਕੁਝ ਨਹੀਂ।ਕੁਝ ਮੁੱਠੀ ਭਰ ਗਲਤ ਸੋਚ ਦੇ ਅੱਤਵਾਦੀਆਂ ਜਾਂ ਉਕਸਾਊ ਤਾਕਤਾਂ ਦੀਆਂ ਕਰਤੂਤਾਂ ਦੀ ਸਜ਼ਾ ਲੱਖਾਂ ਬੇਕਸੂਰ ਲੋਕਾਂ ਨੂੰ ਦੇਣੀ ਅਸੰਵਿਧਾਨਕ, ਅਨੈਤਿਕ ਅਤੇ ਬਿਲਕੁਲ ਬੇਸਮਝ ਕਾਰਵਾਈ ਹੈ।ਅਸੀਂ ਅੱਤਵਾਦ ਅਤੇ ਹਿੰਸਾ ਦੇ ਸਖ਼ਤ ਵਿਰੋਧੀ ਹਾਂ।ਅੱਤਵਾਦ ਜਾਂ ਹਿੰਸਾ ਕਿਸੇ ਪੱਖੋਂ ਹੋਵੇ ਉਹ ਮਨੁੱਖਤਾ ਦੇ ਖਿਲਾਫ਼ ਗੁਨਾਹ ਹੈ।ਪਰ ਅੱਤਵਾਦ ਦੇ ਜਵਾਬ 'ਚ ਜੰਗ ਕਰਨਾ, ਘਰਾਂ ਨੂੰ ਉਜਾੜਨਾ ਜਾਂ ਪੂਰੇ ਖੇਤਰ ਨੂੰ ਸਜ਼ਾ ਦੇਣਾ ਵੀ ਉਤਨਾ ਹੀ ਗ਼ਲਤ ਹੈ। ਦੋਹਾਂ ਮੁਲਕਾਂ ਵਿਚ ਇੱਕ ਵੱਡੀ ਗਿਣਤੀ 'ਚ ਨੌਜਵਾਨ ਪੀੜ੍ਹੀ ਨੂੰ ਹਥਿਆਰਾਂ ਦੀ ਥਾਂ ਕਲਮ, ਕੰਮ ਅਤੇ ਵਿਕਾਸ ਦੇ ਰਾਹ 'ਤੇ ਲੈ ਜਾਣ ਦੀ ਲੋੜ ਹੈ।ਸਾਡੀ ਮੰਗ ਹੈ ਤਣਾਅ ਨੂੰ ਤੁਰੰਤ ਘਟਾਇਆ ਜਾਵੇ ਅਤੇ ਅੰਤਰਰਾਸ਼ਟਰੀ ਸਤਰ 'ਤੇ ਸੰਵਾਦ ਸ਼ੁਰੂ ਕਰਵਾਇਆ ਜਾਵੇ।

# 'ਸੱਚੀਆਂ ਗੱਲਾਂ : ਲੋਕ ਤੱਥ' ਗੀਤ ਲੋਕ ਅਰਪਿਤ



ਬਾਬਾ ਬਕਾਲਾ ਸਾਹਿਬ (ਨਿਰਮਲ ਸੰਘਾ) ਨਾਮਵਰ ਗਾਇਕ ਲਖਵਿੰਦਰ ਕੋਟੀਆ ਦੇ ਨਵੇਂ ਸਭਿਆਚਾਰਕ ਗੀਤ 'ਸੱਚੀਆਂ ਗੱਲਾਂ : ਲੋਕ ਤੱਥ' ਨੂੰ ਪਰਮਰਾਜ ਸਿੰਘ ਉਮਰਾ ਨੰਗਲ (ਆਈ ਜੀ) ਨੇ ਲੋਕ ਅਰਪਿਤ ਕੀਤਾ।ਇਸ ਮੌਕੇ ਉਨ੍ਹਾਂ ਕਿਹਾ ਕਿ ਅੱਜ ਸਾਫ ਸੁਥਰੀ ਗਾਇਕੀ ਸਮੇਂ ਦੀ ਵੱਡੀ ਲੋੜ ਹੈ, ਜਿਸਨੂੰ ਕਿ ਕਿਸੇ ਪਰਿਵਾਰ ਵਿੱਚ ਬੈਠਕੇ ਦੇਖਿਆ ਅਤੇ ਸੁਣਿਆ ਜਾ ਸਕੇ।ਇਸ ਮੌਕੇ ਪ੍ਰਿੰ: ਦਿਲਬਾਗ ਸਿੰਘ ਮਾਨ, ਸ਼ੇਲਿੰਦਰਜੀਤ ਸਿੰਘ ਰਾਜਨ, ਡਿੱਪੀ ਪੂਹਲਾ, ਰਾਜਨ ਸਿੱਧੂ ਬੇਦਾਦਪੁਰ, ਨਵਦੀਪ ਸਿੰਘ ਬੱਲ ਭੋਰਛੀ, ਅਮਰੀਕ ਸਿੰਘ ਸਿੱਧੂ ਬੇਦਾਦਪੁਰ, ਪਰਮਦੀਪ ਸਿੰਘ ਟਕਾਪੁਰ, ਅਜੀਤ ਸਿੰਘ ਮੈਂਬਰ, ਹਰਵਿੰਦਰ ਸਿੰਘ ਬੁੱਟਰ, ਠੇਕੇਦਾਰ ਰਵੀ ਜੱਲੂਵਾਲ, ਸਰਬਜੀਤ ਸਿੰਘ ਜੱਲੂਵਾਲ, ਭੁਪਿੰਦਰ ਸਿੰਘ ਬਾਬਾ ਬਕਾਲਾ ਮੋੜ, ਜੰਗੀ ਅਗਮ ਮੋਟਰ, ਹੰਸਰਾਜ ਸਿੰਘ ਧਿਆਨਪੁਰ, ਗੋਪੀ ਪੱਡਾ, ਨਵ ਪੱਡਾ, ਅਨੋਖ ਸਿੰਘ ਧਰਦਿਉ ਅਤੇ ਹੋਰ ਹਾਜ਼ਰ ਸਨ ।

# ਡਿਪਟੀ ਕਮਿਸ਼ਨਰ ਵੱਲੋਂ ਜ਼ਰੂਰੀ ਵਸਤਾਂ ਦੀ ਜਮ੍ਹਾਖ਼ੋਰੀ, ਕਾਲਾਬਾਜ਼ਾਰੀ ਨੂੰ ਰੋਕਣ ਲਈ ਵਪਾਰ ਮੰਡਲ ਗੁਰਦਾਸਪੁਰ ਦੇ ਨੁਮਾਇੰਦਿਆਂ ਤੇ ਦੁਕਾਨਦਾਰਾਂ ਨਾਲ ਮੀਟਿੰਗ



ਧਾਰੀਵਾਲ (ਮਨਦੀਪ ਸਿੰਘ ਵਿੱਕੀ) – ਭਾਰਤ-ਪਾਕਿਸਤਾਨ ਵਿੱਚ ਚੱਲ ਰਹੇ ਤਣਾਅਪੂਰਨ ਮਾਹੌਲ ਦੇ ਮੱਦੇਨਜ਼ਰ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਸ੍ਰੀ ਦਲਵਿੰਦਰਜੀਤ ਸਿੰਘ, ਆਈ.ਏ.ਐੱਸ. ਵੱਲੋਂ ਐਸੈਂਸ਼ੀਅਲ ਕਮੋਡਿਟੀਜ਼ ਐਕਟ, 1955 ਅਤੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਐਕਟ, 2023 ਦੀ ਧਾਰਾ 163 ਤਹਿਤ ਜ਼ਿਲ੍ਹੇ ਵਿੱਚ ਜ਼ਰੂਰੀ ਵਸਤਾਂ ਦੀ ਜਮ੍ਹਾਖ਼ੋਰੀ ਅਤੇ ਕਾਲਾਬਾਜ਼ਾਰੀ ਨੂੰ ਰੋਕਣ ਲਈ ਸਖ਼ਤ ਹੁਕਮ ਜਾਰੀ ਕੀਤੇ ਗਏ ਹਨ। ਇਨ੍ਹਾਂ ਹੁਕਮਾਂ ਦੀ ਪਾਲਣਾ ਲਈ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਵੱਲੋਂ ਅੱਜ ਵਪਾਰ ਮੰਡਲ ਗੁਰਦਾਸਪੁਰ ਦੇ ਨੁਮਾਇੰਦਿਆਂ ਅਤੇ ਦੁਕਾਨਦਾਰਾਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਹਰਜਿੰਦਰ ਸਿੰਘ ਬੇਦੀ, ਜ਼ਿਲ੍ਹਾ ਖ਼ੁਰਾਕ ਤੇ ਸਿਵਲ ਸਪਲਾਈ ਕੰਟਰੋਲਰ ਸ੍ਰੀ ਸੁਖਜਿੰਦਰ ਸਿੰਘ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੇ ਧਿਆਨ ਵਿੱਚ ਆਇਆ ਹੈ ਕਿ ਕੁਝ ਸਟਾਕਿਸਟ ਜ਼ਰੂਰੀ ਵਸਤਾਂ ਜਿਵੇਂ ਕਿ ਅਨਾਜ, ਤੇਲ, ਡੀਜ਼ਲ, ਪਸ਼ੂ ਚਾਰਾ, ਦੁੱਧ ਅਤੇ ਰੋਜ਼ਮਰ੍ਹਾ ਦੀਆਂ ਵਸਤਾਂ ਦੀ ਜਮ੍ਹਾਖ਼ੋਰੀ ਕਰ ਰਹੇ ਹਨ, ਜਿਸ ਨਾਲ ਕੀਮਤਾਂ ਵਧਣ, ਕਾਲਾਬਾਜ਼ਾਰੀ ਅਤੇ ਸਪਲਾਈ ਦੀ ਕਮੀ ਦੀ ਸਮੱਸਿਆ ਪੈਦਾ ਹੋ ਸਕਦੀ ਹੈ। ਇਸ ਨਾਲ ਆਮ ਲੋਕਾਂ, ਖ਼ਾਸ ਤੌਰ ਤੇ ਕਮਜ਼ੋਰ ਵਰਗ ਨੂੰ ਭਾਰੀ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕ ਹਿਤ ਨੂੰ ਧਿਆਨ ਵਿੱਚ ਰੱਖਦੇ ਹੋਏ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹੁਕਮ ਜਾਰੀ ਕੀਤੇ ਗਏ ਹਨ ਕਿ ਕੋਈ ਵੀ ਵਿਅਕਤੀ, ਵਪਾਰੀ ਜਾਂ ਸੰਸਥਾ ਅਨਾਜ, ਪਸ਼ੂ ਚਾਰਾ, ਦੁੱਧ ਅਤੇ ਡੇਅਰੀ ਉਤਪਾਦ, ਪੈਟਰੋਲ, ਡੀਜ਼ਲ ਅਤੇ ਹੋਰ ਰੋਜ਼ਮਰ੍ਹਾ ਦੀਆਂ ਜ਼ਰੂਰੀ ਵਸਤਾਂ ਦੀ ਜਮ੍ਹਾਖ਼ੋਰੀ ਨਹੀਂ ਕਰੇਗੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ, ਵਪਾਰੀ ਜਾਂ ਸੰਸਥਾ ਜ਼ਰੂਰੀ ਵਸਤਾਂ ਦੀ ਜਮ੍ਹਾਖ਼ੋਰੀ, ਕਾਲਾਬਾਜ਼ਾਰੀ ਜਾਂ ਕੀਮਤਾਂ ਵਿੱਚ ਹੇਰਾਫੇਰੀ ਕਰਦਾ ਹੈ ਤਾਂ ਪ੍ਰਸ਼ਾਸਨ ਵੱਲੋਂ ਉਸ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਜੇਕਰ ਕੋਈ ਵਿਅਕਤੀ, ਵਪਾਰੀ ਜਾਂ ਸੰਸਥਾ ਜ਼ਰੂਰੀ ਵਸਤਾਂ ਦੀ ਜਮ੍ਹਾਖ਼ੋਰੀ, ਕਾਲਾਬਾਜ਼ਾਰੀ ਜਾਂ ਕੀਮਤਾਂ ਵਿੱਚ ਹੇਰਾਫੇਰੀ ਕਰਦਾ ਹੈ ਤਾਂ ਉਸਦੀ ਸੂਚਨਾ ਜ਼ਿਲ੍ਹਾ ਪ੍ਰਸ਼ਾਸਨ ਨੂੰ ਦਿੱਤੀ ਜਾਵੇ। ਮੀਟਿੰਗ ਦੌਰਾਨ ਵਪਾਰ ਮੰਡਲ ਗੁਰਦਾਸਪੁਰ ਦੇ ਨੁਮਾਇੰਦਿਆਂ ਅਤੇ ਦੁਕਾਨਦਾਰਾਂ ਨੇ ਡਿਪਟੀ ਕਮਿਸ਼ਨਰ ਨੂੰ ਭਰੋਸਾ ਦਿੱਤਾ ਕਿ ਉਹ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਹਦਾਇਤਾਂ ਨੂੰ ਇੰਨ-ਬਿੰਨ ਮੰਨਣ ਲਈ ਵਚਨਬੱਧ ਹਨ ਅਤੇ ਉਨ੍ਹਾਂ ਵੱਲੋਂ ਕਿਸੇ ਤਰਾਂ ਵੀ ਜ਼ਰੂਰੀ ਵਸਤਾਂ ਦੀ ਜਮ੍ਹਾਖ਼ੋਰੀ, ਕਾਲਾਬਾਜ਼ਾਰੀ ਜਾਂ ਕੀਮਤਾਂ ਵਿੱਚ ਹੇਰਾਫੇਰੀ ਨਹੀਂ ਕੀਤੀ ਜਾਵੇਗੀ।

# ਮੈਡੀਕਲ ਸਟੋਰ ਦੇ ਮਾਲਕ ਤੋਂ ਲੁਟੇਰਿਆਂ ਕੀਤੀ ਲੁੱਟ-ਖੋਹ



ਬਾਬਾ ਬਕਾਲਾ ਸਾਹਿਬ (ਨਿਰਮਲ ਸੰਘਾ) ਬੀਤੀ ਰਾਤ ਬੁਤਾਲਾ ਵਿਖੇ ਕੁਝ ਹਥਿਆਰਬੰਦ ਲੁਟੇਰਿਆਂ ਵੱਲੋਂ ਇੱਕ ਮੈਡੀਕਲ ਸਟੋਰ ਤੋਂ ਹਥਿਆਰ ਦੀ ਨੋਕ 'ਤੇ ਨਗਦੀ ਅਤੇ ਮੋਬਾਇਲ ਖੋਹੇ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।

ਅੈ ਚ . ਪੀ . ਮੈਡੀਕਲ ਸਟੋਰ ਦੇ ਮਾਲਕ ਡਾ. ਨਿਰਮਲ ਸਿੰਘ ਬੁਤਾਲਾ ਨੇ ਦੱਸਿਆ ਕਿ ਉਹ ਰੋਜ਼ਾਨਾ ਵਾਂਗ ਆਪਣੇ ਮੈਡੀਕਲ ਸਟੋਰ 'ਤੇ ਬੈਠੇ ਸਨ, ਕਿ ਬੀਤੀ ਰਾਤ 8.40 ਵਜੇ ਦੇ ਕਰੀਬ ਦੋ ਅਣਪਛਾਤੇ ਮੋਨੇ ਨੌਜਵਾਨ, ਜਿੰਨ੍ਹਾਂ ਨੇ ਮੂੰਹ-ਸਿਰ ਵੀ ਬੰਨ੍ਹੇ ਹੋਏ ਸਨ, ਉਨ੍ਹਾਂ ਦੀ ਦੁਕਾਨ 'ਤੇ ਆਏ, ਜਿੰਨ੍ਹਾਂ ਵਿਚੋਂ ਇਕ ਦੇ ਹੱਥ ਵਿੱਚ ਰਿਵਾਲਵਰ ਅਤੇ ਦੂਸਰੇ ਦੇ ਹੱਥ ਵਿੱਚ ਚਾਕੂ ਸੀ, ਉਨ੍ਹਾਂ ਆ ਕੇ ਕਿਹਾ ਕਿ ਜੋ ਕੁਝ ਵੀ ਹੈ, ਉਹ ਦੇ ਦੇਵੇ, ਇਸ ਤੋਂ ਪਹਿਲਾਂ ਕਿ ਮੈਂ ਕੁਝ ਹਿੱਲਜੁਲ ਕਰਦਾ, ਉਨ੍ਹਾਂ ਮੇਰੀ ਜ਼ੇਬ੍ਹ ਵਿੱਚੋਂ ਤਿੰਨ ਹਜ਼ਾਰ ਰੁਪਏ ਦੇ ਕਰੀਬ ਨਗਦੀ ਅਤੇ ਮੇਰਾ ਮੋਬਾਇਲ ਖੋਹ ਲਿਆ ਅਤੇ ਗੱਲੇ ਵਿੱਚੋਂ ਵੀ ਕੁਝ ਨਗਦੀ ਲੈ ਕੇ ਫਰਾਰ ਹੋ ਗਏ।

ਉਨ੍ਹਾਂ ਦੱਸਿਆ ਕਿ ਮੈਡੀਕਲ ਸਟੋਰ ਦੇ ਅੰਦਰ ਲੱਗੇ ਸੀ ਸੀ ਟੀ ਵੀ ਕੈਮਰੇ ਵਿੱਚ ਸਾਰੀ ਘਟਨਾ ਕੈਦ ਹੋ ਗਈ ਹੈ, ਡਾ. ਨਿਰਮਲ ਸਿੰਘ ਨੇ ਦੱਸਿਆ ਕਿ ਇਸ ਸੰਬੰਧੀ ਪੁਲਸ ਚੌਂਕੀ ਬੁਤਾਲਾ ਵਿਖੇ ਰਿਪੋਰਟ ਦਰਜ ਕਰਵਾਈ ਹੈ।

# ਪੁਲਸ ਨੇ ਮੁਕਾਬਲੇ 'ਚ ਕਾਬੂ ਕੀਤਾ ਨਸ਼ਾ ਤਸਕਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਪੁਲਸ ਨੇ ਊਨਾ ਰੋਡ 'ਤੇ ਜਹਾਨ ਖੇਲਾਂ ਨਜ਼ਦੀਕ ਹੋਏ ਮੁਕਾਬਲੇ ਦੌਰਾਨ ਇੱਕ ਨਸ਼ਾ ਤਸਕਰ ਨੂੰ ਗ੍ਰਿਫ਼ਤਾਰ ਕਰਨ ਦਾ ਦਾਅਵਾ ਕੀਤਾ ਹੈ। ਦੱਸਿਆ ਜਾ ਰਿਹਾ ਹੈ ਕਿ ਇਸ ਨਸ਼ਾ ਤਸਕਰ ਨੂੰ ਰੋਕੇ ਜਾਣ 'ਤੇ ਉਸ ਨੇ ਪੁਲਸ 'ਤੇ ਗੋਲੀ ਚਲਾਈ ਜਿਸ ਦੀ ਜਵਾਬੀ ਕਾਰਵਾਈ ਵਿੱਚ ਨਸ਼ਾ ਤਸਕਰ ਜ਼ਖਮੀ ਹੋ ਗਿਆ ਤੇ ਉਸ ਨੂੰ ਗ੍ਰਿਫਤਾਰ ਕਰ ਲਿਆ। ਡਾ: ਮੁਕੇਸ਼ ਕੁਮਾਰ, ਪੀ.ਪੀ.ਐਸ. ਪੁਲਸ ਕਪਤਾਨ ਤਫਤੀਸ਼ ਨੇ ਦੱਸਿਆ ਕਿ ਸੰਦੀਪ ਕੁਮਾਰ ਮਲਿਕ ਆਈ.ਪੀ.ਐਸ., ਸੀਨੀਅਰ ਪੁਲਸ ਕਪਤਾਨ, ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਮਾਜ ਵਿਰੋਧੀ ਅਨਸਰਾਂ ਦੇ ਖ਼ਿਲਾਫ਼ ਆਰੰਭੀ ਮੁਹਿੰਮ ਵਿੱਚ ਹੁਸ਼ਿਆਰਪੁਰ ਪੁਲਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ ਜਦੋਂ ਸੁਖਨਿੰਦਰ ਸਿੰਘ ਪੀ.ਪੀ.ਐਸ. ਉਪ ਪੁਲਸ ਕਪਤਾਨ ਤਫਤੀਸ਼ ਹੁਸ਼ਿਆਰਪੁਰ ਵੱਲੋਂ ਸਮੇਤ ਇੰਸਪੈਕਟਰ ਸੀ.ਆਈ.ਏ., ਪੁਲਿਸ ਪਾਰਟੀ ਨਾਕਾਬੰਦੀ ਲਈ ਊਨਾ ਰੋਡ 'ਤੇ ਅੱਡਾ ਚੱਕ ਸਾਧੂ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਨਸ਼ਾ ਤਸਕਰ ਤੀਰਥ ਰਾਮ ਉਰਫ ਮੱਲ ਪੁੱਤਰ ਗੁਰਨਾਮ ਸਿੰਘ ਵਾਸੀ ਬਜਵਾੜਾ ਥਾਣਾ ਸਦਰ ਹੁਸ਼ਿਆਰਪੁਰ,ਜੋ ਮੁਕੱਦਮਾ ਨੰਬਰ 41/25 ਥਾਣਾ ਸਦਰ ਅਤੇ ਹੋਰ ਨਸ਼ੇ ਦੇ ਮੁਕੱਦਮਿਆਂ ਵਿੱਚ ਥਾਣਾ ਸਦਰ ਜ਼ਿਲ੍ਹਾ ਹੁਸ਼ਿਆਰਪੁਰ ਨੂੰ ਲੋੜੀਂਦਾ ਹੈ, ਇਸ ਸਮੇਂ ਪਿੰਡ ਬਿਛੋਹੀ ਤੇ ਪਿੰਡ ਚੱਕ ਸਾਧੂ ਸਾਈਡ ਨੂੰ ਆਪਣੀ ਐਕਟਿਵਾ ਬਿਨਾਂ ਨੰਬਰੀ ਰੰਗ ਕਾਲਾ ਪਰ ਸਵਾਰ ਹੋ ਕੇ ਆ ਰਿਹਾ ਹੈ। ਇਸ ਖੁਫੀਆ ਇਤਲਾਹ ਉਪਰੰਤ ਕੁੱਝ ਸਮੇਂ ਬਾਅਦ ਪਿੰਡ ਬਿਛੋਹੀ ਵਲੋਂ ਇੱਕ ਮੋਨਾ ਨੌਜਵਾਨ ਮੁਖਬਰ ਵਲੋਂ ਦੱਸੀ ਹੋਈ ਐਕਟਿਵਾ ਬਿਨਾ ਨੰਬਰੀ ਰੰਗ ਕਾਲਾ ਪਰ ਪੁਲਸ ਪਾਰਟੀ ਨੂੰ ਆਉਂਦਾ ਦਿਖਾਈ ਦਿੱਤਾ ਜਿਸਨੂੰ ਇੰਚਾਰਜ ਸੀ.ਆਈ.ਏ. ਨੇ ਸਾਥੀ ਕਰਮਚਾਰੀਆ ਦੀ ਮੱਦਦ ਨਾਲ ਐਕਟਿਵਾ ਪਰ ਆ ਰਹੇ ਨੌਜਵਾਨ ਨੂੰ ਰੁੱਕਣ ਦਾ ਇਸ਼ਾਰਾ ਕੀਤਾ ਜਿਸ 'ਤੇ ਐਕਟਿਵਾ ਸਵਾਰ ਨੌਜਵਾਨ ਨੇ ਮੌਕਾ 'ਤੇ ਡੱਬ ਦੀ ਨੀਯਤ ਨਾਲ ਆਪਣੇ ਦਸਤੀ ਪਿਸਤੌਲ ਨਾਲ ਪੁਲਸ ਪਾਰਟੀ ਤੇ 2 ਰੌਂਦ ਫਾਇਰ ਕੀਤੇ ਜਿਸ 'ਤੇ ਪੁਲਸ ਪਾਰਟੀ ਨੇ ਜਵਾਬੀ ਕਾਰਵਾਈ ਕਰਦੇ ਹੋਏ ਪਹਿਲਾ ਫਾਇਰ ਇੰਸਪੈਕਟਰ ਗੁਰਪ੍ਰੀਤ ਵਲੋਂ ਅਤੇ ਦੂਸਰਾ ਸਿਪਾਹੀ ਨਵੀਨ ਕੁਮਾਰ ਨੰਬਰ 781/ਹੁਸ਼ਿ ਨੇ ਆਪਣੇ-ਆਪਣੇ ਸਰਵਿਸ ਪਿਸਟਲਾਂ ਰਾਹੀਂ ਕੀਤੇ ਜਿਸਦੇ ਬਾਵਜੂਦ ਵੀ ਉਕਤ ਵਿਅਕਤੀ ਨੇ ਡੱਬ ਅਤੇ ਪੁਲਸ ਪਾਰਟੀ ਨੂੰ ਮਾਰ ਦੇਣ ਦੀ ਨੀਅਤ ਨਾਲ ਫਿਰ ਸਿੱਧਾ ਫਾਇਰ ਕੀਤਾ ਜਿਸ 'ਤੇ ਇੰਸਪੈਕਟਰ ਸੀ.ਆਈ.ਏ. ਨੇ ਆਪਣੀ ਅਤੇ ਆਪਣੀ ਪੁਲਸ ਪਾਰਟੀ ਦੀ ਨਿੱਜੀ ਰੱਖਿਆ ਕਰਦੇ ਹੋਏ ਸਿਖਾਏ ਹੋਏ ਤਰੀਕੇ ਅਨੁਸਾਰ ਜਵਾਬੀ ਕਾਰਵਾਈ ਕਰਦੇ ਹੋਏ 02 ਰੌਂਦ ਫਾਇਰ ਕੀਤੇ ਗਏ ਜਿਸ ਵਿੱਚ ਉਕਤ ਵਿਅਕਤੀ ਲੱਤ ਵਿੱਚ ਗੋਲੀ ਲੱਗਣ ਕਾਰਣ ਜਖਮੀ ਹੋ ਗਿਆ ਜਿਸਨੂੰ ਕਾਬੂ ਕਰਨ 'ਤੇ ਆਪਣਾ ਨਾਂਅ ਤੀਰਥ ਰਾਮ ਉਰਫ ਮੱਲ ਪੁੱਤਰ ਗੁਰਨਾਮ ਸਿੰਘ ਵਾਸੀ ਸਦੀਪੁਰ ਥਾਣਾ ਬਜਵਾੜਾ ਜ਼ਿਲ੍ਹਾ ਹੁਸ਼ਿਆਰਪੁਰ ਦੱਸਿਆ। ਇੰਸਪੈਕਟਰ ਸੀ.ਆਈ.ਏ. ਨੇ ਸਾਥੀ ਕਰਮਚਾਰੀਆਂ ਦੀ ਹਾਜ਼ਰੀ ਵਿੱਚ ਉਸ ਪਾਸੋਂ ਇੱਕ ਦੇਸੀ ਪਿਸਤੌਲ 32 ਬੋਰ ਸਮੇਤ 01 ਜਿੰਦਾ ਰੌਂਦ 32 ਬੋਰ ਲੋਡ ਸੁਦਾ ਬਰਾਮਦ ਕੀਤਾ ਅਤੇ ਐਕਟਿਵਾ ਦੀ ਡਿੱਗੀ ਵਿੱਚੋਂ 146 ਗ੍ਰਾਮ ਹੈਰੋਇਨ ਬਰਾਮਦ ਹੋਈ। ਜਿਸ 'ਤੇ ਉਕਤ ਮੁੱਕਦਮਾ ਨੰਬਰ 84/2025 ਅ/ਧ 109,132,221 ਬੀ.ਐਨ.ਐਸ. 25 ਅਰਮਜ ਐਕਟ 21(ਬੀ) 61-85 ਐਨ.ਡੀ.ਪੀ.ਐਸ. ਐਕਟ ਥਾਣਾ ਸਦਰ ਹੁਸ਼ਿਆਰਪੁਰ ਵਿੱਚ ਦਰਜ ਕੀਤਾ ਗਿਆ ਹੈ ਅਤੇ ਜ਼ਖਮੀ ਹੋਏ ਤੀਰਥ ਰਾਮ ਉਰਫ ਮੱਲ ਨੂੰ ਸਿਵਲ ਹਸਪਤਾਲ ਹੁਸ਼ਿਆਰਪੁਰ ਮੁੱਢਲੀ ਸਹਾਇਤਾ ਦੇਣ ਲਈ ਦਾਖਲ ਕਰਵਾਇਆ ਗਿਆ ਠੀਕ ਹੋਣ ਉਪਰੰਤ ਤਫਤੀਸ਼ ਕੀਤੀ ਜਾਵੇਗੀ।



# ਭਾਰਤ ਦੀ ਏਕਤਾ ਤੇ ਪ੍ਰਭੂਸੱਤਾ 'ਤੇ ਕੋਈ ਆਂਚ ਨਹੀਂ ਆਉਣ ਦਿੱਤੀ ਜਾਵੇਗੀ : ਕਰਮਜੀਤ ਕੌਰ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਜ਼ਿਲ੍ਹਾ ਯੋਜਨਾ ਕਮੇਟੀ ਹੁਸ਼ਿਆਰਪੁਰ ਦੀ ਚੇਅਰਪਰਸਨ ਕਰਮਜੀਤ ਕੌਰ ਨੇ ਪਾਕਿਸਤਾਨ ਵੱਲੋਂ ਕੀਤੀਆਂ ਜਾ ਰਹੀਆਂ ਨਾਪਾਕ ਹਰਕਤਾਂ ਦੀ ਸਖ਼ਤ ਨਿੰਦਿਆ ਕੀਤੀ। ਉਨ੍ਹਾਂ ਕਿਹਾ ਕਿ ਭਾਰਤ ਆਪਣੀ ਧਰਤੀ 'ਤੇ ਅੱਤਵਾਦ ਨੂੰ ਕਿਸੇ ਵੀ ਕੀਮਤ 'ਤੇ ਸਿਰ ਨਹੀਂ ਚੁੱਕਣ ਦੇਵੇਗਾ ਅਤੇ ਦੁਸ਼ਮਣ ਨੂੰ ਹਰ ਮੋਰਚੇ 'ਤੇ ਮੂੰਹਤੋੜ ਜਵਾਬ ਦਿੱਤਾ ਜਾਵੇਗਾ।ਉਨ੍ਹਾਂ ਅੱਗੇ ਕਿਹਾ ਕਿ ਪਾਕਿਸਤਾਨ ਲਗਾਤਾਰ ਭਾਰਤ ਵਿੱਚ ਅੱਤਵਾਦੀ ਘਟਨਾਵਾਂ ਨੂੰ ਅੰਜਾਮ ਦੇਣ ਦੀ ਸਾਜ਼ਿਸ਼ ਕਰ ਰਿਹਾ ਹੈ, ਪਰ ਭਾਰਤੀ ਫੌਜ ਅਤੇ ਸੁਰੱਖਿਆ ਬਲ ਉਸ ਦੀ ਹਰ ਚਾਲ ਨੂੰ ਨਾਕਾਮ ਕਰ ਰਹੇ ਹਨ। ਹਾਲ ਹੀ ਵਿੱਚ ਪਹਿਲਗਾਮ 'ਚ ਹੋਈ ਅੱਤਵਾਦੀ ਘਟਨਾ ਵਿੱਚ ਵੀ ਪਾਕਿਸਤਾਨ ਦਾ ਚਿਹਰਾ ਸਾਰਿਆ ਸਾਹਮਣੇ ਆ ਗਿਆ ਹੈ ਅਤੇ ਭਾਰਤ ਨੇ ਪਾਕਿਸਤਾਨ ਦੇ ਅੰਦਰ ਅੱਤਵਾਦੀ ਠਿਕਾਣਿਆਂ ਨੂੰ ਤਬਾਹ ਕਰਕੇ ਉਸ ਨੂੰ ਕਰਾਰਾ ਜਵਾਬ ਦਿੱਤਾ ਹੈ। ਪਰ ਪਾਕਿਸਤਾਨ ਵੱਲੋਂ ਭਾਰਤ 'ਤੇ ਹਮਲਾ ਕਰਨ ਦੀ ਜੋ ਕਰਤੂਤ ਕੀਤੀ ਗਈ ਹੈ, ਉਸਦਾ ਵੀ ਭਾਰਤੀ ਫੌਜ ਵੱਲੋਂ ਕਰਾਰਾ ਜਵਾਬ ਦੇ ਰਹੀ ਹੈ।ਉਨ੍ਹਾਂ ਕਿਹਾ ਕਿ ਇਸ ਮੁਸ਼ਕਲ ਘੜੀ ਵਿੱਚ ਪੂਰਾ ਦੇਸ਼ ਇਕਜੁੱਟ ਹੈ ਅਤੇ ਹਰ ਭਾਰਤੀ ਆਪਣੇ ਦੇਸ਼ ਦੀ ਰੱਖਿਆ ਲਈ ਕੁਝ ਵੀ ਕਰਨ ਨੂੰ ਤਿਆਰ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਸ਼ਾਂਤੀ ਬਣਾਈ ਰੱਖਣ ਅਤੇ ਸੁਰੱਖਿਆ ਬਲਾਂ ਦਾ ਮਨੋਬਲ ਵਧਾਉਣ ਲਈ ਅੱਗੇ ਆਉਣ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਾਰੀ ਕੀਤੀਆਂ ਜਾਣ ਵਾਲੀ ਹਦਾਇਤਾਂ ਦਾ ਇੰਨ ਬਿੰਨ ਪਾਲਣ ਕੀਤਾ ਜਾਵੇ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੀ ਪੂਰੀ ਤਰ੍ਹਾਂ ਸੁਚੇਤ ਹੈ। ਸਰਹੱਦੀ ਜ਼ਿਲ੍ਹਿਆਂ ਦੀ ਸਥਿਤੀ ਦਾ ਜਾਇਜ਼ਾ ਲੈਣ ਲਈ ਕੈਬਨਿਟ ਮੰਤਰੀਆਂ ਨੂੰ ਮੌਕੇ 'ਤੇ ਭੇਜਿਆ ਜਾ ਰਿਹਾ ਹੈ ਤਾਂ ਜੋ ਕਿਸੇ ਵੀ ਹੰਗਾਮੀ ਹਾਲਾਤ ਨਾਲ ਨਜਿੱਠਣ ਲਈ ਪੂਰੀ ਤਿਆਰੀ ਕੀਤੀ ਜਾ ਸਕੇ।ਕਰਮਜੀਤ ਕੌਰ ਨੇ ਕਿਹਾ ਕਿ ਪੰਜਾਬ ਦੀ ਧਰਤੀ 'ਤੇ ਅਮਨ-ਚੈਨ ਅਤੇ ਸੁਰੱਖਿਆ ਬਣਾਈ ਰੱਖਣ ਲਈ ਰਾਜ ਸਰਕਾਰ ਅਤੇ ਪ੍ਰਸ਼ਾਸਨ ਪੂਰੀ ਤਰ੍ਹਾਂ ਮੁਸਤੈਦ ਹਨ। ਉਨ੍ਹਾਂ ਕਿਹਾ ਕਿ ਭਾਰਤ ਦੀ ਏਕਤਾ, ਅਖੰਡਤਾ ਅਤੇ ਪ੍ਰਭੂਸੱਤਾ 'ਤੇ ਕੋਈ ਆਂਚ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਹਰੇਕ ਭਾਰਤੀ ਇਸ ਦੇ ਲਈ ਵਚਨਬੱਧ ਹੈ।



## ਸੇਵਾ ਮੁਕਤੀ 'ਤੇ ਵਿਸ਼ੇਸ਼

# ਬੁਲੰਦ ਇਰਾਦਿਆਂ ਦੀ ਮਾਲਕ ਬਲਜਿੰਦਰ ਕੌਰ

ਜਿਦਕ, ਸਲੀਕਾ, ਸੁਹੱਪਣ ਅਤੇ ਸੂਝ ਨੂੰ ਪ੍ਰਤਿਭਾਸ਼ਤ ਕਰਦਿਆਂ ਉਸ ਦੇ ਬਣਦੇ ਸੰਖੇਪ ਅਰਥਾਂ ਦਾ ਨਾਂਅ ਹੈ ਬਲਜਿੰਦਰ ਕੌਰ। ਬਲਜਿੰਦਰ ਨੂੰ ਬੁਲੰਦ ਇਰਾਦਿਆ ਵਾਲੀ ਔਰਤ ਦੀ ਸੰਗਿਆ ਦੇਣ ਵਾਲੇ ਉਸ ਦੀ ਨਿਗਰਾਣ ਦੇ ਵੀ ਕਾਇਲ ਹਨ। ਬਲਜਿੰਦਰ ਕੌਰ ਲੰਘੀ 30 ਅਪ੍ਰੈਲ ਨੂੰ ਪਾਵਰਕਾਮ ਵਿੱਚ 24 ਸਾਲ ਦੀ ਸੇਵਾ ਕਰਨ ਉਪਰੰਤ ਸੇਵਾ-ਮੁਕਤ ਹੋਏ ਹਨ। ਆਮ ਤੌਰ 'ਤੇ ਨੌਕਰੀ ਮਿਲਣ ਦਾ ਸਬੱਬ ਖੁਸ਼ੀ ਦਾ ਕਾਰਨ ਵੀ ਬਣਦਾ ਹੈ, ਪਰ ਬਲਜਿੰਦਰ ਕੌਰ ਨੂੰ ਨੌਕਰੀ ਦੇ ਨਾਲ-ਨਾਲ ਦਰਦ ਦੀ ਇੱਕ ਲੰਬੀ ਲਕੀਰ ਵੀ ਮਿਲਦੀ ਹੈ। ਉਨ੍ਹਾਂ ਦੇ ਹਮਸਫ਼ਰ ਹਰਵਿੰਦਰ ਸਿੰਘ ਇੱਕ ਹਾਦਸੇ ਦਾ ਸ਼ਿਕਾਰ ਹੋ ਕੇ ਸਦੀਵੀ ਵਿਛੋੜਾ ਦੇ ਗਏ ਸਨ। ਇਹ ਸੰਨ 2001 ਦੀ ਗੱਲ ਹੈ। ਹਰਵਿੰਦਰ ਸਿੰਘ ਦੀ ਥਾਂ ਬਲਜਿੰਦਰ ਕੌਰ ਨੂੰ ਨੌਕਰੀ ਮਿਲ ਗਈ ਸੀ। ਰੁਜ਼ਗਾਰ ਦੇ ਨਾਲ ਸਮੇਂ ਦੀਆਂ ਦਿੱਤੀਆਂ ਦੁਸ਼ਵਾਰੀਆਂ ਦੇ ਰੂ-ਬ-ਰੂ ਹੋਣਾ ਪਿਆ ਬਲਜਿੰਦਰ ਕੌਰ ਨੂੰ। ਇਸ ਦੁਨੀਆ ਦਾ ਇਹ ਵੀ ਇੱਕ ਦਸਤੂਰ ਹੈ ਕਿ ਮੁਸੀਬਤਾਂ ਦੇ ਨਾਲ-ਨਾਲ ਚੰਗਾ ਵੀ ਵਾਪਰਦਾ ਰਹਿੰਦਾ ਹੈ। ਇਸ ਚੰਗੇ ਨੂੰ ਹੋਰ ਚੰਗੇਰਾ ਕਰਨ ਵਾਲਿਆਂ ਵਿੱਚ ਵੀ ਸ਼ੁਮਾਰ ਹੈ, ਬੁਲੰਦ ਹੌਸਲੇ ਵਾਲੀ ਬਲਜਿੰਦਰ ਕੌਰ। ਇਸ ਬੁਲੰਦੀ ਦੀ ਪ੍ਰੇਰਣਾ ਦੇ ਕੇ ਗਏ ਸਨ ਹਰਵਿੰਦਰ ਸਿੰਘ। ਹਰਵਿੰਦਰ ਹੁਰੀਂ ਲਾਲ ਝੰਡਾ ਅੱਗੇ ਲੈ ਕੇ ਜਾਣ ਵਾਲਿਆਂ ਦੇ ਪਾਂਧੀ ਸਨ। ਬਲਜਿੰਦਰ ਕੌਰ ਵੀ ਉਨ੍ਹਾਂ ਰਾਹਾਂ ਦੀ ਪਾਂਧੀ ਬਣ ਗਈ। ਇਹ ਰਾਹ ਲੋਕਾਈ ਦੇ ਦਰਦ ਵੰਡਾਉਣ ਵਾਲਾ ਵੀ ਹੁੰਦਾ ਹੈ, ਸੋ ਸਮੇਂ ਦੇ ਨਾਲ-ਨਾਲ ਹੋਰਨਾਂ ਲਈ ਕੁੱਝ ਚੰਗਾ ਕਰਨ ਦੇ ਜਜ਼ਬੇ ਅਧੀਨ ਬਲਜਿੰਦਰ ਕੌਰ ਦੇ ਨਿੱਜੀ ਦਰਦ ਦੀ ਲਕੀਰ ਛੋਟੀ ਹੁੰਦੀ ਗਈ। ਹਾਂ ਇਹ ਗੱਲ ਆਪਣੇ ਥਾਂ ਕਾਇਮ ਸੀ ਕਿ ਬੇਟੀ ਮਨਬੀਰ ਕੌਰ ਤੇ ਬੇਟਾ ਸਾਜਨਬੀਰ ਉਹਦੇ ਬਾਲ ਵਰੇਸ ਵਿੱਚ ਹੋਣ ਕਰਕੇ ਉਨ੍ਹਾਂ ਵੱਲ ਵੀ ਵੱਧ ਧਿਆਨ ਦੇਣਾ ਪੈਂਦਾ ਸੀ ਤੇ ਨੌਕਰੀ ਵੀ ਨਵੀਂ-ਨਵੀਂ ਕਾਰਨ ਜ਼ਿੰਮੇਵਾਰੀ ਦੀ ਪੰਡ ਵੀ ਭਾਰੀ ਸੀ। ਪਰ ਬਲਜਿੰਦਰ ਕੌਰ ਨੇ ਸਾਰੀਆਂ ਜ਼ਿੰਮੇਵਾਰੀਆਂ ਨਿਭਾਉਂਦਿਆਂ ਆਪਣੇ ਸਵੈਮਾਣ ਨੂੰ ਵੀ ਕਾਇਮ ਰੱਖਿਆ ਤੇ ਸੰਘਰਸ਼ ਦਾ ਮੈਦਾਨ ਵੀ ਕਦੇ ਨਾ ਛੱਡਿਆ। ਉਨ੍ਹਾਂ ਵਿੱਚ ਲੀਡਰਸ਼ਿਪ ਦੇ ਗੁਣ ਤਾਂ ਵਿਦਿਆਰਥੀ ਜੀਵਨ ਵਿੱਚ ਹੀ ਸਨ। ਉਨ੍ਹਾਂ ਨੇ ਬੀ ਏ ਕੰਨਿਆ ਮਹਾਂਵਿਦਿਆਲਾ ਜਲੰਧਰ ਤੋਂ ਕੀਤੀ ਸੀ ਤੇ ਆਪਣੇ ਹੋਸਟਲ ਦੀਆਂ ਕੁੜੀਆਂ ਦੀ ਉਹ ਪ੍ਰਧਾਨ ਸੀ। ਅੱਗੇ ਚੱਲ ਕੇ ਇਹ ਗੁਣ ਹੋਰ ਵੀ ਪ੍ਰਪੱਕ ਹੁੰਦੇ ਗਏ। ਨੌਕਰੀ ਦੌਰਾਨ ਜੇਕਰ ਕਿਸੇ ਔਰਤ ਮੁਲਾਜ਼ਮ ਨਾਲ ਵਧੀਕੀ ਹੁੰਦੀ ਤਾਂ ਬਲਜਿੰਦਰ ਕੌਰ ਉਸ ਪੀੜਤਾ ਦੀ ਬਾਂਹ ਫੜਨ ਲਈ ਡਟ ਕੇ ਅੱਗੇ ਆ ਜਾਂਦੀ। ਉਹ ਬਿਜਲੀ ਮੁਲਾਜ਼ਮਾਂ ਦੀ ਜਥੇਬੰਦੀ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦੀ ਸਰਕਲ ਤਰਨ ਤਾਰਨ ਦੀ ਪ੍ਰਧਾਨ ਹੈ। ਮੇਰੇ ਨਾਲ ਬਲਜਿੰਦਰ ਕੌਰ ਹੁਰਾਂ ਦਾ ਮੋਹ ਦਾ ਨਾਤਾ ਹੈ। ਮੈਂ ਆਪਣੇ ਅਨੁਭਵ ਤੋਂ ਕਹਿ ਸਕਦੀ ਹਾਂ ਕਿ ਜਿੱਥੇ ਉਹ ਮੁਹੱਬਤ ਦਾ ਮੁਜੱਸਮਾ ਹੈ, ਉੱਥੇ ਖ਼ਰਖ਼ਵੂਦਾਰ ਵੀ ਉਨ੍ਹਾਂ ਦੇ ਸੁਭਾਅ ਦਾ ਹਿੱਸਾ ਹੈ। ਮੇਰੀ ਮਾਣਮੱਤੀ ਸਹੇਲੀ ਬਲਜਿੰਦਰ ਕੌਰ ਸੀਤ ਹੁਰਾਂ ਨੂੰ ਸ਼ੋਕ ਦੇਣ ਦਾ ਵੀ ਸਮਰੱਥ ਹੈ। ਅੱਜ 10 ਮਈ ਨੂੰ ਉਨ੍ਹਾਂ ਵਿੱਚ ਪਾਰਟੀ ਹੋ ਰਹੀ ਹੈ। ਉਹ ਹਮੇਸ਼ਾ ਵਾਂਗ ਸਿਦਕਦਿਲੀ ਨਾਲ ਅੱਗੇ ਵਧੇ ਅਤੇ ਸਮਾਜ ਨੂੰ ਚੰਗੇਰਾ ਬਣਾਉਣ, ਆਪਣੇ ਅਕੀਦਿਆਂ ਨੂੰ ਹੋਰ ਪਕੇਰਾ ਕਰੇ, ਮੇਰੀ ਇਹੋ ਕਾਮਨਾ ਹੈ।



**ਦੇਵੀ ਕੁਮਾਰੀ ਸਰਹਾਲੀ ਕਲਾਂ**
**# ਸੰਪਰਕ : 94170-74154**

# ਤਰਕਸ਼ੀਲ ਸੁਸਾਇਟੀ ਵੱਲੋਂ ਧੜੱਲੇ ਨਾਲ ਵਿਕ ਰਹੇ ਪਾਵਰ ਡਰਿੰਕਸ 'ਤੇ ਪਾਬੰਦੀ ਦੀ ਮੰਗ

**ਬੰਗਾ (ਅਵਤਾਰ ਕਲੇਰ)**- ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਬੰਗਾ ਦੀ ਮੀਟਿੰਗ ਜਥੇਬੰਦਕ ਮੁਖੀ ਹਰਜਿੰਦਰ ਸੂੰਨੀ ਦੀ ਪ੍ਰਧਾਨਗੀ ਹੇਠ ਬੰਗਾ ਵਿਖੇ ਹੋਈ। ਮੀਟਿੰਗ ਬਾਰੇ ਜਾਣਕਾਰੀ ਦਿੰਦਿਆਂ ਜ਼ੋਨ ਮੁਖੀ ਮਾ. ਜਗਦੀਸ਼ ਰਾਏਪੁਰ ਡੱਬਾ, ਇਕਾਈ ਮੁਖੀ ਹਰਜਿੰਦਰ ਸੂੰਨੀ, ਮਾ. ਪਰਮਜੀਤ ਖਮਾਚੋਂ ਅਤੇ ਕੁਲਵਿੰਦਰ ਖਟਕੜ ਨੇ ਦੱਸਿਆ ਕਿ ਸਭ ਤੋਂ ਪਹਿਲਾਂ ਤਰਕਸ਼ੀਲ ਮੈਗਜ਼ੀਨ ਮਈ- ਜੂਨ ਅੰਕ ਦੀ ਵੰਡ ਕੀਤੀ ਗਈ। ਉਹਨਾਂ ਕਿਹਾ ਕਿ ਅੱਜਕਲ੍ਹ ਨਸ਼ੇ ਰੂਪੀ ਪਾਵਰ ਡਰਿੰਕਸ ਸਟਿੰਗ ਅਤੇ ਚਾਰਜਰ ਵਗੈਰਾ ਆਮ ਦੁਕਾਨਾਂ 'ਤੇ ਧੜੱਲੇ ਨਾਲ ਵਿਕ ਰਹੇ ਹਨ। ਸਾਡੀ ਨੌਜਵਾਨ ਪੀੜ੍ਹੀ ਇਨ੍ਹਾਂ ਡਰਿੰਕਸ ਨੂੰ ਬਹੁਤ ਟੌਹਰ ਨਾਲ ਪੀਂਦੀ ਹੈ। ਨੌਜਵਾਨ ਇਨ੍ਹਾਂ ਦੇ ਘਾਤਕ ਮਾਰੂ ਨੁਕਸਾਨਾਂ ਤੋਂ ਜਾਣੂ ਨਹੀਂ ਹਨ। ਸਕੂਲੀ ਵਿਦਿਆਰਥੀ ਵੀ ਇਹਨਾਂ ਦੇ ਆਦੀ ਹੋ ਰਹੇ ਹਨ ਜਿਸ ਦੇ ਸਿੱਟੇ ਭਿਆਨਕ ਹੋ ਸਕਦੇ ਹਨ। ਤਰਕਸ਼ੀਲ ਆਗੂਆਂ ਨੇ ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਕਿ ਇਹਨਾਂ ਪਾਵਰ ਡਰਿੰਕਸ 'ਤੇ ਤੁਰੰਤ ਪਾਬੰਦੀ ਲਗਾਈ ਜਾਵੇ। ਜ਼ੋਨ ਵਿੱਤ ਮੁਖੀ ਸੁਖਵਿੰਦਰ ਗੋਗਾ, ਸੁਰੇਸ਼ ਕਰਨਾਣਾ ਅਤੇ ਸਤਨਾਮ ਖਟਕੜ ਨੇ ਕਿਹਾ ਕਿ ਸੂਬਾ ਕਮੇਟੀ ਦੀਆਂ ਹਦਾਇਤਾਂ ਅਨੁਸਾਰ ਇਕਾਈ ਬੰਗਾ ਵਲੋਂ ਵਿਦਿਆਰਥੀ ਚੇਤਨਾ ਪਰਖ਼ ਪ੍ਰੀਖਿਆ ਇਸ ਸਾਲ 29 ਅਗਸਤ ਨੂੰ ਕਰਵਾਈ ਜਾਵੇਗੀ। ਤਰਕਸ਼ੀਲ ਭਵਨ ਬਰਨਾਲਾ ਵਿਖੇ 7 ਜੂਨ ਤੋਂ 9 ਜੂਨ ਤੱਕ ਵਿਦਿਆਰਥੀ ਚੇਤਨਾ ਕੈਂਪ ਲੱਗੇਗਾ। ਕੈਂਪ ਦੌਰਾਨ ਰਿਹਾਇਸ਼ ਅਤੇ ਖਾਣੇ ਦਾ ਪ੍ਰਬੰਧ ਸੂਬਾ ਕਮੇਟੀ ਵੱਲੋਂ ਕੀਤਾ ਜਾਵੇਗਾ। ਉਹਨਾਂ ਸਕੂਲਾਂ ਦੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਕੈਂਪ 'ਚ ਭਾਗ ਲੈਣ। ਕੈਂਪ ਦਾ ਮੁੱਖ ਮੰਤਵ ਵਿਦਿਆਰਥੀਆਂ ਦੀ ਸੋਚ ਨੂੰ ਵਿਗਿਆਨਕ ਬਣਾਉਣਾ, ਉਹਨਾਂ ਦੇ ਮਨਾਂ ਅੰਦਰੋਂ ਭੂਤਾਂ-ਪ੍ਰੇਤਾਂ, ਜਾਦੂ ਟੂਣਿਆਂ ਹੋਰ ਗੈਬੀ ਤਾਕਤਾਂ ਪ੍ਰਤੀ ਡਰ ਅਤੇ ਸ਼ੰਕਿਆਂ ਨੂੰ ਦੂਰ ਕਰਨਾ ਹੈ। ਉਹਨਾਂ ਅੰਦਰ ਨੈਤਿਕ ਕਦਰਾਂ ਕੀਮਤਾਂ ਅਤੇ ਉੱਚੇ ਸੁੱਚੇ ਜੀਵਨ ਜਿਉਣ ਦੀ ਜਾਂਚ ਨੂੰ ਉਜਾਗਰ ਕਰਨਾ ਹੈ। ਆਗੂਆਂ ਨੇ ਦੱਸਿਆ ਕਿ 25 ਮਈ ਨੂੰ ਬੰਗਾ ਵਿਖੇ ਤਰਕਸ਼ੀਲ ਪਰਵਾਰਕ ਮਿਲਣੀ ਹੋਵੇਗੀ। ਜ਼ੋਨ ਨਵਾਂਸ਼ਹਿਰ ਦੀਆਂ ਇਕਾਈਆਂ ਬੰਗਾ, ਨਵਾਂਸ਼ਹਿਰ ਅਤੇ ਗੜ੍ਹਸ਼ੰਕਰ ਦੇ ਸਾਰੇ ਮੈਂਬਰ ਅਤੇ ਅਹੁਦੇਦਾਰ ਇਸ ਮਿਲਣੀ ਵਿੱਚ ਪਰਵਾਰਾਂ ਸਮੇਤ ਪਹੁੰਚਣਗੇ। ਇਸ ਮੌਕੇ ਰੂਬੀ ਬੰਗਾ, ਸੰਤੋਸ਼ ਖਟਕੜ, ਹਰਚਰਨ ਨੌਰਾ, ਸੁਖਵਿੰਦਰ ਲੰਗੇਰੀ, ਬਲਜੀਤ ਖਟਕੜ ਆਦਿ ਹਾਜ਼ਰ ਸਨ।



# ਡੇਂਗੂ ਜਾਗਰੂਕਤਾ ਰਾਹੀਂ ਇਸ ਸੀਜ਼ਨ 'ਚ ਕੇਸ 80 ਫ਼ੀਸਦੀ ਘੱਟ ਕਰਨ ਦਾ ਟੀਚਾ : ਡਾ. ਬਲਬੀਰ ਸਿੰਘ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਕ੍ਰਿਸ਼ਨ ਗਰਗ)**— ਪੰਜਾਬ ਤੇ ਸਿਹਤ ਤੇ ਪਰਵਾਰ ਭਲਾਈ ਮੰਤਰੀ, ਡਾ. ਬਲਬੀਰ ਸਿੰਘ ਨੇ ਇੱਥੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਤਹਿਤ ਇਸ ਵਰ ਸੂਬੇ 'ਚੋਂ ਡੇਂਗੂ ਵਿਰੁੱਧ ਜਾਗਰੂਕਤਾ ਮੁਹਿੰਮ ਰਾਹੀਂ ਪਿਛਲੇ ਸਾਲ ਨਾਲੋਂ 80 ਫ਼ੀਸਦੀ ਕੇਸ ਘਟਾਉਣ ਦਾ ਟੀਚਾ ਰੱਖਿਆ ਗਿਆ ਹੈ। ਪਿਛਲੇ ਸਾਲ ਇਨ੍ਹਾਂ ਕੋਸ਼ਿਸ਼ਾਂ ਸਦਕਾ ਡੇਂਗੂ ਮਾਮਲਿਆਂ 'ਚ 50 ਫ਼ੀਸ ਕਮੀ ਦਰਜ ਕੀਤੀ ਗਈ ਸੀ। ਮੋਹਾਲੀ ਦੇ ਫ਼ੇਸ 7 ਦੇ ਆਮ ਆਦਮੀ ਕਲੀਨਿਕ ਤੋਂ ਨਰਸਿੰਗ ਵਿਦਿਆਰਥੀਆਂ, ਆਸ਼ਾ ਵਰਕਰਾਂ, ਬਹੁਮੰਤਵੀ ਸਿਹਤ ਵਰਕਰਾਂ, ਡਾਕਟਰਾਂ ਅਤੇ ਹੋਰ ਅਧਿਕਾਰੀਆਂ ਦੀ ਸ਼ਮੂਲੀਅਤ ਵਾਲੀ ਡੇਂਗੂ ਵਿਰੋਧੀ ਜਾਗਰੂਕਤਾ ਯਾਤਰਾ 'ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ' ਸ਼ੁਰੂ ਕਰਨ ਪੁੱਜੇ ਡਾ. ਬਲਬੀਰ ਸਿੰਘ ਨੇ ਕਿਹਾ ਕਿ ਡੇਂਗੂ ਵਿਰੋਧੀ ਜਾਗਰੂਕਤਾ ਮੁਹਿੰਮ ਤਹਿਤ ਇਸ ਵਾਰ ਪੰਜਾਬ ਦੇ 20 ਲੱਖ ਵਿਦਿਆਰਥੀਆਂ ਨੂੰ ਡੇਂਗੂ ਮੱਛਰ ਦੀ ਬ੍ਰੀਡਿੰਗ ਦੀ ਪਛਾਣ ਅਤੇ ਉਸ ਨੂੰ ਖਤਮ ਕਰਨ ਦੇ ਤਰੀਕਿਆਂ ਨਾਲ ਜਾਣੂ ਕਰਵਾਉਣ ਦੀ ਸਿਖਲਾਈ ਦਿੱਤੀ ਗਈ ਹੈ, ਜਿਸ ਦਾ ਮੰਤਵ ਇਨ੍ਹਾਂ ਵਿਦਿਆਰਥੀਆਂ ਦੁਆਰਾ ਆਪਣੇ ਘਰਾਂ ਅਤੇ ਸਕੂਲਾਂ ਨੂੰ ਡੇਂਗੂ ਮੱਛਰ ਦੇ ਪੈਦਾ ਹੋਣ ਤੋਂ ਬਚਾਉਣਾ ਹੈ।ਦੇਸ਼ ਦੇ ਮੌਜੂਦਾ ਹਾਲਾਤਾਂ 'ਚ ਦੇਸ਼ ਦੇ ਬਹਾਦਰ ਸੈਨਿਕਾਂ ਵੱਲੋਂ ਅਤਿਵਾਦ ਸਮਰਥਤ ਤਾਕਤਾਂ ਨੂੰ ਮੂੰਹ ਤੋੜ ਜੁਆਬ ਦੇਣ ਦੀ ਕਾਰਵਾਈ ਦਾ ਸਵਾਗਤ ਕਰਦਿਆਂ ਉਨ੍ਹਾਂ ਕਿਹਾ ਕਿ ਸੂਬੇ 'ਚ ਕਿਸੇ ਵੀ ਹੰਗਾਮੀ ਹਾਲਤ ਨਾਲ ਨਜਿੱਠਣ ਲਈ ਹਸਪਤਾਲਾਂ ਨੂੰ ਤਿਆਰ ਕੀਤਾ ਗਿਆ ਹੈ ਅਤੇ ਮੈਡੀਕਲ ਸਟਾਫ਼ ਦੀ ਰਾਤਰੀ ਡਿਊਟੀ ਵਧਾ ਦਿੱਤੀ ਗਈ ਹੈ।ਇਸ ਮੌਕੇ ਜ਼ਿਲ੍ਹੇ ਦੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਅਨਮੋਲ ਸਿੰਘ ਧਾਲੀਵਾਲ, ਸਿਹਤ ਤੇ ਪਰਿਵਾਰ ਭਲਾਈ ਵਿਭਾਗ ਦੇ ਡਾਇਰੈਕਟਰ ਡਾ. ਹਤਿੰਦਰ ਕੌਰ, ਐਸ ਡੀ ਐਮ ਦਮਨਦੀਪ ਕੌਰ, ਸਿਵਲ ਸਰਜਨ ਡਾ. ਸੰਗੀਤਾ ਜੈਨ, ਐਸ ਐਮ ਓ ਡਾ. ਪ੍ਰੀਤ ਕੰਵਲ, ਸਹਾਇਕ ਸਿਵਲ ਸਰਜਨ ਡਾ. ਗਿਰਿਸ਼ ਡੋਗਰਾ, ਜ਼ਿਲ੍ਹਾ ਮਹਾਂਮਾਰੀ ਰੋਕੂ ਅਫ਼ਸਰ ਡਾ. ਅਨਾਮਿਕਾ ਅਤੇ ਡਾ. ਹਰਮਨ ਬਰਾੜ ਅਤੇ ਵੱਡੀ ਗਿਣਤੀ 'ਚ ਨਰਸਿੰਗ ਵਿਦਿਆਰਥੀ, ਆਸ਼ਾ ਵਰਕਰ ਤੇ ਸਿਹਤ ਵਿਭਾਗ ਦੇ ਮਲਟੀਪਰਪਜ਼ ਹੈਲਥ ਵਰਕਰ ਮੌਜੂਦ ਸਨ। ਇਸ ਮੌਕੇ ਵੱਖ-ਵੱਖ ਥਾਂਵਾਂ 'ਤੇ ਜਾ ਕੇ ਡੇਂਗੂ ਮੱਛਰ ਦੀ ਬ੍ਰੀਡਿੰਗ ਜਾਂਚੀ ਗਈ ਅਤੇ ਛਿੜਕਆ ਕੀਤਾ ਗਿਆ। ਲੋਕਾਂ ਨੂੰ ਡੇਂਗੂ ਮੱਛਰ ਤੋਂ ਬਚਾਅ ਲਈ ਹਰ ਸ਼ੁੱਕਰਵਾਰ ਨੂੰ ਡ੍ਰਾਈ ਡੇਅ ਮਨਾਉਣ ਲਈ ਜਾਗਰੂਕ ਕੀਤਾ ਗਿਆ।




# 'ਹਰ ਸ਼ੁੱਕਰਵਾਰ, ਡੇਂਗੂ ਤੇ ਵਾਰ' ਮੁਹਿੰਮ ਦੀ ਸ਼ੁਰੂਆਤ

**ਬੰਗਾ (ਅਵਤਾਰ ਕਲੇਰ)**- ਪੰਜਾਬ ਦੇ ਕਨਟੇਨਰ ਅਤੇ ਵੇਅਰ ਹਾਊਸ ਨਿਗਮ ਦੇ ਚੇਅਰਮੈਨ ਅਤੇ ਬੰਗਾ ਹਲਕੇ ਦੇ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਨੇ ਹਰ ਸ਼ੁਕਰਵਾਰ, ਡੇਂਗੂ ਤੇ ਵਾਰ ਮੁਹਿੰਮ ਦੀ ਸ਼ੁਰੂਆਤ ਅੱਜ ਸਿਵਲ ਹਸਪਤਾਲ ਬੰਗਾ ਤੋਂ ਹਰੀ ਝੰਡੀ ਦੇ ਕੇ ਕੀਤੀ। ਉਨ੍ਹਾਂ ਦੱਸਿਆ ਕਿ ਇਹ ਮੁਹਿੰਮ 9 ਮਈ ਤੋਂ ਲੈ ਕੇ ਦਸੰਬਰ 2025 ਤੱਕ ਲਗਾਤਾਰ ਚੱਲਣੀ ਹੈ। ਉਨ੍ਹਾਂ ਦੱਸਿਆ ਕਿ ਇਸ ਕੰਪੇਨ ਤਹਿਤ ਸਕੂਲਾਂ ਦੇ ਬੱਚਿਆਂ ਅਤੇ ਅਧਿਆਪਕਾਂ ਨੂੰ ਵੀ ਲਾਰਵਾ ਪਹਿਚਾਣ ਕਰਨ ਦੀ ਟ੍ਰੇਨਿੰਗ ਦਿੱਤੀ ਜਾਵੇਗੀ ਜੋ ਕਿ ਸਿਹਤ ਵਿਭਾਗ ਦੇ ਅਧਿਕਾਰੀ ਅਤੇ ਕਰਮਚਾਰੀ ਦੇਣਗੇ। ਇਸ ਮੌਕੇ ਸਿਵਲ ਹਸਪਤਾਲ ਦੇ ਸੀਨੀਅਰ ਮੈਡੀਕਲ ਅਫਸਰ ਡਾ. ਜਸਵਿੰਦਰ ਸਿੰਘ, ਡਾ. ਤੇਜਿੰਦਰ ਸਿੰਘ, ਡਾ. ਬਲਜਿੰਦਰ ਕੁਮਾਰ, ਮੈਡਮ ਹਰਮਿੰਦਰ ਕੌਰ ਨਰਸਿੰਗ ਸਿਸਟਰ, ਹਰਮੇਸ਼ ਲਾਲ ਹੈਲਥ ਇੰਸਪੈਕਟਰ, ਰਾਜ ਕੁਮਾਰ ਹੈਲਥ ਵਰਕਰ, ਮਨਜੀਤ ਕੌਰ ਐੱਲ ਐਚ ਵੀ, ਬਲਵੀਰ ਕੌਰ ਏ.ਐਨ.ਐਮ, ਸੁਖਦੇਵ ਕੌਰ ਏ.ਐਨ.ਐਮ, ਸੁਨੀਤਾ ਰਾਣੀ, ਪੂਜਾ ਰਾਣੀ, ਪਰਮਜੀਤ ਕੌਰ ਗੁਰਬਖਸ਼ ਕੌਰ, ਸੀਮਾ ਰਾਣੀ, ਜਗਜੀਤ ਕੌਰ, ਸੰਦੀਪ ਕੌਰ, ਸਚਿਨ ਤੇਜਪਾਲ, ਗਗਨਦੀਪ ਮੌਜੂਦ ਸਨ।



# ਕਰਮਚਾਰੀ ਆਗਾਮੀ ਆਦੇਸ਼ਾਂ ਤੱਕ ਨਾ ਛੱਡਣ ਸਟੇਸ਼ਨ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਸਰਕਾਰ ਨੇ ਨਿਰਦੇਸ਼ ਦਿੱਤੇ ਹਨ ਕਿ ਵੱਖ ਵੱਖ ਵਿਭਾਗਾਂ, ਬੋਰਡਾਂ, ਨਿਗਮਾਂ, ਉਪਕ੍ਰਮਾਂ ਅਤੇ ਯੂਨਿਵਰਸਿਟੀ ਆਦਿ ਦੇ ਅਧਿਕਾਰੀ-ਕਰਮਚਾਰੀ ਆਪਣਾ ਹੈਡਕੁਆਟਰ ਜਾਂ ਸਟੇਸ਼ਨ ਸੂਬੇ ਦੇ ਅੰਦਰ ਕਾਇਮ ਕਰਨ। ਇਸ ਦੇ ਇਲਾਵਾ, ਕੋਈ ਵੀ ਕਰਮਚਾਰੀ ਆਗਾਮੀ ਆਦੇਸ਼ਾਂ ਤੱਕ ਆਪਣਾ ਮੁੱਖਦਫ਼ਤਰ ਜਾਂ ਸਟੇਸ਼ਨ ਨਾ ਛੱਡਣ। ਮੁੱਖ ਸਕੱਤਰ ਦਫ਼ਤਰ ਵੱਲੋਂ ਇਸ ਸਬੰਧੀ ਹਿਦਾਇਤਾਂ ਜਾਰੀ ਕੀਤੀ ਗਈਆਂ ਹਨ।

# ਪੰਜਾਬ ਸਰਕਾਰ ਵੱਲੋਂ ਕੰਟਰੋਲ ਰੂਮ ਸਥਾਪਤ

**ਚੰਡੀਗੜ੍ਹ (ਕ੍ਰਿਸ਼ਨ ਗਰਗ)**— ਦੇਸ਼ ਵਿੱਚ ਉੱਤੇ ਬਣੀ ਮੌਜੂਦਾ ਸਥਿਤੀ ਦੇ ਮੱਦੇਨਜ਼ਰ ਪੰਜਾਬ ਸਰਕਾਰ ਵੱਲੋਂ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ।ਸਰਕਾਰੀ ਬੁਲਾਰੇ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਵਿੱਤ ਕਮਿਸ਼ਨਰ ਮਾਲ ਦੇ ਆਫ਼ਤਨ ਪ੍ਰਬੰਧਨ ਕੰਟਰੋਲ ਰੂਮ ਵੱਲੋਂ ਲੋਕਾਂ ਦੀ ਸਹੂਲਤ ਲਈ ਫੋਨ ਨੰਬਰ 0172-2741803 ਤੇ 0172-2749901 ਜਾਰੀ ਕੀਤੇ ਗਏ ਹਨ। ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ ਉਕਤ ਨੰਬਰਾਂ ਉਤੇ ਸੰਪਰਕ ਕੀਤਾ ਜਾ ਸਕਦਾ ਹੈ।

# ਜਲਵੇਹੜਾ ਵਿਖੇ ਸੂਫ਼ੀ ਸੰਤ 1008 ਸੰਤ ਬਾਬਾ ਪੂਰਨ ਸਿੰਘ ਦੀ ਯਾਦ 'ਚ ਮਹਾਨ ਗੁਰਮਤਿ ਸਮਾਗਮ ਕਰਵਾਏ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਜਲਵੇਹੜਾ ਵਿਖੇ ਗੁਰਦੁਆਰਾ ਸੱਚਾ ਦਰਬਾਰ ਤੱਪ ਅਸਥਾਨ ਸੂਫ਼ੀ ਸੰਤ 1008 ਸੰਤ ਬਾਬਾ ਪੂਰਨ ਸਿੰਘ ਜੀ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਸੂਫ਼ੀ ਸੰਤ 1008 ਸੰਤ ਬਾਬਾ ਪੂਰਨ ਸਿੰਘ ਦੀ ਯਾਦ ਵਿੱਚ ਸਲਾਨਾ ਮਹਾਨ ਗੁਰਮਤਿ ਸਮਾਗਮ ਭਾਵਨਾ ਨਾਲ ਕਰਵਾਏ ਗਏ। ਇਸ ਮੌਕੇ ਕਮੇਟੀ ਹਰਭਜਨ ਸਿੰਘ ਬਾਜਵਾ, ਪ੍ਰਧਾਨ ਪਰਮਵੀਰ ਸਿੰਘ ਟੋਡਰਪੁਰ, ਪ੍ਰਿੰਸੀਪਲ ਅਸ਼ੋਕ ਕੁਮਾਰ ਪਰਮਾਰ ਪਾਸ਼ਟਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਮਾਗਮ ਦੌਰਾਨ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਹਾਲ ਵਿੱਚ ਬਾਬਾ ਹਰਭਜਨ ਸਿੰਘ ਬਾਜਵਾ ਮਾਲਕਪੁਰ, ਸੰਤ ਬਾਬਾ ਸਤਨਾਮ ਸਿੰਘ ਅਜਨੋਹਾ, ਬਾਬਾ ਹਰਭਜਨ ਸਿੰਘ ਪੰਡੋਰੀ ਬੀਬੀ, ਭਾਈ ਬਲਵੀਰ ਸਿੰਘ ਭੁੱਲਿਰਾਈ ਇੰਟਰਨੈਸ਼ਨਲ ਢਾਡੀ ਜਥਾ, ਭਾਈ ਸਤਨਾਮ ਸਿੰਘ ਭੁੰਗਰਨੀ, ਭਾਈ ਮਨਜੀਤ ਸਿੰਘ ਮੌਂਜੀ ਭੁੰਗਰਨੀ ਭਾਈ ਗੁਰਦੇਵ ਸਿੰਘ ਖਾਨਪੁਰੀ, ਭਾਈ ਗੁਰਦੇਵ ਸਿੰਘ ਮਾਨਾਵਾਲੀ, ਭਾਈ ਕਰਮ ਸਿੰਘ ਜਲੰਧਰ, ਭਾਈ ਸਰਵਣ ਸਿੰਘ ਬੱਡਲਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪੰਥ ਪ੍ਰਸਿੱਧ ਰਾਗੀ ਜਥਿਆਂ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਕਮੇਟੀ ਪ੍ਰਧਾਨ ਪਰਮਵੀਰ ਸਿੰਘ ਟੋਡਰਪੁਰ, ਪ੍ਰਿੰਸੀਪਲ ਅਸ਼ੋਕ ਕੁਮਾਰ ਪਾਸਟਾ, ਹਰਭਜਨ ਸਿੰਘ ਬਾਜਵਾ ਮਾਲਕਪੁਰ, ਰਮੇਸ਼ ਕੁਮਾਰ, ਨਿਰਮਲ ਸਿੰਘ ਮਾਲਕਪੁਰ, ਨਿਰਮਲ ਸਿੰਘ ਜਲੰਧਰ, ਸੋਹਣ ਸਿੰਘ, ਗੁਰਮੁੱਖ ਸਿੰਘ, ਸੋਢੀ ਸਿੰਘ, ਜਸਵੀਰ ਸਿੰਘ ਬਿੱਟੀ ,ਕਮਲਜੀਤ ਕੌਰ, ਕੁਲਦੀਪ ਸਿੰਘ, ਕੁਲਵਿੰਦਰ ਸਿੰਘ, ਸੋਹਣ ਸਿੰਘ ਕੂਕੋਵਾਲ, ਹਰਵਿੰਦਰ ਸਿੰਘ ਠੱਕਰਵਾਲ, ਦਲਵੀਤ ਸਿੰਘ, ਸੋਨਾ ਜਲਵੇਹੜਾ, ਵੀਰ ਸਿੰਘ ਜਲਵੇਹੜਾ, ਰਣਜੀਤ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਪ੍ਰਬੰਧਕਾਂ ਵੱਲੋਂ ਆਏ ਹੋਏ ਸੰਤ ਮਹਾਂਪੁਰਸ਼ ਪ੍ਰਮੁੱਖ ਸਖਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਸਮਾਗਮ ਦੌਰਾਨ ਚਾਹ ਪਕੌੜੇ ਅਤੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ।



# ਜ਼ਿਲ੍ਹੇ 'ਚ ਜ਼ਰੂਰੀ ਵਸਤਾਂ ਦੀ ਕੋਈ ਕਮੀ ਨਹੀਂ : ਡਿਪਟੀ ਕਮਿਸ਼ਨਰ

**ਕਪੂਰਥਲਾ (ਬਲਵੀਰ ਸ਼ਾਲ੍ਹਾਪੁਰੀ)**- ਡਿਪਟੀ ਕਮਿਸ਼ਨਰ ਕਪੂਰਥਲਾ ਅਮਿਤ ਕੁਮਾਰ ਪੰਚਾਲ ਨੇ ਕਿਹਾ ਹੈ ਕਿ ਜ਼ਿਲ੍ਹਾ ਕਪੂਰਥਲਾ ਵਿਚ ਜ਼ਰੂਰੀ ਵਸਤਾਂ ਜਿਵੇਂ ਤੇਲ, ਗੈਸ, ਰਾਸ਼ਨ, ਫਲ, ਸਬਜ਼ੀਆਂ ਆਦਿ ਦੀ ਕੋਈ ਕਮੀ ਨਹੀਂ। ਜ਼ਿਲ੍ਹਾ ਵਾਸੀਆਂ ਦੇ ਰੂਬਰੂ ਹੁੰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪਿਛਲੇ ਕੁਝ ਦਿਨਾਂ ਤੋਂ ਬਾਰਡਰ 'ਤੇ ਤਣਾਅ ਦੀ ਸਥਿਤੀ ਦੇ ਕਾਰਨ ਲੋਕਾਂ ਦੇ ਮਨ ਵਿੱਚ ਜ਼ਰੂਰੀ ਵਸਤਾਂ ਦੀ ਕਮੀ ਬਾਰੇ ਸ਼ੰਕਾ ਪੈਦਾ ਹੋ ਸਕਦੀ ਹੈ, ਜਿਸ ਕਰਕੇ ਕਾਲਾਬਜ਼ਾਰੀ ਤੇ ਜਮ੍ਹਾਂਖੋਰੀ ਦੀ ਸੰਭਾਵਨਾ ਵੀ ਬਣੀ ਰਹਿੰਦੀ ਹੈ। ਉਨ੍ਹਾਂ ਕਿਹਾ ਕਿ ਇਸ ਸਭ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਅਸੈਂਸ਼ੀਅਲ ਕੋਮੋਡੀਟੀ ਐਕਟ 1955 ਅਤੇ ਭਾਰਤੀ ਨਾਗਰਿਕ ਸੁਰੱਕਸ਼ਾ ਸੰਹਿਤਾ 2023 ਦੀ ਧਾਰਾ 163 ਤਹਿਤ ਜ਼ਰੂਰੀ ਵਸਤਾਂ ਦੇ ਭੰਡਾਰਨ ਉੱਪਰ ਰੋਕ ਲਗਾਈ ਗਈ ਹੈ। ਇਸ ਤੋਂ ਇਲਾਵਾ ਜ਼ਰੂਰੀ ਵਸਤੂਆਂ ਦੀ ਸਪਲਾਈ ਯਕੀਨੀ ਬਣਾਉਣ ਲਈ ਜ਼ਿਲ੍ਹਾ ਪੱਧਰੀ ਟਾਸਕ ਫੋਰਸ ਵੀ ਗਠਿਤ ਕੀਤੀ ਗਈ ਹੈ, ਜਿਸ ਦੀ ਅਗਵਾਈ ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਅਤੇ ਜ਼ਿਲ੍ਹਾ ਮੰਡੀ ਅਫਸਰ ਕਰਨਗੇ। ਜ਼ਰੂਰੀ ਵਸਤੂਆਂ ਸਬੰਧੀ ਲੋਕਾਂ ਦੀ ਸਹੂਲਤ ਲਈ ਵੱਖ-ਵੱਖ ਅਧਿਕਾਰੀਆਂ ਦੇ ਫੋਨ ਨੰਬਰ ਵੀ ਜਨਤਕ ਕੀਤੇ ਗਏ ਹਨ, ਜਿਨ੍ਹਾਂ ਉੱਪਰ ਲੋਕ ਲੋੜ ਅਨੁਸਾਰ ਸਿੱਧਾ ਸੰਪਰਕ ਕਰ ਸਕਦੇ ਹਨ। ਇਨ੍ਹਾਂ ਵਿੱਚ ਪੈਟਰੋਲ-ਡੀਜ਼ਲ ਆਦਿ ਲਈ ਡੀ.ਐਫ.ਐਸ.ਸੀ. ਸ੍ਰੀਮਤੀ ਸੰਯੋਗਤਾ (84275-55440) ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਪਸ਼ੂ ਧਨ ਨਾਲ ਸਬੰਧਤ ਸੇਵਾਵਾਂ ਲਈ ਡਾ. ਰਜਿੰਦਰਪਾਲ ਸਿੰਘ (77172-67008) ਸਬਜ਼ੀਆਂ-ਫਲਾਂ ਆਦਿ ਲਈ ਜ਼ਿਲ੍ਹਾ ਮੰਡੀ ਅਫਸਰ ਗਗਨਦੀਪ ਸਿੰਘ (94642-92474) ਅਤੇ ਪਸ਼ੂਆਂ ਦੀ ਫੀਡ ਆਦਿ ਲਈ ਡੀ.ਐਮ. ਮਾਰਕਫੈੱਡ ਗੁਰਪ੍ਰੀਤ ਸਿੰਘ (98784-28755) ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਲੋਕਾਂ ਨੂੰ ਭਰੋਸਾ ਦਵਾਇਆ ਕਿ ਪ੍ਰਸ਼ਾਸਨ ਵਲੋਂ ਜ਼ਰੂਰੀ ਵਸਤਾਂ ਦੀ ਸਪਲਾਈ ਵਿਚ ਕੋਈ ਕਮੀ ਨਹੀਂ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਕਿਸਮ ਦੀ ਕਾਲਾਬਜ਼ਾਰੀ/ਜਮ੍ਹਾਂਖੋਰੀ ਨਾ ਕਰਨ ਅਤੇ ਪ੍ਰਸ਼ਾਸਨ ਦਾ ਸਾਥ ਦੇਣ। ਉਨ੍ਹਾਂ ਇਹ ਵੀ ਕਿਹਾ ਕਿ ਲੋਕ ਕਿਸੇ ਕਿਸਮ ਦੀ ਅਫ਼ਵਾਹ ਉੱਪਰ ਯਕੀਨ ਨਾ ਕਰਨ ਅਤੇ ਕੇਵਲ ਪ੍ਰਸ਼ਾਸਨ ਵਲੋਂ ਜਾਰੀ ਅਧਿਕਾਰਤ ਸੂਚਨਾ ਉੱਪਰ ਹੀ ਯਕੀਨ ਕਰਨ।

# ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਵੱਲੋਂ ਪਿੰਡਾਂ 'ਚ ਲੱਗੀਆਂ ਸੋਲਰ ਲਾਈਟਾਂ ਬੰਦ ਕਰਨ ਦੇ ਹੁਕਮ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡਾਂ ਵਿੱਚ ਸੋਲਰ ਲਾਈਟਾ ਅਤੇ ਸਟਰੀਟ ਲਾਈਟਾਂ ਨੂੰ ਬੰਦ ਕਰਨ ਸਬੰਧੀ ਪੱਤਰ ਨੰਬਰ 2988-2997 ਕੀਤੇ ਹੁਕਮਾਂ ਅਨੁਸਾਰ ਕਿਹਾ ਗਿਆ ਹੈ ਕਿ ਜਿਵੇਂ ਆਪ ਨੂੰ ਪਤਾ ਹੈ ਕਿ ਪਹਿਲਗਾਮ ਘਟਨਾ ਤੋਂ ਬਾਅਦ ਭਾਰਤ ਪਾਕਿਸਤਾਨ ਦਰਮਿਆਨ ਪੈਦਾ ਹੋਏ ਹਲਾਤ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹੇ ਦੀਆਂ ਵੱਖ ਵੱਖ ਪੰਚਾਇਤੀ ਰਾਜ ਸੰਸਥਾਵਾਂ ਵੱਲੋਂ ਪੇਡਾ ਅਤੇ ਹੋਰ ਵਿਭਾਗਾਂ ਰਾਹੀਂ ਪਿੰਡਾਂ ਵਿੱਚ ਸੋਲਰ ਲਾਈਟਾਂ ਤੁਰੰਤ ਬੰਦ ਕੀਤੀਆਂ ਜਾਣੀਆਂ ਹਨ। ਉਕਤ ਸਬੰਧੀ ਸਮੂਹ ਬਲਾਕ ਵਿਕਾਸ ਅਤੇ ਪੰਚਾਇਤ ਅਫਸਰਾਂ ਨੂੰ ਲਿਖਿਆ ਜਾਂਦਾ ਹੈ ਕਿ ਆਪ ਦੇ ਬਲਾਕ ਦੇ ਸਮੂਹ ਸਰਪੰਚਾਂ ਨੂੰ ਹਦਾਇਤਾਂ ਜਾਰੀ ਕਰਕੇ ਪਿੰਡਾਂ ਵਿੰਚ ਸੋਲਰ ਸਟਰੀਟ ਲਾਈਟਾਂ ਨੂੰ ਪਿੰਡ ਵਿੱਚ ਇਲੈਕਟ੍ਰੀਸ਼ਨ ਲੈ ਕੇ ਬੈਟਰੀ ਤੋਂ ਐਲ.ਈ.ਡੀ. ਨੂੰ ਜੁੜਦੀ ਤਾਰ ਕੱਟਵਾ ਕੇ ਉਸ ਨੂੰ ਟੇਪ ਕਰਵਾ ਦਿੱਤਾ ਜਾਵੇ ਤਾਂ ਜੋ ਕਿਸੇ ਵੀ ਅਣਹੋਣੀ ਘਟਨਾ ਤੋਂ ਬਚਿਆ ਜਾ ਸਕੇ। ਦੋਵੇਂ ਦੇਸ਼ਾਂ ਦਰਮਿਆਨ ਅਮਨ ਸ਼ਾਂਤੀ ਹੋਣ ਉਪਰੰਤ ਕੱਟੀਆਂ ਗਈਆਂ ਤਾਰਾਂ ਨੂੰ ਦੁਬਾਰਾ ਜੁੜਵਾ ਕੇ ਲਾਈਟਾਂ ਚਾਲੂ ਕਰਵਾ ਦਿੱਤੀਆਂ ਜਾਣਗੀਆਂ ।

# ਢੱਕ ਪੰਡੋਰੀ 'ਚ ਗਰੀਨ ਪੰਜਾਬ ਮੁਹਿੰਮ ਤਹਿਤ ਬੂਟੇ ਲਗਾਉਣ ਦੀ ਸ਼ੁਰੂਆਤ



**ਫਗਵਾੜਾ (ਡਾ. ਰਮਨ)** ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਚਲਾਈ ਜਾ ਰਹੀ ਗਰੀਨ ਪੰਜਾਬ ਮੁਹਿੰਮ ਨੂੰ ਮੁੱਖ ਰੱਖਦਿਆਂ ਪਿੰਡ ਢੱਕ ਪੰਡੋਰੀ ਦੀ ਗ੍ਰਾਮ ਪੰਚਾਇਤ ਵਲੋਂ ਪਿੰਡ ਦੀ ਫਿਰਨੀ 'ਤੇ 101 ਬੂਟੇ ਲਗਾਉਣ ਦੀ ਸ਼ੁਰੂਆਤ ਕੀਤੀ ਗਈ। ਇਸ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਆਮ ਆਦਮੀ ਪਾਰਟੀ ਹਲਕਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਨੇ ਪਹਿਲਾਂ ਬੂਟਾ ਆਪਣੇ ਹੱਥੀਂ ਲਗਾਇਆ ਅਤੇ ਪੰਜਾਬ ਸਰਕਾਰ ਦੀ ਮੁਹਿਮ ਤਹਿਤ ਪੰਚਾਇਤ ਕੀਤੇ ਉਪਰਾਲੇ ਦੀ ਸ਼ਲਾਘਾ ਕੀਤੀ। ਉਹਨਾਂ ਕਿਹਾ ਕਿ ਹਰਿਆ-ਭਰਿਆ ਸ਼ੁੱਧ ਵਾਤਾਵਰਣ ਸਿਹਤ ਲਈ ਚੰਗਾ ਰਹਿੰਦਾ ਹੈ ਅਤੇ ਖੂਬਸੂਰਤੀ ਵੀ ਵਧਾਉਂਦਾ ਹੈ। ਇਸ ਦੌਰਾਨ ਉਹਨਾਂ ਨੇ ਪਿੰਡ ਦੇ ਅਧੂਰੇ ਕੰਮਾਂ ਦਾ ਜਾਇਜ਼ਾ ਲਿਆ ਅਤੇ ਪੰਚਾਇਤ ਨੂੰ ਭਰੋਸਾ ਦਿੱਤਾ ਕਿ ਪਿੰਡ ਦੇ ਵਿਕਾਸ ਲਈ ਗਰਾਂਟ ਦੀ ਕੋਈ ਕਮੀਂ ਨਹੀਂ ਆਉਣ ਦਿੱਤੀ ਜਾਵੇਗੀ । ਮਾਨ ਨੇ ਪਿੰਡ ਦੇ ਸਰਕਾਰੀ ਸਕੂਲ ਨੂੰ 10+2 ਤਕ ਪ੍ਰਮੋਟ ਕਰਵਾਉਣ ਲਈ ਸਿੱਖਿਆ ਮੰਤਰੀ ਅਤੇ ਸਿੱਖਿਆ ਵਿਭਾਗ ਪੰਜਾਬ ਨਾਲ ਰਾਬਤਾ ਕਰਨ ਦੀ ਗੱਲ ਵੀ ਕਹੀ। ਇਸ ਤੋਂ ਪਹਿਲਾਂ ਜੋਗਿੰਦਰ ਸਿੰਘ ਮਾਨ ਦਾ ਪਿੰਡ ਪਹੁੰਚਣ ਤੇ ਸਰਪੰਚ ਵਿਜੇ ਕੁਮਾਰ ਦੀ ਅਗਵਾਈ ਹੇਠ ਪੰਚਾਇਤ ਅਤੇ ਪਤਵੰਤਿਆਂ ਵਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਪੰਚਾਇਤ ਮੈਂਬਰ ਸਤਪਾਲ, ਬਲਵਿੰਦਰ ਪਾਲ, ਪ੍ਰੇਮ ਕੁਮਾਰ, ਕਮਲੇਸ਼ ਰਾਣੀ, ਨਿਰਮਲ ਕੌਰ, ਸੁਰਿੰਦਰ ਕੌਰ ਤੋਂ ਇਲਾਵਾ ਗਗਨ ਦੀਪ ਸਿੰਘ, ਧੰਨਪਤ ਰਾਏ, ਅਜੇ ਕੁਮਾਰ, ਕਾਰਤਿਕ ਬੋਧ, ਰਾਮ ਲੁਭਾਇਆ, ਲਾਡੀ, ਗੁਰਬਖਸ ਕੌਰ, ਨਿਕੋ ਰਾਣੀ, ਧਰਮ ਪਾਲ, ਅਮਰਜੀਤ ਰਾਮ ਆਦਿ ਹਾਜਰ ਸਨ।

# ਅਮਰਦੀਪ ਕਾਲਜ 'ਚ ਰਜਿਸਟ੍ਰੇਸ਼ਨ/ਦਾਖ਼ਲੇ ਸ਼ੁਰੂ

**ਫਿਲੌਰ (ਹਰਜਿੰਦਰ ਕੌਰ ਚਾਹਲ)**- ਇਲਾਕੇ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਇਕੋ-ਇੱਕ ਯੂਨੀਵਰਸਿਟੀ ਕਾਲਜ ਅਮਰਦੀਪ ਸਿੰਘ ਸ਼ੇਰਗਿੱਲ ਮੈਮੋਰੀਅਲ ਕਾਲਜ, ਮੁਕੰਦਪੁਰ ਵਿਖੇ ਅੰਡਰ ਗਰੈਜੂਏਟ ਕਲਾਸਾਂ ਬੀ.ਏ/ ਬੀ.ਐੱਸ.ਸੀ. / ਬੀ.ਸੀ.ਏ/ ਬੀ.ਕਾਮ./ ਐੱਮ.ਬੀ.ਏ.(ਪੰਜ ਸਾਲਾ) / ਬੀ.ਬੀ.ਏ. ਪ੍ਰੋਗਰਾਮਾਂ ਅਤੇ ਇੱਕ ਸਾਲਾ ਸਰਟੀਫਿਕੇਟ ਇਨ ਨੈਨੀ ਕੇਅਰ ਐਂਡ ਨਿਊਟਰੀਸ਼ਨ, ਸਰਟੀਫਿਕੇਟ ਇੰਨ ਮੈਡੀਕਲ ਲੈਬੋਰਟਰੀ ਟੈਕਨਾਲੌਜੀ ਅਤੇ ਸਰਟੀਫਿਕੇਟ ਇਨ ਕੰਪਿਊਟਰ ਐਪਲੀਕੇਸ਼ਨ ਆਦਿ ਕੋਰਸਾਂ ਵਿੱਚ ਦਾਖਲੇ ਸ਼ੁਰੂ ਹੋ ਚੁੱਕੇ ਹਨ। ਇਸ ਤੋਂ ਇਲਾਵਾਂ ਪੋਸਟ ਗਰੈਜੂਏਟ ਕੋਰਸਾਂ ਵਿੱਚ ਐੱਮ.ਬੀ.ਏ. (ਦੋ ਸਾਲਾ ਪ੍ਰੋਗਰਾਮ), ਐੱਮ.ਸੀ.ਏ (ਦੋ ਸਾਲਾ ਪ੍ਰੋਗਰਾਮ), ਐੱਮ.ਕੱਮ., ਐੱਮ.ਏ. (ਪੰਜਾਬੀ), ਐੱਮ.ਐੱਸ.ਸੀ. (ਆਈ.ਟੀ.) ਅਤੇ ਪੋਸਟ ਗਰੈਜੂਏਟ ਡਿਪਲੋਮਾ ਪ੍ਰੋਗਰਾਮ ਵਿੱਚ ਪੀ.ਜੀ.ਡੀ.ਸੀ.ਏ. ਅਤੇ ਟੀ.ਡੀ.ਐੱਸ. ਮੈਨੇਜ਼ਮੈਂਟ ਅਤੇ ਰਿਟਰਨ ਫਾਈਲਿੰਗ ਡਿਪਲੋਮਾ ਪ੍ਰੋਗਰਾਮ ਸਬੰਧੀ ਜਾਣਕਾਰੀ ਦਿੰਦਿਆਂ ਕਾਲਜ ਪ੍ਰਿੰਸੀਪਲ ਡਾ. ਚਰਨਜੀਤ ਕੌਰ ਨੇ ਦੱਸਿਆ ਕਿ ਇਹ ਇਲਾਕੇ ਦਾ ਇੱਕ-ਇੱਕ ਕਾਲਜ ਹੈ ਜਿੱਥੇ ਯੂਨੀਵਰਸਿਟੀ ਪੱਧਰ ਦੇ ਐੱਮ.ਬੀ.ਏ. (ਦੋ ਸਾਲਾ ਪ੍ਰੋਗਰਾਮ), ਐੱਮ.ਸੀ.ਏ (ਦੋ ਸਾਲਾ ਪ੍ਰੋਗਰਾਮ) ਅਤੇ ਐੱਮ.ਬੀ.ਏ. (ਪੰਜ ਸਾਲਾ ਪ੍ਰੋਗਰਾਮ) ਕਰਵਾਏ ਜਾਂਦੇ ਹਨ। ਇਸ ਕਾਲਜ ਵਿੱਚ ਇਨ੍ਹਾਂ ਮਿਆਰੀ ਕੋਰਸਾਂ ਦੀਆਂ ਸੀਟਾਂ ਸੀਮਿਤ ਹਨ ਅਤੇ ਵਿਦਿਆਰਥੀ ਪਹਿਲ ਦੇ ਆਧਾਰ ਤੇ ਇਨ੍ਹਾਂ ਵਿੱਚ ਦਾਖ਼ਲਾ ਲੈ ਸਕਦੇ ਹਨ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਹਰ ਵਰ੍ਹੇ ਸੁਰਜੀਤ ਕੌਰ ਐਂਡ ਰੇਸ਼ਮ ਸਿੰਘ ਐਜੂਕੇਸ਼ਨਲ ਅਤੇ ਸੋਸ਼ਲ ਵੈਲਫੇਅਰ ਸੁਸਾਇਟੀ (ਰਜਿ.), ਮੁਕੰਦਪੁਰ ਵਲੋਂ ਕਾਲਜ ਵਿੱਚ ਦਾਖ਼ਲ ਹੋਣ ਵਾਲੇ ਮੈਰੀਟੋਰੀਅਸ ਵਿਦਿਆਰਥੀ ਜਿਨ੍ਹਾਂ ਦੇ 80 ਪ੍ਰਤੀਸ਼ਤ ਤੋਂ ਵਧੇਰੇ ਅੰਕ ਹਨ ਉਨ੍ਹਾਂ ਨੂੰ ਵੱਖ-ਵੱਖ ਕੈਟਾਗਰੀ ਤਹਿਤ ਮੈਰਿਟ ਸਕਾਲਰਸ਼ਿਪ ਪ੍ਰਦਾਨ ਕੀਤੇ ਜਾਣਗੇ। ਇਸ ਤੋਂ ਇਲਾਵਾ ਪੋਸਟ ਗਰੈਜੂਏਟ ਪ੍ਰੋਗਰਾਮ ਯੂਨੀਵਰਸਿਟੀ ਟੱਪਰ ਵਿਦਿਆਰਥੀਆਂ ਨੂੰ 15,000/- ਰੁਪਏ ਦੇ ਦੋ ਮੈਰਿਟ ਸਕਾਲਰਸ਼ਿਪ ਵੀ ਦਿੱਤੇ ਜਾਣਗੇ। ਉਨ੍ਹਾਂ ਇਹ ਵੀ ਦੱਸਿਆ ਕਿ ਗੁਰੂ ਰਵੀਦਾਸ ਐਜੂਕੇਸ਼ਨਲ ਅਸਿਸਟੈਂਸ ਟਰੱਸਟ (ਯੂ.ਕੇ.) ਵਲੋਂ ਕਾਲਜ ਵਿੱਚ ਪੜ੍ਹਨ ਵਾਲੇ ਗਰੀਬ ਅਤੇ ਬੇਸਹਾਰਾ ਵਿਦਿਆਰਥੀਆਂ ਨੂੰ ਵਿੱਤੀ ਸਹਾਇਤਾ ਵੀ ਦਿੱਤੀ ਜਾਂਦੀ ਹੈ। ਇਸੇ ਤਰ੍ਹਾਂ ਇਸ ਕਾਲਜ ਵਿੱਚ ਸਰਕਾਰੀ/ਯੂਨੀਵਰਸਿਟੀ ਨੀਤੀ ਅਧੀਨ ਯੋਗ ਅਨੁਸੂਚਿਤ ਜਾਤੀ ਨਾਲ ਸਬੰਧਤ ਵਿਦਿਆਰਥੀਆਂ ਨੂੰ ਬਿਨ੍ਹਾਂ ਫੀਸ ਤੋਂ ਦਾਖ਼ਲਾ ਦਿੱਤਾ ਜਾ ਰਿਹਾ ਹੈ। ਇਸਤੋਂ ਇਲਾਵਾ ਪੱਛੜੀ ਸ਼੍ਰੇਣੀ, ਘੱਟ ਗਿਣਤੀ ਵਰਗ ਅਤੇ ਦਿਵਿਯਾਂਗ ਵਿਦਿਆਰਥੀਆਂ ਨੂੰ ਸਰਕਾਰੀ ਵਜੀਫੇ ਪ੍ਰਦਾਨ ਕਰਵਾਏ ਜਾਂਦੇ ਹਨ। ਸਰਕਾਰ/ਕਾਲਜ ਵਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਵਿਦਿਆਰਥੀਆਂ ਨੂੰ ਇਨ੍ਹਾਂ ਵਿੱਚ ਦਾਖ਼ਲਾ ਲੈ ਕੇ ਵੱਧ ਤੋਂ ਵੱਧ ਲਾਭ ਲੈਣਾ ਚਾਹੀਦਾ ਹੈ। ਪ੍ਰਿੰਸੀਪਲ ਡਾ. ਚਰਨਜੀਤ ਕੌਰ ਵਲੋਂ ਈ-ਪ੍ਰਾਸਪੈਕਟਸ ਵਿੱਚ ਵੱਖ-ਵੱਖ ਕੋਰਸਾਂ ਵਿੱਚ ਦਾਖ਼ਲੇ ਸਬੰਧੀ ਜਾਣਕਾਰੀ ਵੀ ਦਿੰਦਿਆਂ ਕਿਹਾ ਕਿ ਵਿਦਿਆਰਥੀ ਵਧੇਰੇ ਜਾਣਕਾਰੀ ਲਈ ਕਾਲਜ ਦੀ ਵੈੱਬ ਸਾਈਟ ਤੇ ਵਿਜ਼ਿਟ ਕਰ ਸਕਦੇ ਹਨ। ਇਸ ਮੌਕੇ ਕਾਲਜ ਦਾ ਸਮੁੱਚਾ ਸਟਾਫ਼ ਹਾਜ਼ਰ ਸੀ।



# ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਨੇ ਲਾਇਆ ਖ਼ੂਨਦਾਨ ਕੈਂਪ




**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਜਲੰਧਰ ਵੱਲੋਂ ਸਥਾਨਕ ਰੈਡ ਕਰਾਸ ਭਵਨ ਵਿਖੇ ਖ਼ੂਨਦਾਨ ਕੈਂਪ ਲਾਇਆ ਗਿਆ, ਜਿਸ ਵਿੱਚ ਕਰੀਬ 32 ਖ਼ੂਨਦਾਨੀਆਂ ਵੱਲੋਂ ਖ਼ੂਨ ਦਾਨ ਕੀਤਾ ਗਿਆ। ਸੀ.ਐਮ.ਐਫ.ਓ. ਨਵਦੀਪ ਸਿੰਘ ਵੱਲੋਂ ਖ਼ੂਨਦਾਨ ਕੈਂਪ ਦਾ ਉਦਘਾਟਨ ਕੀਤਾ ਗਿਆ ਅਤੇ ਸਹਾਇਕ ਕਮਿਸ਼ਨਰ ਜਲੰਧਰ ਰੋਹਿਤ ਜਿੰਦਲ ਕੈਂਪ ਵਿਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਨਵਦੀਪ ਸਿੰਘ ਨੇ ਰੈੱਡ ਕਰਾਸ ਸੁਸਾਇਟੀ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਖ਼ੂਨਦਾਨੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਕੈਂਪ ਵਿੱਚ ਸ਼ਹਿਰ ਦੀਆਂ ਐਨ.ਜੀ.ਓਜ਼ ਨੇ ਵਧ-ਚੜ੍ਹ ਕੇ ਭਾਗ ਲਿਆ । ਰੈੱਡ ਕਰਾਸ ਸ਼ਾਖਾ ਜਲੰਧਰ ਦੇ ਸਕੱਤਰ ਮਨਜਿੰਦਰ ਸਿੰਘ ਨੇ ਮਹਿਮਾਨਾਂ ਅਤੇ ਖ਼ੂਨਦਾਨੀਆਂ ਦਾ ਧੰਨਵਾਦ ਕਰਦਿਆਂ ਆਮ ਲੋਕਾਂ ਤੇ ਐਨ.ਜੀ.ਓਜ਼ ਨੂੰ ਖ਼ੂਨ ਦਾਨ ਕਰਨ ਲਈ ਪ੍ਰੇਰਿਤ ਕੀਤਾ।ਖ਼ੂਨਦਾਨ ਕੈਂਪ ਨੂੰ ਨੇਪਰੇ ਚਾੜ੍ਹਨ ਲਈ ਰੈੱਡ ਕਰਾਸ ਦੇ ਸਮੂਹ ਸਟਾਫ਼ ਨੇ ਤਨਦੇਹੀ ਨਾਲ ਆਪਣੀਆਂ ਸੇਵਾਵਾਂ ਨਿਭਾਈਆਂ ।ਇਸ ਮੌਕੇ ਸ਼ਹਿਰ ਦੀਆਂ ਵੱਖ-ਵੱਖ ਐਨ.ਜੀ.ਓਜ਼. ਦੇ ਮੁਖੀ, ਡਾ. ਸੁਰਿੰਦਰ ਸੈਣੀ, ਵਿਕਾਸ ਕਪੂਰ, ਸੁਰਿੰਦਰ ਮੋਹਨ ਸਿੰਘ, ਐਸ.ਪੀ.ਸਿੰਘ, ਲਖਨਪਾਲ, ਪ੍ਰਮੋਦ ਹੰਸ, ਸੁਖਜੀਤ ਸਿੰਘ, ਰਾਕੇਸ਼ ਕੁਮਾਰ, ਸੁਰਜੀਤ ਲਾਲ, ਪ੍ਰਦੀਪ ਕੁਮਾਰ ਵੀ ਮੌਜੂਦ ਸਨ।

# ਵਾਟਰ ਸਪਲਾਈ ਦੀ ਸਮਾਂ ਸਾਰਣੀ ਕੀਤੀ ਤਬਦੀਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਮੇਅਰ ਨਗਰ ਨਿਗਮ ਸੁਰਿੰਦਰ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਅਤੇ ਪਾਕਿਸਤਾਨ ਵਿਚ ਚੱਲ ਰਹੇ ਤਣਾਅ ਦੌਰਾਨ ਕਿਸੇ ਵੀ ਅਣਸੁਖਾਵੀਂ ਘਟਨਾ ਤੋਂ ਬੱਚਣ ਲਈ ਰਾਤ ਦੇ ਸਮੇਂ ਬਲੈਕਆਊਟ ਦੇ ਮੱਦੇਨਜ਼ਰ ਬਿਜਲੀ ਬੰਦ ਕੀਤੀ ਜਾਂਦੀ ਹੈ, ਜਿਸ ਕਾਰਨ ਆਮ ਪਬਲਿਕ ਨੂੰ ਪੀਣ ਵਾਲੇ ਪਾਣੀ ਦੀ ਸਮੱਸਿਆ ਆਉਂਦੀ ਹੈ। ਇਸ ਲਈ ਪਬਲਿਕ ਦੀ ਸਹੂਲਤ ਲਈ ਨਗਰ ਨਿਗਮ ਵੱਲੋਂ ਵਾਟਰ ਸਪਲਾਈ ਦੇ ਸਮੇਂ ਵਿਚ ਤਬਦੀਲੀ ਕੀਤੀ ਗਈ ਹੈ ਹੁਣ ਸ਼ਹਿਰ ਅੰਦਰ ਸਵੇਰੇ 05:00 ਵਜੇ ਤੋਂ 09:00 ਵਜੇ ਤੱਕ ਅਤੇ ਸ਼ਾਮ 04:00 ਵਜੇ ਤੋਂ ਰਾਤ 08:00 ਵਜੇ ਤੱਕ ਪਾਣੀ ਦੀ ਸਪਲਾਈ ਨਿਰਵਿਘਨ ਦਿੱਤੀ ਜਾਵੇਗੀ।ਉਨ੍ਹਾਂ ਆਮ ਪਬਲਿਕ ਨੂੰ ਅਪੀਲ ਕੀਤੀ ਕਿ ਕਿਉਂਜੋ ਗਰਮੀ ਦੇ ਮੌਸਮ ਵਿਚ ਪਾਣੀ ਦੀ ਮੰਗ ਬਹੁਤ ਜ਼ਿਆਦਾ ਵੱਧ ਜਾਂਦੀ ਹੈ, ਇਸ ਲਈ ਪੀਣ ਵਾਲੇ ਪਾਣੀ ਦੀ ਵਰਤੋਂ ਸੰਜਮ ਨਾਲ ਕੀਤੀ ਜਾਵੇ ਪੀਣ ਵਾਲੇ ਪਾਣੀ ਨਾਲ ਆਪਣੇ ਘਰ ਦੇ ਵਿਹੜੇ, ਥੜੇ ਅਤੇ ਵਹੀਕਲ ਨਾ ਧੋਤੇ ਜਾਣ। ਉਨ੍ਹਾਂ ਕਿਹਾ ਕਿ ਪਾਣੀ ਇਕ ਵੱਡਮੁੱਲੀ ਦਾਤ ਹੈ, ਇਸ ਲਈ ਇਸ ਦੀ ਦੁਰਵਰਤੋਂ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਭਾਰਤ ਪਾਕਿਸਤਾਨ ਵਿਚਾਲੇ ਮੱਤਭੇਦ ਚੱਲ ਰਹੇ ਹਨ। ਇਸ ਲਈ ਐਮਰਜੈਂਸੀ ਸਥਿਤੀ ਵਿਚ ਪਾਣੀ ਦੀ ਸਪਲਾਈ ਵਿਚ ਰੁਕਾਵਟ ਹੋ ਸਕਦੀ ਹੈ। ਇਸ ਲਈ ਸ਼ਹਿਰ ਵਾਸੀ ਉਚਿਤ ਮਾਤਰਾ ਵਿਚ ਪਾਣੀ ਸਟੋਰ ਕਰਕੇ ਰੱਖਣ ਤਾਂ ਜੋ ਪਾਣੀ ਦੀ ਸਪਲਾਈ ਨਾ ਆਵੇ ਤਾਂ ਕਿ ਉਨ੍ਹਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਸ਼ਹਿਰ ਵਾਸੀਆਂ ਦੇ ਧਿਆਨ ਵਿਚ ਲਿਆਂਦਾ ਕਿ ਜਦੋਂ ਤੱਕ ਬਲੈਕਆਊਟ ਨਹੀਂ ਹੋ ਜਾਂਦਾ, ਟਿਊਬਵੈੱਲ ਉਦੋਂ ਤੱਕ ਚਾਲੂ ਰਹਿਣਗੇ।

# ਖਪਤਕਾਰਾਂ ਨੂੰ ਥੋਕ 'ਚ ਕੋਈ ਵੀ ਸਾਮਾਨ ਨਾ ਵੇਚਿਆ ਜਾਵੇ : ਹਰਵੀਨ ਕੌਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਜ਼ਿਲ੍ਹੇ ਵਿਚ ਭਾਰਤ-ਪਾਕਿ ਤਣਾਅ ਮਗਰੋਂ ਪੈਦਾ ਹੋਏ ਹਾਲਾਤ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਕੰਟਰੋਲਰ,ਖੁਰਾਕ ਸਪਲਾਈ ਵਿਭਾਗ, ਹੁਸ਼ਿਆਰਪੁਰ (ਡੀਐਫ. ਐਸ.ਸੀ) ਹਰਵੀਨ ਕੌਰ ਵੱਲੋਂ ਜ਼ਰੂਰੀ ਵਸਤਾਂ ਐਕਟ, 1955 ਅਤੇ ਸੈਕਸ਼ਨ 163 ਅਧੀਨ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਐਕਟ 2023, ਅਧੀਨ ਜ਼ਿਲ੍ਹੇ ਵਿਚ ਵੱਖ-ਵੱਖ ਹੋਲਸੇਲਰਾਂ/ਰਿਟੇਲਰਾਂ ਦੀਆਂ ਦੁਕਾਨਾਂ ਦਾ ਦੌਰਾ ਕੀਤਾ ਗਿਆ ਅਤੇ ਉਨ੍ਹਾਂ ਨੂੰ ਹਦਾਇਤ ਕੀਤੀ ਗਈ ਕਿ ਕਿਸੇ ਵੀ ਖਪਤਕਾਰ ਨੂੰ ਥੋਕ ਵਿੱਚ ਕੋਈ ਵੀ ਸਾਮਾਨ ਨਾ ਵੇਚਿਆ ਜਾਵੇ ਅਤੇ ਇਸ ਸਬੰਧੀ ਗਾਹਕਾਂ ਨੂੰ ਵੀ ਜਾਗਰੂਕ ਕੀਤਾ ਜਾਵੇ ਕਿ ਉਹ ਸਾਮਾਨ ਦੀ ਖਰੀਦ ਲੋੜ ਅਨੁਸਾਰ ਹੀ ਕਰਨ। ਹਰਵੀਨ ਕੌਰ ਨੇ ਕਿਹਾ ਕਿ ਜ਼ਿਲ੍ਹਾ ਵਾਸੀਆਂ ਨੂੰ ਇਸ ਸਬੰਧੀ ਡਰਨ ਜਾਂ ਘਬਰਾਉਣ ਦੀ ਲੋੜ ਨਹੀਂ ਹੈ। ਉਨ੍ਹਾਂ ਕਿਹਾ ਕਿ ਹੰਗਾਮੀ ਹਾਲਾਤ ਦੌਰਾਨ ਪੰਜਾਬ ਸਰਕਾਰ ਜਨਤਾ ਨੂੰ ਹਰ ਤਰ੍ਹਾਂ ਦੀ ਸਹਾਇਤਾ ਪ੍ਰਦਾਨ ਕਰਨ ਲਈ ਪਾਬੰਦ ਹੈ ।



# ਜ਼ਿਲ੍ਹਾ ਪੱਧਰੀ ਦੇਸ਼ ਪ੍ਰੇਮ ਜਾਗਰੂਕਤਾ ਸੈਮੀਨਾਰ ਅੱਜ

**ਨਵਾਂਸ਼ਹਿਰ (ਮਨੋਜ ਲਾਡੀ)**: ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਦੀਆਂ ਹਦਾਇਤਾਂ 'ਤੇ ਦੇਸ਼ ਪ੍ਰੇਮ ਜਾਗਰੂਕਤਾ ਦੇ ਵਲੰਟੀਅਰਜ਼ ਵੱਲੋਂ ਜ਼ਿਲ੍ਹਾ ਪੱਧਰੀ ਦੇਸ਼ ਪ੍ਰੇਮ ਜਾਗਰੂਕਤਾ ਸੈਮੀਨਾਰ 10 ਮਈ ਨੂੰ ਸਵੇਰੇ 10:00 ਵਜੇ ਆਈ. ਟੀ.ਆਈ. ਨਵਾਂਸ਼ਹਿਰ ਵਿਖੇ ਕਰਵਾਇਆ ਜਾ ਰਿਹਾ ਹੈ।ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ ਅਤੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਅਵਨੀਤ ਕੌਰ ਨੇ ਸਬੰਧਤ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਸੈਮੀਨਾਰ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ। ਉਨ੍ਹਾਂ ਸਰਕਾਰੀ, ਅਰਧ ਸਰਕਾਰੀ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਵਲੰਟੀਅਰ ਨੂੰ ਸੈਮੀਨਾਰ ਵਿੱਚ ਵੱਧ-ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ।ਜ਼ਿਲ੍ਹਾ ਖੇਡ ਅਫ਼ਸਰ ਵੰਦਨਾ ਚੌਹਾਨ, ਜਿਨ੍ਹਾਂ ਨੂੰ ਇਸ ਸਬੰਧੀ ਨੋਡਲ ਅਫ਼ਸਰ ਨਿਯੁਕਤ ਕੀਤਾ ਗਿਆ ਹੈ, ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੈਮੀਨਾਰ ਦਾ ਮੁੱਖ ਉਦੇਸ਼ ਮੌਜੂਦਾ ਤਣਾਅਪੂਰਨ ਸਥਿਤੀ ਦੇ ਮੱਦੇਨਜ਼ਰ ਨਾਗਰਿਕਾਂ ਨੂੰ ਹੰਗਾਮੀ ਹਾਲਾਤ ਲਈ ਤਿਆਰ ਕਰਨਾ ਹੈ। ਉਨ੍ਹਾਂ ਕਿਹਾ ਕਿ ਹਰ ਸ਼ਹਿਰ, ਕਸਬੇ, ਮੁਹੱਲੇ ਵਿੱਚ ਵਲੰਟੀਅਰਜ਼ ਦਾ ਨੈੱਟਵਰਕ ਕਾਇਮ ਕਰਨ ਉਪਰੰਤ ਲੋੜ ਪੈਣ 'ਤੇ ਬਿਨ੍ਹਾਂ ਕਿਸੇ ਦੇਰੀ ਦੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਸਿੱਧੀ ਅਤੇ ਸੰਖੇਪ ਸੂਚਨਾ ਮਿਲ ਸਕੇਗੀ ਜੋ ਮੌਕੇ 'ਤੇ ਲੋੜੀਂਦੀ ਅਤੇ ਯੋਗ ਕਾਰਵਾਈ ਲਈ ਸਹਾਈ ਹੋਵੇਗਾ ।ਸੈਮੀਨਾਰ ਸਬੰਧੀ ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਖੇਡ ਅਫ਼ਸਰ ਵੰਦਨਾ ਚੌਹਾਨ (80542-86074), ਕੋਆਰਡੀਨੇਟਰ ਅਸ਼ਵਨੀ ਜੋਸ਼ੀ (98550-66710), ਇੰਦਰਪਾਲ ਡਲ (97801-06427), ਬਹਾਦਰ ਚੰਦ (98554-20831) ਅਤੇ ਪ੍ਰਿੰਸੀਪਲ ਆਈ.ਟੀ.ਆਈ. ਨਵਾਂ ਸ਼ਹਿਰ (98143-12128) ਨਾਲ ਸੰਪਰਕ ਕੀਤਾ ਜਾ ਸਕਦਾ ਹੈ।



# ਉੱਚੀ ਆਵਾਜ਼ ਵਾਲੀ ਆਤਿਸ਼ਬਾਜ਼ੀ 'ਤੇ ਲਗਾਈ ਪੂਰਨ ਪਾਬੰਦੀ

**ਜਲੰਧਰ (ਸੁਰਿੰਦਰ ਕੁਮਾਰ)** ਜ਼ਿਲ੍ਹਾ ਮੈਜਿਸਟ੍ਰੇਟ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਜਲੰਧਰ ਦੀ ਹੱਦ ਅੰਦਰ ਆਮ ਲੋਕਾਂ ਵੱਲੋਂ ਚਲਾਈ ਜਾਂਦੀ ਉੱਚੀ ਆਵਾਜ਼ ਵਾਲੀ ਆਤਿਸ਼ਬਾਜ਼ੀ, ਜਿਸ ਵਿੱਚ ਪਟਾਖਾ ਬੰਬ, ਹਵਾਈ ਪਟਾਖੇ ਆਦਿ ਸ਼ਾਮਲ ਹਨ, ਦੇ ਚਲਾਉਣ 'ਤੇ ਪੂਰਨ ਪਾਬੰਦੀ ਲਗਾ ਦਿੱਤੀ ਗਈ ਹੈ।ਇਹ ਹੁਕਮ 9 ਮਈ 2025 ਤੋਂ ਅਗਲੇ 10 ਦਿਨਾਂ ਤੱਕ ਲਾਗੂ ਰਹਿਣਗੇ।ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਆਦੇਸ਼ਾਂ ਅਨੁਸਾਰ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਸੰਕਟਕਾਲੀਨ ਸਥਿਤੀ ਨਾਲ ਨਜਿੱਠਣ ਲਈ ਸਿਵਲ ਡਿਫੈਂਸ ਐਕਟ, 1968 ਅਧੀਨ ਮੌਕ ਡਰਿੱਲਾਂ ਕੀਤੀਆਂ ਜਾ ਰਹੀਆਂ ਹਨ। ਆਮ ਤੌਰ 'ਤੇ ਵੇਖਣ ਵਿੱਚ ਆਇਆ ਹੈ ਕਿ ਕੁਝ ਲੋਕਾਂ ਵੱਲੋਂ ਆਮ ਸਮਾਗਮਾਂ ਦੌਰਾਨ ਜਾਂ ਜਾਣ-ਬੁੱਝ ਕੇ ਲੋਕਾਂ ਵਿੱਚ ਡਰ ਦਾ ਮਾਹੌਲ ਪੈਦਾ ਕਰਨ ਲਈ ਆਤਿਸ਼ਬਾਜ਼ੀ, ਜਿਸ ਵਿੱਚ ਪਟਾਖਾ ਬੰਬ, ਹਵਾਈ ਪਟਾਖੇ ਆਦਿ ਸ਼ਾਮਲ ਹੁੰਦੇ ਹਨ, ਦੀ ਵਰਤੋਂ ਕੀਤੀ ਜਾ ਰਹੀ ਹੈ। ਇਨ੍ਹਾਂ ਪਟਾਖਿਆਂ ਦੇ ਸ਼ੋਰ-ਸ਼ਰਾਬੇ ਨਾਲ ਆਮ ਪਬਲਿਕ ਵਿੱਚ ਡਰ ਅਤੇ ਤਣਾਅ ਦਾ ਮਾਹੌਲ ਪੈਦਾ ਹੁੰਦਾ ਹੈ, ਜਿਸ ਨਾਲ ਅਮਨ ਤੇ ਕਾਨੂੰਨ ਦੀ ਸਥਿਤੀ ਵਿਗੜਨ ਦਾ ਖਦਸ਼ਾ ਬਣਿਆ ਰਹਿੰਦਾ ਹੈ।

# ਰਾਸ਼ਟਰੀ ਲੋਕ ਅਦਾਲਤ ਮੁਲਤਵੀ

**ਜਲੰਧਰ (ਨਜਸ)**- ਨਿਰਭਉ ਸਿੰਘ ਗਿੱਲ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ, ਜਲੰਧਰ ਨੇ ਦੱਸਿਆ ਕਿ 10 ਮਈ ਨੂੰ ਲੱਗਣ ਵਾਲੀ ਰਾਸ਼ਟਰੀ ਲੋਕ ਅਦਾਲਤ ਨੂੰ ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ, ਨਵੀਂ ਦਿੱਲੀ ਅਤੇ ਪੰਜਾਬ ਕਾਨੂੰਨੀ ਸੇਵਾਵਾਂ ਅਥਾਰਿਟੀ ਦੁਆਰਾ ਜਾਰੀ ਨਿਰਦੇਸ਼ਾਂ ਅਨੁਸਾਰ ਮੁਲਤਵੀ ਕੀਤਾ ਜਾਂਦਾ ਹੈ । ਜਿਨ੍ਹਾਂ ਲੋਕਾਂ ਦੇ ਕੇਸ 10 ਮਈ ਲਈ ਨਿਰਧਾਰਤ ਕੀਤੇ ਗਏ ਸਨ, ਉਨ੍ਹਾਂ ਦੇ ਕੇਸਾਂ ਦੀ ਅਗਲੀ ਸੁਣਵਾਈ ਈ-ਕੋਰਟ ਜਾਂ ਸੀ.ਆਈ. ਐੱਸ ਸਿਸਟਮ 'ਤੇ ਅਪਡੇਟ ਕੀਤੀ ਜਾਵੇਗੀ।

# ਜਨਮ ਦਿਨ ਮੁਬਾਰਕ



**ਸਰੁਚੀ**
**ਪਿਤਾ : ਪਵਨ ਕੁਮਾਰ**
**ਮਾਤਾ : ਕਮਲਜੀਤ**
**ਵਾਸੀ : ਗੁਰਦਾਸਪੁਰ**